ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 47
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 17 February, 2026) ਮੰਗਲਵਾਰ , 17 ਫਰਵਰੀ, 2026, 6 ਫੱਗਣ (ਮੱਸਿਆ), ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਪੰਜਾਬ ਸਰਕਾਰ ਵੱਲੋਂ ਕਿਸਾਨ ਮਜ਼ਦੂਰ ਮੋਰਚੇ ਨਾਲ ਮੀਟਿੰਗ 20 ਨੂੰ

ਚੰਡੀਗੜ੍ਹ, 16 ਫਰਵਰੀ (ਚ.ਨ.ਸ.):ਕਿਸਾਨ ਮਜ਼ਦੂਰ ਮੋਰਚੇ ਵੱਲੋਂ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਸ਼ੁਰੂ ਕੀਤੇ ਸੰਘਰਸ਼ ਨੂੰ ਬੂਰ ਪਿਆ ਹੈ। ਅੱਜ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਆਮ ਆਦਮੀ ਪਾਰਟੀ ਦੀ ਮੋਗਾ ਰੈਲੀ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਘਿਰਾਉ ਕਰਨਾ ਸੀ। ਮੋਰਚੇ ਦੇ ਵਿਰੋਧ ਨੂੰ ਵੇਖਦਿਆਂ ਪੰਜਾਬ ਸਰਕਾਰ ਨੇ 20 ਫਰਵਰੀ ਨੂੰ ਕਿਸਾਨ ਮਜ਼ਦੂਰ ਮੋਰਚੇ ਨਾਲ ਮੀਟਿੰਗ ਰੱਖ ਲਈ ਹੈ। ਇਹ ਮੀਟਿੰਗ 20 ਫਰਵਰੀ ਨੂੰ ਸਵੇਰੇ 11 ਵਜੇ ਚੰਡੀਗੜ੍ਹ ਸਥਿਤ ਕਿਸਾਨ ਭਵਨ ਵਿੱਚ ਹੋਵੇਗੀ। ਇਸ ਮੀਟਿੰਗ ਵਿੱਚ ਖੇਤੀਬਾੜੀ ਵਿਭਾਗ, ਬਿਜਲੀ ਵਿਭਾਗ, ਰੈਵਨਿਊ ਅਤੇ ਪੁਲਿਸ ਦੇ ਅਧਿਕਾਰੀ ਸ਼ਾਮਿਲ ਹੋਣਗੇ।




*ਪ੍ਰਧਾਨ ਮੰਤਰੀ ਵੱਲੋਂ ਭਾਰਤ 'ਏ.ਆਈ. ਇੰਪੈਕਟ ਐਕਸਪੋ-2026' ਦਾ ਉਦਘਾਟਨ*

## ਭਾਰਤ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਕਾਰਨ ਆ ਰਹੀ ਤਬਦੀਲੀ ਦੇ ਖੇਤਰ 'ਚ ਸਭ ਤੋਂ ਅੱਗੇ: ਮੋਦੀ

**ਚੜ੍ਹਦੀਕਲਾ ਬਿਊਰੋ**




ਨਵੀਂ ਦਿੱਲੀ, 16 ਫਰਵਰੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਭਾਰਤ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਕਾਰਨ ਆ ਰਹੀ ਤਬਦੀਲੀ ਦੇ ਖੇਤਰ 'ਚ ਸਭ ਤੋਂ ਅੱਗੇ ਹੈ ਤੇ ਇਸ ਖੇਤਰ 'ਚ ਇਸ ਦੀ ਪ੍ਰਗਤੀ ਇੱਛਾ ਤੇ ਜ਼ਿੰਮੇਵਾਰੀ ਦੋਵਾਂ ਨੂੰ ਦਰਸਾਉਂਦੀ ਹੈ।

ਸੋਮਵਾਰ ਇੱਥੇ ਭਾਰਤ ਮੰਡਪਮ ਵਿਖੇ ਇੰਡੀਆ ਏ.ਆਈ. ਇੰਪੈਕਟ ਐਕਸਪੋ-2026 ਦਾ ਉਦਘਾਟਨ ਕਰਨ ਸਮੇਂ ਮੋਦੀ ਨੇ ਕਿਹਾ ਕਿ ਏ. ਆਈ. 'ਤੇ ਚਰਚਾ ਕਰਨ ਲਈ ਅਸੀਂ ਦੁਨੀਆਂ ਨੂੰ ਇਕੱਠੇ ਰਹੇ ਹਾਂ! ਅੱਜ ਤੋਂ ਭਾਰਤ ਦਿੱਲੀ ਦੇ 'ਭਾਰਤ ਮੰਡਪਮ ਵਿਖੇ ਏ.ਆਈ. ਇੰਪੈਕਟ ਸੰਮੇਲਨ ਦੀ ਮੇਜ਼ਬਾਨੀ ਕਰ ਰਿਹਾ ਹੈ ਜੋ 20 ਫਰਵਰੀ ਤੱਕ ਚੱਲੇਗਾ। ਐਕਸ' 'ਤੇ ਇਕ ਪੋਸਟ 'ਚ ਉਨ੍ਹਾਂ ਕਿਹਾ ਕਿ ਮੈਂ ਇਸ ਸੰਮੇਲਨ 'ਚ ਪੂਰੀ ਦੁਨੀਆਂ ਦੇ ਨੇਤਾਵਾਂ, ਉਦਯੋਗਪਤੀਆਂ, ਨਵੀਨਤਾਕਾਰਾਂ, ਨੀਤੀ ਨਿਰਮਾਤਾਵਾਂ, ਖੋਜਕਰਤਾਵਾਂ ਤੇ ਤਕਨਾਲੋਜੀ ਉਤਸ਼ਾਹੀਆਂ ਦਾ ਨਿੱਘਾ ਸਵਾਗਤ ਕਰਦਾ ਹਾਂ। ਉਨ੍ਹਾਂ ਕਿਹਾ ਕਿ ਸੰਮੇਲਨ ਦਾ ਵਿਸ਼ਾ 'ਸਰਵਜਨ ਹਿਤਾਯ, ਸਰਵਜਨ (ਬਾਕੀ ਸਫਾ 2 'ਤੇ)

# ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਕਰਾਂਗੇ ਸਕੂਲਾਂ ਦੇ ਦੌਰੇ: ਮਾਨ

**ਨਿਸ਼ੀ ਮਨਚੰਦਾ**

ਮੋਗਾ, 16 ਫਰਵਰੀ: ਮੋਗਾ ਵਿੱਚ ਪਿੰਡ ਰੱਖਿਆ ਕਮੇਟੀ (ਵੀ.ਡੀ.ਸੀ.) ਦੇ ਸਹੁੰ ਚੁੱਕ ਸਮਾਗਮ ਵਿੱਚ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਪੱਸ਼ਟ ਅਤੇ ਸਖ਼ਤ ਸੰਦੇਸ਼ ਦਿੰਦਿਆਂ ਕਿਹਾ ਕਿ ਜਿਥੇ ਸ਼੍ਰੋਮਣੀ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਨੇ ਸੂਬੇ ਨੂੰ ਨਸ਼ਿਆਂ ਵਿੱਚ ਡੁੱਬਣ ਦਿੱਤਾ, ਉਥੇ ਹੀ 'ਆਪ' ਦੀ ਸਰਕਾਰ ਇਸ ਨੁਕਸਾਨ ਦੀ ਪੂਰਤੀ ਲਈ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਹਰ ਕਿਸੇ ਵਿਰੁੱਧ ਲਗਾਤਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆ ਰਹੀ ਹੈ।





ਇਸ ਦੌਰਾਨ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿਰੋਧੀ ਤਾਕਤਾਂ ਨੇ 'ਚਿੱਟਾ' ਨੌਜਵਾਨਾਂ ਦੀਆਂ ਰਗਾਂ ਵਿੱਚ ਭਰ ਦਿੱਤਾ ਹੈ, ਜਿਸ ਕਾਰਨ ਸੂਬੇ ਅਤੇ ਲੋਕਾਂ ਦੀ ਜ਼ਿੰਦਗੀ ਵਿੱਚੋਂ ਰੰਗ ਗਾਇਬ ਹੋ ਗਏ ਹਨ। ਉਨ੍ਹਾਂ ਕਿਹਾ, 'ਜਿਨ੍ਹਾਂ ਲੋਕਾਂ ਨੇ ਸੱਤਾ ਵਿੱਚ ਰਹਿੰਦੇ ਹੋਏ ਨਸ਼ਿਆਂ ਨੂੰ ਸਰਪ੍ਰਸਤੀ ਦਿੱਤੀ ਸੀ, ਉਹ ਆਪਣੀਆਂ ਸਰਕਾਰੀ ਗੱਡੀਆਂ ਰਾਹੀਂ ਸੂਬੇ ਵਿੱਚ ਨਸ਼ਿਆਂ ਦੀ ਡਿਲਵਰੀ ਕਰਦੇ ਸਨ।' ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਪੂਰੀ ਖੋਜ ਉਪਰੰਤ, ਸੂਬਾ ਸਰਕਾਰ ਨੇ ਇੱਕ ਬਹੁ-ਪੱਖੀ ਰਣਨੀਤੀ ਅਪਣਾਈ ਅਤੇ 'ਯੁੱਧ ਨਸ਼ਿਆਂ ਵਿਰੁੱਧ' ਦੇ ਹਿੱਸੇ ਵਜੋਂ ਸਪਲਾਈ ਚੇਨਾਂ ਤੋੜ ਦਿੱਤੀਆਂ ਹਨ, ਪੀੜਤਾਂ ਲਈ ਮੁੜਵਸੇਬਾ ਯਕੀਨੀ ਬਣਾਇਆ ਹੈ, ਤਸਕਰਾਂ ਦੀਆਂ ਜਾਇਦਾਦਾਂ ਨੂੰ ਢਾਹ-ਢੇਰੀ ਕਰ ਦਿੱਤਾ ਅਤੇ ਦੋਸ਼ੀਆਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਹੈ।' (ਬਾਕੀ ਸਫਾ 2 'ਤੇ)

### ਮਾਨ ਸਾਹ ਲੈਣ 'ਚ ਤਕਲੀਫ਼ ਮਗਰੋਂ ਮੁੜ ਹਸਪਤਾਲ ਦਾਖ਼ਲ

ਚੰਡੀਗੜ੍ਹ, 16 ਫਰਵਰੀ (ਚ.ਨ.ਸ.): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸੋਮਵਾਰ ਸ਼ਾਮ ਨੂੰ ਇੱਕ ਵਾਰ ਫਿਰ ਮੁਹਾਲੀ ਦੇ ਫੋਰਟਿਸ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਅੱਜ ਸਵੇਰੇ ਹੀ ਉਨ੍ਹਾਂ ਨੂੰ ਹਸਪਤਾਲ ਤੋਂ ਛੁੱਟੀ ਮਿਲੀ ਸੀ, ਜਿਸ ਤੋਂ ਬਾਅਦ ਉਹ ਸਿੱਧਾ ਮੋਗਾ ਵਿੱਚ ਆਮ ਆਦਮੀ ਪਾਰਟੀ ਦੀ ਵਿਸ਼ਾਲ ਰੈਲੀ ਵਿੱਚ ਸ਼ਾਮਲ ਹੋਣ ਗਏ ਸਨ। ਰਿਪੋਰਟਾਂ ਮੁਤਾਬਕ, ਮੋਗਾ ਰੈਲੀ ਤੋਂ ਪਰਤਣ ਤੋਂ ਬਾਅਦ ਉਨ੍ਹਾਂ ਨੂੰ ਸਾਹ ਲੈਣ ਵਿੱਚ ਤਕਲੀਫ਼ ਮਹਿਸੂਸ ਹੋਈ, ਜਿਸ ਕਾਰਨ ਰਾਤ 8 ਵਜੇ ਉਨ੍ਹਾਂ ਨੂੰ ਮੁੜ ਹਸਪਤਾਲ ਲਿਜਾਣਾ ਪਿਆ।

## ਇਜ਼ਰਾਈਲ ਦੇ ਦੋ ਦਿਨਾਂ ਦੌਰੇ 'ਤੇ ਜਾਣਗੇ ਮੋਦੀ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 16 ਫਰਵਰੀ :ਪ੍ਰਧਾਨ ਮੰਤਰੀ ਨਰਿੰਦਰ ਮੋਦੀ 25 ਫਰਵਰੀ ਤੋਂ ਇਜ਼ਰਾਈਲ ਦੇ ਦੋ ਦਿਨਾਂ ਦੌਰੇ 'ਤੇ ਜਾਣਗੇ। ਇਸ ਤੋਂ ਪਹਿਲਾਂ, ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਵੀ ਕਿਹਾ ਸੀ ਕਿ ਪ੍ਰਧਾਨ ਮੰਤਰੀ ਮੋਦੀ ਅਗਲੇ ਹਫ਼ਤੇ ਇਜ਼ਰਾਈਲ ਦਾ ਦੌਰਾ ਕਰਨਗੇ। ਉਨ੍ਹਾਂ ਨੇ ਭਾਰਤ ਨਾਲ ਸਬੰਧਾਂ ਦੀ ਪ੍ਰਸ਼ੰਸਾ ਕੀਤੀ, ਉਨ੍ਹਾਂ ਨੂੰ 'ਜ਼ਬਰਦਸਤ' ਕਿਹਾ। ਨੇਤਨਯਾਹੂ ਨੇ ਕਿਹਾ,'ਸੰਸਦ ਵਿੱਚ ਇੱਕ ਭਾਸ਼ਣ ਹੋਣ ਵਾਲਾ ਹੈ। ਅਗਲੇ ਹਫ਼ਤੇ ਇੱਥੇ ਕੌਣ ਆ ਰਿਹਾ ਹੈ ? ਨਰਿੰਦਰ ਮੋਦੀ। ਇਜ਼ਰਾਈਲ ਅਤੇ ਭਾਰਤ ਦਾ ਇੱਕ ਬਹੁਤ ਵੱਡਾ ਗੱਠਜੋੜ ਹੈ ਅਤੇ ਅਸੀਂ ਹਰ ਤਰ੍ਹਾਂ ਦੇ ਸਹਿਯੋਗ 'ਤੇ ਚਰਚਾ ਕਰਾਂਗੇ।' ਉਸ ਨੇ ਅੱਗੇ ਕਿਹਾ,'ਹੁਣ, ਤੁਸੀਂ ਜਾਣਦੇ ਹੋ, ਭਾਰਤ ਕੋਈ ਛੋਟਾ ਦੇਸ਼ ਨਹੀਂ ਹੈ। ਇੱਥੇ 1.4 ਬਿਲੀਅਨ ਲੋਕ ਰਹਿੰਦੇ ਹਨ। ਭਾਰਤ ਬਹੁਤ ਸ਼ਕਤੀਸ਼ਾਲੀ ਹੈ, ਬਹੁਤ ਮਸ਼ਹੂਰ ਹੈ।'

> **ਭਾਰਤ ਇੱਕ ਬਹੁਤ ਸ਼ਕਤੀਸ਼ਾਲੀ ਦੇਸ਼: ਨੇਤਨਯਾਹੂ**

ਹਾਲਾਂਕਿ ਭਾਰਤ ਨੇ ਹਮੇਸ਼ਾ ਇਜ਼ਰਾਈਲ - ਗਾਜ਼ਾ ਯੁੱਧ ਦੇ 'ਦੋ-ਰਾਜ' ਹੱਲ ਦੀ ਮੰਗ ਕੀਤੀ ਹੈ ਪਰ ਇਸ ਨੇ ਇਜ਼ਰਾਈਲ ਨਾਲ ਇੱਕ ਆਪਸੀ ਲਾਭਦਾਇਕ ਰਣਨੀਤਕ ਭਾਈਵਾਲੀ ਵੀ ਬਣਾਈ ਰੱਖੀ ਹੈ। ਪਿਛਲੇ ਸਾਲ, ਪ੍ਰਧਾਨ ਮੰਤਰੀ ਮੋਦੀ ਅਤੇ ਨੇਤਨਯਾਹੂ ਨੇ ਫ਼ੋਨ 'ਤੇ ਗੱਲ ਕੀਤੀ ਸੀ ਅਤੇ ਦੋਵਾਂ ਨੇ ਆਪਸੀ ਲਾਭ ਲਈ ਇਨ੍ਹਾਂ ਸਬੰਧਾਂ ਨੂੰ (ਬਾਕੀ ਸਫਾ 2 'ਤੇ)

## ਦੇਸ਼ 'ਚ ਥੋਕ ਮਹਿੰਗਾਈ ਜਨਵਰੀ ਮਹੀਨੇ ਵਿੱਚ ਵੱਧ ਕੇ 1.81 ਫ਼ੀਸਦੀ ਹੋਈ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 16 ਫਰਵਰੀ : ਦੇਸ਼ 'ਚ ਥੋਕ ਮਹਿੰਗਾਈ ਜਨਵਰੀ ਦੌਰਾਨ ਲਗਾਤਾਰ ਤੀਜੇ ਮਹੀਨੇ ਵੱਧ ਕੇ 1.81 ਫ਼ੀ ਸਦੀ 'ਤੇ ਪਹੁੰਚ ਗਈ। ਭੋਜਨ ਪਦਾਰਥ, ਗ਼ੈਰ-ਭੋਜਨ ਪਦਾਰਥ ਅਤੇ ਨਿਰਮਿਤ ਉਤਪਾਦਾਂ ਦੀਆਂ ਕੀਮਤਾਂ 'ਚ ਮਹੀਨਾਵਾਰ ਆਧਾਰ 'ਤੇ ਵਾਧਾ ਇਸ ਦਾ ਮੁੱਖ ਕਾਰਨ ਰਿਹਾ। ਸੋਮਵਾਰ ਨੂੰ ਜਾਰੀ ਸਰਕਾਰੀ ਅੰਕੜਿਆਂ 'ਚ ਇਹ ਜਾਣਕਾਰੀ ਮਿਲੀ। ਥੋਕ ਮੁੱਖ ਸੂਚਕ ਅੰਕ (ਡਬਲਿਊ.ਪੀ.ਆਈ.) ਅਧਾਰਤ ਮਹਿੰਗਾਈ ਦਰ ਪਿਛਲੇ ਸਾਲ ਜਨਵਰੀ 'ਚ 2.51 ਫ਼ੀਸਦੀ ਜਦਕਿ ਦਸੰਬਰ, 2025 'ਚ 0.82 ਫ਼ੀਸਦੀ ਰਹੀ ਸੀ। ਉਦਯੋਗ ਮੰਤਰਾਲਾ ਨੇ ਬਿਆਨ 'ਚ ਕਿਹਾ,"ਜਨਵਰੀ, 2026 'ਚ ਥੋਕ ਮਹਿੰਗਾਈ ਵਧਣ ਦਾ ਮੁੱਖ ਕਾਰਨ ਮੂਲ ਧਾਤਾਂ ਦੇ ਨਿਰਮਾਣ, ਹੋਰ ਨਿਰਮਾਣ, ਗ਼ੈਰ-ਭੋਜਨ ਪਦਾਰਥ ਚੀਜ਼ਾਂ, ਭੋਜਨ ਪਦਾਰਥਾਂ ਅਤੇ ਕੱਪੜਿਆਂ ਆਦਿ ਦੀਆਂ ਕੀਮਤਾਂ 'ਚ ਵਾਧਾ ਰਿਹਾ। ਥੋਕ ਮੁੱਲ ਸੂਚਕ ਅੰਕ (ਡਬਲਿਊ.ਪੀ.ਆਈ.) ਦੇ ਅੰਕੜਿਆਂ ਅਨੁਸਾਰ, ਜਨਵਰੀ 'ਚ ਭੋਜਨ ਪਦਾਰਥਾਂ ਦੀ ਮਹਿੰਗਾਈ ਦਰ 1.55 ਫ਼ੀਸਦੀ (ਬਾਕੀ ਸਫਾ 2 'ਤੇ)




### ਮੁਅੱਤਲ ਡੀ.ਆਈ.ਜੀ. ਭੁੱਲਰ ਦੀ ਜ਼ਮਾਨਤ ਪਟੀਸ਼ਨ ਹਾਈਕੋਰਟ ਵੱਲੋਂ ਰੱਦ

ਚੰਡੀਗੜ੍ਹ , 16 ਫਰਵਰੀ (ਚ.ਨ.ਸ.): ਪੰਜਾਬ ਪੁਲਿਸ ਦੇ ਮੁਅੱਤਲ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਤੋਂ ਝਟਕਾ ਲੱਗਾ ਹੈ। ਭੁੱਲਰ ਨੇ ਰਿਸ਼ਵਤ ਮਾਮਲੇ ਵਿੱਚ ਜ਼ਮਾਨਤ ਪਟੀਸ਼ਨ ਦਾਇਰ ਕੀਤੀ ਸੀ ਪਰ ਹਾਈ ਕੋਰਟ ਨੇ ਉਨ੍ਹਾਂ ਦੀ ਜ਼ਮਾਨਤ ਪਟੀਸ਼ਨ ਖਾਰਜ ਕਰ ਦਿੱਤੀ ਹੈ। ਜਿਸ ਕਾਰਨ ਹਰਚਰਨ ਸਿੰਘ ਭੁੱਲਰ ਫਿਲਹਾਲ ਜੇਲ੍ਹ ਵਿੱਚ ਹੀ ਰਹਿਣਗੇ। ਹਾਲਾਂਕਿ, ਚੰਡੀਗੜ੍ਹ ਸੀ.ਬੀ.ਆਈ. ਅਦਾਲਤ ਨੇ ਪਹਿਲਾਂ ਉਨ੍ਹਾਂ ਦੀ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ ਸੀ। ਸਾਬਕਾ ਡੀ.ਆਈ.ਜੀ. ਨੂੰ ਸੀ.ਬੀ.ਆਈ. ਨੇ 16 ਅਕਤੂਬਰ, 2025 ਨੂੰ ਮੋਹਾਲੀ ਸਥਿਤ (ਬਾਕੀ ਸਫਾ 2 'ਤੇ)

## ਤਾਰਿਕ ਰਹਿਮਾਨ ਬੰਗਲਾਦੇਸ਼ ਦੇ ਨਵੇਂ ਪ੍ਰਧਾਨ ਮੰਤਰੀ ਵਜੋਂ ਅੱਜ ਚੁੱਕਣਗੇ ਸਹੁੰ

**ਚੜ੍ਹਦੀਕਲਾ ਬਿਊਰੋ**

ਢਾਕਾ, 16 ਫਰਵਰੀ: ਬੰਗਲਾਦੇਸ਼ ਵਿੱਚ ਇੱਕ ਵੱਡੀ ਸਿਆਸੀ ਤਬਦੀਲੀ ਦੇ ਨਾਲ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ (ਬੀ.ਐਨ.ਪੀ.) ਦੇ ਚੇਅਰਮੈਨ ਤਾਰਿਕ ਰਹਿਮਾਨ ਮੰਗਲਵਾਰ ਨੂੰ ਦੇਸ਼ ਦੇ ਨਵੇਂ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕਣ ਜਾ ਰਹੇ ਹਨ। 60 ਸਾਲਾ ਰਹਿਮਾਨ ਦੀ ਅਗਵਾਈ ਹੇਠ ਪਾਰਟੀ ਨੇ ਆਮ ਚੋਣਾਂ ਵਿੱਚ ਸ਼ਾਨਦਾਰ ਜਿੱਤ ਹਾਸਲ ਕੀਤੀ ਹੈ, ਜਿੱਥੇ 297 ਵਿੱਚੋਂ 209 ਸੀਟਾਂ 'ਤੇ ਕਬਜ਼ਾ ਕਰਕੇ ਬਹੁਮਤ ਸਾਬਤ ਕੀਤਾ। ਪੁਰਾਣੀ ਪਰੰਪਰਾ ਨੂੰ ਤੋੜਦਿਆਂ ਇਸ ਵਾਰ ਸਹੁੰ ਚੁੱਕ ਸਮਾਗਮ ਬੰਗ ਭਵਨ ਦੀ ਬਜਾਏ ਸੰਸਦ ਕੰਪਲੈਕਸ ਦੇ ਸਾਊਥ ਪਲਾਜ਼ਾ ਵਿੱਚ ਹੋਵੇਗਾ, ਜਿੱਥੇ ਰਾਸ਼ਟਰਪਤੀ ਮੁਹੰਮਦ ਸ਼ਹਾਬੂਦੀਨ ਬਾਅਦ ਦੁਪਹਿਰ 4 ਵਜੇ ਮੰਤਰੀ ਮੰਡਲ ਨੂੰ ਸਹੁੰ ਚੁੱਕਾਉਣਗੇ। ਭਾਰਤ ਵੱਲੋਂ ਲੋਕ ਸਭਾ ਸਪੀਕਰ ਓਮ ਬਿਰਲਾ ਇਸ ਇਤਿਹਾਸਕ (ਬਾਕੀ ਸਫਾ 2 'ਤੇ)



### ਪ੍ਰਤਾਪ ਸਿੰਘ ਬਾਜਵਾ ਨੂੰ ਐਸ.ਸੀ. ਕਮਿਸ਼ਨ ਦੇ ਨੋਟਿਸ 'ਤੇ ਹਾਈਕੋਰਟ ਵੱਲੋਂ ਸਟੇਅ

ਚੰਡੀਗੜ੍ਹ , 16 ਫਰਵਰੀ (ਚ.ਨ.ਸ.): ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਤੋਂ ਵੱਡੀ ਰਾਹਤ ਮਿਲੀ ਹੈ। ਅਦਾਲਤ ਨੇ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਵੱਲੋਂ ਬਾਜਵਾ ਨੂੰ ਜਾਰੀ ਕੀਤੇ ਗਏ 'ਕਾਰਨ ਦੱਸੋ ਨੋਟਿਸ' 'ਤੇ ਤੁਰੰਤ ਰੋਕ ਲਗਾ ਦਿੱਤੀ ਹੈ। ਇਸ ਦੇ ਨਾਲ ਹੀ ਅਦਾਲਤ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਇਸ ਮਾਮਲੇ ਵਿੱਚ ਆਪਣਾ ਜਵਾਬ ਦਾਇਰ ਕਰਨ ਦੇ ਹੁਕਮ ਦਿੱਤੇ ਹਨ। ਇਹ ਵਿਵਾਦ 7 ਫਰਵਰੀ, 2026 ਨੂੰ ਜੰਡਿਆਲਾ ਗੁਰੂ ਵਿਖੇ ਹੋਈ ਇੱਕ ਰੈਲੀ ਤੋਂ ਸ਼ੁਰੂ ਹੋਇਆ ਸੀ। ਪ੍ਰਤਾਪ ਸਿੰਘ ਬਾਜਵਾ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਬਾਰੇ ਗੱਲ ਕਰਦਿਆਂ 'ਬੈਂਡ ਵਜਾ ਦਿੱਤੀ' ਜਾਂ 'ਬੈਂਡ ਵਜਾ ਦਿਆਂਗੇ' (ਬਾਕੀ ਸਫਾ 2 'ਤੇ)

## ਟੋਰੈਂਟ ਪਾਵਰ ਨੇ ਨਾਭਾ ਪਾਵਰ ਇਕਾਈ ਲਿਮਟਿਡ ਖ਼ਰੀਦੀ



**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 16 ਫਰਵਰੀ : ਟੋਰੈਂਟ ਪਾਵਰ ਲਿਮਟਡ ਨੇ ਐਲ ਐਂਡ ਟੀ ਪਾਵਰ ਡਿਵੈਲਪਮੈਂਟ ਲਿਮਟਡ ਨਾਲ 6889 ਕਰੋੜ ਰੁਪਏ ਦੇ ਉੱਦਮ ਮੁੱਲ 'ਤੇ ਨਾਭਾ ਪਾਵਰ ਲਿਮਟਡ 'ਚ 100 ਫ਼ੀ ਸਦੀ ਹਿੱਸੇਦਾਰੀ ਹਾਸਲ ਕਰਨ ਲਈ ਇਕ ਸਮਝੌਤਾ ਕੀਤਾ ਹੈ। ਕੰਪਨੀ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿਤੀ। ਨਾਭਾ ਪਾਵਰ ਲਿਮਟਡ, ਐਲ ਐਂਡ ਟੀ ਪਾਵਰ ਡਿਵੈਲਪਮੈਂਟ ਲਿਮਟਡ ਦੀ ਮੁਕੰਮਲ ਮਲਕੀਅਤ ਵਾਲੀ ਸਹਿ-ਕੰਪਨੀ ਹੈ। (ਬਾਕੀ ਸਫਾ 2 'ਤੇ)

### ਇਜ਼ਰਾਇਲੀ ਸੈਲਾਨੀ ਨਾਲ ਗੈਂਗਰੇਪ ਦੇ ਤਿੰਨ ਦੋਸ਼ੀਆਂ ਨੂੰ ਮੌਤ ਦੀ ਸਜ਼ਾ

ਨਵੀਂ ਦਿੱਲੀ, 16 ਫਰਵਰੀ (ਚ.ਨ.ਸ.):ਕਰਨਾਟਕ ਦੇ ਕੋਪੱਲ ਜ਼ਿਲ੍ਹੇ ਦੀ ਇਕ ਸੈਸ਼ਨ ਕੋਰਟ ਨੇ ਸੋਮਵਾਰ ਨੂੰ ਤਿੰਨ ਜਣਿਆਂ ਨੂੰ ਮੌਤ ਦੀ ਸਜ਼ਾ ਸੁਣਾਈ। ਇਨ੍ਹਾਂ ਨੂੰ ਇੱਕ ਇਜ਼ਰਾਇਲੀ ਨਾਗਰਿਕ ਸਣੇ ਦੋ ਔਰਤਾਂ ਦੇ ਗੈਂਗਰੇਪ ਅਤੇ ਇੱਕ ਪੁਰਸ਼ ਟੂਰਿਸਟ ਦੀ ਹੱਤਿਆ ਦਾ ਦੋਸ਼ੀ ਪਾਇਆ ਗਿਆ ਸੀ। ਇਸ ਅਪਰਾਧ ਨੇ ਪੂਰੇ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ ਸੀ ਅਤੇ ਇਸ ਦੀ ਬਹੁਤ ਨਿੰਦਾ ਹੋਈ ਸੀ। ਗੰਗਾਵਤੀ ਜ਼ਿਲ੍ਹਾ ਅਤੇ ਸੈਸ਼ਨ ਅਦਾਲਤ 'ਚ ਮੌਤ ਦੀ ਸਜ਼ਾ ਸੁਣਾਈ ਗਈ ਹੈ। ਜੱਜ ਨੇ ਕਿਹਾ ਕਿ ਇਹ ਜੁਰਮ ਰੇਅਰੈਸਟ ਆਫ਼ ਰੇਅਰ ਕੈਟਾਗਰੀ 'ਚ ਆਉਂਦਾ ਹੈ, ਜਿਸ ਲਈ ਵੱਧ ਤੋਂ ਵੱਧ ਸਜ਼ਾ ਮਿਲਣੀ ਚਾਹੀਦੀ ਹੈ। ਦੋਸ਼ੀਆਂ ਦੀ ਪਛਾਣ ਮੱਲੇਸ਼ ਉਰਫ਼ ਹੰਡੀਮੱਲਾ, ਸਾਈ ਅਤੇ (ਬਾਕੀ ਸਫਾ 2 'ਤੇ)

## ਕੈਮੀਕਲ ਫੈਕਟਰੀ 'ਚ ਲੱਗੀ ਅੱਗ ਵਿੱਚ ਝੁਲਸਣ ਕਾਰਨ 8 ਮਜ਼ਦੂਰਾਂ ਦੀ ਮੌਤ

**ਚੜ੍ਹਦੀਕਲਾ ਬਿਊਰੋ**

ਭਿਵਾੜੀ, 16 ਫਰਵਰੀ : ਰਾਜਸਥਾਨ ਦੇ ਭਿਵਾੜੀ ਵਿੱਚ ਇੱਕ ਕੈਮੀਕਲ-ਪਟਾਕੇ ਬਣਾਉਣ ਵਾਲੀ ਫੈਕਟਰੀ ਵਿੱਚ ਕਰੀਬ ਅੱਠ ਲੋਕ ਜ਼ਿੰਦਾ ਸੜ ਗਏ। ਉਨ੍ਹਾਂ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ। ਦੋ ਮਜ਼ਦੂਰਾਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਉਨ੍ਹਾਂ ਨੂੰ ਦਿੱਲੀ ਦੇ ਏਮਜ਼ ਰੈਫਰ ਕਰ ਦਿੱਤਾ ਗਿਆ ਹੈ। ਘਟਨਾ ਸਮੇਂ ਲਗਭਗ 25 ਮਜ਼ਦੂਰ ਕੰਮ ਕਰ ਰਹੇ ਸਨ। ਇਹ ਹਾਦਸਾ ਸੋਮਵਾਰ ਸਵੇਰੇ 9:30 ਵਜੇ ਦੇ ਕਰੀਬ ਖੁਸ਼ਖੇੜਾ ਕਰੌਲੀ ਉਦਯੋਗਿਕ ਖੇਤਰ ਵਿੱਚ ਵਾਪਰਿਆ। ਏ.ਡੀ.ਐਮ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਪੁਲਿਸ ਨੂੰ ਗਸ਼ਤ ਦੌਰਾਨ ਇਸ ਘਟਨਾ ਦਾ ਪਤਾ ਲੱਗਿਆ। ਬਚਾਅ ਕਾਰਜ ਤੁਰੰਤ ਸ਼ੁਰੂ ਕੀਤੇ ਗਏ। ਫੈਕਟਰੀ ਵਿੱਚ ਰਸਾਇਣ ਅਤੇ ਪਟਾਕੇ ਬਣਦੇ ਸਨ। ਖੁਸ਼ਖੇੜਾ ਅਤੇ ਭਿਵਾੜੀ ਰਿਕੋ ਫਾਇਰ ਸਟੇਸ਼ਨਾਂ ਦੀਆਂ ਫਾਇਰ ਇੰਜਣਾਂ ਮੌਕੇ 'ਤੇ ਪਹੁੰਚੀਆਂ। ਲਗਭਗ ਡੇਢ ਘੰਟੇ ਦੀ ਕੋਸ਼ਿਸ਼ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ। ਲਾਸ਼ਾਂ ਬੁਰੀ ਤਰ੍ਹਾਂ ਸੜ ਗਈਆਂ ਸਨ, ਸਿਰਫ ਕਈਆਂ ਦੇ ਪਿੰਜਰ ਬਚੇ ਸਨ। ਸਰੀਰ ਦੇ ਅੰਗਾਂ ਦੇ ਟੁਕੜੇ ਖਿੰਡੇ ਹੋਏ ਮਿਲੇ ਸਨ। ਬਚਾਅ ਟੀਮ ਨੇ ਇਨ੍ਹਾਂ ਟੁਕੜਿਆਂ ਨੂੰ ਪੋਲੀਥੀਨ ਬੈਗਾਂ ਵਿੱਚ ਇਕੱਠਾ ਕੀਤਾ। ਕੁਲੈਕਟਰ ਆਰਤਿਕਾ ਸ਼ੁਕਲਾ ਦੁਪਹਿਰ 12:30 ਵਜੇ ਦੇ ਕਰੀਬ ਮੌਕੇ 'ਤੇ ਪਹੁੰਚੀ। ਉਨ੍ਹਾਂ ਕਿਹਾ, ਇਹ ਛੋਟਾ ਵਿਸਫੋਟਕ ਪਦਾਰਥ ਜਾਪਦਾ ਹੈ। ਕੋਈ ਗੈਸ ਲੀਕ ਨਹੀਂ ਹੋਈ। ਪੰਜ ਮ੍ਰਿਤਕਾਂ ਬਾਰੇ ਜਾਣਕਾਰੀ ਪ੍ਰਾਪਤ ਹੋਈ ਹੈ। (ਬਾਕੀ ਸਫਾ 2 'ਤੇ)



### ਹਿਮਾਚਲ ਦੇ ਰਾਜਪਾਲ ਨੇ 50 ਪੰਨਿਆਂ ਦਾ ਵਿਧਾਨ ਸਭਾ ਭਾਸ਼ਣ 3 ਮਿੰਟਾਂ 'ਚ ਨਬੇੜਿਆ

ਸ਼ਿਮਲਾ, 16 ਫਰਵਰੀ (ਚ.ਨ.ਸ.): ਹਿਮਾਚਲ ਪ੍ਰਦੇਸ਼ ਵਿਧਾਨ ਸਭਾ ਦਾ ਤਿੰਨ ਦਿਨਾਂ ਬਜਟ ਸੈਸ਼ਨ ਸੋਮਵਾਰ ਨੂੰ ਰਾਜਪਾਲ ਸ਼ਿਵ ਪ੍ਰਤਾਪ ਸ਼ੁਕਲਾ ਦੇ ਸੰਬੋਧਨ ਨਾਲ ਸ਼ੁਰੂ ਹੋਇਆ, ਪਰ ਖਾਸ ਗੱਲ ਇਹ ਰਹੀ ਕਿ ਉਨ੍ਹਾਂ ਨੇ 16ਵੇਂ ਵਿੱਤ ਕਮਿਸ਼ਨ ਵੱਲੋਂ ਮਾਲੀਆ ਘਾਟਾ ਗ੍ਰਾਂਟ (ਆਰ.ਡੀ.ਜੀ.) ਨੂੰ ਬੰਦ ਕਰਨ ਨਾਲ ਸਬੰਧਤ ਭਾਸ਼ਣ ਦੇ ਮਹੱਤਵਪੂਰਨ ਹਿੱਸਿਆਂ ਨੂੰ ਛੱਡ ਦਿੱਤਾ। ਸ਼ੁਕਲਾ ਨੇ ਕਿਹਾ,"ਕਿਉਂਕਿ ਮੇਰੇ ਭਾਸ਼ਣ ਦੇ ਪੈਰਾ ਤਿੰਨ ਤੋਂ ਸੋਲਾਂ ਇੱਕ ਸੰਵਿਧਾਨਕ ਸੰਸਥਾ ਨਾਲ ਸਬੰਧਤ ਹਨ, ਇਸ ਲਈ ਮੈਂ ਉਨ੍ਹਾਂ ਨੂੰ ਪੜ੍ਹਨਾ ਨਹੀਂ ਚਾਹਾਂਗਾ।" ਉਨ੍ਹਾਂ ਨੇ ਆਪਣਾ 50 ਪੰਨਿਆਂ ਦਾ ਭਾਸ਼ਣ ਤਿੰਨ ਮਿੰਟਾਂ ਤੋਂ ਵੀ ਘੱਟ ਸਮੇਂ ਵਿੱਚ ਨਬੇੜ ਲਿਆ, ਸਿਰਫ਼ ਪਹਿਲੇ (ਬਾਕੀ ਸਫਾ 2 'ਤੇ)

## ਭਾਜਪਾ ਨਾਇਬ ਸਿੰਘ ਸੈਣੀ ਨੂੰ ਪੰਜਾਬ ਵਿੱਚ ਕਿਉਂ ਪ੍ਰਮੋਟ ਕਰ ਰਹੀ ਹੈ ?

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 16 ਫਰਵਰੀ: ਨਵੰਬਰ 2024 ਵਿੱਚ ਲਗਾਤਾਰ ਤੀਜੀ ਵਾਰ ਹਰਿਆਣਾ ਵਿੱਚ ਸਰਕਾਰ ਬਣਾਉਣ ਵਾਲੀ ਭਾਜਪਾ ਹੁਣ ਆਪਣੇ ਗੁਆਂਢੀ ਰਾਜ ਪੰਜਾਬ 'ਤੇ ਨਜ਼ਰਾਂ ਟਿਕਾਈ ਬੈਠੀ ਹੈ। ਪੰਜਾਬ ਵਿੱਚ ਅਗਲੇ ਸਾਲ ਦੇ ਸ਼ੁਰੂ ਵਿੱਚ ਵਿਧਾਨ ਸਭਾ ਚੋਣਾਂ ਹੋਣਗੀਆਂ ਅਤੇ ਪਾਰਟੀ ਉੱਥੇ ਆਪਣੇ ਆਪ ਨੂੰ ਇੱਕ ਵੱਡੀ ਰਾਜਨੀਤਿਕ ਤਾਕਤ ਵਜੋਂ ਸਥਾਪਤ ਕਰਨ ਲਈ ਯਤਨਸ਼ੀਲ ਹੈ।

ਪੰਜਾਬ ਵਿਧਾਨ ਸਭਾ ਚੋਣਾਂ ਲਈ ਭਾਜਪਾ ਦੀਆਂ ਤਿਆਰੀਆਂ ਦੀ ਸਭ ਤੋਂ ਵੱਧ ਧਿਆਨ ਦੇਣ ਵਾਲੀ ਗੱਲ ਭਾਜਪਾ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਪੰਜਾਬ ਵਿੱਚ ਲਗਾਤਾਰ ਤਾਇਨਾਤ ਕਰਨਾ ਇੱਕ ਮਾਸਟਰ ਸਟ੍ਰੋਕ ਹੈ।

ਆਓ ਪੰਜਾਬ ਦੀ ਰਾਜਨੀਤੀ ਵਿੱਚ ਨਾਇਬ ਸਿੰਘ ਸੈਣੀ ਨੂੰ ਸਰਗਰਮ ਕਰਨ ਪਿੱਛੇ ਭਾਜਪਾ ਦੀ ਰਣਨੀਤੀ 'ਤੇ ਚਰਚਾ ਕਰੀਏ।



ਪਿਛਲੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ, ਜਦੋਂ ਭਾਜਪਾ ਲਈ ਚੋਣ ਲੜਾਈ ਨੂੰ ਬਹੁਤ ਮੁਸ਼ਕਲ ਮੰਨਿਆ ਜਾ ਰਿਹਾ ਸੀ, ਉਦੋਂ ਵੀ ਪਾਰਟੀ ਨੇ ਉੱਥੇ ਸਰਕਾਰ ਬਣਾਈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇਸ ਵਿੱਚ ਵੱਡੀ ਭੂਮਿਕਾ ਨਿਭਾਈ। ਇਸ ਨਾਲ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਦਾ ਸੈਣੀ ਵਿੱਚ ਵਿਸ਼ਵਾਸ ਵਧਿਆ ਹੈ।

ਨਾਇਬ ਸਿੰਘ ਸੈਣੀ ਪੰਜਾਬ ਵਿੱਚ ਕਈ ਸਮਾਗਮਾਂ ਵਿੱਚ ਪੱਗ ਬੰਨ੍ਹ ਕੇ ਸ਼ਾਮਲ ਹੁੰਦੇ ਰਹੇ ਹਨ ਅਤੇ ਲੋਕਾਂ ਤੱਕ ਪਹੁੰਚਣ ਲਈ ਪੰਜਾਬੀ ਅਤੇ ਹਰਿਆਣਵੀ ਦੇ ਮਿਸ਼ਰਣ ਦੀ ਵਰਤੋਂ ਕਰਦੇ ਰਹੇ ਹਨ। ਪਿਛਲੇ ਕੁਝ ਮਹੀਨਿਆਂ ਵਿੱਚ, ਸੈਣੀ ਨੇ ਪੰਜਾਬ ਦੇ ਕਈ ਪਿੰਡਾਂ ਅਤੇ ਕਸਬਿਆਂ ਦਾ ਦੌਰਾ ਕੀਤਾ ਹੈ, ਮੰਦਰਾਂ ਅਤੇ ਗੁਰਦੁਆਰਿਆਂ ਦੇ ਦਰਸ਼ਨ ਕੀਤੇ ਹਨ। ਹੁਣ ਤੱਕ, ਉਹ ਸ੍ਰੀ ਹਰਿਮੰਦਰ ਸਾਹਿਬ, ਗੁਰਦੁਆਰਾ ਅਨੰਦਪੁਰ ਸਾਹਿਬ, ਮਾਛੀਵਾੜਾ ਵਿੱਚ ਗੁਰਦੁਆਰਾ ਚਰਨ ਕੰਵਲ ਸਾਹਿਬ ਅਤੇ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਦਰਸ਼ਨ ਕਰ ਚੁੱਕੇ ਹਨ।

**ਭਾਜਪਾ ਵੱਲੋਂ ਪੰਜਾਬ ਵਿੱਚ ਆਪ੍ਰੇਸ਼ਨ ਲੋਟਸ ਚਲਾਉਣ ਦੇ ਦੋਸ਼**

ਪੰਜਾਬ ਅਤੇ ਹਰਿਆਣਾ ਇੱਕ ਲੰਬੀ ਸਰਹੱਦ ਸਾਂਝੀ ਕਰਦੇ ਹਨ। ਦੋਵੇਂ ਰਾਜ ਵਿਆਹ, ਪਰਿਵਾਰਕ ਸਬੰਧਾਂ, ਵਪਾਰ ਅਤੇ ਰਾਜਨੀਤੀ ਰਾਹੀਂ ਮਜ਼ਬੂਤ ਸਬੰਧ ਸਾਂਝੇ ਕਰਦੇ ਹਨ। ਹਾਲਾਂਕਿ, ਉਹ ਪਾਣੀ ਦੀ ਵੰਡ ਅਤੇ ਸਥਾਈ ਰਾਜਧਾਨੀ ਵਰਗੇ ਮੁੱਦਿਆਂ 'ਤੇ ਵੀ ਆਹਮੋ-ਸਾਹਮਣੇ ਹਨ।ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ ਦੌਰਾਨ (ਬਾਕੀ ਸਫਾ 2 'ਤੇ)

## ਦਿੱਲੀ ਏ.ਆਈ. ਵਰਲਡ ਸਮਿਟ 'ਚ ਭਾਰਤ ਨੇ ਵਿਖਾਇਆ ਆਪਣੇ ਏ.ਆਈ. ਸੰਸਾਰ ਦਾ ਜਲਵਾ

**ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ**
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਨਵੀਂ ਦਿੱਲੀ ਵਿੱਚ ਚੱਲ ਰਹੇ ਏਆਈ ਵਰਲਡ ਸਮਿੱਟ ਦੇ ਦੌਰਾਨ ਇੱਕ ਐਸਾ ਪਲ ਵੀ ਆਇਆ ਜਿਸ ਨੇ ਸਿਰਫ਼ ਤਕਨੀਕ ਦੀ ਤਾਕਤ ਨਹੀਂ, ਸਗੋਂ ਭਾਰਤ ਦੀ ਸੱਭਿਆਚਾਰਕ ਅਤੇ ਭਾਸ਼ਾਈ ਅਸਮਿਤਾ ਨੂੰ ਨਵਾਂ ਆਤਮਵਿਸ਼ਵਾਸ ਦਿੱਤਾ।

ਭਾਰਤ ਸਰਕਾਰ ਵੱਲੋਂ ਤਿਆਰ ਕੀਤਾ ਗਿਆ 'ਭਾਰਤਜੈਨ' ਮਾਡਿਊਲ ਸਿਰਫ਼ ਇੱਕ ਤਕਨੀਕੀ ਉਤਪਾਦ ਨਹੀਂ, ਸਗੋਂ ਇਹ ਭਾਰਤ ਦੀ ਡਿਜ਼ੀਟਲ ਸਵੈ-ਨਿਰਭਰਤਾ ਦੀ ਘੋਸ਼ਣਾ ਹੈ। ਇਹ ਮਾਡਿਊਲ ਭਾਰਤੀ ਭਾਸ਼ਾਵਾਂ ਨੂੰ ਸਮਝਣ, ਉਹਨਾਂ ਦਾ ਅਨੁਵਾਦ ਕਰਨ ਅਤੇ ਉਹਨਾਂ ਨੂੰ ਮਨੁੱਖੀ ਆਵਾਜ਼ ਵਿੱਚ ਪ੍ਰਸਤੁਤ ਕਰਨ ਦੀ ਸਮਰਥਾ ਰੱਖਦਾ ਹੈ—ਇਹ ਇੱਕ ਐਸਾ ਕਦਮ ਹੈ ਜੋ ਭਾਰਤ ਨੂੰ ਤਕਨੀਕੀ ਗੁਲਾਮੀ ਤੋਂ ਬਾਹਰ ਕੱਢ ਕੇ ਤਕਨੀਕੀ ਆਤਮਨਿਰਭਰਤਾ ਵੱਲ ਲੈ ਜਾਂਦਾ ਹੈ।

**ਭਾਰਤੀ ਡਾਟਾ ਪ੍ਰੋਜੈਕਟ ਭਾਰਤਜੈਨ ਦੀ ਪ੍ਰਸਤੁਤੀ ਵਿੱਚ ਪੰਜਾਬੀ ਡਾਟਾ 'ਚੋਂ ਸਿਰਫ਼ 'ਚੜ੍ਹਦੀਕਲਾ' ਦਾ ਜ਼ਿਕਰ ਕੀਤਾ ਗਿਆ ਅਤੇ ਉਸਨੂੰ ਦਿਖਾਇਆ ਵੀ ਗਿਆ**




ਇਸ ਮਾਡਿਊਲ ਦੀ ਸਭ ਤੋਂ ਵੱਡੀ ਖਾਸੀਅਤ ਇਹ ਹੈ ਕਿ ਇਹ ਭਾਰਤ ਦੀ ਭਾਸ਼ਾਈ ਵਿਭਿੰਨਤਾ ਨੂੰ ਆਪਣੀ ਤਾਕਤ ਬਣਾਉਂਦਾ ਹੈ। ਜਿੱਥੇ ਅੱਜ ਤੱਕ ਵਿਸ਼ਵ ਦੀ ਜ਼ਿਆਦਾਤਰ ਏਆਈ ਪ੍ਰਣਾਲੀਆਂ ਅੰਗਰੇਜ਼ੀ ਕੇਂਦਰਿਤ ਰਹੀਆਂ ਹਨ, ਉੱਥੇ ਭਾਰਤਜੈਨ ਨੇ ਇਹ ਸਾਬਤ ਕੀਤਾ ਹੈ ਕਿ ਭਵਿੱਖ ਦੀ ਤਕਨੀਕ ਸਿਰਫ਼ ਇੱਕ ਭਾਸ਼ਾ ਦੀ ਨਹੀਂ, ਸਗੋਂ ਮਨੁੱਖਤਾ ਦੀਆਂ ਸਾਰੀਆਂ ਭਾਸ਼ਾਵਾਂ ਦੀ ਹੋਵੇਗੀ। ਇਹ ਮਾਡਿਊਲ ਭਾਰਤ ਦੀਆਂ ਵੱਖ-ਵੱਖ ਭਾਸ਼ਾਵਾਂ—ਪੰਜਾਬੀ, ਹਿੰਦੀ, ਤਮਿਲ, ਬੰਗਾਲੀ, ਮਰਾਠੀ ਅਤੇ ਹੋਰ ਭਾਸ਼ਾਵਾਂ—ਨੂੰ ਨਾ ਸਿਰਫ਼ ਸਮਝਦਾ ਹੈ, ਸਗੋਂ ਉਹਨਾਂ ਨੂੰ ਬੋਲਣ ਅਤੇ ਸੰਚਾਰ ਕਰਨ ਦੇ ਯੋਗ ਵੀ ਹੈ।

ਇਸ ਮੌਕੇ ਤੇ ਭਾਰਤਜੈਨ ਦੇ ਡਾਟਾ ਮੈਨੇਜਰ ਨਿਤਿਸ਼ ਕਮਲ ਸਿੰਘ ਦੀ ਪ੍ਰਸਤੁਤੀ ਨੇ ਖਾਸ ਧਿਆਨ ਖਿੱਚਿਆ। ਉਹਨਾਂ ਨੇ ਆਪਣੇ ਲੈਕਚਰ ਵਿੱਚ ਇਹ ਸਪੱਸ਼ਟ ਕੀਤਾ ਕਿ ਏਆਈ ਦੀ ਅਸਲੀ ਤਾਕਤ ਡਾਟਾ ਵਿੱਚ ਹੁੰਦੀ ਹੈ, ਅਤੇ ਜਦੋਂ ਤੱਕ ਭਾਰਤੀ ਭਾਸ਼ਾਵਾਂ ਦਾ ਡਾਟਾ ਇਸ ਵਿੱਚ ਸ਼ਾਮਿਲ ਨਹੀਂ ਹੋਵੇਗਾ, ਤਦ ਤੱਕ ਭਾਰਤ ਦੀ ਅਸਲੀ ਨੁਮਾਇੰਦਗੀ ਸੰਭਵ ਨਹੀਂ। ਉਹਨਾਂ ਨੇ ਇਹ ਵੀ ਦੱਸਿਆ ਕਿ ਭਾਰਤਜੈਨ ਭਵਿੱਖ ਵਿੱਚ ਦੁਨੀਆਂ ਦੇ ਕਿਸੇ ਵੀ (ਬਾਕੀ ਸਫਾ 2 'ਤੇ)

## ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ

ਨਿੰਦਿਆਂ ਕਰਦਿਆਂ ਉਨ੍ਹਾਂ ਅੱਗੇ ਕਿਹਾ, ਲੋਕਾਂ ਨੂੰ ਵਿਆਪਕ ਸਿਹਤ ਸੰਭਾਲ ਪ੍ਰਦਾਨ ਕਰਨ ਲਈ, ਸੂਬਾ ਸਰਕਾਰ ਨੇ ਇਹ ਯੋਜਨਾ ਸ਼ੁਰੂ ਕੀਤੀ ਹੈ, ਜੋ ਕਿ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਸਿਹਤ ਯੋਜਨਾ ਹੈ। ਇਸ ਯੋਜਨਾ ਤਹਿਤ, ਪੰਜਾਬ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਮੁਹੱਈਆ ਕਰਵਾਇਆ ਜਾਂਦਾ ਹੈ। ਇਹ ਬਹੁਤ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਪੰਜਾਬ ਇੰਨਾ ਵਿਆਪਕ ਸਿਹਤ ਸੰਭਾਲ ਕਵਰੇਜ ਪ੍ਰਦਾਨ ਕਰਨ ਵਾਲਾ ਪਹਿਲਾ ਭਾਰਤੀ ਸੂਬਾ ਬਣ ਗਿਆ ਹੈ।

ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਕੀਮ ਜਨਤਾ 'ਤੇ ਵਿੱਤੀ ਬੋਝ ਨੂੰ ਘਟਾਉਣ ਦੇ ਨਾਲ ਨਾਲ ਮਿਆਰੀ ਸਿਹਤ ਸੇਵਾਵਾਂ ਤੱਕ ਆਸਾਨ ਪਹੁੰਚ ਨੂੰ ਯਕੀਨੀ ਬਣਾਏਗੀ। ਉਨ੍ਹਾਂ ਕਿਹਾ, ਇਸ ਇਤਿਹਾਸਕ ਕਦਮ ਦਾ ਉਦੇਸ਼ ਸੂਬੇ ਦੇ ਸਾਰੇ ਪਰਿਵਾਰਾਂ ਨੂੰ ਵਿਆਪਕ ਸਿਹਤ ਸੰਭਾਲ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ, ਸਾਰੇ ਸਰਕਾਰੀ ਕਰਮਚਾਰੀ, ਪੈਨਸ਼ਨਰ ਅਤੇ ਸੂਬੇ ਦਾ ਹਰ ਨਾਗਰਿਕ ਇਸ ਸਿਹਤ ਕਾਰਡ ਲਈ ਯੋਗ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪਹਿਲਕਦਮੀ ਨੇ ਉਨ੍ਹਾਂ ਪਰਿਵਾਰਾਂ ਨੂੰ ਵੱਡੀ ਰਾਹਤ ਪ੍ਰਦਾਨ ਕੀਤੀ ਹੈ, ਜਿਨ੍ਹਾਂ ਨੂੰ ਬਿਮਾਰੀ ਦੀ ਸਥਿਤੀ ਵਿੱਚ ਇਲਾਜ ਲਈ ਆਪਣੀਆਂ ਜੇਬਾਂ ਵਿੱਚੋਂ ਵੱਡੀ ਰਕਮ ਖਰਚ ਕਰਨੀ ਪੈਂਦੀ ਸੀ।

ਗਲਤ ਅਫਵਾਹਾਂ ਤੋਂ ਸੁਚੇਤ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ, ਕੁਝ ਪੰਜਾਬ ਵਿਰੋਧੀ ਤਾਕਤਾਂ, ਜੋ ਨਹੀਂ ਚਾਹੁੰਦੀਆਂ ਕਿ ਸੂਬੇ ਦੇ ਲੋਕ ਅਜਿਹੀਆਂ ਸਹੂਲਤਾਂ ਦਾ ਲਾਭ ਲੈਣ, ਜਾਣਬੁੱਝ ਕੇ ਇਸ ਅਹਿਮ ਯੋਜਨਾ ਬਾਰੇ ਝੂਠੀਆਂ ਅਫਵਾਹਾਂ ਫੈਲਾ ਰਹੀਆਂ ਹਨ। ਅਜਿਹੀਆਂ ਅਫਵਾਹਾਂ ਲੋਕਾਂ ਨੂੰ ਇਸ ਯੋਜਨਾ ਦਾ ਲਾਭ ਲੈਣ ਤੋਂ ਰੋਕਣ ਲਈ ਫੈਲਾਈਆਂ ਜਾ ਰਹੀਆਂ ਹਨ ਜੋ ਕਿ ਪੂਰੀ ਤਰ੍ਹਾਂ ਗੈਰ-ਵਾਜਬ ਹੈ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਇਨ੍ਹਾਂ ਪੰਜਾਬ ਵਿਰੋਧੀ ਤਾਕਤਾਂ ਤੋਂ ਸੁਚੇਤ ਰਹਿਣ ਲਈ ਕਿਹਾ, ਜੋ ਸੂਬੇ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸ਼ਹਾਲੀ ਨੂੰ ਲੀਹੋਂ ਉਤਾਰਨ ਲਈ ਸਾਜ਼ਿਸ਼ਾਂ ਰਚ ਰਹੀਆਂ ਹਨ।

ਪੰਜਾਬ ਦੇ ਅਕਸ਼ ਨੂੰ ਲੱਗੀ ਢਾਹ 'ਤੇ ਦੁੱਖ ਪ੍ਰਗਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਪੰਜਾਬ ਨੇ ਕਈ ਮਹਾਨ ਖਿਡਾਰੀ, ਜਰਨੈਲ, ਸ਼ਹੀਦ ਅਤੇ ਹੋਰ ਮਹਾਨ ਸਖ਼ਸ਼ੀਅਤਾਂ ਨੂੰ ਜਨਮ ਦਿੱਤਾ ਹੈ, ਪਰ ਬਦਕਿਸਮਤੀ ਨਾਲ ਇਨ੍ਹਾਂ ਪੰਜਾਬ ਵਿਰੋਧੀ ਤਾਕਤਾਂ ਨੇ ਪੰਜਾਬੀਆਂ ਨੂੰ ਨਸ਼ੇੜੀ ਦੱਸ ਕੇ ਪੰਜਾਬ ਦੇ ਨਾਮ 'ਤੇ ਦਾਗ ਲਗਾ ਦਿੱਤਾ ਹੈ। ਉਨ੍ਹਾਂ ਕਿਹਾ, ਜਿਨ੍ਹਾਂ ਨੇ ਇਹ ਪਾਪ ਕਮਾਇਆ ਹੈ, ਉਨ੍ਹਾਂ ਨੂੰ ਲੋਕ ਸਜ਼ਾ ਦੇਣਗੇ। ਉਨ੍ਹਾਂ ਅੱਗੇ ਕਿਹਾ, ਉਹ ਆਪਣੀ ਨਾਜਾਇਜ਼ ਕਮਾਈ ਰਾਹੀਂ ਸਜ਼ਾ ਤੋਂ ਬਚ ਸਕਦੇ ਹਨ, ਪਰ ਲੋਕ ਉਨ੍ਹਾਂ ਨੂੰ ਕਦੇ ਵੀ ਮੁਆਫ਼ ਨਹੀਂ ਕਰਨਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਧਿਆਪਕਾਂ ਅਤੇ ਮਾਪਿਆਂ ਦੋਵਾਂ ਨੂੰ ਮਿਲ ਕੇ ਅਤੇ ਠੋਸ ਯਤਨ ਕਰਕੇ ਨੌਜਵਾਨ ਪੀੜ੍ਹੀ ਨੂੰ ਬਚਾਉਣ ਲਈ ਅੱਗੇ ਆਉਣਾ ਪਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਸੂਬੇ ਵਿੱਚ ਪਾਸਪੋਰਟ ਪ੍ਰਾਪਤ ਕਰਨ ਵਾਲਿਆਂ ਦੀ ਗਿਣਤੀ ਘਟ ਗਈ ਹੈ, ਕਿਉਂਕਿ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਨੌਕਰੀਆਂ ਦੇ ਰਹੀ ਹੈ। ਉਨ੍ਹਾਂ ਕਿਹਾ, ਸੂਬਾ ਸਰਕਾਰ ਨੇ ਪੰਜਾਬ ਭਰ ਵਿੱਚ 63,000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ, ਜਿਸ ਕਾਰਨ ਲੋਕ ਹੁਣ ਵਿਦੇਸ਼ ਜਾਣ ਦੀਆਂ ਯੋਜਨਾਵਾਂ ਨੂੰ ਛੱਡ ਰਹੇ ਹਨ। ਜਿੱਥੇ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ, ਉੱਥੇ ਵਿਰੋਧੀ ਧਿਰ ਨੇ ਹਮੇਸ਼ਾ ਆਪਣੀ ਸੱਤਾ ਦੌਰਾਨ ਸ਼ਰਲ ਉਦਮਾਂ ਵਿੱਚ ਹਿੱਸਾ ਪਾਉਣ ਦੀ ਮੰਗ ਕੀਤੀ।

ਵਿਰੋਧੀ ਧਿਰ 'ਤੇ ਨਿਸ਼ਾਨਾ ਬਿਨ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਉਹ ਸ਼ੈਤਾਨ ਹਨ ਜੋ ਨਸ਼ਿਆਂ ਅਤੇ ਅਪਰਾਧੀਆਂ ਨੂੰ ਸਰਪ੍ਰਸਤੀ ਦੇ ਕੇ ਸੂਬੇ ਨੂੰ ਬਰਬਾਦ ਕਰਨਾ ਚਾਹੁੰਦੇ ਹਨ, ਜਿਸ ਕਾਰਨ ਲੋਕਾਂ ਨੇ ਉਨ੍ਹਾਂ ਨੂੰ ਸੱਤਾ ਤੋਂ ਬਾਹਰ ਦਾ ਰਾਸਤਾ ਦਿਖਾਇਆ ਹੈ। ਹੁਣ ਇਹ ਸਾਰੀਆਂ ਪੰਜਾਬ ਵਿਰੋਧੀ ਤਾਕਤਾਂ ਪੰਜਾਬ ਨੂੰ ਬਰਬਾਦ ਕਰਨ ਲਈ ਇਕਜੁੱਟ ਹੋ ਗਈਆਂ ਹਨ, ਅਤੇ ਹੁਣ ਸਮਾਂ ਆ ਗਿਆ ਹੈ ਕਿ ਪੰਜਾਬੀਆਂ ਨੂੰ ਵੀ ਇਕਜੁੱਟ ਉਨ੍ਹਾਂ ਨੂੰ ਬਾਹਰ ਦਾ ਰਸਤਾ ਦਿਖਾਉਣਾ ਚਾਹੀਦਾ ਹੈ। ਸੂਬਾ ਸਰਕਾਰ ਦੀਆਂ ਲੋਕ-ਪੱਖੀ ਪਹਿਲਕਦਮੀਆਂ 'ਤੇ ਚਾਨਣਾ ਪਾਉਂਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਪਾਣੀ ਸੂਬੇ ਦੇ ਕੋਨੇ ਕੋਨੇ ਤੱਕ ਪਹੁੰਚ ਰਿਹਾ ਹੈ, ਜਦੋਂ ਕਿ ਪਿਛਲੀਆਂ ਸਰਕਾਰਾਂ ਦੌਰਾਨ ਨਹਿਰੀ ਪਾਣੀ ਸਿਰਫ਼ ਅਮੀਰ ਲੋਕਾਂ ਦੇ ਖੇਤਾਂ ਵਿੱਚ ਹੀ ਜਾਂਦਾ ਸੀ।

ਉਨ੍ਹਾਂ ਕਿਹਾ, ਹੁਣ ਸੂਬੇ ਦੇ 90 ਫੀਸਦ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਵੀ ਦਿਨ ਵੇਲੇ ਬਿਜਲੀ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਨਾਲ ਕਿਸਾਨਾਂ ਨੂੰ ਬਹੁਤ ਫਾਇਦਾ ਹੋਇਆ ਹੈ। ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਜਾਂ ਨਸ਼ਾ ਤਸਕਰਾਂ ਦਾ ਸਮਰਥਨ ਕਰਨ ਵਾਲਿਆਂ ਵਿਰੁੱਧ ਜ਼ੀਰੋ-ਟੌਲਰੈਂਸ ਨੀਤੀ ਅਪਣਾਈ ਗਈ ਹੈ। ਉਨ੍ਹਾਂ ਕਿਹਾ, ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਆਮ ਲੋਕਾਂ ਦਾ ਸਹਿਯੋਗ ਬੇਹੱਦ ਜ਼ਰੂਰੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਅਤੇ ਪੰਜਾਬੀਆਂ ਕੋਲ ਹਰ ਜੰਗ ਜਿੱਤਣ ਦਾ ਜਜ਼ਬਾ ਹੈ ਅਤੇ ਹੁਣ ਨਸ਼ਿਆਂ ਵਿਰੁੱਧ ਜੰਗ ਵੀ ਲੋਕਾਂ ਦੇ ਸਹਿਯੋਗ ਨਾਲ ਜਿੱਤੀ ਜਾਵੇਗੀ।

ਇਸੇ ਦੌਰਾਨ 'ਆਪ' ਸੁਪਰੀਮੋ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਕਿਸੇ ਸਰਕਾਰ ਨੇ ਨਸ਼ਾ ਤਸਕਰਾਂ ਨੂੰ ਬਚਾਉਣ ਦੀ ਬਜਾਏ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਹੈ। ਉਨ੍ਹਾਂ ਨੇ 2,000 ਕਿਲੋ ਨਸ਼ੇ ਦੀ ਬਰਾਮਦਗੀ, ਵੱਡੇ ਸੌਦਾਗਰਾਂ ਨੂੰ ਜੇਲ੍ਹਾਂ 'ਚ ਡੱਕਣ ਅਤੇ ਉਨ੍ਹਾਂ ਦੇ ਮਹਿਲਨੁਮਾ ਘਰਾਂ 'ਤੇ ਬੁਲਡੋਜ਼ਰ ਚਲਾਉਣ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਜ਼ਮੀਨੀ ਪੱਧਰ 'ਤੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਜੇ ਪਿਛਲੀਆਂ ਸਰਕਾਰ ਸੱਤਾ ਵਿੱਚ ਆਉਣਗੀਆਂ ਤਾਂ ਪੰਜਾਬ ਨੂੰ ਮੁੜ ਨਸ਼ਿਆਂ ਦੀ ਦਲਦਲ ਵਿੱਚ ਜਾਣ ਤੋਂ ਕੋਈ ਬਚਾ ਨਹੀਂ ਸਕਦਾ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਆਪ ਦੀ ਸਰਕਾਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੰਜਾਬ 'ਤੇ 'ਚਿੱਟੇ' ਦੇ ਦਾਗ ਨੂੰ ਮਿਟਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਦੀ ਰਣਨੀਤੀ ਇਸ ਮੁਹਿੰਮ ਦੇ ਸਖ਼ਤੀ ਨਾਲ ਲਾਗੂ ਰਾਹੀਂ ਨਸ਼ਾ ਮੁਕਤ ਪੰਜਾਬ ਸਿਰਜਣ ਵੱਲ ਸੇਧਿਤ ਹੈ, ਜਿਸ ਤਹਿਤ ਹਰ ਪਿੰਡ ਵਿੱਚ ਖੇਡ ਮੈਦਾਨਾਂ ਦੀ ਉਸਾਰੀ ਅਤੇ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਲਈ ਰੋਜ਼ਗਾਰ ਦੇ ਮੌਕੇ ਸਿਰਜਣਾ ਸ਼ਾਮਲ ਹੈ।

ਆਪ ਦੇ ਦੋਵੇਂ ਸੀਨੀਅਰ ਆਗੂਆਂ ਨੇ ਨਸ਼ਾ ਵਿਰੋਧੀ ਮੁਹਿੰਮ ਨੂੰ ਪੰਜਾਬ ਦੇ ਸ਼ਾਸਨ ਵਿੱਚ ਇੱਕ ਨਿਰਣਾਇਕ ਪੜਾਅ ਐਲਾਨਦਿਆਂ ਇਸਨੂੰ ਕਾਨੂੰਨ ਲਾਗੂ ਕਰਨ ਵਾਲਾ ਮਿਸ਼ਨ ਅਤੇ ਸੂਬੇ ਭਰ ਵਿੱਚ ਲੋਕਾਂ ਦਾ ਵਿਸ਼ਵਾਸ ਜਿੱਤਣ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਵੱਲ ਸੇਧਿਤ ਇੱਕ ਵਿਆਪਕ ਯਤਨ ਕਰਾਰ ਦਿੱਤਾ।

ਇਕੱਠ ਨੂੰ ਸੰਬੋਧਨ ਕਰਦਿਆਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਲੋਕ ਅੱਜ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਸ਼ਾਮਲ ਹੋਣ ਲਈ ਇਕੱਠੇ ਹੋਏ ਹਨ। ਉਨ੍ਹਾਂ ਕਿਹਾ ਕਿ ਇੱਕ ਸਾਲ ਪਹਿਲਾਂ 1 ਮਾਰਚ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਇਹ ਮੁਹਿੰਮ ਸ਼ੁਰੂ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਜਦੋਂ ਅਸੀਂ ਇੱਕ ਸਾਲ ਪਹਿਲਾਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ਼ੁਰੂ ਕੀਤੀ ਸੀ ਤਾਂ ਲੋਕਾਂ 'ਚ ਇਸ ਪ੍ਰਤੀ ਕੋਈ ਬਹੁਤਾ ਉਤਸ਼ਾਹ ਨਹੀਂ ਸੀ, ਕਿਉਂਕਿ ਉਨ੍ਹਾਂ ਨੇ ਪਿਛਲੀਆਂ ਸਰਕਾਰਾਂ ਨੂੰ ਵੱਡੇ-ਵੱਡੇ ਦਾਅਵੇ ਕਰਦੇ ਅਤੇ ਜ਼ਮੀਨੀ ਪੱਧਰ 'ਤੇ ਕੁਝ ਨਾ ਕਰਦੇ ਦੇਖਿਆ ਹੋਇਆ ਸੀ। ਉਨ੍ਹਾਂ ਕਿਹਾ ਕਿ ਇਸੇ ਕਰਕੇ ਜਦੋਂ ਅਸੀਂ ਨਸ਼ਿਆਂ ਵਿਰੁੱਧ ਇਹ ਜੰਗ ਸ਼ੁਰੂ ਕੀਤੀ ਤਾਂ ਉਸ ਵੇਲੇ ਲੋਕਾਂ ਵਿੱਚ ਕਿਤੇ ਨਾ ਕਿਤੇ ਸਹਿਮ ਤੇ ਝਿਜਕ ਦਾ ਮਾਹੌਲ ਸੀ ਅਤੇ ਕੋਈ ਵੀ ਨਸ਼ਾ ਤਸਕਰਾਂ ਅਤੇ ਨਸ਼ਿਆਂ ਬਾਰੇ ਜਾਣਕਾਰੀ ਸਾਂਝੀ ਕਰਨ ਲਈ ਅੱਗੇ ਆਉਣ ਲਈ ਤਿਆਰ ਨਹੀਂ ਸੀ ਕਿਉਂਕਿ ਉਨ੍ਹਾਂ ਨੂੰ ਡਰ ਸੀ ਕਿ ਜੇ ਉਹ ਅਜਿਹਾ ਕਰਨਗੇ ਤਾਂ ਉਨ੍ਹਾਂ ਦੇ ਪਰਿਵਾਰਾਂ ਨੂੰ ਡਰਾਇਆ-ਧਮਕਾਇਆ ਅਤੇ ਤੰਗ-ਪਰੇਸ਼ਾਨ ਕੀਤਾ ਜਾਵੇਗਾ।

ਪਿਛਲੇ ਸਾਲ ਕੀਤੀ ਗਈ ਕਾਰਵਾਈ 'ਤੇ ਚਾਨਣਾ ਪਾਉਂਦਿਆਂ 'ਆਪ' ਸੁਪਰੀਮੋ ਨੇ ਅੱਗੇ ਕਿਹਾ ਕਿ ਪਿਛਲੇ ਇੱਕ ਸਾਲ ਵਿੱਚ, ਜਿਸ ਤਰ੍ਹਾਂ ਪੁਲਿਸ ਨੇ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਵੱਖ-ਵੱਖ ਥਾਵਾਂ ਤੋਂ ਨਸ਼ੀਲੇ ਪਦਾਰਥ ਜ਼ਬਤ ਕੀਤੇ, ਜਿਸ ਵਿੱਚ 2,000 ਕਿਲੋ ਤੋਂ ਵੱਧ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਅਤੇ ਨਸ਼ਾ ਵੇਚਣ ਵਾਲਿਆਂ ਦੇ ਸ਼ਾਨਦਾਰ ਬੰਗਲਿਆਂ 'ਤੇ ਬੁਲਡੋਜ਼ਰ ਚਲਾਉਣਾ, ਨਸ਼ਿਆਂ ਦੇ ਵੱਡੇ ਤਸਕਰਾਂ, ਜਿਨ੍ਹਾਂ ਦਾ ਨਾਮ ਲੈਣ ਤੋਂ ਵੀ ਲੋਕ ਡਰਦੇ ਤੇ ਕੰਬਦੇ ਸਨ, ਨੂੰ ਜੇਲ੍ਹਾਂ 'ਚ ਡੱਕਣਾ ਸ਼ਾਮਲ ਹੈ, ਤਾਂ ਹੌਲੀ ਹੌਲੀ ਲੋਕਾਂ ਨੂੰ ਵਿਸ਼ਵਾਸ ਹੋਣ ਲੱਗਾ ਕਿ ਇਹ 'ਆਪ' ਦੀ ਸਰਕਾਰ, ਇਹ ਭਗਵੰਤ ਮਾਨ ਦੀ ਸਰਕਾਰ ਹੈ, ਜੋ ਕਿਸੇ ਤੋਂ ਨਹੀਂ ਡਰਦੀ।

ਉਨ੍ਹਾਂ ਕਿਹਾ ਕਿ ਪਹਿਲੀ ਵਾਰ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਅਜਿਹੀ ਜ਼ੋਰਦਾਰ ਮੁਹਿੰਮ ਸ਼ੁਰੂ ਹੋਈ ਹੈ। ਉਨ੍ਹਾਂ ਕਿਹਾ ਕਿ ਇਸ 'ਯੁੱਧ' ਵਿੱਚ ਹਿੱਸਾ ਲੈਣ ਲਈ ਅੱਜ ਦਾ ਵਿਸ਼ਾਲ ਇਕੱਠ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਜਨਤਾ ਦਾ ਵਿਸ਼ਵਾਸ ਵੱਧ ਰਿਹਾ ਹੈ ਅਤੇ ਲੋਕਾਂ ਦੇ ਦਿਲਾਂ ਤੋਂ ਡਰ ਉੱਠ ਰਿਹਾ ਹੈ, ਜਿਸ ਦੇ ਚਲਦਿਆਂ ਲੋਕ ਅੱਗੇ ਆ ਰਹੇ ਹਨ ਅਤੇ ਸਰਕਾਰ ਅਤੇ ਪੁਲਿਸ ਵਿੱਚ ਉਨ੍ਹਾਂ ਦਾ ਵਿਸ਼ਵਾਸ ਮਜ਼ਬੂਤ ਹੋ ਰਿਹਾ ਹੈ।

ਇਸ ਮੁਹਿੰਮ ਤਹਿਤ ਸਿਰਜੇ ਜਾ ਰਹੇ ਢਾਂਚੇ ਬਾਰੇ ਦੱਸਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸਮੁੱਚੇ ਪੰਜਾਬ ਦੇ ਹਰ ਪਿੰਡ ਅਤੇ ਹਰ ਵਾਰਡ ਵਿੱਚ ਲੋਕਾਂ ਦੀਆਂ ਕਮੇਟੀਆਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਪਹਿਲ ਤਹਿਤ ਪਿੰਡ ਰੱਖਿਆ ਕਮੇਟੀਆਂ (ਵੀ.ਡੀ.ਸੀਜ਼.) ਬਣਾਈਆਂ ਜਾ ਰਹੀਆਂ ਹਨ ਅਤੇ ਹਰੇਕ ਵਾਰਡ ਅਤੇ ਪਿੰਡ ਦੇ ਸਤਿਕਾਰਯੋਗ ਅਤੇ ਪ੍ਰਭਾਵਸ਼ਾਲੀ ਲੋਕਾਂ ਜਿਵੇਂ ਕਿ ਸੇਵਾਮੁਕਤ ਅਧਿਆਪਕ, ਸੇਵਾਮੁਕਤ ਫੌਜੀ ਅਧਿਕਾਰੀ, ਨੌਜਵਾਨ, ਸਰਪੰਚ ਅਤੇ ਹੋਰਾਂ ਨੂੰ ਇਨ੍ਹਾਂ ਕਮੇਟੀਆਂ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕਮੇਟੀਆਂ ਦੀਆਂ ਮੁੱਖ ਤੌਰ 'ਤੇ ਦੋ ਜ਼ਿੰਮੇਵਾਰੀਆਂ ਹਨ, ਜਿਸ ਵਿੱਚ ਪਹਿਲੀ ਜ਼ਿੰਮੇਵਾਰੀ ਸਰਕਾਰ ਨੂੰ ਉਨ੍ਹਾਂ ਲੋਕਾਂ ਬਾਰੇ ਸੂਚਿਤ ਕਰਨਾ ਜੋ ਪਿੰਡ ਜਾਂ ਵਾਰਡ ਵਿੱਚ ਨਸ਼ੇ ਵੇਚ ਰਹੇ ਹਨ ਅਤੇ ਅਜਿਹੇ ਲੋਕਾਂ ਬਾਰੇ ਜਿਨ੍ਹਾਂ ਤੋਂ ਉਹ ਅੱਗਿਓਂ ਇਹ ਨਸ਼ਾ ਖਰੀਦਦੇ ਹਨ।

ਸੁਰੱਖਿਆ ਸਬੰਧੀ ਸ਼ੰਕਿਆਂ ਬਾਰੇ ਗੱਲ ਕਰਦਿਆਂ 'ਆਪ' ਮੁਖੀ ਨੇ ਅੱਗੇ ਕਿਹਾ ਕਿ ਬਹੁਤੇ ਲੋਕ ਅਜੇ ਵੀ ਇਹ ਸੋਚਦੇ ਹਨ ਕਿ ਜੇ ਉਹ ਜਾਣਕਾਰੀ ਦੇਣਗੇ ਤਾਂ ਉਨ੍ਹਾਂ ਦੇ ਪਰਿਵਾਰਾਂ ਨੂੰ ਮਾਰ ਦਿੱਤਾ ਜਾਵੇਗਾ ਜਾਂ ਪਰੇਸ਼ਾਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸੇ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਨੇ ਇੱਕ ਐਪ ਬਣਾਇਆ ਹੈ ਅਤੇ ਇਹ ਐਪ ਹਰ ਪਿੰਡ ਰੱਖਿਆ ਕਮੇਟੀ ਮੈਂਬਰ ਦੇ ਫੋਨ 'ਚ ਪਾਈ ਗਈ ਹੈ। ਉਨ੍ਹਾਂ ਕਿਹਾ ਕਿ ਹਰ ਮੈਂਬਰ ਇਸ ਇਸ ਐਪ ਰਾਹੀਂ ਜਾਣਕਾਰੀ ਦੇ ਸਕਦਾ ਹੈ, ਜਿਸਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ਅਤੇ ਕਿਸੇ ਨੂੰ ਵੀ ਇਹ ਪਤਾ ਨਹੀਂ ਚੱਲੇਗਾ ਕਿ ਤੁਸੀਂ ਕੋਈ ਵੀ ਜਾਣਕਾਰੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਡਰਨ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਬਹੁਤੀਆਂ ਪਿੰਡ ਰੱਖਿਆ ਕਮੇਟੀਆਂ ਪਹਿਲਾਂ ਹੀ ਜਾਣਕਾਰੀ ਸਾਂਝੀ ਕਰ ਰਹੀਆਂ ਹਨ, ਜੋ ਪੂਰੀ ਤਰ੍ਹਾਂ ਸੁਰੱਖਿਅਤ ਹਨ।

ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪਿੰਡ ਰੱਖਿਆ ਕਮੇਟੀਆਂ ਕੋਲ ਹੁਣ ਆਪਣੇ ਪਿੰਡ ਨੂੰ ਨਸ਼ਾ ਮੁਕਤ ਬਣਾਉਣ ਦੀ ਜ਼ਿੰਮੇਵਾਰੀ ਹੈ। ਇਸ ਲਈ ਜੋ ਵੀ ਕਦਮ ਚੁੱਕਣ ਦੀ ਲੋੜ ਹੈ, ਉਹ ਚੁੱਕਣ ਅਤੇ ਸਾਨੂੰ ਦੱਸਿਆ ਜਾਵੇ ਕਿ ਤੁਹਾਨੂੰ ਇਸ ਕਾਰਜ ਲਈ ਕਿਸ ਚੀਜ਼ ਦੀ ਲੋੜ ਹੈ, ਸਾਡੇ ਵੱਲੋਂ ਸਾਰੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਤੁਹਾਨੂੰ ਜਿਸ ਵੀ ਸਰੋਤ ਅਤੇ ਮੱਦਦ ਦੀ ਲੋੜ ਹੈ, ਉਹ ਦਿੱਤੀ ਜਾਵੇਗੀ। ਇਸ ਲਈ ਹੁਣ ਆਪਣੇ ਆਲੇ-ਦੁਆਲੇ ਦੇ ਇਲਾਕੇ ਨੂੰ ਨਸ਼ਾ ਮੁਕਤ ਬਣਾਉਣ ਦੀ ਜ਼ਿੰਮੇਵਾਰੀ ਹੁਣ ਤੁਹਾਡੀ ਹੈ ਅਤੇ ਪੂਰੀ ਪੁਲਿਸ ਤੁਹਾਡੇ ਨਾਲ ਮੋਢਾ ਲਾ ਕੇ ਖੜ੍ਹੀ ਹੈ। ਮੁੱਖ ਮੰਤਰੀ ਸਮੇਤ ਪੂਰਾ ਪ੍ਰਸ਼ਾਸਨ ਤੁਹਾਡੇ ਨਾਲ ਖੜ੍ਹਾ ਹੈ। ਉਨ੍ਹਾਂ ਕਿਹਾ ਕਿ ਐਪ ਰਾਹੀਂ ਤੁਹਾਡੇ ਦੁਆਰਾ ਦਿੱਤੀ ਸਾਰੀ ਜਾਣਕਾਰੀ ਸਿੱਧੀ ਮੁੱਖ ਮੰਤਰੀ ਅਤੇ ਮੁੱਖ ਮੰਤਰੀ ਦਫ਼ਤਰ ਤੱਕ ਪਹੁੰਚਦੀ ਹੈ, ਜਿਸ 'ਤੇ ਤੁਰੰਤ ਕਾਰਵਾਈ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਤੁਸੀਂ ਹਰ ਪਿੰਡ ਦੇ ਹਰ ਪਰਿਵਾਰ ਕੋਲ ਪਹੁੰਚ ਕਰੋ ਅਤੇ ਉਨ੍ਹਾਂ ਨੂੰ ਦੱਸੋ ਕਿ ਪੰਜਾਬ ਨੂੰ ਨਸ਼ਿਆਂ ਵਿੱਚ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਨੇ ਧੱਕਿਆ। ਜਦੋਂ ਇਹ ਸਰਕਾਰਾਂ ਸੱਤਾ ਵਿੱਚ ਸਨ, ਤਾਂ ਪੰਜਾਬ ਦਾ ਹਰ ਪਰਿਵਾਰ ਨਸ਼ਿਆਂ ਵਿੱਚ ਡੁੱਬ ਰਿਹਾ ਸੀ। ਉਨ੍ਹਾਂ ਨੇ ਪੰਜਾਬ ਦੀ ਜਵਾਨੀ ਨੂੰ ਤਬਾਹ ਕਰ ਦਿੱਤਾ। ਉਨ੍ਹਾਂ ਨੇ ਹਰ ਪਰਿਵਾਰ ਅਤੇ ਪੰਜਾਬ ਦੇ ਭਵਿੱਖ ਨੂੰ ਬਰਬਾਦ ਕਰ ਦਿੱਤਾ। ਤੁਹਾਨੂੰ ਹਰ ਘਰ ਵਿੱਚ ਜਾ ਕੇ ਉਨ੍ਹਾਂ ਨੂੰ ਦੱਸਣਾ ਚਾਹੀਦਾ ਹੈ ਕਿ ਗਲਤੀ ਨਾਲ ਵੀ ਇਨ੍ਹਾਂ ਪਾਰਟੀਆਂ ਨੂੰ ਵੋਟ ਨਾ ਪਾਇਓ, ਨਹੀਂ ਤਾਂ ਪੰਜਾਬ ਫਿਰ ਨਸ਼ਿਆਂ ਵਿੱਚ ਡੁੱਬ ਜਾਵੇਗਾ। ਉਨ੍ਹਾਂ ਕਿਹਾ ਕਿ ਪਹਿਲੀ ਵਾਰ, ਇੱਕ ਪਾਰਟੀ ਆਈ ਹੈ ਜੋ ਨਸ਼ਾ ਵੇਚਣ ਵਾਲਿਆਂ ਨੂੰ ਗ੍ਰਿਫ਼ਤਾਰ ਕਰ ਰਹੀ ਹੈ ਅਤੇ ਜੇਲ੍ਹ ਭੇਜ ਰਹੀ ਹੈ, ਉਨ੍ਹਾਂ ਦੇ ਘਰ ਅਤੇ ਬੰਗਲੇ ਢਾਹ ਰਹੀ ਹੈ, ਉਨ੍ਹਾਂ ਦੀਆਂ ਜਾਇਦਾਦਾਂ ਜ਼ਬਤ ਕਰ ਰਹੀ ਹੈ ਅਤੇ ਉਨ੍ਹਾਂ ਦੇ ਬੈਂਕ ਖਾਤੇ ਫਰੀਜ਼ ਕਰ ਰਹੀ ਹੈ।

ਅਰਵਿੰਦ ਕੇਜਰੀਵਾਲ ਨੇ ਕਿਹਾ, 'ਸੂਬੇ ਵਿੱਚ ਪਹਿਲੀ ਵਾਰ ਅਜਿਹੀ ਸਰਕਾਰ ਆਈ ਹੈ। ਪਰਮਾਤਮਾ ਦੀ ਕਿਰਪਾ ਨਾਲ, ਅਜਿਹੀ ਸਰਕਾਰ ਆਈ ਹੈ। ਕਿਸੇ ਵੀ ਹਾਲਤ ਵਿੱਚ ਤੁਹਾਨੂੰ ਦੂਜੀਆਂ ਪਾਰਟੀਆਂ ਨੂੰ ਵੋਟ ਨਹੀਂ ਪਾਉਣੀ ਚਾਹੀਦੀ। ਇਹ ਵਿਲੇਜ ਡਿਫੈਂਸ ਕਮੇਟੀਆਂ ਦੀ ਜ਼ਿੰਮੇਵਾਰੀ ਹੈ। ਸਾਨੂੰ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕਰਨਾ ਚਾਹੀਦਾ ਹੈ। ਬਹੁਤ ਜਲਦ ਸਾਡਾ ਪੰਜਾਬ ਰੰਗਲਾ ਪੰਜਾਬ ਅਤੇ ਨਸ਼ਾ ਮੁਕਤ ਪੰਜਾਬ ਬਣ ਜਾਵੇਗਾ।'

ਇਸ ਮੌਕੇ ਸੀਨੀਅਰ 'ਆਪ' ਆਗੂ ਅਤੇ 'ਆਪ' ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਕਿਹਾ, 'ਯੁੱਧ ਨਸ਼ਿਆਂ ਵਿਰੁੱਧ ਨੇ ਸੂਬੇ ਵਿੱਚ ਨਸ਼ਿਆਂ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਹੈ ਅਤੇ 17,000 ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਗਿਆ ਹੈ।' ਉਨ੍ਹਾਂ ਅੱਗੇ ਕਿਹਾ, 'ਯੁੱਧ ਨਸ਼ਿਆਂ ਵਿਰੁੱਧ ਦਾ ਦੂਜਾ ਪੜਾਅ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਤਾਬੂਤ ਵਿੱਚ ਆਖਰੀ ਕਿੱਲ ਵਜੋਂ ਕੰਮ ਕਰੇਗਾ ਅਤੇ ਵਿਲੇਜ ਡਿਫੈਂਸ ਕਮੇਟੀਆਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੀ ਜੰਗ ਵਿੱਚ ਬੇਹੱਦ ਅਹਿਮ ਹਨ।' ਮਨੀਸ਼ ਸਿਸੋਦੀਆ ਨੇ ਕਿਹਾ ਕਿ ਵਿਲੇਜ ਡਿਫੈਂਸ ਕਮੇਟੀਆਂ ਨੂੰ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਦੇ ਸਰਗਰਮ ਸਹਿਯੋਗ ਨਾਲ ਇਸ ਮੁਹਿੰਮ ਨੂੰ ਬਰਕਰਾਰ ਰੱਖ ਕੇ ਅਹਿਮ ਭੂਮਿਕਾ ਨਿਭਾਉਣੀ ਪਵੇਗੀ।

'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਇਤਿਹਾਸਕ ਪਹਿਲਕਦਮੀ ਤਹਿਤ ਲੱਖਾਂ ਲੋਕਾਂ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੀ ਸਹੁੰ ਚੁਕਾਈ ਗਈ। ਇਸ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਲੋਕਾਂ ਨੂੰ ਸਹੁੰ ਚੁਕਾਈ। ਇਸ ਮੌਕੇ ਕਈ ਕੈਬਨਿਟ ਮੰਤਰੀ, ਵਿਧਾਇਕ, ਸੰਸਦ ਮੈਂਬਰ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

## ਪਹਿਲੇ ਸਫ਼ੇ ਦੀ ਬਾਕੀ

### ਭਾਰਤ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਕਾਰਨ ਆ ਰਹੀ

ਸੁਖਾਯ' ਹੈ, ਜੋ ਮਨੁੱਖੀ-ਕੇਂਦ੍ਰਿਤ ਤਰੱਕੀ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕਰਨ ਲਈ ਸਾਡੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਮੈਨੂੰ ਭਰੋਸਾ ਹੈ ਕਿ ਸੰਮੇਲਨ ਦੇ ਨਤੀਜੇ ਇਕ ਪ੍ਰਗਤੀਸ਼ੀਲ, ਨਵੀਨਤਾਕਾਰੀ ਤੇ ਮੌਕਾ-ਮੁਖੀ ਭਵਿੱਖ ਨੂੰ ਆਕਾਰ ਦੇਣ 'ਚ ਮਦਦ ਕਰਨਗੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਮੈਂ ਭਾਰਤ ਦੇ 1 ਅਰਬ 40 ਕਰੋੜ ਲੋਕਾਂ ਦਾ ਧੰਨਵਾਦ ਕਰਦਾ ਹਾਂ। ਸਾਡਾ ਦੇਸ਼ ਏ.ਆਈ.-ਸੰਚਾਲਿਤ ਤਬਦੀਲੀ 'ਚ ਸਭ ਤੋਂ ਅੱਗੇ ਹੈ। ਜ਼ਿਕਰਯੋਗ ਹੈ ਕਿ ਦੁਨੀਆ ਭਰ ਦੀਆਂ ਪ੍ਰਸਿੱਧ ਸ਼ਖ਼ਸੀਅਤਾਂ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਮੈਗਾ ਈਵੈਂਟ, 'ਏ.ਆਈ. ਇੰਪੈਕਟ ਸਮਿਟ-2026' ਵਿੱਚ ਹਿੱਸਾ ਲੈਣ ਲਈ ਇੱਥੇ ਪਹੁੰਚੀਆਂ ਹਨ, ਜੋ ਕਿ ਸ਼ੁੱਕਰਵਾਰ ਤੱਕ ਜਾਰੀ ਰਹੇਗਾ। ਇਸ ਸੰਮੇਲਨ ਰਾਹੀਂ, ਏ.ਆਈ. ਦੀ ਤੇਜ਼ੀ ਨਾਲ ਬਦਲਦੀ ਦੁਨੀਆ ਨੂੰ ਸਮਝਣਾ ਅਤੇ ਇਸ ਦੇ ਲਾਭਾਂ ਅਤੇ ਪ੍ਰਭਾਵ ਨੂੰ ਆਮ ਲੋਕਾਂ ਤੱਕ ਪਹੁੰਚਾਉਣਾ ਆਸਾਨ ਹੋ ਸਕਦਾ ਹੈ। ਇਸ ਸੰਮੇਲਨ ਦੀ ਮਹੱਤਤਾ ਇਸ ਗੱਲ ਤੋਂ ਸਮਝੀ ਜਾ ਸਕਦੀ ਹੈ ਕਿ ਇਸ ਵਿੱਚ ਨਾ ਸਿਰਫ਼ ਤਕਨੀਕੀ ਕੰਪਨੀਆਂ ਦੇ ਦਿੱਗਜ, ਸਗੋਂ ਕਈ ਦੇਸ਼ਾਂ ਦੇ ਪ੍ਰਧਾਨ ਮੰਤਰੀ ਅਤੇ ਰਾਸ਼ਟਰਪਤੀ ਵੀ ਹਿੱਸਾ ਲੈ ਰਹੇ ਹਨ। ਇੰਡੀਆ ਏ.ਆਈ. ਇੰਪੈਕਟ ਸਮਿਟ-2026, ਭਾਰਤ ਸਰਕਾਰ ਦੇ ਇਲੈਕਟ੍ਰਾਨਿਕਸ ਅਤੇ ਆਈ.ਟੀ. ਮੰਤਰਾਲੇ ਅਤੇ ਇੰਡੀਆ ਏ.ਆਈ. ਮਿਸ਼ਨ ਦੀ ਇੱਕ ਪਹਿਲਕਦਮੀ ਹੈ। ਇਹ ਪੰਜ ਦਿਨਾਂ ਦਾ ਸਮਾਗਮ ਨੀਤੀ, ਖੋਜ, ਉਦਯੋਗ ਅਤੇ ਜਨਤਕ ਭਾਗੀਦਾਰੀ ਨੂੰ ਜੋੜਦਾ ਹੈ। ਸਰਕਾਰ ਨੇ ਇਸ ਸੰਮੇਲਨ ਦਾ ਵਿਸ਼ਾ 'ਸਭਨਾਂ ਦੀ ਭਲਾਈ ਲਈ, ਸਭਨਾਂ ਦੀ ਭਲਾਈ ਲਈ' ਰੱਖਿਆ ਹੈ। ਸੰਮੇਲਨ ਵਿੱਚ, ਤਕਨੀਕੀ ਆਗੂ ਏ.ਆਈ. ਲਈ ਆਪਣੀਆਂ ਭਵਿੱਖ ਦੀਆਂ ਯੋਜਨਾਵਾਂ ਦੀ ਰੂਪ-ਰੇਖਾ ਪੇਸ਼ ਕਰਨਗੇ। ਐਕਸਪੋ ਵਿੱਚ 300 ਤੋਂ ਵੱਧ ਪ੍ਰੋਜੈਕਟ ਪ੍ਰਦਰਸ਼ਿਤ ਕੀਤੇ ਜਾਣਗੇ, ਜਿਸ ਨਾਲ ਲੋਕ ਏ.ਆਈ. ਵਿੱਚ ਮੌਜੂਦਾ ਨਵੀਨਤਾਵਾਂ ਅਤੇ ਭਵਿੱਖ ਵਿੱਚ ਆਉਣ ਵਾਲੇ ਬਦਲਾਅ ਬਾਰੇ ਜਾਣ ਸਕਣਗੇ। ਮਾਹਿਰ ਹੁਣ ਤੱਕ ਕੀਤੀ ਗਈ ਖੋਜ ਅਤੇ ਭਵਿੱਖ ਦੇ ਖੋਜ ਵਿਸ਼ਿਆਂ ਨੂੰ ਸਾਂਝਾ ਕਰਨਗੇ। ਉਹ ਏ.ਆਈ. ਨਾਲ ਸਬੰਧਤ ਚੁਣੌਤੀਆਂ 'ਤੇ ਵੀ ਚਰਚਾ ਕਰਨਗੇ। ਪਿਛਲੇ ਏ.ਆਈ. ਸੰਮੇਲਨ-2023 ਵਿੱਚ ਯੂ.ਕੇ. ਵਿੱਚ ਹੋਏ ਸਨ।

### ਤਾਰਿਕ ਰਹਿਮਾਨ ਬੰਗਲਾਦੇਸ਼ ਦੇ ਨਵੇਂ ਪ੍ਰਧਾਨ ਮੰਤਰੀ

ਪਲ ਦੇ ਗਵਾਹ ਬਣਨਗੇ, ਜੋ ਦੋਵਾਂ ਦੇਸ਼ਾਂ ਦੇ ਸਬੰਧਾਂ ਵਿੱਚ ਨਵੀਂ ਸ਼ੁਰੂਆਤ ਦਾ ਸੰਕੇਤ ਹੈ। ਇਹ ਚੋਣਾਂ ਬੰਗਲਾਦੇਸ਼ ਲਈ ਬਹੁਤ ਅਹਿਮ ਰਹੀਆਂ ਹਨ, ਜੋ ਸ਼ੇਖ ਹਸੀਨਾ ਦੀ 15 ਸਾਲਾ ਸੱਤਾ ਦੇ ਪਤਨ ਅਤੇ ਅੰਤਰਿਮ ਸਰਕਾਰ ਦੇ ਕਾਰਜਕਾਲ ਤੋਂ ਬਾਅਦ ਹੋਈਆਂ। ਇਨ੍ਹਾਂ ਚੋਣਾਂ ਵਿੱਚ 59.44 ਫੀਸਦੀ ਵੋਟਿੰਗ ਹੋਈ, ਜਿਸ ਵਿੱਚ ਘੱਟ ਗਿਣਤੀ ਭਾਈਚਾਰੇ ਦੇ ਚਾਰ ਉਮੀਦਵਾਰਾਂ (ਦੋ ਹਿੰਦੂ ਅਤੇ ਦੋ ਬੋਧ) ਨੇ ਵੀ ਜਿੱਤ ਦਰਜ ਕੀਤੀ ਹੈ। ਤਾਰਿਕ ਰਹਿਮਾਨ ਨੇ ਆਪਣੀ ਜਿੱਤ ਤੋਂ ਬਾਅਦ ਸਿਆਸੀ ਵਿਰੋਧੀਆਂ ਨਾਲ ਮੁਲਾਕਾਤ ਕਰਕੇ ਇੱਕ ਨਵੀਂ ਸਿਆਸੀ ਸਾਂਝ ਦਾ ਸੰਦੇਸ਼ ਦਿੱਤਾ ਹੈ। ਹੁਣ ਉਹ ਮੁਹੰਮਦ ਯੂਨਸ ਦੀ ਥਾਂ ਲੈਣਗੇ ਅਤੇ ਉਮੀਦ ਕੀਤੀ ਜਾ ਰਹੀ ਹੈ ਕਿ ਉਨ੍ਹਾਂ ਦੇ ਸ਼ਾਸਨ ਦੌਰਾਨ ਭਾਰਤ ਅਤੇ ਬੰਗਲਾਦੇਸ਼ ਦੇ ਰਿਸ਼ਤਿਆਂ ਵਿੱਚ ਆਈ ਕੁੜੱਤਣ ਦੂਰ ਹੋਵੇਗੀ ਅਤੇ ਖੇਤਰੀ ਸੁਰੱਖਿਆ ਤੇ ਸਥਿਰਤਾ ਨੂੰ ਮਜ਼ਬੂਤੀ ਮਿਲੇਗੀ।

### ਦੇਸ਼ 'ਚ ਥੋਕ ਮਹਿੰਗਾਈ ਜਨਵਰੀ ਮਹੀਨੇ

ਰਹੀ ਜਦਕਿ ਦਸੰਬਰ 'ਚ ਇਸ 'ਚ 0.43 ਫ਼ੀਸਦੀ ਦੀ ਗਿਰਾਵਟ ਦਰਜ ਕੀਤੀ ਗਈ ਸੀ। ਸਬਜ਼ੀਆਂ ਦੇ ਮਾਮਲੇ 'ਚ ਜਨਵਰੀ 'ਚ ਮਹਿੰਗਾਈ ਦਰ 6.78 ਫ਼ੀਸਦੀ ਰਹੀ, ਜਦਕਿ ਦਸੰਬਰ 'ਚ ਇਸ 'ਚ 3.50 ਫ਼ੀਸਦੀ ਦੀ ਗਿਰਾਵਟ ਆਈ ਸੀ। ਨਿਰਮਿਤ ਉਤਪਾਦਾਂ 'ਚ ਥੋਕ ਮਹਿੰਗਾਈ ਜਨਵਰੀ ਤੋਂ ਵਧ ਕੇ 2.86 ਫ਼ੀਸਦੀ ਹੋ ਗਈ ਜੋ ਦਸੰਬਰ 'ਚ 1.82 ਫ਼ੀਸਦੀ ਸੀ। ਗ਼ੈਰ-ਭੋਜਨ ਪਦਾਰਥਾਂ ਦੀ ਸ਼੍ਰੇਣੀ 'ਚ ਮਹਿੰਗਾਈ ਜਨਵਰੀ ਦੌਰਾਨ ਤੇਜ਼ ਉਛਾਲ ਨਾਲ 7.58 ਹੋ ਗਈ ਜਦਕਿ ਦਸੰਬਰ 'ਚ ਇਹ 2.95 ਫ਼ੀਸਦੀ ਸੀ। ਬਾਲਣ ਅਤੇ ਬਿਜਲੀ ਖੇਤਰ 'ਚ ਮਹਿੰਗਾਈ ਦਰ 'ਚ ਗਿਰਾਵਟ ਜਾਰੀ ਰਹੀ। ਇਹ ਜਨਵਰੀ 'ਚ 4.01 ਫ਼ੀਸਦੀ ਰਹੀ ਸੀ ਜੋ ਦਸੰਬਰ 'ਚ 2.31 ਫ਼ੀਸਦੀ ਸੀ। ਸਰਕਾਰ ਵੱਲੋਂ ਪਿਛਲੇ ਹਫ਼ਤੇ ਜਾਰੀ ਅੰਕੜਿਆਂ ਅਨੁਸਾਰ ਦੇਸ਼ ਦੀ ਪ੍ਰਚੂਨ ਮਹਿੰਗਾਈ ਦਰ ਜਨਵਰੀ 'ਚ ਵਧ ਕੇ 2.75 ਫ਼ੀਸਦੀ ਹੋ ਗਈ। ਭਾਰਤੀ ਰਿਜ਼ਰਵ ਬੈਂਕ (ਆਰ.ਬੀ.ਆਈ.) ਵਿਆਜ ਦਰਾਂ ਨੂੰ ਮਿੱਥਣ ਲਈ ਪ੍ਰਚੂਨ ਮਹਿੰਗਾਈ ਦਰ ਦਾ ਆਧਾਰ ਬਣਾਉਂਦਾ ਹੈ। ਕੇਂਦਰੀ ਬੈਂਕ ਨੇ ਚਾਲੂ ਵਿੱਤੀ ਵਰ੍ਹੇ 2025-26 'ਚ ਅਜੇ ਤਕ ਨੀਤੀਗਤ ਦਰ ਰੇਪੋ 'ਚ 1.25 ਫ਼ੀਸਦੀ ਦੀ ਕਟੌਤੀ ਕੀਤੀ ਹੈ ਜੋ ਹੁਣ 5.5 ਫ਼ੀ ਸਦੀ ਹੈ।

### ਮੁਅੱਤਲ ਡੀ.ਆਈ.ਜੀ. ਭੁੱਲਰ ਦੀ ਜ਼ਮਾਨਤ ਪਟੀਸ਼ਨ

ਉਨ੍ਹਾਂ ਦੇ ਦਫ਼ਤਰ ਤੋਂ ਗ੍ਰਿਫ਼ਤਾਰ ਕੀਤਾ ਸੀ। ਸੀ.ਬੀ.ਆਈ. ਨੇ ਪਹਿਲਾਂ ਦਲਾਲ ਕ੍ਰਿਸ਼ਨੂ ਸ਼ਾਰਦਾ ਨੂੰ ਗ੍ਰਿਫ਼ਤਾਰ ਕੀਤਾ, ਉਸ ਤੋਂ ਬਾਅਦ ਭੁੱਲਰ ਨੂੰ। ਉਸ 'ਤੇ ਪੰਜ ਲੱਖ ਰੁਪਏ ਦੀ ਰਿਸ਼ਵਤ ਲੈਣ ਦਾ ਦੋਸ਼ ਲਗਾਇਆ ਗਿਆ ਸੀ। ਇਸ ਤੋਂ ਬਾਅਦ, ਉਸ ਦੇ ਘਰ 'ਤੇ ਛਾਪਾ ਮਾਰਿਆ ਗਿਆ, ਜਿੱਥੋਂ 75 ਮਿਲੀਅਨ ਰੁਪਏ, ਮਹਿੰਗੀਆਂ ਘੜੀਆਂ, ਸ਼ਰਾਬ ਅਤੇ ਕਾਰ ਦੀਆਂ ਚਾਬੀਆਂ ਬਰਾਮਦ ਕੀਤੀਆਂ ਗਈਆਂ। ਭੁੱਲਰ ਮਾਮਲੇ ਵਿੱਚ, ਸੀ.ਬੀ.ਆਈ. ਨੇ ਉਸ ਵਿਰੁੱਧ ਭ੍ਰਿਸ਼ਟਾਚਾਰ ਕਾਨੂੰਨ ਦੇ ਤਹਿਤ ਅਤੇ ਉਸ ਦੀ ਆਮਦਨ ਤੋਂ ਵੱਧ ਜਾਇਦਾਦ ਰੱਖਣ ਦਾ ਮਾਮਲਾ ਦਰਜ ਕੀਤਾ ਹੈ। ਇਸ ਦੌਰਾਨ, ਪੰਜਾਬ ਵਿਜੀਲੈਂਸ ਬਿਊਰੋ ਨੇ ਵੀ ਉਸ ਦੇ ਵਿਰੁੱਧ ਆਮਦਨ ਤੋਂ ਵੱਧ ਜਾਇਦਾਦ ਰੱਖਣ ਦਾ ਮਾਮਲਾ ਦਰਜ ਕੀਤਾ ਹੈ। ਹਾਲਾਂਕਿ, ਪੰਜਾਬ ਵਿਜੀਲੈਂਸ ਬਿਊਰੋ ਨੇ ਅਜੇ ਤੱਕ ਦੋਸ਼ੀ ਦਾ ਰਿਮਾਂਡ ਪ੍ਰਾਪਤ ਨਹੀਂ ਕੀਤਾ ਹੈ। ਉਹ ਇਸ ਸਮੇਂ ਬੁੜੈਲ ਜੇਲ੍ਹ ਵਿੱਚ ਬੰਦ ਹੈ। ਉਸਨੇ ਹਾਲ ਹੀ ਵਿੱਚ ਚੰਡੀਗੜ੍ਹ ਦੀ ਅਦਾਲਤ ਵਿੱਚ ਪਿੱਠ ਦਰਦ ਦਾ ਹਵਾਲਾ ਦਿੰਦੇ ਹੋਏ ਇੱਕ ਪਟੀਸ਼ਨ ਦਾਇਰ ਕੀਤੀ ਸੀ ਜਿਸ ਵਿੱਚ ਇੱਕ ਗੱਦਾ ਮੰਗਿਆ ਗਿਆ ਸੀ। ਅਦਾਲਤ ਨੇ ਇਸ ਸਬੰਧ ਵਿੱਚ ਜੇਲ੍ਹ ਸੁਪਰਡੈਂਟ ਨੂੰ ਕਾਰਵਾਈ ਕਰਨ ਦਾ ਹੁਕਮ ਦਿੱਤਾ ਸੀ। ਭੁੱਲਰ ਦੇ ਬੈਂਕ ਖਾਤੇ ਪਹਿਲਾਂ ਹੀ ਕੁਰਕ ਕੀਤੇ ਜਾ ਚੁੱਕੇ ਹਨ।

### ਇਜ਼ਰਾਈਲ ਦੇ ਦੋ ਦਿਨਾਂ ਦੌਰੇ 'ਤੇ ਜਾਣਗੇ ਮੋਦੀ

ਹੋਰ ਮਜ਼ਬੂਤ ਕਰਨ ਦੀ ਆਪਣੀ ਵਚਨਬੱਧਤਾ ਦੁਹਰਾਈ ਸੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਸੀ, 'ਮੈਂ ਆਪਣੇ ਦੋਸਤ ਪ੍ਰਧਾਨ ਮੰਤਰੀ ਨੇਤਨਯਾਹੂ ਨਾਲ ਗੱਲ ਕੀਤੀ। ਅਸੀਂ ਭਾਰਤ-ਇਜ਼ਰਾਈਲ ਰਣਨੀਤਕ ਭਾਈਵਾਲੀ ਵਿੱਚ ਹੋਈ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਆਪਣੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ 'ਤੇ ਸਹਿਮਤ ਹੋਏ।' 'ਅਸੀਂ ਅੱਤਵਾਦ ਪ੍ਰਤੀ ਜ਼ੀਰੋ ਸਹਿਣਸ਼ੀਲਤਾ ਪ੍ਰਤੀ ਆਪਣੀ ਸਾਂਝੀ ਵਚਨਬੱਧਤਾ ਨੂੰ ਵੀ ਦੁਹਰਾਇਆ। ਭਾਰਤ ਖੇਤਰ ਵਿੱਚ ਸ਼ਾਂਤੀ ਲਿਆਉਣ ਦੇ ਸਾਰੇ ਯਤਨਾਂ ਦਾ ਸਮਰਥਨ ਕਰਦਾ ਹੈ।' 7 ਅਕਤੂਬਰ, 2023 ਨੂੰ ਹਮਾਸ ਦੇ ਹਮਲਿਆਂ ਕਾਰਨ ਭਾਰਤ-ਇਜ਼ਰਾਈਲ ਦੁਵੱਲੀ ਗੱਲਬਾਤ ਵਿੱਚ ਵਿਘਨ ਪੈਣ ਕਾਰਨ ਨੇਤਨਯਾਹੂ ਦਾ ਭਾਰਤ ਦੌਰਾ ਰੋਕ ਦਿੱਤਾ ਗਿਆ ਹੈ।

### ਪ੍ਰਤਾਪ ਸਿੰਘ ਬਾਜਵਾ ਨੂੰ ਐਸ.ਸੀ. ਕਮਿਸ਼ਨ ਦੇ ਨੋਟਿਸ

ਵਰਗੇ ਸ਼ਬਦਾਂ ਦੀ ਵਰਤੋਂ ਕੀਤੀ ਸੀ। ਐਸ.ਸੀ. ਕਮਿਸ਼ਨ ਨੇ 9 ਫਰਵਰੀ ਨੂੰ ਇਸ ਦਾ ਸੂ-ਮੋਟੋ ਨੋਟਿਸ ਲੈਂਦਿਆਂ ਬਾਜਵਾ ਨੂੰ ਜਵਾਬ ਤਲਬ ਕੀਤਾ ਸੀ।

ਪ੍ਰਤਾਪ ਬਾਜਵਾ ਨੇ ਆਪਣੀ ਸਿਵਲ ਰਿੱਟ ਪਟੀਸ਼ਨ ਰਾਹੀਂ ਅਦਾਲਤ ਵਿੱਚ ਕਈ ਅਹਿਮ ਨੁਕਤੇ ਰੱਖੇ:

ਆਮ ਮੁਹਾਵਰਾ: ਬਾਜਵਾ ਅਨੁਸਾਰ 'ਬੈਂਡ ਵਜਾਉਣਾ' ਪੰਜਾਬੀ ਦਾ ਇੱਕ ਪ੍ਰਚਲਿਤ ਮੁਹਾਵਰਾ ਹੈ, ਜੋ ਰਾਜਨੀਤਿਕ ਸੰਦਰਭ ਵਿੱਚ ਭ੍ਰਿਸ਼ਟਾਚਾਰ ਨੂੰ ਨੰਗਾ ਕਰਨ ਲਈ ਵਰਤਿਆ ਗਿਆ ਸੀ। ਇਸ ਦਾ ਕਿਸੇ ਜਾਤੀ ਜਾਂ ਭਾਈਚਾਰੇ ਦੇ ਅਪਮਾਨ ਨਾਲ ਕੋਈ ਸਬੰਧ ਨਹੀਂ ਹੈ।

ਸਿਆਸੀ ਪੱਖਪਾਤ: ਉਨ੍ਹਾਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ 'ਤੇ ਨਿੱਜੀ ਅਤੇ ਸਿਆਸੀ ਪੱਖਪਾਤ ਦੇ ਦੋਸ਼ ਲਾਉਂਦਿਆਂ ਕਿਹਾ ਕਿ ਕਮਿਸ਼ਨ ਦੀ ਵਰਤੋਂ ਰਾਜਨੀਤਿਕ ਬਦਲਾਖੋਰੀ ਲਈ ਕੀਤੀ ਜਾ ਰਹੀ ਹੈ।

ਬੋਲਣ ਦੀ ਆਜ਼ਾਦੀ: ਪਟੀਸ਼ਨ ਵਿੱਚ ਸੰਵਿਧਾਨ ਦੀ ਧਾਰਾ 19 ਤਹਿਤ 'ਬੋਲਣ ਦੀ ਆਜ਼ਾਦੀ' ਦੇ ਅਧਿਕਾਰ ਦੀ ਦੁਹਾਈ ਦਿੱਤੀ ਗਈ ਅਤੇ ਕਿਹਾ ਗਿਆ ਕਿ ਐਸ.ਸੀ./ਐਸ.ਟੀ. ਐਕਟ ਤਹਿਤ ਕਾਰਵਾਈ ਸਿਰਫ਼ ਉਦੋਂ ਹੋ ਸਕਦੀ ਹੈ ਜੇਕਰ ਨੀਅਤ ਸਪੱਸ਼ਟ ਤੌਰ 'ਤੇ ਜਾਤੀ-ਅਧਾਰਤ ਹੋਵੇ। ਅੱਜ ਹੋਈ ਸੁਣਵਾਈ ਦੌਰਾਨ ਅਦਾਲਤ ਨੇ ਬਾਜਵਾ ਦੀਆਂ ਦਲੀਲਾਂ 'ਤੇ ਗੌਰ ਕਰਦਿਆਂ ਕਮਿਸ਼ਨ ਦੇ ਨੋਟਿਸ 'ਤੇ ਰੋਕ ਲਗਾ ਦਿੱਤੀ। ਹੁਣ ਪੰਜਾਬ ਸਰਕਾਰ ਨੂੰ ਇਸ ਮਾਮਲੇ ਵਿੱਚ ਆਪਣਾ ਪੱਖ ਪੇਸ਼ ਕਰਨਾ ਪਵੇਗਾ।

### ਟੋਰੈਂਟ ਪਾਵਰ ਨੇ ਨਾਭਾ ਪਾਵਰ

ਜਦਕਿ ਐਲ ਐਂਡ ਟੀ ਪਾਵਰ ਡਿਵੈਲਪਮੈਂਟ ਲਿਮਟਿਡ ਬੁਨਿਆਦੀ ਢਾਂਚਾ ਖੇਤਰ ਦੀ ਪ੍ਰਮੁੱਖ ਕੰਪਨੀ ਲਾਰਸਨ ਐਂਡ ਟੂਬਰੋ ਲਿਮਟਿਡ ਦੀ ਪੂਰਨ ਸਹਿ-ਕੰਪਨੀ ਦੀ ਇਕਾਈ ਹੈ। ਨਾਭਾ ਪਾਵਰ ਦੀ ਸਥਾਪਨਾ 2014 'ਚ ਕੀਤੀ ਗਈ ਸੀ। ਇਸ ਕੋਲ ਪੰਜਾਬ ਦੇ ਰਾਜਪੁਰਾ (ਪਟਿਆਲਾ ਜ਼ਿਲ੍ਹਾ) 'ਚ 1400 ਮੈਗਾਵਾਟ (2 ਗੁਣਾਂ 700 ਮੈਗਾਵਾਟ) ਦੀ ਸੁਪਰਕਰਿਟੀਕਲ ਕੋਲਾ ਅਧਾਰਤ ਤਾਪ ਬਿਜਲੀ ਘਰ ਪ੍ਰੋਜੈਕਟ ਦੀ ਮਲਕੀਅਤ ਹੈ ਅਤੇ ਇਸ ਦਾ ਸੰਚਾਲਨ ਵੀ ਕਰਦੀ ਹੈ, ਜੋ 25 ਸਾਲ ਦੇ ਬਿਜਲੀ ਖ਼ਰੀਦ ਸਮਝੌਤੇ ਹੇਠ ਕੰਮ ਕਰ ਰਹੀ ਹੈ। ਟੋਰੈਂਟ ਪਾਵਰ ਨੇ ਬਿਆਨ 'ਚ ਕਿਹਾ ਕਿ ਉਸ ਨੇ ਐਲ ਐਂਡ ਟੀ ਪਾਵਰ ਡਿਵੈਲਪਮੈਂਟ ਲਿਮਟਿਡ ਨਾਲ ਨਾਭਾ ਪਾਵਰ ਲਿਮਟਡ 'ਚ 100 ਫ਼ੀ ਸਦੀ ਹਿੱਸੇਦਾਰੀ ਅਤੇ ਪਰਿਵਰਤਨਯੋਗ ਸਾਧਨਾਂ ਨੂੰ ਪ੍ਰਾਪਤ ਕਰਨ ਲਈ ਅੰਤਮ ਸਮਝੌਤਾ ਕੀਤਾ ਹੈ, ਹਾਲਾਂਕਿ ਇਹ ਸੌਦਾ ਜ਼ਰੂਰੀ ਰੈਗੂਲੇਟਰੀ ਮਨਜ਼ੂਰੀਆਂ ਅਤੇ ਪ੍ਰਚਲਿਤ ਸਮਾਪਤੀ ਸ਼ਰਤਾਂ ਦੇ ਅਧੀਨ ਰਹੇਗਾ। ਪ੍ਰਾਪਤੀ ਪੂਰੀ ਹੋਣ ਮਗਰੋਂ ਟੋਰੈਂਟ ਦੀ ਸੰਚਾਲਨ ਸਮਰੱਥਾ ਪੰਜ ਗੀਗਾਵਾਟ ਤੋਂ ਵਧ ਕੇ 6.4 ਗੀਗਾਵਾਟ ਹੋ ਜਾਵੇਗੀ। ਟੋਰੈਂਟ ਸਮੂਹ ਦੇ ਚੇਅਰਮੈਨ ਸਮੀਰ ਮੇਹਤਾ ਨੇ ਕਿਹਾ, "ਨਾਭਾ ਪਾਵਰ ਸਾਡੇ ਪੋਰਟਫ਼ੋਲੀਓ 'ਚ ਇਕ ਸਥਾਪਤ ਸੰਚਾਲਨ ਜਾਇਦਾਦ ਜੋੜੇਗੀ ਜਿਸ ਨਾਲ ਪੂਰੀ ਤਰ੍ਹਾਂ ਕਰਾਰ ਕੀਤਾ ਨਕਦੀ ਪ੍ਰਵਾਹ ਅਤੇ ਮਜ਼ਬੂਤ ਸੰਚਾਲਨ ਰੀਕਾਰਡ ਦਾ ਸਮਰਥਨ ਪ੍ਰਾਪਤ ਹੈ। ਇਹ ਪ੍ਰਾਪਤੀ ਪਹਿਲੇ ਦਿਨ ਤੋਂ ਹੀ ਮੁੱਲਵਰਧਕ ਹੋਵੇਗੀ ਅਤੇ ਕੁੱਲ ਮਾਲੀਆ ਅਤੇ ਲਾਭ 'ਚ ਵੱਡਾ ਵਾਧਾ ਕਰੇਗੀ।" ਐਲ ਐਂਡ ਟੀ ਦੇ ਚੇਅਰਮੈਨ ਅਤੇ ਪ੍ਰਬੰਧ ਨਿਰਦੇਸ਼ਕ ਐਸ.ਐਨ. ਸੁਬਰਾਮਨੀਅਮ ਨੇ ਕਿਹਾ, "ਨਾਭਾ ਪਾਵਰ ਤੋਂ ਨਿਵੇਸ਼ ਐਲ ਐਂਡ ਟੀ ਦੇ ਉਪ ਰਣਨੀਤਕ ਉਦੇਸ਼ ਅਨੁਸਾਰ ਹੈ, ਜਿਸ ਤਹਿਤ ਅਸੀਂ ਅਪਣੇ ਮਜ਼ਬੂਤ ਮੁੱਖ ਕਾਰੋਬਾਰਾਂ ਨੂੰ ਮਜ਼ਬੂਤ ਬਣਾਉਣ ਦੀ ਦਿਸ਼ਾ 'ਚ ਕੰਮ ਕਰ ਰਹੇ ਹਾਂ। ਇਹ ਕਦਮ ਸਾਡੇ ਸਾਰੇ ਹਿਤਧਾਰਕਾਂ ਵਪਾਰ ਸਾਂਝੇਦਾਰਾਂ, ਸ਼ੇਅਰਧਾਰਕਾਂ ਅਤੇ ਕਰਮਚਾਰੀਆਂ ਲਈ ਲੰਮੇ ਸਮੇਂ 'ਚ ਮੁੱਲ ਸਿਰਜਣ ਕਰਨ 'ਚ ਸਹਾਇਕ ਹੋਵੇਗਾ।"

### ਇਜ਼ਰਾਇਲੀ ਸੈਲਾਨੀ ਨਾਲ ਗੈਂਗਰੇਪ ਦੇ ਤਿੰਨ

ਸ਼ਰਨੱਪਾ ਵਜੋਂ ਹੋਈ ਹੈ। ਅਦਾਲਤ ਨੇ ਪਿਛਲੇ ਸਾਲ ਮਾਰਚ 'ਚ ਵਾਪਰੇ ਇਸ ਮਾਮਲੇ 'ਚ ਉਨ੍ਹਾਂ ਨੂੰ ਜਬਰ ਜਨਾਹ ਅਤੇ ਹੱਤਿਆ ਦਾ ਦੋਸ਼ੀ ਠਹਿਰਾਉਂਦੇ ਹੋਏ ਇਹ ਸਜ਼ਾ ਸੁਣਾਈ। ਇਹ ਘਟਨਾ ਹੰਪੀ ਨੇੜੇ ਸਨਾਪੁਰਾ 'ਚ ਤੁੰਗਭੱਦਰਾ ਲੈਫਟ ਬੈਂਕ ਕੈਨਾਲ ਕੋਲ ਵਾਪਰੀ ਸੀ। ਪੁਲਿਸ ਨੇ ਦੱਸਿਆ ਕਿ ਤਿੰਨੇ ਦੋਸ਼ੀਆਂ ਨੇ 6 ਮਾਰਚ, 2025 ਦੀ ਰਾਤ ਨੂੰ ਦੋ ਔਰਤਾਂ ਸਰਵਾਈਵਰ, ਇਕ ਇਜ਼ਰਾਇਲੀ ਟੂਰਿਸਟ ਅਤੇ ਇਕ ਹੋਮਸਟੇ ਆਪ੍ਰੇਟਰ, ਅਤੇ ਤਿੰਨ ਹੋਰ ਪੁਰਸ਼ ਟੂਰਿਸਟ ਦੋਸਤਾਂ ਤੋਂ ਪੈਸੇ ਮੰਗੇ ਸਨ। ਮਨ੍ਹਾ ਕਰਨ 'ਤੇ, ਤਿੰਨਾਂ ਨੇ ਕਥਿਤ ਤੌਰ 'ਤੇ ਤਿੰਨ ਪੁਰਸ਼ ਟੂਰਿਸਟਾਂ ਨੂੰ ਨਹਿਰ ਵਿੱਚ ਧੱਕਾ ਦੇ ਦਿੱਤਾ ਅਤੇ ਦੋ ਔਰਤਾਂ ਨਾਲ ਜਬਰ ਜਨਾਹ ਕੀਤਾ। ਨਹਿਰ 'ਚ ਸੁੱਟੇ ਗਏ ਦੋ ਪੁਰਸ਼ ਤੈਰ ਕੇ ਸੁਰੱਖਿਅਤ ਨਿਕਲ ਗਏ, ਜਦੋਂਕਿ ਓਡੀਸ਼ਾ ਦਾ ਇਕ ਟੂਰਿਸਟ ਨਹਿਰ ਵਿੱਚ ਡੁੱਬ ਗਿਆ।

### ਕੈਮੀਕਲ ਫੈਕਟਰੀ 'ਚ ਲੱਗੀ ਅੱਗ ਵਿੱਚ

ਉਹ ਬਿਹਾਰ ਦੇ ਮੋਤੀਹਾਰੀ ਦੇ ਵਸਨੀਕ ਸਨ। ਉਨ੍ਹਾਂ ਦੇ ਨਾਮ ਅਤੇ ਹੋਰ ਜਾਣਕਾਰੀ ਰਿਕਾਰਡਾਂ ਤੋਂ ਇਕੱਠੀ ਕੀਤੀ ਜਾ ਰਹੀ ਹੈ। ਸੋਮਵਾਰ ਸਵੇਰੇ ਲਗਭਗ 9:30 ਵਜੇ ਭਿਵਾੜੀ ਦੇ ਖੁਸ਼ਖੇੜਾ ਕਰੌਲੀ ਉਦਯੋਗਿਕ ਖੇਤਰ ਵਿੱਚ ਇੱਕ ਰਸਾਇਣਕ-ਪਟਾਖੇ ਫੈਕਟਰੀ ਵਿੱਚ ਅੱਗ ਲੱਗ ਗਈ। ਉਸ ਸਮੇਂ ਲੱਗਭੱਗ 25 ਮਜ਼ਦੂਰ ਅੰਦਰ ਸਨ। ਉਨ੍ਹਾਂ ਵਿੱਚੋਂ ਅੱਠ ਜ਼ਿੰਦਾ ਸੜ ਗਏ। ਬਾਕੀ ਕਿਸੇ ਤਰ੍ਹਾਂ ਆਪਣੀ ਜਾਨ ਬਚਾਉਣ ਵਿੱਚ ਕਾਮਯਾਬ ਹੋ ਗਏ। ਇੱਕ ਫੋਰੈਂਸਿਕ ਟੀਮ ਅਤੇ ਇੱਕ ਮੋਬਾਈਲ ਪ੍ਰਯੋਗਸ਼ਾਲਾ ਮੌਕੇ 'ਤੇ ਮੌਜੂਦ ਹੈ। ਫੈਕਟਰੀ ਤੋਂ ਨਮੂਨੇ ਲਏ ਜਾ ਰਹੇ ਹਨ।

### ਹਿਮਾਚਲ ਦੇ ਰਾਜਪਾਲ ਨੇ 50 ਪੰਨਿਆਂ ਦਾ ਵਿਧਾਨ ਸਭਾ ਭਾਸ਼ਣ

ਦੋ ਪੈਰ੍ਹੇ ਪੜ੍ਹੇ ਜਿਨ੍ਹਾਂ ਵਿੱਚ ਸੈਸ਼ਨ ਦੇ ਏਜੰਡੇ — 2025-26 ਲਈ ਪੂਰਕ ਮੰਗਾਂ ਪਾਸ ਕਰਨਾ, 2026-27 ਦਾ ਬਜਟ ਅਤੇ ਹੋਰ ਵਿਧਾਨਕ ਕੰਮਾਂ ਬਾਰੇ ਦੱਸਿਆ ਗਿਆ ਸੀ। ਸ਼ੁਕਲਾ ਦੇ ਇਸ ਫੈਸਲੇ ਨੇ ਰਾਜ ਸਰਕਾਰ ਦੁਆਰਾ ਤਿਆਰ ਕੀਤੇ ਗਏ, ਉਨ੍ਹਾਂ ਹਿੱਸਿਆਂ ਨੂੰ ਪੜ੍ਹਨ ਤੋਂ ਪ੍ਰਭਾਵਸ਼ਾਲੀ ਢੰਗ ਨਾਲ ਪਰਹੇਜ਼ ਕੀਤਾ, ਜਿਨ੍ਹਾਂ ਵਿੱਚ ਆਰ.ਡੀ.ਜੀ. ਨੂੰ ਬੰਦ ਕਰਨ ਬਾਰੇ ਚਿੰਤਾਵਾਂ ਜ਼ਾਹਰ ਕੀਤੀਆਂ ਗਈਆਂ ਸਨ, ਜੋ ਕਿ ਇੱਕ ਵਿਵਾਦਪੂਰਨ ਮੁੱਦਾ ਹੈ ਅਤੇ ਰਾਜ ਦੇ ਸਿਆਸੀ ਚਰਚਾ ਵਿੱਚ ਭਾਰੂ ਰਿਹਾ ਹੈ। ਭਾਸ਼ਣ ਵਿੱਚ ਨੋਟ ਕੀਤਾ ਗਿਆ ਸੀ ਕਿ ਸੰਵਿਧਾਨ ਦੀ ਧਾਰਾ 275(1) ਉਨ੍ਹਾਂ ਰਾਜਾਂ ਨੂੰ ਗ੍ਰਾਂਟਾਂ ਪ੍ਰਦਾਨ ਕਰਦੀ ਹੈ ਜੋ ਮਾਲੀਏ ਅਤੇ ਖਰਚੇ ਵਿਚਕਾਰ ਪਾੜੇ ਨੂੰ ਪੂਰਨ ਵਿੱਚ ਅਸਮਰੱਥ ਹਨ। ਇਤਿਹਾਸਕ ਤੌਰ 'ਤੇ 1952 ਵਿੱਚ ਪਹਿਲੇ ਵਿੱਤ ਕਮਿਸ਼ਨ ਤੋਂ ਲੈ ਕੇ 15ਵੇਂ ਵਿੱਤ ਕਮਿਸ਼ਨ (2020-25) ਤੱਕ, ਹਿਮਾਚਲ ਪ੍ਰਦੇਸ਼ ਲਗਾਤਾਰ ਆਰ.ਡੀ.ਜੀ. ਪ੍ਰਾਪਤ ਕਰਦਾ ਰਿਹਾ ਸੀ। ਪੈਰਾ 15 ਅਤੇ 16, ਜੋ ਛੱਡ ਦਿੱਤੇ ਗਏ ਸਨ, ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਸੀ ਕਿ 16ਵੇਂ ਵਿੱਤ ਕਮਿਸ਼ਨ ਦੇ ਆਰ.ਡੀ.ਜੀ. ਨੂੰ ਬੰਦ ਕਰਨ ਦੇ ਫੈਸਲੇ ਨਾਲ ਛੋਟੇ ਅਤੇ ਪਹਾੜੀ ਰਾਜਾਂ, ਖਾਸ ਕਰਕੇ ਹਿਮਾਚਲ ਵਰਗੇ ਵਿਸ਼ੇਸ਼ ਸ਼੍ਰੇਣੀ ਦੇ ਰਾਜਾਂ 'ਤੇ ਮਾੜਾ ਅਸਰ ਪਵੇਗਾ। ਭਾਸ਼ਣ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਸੀ ਕਿ ਪਹਾੜੀ ਅਤੇ ਸਰਹੱਦੀ ਰਾਜਾਂ ਲਈ, ਜਿੱਥੇ ਭੂਗੋਲਿਕ ਸਥਿਤੀ ਅਤੇ ਕੁਦਰਤੀ ਸਰੋਤਾਂ ਕਾਰਨ ਮਾਲੀਆ ਪੈਦਾ ਕਰਨਾ ਸੀਮਤ ਹੈ, ਉੱਥੇ ਆਰ.ਡੀ.ਜੀ. ਵਿਕਾਸ ਪ੍ਰੋਜੈਕਟਾਂ, ਸਮਾਜਿਕ ਭਲਾਈ ਸਕੀਮਾਂ ਅਤੇ ਆਫ਼ਤ ਪ੍ਰਬੰਧਨ ਪ੍ਰੋਗਰਾਮਾਂ ਲਈ ਫੰਡ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਇਨ੍ਹਾਂ ਹਿੱਸਿਆਂ ਨੂੰ ਛੱਡ ਕੇ ਰਾਜਪਾਲ ਨੇ ਇੱਕ ਰਾਜਨੀਤਿਕ ਤੌਰ 'ਤੇ ਸੰਵੇਦਨਸ਼ੀਲ ਵਿਸ਼ੇ ਤੋਂ ਕਿਨਾਰਾ ਕਰ ਲਿਆ ਅਤੇ ਸਿਰਫ਼ ਰਾਜ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਰੁਟੀਨ ਦੇ ਵਿਧਾਨਕ ਕੰਮਾਂ 'ਤੇ ਧਿਆਨ ਕੇਂਦਰਿਤ ਕੀਤਾ, ਜਿਸ ਨਾਲ ਰਾਜ ਦੀਆਂ ਵਿੱਤੀ ਚਿੰਤਾਵਾਂ ਨੂੰ ਸੰਬੋਧਿਤ ਕੀਤੇ ਬਿਨਾਂ ਸੈਸ਼ਨ ਦੀ ਪ੍ਰਕਿਰਿਆਤਮਕ ਮਰਿਆਦਾ ਨੂੰ ਬਣਾਈ ਰੱਖਿਆ ਗਿਆ। ਇਸ ਕਮੀ ਨਾਲ ਕੇਂਦਰੀ ਸਹਾਇਤਾ ਦੇ ਬੰਦ ਹੋਣ ਦੇ ਮੱਦੇਨਜ਼ਰ ਰਾਜ ਦੀਆਂ ਬਜਟ ਅਤੇ ਵਿਕਾਸ ਤਰਜੀਹਾਂ ਨੂੰ ਲੈ ਕੇ ਵਿਧਾਨ ਸਭਾ ਵਿੱਚ ਬਹਿਸ ਦਾ ਮਾਹੌਲ ਬਣਨ ਦੀ ਉਮੀਦ ਹੈ।

### ਭਾਜਪਾ ਨਾਇਬ ਸਿੰਘ ਸੈਣੀ ਨੂੰ ਪੰਜਾਬ ਵਿੱਚ

ਦੋਵਾਂ ਰਾਜਾਂ ਦੇ ਕਿਸਾਨਾਂ ਨੇ ਇਕਜੁੱਟਤਾ ਦਿਖਾਈ। ਹਰਿਆਣਾ ਵਿੱਚ ਸਿਰਸਾ, ਅੰਬਾਲਾ ਅਤੇ ਕੁਰੂਕਸ਼ੇਤਰ ਵਰਗੇ ਖੇਤਰਾਂ ਵਿੱਚ ਇੱਕ ਮਹੱਤਵਪੂਰਨ ਪੰਜਾਬੀ ਭਾਈਚਾਰਾ ਹੈ। ਸੈਣੀ ਨੇ ਊਧਮ ਸਿੰਘ ਦੇ ਜਨਮ ਸਥਾਨ ਦਾ ਦੌਰਾ ਕੀਤਾ

ਜੁਲਾਈ 2025 ਵਿੱਚ, ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸੰਗਰੂਰ ਜ਼ਿਲ੍ਹੇ ਦੇ ਸੁਨਾਮ ਦਾ ਦੌਰਾ ਕੀਤਾ। ਇਹ ਦੌਰਾ ਮਹੱਤਵਪੂਰਨ ਸੀ ਕਿਉਂਕਿ ਸੁਨਾਮ ਸ਼ਹੀਦ ਊਧਮ ਸਿੰਘ ਦਾ ਜਨਮ ਸਥਾਨ ਹੈ। ਕਿਹਾ ਜਾਂਦਾ ਹੈ ਕਿ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਨੇ ਸੈਣੀ ਨੂੰ ਜਿੰਨੀ ਵਾਰ ਹੋ ਸਕੇ ਪੰਜਾਬ ਦਾ ਦੌਰਾ ਕਰਨ ਲਈ ਕਿਹਾ ਹੈ।

ਪੰਜਾਬ ਨੂੰ ਹਰਿਆਣਾ ਦਾ 'ਵੱਡਾ ਭਰਾ' ਕਿਹਾ

ਪੰਜਾਬ ਵਿੱਚ ਆਪਣੇ ਪ੍ਰੋਗਰਾਮਾਂ ਵਿੱਚ, ਸੈਣੀ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਇਸਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਕੰਮ ਦੀ ਆਲੋਚਨਾ ਕੀਤੀ ਹੈ। ਸੈਣੀ ਨੇ ਪੰਜਾਬ ਨੂੰ ਹਰਿਆਣਾ ਦਾ 'ਵੱਡਾ ਭਰਾ' ਕਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਿਰਫ਼ ਹਰਿਆਣਾ ਦਾ ਗੁਆਂਢੀ ਰਾਜ ਨਹੀਂ ਹੈ, ਸਗੋਂ ਹਰਿਆਣਾ ਨਾਲ ਖੂਨ ਦਾ ਰਿਸ਼ਤਾ ਹੈ। ਸੈਣੀ ਦਾ ਕਹਿਣਾ ਹੈ ਕਿ ਜੇਕਰ ਭਾਜਪਾ ਪੰਜਾਬ ਵਿੱਚ ਸਰਕਾਰ ਬਣਾਉਂਦੀ ਹੈ, ਤਾਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾਣਗੇ। ਸੈਣ ਓਬੀਸੀ ਭਾਈਚਾਰੇ ਤੋਂ ਆਉਂਦੇ ਹਨ

ਨਾਇਬ ਸਿੰਘ ਸੈਣੀ ਓਬੀਸੀ ਭਾਈਚਾਰੇ ਤੋਂ ਆਉਂਦੇ ਹਨ। ਓਬੀਸੀ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਸ਼ਕਤੀਸ਼ਾਲੀ ਭਾਈਚਾਰਾ ਹਨ। ਇਹ ਭਾਈਚਾਰਾ ਪੰਜਾਬ ਦੀ ਆਬਾਦੀ ਦਾ ਲੱਗਭੱਗ 31% ਬਣਦਾ ਹੈ। ਇਹ ਵੀ ਧਿਆਨ ਦੇਣ ਯੋਗ ਹੈ ਕਿ ਨਾਇਬ ਸਿੰਘ ਸੈਣੀ ਦੀ ਮਾਂ, ਕੁਲਵੰਤ ਕੌਰ, ਸਿੱਖ ਭਾਈਚਾਰੇ ਨਾਲ ਸਬੰਧਤ ਹੈ।

ਸੈਣੀ ਪੰਜਾਬ ਵਿੱਚ ਵਿਆਪਕ ਤੌਰ 'ਤੇ ਮਨਾਏ ਜਾਣ ਵਾਲੇ ਮਾਘੀ ਮੇਲਿਆਂ ਵਿੱਚ ਸ਼ਾਮਲ ਹੋਏ। ਭਾਜਪਾ ਉਨ੍ਹਾਂ ਨੂੰ ਰਾਜ ਵਿੱਚ ਆਪਣੀ ਰਾਜਨੀਤਿਕ ਮੌਜੂਦਗੀ ਨੂੰ ਮਜ਼ਬੂਤ ਕਰਨ ਲਈ ਵਰਤ ਰਹੀ ਹੈ। ਭਾਜਪਾ ਪੰਜਾਬ ਵਿੱਚ ਇੱਕ ਰਾਜਨੀਤਿਕ ਚਮਤਕਾਰ ਦੀ ਉਮੀਦ ਕਰ ਰਹੀ ਹੈ ਕਿਉਂਕਿ ਪਿਛਲੀਆਂ ਲੋਕ ਸਭਾ ਚੋਣਾਂ ਵਿੱਚ ਉਸਦੀ ਵੋਟ ਹਿੱਸੇਦਾਰੀ ਵਧੀ ਸੀ। 2019 ਦੀਆਂ ਲੋਕ ਸਭਾ ਚੋਣਾਂ ਵਿੱਚ, ਭਾਜਪਾ ਨੇ ਪੰਜਾਬ ਵਿੱਚ 9.63% ਵੋਟਾਂ ਪ੍ਰਾਪਤ ਕੀਤੀਆਂ, ਜਦੋਂ ਕਿ 2024 ਵਿੱਚ, ਇਹ ਅੰਕੜਾ ਲਗਭਗ ਦੁੱਗਣਾ ਹੋ ਕੇ 18.56% ਹੋ ਗਿਆ।

ਪੰਜਾਬ ਵਿੱਚ ਭਾਜਪਾ ਦੀ ਸੋਸ਼ਲ ਇੰਜੀਨੀਅਰਿੰਗ

ਭਾਜਪਾ ਪੰਜਾਬ ਵਿੱਚ ਸੋਸ਼ਲ ਇੰਜੀਨੀਅਰਿੰਗ ਰਾਹੀਂ ਹੋਰ ਭਾਈਚਾਰਿਆਂ 'ਤੇ ਵੀ ਧਿਆਨ ਕੇਂਦਰਿਤ ਕਰ ਰਹੀ ਹੈ। ਉਦਾਹਰਣ ਵਜੋਂ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਾਲ ਹੀ ਵਿੱਚ ਜਲੰਧਰ ਵਿੱਚ ਡੇਰਾ ਸੱਚਖੰਡ ਬੱਲਾਂ ਦਾ ਦੌਰਾ ਕੀਤਾ ਸੀ। ਡੇਰਾ ਸੱਚਖੰਡ ਬੱਲਾਂ ਪੰਜਾਬ ਵਿੱਚ ਇੱਕ ਦਲਿਤ ਭਾਈਚਾਰੇ, ਰਵਿਦਾਸੀਆ ਭਾਈਚਾਰੇ ਲਈ ਇੱਕ ਪ੍ਰਮੁੱਖ ਧਾਰਮਿਕ ਕੇਂਦਰ ਹੈ।

ਹਾਲ ਹੀ ਵਿੱਚ, ਨਾਇਬ ਸਿੰਘ ਸੈਣੀ ਨੂੰ ਲੈ ਕੇ ਇੱਕ ਵਿਵਾਦ ਉਦੋਂ ਸ਼ੁਰੂ ਹੋਇਆ ਜਦੋਂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਦੋਸ਼ ਲਗਾਇਆ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਉਨ੍ਹਾਂ ਨੂੰ ਭਾਜਪਾ ਵਿੱਚ ਸ਼ਾਮਲ ਹੋਣ ਅਤੇ ਉਨ੍ਹਾਂ ਨੂੰ ਟਿਕਟ ਦੀ ਪੇਸ਼ਕਸ਼ ਕੀਤੀ। ਹਾਲਾਂਕਿ ਸੈਣੀ ਨੇ ਇਨ੍ਹਾਂ ਦੋਸ਼ਾਂ ਦਾ ਜ਼ੋਰਦਾਰ ਖੰਡਨ ਕੀਤਾ। ਸੈਣੀ ਭਾਈਚਾਰੇ ਦੇ ਅੰਦਰ ਵੀ ਸਿੱਖ ਭਾਈਚਾਰੇ ਦੇ ਮੈਂਬਰ ਹਨ। ਪੰਜਾਬ ਵਿੱਚ ਅਜਿਹੇ ਸੈਣੀ-ਪ੍ਰਭਾਵਸ਼ਾਲੀ ਖੇਤਰਾਂ ਵਿੱਚ ਡੇਰਾ ਬੱਸੀ, ਰਾਜਪੁਰਾ ਅਤੇ ਪਟਿਆਲਾ ਦਿਹਾਤੀ ਸ਼ਾਮਲ ਹਨ। ਭਾਜਪਾ ਖਾਸ ਤੌਰ 'ਤੇ ਹਰਿਆਣਾ ਦੀ ਸਰਹੱਦ ਨਾਲ ਲੱਗਦੇ ਪੰਜਾਬ ਦੇ ਜ਼ਿਲ੍ਹਿਆਂ 'ਤੇ ਕੇਂਦ੍ਰਿਤ ਹੈ। ਭਾਜਪਾ ਨੂੰ ਉੱਥੇ ਕੁਝ ਰਾਜਨੀਤਿਕ ਲਾਭ ਪ੍ਰਾਪਤ ਕਰਨ ਦੀ ਉਮੀਦ ਹੈ, ਅਤੇ ਸੈਣੀ ਵਿੱਚ, ਇਸਨੂੰ ਇੱਕ ਪ੍ਰਮੁੱਖ ਹਸਤੀ ਮਿਲ ਗਈ ਹੈ।

ਭਾਜਪਾ ਪੰਜਾਬ ਵਿੱਚ 'ਇਕੱਲੀ' ਹੈ

ਪੰਜਾਬ ਵਿੱਚ ਭਾਜਪਾ ਦੀਆਂ ਮੁਸ਼ਕਲਾਂ ਦੀ ਗੱਲ ਕਰੀਏ ਤਾਂ, ਰਾਜ ਵਿੱਚ ਇਸਦਾ ਇੱਕ ਮਜ਼ਬੂਤ ਸਹਿਯੋਗੀ ਦੀ ਘਾਟ ਹੈ। ਲੰਬੇ ਸਮੇਂ ਤੋਂ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਪੰਜਾਬ ਵਿੱਚ ਗੱਠਜੋੜ ਵਿੱਚ ਸਨ। ਦੋਵੇਂ ਪਾਰਟੀਆਂ ਖੇਤੀਬਾੜੀ ਕਾਨੂੰਨਾਂ ਨੂੰ ਲੈ ਕੇ ਵੱਖ ਹੋ ਗਈਆਂ ਸਨ। ਪਿਛਲੇ ਕੁਝ ਮਹੀਨਿਆਂ ਵਿੱਚ, ਭਾਜਪਾ ਅਤੇ ਅਕਾਲੀ ਦਲ ਦੇ ਅੰਦਰ ਇਹ ਮੰਗ ਕੀਤੀ ਜਾ ਰਹੀ ਹੈ ਕਿ ਦੋਵੇਂ ਪਾਰਟੀਆਂ ਦੁਬਾਰਾ ਇਕੱਠੇ ਹੋਣ, ਪਰ ਮੌਜੂਦਾ ਸਥਿਤੀ ਵਿੱਚ ਇਹ ਅਸੰਭਵ ਜਾਪਦਾ ਹੈ।

ਸਧਾਰਨ ਤੱਥ ਇਹ ਹੈ ਕਿ ਜੇਕਰ ਭਾਜਪਾ ਪੰਜਾਬ ਵਿੱਚ ਆਪਣਾ ਰਾਜਨੀਤਿਕ ਅਧਾਰ ਮਜ਼ਬੂਤ ਕਰਨਾ ਚਾਹੁੰਦੀ ਹੈ, ਤਾਂ ਉਸਨੂੰ ਸੋਸ਼ਲ ਇੰਜੀਨੀਅਰਿੰਗ ਦੇ ਨਾਲ-ਨਾਲ ਕੁਝ ਨਵੀਨਤਾਵਾਂ ਦਾ ਪ੍ਰਯੋਗ ਕਰਨਾ ਪਵੇਗਾ। ਭਾਜਪਾ ਪੰਜਾਬ ਵਿੱਚ ਸੈਣੀ ਨੂੰ ਉਤਸ਼ਾਹਿਤ ਕਰ ਰਹੀ ਹੈ ਕਿਉਂਕਿ ਅਜਿਹਾ ਕਰਨ ਨਾਲ ਨਾ ਸਿਰਫ਼ ਓਬੀਸੀ, ਗੈਰ-ਜੱਟ ਸਿੱਖ ਅਤੇ ਹਿੰਦੂ ਵੋਟਾਂ ਆਕਰਸ਼ਿਤ ਹੋਣਗੀਆਂ, ਸਗੋਂ ਹਰਿਆਣਾ ਦੀ ਸਰਹੱਦ ਨਾਲ ਲੱਗਦੇ ਜ਼ਿਲ੍ਹਿਆਂ ਵਿੱਚ ਵੀ ਇਸਨੂੰ ਫਾਇਦਾ ਹੋਵੇਗਾ।

ਇਹ ਦੇਖਣਾ ਬਾਕੀ ਹੈ ਕਿ ਕੀ ਭਾਜਪਾ ਨੂੰ ਪੰਜਾਬ ਵਿੱਚ ਨਾਇਬ ਸਿੰਘ ਸੈਣੀ ਨੂੰ ਉਤਸ਼ਾਹਿਤ ਕਰਨ ਨਾਲ ਕੋਈ ਰਾਜਨੀਤਿਕ ਲਾਭ ਮਿਲੇਗਾ।

### ਦਿੱਲੀ ਏਆਈ ਵਰਲਡ ਸਮਿਟ 'ਚ ਭਾਰਤ ਨੇ ਵਿਖਾਇਆ

ਕੋਨੇ ਵਿੱਚ ਬੈਠੇ ਮਨੁੱਖ ਨੂੰ ਉਸਦੀ ਆਪਣੀ ਭਾਸ਼ਾ ਵਿੱਚ ਜਾਣਕਾਰੀ ਪ੍ਰਦਾਨ ਕਰਨ ਦੇ ਯੋਗ ਹੋਵੇਗਾ। ਇਹ ਸਿਰਫ਼ ਤਕਨੀਕੀ ਉਪਲਬਧੀ ਨਹੀਂ, ਸਗੋਂ ਇਹ ਇੱਕ ਸੱਭਿਆਚਾਰਕ ਕ੍ਰਾਂਤੀ ਹੈ।

ਨਿਤਿਸ਼ ਕਮਲ ਸਿੰਘ ਦੀ ਇਹ ਪ੍ਰਸਤੁਤੀ ਸਿਰਫ਼ ਇੱਕ ਤਕਨੀਕੀ ਰਿਪੋਰਟ ਨਹੀਂ ਸੀ, ਸਗੋਂ ਇਹ ਇੱਕ ਨਵੇਂ ਭਾਰਤ ਦੀ ਤਸਵੀਰ ਸੀ—ਇੱਕ ਐਸਾ ਭਾਰਤ ਜੋ ਆਪਣੀ ਭਾਸ਼ਾ, ਆਪਣੀ ਪਹਿਚਾਣ ਅਤੇ ਆਪਣੀ ਤਕਨੀਕ ਨਾਲ ਦੁਨੀਆ ਦੇ ਸਾਹਮਣੇ ਖੜ੍ਹਾ ਹੈ। ਇਹ ਸਪੱਸ਼ਟ ਹੋ ਗਿਆ ਹੈ ਕਿ ਭਵਿੱਖ ਦੀ ਡਿਜ਼ੀਟਲ ਦੁਨੀਆ ਵਿੱਚ ਭਾਰਤ ਸਿਰਫ਼ ਹਿੱਸੇਦਾਰ ਨਹੀਂ, ਸਗੋਂ ਨੇਤ੍ਰਿਤਾ ਕਰਨ ਵਾਲਾ ਦੇਸ਼ ਹੋਵੇਗਾ।

ਇਸ ਪ੍ਰਸਤੁਤੀ ਦਾ ਸਭ ਤੋਂ ਮਾਣਯੋਗ ਪੱਖ ਇਹ ਸੀ ਕਿ ਪੰਜਾਬੀ ਭਾਸ਼ਾ ਅਤੇ ਉਸਦੇ ਡਾਟਾ ਨੂੰ ਵੀ ਖਾਸ ਤੌਰ ਤੇ ਜ਼ਿਕਰ ਕੀਤਾ ਗਿਆ। ਪੰਜਾਬੀ ਭਾਸ਼ਾ, ਜੋ ਸਦੀਆਂ ਤੋਂ ਸਾਹਿਤ, ਕਵਿਤਾ ਅਤੇ ਪੱਤਰਕਾਰਤਾ ਦੀ ਧਨੀ ਰਹੀ ਹੈ, ਹੁਣ ਡਿਜ਼ੀਟਲ ਯੁੱਗ ਵਿੱਚ ਵੀ ਆਪਣੀ ਮਜ਼ਬੂਤ ਮੌਜੂਦਗੀ ਦਰਜ ਕਰਵਾ ਰਹੀ ਹੈ। ਇਸ ਸੰਦਰਭ ਵਿੱਚ ਪੰਜਾਬ ਦੇ ਪ੍ਰਮੁੱਖ ਮੀਡੀਆ ਅਦਾਰੇ ਚੜ੍ਹਦੀਕਲਾ ਦਾ ਜ਼ਿਕਰ ਇਹ ਦਰਸਾਉਂਦਾ ਹੈ ਕਿ ਭਾਰਤੀ ਏਆਈ ਮਾਡਲ ਸਿਰਫ਼ ਵੱਡੀਆਂ ਭਾਸ਼ਾਵਾਂ ਹੀ ਨਹੀਂ, ਸਗੋਂ ਖੇਤਰੀ ਭਾਸ਼ਾਵਾਂ ਦੇ ਸੰਸਥਾਨਾਂ ਅਤੇ ਉਹਨਾਂ ਦੇ ਯੋਗਦਾਨ ਨੂੰ ਵੀ ਮਾਣ ਦੇ ਰਿਹਾ ਹੈ। ਇਹ ਸਿਰਫ਼ ਇੱਕ ਸਨਮਾਨ ਨਹੀਂ, ਸਗੋਂ ਇਹ ਇੱਕ ਨਵੀਂ ਡਿਜ਼ੀਟਲ ਪਹਿਚਾਣ ਦੀ ਸਵੀਕਾਰਤਾ ਹੈ।

ਭਾਰਤਜੇਨ ਦੀ ਇਹ ਪ੍ਰਸਤੁਤੀ ਇਸ ਗੱਲ ਦਾ ਸੰਕੇਤ ਵੀ ਹੈ ਕਿ ਭਵਿੱਖ ਵਿੱਚ ਤਕਨੀਕ ਦਾ ਕੇਂਦਰ ਸਿਰਫ਼ ਪੱਛਮੀ ਦੇਸ਼ ਨਹੀਂ ਰਹਿਣਗੇ। ਭਾਰਤ ਹੁਣ ਸਿਰਫ਼ ਤਕਨੀਕ ਦਾ ਉਪਭੋਗਤਾ ਨਹੀਂ, ਸਗੋਂ ਉਸਦਾ ਨਿਰਮਾਤਾ ਅਤੇ ਦਿਸ਼ਾ-ਨਿਰਦੇਸ਼ਕ ਬਣ ਰਿਹਾ ਹੈ। ਇਹ ਮਾਡਿਊਲ ਭਾਰਤ ਦੇ ਉਹਨਾਂ ਕਰੋੜਾਂ ਲੋਕਾਂ ਨੂੰ ਡਿਜ਼ੀਟਲ ਦੁਨੀਆ ਨਾਲ ਜੋੜੇਗਾ ਜੋ ਅੰਗਰੇਜ਼ੀ ਨਹੀਂ ਜਾਣਦੇ, ਪਰ ਆਪਣੀ ਮਾਂ-ਭਾਸ਼ਾ ਵਿੱਚ ਗਿਆਨ ਪ੍ਰਾਪਤ ਕਰਨਾ ਚਾਹੁੰਦੇ ਹਨ।

ਇਹ ਵੀ ਸੱਚ ਹੈ ਕਿ ਤਕਨੀਕ ਸਿਰਫ਼ ਸਹੂਲਤ ਨਹੀਂ, ਸਗੋਂ ਸ਼ਕਤੀ ਹੁੰਦੀ ਹੈ। ਜਦੋਂ ਕੋਈ ਦੇਸ਼ ਆਪਣੀ ਭਾਸ਼ਾ ਵਿੱਚ ਤਕਨੀਕ ਬਣਾਉਂਦਾ ਹੈ, ਤਾਂ ਉਹ ਸਿਰਫ਼ ਸੌਫਟਵੇਅਰ ਨਹੀਂ ਬਣਾਉਂਦਾ, ਸਗੋਂ ਆਪਣੀ ਸੱਭਿਆਚਾਰਕ ਅਜ਼ਾਦੀ ਨੂੰ ਮਜ਼ਬੂਤ ਕਰਦਾ ਹੈ। ਭਾਰਤਜਨ ਇਸ ਅਰਥ ਵਿੱਚ ਇੱਕ ਤਕਨੀਕੀ ਉਪਕਰਣ ਤੋਂ ਵੱਧ ਹੈ—ਇਹ ਇੱਕ ਸੱਭਿਆਚਾਰਕ ਅੰਦੋਲਨ ਹੈ। ਇਸ ਨੂੰ ਪੂਰੇ ਭਾਰਤ ਵਿੱਚ ਅੰਡਮਾਨ ਤੋਂ ਲੈ ਕੇ ਨੌਰਥ ਈਸਟ ਤੇ ਪੂਰੇ ਦੇਸ਼ ਵਿੱਚ ਦੇਖਿਆ ਗਿਆ ਹੈ। ਅੱਜ ਦੀ ਇਹ ਪ੍ਰਸਤੁਤੀ ਸਾਨੂੰ ਇਹ ਯਕੀਨ ਦਿਵਾਉਂਦੀ ਹੈ ਕਿ ਭਾਰਤ ਦੀ ਭਾਸ਼ਾਈ ਰੂਹ ਹੁਣ ਡਿਜ਼ੀਟਲ ਰੂਪ ਵਿੱਚ ਵੀ ਜ਼ਿੰਦਾ ਰਹੇਗੀ—ਅਤੇ ਇਹੀ ਅਸਲ ਅਰਥ ਵਿੱਚ ਤਕਨੀਕੀ ਅਜ਼ਾਦੀ ਹੈ।

## 'ਮਿਸਲ ਸਤਲੁਜ' ਵੱਲੋਂ ਅੱਜ ਤੋਂ ਮੋਹਾਲੀ 'ਚ ਪੂਰਾ ਪੰਜਾਬ ਲਹਿਰਮੁਹਿੰਮ ਦੀ ਸ਼ੁਰੂਆਤ: ਅਜੇਪਾਲ ਸਿੰਘ ਬਰਾੜ

ਮੋਹਾਲੀ, 16 ਫਰਵਰੀ (ਚ.ਨ.ਸ.) : 'ਮਿਸਲ ਸਤਲੁਜ', ਜੋ ਇੱਕ ਸਮਾਜਿਕ ਅਤੇ ਰਾਜਨੀਤਿਕ ਜਥੇਬੰਦੀ ਹੈ ਅਤੇ ਪੰਜਾਬ-ਕੇਂਦਰਿਤ ਰਾਜਨੀਤੀ ਖੜ੍ਹੀ ਕਰਨ ਲਈ ਵਚਨਬੱਧ ਹੈ, ਵੱਲੋਂ ਪੂਰਾ ਪੰਜਾਬ ਲਹਿਰ ਮੁਹਿੰਮ ਦੀ ਸ਼ੁਰੂਆਤ 17 ਫਰਵਰੀ ਨੂੰ ਸਵੇਰੇ 11:00 ਵਜੇ ਗੁਰਦੁਆਰਾ ਅੰਬ ਸਾਹਿਬ, ਮੋਹਾਲੀ ਤੋਂ ਕੀਤੀ ਜਾਵੇਗੀ।

ਇਸ ਬਾਰੇ ਜਾਣਕਾਰੀ ਦਿੰਦਿਆਂ ਮਿਸਲ ਸਤਲੁਜ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਦੱਸਿਆ ਕਿ ਇਸ ਪੂਰਾ ਪੰਜਾਬ ਲਹਿਰ ਮੁਹਿੰਮ ਦੇ ਮੌਕੇ ਦੋ ਹਫ਼ਤਿਆਂ ਲਈ ਇੱਕ ਵਿਚਾਰ-ਕੈਂਪ ਲਗਾਇਆ ਜਾਵੇਗਾ। ਉਨ੍ਹਾਂ ਨੇ ਇਸ ਸੰਦੇਸ਼ ਵਿੱਚ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਪੰਜਾਬ ਦਰਦੀ, ਬੁੱਧੀਜੀਵੀ ਅਤੇ ਸਰਗਰਮ ਕਾਰਕੁਨ ਚਾਹੇ ਉਹ ਕਿਸੇ ਵੀ ਰਾਜਨੀਤਿਕ ਪਾਰਟੀ ਜਾਂ ਕਿਸੇ ਵੀ ਜਥੇਬੰਦੀ ਨਾਲ ਸਬੰਧਿਤ ਹੋਣ ਨੂੰ ਇਸ ਮੁਹਿੰਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਭਨਾਂ ਦੇ ਵਿਚਾਰ ਸੁਣੇ ਜਾਣਗੇ, ਲੋਕਾਂ ਦੀ ਕਚਹਿਰੀ ਤੱਕ ਪਹੁੰਚਾਏ ਜਾਣਗੇ ਅਤੇ ਅਹਿਮ ਮੁੱਦਿਆਂ ਨੂੰ ਚਰਚਾ ਦੇ ਕੇਂਦਰ ਵਿੱਚ ਲਿਆਂਦਾ ਜਾਵੇਗਾ। ਬਰਾੜ ਨੇ ਕਿਹਾ ਕਿ ਪਿਛਲੇ ਚਾਰ-ਪੰਜ ਸਾਲਾਂ ਦੌਰਾਨ ਮਿਸਲ ਸਤਲੁਜ ਵੱਲੋਂ ਪੰਜ ਅਹਿਮ ਮੁੱਦਿਆਂ 'ਤੇ ਸੰਘਰਸ਼ ਕੀਤਾ ਗਿਆ ਹੈ।



ਉਨ੍ਹਾਂ ਵਿੱਚ ਪੰਜਾਬ ਯੂਨੀਵਰਸਿਟੀ ਸੈਨੇਟ ਦਾ ਮੁੱਦਾ ਵੀ ਸ਼ਾਮਲ ਹੈ, ਜੋ ਮੁੱਢਲੇ ਤੌਰ 'ਤੇ ਚੰਡੀਗੜ੍ਹ ਪੰਜਾਬ ਦੇ ਹੱਕ ਵਿੱਚ ਨਾ ਹੋਣ ਨਾਲ ਜੁੜਿਆ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਹੈ ਅਤੇ ਇਸ ਨੂੰ ਪੰਜਾਬ ਨੂੰ ਸੌਂਪਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਡੈਮਾਂ ਅਤੇ ਦਰਿਆਵਾਂ 'ਤੇ ਪੰਜਾਬ ਦਾ ਪੂਰਾ ਕਾਬੂ ਨਾ ਹੋਣ ਕਾਰਨ ਕਦੇ ਪੰਜਾਬ ਦਾ ਪਾਣੀ ਬਾਹਰ ਭੇਜਿਆ ਜਾਂਦਾ ਹੈ ਤੇ ਕਦੇ ਪੰਜਾਬ ਨੂੰ ਹੜ੍ਹਾਂ ਦੀ ਮਾਰ ਸਹਿਣੀ ਪੈਂਦੀ ਹੈ।

ਇਸ ਲਈ ਪੰਜਾਬ ਨੂੰ ਮਜ਼ਬੂਤ ਸੰਘੀ (ਫੈਡਰਲ) ਢਾਂਚਾ ਮਿਲਣਾ ਚਾਹੀਦਾ ਹੈ, ਤਾਂ ਜੋ ਸੂਬਾ ਆਪਣੇ ਫ਼ੈਸਲੇ ਆਪ ਕਰ ਸਕੇ ਅਤੇ ਆਪਣੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰ ਸਕੇ। ਉਨ੍ਹਾਂ ਪ੍ਰਵਾਸੀ ਮਸਲੇ, ਹਵਾ-ਪਾਣੀ ਦੀ ਸਫ਼ਾਈ ਅਤੇ ਨਸ਼ਿਆਂ ਵਰਗੇ ਸੰਵੇਦਨਸ਼ੀਲ ਮਾਮਲਿਆਂ 'ਤੇ ਵੀ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ ਤੋਂ ਪਹਿਲਾਂ ਇਹ ਮੁੱਦੇ ਲੋਕਾਂ ਦੀ ਕਚਹਿਰੀ ਦੇ ਸਾਹਮਣੇ ਸਪਸ਼ਟ ਰੂਪ ਵਿੱਚ ਰੱਖੇ ਜਾਣਗੇ, ਤਾਂ ਜੋ ਸਿਆਸਤਦਾਨਾਂ ਨੂੰ ਇਨ੍ਹਾਂ 'ਤੇ ਆਪਣਾ ਸਟੈਂਡ ਸਾਫ਼ ਕਰਨਾ ਪਵੇ।

ਬਰਾੜ ਨੇ ਕਿਹਾ ਕਿ ਪੂਰਾ ਪੰਜਾਬ ਲਹਿਰ ਦਾ ਮੰਤਵ ਇੱਕ ਅਜਿਹਾ ਪੰਜਾਬ ਜਿਸ ਦੀ ਰਾਜਧਾਨੀ ਅਤੇ ਭੂਗੋਲਿਕ ਹੱਦਾਂ ਪੂਰੀਆਂ ਹੋਣ, ਜਿਸ ਦੀ ਭਾਸ਼ਾ, ਸਭਿਆਚਾਰ ਅਤੇ ਰਵਾਇਤਾਂ ਸੁਰੱਖਿਅਤ ਹੋਣ, ਜਿੱਥੇ ਸਰਬ-ਸਾਂਝੀਵਾਲਤਾ ਦੀ ਭਾਵਨਾ ਹੋਵੇ, ਜਿੱਥੇ ਨੌਜਵਾਨਾਂ ਨੂੰ ਰੁਜ਼ਗਾਰ ਅਤੇ ਇਨਸਾਫ਼ ਮਿਲੇ, ਜਿੱਥੇ ਹਵਾ, ਪਾਣੀ ਅਤੇ ਖਾਣ-ਪੀਣ ਸ਼ੁੱਧ ਹੋਵੇ, ਜਿੱਥੇ ਨਸ਼ਿਆਂ ਲਈ ਕੋਈ ਥਾਂ ਨਾ ਹੋਵੇ, ਅਤੇ ਜਿੱਥੇ ਹਰ ਧਰਮ ਪੂਰੀ ਤਰ੍ਹਾਂ ਸੁਰੱਖਿਅਤ ਹੋਵੇ।

ਉਨ੍ਹਾਂ ਕਿਹਾ ਕਿ ਆਰਥਿਕ ਤੌਰ 'ਤੇ ਖੁਸ਼ਹਾਲ, ਸੱਭਿਆਚਾਰਕ ਤੌਰ 'ਤੇ ਪ੍ਰਫੁੱਲਿਤ ਅਤੇ ਆਪਣੇ ਫ਼ੈਸਲੇ ਆਪ ਲੈ ਸਕਣ ਵਾਲਾ ਪੰਜਾਬ ਹੀ ਅਸਲ ਵਿੱਚ ਪੂਰਾ ਪੰਜਾਬ ਹੋਵੇਗਾ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

**Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi**

PRGI (RNI) Regd. No. 22972/1972

# 'ਵਿਲੇਜ ਡਿਫੈਂਸ ਕਮੇਟੀਆਂ' ਦੇ ਸਹੁੰ ਚੁੱਕ ਸਮਾਗਮ 'ਤੇ ਵਿਰੋਧੀਆਂ ਦੀ ਬੁਖਲਾਹਟ ਉਨ੍ਹਾਂ ਦੀ ਨਸ਼ਾ-ਸਮਰਥਕ ਮਾਨਸਿਕਤਾ ਦਾ ਸਬੂਤ : ਬਲਤੇਜ ਪੰਨੂੰ

ਚੰਡੀਗੜ੍ਹ, 16 ਫਰਵਰੀ (ਅੰਮ੍ਰਿਤਪਾਲ ਸਿੰਘ) : ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਮੋਗਾ ਦੇ ਕਿੱਲੀ ਚਾਹਲਾਂ ਵਿਖੇ ਕਰਵਾਏ ਗਏ ਵਿਲੇਜ ਡਿਫੈਂਸ ਕਮੇਟੀਆਂ ਦੇ ਸਹੁੰ ਚੁੱਕ ਸਮਾਗਮ 'ਤੇ ਵਿਰੋਧੀ ਧਿਰ ਵੱਲੋਂ ਉਠਾਏ ਜਾ ਰਹੇ ਸਵਾਲਾਂ 'ਤੇ ਤਿੱਖਾ ਪਲਟਵਾਰ ਕੀਤਾ ਹੈ। ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਚੁੱਕੇ ਜਾ ਰਹੇ ਕਦਮਾਂ ਤੋਂ ਵਿਰੋਧੀਆਂ ਨੂੰ ਇੰਨੀ ਤਕਲੀਫ਼ ਹੋ ਰਹੀ ਹੈ ਕਿ ਉਨ੍ਹਾਂ ਨੇ ਬਿਨਾਂ ਵਜ੍ਹਾ ਸ਼ੋਰ ਮਚਾਉਣਾ ਸ਼ੁਰੂ ਕਰ ਦਿੱਤਾ ਹੈ।



ਪੰਨੂ ਨੇ ਕਿਹਾ ਕਿ ਜੋ ਵਿਰੋਧੀ ਪਾਰਟੀਆਂ ਅੱਜ ਸਰਕਾਰੀ ਪੈਸੇ ਦੀ ਵਰਤੋਂ 'ਤੇ ਰੋਣਾ ਰੋ ਰਹੀਆਂ ਹਨ, ਸ਼ਾਇਦ ਉਹ ਆਪਣਾ ਸ਼ਰਮਨਾਕ ਇਤਿਹਾਸ ਭੁੱਲ ਗਈਆਂ ਹਨ। ਉਨ੍ਹਾਂ ਯਾਦ ਦਿਵਾਉਂਦਿਆਂ ਕਿਹਾ ਕਿ ਅੱਜ ਸਰਕਾਰ ਦੇ ਪੈਸੇ ਦੀ ਗੱਲ ਕਰਨ ਵਾਲੇ ਦੱਸਣ ਕਿ ਜਦੋਂ ਤੁਹਾਡੀਆਂ ਸਰਕਾਰਾਂ ਸਨ, ਉਦੋਂ ਕੀ ਸਰਕਾਰੀ ਗੱਡੀਆਂ ਵਿੱਚ 'ਚਿੱਟਾ' ਸਪਲਾਈ ਨਹੀਂ ਹੁੰਦਾ ਸੀ? ਜਨਤਾ ਭੁੱਲੀ ਨਹੀਂ ਹੈ ਕਿ ਕਿਵੇਂ ਸੱਤਾ ਦੀ ਸਰਪ੍ਰਸਤੀ ਹੇਠ ਨਸ਼ੇ ਦਾ ਕਾਰੋਬਾਰ ਫਲਿਆ-ਫੁੱਲਿਆ ਸੀ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਜਨਤਾ ਦਾ ਪੈਸਾ ਨਸ਼ਾ ਖ਼ਤਮ ਕਰਨ ਅਤੇ ਪੰਜਾਬ ਦੇ ਭਵਿੱਖ ਨੂੰ ਬਚਾਉਣ ਲਈ ਖ਼ਰਚ ਕਰ ਰਹੀ ਹੈ, ਨਾ ਕਿ ਤਸਕਰਾਂ ਨੂੰ ਪਨਾਹ ਦੇਣ ਲਈ।

ਵਿਰੋਧੀਆਂ ਦੀ ਨਿਰਾਸ਼ਾ 'ਤੇ ਤੰਜ਼ ਕੱਸਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਮੋਗਾ ਦੇ ਪ੍ਰੋਗਰਾਮ ਵਿੱਚ ਤਾਂ ਅਜੇ ਸਿਰਫ਼ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰ ਹੀ ਆਏ ਸਨ, ਜਿਨ੍ਹਾਂ ਵਿੱਚ ਹਰ ਪਿੰਡ ਦੇ ਕੁਝ ਜਾਗਰੂਕ ਨਾਗਰਿਕਾਂ ਨੇ ਸਹੁੰ ਚੁੱਕੀ ਹੈ। ਜਦੋਂ 'ਯੁੱਧ ਨਸ਼ਿਆਂ ਵਿਰੁੱਧ' 2 ਤਹਿਤ ਇਨ੍ਹਾਂ ਦੇ ਨਾਲ ਪੂਰੇ ਪਿੰਡ ਇੱਕਜੁੱਟ ਹੋ ਕੇ ਨਸ਼ੇ ਖ਼ਿਲਾਫ਼ ਮੈਦਾਨ ਵਿੱਚ ਉਤਰਨਗੇ, ਉਦੋਂ ਇਨ੍ਹਾਂ ਵਿਰੋਧੀਆਂ ਦਾ ਕੀ ਹਾਲ ਹੋਵੇਗਾ।

ਪੰਨੂ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਦੂਜਾ ਪੜਾਅ ਯਕੀਨੀ ਤੌਰ 'ਤੇ ਕਾਮਯਾਬ ਹੋਵੇਗਾ ਕਿਉਂਕਿ ਅੱਜ ਹਰ ਪੰਜਾਬੀ ਨਸ਼ਾ ਮੁਕਤ ਪੰਜਾਬ ਚਾਹੁੰਦਾ ਹੈ, ਪਰ ਜੇਕਰ ਕੋਈ ਨਹੀਂ ਚਾਹੁੰਦਾ ਤਾਂ ਉਹ ਸਿਰਫ਼ ਵਿਰੋਧੀ ਪਾਰਟੀਆਂ ਹਨ, ਕਿਉਂਕਿ ਨਸ਼ੇ ਦਾ ਖ਼ਾਤਮਾ ਹੁੰਦੇ ਹੀ ਇਨ੍ਹਾਂ ਦੀ ਰਾਜਨੀਤੀ ਦੀ ਦੁਕਾਨ ਬੰਦ ਹੋ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਮਾਨ ਸਰਕਾਰ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੇ ਕਿਸੇ ਵੀ ਸ਼ਖ਼ਸ ਨੂੰ ਨਹੀਂ ਬਖਸ਼ੇਗੀ।

# ਪੰਜਾਬ ਸਰਕਾਰ ਵੱਲੋਂ ਲੁਧਿਆਣਾ ਦੇ ਫਰਜ਼ੀ ਸਕੂਲ ਖ਼ਿਲਾਫ਼ ਸਖ਼ਤ ਕਾਰਵਾਈ

## ਮਾਨਤਾ ਵਾਪਸ ਲੈਣ ਤੇ ਅਪਰਾਧਿਕ ਸ਼ਿਕਾਇਤ ਦਰਜ ਕਰਨ ਲਈ ਕਾਰਵਾਈ ਆਰੰਭੀ

ਲੁਧਿਆਣਾ, 16 ਫਰਵਰੀ (ਵਿਸ਼ਾਲ ਸ਼ਰਮਾ) : ਸੂਬੇ ਦੀ ਸਿੱਖਿਆ ਪ੍ਰਣਾਲੀ ਦੀ ਪਵਿੱਤਰਤਾ ਤੇ ਇਮਾਨਦਾਰੀ ਨੂੰ ਬਰਕਰਾਰ ਰੱਖਣ ਲਈ ਵੱਡੀ ਕਾਰਵਾਈ ਕਰਦਿਆਂ ਪੰਜਾਬ ਸਰਕਾਰ ਨੇ ਲੁਧਿਆਣਾ ਦੇ ਇੱਕ ਫਰਜ਼ੀ ਸਕੂਲ ਵਿਰੁੱਧ ਸਖ਼ਤ ਕਾਰਵਾਈ ਕੀਤੀ ਹੈ ਕਿਉਂਕਿ ਇਸ ਸਕੂਲ ਵਿੱਚ ਪ੍ਰੈਕਟੀਕਲ ਪ੍ਰੀਖਿਆ ਲਈ ਸਹੂਲਤਾਂ ਦੀ ਘਾਟ ਦੇ ਬਾਵਜੂਦ 12ਵੀਂ ਦੀਆਂ ਪ੍ਰੀਖਿਆਵਾਂ ਲਈ ਵਿਦਿਆਰਥੀਆਂ ਨੂੰ ਰਜਿਸਟਰ ਕੀਤਾ ਗਿਆ ਸੀ।



ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ (ਪੀ.ਐਸ.ਈ.ਬੀ.) ਵੱਲੋਂ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਮਹਿਦੂਦਾਂ, ਲੁਧਿਆਣਾ (ਸਕੂਲ ਕੋਡ 3100187) ਵਿਰੁੱਧ ਸਖ਼ਤ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਵਿੱਚ ਮਾਨਤਾ ਵਾਪਸ ਲੈਣਾ ਅਤੇ ਫਰਜ਼ੀ ਦਸਤਾਵੇਜ਼ ਜਮ੍ਹਾਂ ਕਰਾਉਣ ਲਈ ਅਪਰਾਧਿਕ ਸ਼ਿਕਾਇਤ ਦਰਜ ਕਰਨਾ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਪੀ.ਐਸ.ਈ.ਬੀ. ਨੇ ਸਕੂਲ ਵੱਲੋਂ ਰਜਿਸਟਰ ਕੀਤੇ ਸਾਰੇ 27 ਵਿਦਿਆਰਥੀਆਂ ਦੇ ਰੋਲ ਨੰਬਰ ਵੀ ਰੱਦ ਕਰ ਦਿੱਤੇ ਹਨ।

ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਫਿਜੀਕਲ ਜਾਂਚ ਦੌਰਾਨ, ਇਸ ਸਕੂਲ ਦਾ ਕੋਈ ਵਜੂਦ ਸਾਹਮਣੇ ਨਹੀਂ ਆਇਆ, ਇਸ ਦੀ ਇਮਾਰਤ ਕਿਰਾਏ 'ਤੇ ਦਿੱਤੀ ਗਈ ਸੀ ਅਤੇ ਕੋਈ ਕਲਾਸ ਨਹੀਂ ਲਗਾਈ ਜਾ ਰਹੀ ਸੀ। 12ਵੀਂ ਜਮਾਤ ਦੀਆਂ ਪ੍ਰੀਖਿਆਵਾਂ ਲਈ ਰਜਿਸਟਰਡ 27 ਵਿਦਿਆਰਥੀਆਂ ਦੇ ਰੋਲ ਨੰਬਰ ਵੀ ਮੌਜੂਦ ਨਹੀਂ ਸਨ, ਜਿਸ ਕਾਰਨ ਪੀ.ਐਸ.ਈ.ਬੀ. ਨੇ ਉਨ੍ਹਾਂ ਦੇ ਰੋਲ ਨੰਬਰ ਰੱਦ ਕਰ ਦਿੱਤੇ। ਉਨ੍ਹਾਂ ਦੱਸਿਆ ਕਿ ਚਾਰ ਹੋਰ ਸਕੂਲ ਜਾਂਚ ਅਧੀਨ ਹਨ, ਕਿਉਂਕਿ ਪੰਜਾਬ ਸਰਕਾਰ ਸਿੱਖਿਆ ਦੀ ਗੁਣਵੱਤਾ ਨਾਲ ਸਮਝੌਤਾ ਕਰਨ ਵਾਲੇ ਅਤੇ ਪ੍ਰੀਖਿਆ ਵਿੱਚ ਗੜਬੜੀਆਂ ਕਰਨ ਵਾਲੀਆਂ ਸੰਸਥਾਵਾਂ 'ਤੇ ਸ਼ਿਕੰਜਾ ਕੱਸਣ ਲਈ ਵਚਨਬੱਧ ਹੈ।

ਹਰਜੋਤ ਸਿੰਘ ਬੈਂਸ ਨੇ ਕਿਹਾ, ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮਿਆਰੀ ਸਿੱਖਿਆ ਨੂੰ ਯਕੀਨੀ ਬਣਾਉਣ ਅਤੇ ਵਿਦਿਆਰਥੀਆਂ ਦੇ ਭਵਿੱਖ ਦੀ ਰੱਖਿਆ ਲਈ ਵਚਨਬੱਧ ਹੈ। ਅਸੀਂ 'ਗੋਸਟ ਸਕੂਲ' ਚਲਾਉਣ ਵਾਲੀਆਂ ਅਤੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੀਆਂ ਸੰਸਥਾਵਾਂ ਵਿਰੁੱਧ ਸਖ਼ਤ ਕਾਰਵਾਈ ਕਰਾਂਗੇ ਅਤੇ ਕੋਈ ਨਰਮੀ ਨਹੀਂ ਵਰਤੀ ਜਾਵੇਗੀ।

ਸਿੱਖਿਆ ਮੰਤਰੀ ਨੇ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਭਰੋਸਾ ਦਿੱਤਾ ਕਿ ਵਿਦਿਆਰਥੀਆਂ ਨੂੰ ਹੋਰ ਸਕੂਲ ਅਲਾਟ ਕਰਕੇ ਅਤੇ ਮਾਰਗਦਰਸ਼ਨ ਰਾਹੀਂ ਯੋਗ ਵਿਦਿਆਰਥੀਆਂ ਦੇ ਹਿੱਤਾਂ ਦੀ ਰੱਖਿਆ ਕੀਤੀ ਜਾਵੇਗੀ ਅਤੇ ਫਰਜ਼ੀ ਸੰਸਥਾਵਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਾਂਚ ਟੀਮਾਂ ਨੂੰ ਹੋਰ ਸ਼ੱਕੀ ਸਕੂਲਾਂ ਦੀ ਜਾਂਚ ਵਿੱਚ ਤੇਜ਼ੀ ਲਿਆਉਣ ਅਤੇ ਜਲਦ ਤੋਂ ਜਲਦ ਰਿਪੋਰਟਾਂ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

# ਨੈਸ਼ਨਲ ਗ੍ਰੀਨ ਟ੍ਰਿਬਿਊਨਲ ਨੇ ਪੰਜਾਬ 'ਚ 85 ਥਾਵਾਂ 'ਤੇ ਮਾਈਨਿੰਗ ਰੋਕੀ

## ਮਾਈਨਿੰਗ ਦੀ ਆੜ ਹੇਠ ਵਾਤਾਵਰਨ ਨਿਯਮਾਂ ਦੀ ਅਣਦੇਖੀ ਕਰਨ ਦਾ ਇਲਜ਼ਾਮ

ਗੁਰਦਾਸਪੁਰ, 16 ਫਰਵਰੀ (ਚ.ਨ.ਸ.): ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਗਾਹਲੜੀ ਦੀ ਪੰਚਾਇਤ ਵੱਲੋਂ ਦਾਇਰ ਅਰਜ਼ੀ 'ਤੇ ਸੁਣਵਾਈ ਕਰਦਿਆਂ ਕੌਮੀ ਗਰੀਨ ਟ੍ਰਿਬਿਊਨਲ (ਐੱਨ.ਜੀ.ਟੀ.) ਨੇ ਸੂਬੇ ਭਰ ਦੀਆਂ ਸਾਰੀਆਂ 85 ਥਾਵਾਂ 'ਤੇ ਖਣਨ ਕਰਨ 'ਤੇ ਪਾਬੰਦੀ ਲਗਾ ਦਿੱਤੀ ਹੈ। ਐੱਨ.ਜੀ.ਟੀ. ਦੇ ਨਵੀਂ ਦਿੱਲੀ ਸਥਿਤ ਪ੍ਰਮੁੱਖ ਬੈਂਚ ਨੇ ਇਹ ਹੁਕਮ ਜਾਰੀ ਕੀਤੇ ਹਨ। ਇਹ ਪਾਬੰਦੀ ਅਗਲੇ ਹੁਕਮਾਂ ਤੱਕ ਜਾਰੀ ਰਹੇਗੀ। ਉੱਧਰ ਇਸ ਸਬੰਧੀ ਖਣਨ ਵਿਭਾਗ ਦੇ ਅਧਿਕਾਰੀ ਨੇ ਕਿਹਾ ਕਿ ਵਿਭਾਗ ਇਸ ਮਾਮਲੇ ਵਿੱਚ ਕੋਈ ਵੀ ਟਿੱਪਣੀ ਸਿਰਫ਼ ਐੱਨ.ਜੀ.ਟੀ. ਦੇ ਲਿਖਤੀ ਹੁਕਮਾਂ ਨੂੰ ਚੰਗੀ ਤਰ੍ਹਾਂ ਪੜ੍ਹਨ ਅਤੇ ਸਮਝਣ ਤੋਂ ਬਾਅਦ ਹੀ ਕਰੇਗਾ। ਪੰਜਾਬ ਸਰਕਾਰ ਦੇ ਜਲ ਸਰੋਤ ਵਿਭਾਗ ਨੇ ਪਿਛਲੇ ਸਾਲ ਇਨ੍ਹਾਂ 85 ਥਾਵਾਂ ਦੀ ਨਿਸ਼ਾਨਦੇਹੀ ਕੀਤੀ ਸੀ ਅਤੇ ਹਾਲ ਹੀ ਵਿੱਚ ਇਨ੍ਹਾਂ ਥਾਵਾਂ ਤੋਂ ਰੇਤਾ-ਬਜਰੀ ਕੱਢਣ ਲਈ ਟੈਂਡਰ ਨੋਟਿਸ ਜਾਰੀ ਕੀਤੇ ਸਨ। ਗਾਹਲੜੀ ਦੀ ਪੰਚਾਇਤ ਦੇ ਵਕੀਲ ਨੇ ਦਲੀਲ ਦਿੱਤੀ ਕਿ ਕਿਉਂਕਿ ਇਹ ਸਾਰਾ ਕੰਮ ਵਪਾਰਕ ਉਦੇਸ਼ਾਂ ਲਈ ਕੀਤਾ ਜਾ ਰਿਹਾ ਹੈ, ਇਸ ਲਈ ਕਾਨੂੰਨ ਅਨੁਸਾਰ ਵਾਤਾਵਰਨ ਸਬੰਧੀ ਮਨਜ਼ੂਰੀਆਂ ਲੈਣੀਆਂ ਲਾਜ਼ਮੀ ਹਨ। ਪੰਚਾਇਤ ਨੇ ਇਹ ਵੀ ਕਿਹਾ ਕਿ ਉਨ੍ਹਾਂ ਦਾ ਪਿੰਡ ਦਰਿਆ ਦੇ ਹੇਠਲੇ ਪਾਸੇ ਸਥਿਤ ਹੈ ਅਤੇ ਜੇਕਰ ਇੱਥੇ ਖੁਦਾਈ ਕੀਤੀ ਗਈ ਤਾਂ ਪਿੰਡ ਵਾਸੀਆਂ ਦੀਆਂ ਜ਼ਮੀਨਾਂ 'ਤੇ ਮਾੜਾ ਅਸਰ ਪਵੇਗਾ। ਐੱਨ.ਜੀ.ਟੀ. ਨੇ ਬਹੁਤ ਹੀ ਸੰਤੁਲਿਤ ਪਰ ਸਖ਼ਤ ਰੁਖ਼ ਅਪਣਾਉਂਦੇ ਹੋਏ ਕਿਹਾ ਕਿ ਭਾਵੇਂ ਟੈਂਡਰ ਦਾ ਕੰਮ ਅੱਗੇ ਵਧੇਗਾ, ਪਰ ਦਰਿਆਈ ਸਮੱਗਰੀ ਕੱਢਣ ਦਾ ਕੰਮ ਸ਼ੁਰੂ ਨਹੀਂ ਹੋਵੇਗਾ। ਪੰਚਾਇਤ ਦੇ ਵਕੀਲ ਨੇ ਅਦਾਲਤ ਵਿੱਚ ਜ਼ੋਰ ਦੇ ਕੇ ਕਿਹਾ ਕਿ ਖਣਨ ਦੀ ਆੜ ਹੇਠ ਵਾਤਾਵਰਨ ਨਿਯਮਾਂ ਦੀ ਅਣਦੇਖੀ ਕੀਤੀ ਜਾ ਰਹੀ ਹੈ। ਵਪਾਰਕ ਪੱਧਰ 'ਤੇ ਕੀਤੀ ਜਾਣ ਵਾਲੀ ਖੁਦਾਈ ਲਈ ਜ਼ਰੂਰੀ ਮਨਜ਼ੂਰੀਆਂ ਲੈਣੀਆਂ ਲਾਜ਼ਮੀ ਹਨ। ਇਹ ਹੁਕਮ ਪਿੰਡ ਵਾਸੀਆਂ ਲਈ ਬਹੁਤ ਮਹੱਤਵ ਰੱਖਦਾ ਹੈ। ਪਿਛਲੇ ਸਾਲ (ਅਗਸਤ ਤੇ ਸਤੰਬਰ, 2025) ਵਿੱਚ ਪੰਜਾਬ ਦੇ ਕਈ ਇਲਾਕਿਆਂ 'ਚ ਆਏ ਭਿਆਨਕ ਹੜ੍ਹਾਂ ਕਾਰਨ ਵੱਡੇ ਪੱਧਰ 'ਤੇ ਜ਼ਮੀਨਾਂ ਬਰਬਾਦ ਹੋ ਗਈਆਂ ਸਨ। ਪਿੰਡ ਵਾਸੀਆਂ ਦਾ ਮੰਨਣਾ ਹੈ ਕਿ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਕੀਤੀ ਗੈਰ-ਕਾਨੂੰਨੀ ਮਾਈਨਿੰਗ ਕਾਰਨ ਦਰਿਆਵਾਂ ਦੇ ਬੰਨ੍ਹ ਕਮਜ਼ੋਰ ਹੋ ਗਏ ਸਨ, ਜਿਸ ਕਾਰਨ ਹੜ੍ਹਾਂ ਨੇ ਭਾਰੀ ਤਬਾਹੀ ਮਚਾਈ ਸੀ।



# LPU ਦੇ ਵਿਦਿਆਰਥੀ ਨੇ ਲਾਇਬ੍ਰੇਰੀ ਦੀ ਇਮਾਰਤ ਤੋਂ ਛਾਲ ਮਾਰ ਕੀਤੀ ਖ਼ੁਦਕੁਸ਼ੀ

## ਯੂਨੀਵਰਸਿਟੀ ਕੈਂਪਸ ਦੇ ਅੰਦਰ ਸਥਿਤ ਲਾਇਬ੍ਰੇਰੀ ਦੀ ਨੌਵੀਂ ਮੰਜ਼ਿਲ ਤੋਂ ਮਾਰੀ ਛਾਲ

ਫਗਵਾੜਾ, 16 ਫਰਵਰੀ (ਚ.ਨ.ਸ.) : ਫਗਵਾੜਾ ਦੀ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (LPU) ਦੇ ਇੱਕ 20 ਸਾਲਾ ਵਿਦਿਆਰਥੀ ਨੇ ਖ਼ੁਦਕੁਸ਼ੀ ਕਰ ਲਈ। ਮ੍ਰਿਤਕ ਦੀ ਪਛਾਣ ਫਿਲੌਰ ਨੇੜਲੇ ਪਿੰਡ ਸੁੰਨੜ ਖੁਰਦ ਦੇ ਰਹਿਣ ਵਾਲੇ ਨਿਖਿਲ ਸਿਮਕ ਵਜੋਂ ਹੋਈ ਹੈ। ਮੁੱਢਲੀ ਜਾਣਕਾਰੀ ਅਨੁਸਾਰ ਵਿਦਿਆਰਥੀ ਨੇ ਕਥਿਤ ਤੌਰ 'ਤੇ ਯੂਨੀਵਰਸਿਟੀ ਕੈਂਪਸ ਦੇ ਅੰਦਰ ਸਥਿਤ ਲਾਇਬ੍ਰੇਰੀ ਦੀ ਨੌਵੀਂ ਮੰਜ਼ਿਲ ਤੋਂ ਛਾਲ ਮਾਰ ਦਿੱਤੀ। ਯੂਨੀਵਰਸਿਟੀ ਪ੍ਰਸ਼ਾਸਨ ਅਤੇ ਸਾਥੀ ਵਿਦਿਆਰਥੀ ਉਸ ਨੂੰ ਐਮਰਜੈਂਸੀ ਡਾਕਟਰੀ ਸਹਾਇਤਾ ਲਈ ਸਿਵਲ ਹਸਪਤਾਲ ਫਗਵਾੜਾ ਲੈ ਗਏ। ਐਮਰਜੈਂਸੀ ਮੈਡੀਕਲ ਅਫਸਰ ਡਾ. ਸਿਮਰ ਨੇ ਵਿਦਿਆਰਥੀ ਦੀ ਜਾਂਚ ਕੀਤੀ ਅਤੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਘਟਨਾ ਤੋਂ ਤੁਰੰਤ ਬਾਅਦ ਸੀਨੀਅਰ ਸੁਪਰਡੈਂਟ ਆਫ ਪੁਲੀਸ (ਐਸ.ਐਸ.ਪੀ.) ਮਾਧਵੀ ਸ਼ਰਮਾ ਮੌਕੇ 'ਤੇ ਪਹੁੰਚੇ। ਉਨ੍ਹਾਂ ਦੱਸਿਆ ਕਿ ਸਥਾਨਕ ਪੁਲੀਸ ਨੇ ਇਸ ਦੁਖਦਾਈ ਘਟਨਾ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ,ਸਾਰੇ ਪਹਿਲੂਆਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਬਿਆਨ ਦਰਜ ਕੀਤੇ ਜਾ ਰਹੇ ਹਨ। ਮਾਮਲਾ ਜਾਂਚ ਅਧੀਨ ਹੈ। ਯੂਨੀਵਰਸਿਟੀ ਪ੍ਰਸ਼ਾਸਨ ਨੇ ਵਿਦਿਆਰਥੀ ਦੀ ਬੇਵਕਤੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਦੁਖੀ ਪਰਿਵਾਰ ਨਾਲ ਹਮਦਰਦੀ ਜ਼ਾਹਰ ਕੀਤੀ। ਇਸ ਘਟਨਾ ਨਾਲ ਪੂਰੇ ਕੈਂਪਸ ਵਿੱਚ ਸੋਗ ਦੀ ਲਹਿਰ ਹੈ। ਵਿਦਿਆਰਥੀ ਅਤੇ ਫੈਕਲਟੀ ਮੈਂਬਰਾਂ ਨੇ ਵੀ ਵਿਦਿਆਰਥੀ ਦੀ ਮੌਤ 'ਤੇ ਦੁੱਖ ਜ਼ਾਹਰ ਕੀਤਾ ਹੈ। ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜਦੋਂ ਤੱਕ ਜਾਂਚ ਚੱਲ ਰਹੀ ਹੈ, ਉਦੋਂ ਤੱਕ ਅਟਕਲਾਂ ਲਗਾਉਣ ਤੋਂ ਗੁਰੇਜ਼ ਕੀਤਾ ਜਾਵੇ।

## ਬੱਸ ਤੇ ਐਕਟਿਵਾ ਵਿਚਾਲੇ ਟੱਕਰ, ਪਤੀ-ਪਤਨੀ ਦੀ ਮੌਤ

ਨੌਸ਼ਹਿਰਾ ਮੱਝਾ ਸਿੰਘ, 16 ਫਰਵਰੀ (ਚ.ਨ.ਸ.) : ਬਟਾਲਾ ਦੇ ਨੌਸ਼ਹਿਰਾ ਮੱਝਾ ਸਿੰਘ ਵਿਖੇ ਸੜਕ ਹਾਦਸੇ ਵਿਚ ਪਤੀ-ਪਤਨੀ ਦੀ ਮੌਤ ਹੋ ਗਈ ਹੈ। ਜਾਣਕਾਰੀ ਮੁਤਾਬਕ ਨੈਸ਼ਨਲ ਹਾਈਵੇਅ ਦੇ ਸਤਕੋਹਾ ਮੋੜ ਨੇੜੇ ਬੱਸ ਤੇ ਐਕਟੀਵਾ ਵਿਚਾਲੇ ਭਿਆਨਕ ਟੱਕਰ ਹੋ ਗਈ। ਮ੍ਰਿਤਕਾਂ ਦੀ ਪਛਾਣ ਨਿਸ਼ਾਨ ਸਿੰਘ ਤੇ ਦਲਜੀਤ ਕੌਰ ਵਜੋਂ ਹੋਈ ਹੈ। ਦੋਵੇਂ ਪਤੀ-ਪਤਨੀ ਐਕਟਿਵਾ 'ਤੇ ਗੁਰੂ ਘਰ ਤੋਂ ਮੱਥਾ ਟੇਕ ਕੇ ਵਾਪਸ ਆਪਣੇ ਪਿੰਡ ਨੂੰ ਜਾ ਰਹੇ ਸਨ ਤੇ ਜਦੋਂ ਉਹ ਸਤਕੋਹਾ ਮੋੜ ਨੇੜੇ ਪਹੁੰਚੇ ਤਾਂ ਬੱਸ ਨੇ ਉਨ੍ਹਾਂ ਦੀਆਂ ਐਕਟਿਵਾ ਨੂੰ ਟੱਕਰ ਮਾਰ ਦਿੱਤੀ। ਹਾਦਸੇ ਵਿਚ ਦੋਵੇਂ ਗੰਭੀਰ ਜਖ਼ਮੀ ਹੋ ਗਏ। ਜ਼ਖਮੀ ਨਿਸ਼ਾਨ ਸਿੰਘ ਤੇ ਦਲਜੀਤ ਕੌਰ ਨੂੰ ਮੌਕੇ 'ਤੇ ਮੌਜੂਦ ਲੋਕਾਂ ਵੱਲੋਂ ਤੁਰੰਤ ਹਸਪਤਾਲ ਭਰਤੀ ਕਰਾਇਆ ਗਿਆ, ਜਿੱਥੇ ਡਾਕਟਰਾਂ ਵੱਲੋਂ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ ਹੈ। ਮ੍ਰਿਤਕ ਪਤੀ-ਪਤਨੀ ਆਪਣੇ ਪਿੱਛੇ 2 ਮੁੰਡੇ ਤੇ ਇਕ ਧੀ ਛੱਡ ਗਏ ਹਨ। ਹਾਦਸੇ ਮਗਰੋਂ ਪੂਰੇ ਇਲਾਕੇ ਵਿਚ ਸੋਗ ਦਾ ਮਾਹੌਲ ਹੈ ਤੇ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ।

# 'ਗੈਂਗਸਟਰਾਂ 'ਤੇ ਵਾਰ' ਦਾ 27ਵਾਂ ਦਿਨ, 516 ਥਾਵਾਂ 'ਤੇ ਕੀਤੀ ਛਾਪੇਮਾਰੀ; 181 ਕਾਬੂ

ਚੰਡੀਗੜ੍ਹ, 16 ਫਰਵਰੀ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੇ 27ਵੇਂ ਦਿਨ, ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਨਾਲ ਸਬੰਧਤ ਪਛਾਣੇ ਗਏ ਅਤੇ ਮੈਪ ਕੀਤੇ ਟਿਕਾਣਿਆਂ 'ਤੇ 516 ਛਾਪੇਮਾਰੀਆਂ ਕੀਤੀਆਂ।

ਜਾਣਕਾਰੀ ਅਨੁਸਾਰ, 'ਗੈਂਗਸਟਰਾਂ 'ਤੇ ਵਾਰ' - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਵਿੱਢੀ ਇੱਕ ਫੈਸਲਾਕੁੰਨ ਜੰਗ - 20 ਜਨਵਰੀ, 2026 ਨੂੰ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਇਸ ਤਹਿਤ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਵੱਲੋਂ ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।

ਇਸ ਮੁਹਿੰਮ ਦੇ 27ਵੇਂ ਦਿਨ, ਪੁਲਿਸ ਟੀਮਾਂ ਨੇ 181 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 2 ਹਥਿਆਰ ਬਰਾਮਦ ਕੀਤੇ। ਇਸ ਦੇ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਗਿਣਤੀ 9,442 ਹੋ ਗਈ ਹੈ।

ਇਸ ਤੋਂ ਇਲਾਵਾ 67 ਵਿਅਕਤੀਆਂ ਵਿਰੁੱਧ ਰੋਕਥਾਮ ਕਾਰਵਾਈ ਕੀਤੀ ਗਈ, ਜਦੋਂ ਕਿ 139 ਵਿਅਕਤੀਆਂ ਦੀ ਤਸਦੀਕ ਕੀਤੀ ਗਈ ਅਤੇ ਪੁੱਛਗਿੱਛ ਤੋਂ ਬਾਅਦ ਉਨ੍ਹਾਂ ਨੂੰ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਵੱਲੋਂ ਕਾਰਵਾਈ ਦੌਰਾਨ 9 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ।

ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਬਾਰੇ ਜਾਣਕਾਰੀ ਅਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਇਤਲਾਹ ਦੇਣ ਲਈ ਲੋਕ ਗੁਪਤ ਰੂਪ ਵਿੱਚ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਸੰਪਰਕ ਕਰ ਸਕਦੇ ਹਨ। ਜ਼ਿਕਰਯੋਗ ਹੈ ਕਿ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 352ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 77 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2 ਕਿਲੋ ਹੈਰੋਇਨ, 1345 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 69,120 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਨਾਲ, ਸਿਰਫ 352 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 49,841 ਹੋ ਗਈ ਹੈ।

ਜ਼ਿਕਰਯੋਗ ਹੈ ਕਿ ਬਠਿੰਡਾ ਪੁਲਿਸ ਨੇ ਇੱਕ ਨਸ਼ਾ ਤਸਕਰ ਨੂੰ 1.5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ।

ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 16 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਲਈ ਰਾਜ਼ੀ ਕੀਤਾ ਹੈ।



ਇਨਕਮ ਟੈਕਸ ਦਫ਼ਤਰ ਨੇੜੇ ਨੀਲ੍ਹਾ ਭਵਨ ਪਟਿਆਲਾ ਵਿਖੇ ਸ਼ਿਵਰਾਤਰੀ ਮੌਕੇ ਵਿਸ਼ਾਲ ਭੰਡਾਰਾ ਲਗਾਇਆ

# ਮੰਦਬੁੱਧੀ ਦਲਿਤ ਨੌਜਵਾਨ ਨਾਲ ਕੁੱਤੇ ਤੋਂ ਕੁਕਰਮ ਕਰਵਾਉਣ ਦੇ ਮਾਮਲੇ ਵਿੱਚ ਐਸ.ਸੀ.ਕਮਿਸ਼ਨ ਵੱਲੋਂ ਜਲੰਧਰ ਦਿਹਾਤੀ ਦੇ ਐਸ.ਐਸ.ਪੀ. ਤੋਂ ਰਿਪੋਰਟ ਤਲਬ

ਚੰਡੀਗੜ੍ਹ, 16 ਫਰਵਰੀ (ਚ.ਨ.ਸ.): ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਫਿਲੌਰ ਵਿੱਚ ਇਕ ਮੰਦਬੁੱਧੀ ਦਲਿਤ ਨੌਜਵਾਨ ਨਾਲ ਕੁੱਤੇ ਤੋਂ ਕੁਕਰਮ ਕਰਵਾਉਣ ਦੇ ਮਾਮਲੇ ਵਿੱਚ ਸੂ ਮੋਟੋ ਨੋਟਿਸ ਲਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਫਿਲੌਰ ਵਿੱਚ ਇਕ ਮੰਦਬੁੱਧੀ ਦਲਿਤ ਨੌਜਵਾਨ ਨਾਲ ਕੁੱਤੇ ਤੋਂ ਕੁਕਰਮ ਕਰਵਾਉਣ ਦੇ ਮਾਮਲੇ ਵਿੱਚ ਵੀਡੀਓ ਵਾਇਰਲ ਹੋਈ ਹੈ ਅਤੇ ਅਖ਼ਬਾਰਾਂ ਵਿਚ ਖ਼ਬਰਾਂ ਵੀ ਛਪੀਆਂ ਹਨ, ਜਿਸ ਦਾ ਕਮਿਸ਼ਨ ਵੱਲੋਂ ਸੂ ਮੋਟੋ ਨੋਟਿਸ ਲੈਂਦਿਆਂ ਜਲੰਧਰ ਦਿਹਾਤੀ ਦੇ ਐਸ.ਐਸ.ਪੀ. ਤੋਂ 19 ਫਰਵਰੀ 2026 ਨੂੰ ਰਿਪੋਰਟ ਤਲਬ ਕਰਦਿਆਂ ਸੂਚਨਾ ਦੀ ਰਿਪੋਰਟ ਦੋ ਪੜਤਾਂ (ਇੱਕ ਅਸਲ ਅਤੇ ਇੱਕ ਫੋਟੋ ਕਾਪੀ) ਵਿੱਚ ਡੀ.ਐਸ.ਪੀ ਭਰਤ ਮਸੀਹ ਨੂੰ ਨਿੱਜੀ ਤੌਰ 'ਤੇ ਕਮਿਸ਼ਨ ਦਫਤਰ ਵਿਖੇ ਪੇਸ਼ ਕਰਨ ਦੇ ਹੁਕਮ ਦਿੱਤੇ ਹਨ।

# ਭਾਰਤ-ਅਮਰੀਕਾ ਵਪਾਰ ਸਮਝੌਤਾ ਕੇਂਦਰ ਵੱਲੋਂ ਕਿਸਾਨਾਂ ਨਾਲ ਵੱਡਾ ਵਿਸ਼ਵਾਸਘਾਤ : ਸੰਧਵਾਂ

ਚੰਡੀਗੜ੍ਹ, 16 ਫਰਵਰੀ (ਚ.ਨ.ਸ.) : ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੇਂਦਰ ਸਰਕਾਰ 'ਤੇ ਭਾਰਤ-ਅਮਰੀਕਾ ਵਪਾਰ ਸਮਝੌਤੇ ਰਾਹੀਂ ਦੇਸ਼ ਦੇ ਕਿਸਾਨਾਂ ਨਾਲ ਧੋਖਾ ਕਰਨ ਦਾ ਦੋਸ਼ ਲਾਇਆ ਹੈ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਭਾਰਤ ਦੇ ਕਿਸਾਨਾਂ ਲਈ ਕਾਫ਼ੀ ਨੁਕਸਾਨਦੇਹ ਸਾਬਤ ਹੋਵੇਗਾ।

ਉਨ੍ਹਾਂ ਕਿਹਾ ਕਿ ਇਹ ਸਮਝੌਤਾ ਨਾ ਸਿਰਫ਼ ਸਾਡੇ ਅੰਨਦਾਤਾ ਨੂੰ ਤਬਾਹ ਕਰੇਗਾ, ਸਗੋਂ ਉਨ੍ਹਾਂ ਦੇ ਹਿੱਤਾਂ ਨੂੰ ਵੀ ਢਾਹ ਲਾਵੇਗਾ। ਉਨ੍ਹਾਂ ਕੇਂਦਰ ਸਰਕਾਰ ਦੇ ਇਸ ਫੈਸਲੇ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਭਾਜਪਾ ਸਰਕਾਰ ਲਗਾਤਾਰ ਸਾਡੇ ਦੇਸ਼ ਦੇ ਕਿਸਾਨਾਂ ਨੂੰ ਗੁੰਮਰਾਹ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਹਰ ਕਦਮ 'ਤੇ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।

ਸੰਧਵਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਾਜਬ ਕੀਮਤਾਂ, ਸਬਸਿਡੀਆਂ, ਬੁਨਿਆਦੀ ਢਾਂਚਾ ਅਤੇ ਜੋਖਮ ਸੁਰੱਖਿਆ ਵਰਗੇ ਮਜ਼ਬੂਤ ਘਰੇਲੂ ਸਮਰਥਨਾਂ ਤੋਂ ਬਿਨਾਂ, ਵਿਦੇਸ਼ੀ ਕਾਰੋਬਾਰਾਂ ਲਈ ਬਾਜ਼ਾਰ ਖੋਲ੍ਹਣ ਦਾ ਇਹ ਕਦਮ ਛੋਟੇ ਅਤੇ ਸੀਮਾਂਤ ਕਿਸਾਨਾਂ ਲਈ ਵੱਡੀ ਪਰੇਸ਼ਾਨੀ ਖੜ੍ਹੀ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਕਿਸਾਨਾਂ ਦਾ ਵਿਰੋਧ ਇੱਕ ਚੇਤਾਵਨੀ ਸੰਕੇਤ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਇਹ ਸਮਝਦੀ ਹੈ ਕਿ ਇਹ ਸਮਝੌਤਾ ਸੱਚਮੁੱਚ ਕਿਸਾਨਾਂ ਦੇ ਹਿੱਤਾਂ ਨੂੰ ਤਰਜੀਹ ਦਿੰਦਾ ਹੈ ਤਾਂ ਉਸਨੂੰ ਪਾਰਦਰਸ਼ਤਾ, ਸੰਸਦੀ ਬਹਿਸ ਅਤੇ ਅਰਥਪੂਰਨ ਸਲਾਹ-ਮਸ਼ਵਰੇ ਰਾਹੀਂ ਇਹ ਸਾਬਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਖੇਤੀ ਸੈਕਟਰ 'ਚ ਸੁਧਾਰਾਂ ਦੀ ਇਹ ਧਾਰਨਾ ਇੱਕ ਵਾਰ ਫਿਰ ਦੇਸ਼ ਦਾ ਢਿੱਡ ਭਰਨ ਵਾਲੇ ਸਾਡੇ ਕਿਸਾਨਾਂ ਦੇ ਸ਼ੰਕੇ-ਚਿੰਤਾਵਾਂ ਨੂੰ ਦੂਰ ਕਰਨ ਵਿੱਚ ਅਸਫ਼ਲ ਰਹੇਗੀ।


## ਪੰਜਾਬ ਨੈਸ਼ਨਲ ਬੈਂਕ

ਅਸੈਟ ਰਿਕਵਰੀ ਅਤੇ ਮੈਨੇਜਮੈਂਟ ਸ਼ਾਖਾ (ਏਆਰਐਮਬੀ)

ਪਲਾਟ ਨੰ. 10, ਬੀ-ਬਲਾਕ, ਜ਼ਿਲ੍ਹਾ ਸ਼ਾਪਿੰਗ ਕੰਪਲੈਕਸ, ਰਣਜੀਤ ਐਵੇਨਿਊ, ਅੰਮ੍ਰਿਤਸਰ

**ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਸਰਫਾਇਸੀ ਐਕਟ) ਦੇ ਲਾਗੂਕਰਨ ਦੀ ਧਾਰਾ 13(2) ਦੇ ਤਹਿਤ ਮੰਗ ਨੋਟਿਸ (ਸਰਫਾਇਸੀ ਐਕਟ), ਸੁਰੱਖਿਆ ਵਿਆਜ (ਲਾਗੂਕਰਨ) ਨਿਯਮ 2002 ਦੇ ਨਿਯਮ 3 ਦੇ ਨਾਲ ਪੜ੍ਹੋ।**

ਤੁਹਾਨੂੰ ਸਾਰਿਆਂ ਨੂੰ, ਹੇਠਾਂ ਦੱਸੇ ਗਏ ਵਿਅਕਤੀਆਂ (ਕਰਜ਼ਦਾਰ/ਜ਼ਾਮਨ) ਨੂੰ, ਬੈਂਕ ਦੇ 'ਅਧਿਕਾਰਤ ਅਧਿਕਾਰੀ' ਦੁਆਰਾ ਸਰਫਾਇਸੀ ਐਕਟ 2002 ਦੀ ਧਾਰਾ 13(2) ਦੇ ਤਹਿਤ ਰਜਿਸਟਰਡ ਮੰਗ ਨੋਟਿਸ ਭੇਜੇ ਗਏ ਸਨ, ਜਿਸ ਵਿੱਚ ਤੁਹਾਨੂੰ ਸਾਰਿਆਂ ਨੂੰ ਨੋਟਿਸ ਦੀ ਮਿਤੀ ਦੇ ਅਨੁਸਾਰ ਖਾਤੇ ਦੇ ਵਿਰੁੱਧ ਦੱਸੀ ਗਈ ਮੰਗ ਨੋਟਿਸ ਦੀ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਗਿਆ ਸੀ, ਜਦੋਂ ਤੱਕ ਨੋਟਿਸ ਦੇ 60 ਦਿਨਾਂ ਦੇ ਅੰਦਰ ਭੁਗਤਾਨ ਨਹੀਂ ਹੋ ਜਾਂਦਾ। ਉਕਤ ਮੰਗ ਨੋਟਿਸ ਤੁਹਾਡੇ ਸਾਰਿਆਂ ਨੂੰ ਨਹੀਂ ਦਿੱਤਾ ਜਾ ਸਕਿਆ ਅਤੇ ਕੁਝ ਮਾਮਲਿਆਂ ਵਿੱਚ ਇਸਨੂੰ ਬਿਨਾਂ ਕਿਸੇ ਜਵਾਬ ਦੇ ਵਾਪਸ ਕਰ ਦਿੱਤਾ ਗਿਆ ਸੀ। ਸੁਰੱਖਿਅਤ ਕਰਜ਼ਾਦਾਤਾ ਬੈਂਕ ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ, ਹੇਠਾਂ ਹਸਤਾਖਰ ਕਰਨ ਵਾਲੇ ਕੋਲ ਇਹ ਮੰਨਣ ਦੇ ਕਾਰਨ ਹਨ ਕਿ ਤੁਹਾਡੇ ਸਾਰਿਆਂ ਨੂੰ ਨਹੀਂ ਕੀਤਾ ਜਾ ਸਕਦਾ ਆਮ ਤੌਰ 'ਤੇ ਬਦਲਵੀਂ ਸੇਵਾ ਦੇ ਢੰਗ ਨੂੰ ਛੱਡ ਕੇ ਮੰਗ ਨੋਟਿਸ ਦੇ ਨਾਲ ਭੇਜਿਆ ਜਾਂਦਾ ਹੈ। ਇਸ ਲਈ, ਤੁਹਾਡੇ ਵਿੱਚੋਂ ਹਰੇਕ ਨੂੰ ਇਸ ਜਨਤਕ ਨੋਟਿਸ ਰਾਹੀਂ ਇਸ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਤੁਹਾਡੇ ਵਿਰੁੱਧ ਬਕਾਇਆ ਭੁਗਤਾਨ ਦੀ ਮਿਤੀ ਤੱਕ ਹੇਠਾਂ ਦਿੱਤੀ ਰਕਮ ਨੂੰ ਹੋਰ ਵਿਆਜ ਸਮੇਤ ਅਦਾ ਕਰਨ ਲਈ ਕਿਹਾ ਜਾਂਦਾ ਹੈ, ਅਜਿਹਾ ਨਾ ਕਰਨ 'ਤੇ, ਬੈਂਕ ਹੇਠਾਂ ਦੱਸੀਆਂ ਸੁਰੱਖਿਅਤ ਸੰਪਤੀਆਂ ਦਾ ਕਬਜ਼ਾ ਲੈਣ ਲਈ ਉਕਤ ਐਕਟ 2002 ਦੀ ਧਾਰਾ 13(4) ਦੇ ਤਹਿਤ ਕਾਰਵਾਈ ਕਰੇਗਾ ਅਤੇ ਉਸ ਤੋਂ ਬਾਅਦ ਇਸਨੂੰ ਵੇਚਣ ਲਈ ਅੱਗੇ ਵਧਾਏਗਾ ਤਾਂ ਜੋ ਕਰਜ਼ਦਾਰ ਦੁਆਰਾ ਬਕਾਇਆ ਰਕਮ ਦਾ ਭੁਗਤਾਨ ਨਾ ਕਰਨ ਕਾਰਨ ਜ਼ਾਮਨ/ ਗਿਰਵੀਕਾਰ (ਾਂ) ਦੀ ਲਾਗਤ ਸਮੇਤ ਪ੍ਰਾਪਤੀ ਤੱਕ ਹੋਰ ਵਿਆਜ ਸਮੇਤ ਬਕਾਇਆ ਰਕਮ ਪ੍ਰਾਪਤ ਕੀਤੀ ਜਾ ਸਕੇ, ਉਦੋਂ ਤੱਕ ਦਿੱਤੀ ਗਈ ਗਰੰਟੀ ਇਸ ਦੁਆਰਾ ਲਾਗੂ ਕੀਤੀ ਜਾਂਦੀ ਹੈ ਅਤੇ ਤੁਹਾਨੂੰ ਪੂਰੇ ਬਕਾਏ ਦਾ ਭੁਗਤਾਨ ਕਰਨ ਲਈ ਕਿਹਾ ਜਾਂਦਾ ਹੈ।

| ਐਨਪੀਏ ਖਾਤਾ/ਕਰਜ਼ਦਾਰਾਂ/ਗਿਰਵੀਕਾਰਾਂ/ਜ਼ਾਮਨਾਂ ਦਾ ਨਾਮ | ਮੰਗ ਸੂਚਨਾ ਮਿਤੀ / ਐਨਪੀਏ ਦੀ ਮਿਤੀ | ਬਕਾਇਆ ਰਕਮ |
|---|---|---|
| **(i) ਮੈਸਰਜ਼ ਕੇ ਐਂਡ ਆਰ ਪ੍ਰੋਸੈਸਰ** ਸੀ-102, ਸੀ-103, ਨਿਊ ਫੋਕਲ ਪੁਆਇੰਟ, ਮਹਿਤਾ ਰੋਡ, ਅੰਮ੍ਰਿਤਸਰ (ii) ਸ੍ਰੀਮਤੀ ਰਾਜਵਿੰਦਰ ਕੌਰ (ਭਾਈਵਾਲ/ਗਿਰਵੀਕਾਰ) ਪਤਨੀ ਸ੍ਰੀ ਗੁਰਦੇਵ ਸਿੰਘ, ਐਫ-54, ਜੀ.ਟੀ. ਰੋਡ, ਸੰਧੂ ਕਾਲੋਨੀ, ਅੰਮ੍ਰਿਤਸਰ (iii) ਸ੍ਰੀ ਸੁੱਚਾ ਸਿੰਘ (ਜ਼ਾਮਨ) ਪੁੱਤਰ ਸ. ਭਗਤ ਸਿੰਘ ਵਾਸੀ 13, ਕਾਲਾ ਘਣੂਪੁਰ, ਜੀ.ਟੀ. ਰੋਡ, ਛੇਹਰਟਾ, ਅੰਮ੍ਰਿਤਸਰ (iii) ਸ੍ਰੀ ਜਸਵਿੰਦਰ ਸਿੰਘ ਗਿੱਲ (ਭਾਈਵਾਲ/ਗਿਰਵੀਵਾਰ) ਪੁੱਤਰ ਸ੍ਰੀ ਸੁੱਚਾ ਸਿੰਘ, ਐਫ-100, ਏ-ਬਲਾਕ, ਸੰਧੂ ਕਲੋਨੀ, ਜੀ.ਟੀ. ਰੋਡ, ਛੇਹਰਟਾ, ਅੰਮ੍ਰਿਤਸਰ (iv) ਸ੍ਰੀਮਤੀ ਰੇਣੂ ਰਾਮਪਾਲ (ਜ਼ਾਮਨ) ਪਤਨੀ ਸ੍ਰੀ ਜਤਿੰਦਰ ਕੁਮਾਰ, ਵਾਸੀ 88, ਨਿਊ ਮਾਡਲ ਟਾਊਨ, ਛੇਹਰਟਾ, ਅੰਮ੍ਰਿਤਸਰ (v) ਸ. ਜਤਿੰਦਰ ਕੁਮਾਰ (ਭਾਈਵਾਲ/ਗਿਰਵੀਕਾਰ) ਪੁੱਤਰ ਸ੍ਰੀ ਕ੍ਰਿਸ਼ਨ ਲਾਲ ਵਾਸੀ 88, ਨਿਊ ਮਾਡਲ ਟਾਊਨ, ਛੇਹਰਟਾ, ਅੰਮ੍ਰਿਤਸਰ (vi) ਸ਼੍ਰੀਮਤੀ ਕਿਰਨ ਬਾਲਾ (ਜ਼ਾਮਨ) ਪਤਨੀ ਸ੍ਰੀ ਪਵਨ ਕੁਮਾਰ, ਵਾਸੀ 70, ਮਾਡਲ ਟਾਊਨ, ਛੇਹਰਟਾ, ਅੰਮ੍ਰਿਤਸਰ | 05-02-2026 / 30-09-2020 | ਰ. 1,56,66,828.45 ਮਿਤੀ 31-12-2025 ਨੂੰ + ਵਿਆਜ, ਹੋਰ ਖਰਚੇ ਅਤੇ ਵਸੂਲੀ ਘੱਟਾ ਕੇ, ਜੇਕਰ ਕੋਈ ਹੋਵੇ |

**ਚੱਲ ਅਤੇ ਅਚੱਲ ਜਾਇਦਾਦਾਂ/ਜਾਇਦਾਦਾਂ ਦਾ ਵੇਰਵਾ**

**(i)** ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ, ਜਿਨ੍ਹਾਂ ਦਾ ਖੇਤਰਫਲ 112 ਵਰਗ ਗਜ਼ ਹੈ, ਖਸਰਾ ਨੰਬਰ 719 ਅਤੇ 723 ਮਿੰਨ ਹੈ ਅਤੇ ਜਮ੍ਹਾਂਬੰਦੀ ਖਸਰਾ ਨੰਬਰ 719 ਮਿੰਟ ਦੇ ਅਨੁਸਾਰ, ਮਕਾਨ ਨੰਬਰ 33, ਮੌਜੂਦਾ ਮਕਾਨ ਨੰਬਰ ਐਫ-100 ਵਡਾਲੀ ਗੁਰੂ ਅਰਬਨ, ਨਵੀਂ ਆਬਾਦੀ, ਸੰਧੂ ਕਲੋਨੀ, ਅੰਮ੍ਰਿਤਸਰ-ਆਈਐਲ ਵਿਖੇ ਸਥਿਤ ਹੈ, ਜਸਵਿੰਦਰ ਸਿੰਘ ਪੁੱਤਰ ਸ਼੍ਰੀ ਸੁੱਚਾ ਸਿੰਘ ਦੇ ਹੱਕ ਵਿੱਚ ਰਜਿਸਟਰਡ ਡੀਡ ਨੰਬਰ 11362, ਕਿਤਾਬ ਨੰਬਰ 1, ਭਾਗ ਨੰਬਰ 4611, ਪੰਨਾ ਨੰਬਰ 12, ਮਿਤੀ 01-11-2011 ਅਤੇ ਨਾਲ ਲੱਗਦੀਆਂ ਜਾਇਦਾਦਾਂ ਦਾ ਵੇਰਵਾ ਪੂਰਬ: ਮਕਾਨ ਨੰਬਰ ਐਫ-99, ਪੱਛਮ: ਮਕਾਨ ਨੰਬਰ ਐਫ-101, ਉੱਤਰ: ਦੂਜਿਆਂ ਦੀ ਜਾਇਦਾਦ, ਦੱਖਣ: ਗਲੀ।

**(ii)** ਜਾਇਦਾਦ ਦੇ ਸਾਰੇ ਹਿੱਸੇ ਅਤੇ ਪਾਰਸਲ ਜਿਨ੍ਹਾਂ ਦਾ ਖੇਤਰਫਲ 125 ਵਰਗ ਗਜ਼ ਹੈ, ਜਿਸ ਦਾ ਖੇਤਰਫਲ ਖਸਰਾ ਨੰਬਰ 719 ਅਤੇ 723 ਮਿੰਨ 60//17 ਮਿਨ ਪਲਾਟ ਵਾਲਾ ਪ੍ਰਾਈਵੇਟ ਨੰਬਰ 13, ਕਾਲਾ ਘਣੂਪੁਰ ਸਬ ਅਰਬਨ, ਆਬਾਦੀ ਮਜੀਠਾ ਐਵੀਨਿਊ, ਸਬ ਡਿਵੀਜ਼ਨ ਨੰਬਰ 2, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ-ਇਲ ਵਿਖੇ ਸਥਿਤ, ਸ਼੍ਰੀ ਸੁੱਚਾ ਸਿੰਘ ਪੁੱਤਰ ਸ਼੍ਰੀ ਭਗਤ ਸਿੰਘ ਦੇ ਨਾਮ 'ਤੇ ਰਜਿਸਟਰਡ ਸੇਲ ਡੀਡ ਨੰਬਰ 17697, ਕਿਤਾਬ ਨੰਬਰ 1, ਵਾਲੀਅਮ ਨੰਬਰ 2847, ਪੰਨਾ 34/35 ਮਿਤੀ 19-03-2007 ਅਤੇ ਨਾਲ ਲੱਗਦੀਆਂ ਜਾਇਦਾਦਾਂ ਹਨ: ਪੂਰਬ: ਮੌਜੂਦਾ ਘਰ, ਪੱਛਮ: ਮੌਜੂਦਾ ਘਰ, ਉੱਤਰ: ਮੌਜੂਦਾ ਘਰ, ਦੱਖਣ: ਗਲੀ 20 ਫੁੱਟ।

**(iii)** ਜਾਇਦਾਦ ਦੇ ਸਾਰੇ ਹਿੱਸੇ ਅਤੇ ਪਾਰਸਲ 175 ਵਰਗ ਗਜ਼, ਖਸਰਾ ਨੰਬਰ 718 ਅਤੇ 719 ਮਿਨ ਅਤੇ ਜਮ੍ਹਾਂਬੰਦੀ ਖਸਰਾ ਨੰਬਰ 719 ਮਿਨ ਦੇ ਅਨੁਸਾਰ, ਪਲਾਟ ਨੰਬਰ 25, ਵਡਾਲੀ ਗੁਰੂ ਅਰਬਨ, ਨਵੀਂ ਆਬਾਦੀ, ਸੰਧੂ ਕਲੋਨੀ, ਅੰਮ੍ਰਿਤਸਰ - II, ਏ-ਬਲਾਕ ਛੇਹਰਟਾ ਵਿਖੇ ਸਥਿਤ ਰਾਜਵਿੰਦਰ ਕੌਰ ਪਤਨੀ ਸ਼੍ਰੀ ਗੁਰਦੇਵ ਸਿੰਘ ਦੇ ਹੱਕ ਵਿੱਚ। ਰਜਿਸਟਰਡ ਡੀਡ ਨੰ. 8080, ਕਿਤਾਬ ਨੰ. 1, ਭਾਗ ਨੰ. 5696, ਪੰਨਾ ਨੰ. 13/14, ਮਿਤੀ 07-10-2013 ਅਤੇ ਨਾਲ ਲੱਗਦੀਆਂ ਜਾਇਦਾਦਾਂ ਪੂਰਬ ਹਨ: ਐਕਸਗ. ਹਾਊਸ, ਪੱਛਮ: ਗਲੀ 20 ਫੁੱਟ ਚੌੜੀ, ਉੱਤਰ: ਹੋਰ ਜਾਇਦਾਦ, ਦੱਖਣ: ਰਾਜਵਿੰਦਰ ਕੌਰ ਦੀ ਜਾਇਦਾਦ।

**(iv)** 75 ਵਰਗ ਗਜ਼ ਦੀ ਜਾਇਦਾਦ ਦੇ ਸਾਰੇ ਹਿੱਸੇ ਅਤੇ ਭਾਗ, ਖਸਰਾ ਨੰਬਰ 719 ਮਿਨ, ਖਤੋਨੀ ਨੰਬਰ 1449, ਖੇਵਟ ਨੰਬਰ 760, ਨਿੱਜੀ ਪਲਾਟ ਨੰਬਰ 27 ਮਿਨ ਅਤੇ ਮੌਜੂਦਾ ਘਰ ਨੰ. ਐਫ-54 ਵਡਾਲੀ ਗੁਰੂ ਅਰਬਨ, ਨਵੀਂ ਆਬਾਦੀ, ਸੰਧੂ ਕਲੋਨੀ, ਅੰਮ੍ਰਿਤਸਰ-2, ਏ-ਬਲਾਕ ਛੇਹਰਟਾ ਵਿਖੇ ਸਥਿਤ ਰਾਜਵਿੰਦਰ ਕੌਰ ਪਤਨੀ ਸ਼੍ਰੀ ਗੁਰਦੇਵ ਸਿੰਘ ਦੇ ਹੱਕ ਵਿੱਚ ਰਜਿਸਟਰਡ ਡੀਡ ਨੰ. 9181, ਕਿਤਾਬ ਨੰ. 1, ਭਾਗ ਨੰ. 3064, ਪੰਨਾ ਨੰ. 24/25, ਮਿਤੀ 15-10-2007 ਅਤੇ ਨਾਲ ਲੱਗਦੀਆਂ ਜਾਇਦਾਦਾਂ ਪੂਰਬ ਹਨ: ਐਕਸਗ. ਹਾਊਸ, ਪੱਛਮ: ਗਲੀ 20 ਫੁੱਟ ਚੌੜੀ, ਉੱਤਰ: ਰਾਜਵਿੰਦਰ ਕੌਰ ਦਾ ਖੁੱਲ੍ਹਾ ਪਲਾਟ, ਦੱਖਣ: ਐਕਸਗ. ਹਾਊਸ।

**(v)** 90.60 ਵਰਗ ਗਜ਼ ਦੀ ਜਾਇਦਾਦ ਦੇ ਸਾਰੇ ਹਿੱਸੇ ਅਤੇ ਭਾਂਗ, ਜਿਸ ਵਿੱਚ ਖਸਰਾ ਨੰਬਰ 1780 ਮਿਨ, ਖਾਤਾ/ਖਤੌਨੀ ਨੰਬਰ 517/932 ਸਾਲ 2010-2011 ਲਈ ਜਮ੍ਹਾਂਬੰਦੀ ਅਨੁਸਾਰ ਅੰਮ੍ਰਿਤਸਰ ਸ਼ਹਿਰੀ ਸਰਕਲ ਨੰਬਰ 107, ਆਬਾਦੀ ਨਗਰ ਨਿਗਮ ਕਲੋਨੀ, ਤਹਿਸੀਲ ਅੰਮ੍ਰਿਤਸਰ-II ਵਿਖੇ ਸ਼੍ਰੀਮਤੀ ਰਾਜਵਿੰਦਰ ਕੌਰ ਪਤਨੀ ਸ਼੍ਰੀ ਗੁਰੂਦੇਵ ਸਿੰਘ ਦੇ ਨਾਮ 'ਤੇ ਰਜਿਸਟਰਡ ਡੀਡ ਨੰਬਰ 2436, ਕਿਤਾਬ ਨੰਬਰ 1, ਭਾਗ ਨੰਬਰ 14300, ਪੰਨਾ ਨੰ. 78 ਮਿਤੀ 12-06-2015 ਅਤੇ ਨਾਲ ਲੱਗਦੀਆਂ ਜਾਇਦਾਦਾਂ ਪੂਰਬ ਹਨ: ਦੂਜਿਆਂ ਦੀ ਜਾਇਦਾਦ, ਪੱਛਮ: ਮੁੱਖ ਬਾਜ਼ਾਰ (ਨਗਰ ਨਿਗਮ ਗੁੱਜਰਪੁਰਾ), ਉੱਤਰ: ਗਲੀ, ਦੱਖਣ: ਦੂਜਿਆਂ ਦੀ ਜਾਇਦਾਦ।

**(vi)** ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜਿਨ੍ਹਾਂ ਦਾ ਮਾਪ 132 ਵਰਗ ਗਜ਼ ਹੈ ਜਿਸ ਵਿੱਚ ਪਲਾਟ ਨੰ. 88 ਹੈ, ਜਿਸ ਵਿੱਚ ਸੇਲ ਡੀਡ ਅਨੁਸਾਰ ਖਸਰਾ 544 ਮਿਨ ਹੈ ਅਤੇ ਜਮ੍ਹਾਂਬੰਦੀ ਖਾਤਾ ਖਟੋਨੀ ਨੰ. 1024, ਹੱਦਬਸਤ ਨੰ. 381, ਕਾਲਾ ਘਣਪੁਰ ਅੰਮ੍ਰਿਤਸਰ-ਆਈਐਲ ਅਨੁਸਾਰ 1001/730 ਹੈ, ਰੇਣੂ ਰਾਮਪਾਲ ਪਤਨੀ ਜਤਿੰਦਰ ਰਾਮਪਾਲ ਦੇ ਨਾਮ 'ਤੇ ਹੈ।

**(vii)** ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜਿਨ੍ਹਾਂ ਦਾ ਮਾਪ 136 ਵਰਗ ਗਜ਼ ਹੈ ਜਿਸ ਵਿੱਚ ਪਲਾਟ ਨੰ. 70 ਮਿਨ, ਖਸਰਾ ਨੰ. 1232/567 ਘੱਟੋ ਘੱਟ ਖਾਤਾ ਖਟੋਨੀ 1005, ਹੱਡਬਸਤ ਨੰ. 381, ਕਾਲਾ ਘਣਪੁਰ, ਅਰਬਨ ਆਬਾਦੀ ਸ਼ੋਰੀ ਨਗਰ, ਸਬ ਡਿਵੀਜ਼ਨ ਨੰਬਰ 99 ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ-I ਵਿਖੇ ਸਥਿਤ ਕਿਰਨ ਰਾਮਪਾਲ ਪਤਨੀ ਪਵਨ ਕੁਮਾਰ ਦੇ ਨਾਮ 'ਤੇ।

**(viii)** 125 ਵਰਗ ਗਜ਼ ਦੀ ਰਿਹਾਇਸ਼ੀ ਜਾਇਦਾਦ ਦੇ ਸਾਰੇ ਹਿੱਸੇ ਅਤੇ ਪਾਰਸਲ ਪਲਾਟ ਨੰਬਰ 55, ਖਸਰਾ ਨੰਬਰ 307, 315 ਅਤੇ 319 ਜਿਸ ਵਿੱਚ ਖਾਤਾ ਖਟੋਨੀ 1081-1083, ਹਦਬਸਤ ਨੰਬਰ 381, ਆਬਾਦੀ ਕਾਲਾ ਘਣਪੁਰ ਹੈ, ਰੇਣੂ ਰਾਮਪਾਲ ਪਤਨੀ ਜਤਿੰਦਰ ਰਾਮਪਾਲ ਦੇ ਨਾਮ 'ਤੇ

**(ix)** ਕੱਚੇ ਮਾਲ ਦੇ ਸਟਾਕ ਦੇ ਸਾਰੇ ਹਿੱਸੇ ਅਤੇ ਪਾਰਸਲ, ਪ੍ਰਗਤੀ ਅਧੀਨ ਸਟਾਕ ਅਤੇ ਤਿਆਰ ਮਾਲ ਖਾਤੇ ਵਿੱਚ ਹਾਈਪੋਥੀਕੇਟਿਡ।

ਮਿਤੀ ; 16.02.2026 — ਸਥਾਨ : ਅੰਮ੍ਰਿਤਸਰ — ਸਹੀ/- ਅਧਿਕਾਰਤ ਅਧਿਕਾਰੀ (ਪੰਜਾਬ ਨੈਸ਼ਨਲ ਬੈਂਕ)




## ਸੰਪਾਦਕੀ

# ਨਿਆਂ ਪਾਲਿਕਾ: ਉਠਦੇ ਸਵਾਲ

ਨਿਆਂਪਾਲਿਕਾ ਲੋਕਤੰਤਰ ਦਾ ਇੱਕ ਮਹੱਤਵਪੂਰਨ ਥੰਮ੍ਹ ਹੈ, ਜੋ ਕਾਨੂੰਨ ਦੇ ਸ਼ਾਸਨ ਨੂੰ ਬਣਾਈ ਰੱਖਣ ਅਤੇ ਸੰਵਿਧਾਨ ਦੀ ਅਖੰਡਤਾ ਨੂੰ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਭਾਰਤ ਵਿੱਚ ਨਿਆਂਪਾਲਿਕਾ ਨੂੰ ਨਿਆਂ ਦਾ ਮੰਦਰ ਮੰਨਿਆ ਜਾਂਦਾ ਹੈ, ਜਿੱਥੇ ਵਿਵਾਦਾਂ ਦਾ ਹੱਲ ਕੀਤਾ ਜਾਂਦਾ ਹੈ ਅਤੇ ਨਾਗਰਿਕ ਅਧਿਕਾਰਾਂ ਦੀ ਰੱਖਿਆ ਕੀਤੀ ਜਾਂਦੀ ਹੈ। ਕਿਸੇ ਵੀ ਮੁਸ਼ਕਲ ਜਾਂ ਗੁੰਝਲਦਾਰ ਸਥਿਤੀ ਵਿੱਚ, ਨਿਆਂਪਾਲਿਕਾ ਨਾਗਰਿਕਾਂ ਲਈ ਆਖਰੀ ਸਹਾਰਾ ਹੁੰਦੀ ਹੈ। ਜੇਕਰ ਨਿਆਂਪਾਲਿਕਾ ਅਧਿਕਾਰੀਆਂ ਦੇ ਕੰਮਕਾਜ ਬਾਰੇ ਸਵਾਲ ਉਠਾਏ ਜਾਂਦੇ ਹਨ ਤਾਂ ਨਿਆਂ ਦੀ ਉਮੀਦ 'ਤੇ ਟਿਕੇ ਹੋਏ ਭਰੋਸੇ ਦਾ ਕੀ ਹੋਵੇਗਾ? ਇਹ ਚਿੰਤਾ ਸਰਕਾਰੀ ਅੰਕੜਿਆਂ ਤੋਂ ਪੈਦਾ ਹੁੰਦੀ ਹੈ ਜਿਸ ਵਿੱਚ ਕਿਹਾ ਗਿਆ ਹੈ ਕਿ ਭਾਰਤ ਦੇ ਚੀਫ਼ ਜਸਟਿਸ ਦੇ ਦਫ਼ਤਰ ਨੂੰ 2016 ਤੋਂ ਬਾਅਦ ਮੌਜੂਦਾ ਜੱਜਾਂ ਵਿਰੁੱਧ 8,600 ਤੋਂ ਵੱਧ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ। ਸਰਕਾਰ ਨੇ ਸ਼ੁੱਕਰਵਾਰ ਨੂੰ ਲੋਕ ਸਭਾ ਵਿੱਚ ਦਾਇਰ ਕਰਦੇ ਹੋਏ ਦੱਸਿਆ ਕਿ 2024 ਵਿੱਚ ਸਭ ਤੋਂ ਵੱਧ ਸ਼ਿਕਾਇਤਾਂ ਦਰਜ ਕੀਤੀਆਂ ਗਈਆਂ ਸਨ, ਜੋ ਸੁਝਾਅ ਦਿੰਦੀਆਂ ਹਨ ਕਿ ਇਹ ਰੁਝਾਨ ਸਮੇਂ ਦੇ ਨਾਲ ਵੱਧ ਰਿਹਾ ਹੈ। ਦਰਅਸਲ, ਇੱਕ ਲੋਕਤੰਤਰ ਵਿੱਚ ਨਿਆਂਪਾਲਿਕਾ ਤੋਂ ਨਿਰਪੱਖਤਾ, ਪਾਰਦਰਸ਼ਤਾ, ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰਨ ਦੀ ਉਮੀਦ ਕੀਤੀ ਜਾਂਦੀ ਹੈ। ਨਾਗਰਿਕ ਅਧਿਕਾਰਾਂ ਦੀ ਰੱਖਿਆ ਕਰਨਾ ਨਿਆਂਪਾਲਿਕਾ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਇਸ ਲਈ ਇਹ ਜਨਤਾ ਲਈ ਹਿੰਮਤ ਅਤੇ ਵਿਸ਼ਵਾਸ ਦੇ ਸਰੋਤ ਵਜੋਂ ਕੰਮ ਕਰਦੀ ਹੈ। ਇਹ ਇੱਕ ਲੋਕਤੰਤਰੀ ਪ੍ਰਣਾਲੀ ਵਿੱਚ ਸ਼ਕਤੀ ਦੇ ਸੰਤੁਲਨ ਨੂੰ ਬਣਾਈ ਰੱਖਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਆਮ ਆਦਮੀ ਲਈ ਨਿਆਂ ਤੱਕ ਪਹੁੰਚ ਯਕੀਨੀ ਬਣਾਉਣ ਲਈ ਨਿਆਂ ਪ੍ਰਣਾਲੀ ਦੀ ਇਮਾਨਦਾਰੀ ਬਣਾਈ ਰੱਖਣਾ ਬਹੁਤ ਜ਼ਰੂਰੀ ਹੈ ਅਤੇ ਇਹ ਸਿਰਫ਼ ਉਦੋਂ ਹੀ ਸੰਭਵ ਹੈ ਜਦੋਂ ਨਿਆਂਇਕ ਅਧਿਕਾਰੀਆਂ ਦਾ ਆਚਰਣ ਪੂਰੀ ਤਰ੍ਹਾਂ ਨਿਰਦੋਸ਼ ਹੋਵੇ। ਬਿਨਾਂ ਸ਼ੱਕ, ਆਮ ਨਾਗਰਿਕ ਵਿਧਾਨ ਸਭਾ ਅਤੇ ਕਾਰਜਪਾਲਿਕਾ ਨਾਲੋਂ ਨਿਆਂਪਾਲਿਕਾ 'ਤੇ ਜ਼ਿਆਦਾ ਭਰੋਸਾ ਕਰਦੇ ਹਨ ਕਿਉਂਕਿ ਉਨ੍ਹਾਂ ਨੂੰ ਪ੍ਰਣਾਲੀ ਵਿੱਚ ਪੂਰਾ ਵਿਸ਼ਵਾਸ ਹੁੰਦਾ ਹੈ। ਨਿਆਂਇਕ ਪ੍ਰਕਿਰਿਆ ਸਿਰਫ਼ ਉਦੋਂ ਹੀ ਨਿਰਪੱਖ ਅਤੇ ਨਿਡਰ ਹੋ ਸਕਦੀ ਹੈ ਜਦੋਂ ਇਹ ਕਿਸੇ ਵੀ ਬੇਲੋੜੀ ਦਖਲਅੰਦਾਜ਼ੀ ਤੋਂ ਪੂਰੀ ਤਰ੍ਹਾਂ ਮੁਕਤ ਹੋਵੇ। ਇੱਕ ਨਿਯਮ ਦੇ ਤੌਰ 'ਤੇ ਹਾਈ ਕੋਰਟ ਦੇ ਜੱਜਾਂ ਵਿਰੁੱਧ ਸ਼ਿਕਾਇਤਾਂ ਦਾ ਨਿਪਟਾਰਾ ਇੱਕ ਅੰਦਰੂਨੀ ਵਿਧੀ ਰਾਹੀਂ ਕੀਤਾ ਜਾਂਦਾ ਹੈ। 1997 ਵਿੱਚ ਸੁਪਰੀਮ ਕੋਰਟ ਨੇ ਦੋ ਮਤੇ ਪਾਸ ਕੀਤੇ ਜੋ ਸੁਪਰੀਮ ਕੋਰਟ ਅਤੇ ਹਾਈਕੋਰਟ ਦੇ ਜੱਜਾਂ ਲਈ ਮਾਪਦੰਡ ਅਤੇ ਸਿਧਾਂਤ ਨਿਰਧਾਰਤ ਕਰਦੇ ਹਨ। ਇਹਨਾਂ ਮਾਪਦੰਡਾਂ ਦੀ ਪਾਲਣਾ ਕਰਨ ਵਿੱਚ ਅਸਫਲ ਰਹਿਣ ਦੇ ਨਤੀਜੇ ਵਜੋਂ ਅੰਦਰੂਨੀ ਪ੍ਰਕਿਰਿਆ ਰਾਹੀਂ ਸਬੰਧਤ ਨਿਆਂਇਕ ਅਧਿਕਾਰੀਆਂ ਵਿਰੁੱਧ ਕਾਰਵਾਈ ਹੁੰਦੀ ਹੈ। ਹਾਲਾਂਕਿ ਜੱਜਾਂ ਵਿਰੁੱਧ ਸ਼ਿਕਾਇਤਾਂ ਦੀ ਵਧਦੀ ਗਿਣਤੀ ਦਰਸਾਉਂਦੀ ਹੈ ਕਿ ਅੰਦਰੂਨੀ ਜਾਂਚ ਪ੍ਰਕਿਰਿਆ ਜਾਂ ਤਾਂ ਹੌਲੀ ਹੈ ਜਾਂ ਰੁਕਾਵਟ ਹੈ। ਨਿਆਂਪਾਲਿਕਾ ਦੇ ਅੰਦਰ ਭ੍ਰਿਸ਼ਟਾਚਾਰ ਦੇ ਮਾਮਲੇ ਕਦੇ-ਕਦੇ ਸਾਹਮਣੇ ਆਉਂਦੇ ਹਨ, ਪਰ ਉਨ੍ਹਾਂ ਦੀ ਜਾਂਚ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਸਮਾਂ-ਸੀਮਾ ਦੀ ਘਾਟ ਹੈ। ਪਿਛਲੇ ਮਾਰਚ ਵਿੱਚ ਇੱਕ ਜੱਜ ਦੇ ਦਿੱਲੀ ਨਿਵਾਸ 'ਤੇ ਮਿਲੇ ਇੱਕ ਸੜੇ ਹੋਏ ਕਰੰਸੀ ਨੋਟ ਦੇ ਮਾਮਲੇ ਵਿੱਚ ਮਹੱਤਵਪੂਰਨ ਪ੍ਰਗਤੀ ਦੀ ਘਾਟ ਬਾਰੇ ਵੀ ਸਵਾਲ ਉਠਾਏ ਜਾ ਰਹੇ ਹਨ। ਇਹ ਮੰਨਿਆ ਜਾਂਦਾ ਹੈ ਕਿ ਜੇਕਰ ਇਸ ਮਾਮਲੇ ਵਿੱਚ ਕੋਈ ਪ੍ਰਸ਼ਾਸਨਿਕ ਅਧਿਕਾਰੀ ਜਾਂ ਇੱਕ ਆਮ ਨਾਗਰਿਕ ਸ਼ਾਮਲ ਹੁੰਦਾ, ਤਾਂ ਜਾਂਚ ਪ੍ਰਕਿਰਿਆ ਹੁਣ ਤੱਕ ਬਹੁਤ ਅੱਗੇ ਵਧ ਚੁੱਕੀ ਹੁੰਦੀ। ਇਸ ਸਥਿਤੀ ਵਿੱਚ ਇੱਕ ਵੱਡਾ ਕਾਰਕ ਉੱਚ ਨਿਆਂਪਾਲਿਕਾ ਦੇ ਜੱਜਾਂ ਨੂੰ ਸ਼ਾਮਲ ਕਰਨ ਵਾਲੀ ਜਾਂਚ ਅਤੇ ਕਾਰਵਾਈ ਪ੍ਰਕਿਰਿਆ ਦੀ ਗੁੰਝਲਦਾਰ ਬਣਤਰ ਹੈ, ਜਿਸਨੂੰ ਨਿਆਂਇਕ ਪ੍ਰਕਿਰਿਆ ਵਿੱਚ ਨਾਗਰਿਕਾਂ ਦੇ ਵਿਸ਼ਵਾਸ ਨੂੰ ਬਣਾਈ ਰੱਖਣ ਲਈ ਸਰਲ ਅਤੇ ਸਪੱਸ਼ਟ ਕਰਨ ਦੀ ਲੋੜ ਹੈ।

**-ਜਗਜੀਤ ਸਿੰਘ ਦਰਦੀ**

## ਦਿੱਲੀ ਏ.ਆਈ. ਸਮਿੱਟ 2026

# ਏ.ਆਈ.: ਮਨੁੱਖੀ ਇਤਿਹਾਸ ਦਾ ਸਭ ਤੋਂ ਵੱਡਾ ਮਸਨੂਈ ਬੁੱਧੀ ਦੀ ਦੁਨੀਆਂ ਵੱਲ ਭਾਰਤ ਦਾ ਇਤਿਹਾਸਕ ਕਦਮ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਦਿੱਲੀ ਭਾਰਤ ਮੰਡਪ ਵਿੱਚ ਇੱਕ ਨਵੀਂ ਸਭਿਆਚਾਰ ਦੀ ਤਸਵੀਰ ਹੈ। 2026 ਵਿੱਚ ਦਿੱਲੀ ਦੀ ਧਰਤੀ ਉੱਤੇ ਹੋਇਆ ਏਆਈ ਸਮਿੱਟ ਸਿਰਫ਼ ਇੱਕ ਤਕਨੀਕੀ ਕਾਨਫਰੰਸ ਨਹੀਂ ਸੀ, ਸਗੋਂ ਇਹ ਮਨੁੱਖੀ ਇਤਿਹਾਸ ਦੇ ਇੱਕ ਨਵੇਂ ਅਧਿਆਇ ਦੀ ਘੋਸ਼ਣਾ ਸੀ। ਇਹ ਸਮਾਂ ਉਹ ਹੈ ਜਦੋਂ ਮਨੁੱਖੀ ਬੁੱਧੀ ਅਤੇ ਕ੍ਰਿਤ੍ਰਿਮ ਬੁੱਧੀ (Artificial Intelligence) ਇਕੱਠੇ ਮਿਲ ਕੇ ਇੱਕ ਨਵੀਂ ਦੁਨੀਆ ਦੀ ਰਚਨਾ ਕਰ ਰਹੇ ਹਨ। ਅੱਜ ਨਵੀਂ ਦਿੱਲੀ ਵਿੱਚ ਸ਼ੁਰੂ ਹੋਏ ਇਸ ਵਿਸ਼ਵ ਪੱਧਰੀ ਸਮਾਗਮ ਨੇ ਇਹ ਸਪੱਸ਼ਟ ਕਰ ਦਿੱਤਾ ਕਿ ਭਾਰਤ ਹੁਣ ਸਿਰਫ਼ ਤਕਨੀਕ ਦਾ ਉਪਭੋਗਤਾ ਨਹੀਂ, ਸਗੋਂ ਉਸਦਾ ਨਿਰਮਾਤਾ ਅਤੇ ਨੇਤ੍ਰਿਤਾ ਕਰਨ ਵਾਲਾ ਦੇਸ਼ ਬਣ ਰਿਹਾ ਹੈ।

ਇਹ ਸਮਿੱਟ ਇੱਕ ਐਸਾ ਮੰਚ ਹੈ, ਜਿੱਥੇ ਵਿਸ਼ਵ ਦੇ ਸਭ ਤੋਂ ਵੱਡੇ ਵਿਗਿਆਨੀ, ਨੀਤੀ ਨਿਰਧਾਰਕ, ਉਦਯੋਗਪਤੀ ਅਤੇ ਖੋਜਕਰਤਾ ਇਕੱਠੇ ਹੋਏ ਅਤੇ ਇਹ ਵਿਚਾਰ ਕੀਤਾ ਕਿ ਕ੍ਰਿਤ੍ਰਿਮ ਬੁੱਧੀ ਮਨੁੱਖੀ ਜੀਵਨ ਨੂੰ ਕਿਵੇਂ ਬਦਲੇਗੀ। ਇਸ ਸਮਾਗਮ ਨੇ ਇਹ ਸਾਬਤ ਕੀਤਾ ਕਿ ਤਕਨੀਕ ਹੁਣ ਸਿਰਫ਼ ਸਹੂਲਤ ਨਹੀਂ, ਸਗੋਂ ਮਨੁੱਖੀ ਸਭਿਆਚਾਰ ਦੀ ਨਵੀਂ ਰਚਨਾ ਦਾ ਕੇਂਦਰ ਬਣ ਚੁੱਕੀ ਹੈ।

ਅੱਜ ਏਆਈ ਮਨੁੱਖੀ ਇਤਿਹਾਸ ਦਾ ਸਭ ਤੋਂ ਵੱਡਾ ਮੋੜ ਹੈ। ਮਨੁੱਖੀ ਇਤਿਹਾਸ ਵਿੱਚ ਕੁਝ ਹੀ ਤਕਨੀਕੀ ਕ੍ਰਾਂਤੀਆਂ ਹੋਈਆਂ ਹਨ—ਪਹੀਆ, ਛਪਾਈ ਪ੍ਰੈੱਸ, ਬਿਜਲੀ, ਇੰਟਰਨੈੱਟ—ਅਤੇ ਹੁਣ ਏਆਈ ਉਹਨਾਂ ਸਭ ਤੋਂ ਵੱਡੀ ਕ੍ਰਾਂਤੀ ਵਜੋਂ ਸਾਹਮਣੇ ਆ ਰਹੀ ਹੈ। ਇਹ ਤਕਨੀਕ ਸਿਰਫ਼ ਮਸ਼ੀਨਾਂ ਨੂੰ ਸਮਝਣ ਦੀ ਸਮਰਥਾ ਨਹੀਂ ਦੇ ਰਹੀ, ਸਗੋਂ ਉਹਨਾਂ ਨੂੰ ਸੋਚਣ, ਸਿੱਖਣ ਅਤੇ ਫੈਸਲੇ ਕਰਨ ਦੀ ਯੋਗਤਾ ਵੀ ਦੇ ਰਹੀ ਹੈ।

ਅੱਜ ਏਆਈ ਡਾਕਟਰੀ ਵਿੱਚ ਬਿਮਾਰੀਆਂ ਦੀ ਪਛਾਣ ਕਰ ਰਹੀ ਹੈ, ਖੇਤੀ ਵਿੱਚ ਪੈਦਾਵਾਰ ਵਧਾ ਰਹੀ ਹੈ, ਸਿੱਖਿਆ ਨੂੰ ਵਿਅਕਤੀਗਤ ਬਣਾ ਰਹੀ ਹੈ ਅਤੇ ਉਦਯੋਗਾਂ ਵਿੱਚ ਉਤਪਾਦਕਤਾ ਨੂੰ ਕਈ ਗੁਣਾ ਵਧਾ ਰਹੀ ਹੈ। ਇਹ ਮਨੁੱਖੀ ਸਮਰਥਾ ਨੂੰ ਘਟਾ ਨਹੀਂ ਰਹੀ, ਸਗੋਂ ਉਸਨੂੰ ਵਧਾ ਰਹੀ ਹੈ।

ਭਾਰਤ ਦੀ ਉਭਰਦੀ ਭੂਮਿਕਾ ਅੱਜ ਇੱਕ ਨਵੇਂ ਤਕਨੀਕੀ ਮਹਾਸੱਤਾ ਵੱਲ ਹੈ।

ਆੱਝਏਆਈ ਸਮਿੱਟ 2026 ਦਾ ਸਭ ਤੋਂ ਮਹੱਤਵਪੂਰਨ ਸੰਦੇਸ਼ ਇਹ ਸੀ ਕਿ ਭਾਰਤ ਹੁਣ ਤਕਨੀਕੀ ਨੇਤ੍ਰਿਤਾ ਦੇ ਕੇਂਦਰ ਵਿੱਚ ਹੈ। ਭਾਰਤ ਸਰਕਾਰ ਨੇ IndiaAI Mission ਵਰਗੀਆਂ ਪਹਿਲਕਦਮੀਆਂ ਰਾਹੀਂ ਇਹ ਯਕੀਨੀ ਬਣਾਇਆ ਹੈ ਕਿ ਦੇਸ਼ ਏਆਈ ਵਿੱਚ ਵਿਸ਼ਵ ਪੱਧਰ 'ਤੇ ਅੱਗੇ ਰਹੇ।

ਨਰਿੰਦਰ ਮੋਦੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਏਆਈ ਭਾਰਤ ਲਈ ਸਿਰਫ਼ ਤਕਨੀਕ ਨਹੀਂ, ਸਗੋਂ ਸਮਾਜਿਕ ਨਿਆਂ ਅਤੇ ਵਿਕਾਸ ਦਾ ਸਾਧਨ ਹੈ। ਇਹ ਬਿਆਨ ਸਿਰਫ਼ ਰਾਜਨੀਤਿਕ ਘੋਸ਼ਣਾ ਨਹੀਂ ਸੀ, ਸਗੋਂ ਇੱਕ ਦੂਰਦਰਸ਼ੀ ਦ੍ਰਿਸ਼ਟੀ ਦਾ ਪ੍ਰਗਟਾਵਾ ਸੀ। ਅੱਜ ਭਾਰਤ ਕੋਲ ਦੁਨੀਆ ਦਾ ਸਭ ਤੋਂ ਵੱਡਾ ਯੁਵਾ ਵਰਗ ਹੈ, ਜੋ ਤਕਨੀਕ ਨੂੰ ਤੇਜ਼ੀ ਨਾਲ ਅਪਣਾ ਰਿਹਾ ਹੈ। ਇਹ ਜਨਸੰਖਿਆ ਭਾਰਤ ਨੂੰ ਏਆਈ ਵਿੱਚ ਵਿਸ਼ਵ ਨੇਤਾ ਬਣਾਉਣ ਦੀ ਸਭ ਤੋਂ ਵੱਡੀ ਤਾਕਤ ਹੈ।

ਅੱਜ ਵਿਸ਼ਵ ਦੀਆਂ ਵੱਡੀਆਂ ਤਕਨੀਕੀ ਕੰਪਨੀਆਂ ਦੀ ਭਾਗੀਦਾਰੀ ਇਸ ਸਮਿੱਟ ਵਿੱਚ ਦੁਨੀਆ ਦੀਆਂ ਸਭ ਤੋਂ ਵੱਡੀਆਂ ਤਕਨੀਕੀ ਕੰਪਨੀਆਂ ਨੇ ਭਾਗ ਲਿਆ, ਜਿਵੇਂ ਕਿ Microsoft, Google OpenAIc ਇਹਨਾਂ ਕੰਪਨੀਆਂ ਨੇ ਭਾਰਤ ਵਿੱਚ ਨਿਵੇਸ਼ ਕਰਨ ਅਤੇ ਇੱਥੇ ਖੋਜ ਕੇਂਦਰ ਬਣਾਉਣ ਦੀ ਘੋਸ਼ਣਾ ਕੀਤੀ। ਇਹ ਸਿਰਫ਼ ਨਿਵੇਸ਼ ਨਹੀਂ, ਸਗੋਂ ਭਾਰਤ ਦੀ ਯੋਗਤਾ ਵਿੱਚ ਵਿਸ਼ਵਾਸ ਦਾ ਪ੍ਰਗਟਾਵਾ ਹੈ।

ਅੱਜ ਸਿੱਖਿਆ ਅਤੇ ਖੋਜ ਵਿੱਚ ਏਆਈ ਦੀ ਭੂਮਿਕਾ ਅੱਜ ਭਾਰਤ ਦੇ ਪ੍ਰਮੁੱਖ ਸਿੱਖਿਆ ਸੰਸਥਾਨ ਜਿਵੇਂ ਕਿ IIT Delhi ਏਆਈ ਖੋਜ ਵਿੱਚ ਮਹੱਤਵਪੂਰਨ ਯੋਗਦਾਨ ਦੇ ਰਹੇ ਹਨ। ਇਹ ਸੰਸਥਾਨ ਨਵੀਂ ਪੀੜ੍ਹੀ ਦੇ ਵਿਗਿਆਨੀਆਂ ਅਤੇ ਇੰਜੀਨੀਅਰਾਂ ਨੂੰ ਤਿਆਰ ਕਰ ਰਹੇ ਹਨ ਜੋ ਭਵਿੱਖ ਦੀ ਤਕਨੀਕ ਨੂੰ ਨਿਰਮਾਨ ਕਰਨਗੇ।

ਅੱਜ ਏਆਈ ਸਿੱਖਿਆ ਨੂੰ ਹੋਰ ਵਿਅਕਤੀਗਤ ਅਤੇ ਪ੍ਰਭਾਵਸ਼ਾਲੀ ਬਣਾ ਰਹੀ ਹੈ। ਵਿਦਿਆਰਥੀ ਹੁਣ ਆਪਣੇ ਸਿੱਖਣ ਦੀ ਗਤੀ ਅਤੇ ਰੁਚੀ ਦੇ ਅਨੁਸਾਰ ਸਿੱਖ ਸਕਦੇ ਹਨ। ਖੇਤੀ ਵਿੱਚ ਏਆਈ ਦੀ ਕਿਸਾਨਾਂ ਲਈ ਇੱਕ ਨਵੀਂ ਆਸ ਹੈ।

ਭਾਰਤ ਇੱਕ ਖੇਤੀ ਪ੍ਰਧਾਨ ਦੇਸ਼ ਹੈ ਅਤੇ ਏਆਈ ਖੇਤੀ ਵਿੱਚ ਇੱਕ ਵੱਡੀ ਕ੍ਰਾਂਤੀ ਲਿਆ ਸਕਦੀ ਹੈ। ਇਹ ਮਿੱਟੀ ਦੀ ਗੁਣਵੱਤਾ ਦਾ ਵਿਸ਼ਲੇਸ਼ਣ ਕਰ ਸਕਦੀ ਹੈ, ਮੌਸਮ ਦੀ ਭਵਿੱਖਬਾਣੀ ਕਰ ਸਕਦੀ ਹੈ ਅਤੇ ਕਿਸਾਨਾਂ ਨੂੰ ਸਹੀ ਸਮੇਂ 'ਤੇ ਸਹੀ ਫੈਸਲੇ ਕਰਨ ਵਿੱਚ ਮਦਦ ਕਰ ਸਕਦੀ ਹੈ। ਇਹ ਤਕਨੀਕ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਖੇਤੀ ਨੂੰ ਹੋਰ ਟਿਕਾਊ ਬਣਾਉਣ ਵਿੱਚ ਮਦਦ ਕਰੇਗੀ।

ਅੱਜ ਸਿਹਤ ਖੇਤਰ ਵਿੱਚ ਏਆਈ ਦੀ ਕ੍ਰਾਂਤੀ ਨਾਲ ਏਆਈ ਸਿਹਤ ਖੇਤਰ ਵਿੱਚ ਵੀ ਵੱਡੇ ਬਦਲਾਅ ਲਿਆ ਰਹੀ ਹੈ। ਇਹ ਬਿਮਾਰੀਆਂ ਦੀ ਸ਼ੁਰੂਆਤੀ ਪਛਾਣ ਕਰ ਸਕਦੀ ਹੈ ਅਤੇ ਡਾਕਟਰਾਂ ਨੂੰ ਸਹੀ ਇਲਾਜ ਕਰਨ ਵਿੱਚ ਮਦਦ ਕਰ ਸਕਦੀ ਹੈ। ਇਸ ਨਾਲ ਸਿਹਤ ਸੇਵਾਵਾਂ ਹੋਰ ਸਸਤੀ ਅਤੇ ਸਭ ਲਈ ਉਪਲਬਧ ਹੋਣਗੀਆਂ।

ਅੱਜ ਆਰਥਿਕ ਵਿਕਾਸ ਵਿੱਚ ਏਆਈ ਦੀ ਭੂਮਿਕਾ ਮਹੱਤਵਪੂਰਨ ਹੈ। ਏਆਈ ਭਾਰਤ ਦੀ ਆਰਥਿਕਤਾ ਨੂੰ ਨਵੀਂ ਉਚਾਈਆਂ 'ਤੇ ਲਿਜਾ ਸਕਦੀ ਹੈ। ਇਹ ਉਦਯੋਗਾਂ ਵਿੱਚ ਉਤਪਾਦਕਤਾ ਵਧਾਏਗੀ ਅਤੇ ਨਵੇਂ ਰੋਜ਼ਗਾਰ ਦੇ ਮੌਕੇ ਪੈਦਾ ਕਰੇਗੀ। ਇਹ ਤਕਨੀਕ ਭਾਰਤ ਨੂੰ ਇੱਕ ਵਿਸ਼ਵ ਆਰਥਿਕ ਮਹਾਸੱਤਾ ਬਣਾਉਣ ਵਿੱਚ ਮਦਦ ਕਰੇਗੀ।

ਅੱਜ ਨੈਤਿਕਤਾ ਅਤੇ ਜ਼ਿੰਮੇਵਾਰੀ ਏਆਈ ਦੇ ਵਿਕਾਸ ਨਾਲ ਨੈਤਿਕ ਅਤੇ ਸਮਾਜਿਕ ਚੁਣੌਤੀਆਂ ਵੀ ਸਾਹਮਣੇ ਆ ਰਹੀਆਂ ਹਨ। ਇਸ ਲਈ ਇਹ ਜ਼ਰੂਰੀ ਹੈ ਕਿ ਏਆਈ ਦਾ ਵਿਕਾਸ ਜ਼ਿੰਮੇਵਾਰੀ ਅਤੇ ਨੈਤਿਕਤਾ ਨਾਲ ਕੀਤਾ ਜਾਵੇ। ਭਾਰਤ ਇਸ ਖੇਤਰ ਵਿੱਚ ਵੀ ਨੇਤ੍ਰਿਤਾ ਕਰ ਸਕਦਾ ਹੈ ਅਤੇ ਇੱਕ ਐਸਾ ਮਾਡਲ ਪੇਸ਼ ਕਰ ਸਕਦਾ ਹੈ ਜੋ ਮਨੁੱਖੀ ਮੁੱਲਾਂ 'ਤੇ ਅਧਾਰਿਤ ਹੋਵੇ।

ਅੱਜ ਭਾਰਤ ਵਿਸ਼ਵ ਦਾ ਏਆਈ ਕੇਂਦਰ ਹੈ।

ਏਆਈ ਸਮਿੱਟ 2026 ਨੇ ਇਹ ਸਾਬਤ ਕੀਤਾ ਕਿ ਭਾਰਤ ਹੁਣ ਤਕਨੀਕ ਦੇ ਭਵਿੱਖ ਦਾ ਕੇਂਦਰ ਬਣ ਰਿਹਾ ਹੈ। ਇਹ ਸਿਰਫ਼ ਇੱਕ ਸਮਿੱਟ ਨਹੀਂ ਸੀ, ਸਗੋਂ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਸੀ। ਅੱਜ ਭਾਰਤ ਕੋਲ ਯੋਗਤਾ, ਜਨਸੰਖਿਆ ਅਤੇ ਦ੍ਰਿਸ਼ਟੀ ਹੈ ਜੋ ਉਸਨੂੰ ਏਆਈ ਵਿੱਚ ਵਿਸ਼ਵ ਨੇਤਾ ਬਣਾ ਸਕਦੀ ਹੈ।

ਅੱਜ ਭਵਿੱਖ ਦੀ ਦਿਸ਼ਾ ਵਿੱਚ ਦਿੱਲੀ ਵਿੱਚ ਹੋਇਆ ਏਆਈ ਸਮਿੱਟ 2026 ਮਨੁੱਖੀ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਮੋੜ ਹੈ। ਇਹ ਸਮਾਗਮ ਸਿਰਫ਼ ਤਕਨੀਕ ਦਾ ਪ੍ਰਦਰਸ਼ਨ ਨਹੀਂ ਸੀ, ਸਗੋਂ ਮਨੁੱਖੀ ਭਵਿੱਖ ਦੀ ਇੱਕ ਨਵੀਂ ਦ੍ਰਿਸ਼ਟੀ ਦਾ ਪ੍ਰਗਟਾਵਾ ਸੀ।

ਭਾਰਤ ਹੁਣ ਸਿਰਫ਼ ਭਵਿੱਖ ਦਾ ਦਰਸ਼ਕ ਨਹੀਂ, ਸਗੋਂ ਉਸਦਾ ਨਿਰਮਾਤਾ ਹੈ। ਏਆਈ ਦੇ ਇਸ ਨਵੇਂ ਯੁੱਗ ਵਿੱਚ ਭਾਰਤ ਦੀ ਭੂਮਿਕਾ ਸਿਰਫ਼ ਮਹੱਤਵਪੂਰਨ ਨਹੀਂ, ਸਗੋਂ ਨਿਰਣਾਇਕ ਹੋਵੇਗੀ।

ਇਹ ਸਮਾਂ ਹੈ ਜਦੋਂ ਭਾਰਤ ਦੁਨੀਆ ਨੂੰ ਸਿਰਫ਼ ਤਕਨੀਕ ਨਹੀਂ, ਸਗੋਂ ਇੱਕ ਨਵੀਂ ਸਭਿਆਚਾਰ ਦੀ ਦਿਸ਼ਾ ਦੇ ਸਕਦਾ ਹੈ—ਇੱਕ ਐਸੀ ਸਭਿਆਚਾਰ ਜੋ ਬੁੱਧੀ, ਨੈਤਿਕਤਾ ਅਤੇ ਮਨੁੱਖਤਾ 'ਤੇ ਅਧਾਰਿਤ ਹੋਵੇ।

# ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਆਕਸੀਜਨ

ਕਮਲਜੀਤ ਸਿੰਘ ਬਨਵੈਤ
98147 34035



- ਤਰਨ ਤਾਰਨ ਜ਼ਿਮਨੀ ਚੋਣ ਵਿੱਚ ਚੰਗੀਆਂ ਵੋਟਾਂ ਮਿਲਣ ਤੋਂ ਬਾਅਦ ਅਕਾਲੀ ਦਲ ਨੂੰ ਪੈਰ ਲੱਗਿਆ ਲੱਗਦੈ
- ਭਾਜਪਾ ਦੇ ਮੀਤ ਪ੍ਰਧਾਨ ਅਰਵਿੰਦ ਖੰਨਾ ਦੇ ਅਕਾਲੀ ਦਲ 'ਚ ਸ਼ਾਮਲ ਹੋਣ ਨਾਲ ਸੰਗਰੂਰ ਵਿੱਚ ਮੁੜ ਤੋਂ ਜੜ੍ਹਾਂ ਲੱਗੀਆਂ
- ਪੰਜਾਬ ਭਾਜਪਾ ਨੇ ਐਨਆਰਆਈ ਸੈਮੀਨਾਰ ਦੌਰਾਨ ਸ਼੍ਰੋਮਣੀ ਅਕਾਲੀ ਦਲ ਤੋਂ ਲਾਂਭੇ ਰਹਿਣ ਦਾ ਫੈਸਲਾ ਦੁਹਰਾਇਆ
- ਸੁਖਬੀਰ ਬਾਦਲ ਦੇ ਧਰਤੀ 'ਤੇ ਨਹੀਂ ਲੱਗ ਰਹੇ ਪੈਰ, ਪਰ ਸੱਤਾ ਵਿੱਚ ਆਉਣ ਲਈ ਦਿੱਲੀ ਹਾਲੇ ਦੂਰ

ਸ਼੍ਰੋਮਣੀ ਅਕਾਲੀ ਦਲ ਦਸ ਸਾਲਾਂ ਤੋਂ ਪੰਜਾਬ ਦੀ ਸਤਾ ਤੋਂ ਲਾਂਭੇ ਹੋ ਕੇ ਤਾਂ ਚੱਲ ਹੀ ਰਿਹਾ ਸੀ। ਉੱਪਰੋਂ ਬਾਗ਼ੀ ਧੜੇ ਨੇ ਇੱਕ ਤਕੜਾ ਹਲੂਣਾ ਦੇ ਦਿੱਤਾ ਸੀ। ਸ਼੍ਰੋਮਣੀ ਅਕਾਲੀ ਦਲ ਦੇ ਪੈਰ ਸੂਬੇ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀ ਦੀਆਂ ਘਟਨਾਵਾਂ ਵਾਪਰਨ ਨਾਲ ਹੀ ਉੱਖੜਨੇ ਸ਼ੁਰੂ ਹੋ ਗਏ ਸਨ। ਸੁਖਬੀਰ ਬਾਦਲ ਉੱਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਨੂੰ ਪਿੱਠ ਦਿਖਾਉਣ ਦੇ ਲੱਗੇ ਦੋਸ਼ਾਂ ਨੇ ਉਸ ਨੂੰ ਜੜ੍ਹਾਂ ਤੋਂ ਹਿਲਾ ਕੇ ਰੱਖ ਦਿੱਤਾ ਸੀ। ਸੁਖਬੀਰ ਸਿੰਘ ਬਾਦਲ 2017 ਤੋਂ ਬਾਅਦ ਲਗਾਤਾਰ ਤੀਂਗੜਦੇ ਰਹੇ ਪਰ ਨਾ ਤਾਂ ਪੰਜਾਬੀਆਂ ਤੇ ਨਾ ਹੀ ਸਿੱਖਾਂ ਨੇ ਉਸ ਦਾ ਹੱਥ ਫੜਿਆ । ਇਸਦੇ ਉਲਟ ਉਹ ਲੋਕਾਂ ਤੋਂ ਦੂਰ ਹੁੰਦੇ ਗਏ। ਇਹ ਦੂਰੀ ਨਫਰਤ ਵਿੱਚ ਬਦਲਦੀ ਗਈ। ਪਰ ਸੁਖਬੀਰ ਸਿੰਘ ਬਾਦਲ ਹੱਠ ਦੇ ਪੱਕੇ ਨਿਕਲੇ ਜਾਂ ਸਿਆਸੀ ਤੌਰ 'ਤੇ ਢੀਠ ਹੋ ਕੇ ਉਹ ਆਪਣੀ ਚਾਲ ਚੱਲਦੇ ਗਏ।

ਸ਼੍ਰੋਮਣੀ ਅਕਾਲੀ ਦਲ ਦਾ ਸਭ ਤੋਂ ਬੁਰੀ ਤਰ੍ਹਾਂ ਲੱਕ 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਟੁੱਟਿਆ। ਦਲ ਦੇ ਕੇਵਲ ਤਿੰਨ ਵਿਧਾਇਕ ਚੁਣੇ ਗਏ। ਜਿਨ੍ਹਾਂ ਵਿੱਚੋਂ ਇੱਕ ਬੰਗਾ ਤੋਂ ਡਾਕਟਰ ਸੁਖਵਿੰਦਰ ਸੁੱਖੀ ਨੇ ਅੱਧ ਵਿਚਾਲੇ ਸਾਥ ਛੱਡ ਦਿੱਤਾ ਜਦ ਕਿ ਵਿਧਾਨ ਸਭਾ ਹਲਕਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਸ਼ੁਰੂ ਵਿੱਚ ਹੀ ਪਾਸਾ ਵੱਟ ਕੇ ਲੰਘਣ ਲੱਗ ਪਏ। ਉਸ ਤੋਂ ਬਾਅਦ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਵੀ ਪੰਜਾਬੀਆਂ ਨੇ ਸੁਖਬੀਰ ਸਿੰਘ ਬਾਦਲ ਨੂੰ ਮੂੰਹ ਨਾ ਲਾਇਆ। ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਜ਼ਿਮਨੀ ਚੋਣ ਨਤੀਜੇ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਨੂੰ ਸਾਹ ਆਉਣ ਲੱਗ ਪਿਆ ਸੀ। ਹੁਣ ਭਾਰਤੀ ਜਨਤਾ ਪਾਰਟੀ ਦੇ ਮੀਤ ਪ੍ਰਧਾਨ ਅਰਵਿੰਦ ਖੰਨਾ ਦੇ ਸੰਗਰੂਰ ਦੀ ਸਮੁੱਚੀ ਲੀਡਰਸ਼ਿਪ ਨਾਲ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਨੂੰ ਆਕਸੀਜਨ ਮਿਲੀ ਹੈ। ਸੰਗਰੂਰ ਉਹ ਜ਼ਿਲ੍ਹਾ ਹੈ ਜਿੱਥੋਂ ਦੇ ਸਾਰੇ ਅਕਾਲੀ ਨੇਤਾ ਸੁਖਬੀਰ ਨਾਲ ਵਿਟਰੇ ਹੋਏ ਸਨ ਅਤੇ ਉਨ੍ਹਾਂ ਨੇ ਪੁਨਰ ਸੁਰਜੀਤ ਅਕਾਲੀ ਦਲ ਨੂੰ ਪਹਿਲ ਦਿੱਤੀ ਸੀ। ਸੰਗਰੂਰ ਦੇ ਦਿੱਗਜ਼ ਨੇਤਾ ਮਰਹੂਮ ਸੁਖਦੇਵ ਸਿੰਘ ਢੀਂਡਸਾ ਦੀ ਨਰਾਜ਼ਗੀ ਕਿਸੇ ਤੋਂ ਲੁਕੀ ਹੋਈ ਨਹੀਂ ਹੈ। ਬਰਨਾਲਾ ਪਰਿਵਾਰ ਦੀ ਗੱਲ ਕਰੀਏ ਜਾਂ ਇਕਬਾਲ ਸਿੰਘ ਝੂੰਦਾਂ ਕੋਈ ਵੀ ਸੁਖਬੀਰ ਸਿੰਘ ਬਾਦਲ ਨਾਲ ਤੁਰ ਕੇ ਰਾਜ਼ੀ ਨਹੀਂ ਹੈ।

ਸੰਗਰੂਰ ਹਮੇਸ਼ਾ ਸਿਆਸੀ ਤੌਰ 'ਤੇ ਸੰਵੇਦਨਸ਼ੀਲ ਖੇਤਰ ਰਿਹਾ ਹੈ। ਇੱਥੇ ਦੇ ਵੋਟਰ ਜਾਗਰੂਕ ਮੰਨੇ ਜਾਂਦੇ ਹਨ ਅਤੇ ਸਿਆਸੀ ਬਦਲੇ ਦਾ ਜਲਦੀ ਪ੍ਰਭਾਵ ਕਬੂਲ ਕਰਦੇ ਹਨ। ਇਹ ਮੌਜੂਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਜੱਦੀ ਜ਼ਿਲ੍ਹਾ ਹੈ ਅਤੇ ਇਸ ਨੂੰ ਆਮ ਆਦਮੀ ਪਾਰਟੀ ਦਾ ਗੜ੍ਹ ਮੰਨਿਆ ਜਾਂਦਾ ਹੈ। ਕਿਸੇ ਵੇਲੇ ਸੰਗਰੂਰ ਪੰਥਕ ਸਿਆਸਤ ਦਾ ਗੜ੍ਹ ਮੰਨਿਆ ਜਾਂਦਾ ਸੀ। ਅਰਵਿੰਦ ਖੰਨਾ ਵਰਗੇ ਆਗੂ ਦੀ ਐਂਟਰੀ ਨਾਲ ਸਥਾਨਕ ਪੱਧਰ 'ਤੇ ਨਵੀਂ ਸਮੀਕਰਨ ਬਣ ਸਕਦੇ ਹਨ। ਮੌਜੂਦਾ ਹਾਲਾਤ ਨੂੰ ਵੇਖਦਿਆਂ ਕਈ ਸਿਆਸੀ ਵਿਸ਼ਲੇਸ਼ਕ ਮੰਨਦੇ ਹਨ ਕਿ ਇਹ ਸਿਰਫ ਸ਼ੁਰੂਆਤ ਹੈ। ਆਉਣ ਵਾਲੇ ਮਹੀਨਿਆਂ ਵਿੱਚ ਹੋਰ ਆਗੂਆਂ ਦੇ ਪਾਰਟੀ ਬਦਲਣ ਦੀ ਸੰਭਾਵਨਾ ਨੂੰ ਵੀ ਰੱਦ ਨਹੀਂ ਕੀਤਾ ਜਾ ਸਕਦਾ ਹੈ। ਜੇ ਅਕਾਲੀ ਦਲ ਇਸ ਮੌਕੇ ਨੂੰ ਸੰਗਠਨ ਦੇ ਤੌਰ 'ਤੇ ਵਰਤਦਾ ਹੈ ਤਾਂ ਉਹ ਦੁਬਾਰਾ ਪੰਜਾਬ ਦੀ ਮੁੱਖ ਸਿਆਸੀ ਤਾਕਤ ਬਣਨ ਵੱਲ ਵਧ ਸਕਦਾ ਹੈ। ਦੂਜੇ ਪਾਸੇ ਭਾਜਪਾ ਲਈ ਇਹ ਚੁਣੌਤੀ ਬਣ ਸਕਦੀ ਹੈ ਕਿ ਉਹ ਆਪਣਾ ਕੇਡਰ ਕਿਵੇਂ ਸੰਭਾਲ ਕੇ ਰੱਖਦਾ ਹੈ। ਅਰਵਿੰਦ ਖੰਨਾ ਦੀ ਅਕਾਲੀ ਦਲ ਵਿੱਚ ਸ਼ਮੂਲੀਅਤ ਸਿਰਫ ਪਾਰਟੀ ਬਦਲ ਦੀ ਘਟਨਾ ਨਹੀਂ ਹੈ ਇਹ ਪੰਜਾਬ ਦੀ ਰਾਜਨੀਤੀ ਵਿੱਚ ਵੱਡੇ ਬਦਲਾਅ ਦੀ ਸੰਭਾਵਨਾ ਵੱਲ ਸੰਕੇਤ ਕਰਦੀ ਹੈ। ਸੰਗਰੂਰ ਤੋਂ ਸ਼ੁਰੂ ਹੋਈ ਇਹ ਹਲਚਲ ਆਉਣ ਵਾਲੇ ਸਮੇਂ ਵਿੱਚ ਸੂਬੇ ਦੀ ਸਿਆਸੀ ਦਿਸ਼ਾ ਨਿਰਧਾਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ। ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਤੋਂ ਬਾਅਦ ਅਰਵਿੰਦ ਖੰਨਾ ਨੇ ਕਿਹਾ ਕਿ ਇਹ ਫੈਸਲਾ ਉਹਨਾਂ ਨੇ ਕਿਸੇ ਤੁਰੰਤ ਸਿਆਸੀ ਲਾਭ ਲਈ ਨਹੀਂ ਲਿਆ ਸਗੋਂ ਲੋਕਾਂ ਦੀ ਲੰਬੇ ਸਮੇਂ ਤੋਂ ਆ ਰਹੀ ਮੰਗ ਤੇ ਪੰਜਾਬ ਦੇ ਭਵਿੱਖ ਨੂੰ ਧਿਆਨ 'ਚ ਰੱਖ ਕੇ ਲਿਆ ਗਿਆ ਹੈ। ਉਹ ਖੇਤਰੀ ਪਾਰਟੀ ਨੂੰ ਮਜ਼ਬੂਤ ਕਰਨ ਦੀ ਲੋੜ ਸਮਝਣ ਲੱਗੇ ਹਨ।

ਕੱਲ ਜਦੋਂ ਅਰਵਿੰਦ ਖੰਨਾ ਅਕਾਲੀ ਦਲ ਵਿੱਚ ਸ਼ਾਮਿਲ ਹੋ ਰਹੇ ਸਨ ਤਾਂ ਦੂਜੇ ਪਾਸੇ ਪੰਜਾਬ ਭਰਤੀ ਜਨਤਾ ਪਾਰਟੀ ਦਾ ਐਨਆਰਆਈ ਸੰਮੇਲਨ ਚੱਲ ਰਿਹਾ ਸੀ। ਸੰਮੇਲਨ ਤੋਂ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਤਾਂ ਦੂਰ ਰਹੇ ਪਰ ਵਰਕਿੰਗ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਈ ਅਹਿਮ ਗੱਲਾਂ ਕਹੀਆਂ, ਜਿਹਨਾਂ ਦਾ ਸਿੱਧਾ ਸਬੰਧ ਸ਼੍ਰੋਮਣੀ ਅਕਾਲੀ ਦਲ ਨਾਲ ਸੀ। ਉਹਨਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਹੁਣ ਤੱਕ ਉਹਨਾਂ ਨੂੰ ਐਨਆਰਆਈ ਨਾਲ ਮਿਲਣ ਦਾ ਮੌਕਾ ਹੀ ਨਹੀਂ ਦਿੱਤਾ ਗਿਆ। ਉਹਨਾਂ ਨੇ ਇਹ ਵੀ ਕਿਹਾ ਕਿ ਹੁਣ ਉਹ ਵੱਡੀ ਪਾਰਟੀ ਵਜੋਂ ਵਿਚਰਨਗੇ ਅਤੇ ਐਨਆਰਆਈ ਨਾਲ ਸਿੱਧਾ ਰਾਬਤਾ ਕਾਇਮ ਕਰਨਗੇ। ਐਨਆਰਆਈਜ਼ ਕੋਲ ਵੋਟ ਵੀ ਹੈ ਅਤੇ ਨੋਟ ਵੀ ਹੈ। ਉਹ ਅੱਗੇ ਕਹਿੰਦੇ ਹਨ ਕਿ ਸ਼੍ਰੋਮਣੀ ਅਕਾਲੀ ਦਲ ਤੇ ਭਾਰਤੀ ਜਨਤਾ ਪਾਰਟੀ ਦਾ ਗੱਠਜੋੜ ਸਿਆਸੀ ਨਹੀਂ ਸਗੋਂ ਸਮਾਜਿਕ ਸੀ। ਭਾਰਤੀ ਜਨਤਾ ਪਾਰਟੀ ਇਸ ਸਰਹੱਦੀ ਸੂਬੇ ਪੰਜਾਬ ਵਿੱਚ ਭਾਈਚਾਰਕ ਸਾਂਝ ਬਣਾ ਕੇ ਰੱਖਣਾ ਚਾਹੁੰਦੀ ਸੀ। ਇਸ ਦਾ ਮਤਲਬ ਇਹ ਹੋਇਆ ਕਿ ਭਾਜਪਾ ਪ੍ਰਧਾਨ ਨੇ ਦੋਹਾਂ ਪਾਰਟੀਆਂ ਵਿੱਚ ਹੋਣ ਵਾਲਾ ਸੰਭਾਵਿਤ ਜੋੜ ਨਕਾਰ ਦਿੱਤਾ ਹੈ। ਉਂਝ ਵੀ ਸੁਨੀਲ ਜਾਖੜ ਤੋਂ ਬਿਨਾਂ ਭਾਜਪਾ ਹਾਈ ਕਮਾਂਡ ਵੱਲੋਂ ਸ਼੍ਰੋਮਣੀ ਅਕਾਲੀ ਦਲ ਨਾਲ ਮੁੜ ਤੋਂ ਸਿਆਸੀ ਗੱਠਜੋੜ ਕਰਨ ਦਾ ਕਦੇ ਕੋਈ ਸੰਕੇਤ ਨਹੀਂ ਦਿੱਤਾ ਗਿਆ ਹੈ। ਸ਼੍ਰੋਮਣੀ ਅਕਾਲੀ ਦਲ ਹੀ ਹੈ ਜਿਹੜਾ ਕਦੇ ਭਾਜਪਾ ਨਾਲ ਗੱਠਜੋੜ ਕਰਨ ਦਾ ਇਸ਼ਾਰਾ ਕਰਦਾ ਰਿਹਾ ਹੈ ਅਤੇ ਕਦੇ ਭਾਜਪਾ ਨੂੰ ਸਿੱਖਾਂ ਦੀ ਨੰਬਰ ਵਨ ਦੁਸ਼ਮਣ ਦੱਸਦਾ ਰਿਹਾ ਹੈ।

ਪੰਜਾਬ ਦੀ ਸਿਆਸਤ ਵਿੱਚ ਅੱਜ ਦਾ ਦਿਨ ਕਈ ਪੱਖਾਂ ਤੋਂ ਅਹਿਮ ਹੈ । ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਵੱਲੋਂ ਮੌਜੂਦਾ ਹਾਲਾਤਾਂ ਉੱਤੇ ਵਿਚਾਰ ਕਰਨ ਲਈ ਪੰਜਾਬ ਕਾਂਗਰਸ ਦੇ ਵਿਧਾਇਕਾਂ ਅਤੇ ਜ਼ਿਲ੍ਹਾ ਪ੍ਰਧਾਨਾਂ ਦੀ ਮੀਟਿੰਗ ਰੱਖੀ ਗਈ ਹੈ। ਦੂਜੇ ਬੰਨੇ ਆਪ ਵੱਲੋਂ ਮੋਗਾ ਦੇ ਕਿੱਲੀ ਚਾਹਲਾਂ ਵਿੱਚ ਇੱਕ ਰੈਲੀ ਨਾਲ ਚੋਣਾਂ ਦਾ ਵਿਗਲ ਬਜਾਇਆ ਜਾ ਰਿਹਾ ਹੈ।

ਕਿਲੀ ਚਾਹਲਾਂ ਉਹ ਸਥਾਨ ਹੈ ਜਿੱਥੇ ਪਹਿਲੀ ਵਾਰ ਅਕਾਲੀ ਦਲ ਨੇ 1996 ਨੂੰ ਇੱਕ ਇਤਿਹਾਸ ਰੈਲੀ ਕੀਤੀ ਸੀ ਅਤੇ ਉਸ ਤੋਂ ਬਾਅਦ 1997 ਵਿੱਚ ਆਪਣੀ ਸਰਕਾਰ ਬਣਾ ਲਈ ਸੀ। ਸ਼੍ਰੋਮਣੀ ਅਕਾਲੀ ਦਲ ਨੇ ਇਸੇ ਥਾਂ ਤੋਂ ਪੰਥਕ ਏਜੰਡੇ ਵੱਜੋਂ ਪੰਜਾਬ ਸਿਆਸਤ ਵੱਲ ਨੂੰ ਮੋੜ ਕੱਟਿਆ ਸੀ। ਉਸ ਤੋਂ ਬਾਅਦ ਹੁਣ ਤੱਕ ਕਾਂਗਰਸ ਵੱਲੋਂ ਵੀ ਕਿੱਲੀ ਚਾਹਲਾਂ ਵਿੱਚ ਸਿਆਸੀ ਰੈਲੀਆਂ ਕਰਕੇ ਬਦਲਾਅ ਦੀ ਇੱਛਾ ਪਾਲੀ ਜਾਂਦੀ ਰਹੀ ਹੈ। ਆਮ ਆਦਮੀ ਪਾਰਟੀ ਵੱਲੋਂ 33 ਏਕੜ ਥਾਂ ਵਿੱਚ ਪੰਡਾਲ ਲਾਇਆ ਗਿਆ ਹੈ। ਗੱਡੀ ਵਿੱਚ ਇਕੱਠ ਕਰਨ ਲਈ ਵਿਲੇਜ ਡਿਫੈਂਸ ਕਮੇਟੀ ਜ਼ਿੰਮੇਵਾਰੀ ਸੌਂਪੀ ਗਈ ਹੈ। ਆਮ ਆਦਮੀ ਪਾਰਟੀ ਇਸ ਰੈਲੀ ਵਿੱਚ ਇਕ ਲੱਖ ਤੋਂ ਵੱਧ ਦਾ ਇਕੱਠ ਕਰਕੇ ਸ਼ਰੀਕਾਂ ਨੂੰ ਆਪਣੇ ਨਾਲ ਵੱਡੀ ਤਾਕਤ ਹੋਣ ਦਾ ਸੁਨੇਹਾ ਦੇਣਾ ਚਾਹ ਰਹੀ ਹੈ।

ਵਿਧਾਨ ਸਭਾ ਚੋਣਾਂ ਵਿੱਚ ਇੱਕ ਸਾਲ ਦਾ ਸਮਾਂ ਰਹਿੰਦਿਆਂ ਸਾਰੀਆਂ ਸਿਆਸੀ ਪਾਰਟੀਆਂ ਪੱਬਾਂ ਭਾਰ ਹਨ। ਆਮ ਆਦਮੀ ਪਾਰਟੀ ਦੁਬਾਰਾ ਤੋਂ ਸਰਕਾਰ ਬਣਾਉਣ ਦਾ ਭਰਮ ਪਾਲ ਰਹੀ ਹੈ। ਕਾਂਗਰਸ ਨੂੰ ਪੰਜ ਸਾਲਾਂ ਬਾਅਦ ਸੱਤਾ ਵਿੱਚ ਮੁੜ ਆਉਣ ਦਾ ਭਰੋਸਾ ਹੈ। ਸੁਖਬੀਰ ਸਿੰਘ ਬਾਦਲ ਵੀ ਆਪਣੇ ਆਪ ਨੂੰ ਅਗਲੇ ਮੁੱਖ ਮੰਤਰੀ ਵਜੋਂ ਦੇਖ ਰਹੇ ਹਨ। ਭਾਰਤੀ ਜਨਤਾ ਪਾਰਟੀ ਪੰਜਾਬ ਦੀ ਸੱਤਾ ਉੱਤੇ ਕਾਬਜ਼ ਹੋਣ ਦੇ ਦਿਨੇ ਸੁਪਨੇ ਦੇਖ ਰਹੀ ਹੈ। ਪੰਜਾਬ ਕਿਸ ਪਾਸੇ ਨੂੰ ਵਗਦਾ ਹੈ, ਹਾਲੇ ਤੱਕ ਤਾਂ ਕੋਈ ਸੁਨੇਹਾ ਨਹੀਂ ਦਿੱਤਾ ਹੈ। ਪੰਜਾਬ ਜੱਕੋ ਤੱਕੀ ਵਿੱਚ ਹੈ। ਮੋੜ 'ਤੇ ਆ ਕੇ ਭੁੱਲੇ ਪੰਜਾਬ ਨੂੰ ਸ਼ਾਇਦ ਕੋਈ ਲੰਮੀ ਸੀਟੀ ਮਾਰਨ ਵਾਲਾ ਟੱਕਰ ਜਾਵੇ । ਸ਼੍ਰੋਮਣੀ ਅਕਾਲੀ ਦਲ ਜਿਹੜਾ ਅਰਵਿੰਦ ਖੰਨਾ ਦੇ ਸ਼ਾਮਿਲ ਹੋਣ ਨਾਲ ਫੁੱਲਿਆ ਨਹੀਂ ਸਮਾ ਰਿਹਾ, ਲਈ ਦਿੱਲੀ ਹਾਲੇ ਦੂਰ ਲੱਗਦੀ ਹੈ।

# "ਪੰਡਿਤ ਸੂਰ ਛਤ੍ਰਪਤਿ ਰਾਜਾ ਭਗਤੁ ਬਰਾਬਰ ਅਉਰੁ ਨਾ ਕੋਇ"-ਸ੍ਰੀ ਗੁਰੂ ਗ੍ਰੰਥ ਸਾਹਿਬ



ਡਾ. ਕੁਲਵੰਤ ਕੌਰ
ਮੋ: 98156-20515

ਸਮਕਾਲੀ ਸਮਾਜ ਦਾ ਇਕ ਵੱਡਾ ਵਰਗ ਅੱਜ ਕੱਲ੍ਹ ਵੀ ਇਸੇ ਭਰਮ-ਭੁਲੇਖੇ 'ਚੋਂ ਬਾਹਰ ਨਹੀਂ ਨਿਕਲਿਆ ਕਿ ਸਾਡੇ ਰਹਿਬਰਾਂ, ਮੁਕਤੀਦਾਤਿਆਂ ਅਤੇ ਮਹਾਂਪੁਰਖਾਂ ਨੂੰ ਅਸੀਂ ਕਿਸ ਵਿਸ਼ੇਸ਼ਣ ਨਾਲ ਸੰਬੋਧਨ ਕਰਦੇ ਹਾਂ। ਮੱਧਕਾਲ ਦੇ ਅਤਿ ਬਿਖੜੇ ਸਮੇਂ, ਜਦੋਂ ਬਾਹਰਲੇ ਧਾੜਵੀਆਂ ਅਤੇ ਹਮਲਾਵਰਾਂ ਨੇ ਇਥੋਂ ਦੇ ਲੋਕਾਂ ਦਾ ਜਿਉਣਾ ਮੁਹਾਲ ਕੀਤਾ ਹੋਇਆ ਸੀ, ਸਥਾਨਕ ਰਾਜੇ ਐਸ਼ਪ੍ਰਸਤੀ, ਸਵਾਰਥ ਅਤੇ ਲੜਨ-ਮਰਨ ਵਿਚ ਵਿਅਸਤ ਸਨ ਤਾਂ ਸਾਰੇ ਦੈਵੀ ਪੁਰਖਾਂ, ਅਗੰਮੜੇ ਮਰਦਾਂ ਅਤੇ ਪ੍ਰਭੂ ਪਿਆਰਿਆਂ ਨੇ ਟੁੱਕੜੇ ਟੁੱਕੜੇ ਹੋ ਚੁੱਕੇ ਚੌਗਿਰਦੇ ਨੂੰ ਜੋੜਨ, ਗੱਠਣ ਅਤੇ ਮਿਲਾਉਣ ਲਈ ਸਿਰਤੋੜ ਜਤਨ ਕੀਤੇ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੀਆਂ ਚੌਹਾਂ ਹੀ ਉਦਾਸੀਆਂ ਵਿਚ ਲੱਖਾਂ ਮੀਲਾਂ ਦਾ ਸਫ਼ਰ ਤੈਅ ਕਰਕੇ, ਕੇਵਲ ਚਾਰੋਂ ਦਿਸ਼ਾਵਾਂ ਦੀ ਲੁਕਾਈ ਤੱਕ ਹੀ ਜੀਵਨ ਦਾ ਅਸਲ ਮਕਸਦ ਨਹੀਂ ਪਹੁੰਚਾਇਆ ਸਗੋਂ ਆਪਣੇ ਤੋਂ ਪਹਿਲਾਂ ਹੋ ਚੁੱਕੇ ਮਹਾਨ ਭਗਤਾਂ ਦੀ ਬਾਣੀ ਨੂੰ ਵੀ ਸੰਭਾਲਿਆ। ਬਾਬਾ ਫਰੀਦ ਜੀ, ਭਗਤ ਜੈ ਦੇਵ ਜੀ (ਬੰਗਾਲ), ਭਗਤ ਨਾਮਦੇਵ ਜੀ ਅਤੇ ਮਹਾਂਰਾਸ਼ਟਰ, ਭਗਤ ਤਿਲੋਚਨ ਜੀ (ਮਹਾਂਰਾਸ਼ਟਰ), ਭਗਤ ਕਬੀਰ ਜੀ ਅਤੇ ਭਗਤ ਰਵਿਦਾਸ ਜੀ (ਬਨਾਰਸ) ਦੀ ਬਾਣੀ ਨੂੰ ਗੁਰੂ ਜੀ ਨੇ ਨਾ ਸਾਂਭਿਆ ਹੁੰਦਾ ਤਾਂ ਅੱਜ ਇਹ ਵਕਤ ਦੀ ਧੁੰਦਲ ਵਿਚ ਗਵਾਚੀ ਹੁੰਦੀ ਅਤੇ ਉਹ ਸੌੜੀ ਸੋਚ ਵਾਲੇ ਲੋਕ, ਗੁਰੂ ਪਾਤਿਸ਼ਾਹੀਆਂ ਦੀ ਵਿਸ਼ਾਲ ਸੋਚ ਨੂੰ ਤਾਰਪੀਡੋ ਨਾ ਕਰ ਸਕਦੇ। ਉਹ ਸਮੁੱਚੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚੋਂ ਆਪੋ ਆਪ ਨੂੰ ਸੂਟ ਕਰਦੀ ਜਾਂ 'ਆਪਣੇ' ਰਹਿਬਰ ਦੀ ਬਾਣੀ ਆਖ ਕੇ ਅਲੱਗ ਨਾ ਕਰਦੇ (ਅੰਮ੍ਰਿਤ ਬਾਣੀ ਦਾ ਸੰਕਲਣ ਇਸ ਦਾ ਜ਼ਾਹਰਾ ਉਦਾਹਰਨ ਹੈ) ਜਾਤ ਪਾਤ ਦੀ ਕੱਟੜਤਾ, ਬ੍ਰਾਹਮਣ, ਖੱਤਰੀ, ਵੈਸ਼ ਅਤੇ ਸ਼ੂਦਰ ਦੀ ਭਿਅੰਕਰ ਵੰਡ ਵੇਲੇ ਜੇਕਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਪੈਂਤੀ ਮਹਾਂ ਪੁਰਖਾਂ ਦੀ ਧੁਰ ਕੀ ਬਾਣੀ ਨੂੰ ਸੰਪਾਦਿਤ ਨਾ ਕੀਤਾ ਗਿਆ ਹੁੰਦਾ ਤਾਂ ਅੱਜ ਦੀ ਦੁਨੀਆ ਕੁਝ ਹੋ ਹੋਰ ਹੀ ਹੁੰਦੀ। ਆਪੋ ਧਾਪੀ ਦਾ ਆਲਮ ਹੋਰ ਵੀ ਭਿਆਨਕ ਹੁੰਦਾ !!

ਸੂਝਵਾਨ ਪਾਠਕੋ ! ਜ਼ਰਾ ਸੰਜੀਦਗੀ ਨਾਲ ਵਿਚਾਰੀਏ ਤਾਂ ਖੁਦ-ਬ-ਖੁਦ ਸਮਝ ਆਉਂਦੈ ਕਿ ਸ਼ਬਦ-ਗੁਰੂ ਅੱਗੇ ਸੀਸ ਨਿਵਾਉਂਦੇ ਕੀ ਅਸੀਂ ਸਾਰੇ ਹੀ ਰਹਿਬਰਾਂ ਅੱਗੇ ਨਤਮਸਤਕ ਨਹੀਂ ਹੁੰਦੇ ? ਕੀ ਕਿਸੇ ਨਾਲ ਕੋਈ ਭੇਦ ਭਾਵ ਹੁੰਦੈ ? ਕੋਈ ਛੋਟਾ ਵੱਡਾ ਸਮਝਿਆ ਜਾਂਦੈ ? ਕੋਈ ਜਾਤ ਬਿਰਾਦਰੀ ਪੁੱਛੀ ਦੱਸੀ ਜਾਂਦੀ ਹੈ ? ਨਹੀਂ, ਹਰਗਿਜ਼ ਨਹੀਂ। ਬਲਕਿ ਗੁਰੂ ਸਾਹਿਬਾਨ ਦਾ ਤਾਂ ਸਪੱਸ਼ਟ ਸੁਨੇਹਾ ਹੈ :-

**ਜਿਥੇ ਨੀਚ ਸਮਾਲੀਅਨ**
**ਤਿਥੇ ਨਦਰਿ ਤੇਰੀ ਬਖਸੀਸ।**

ਅਤੇ

**ਨੀਚਾ ਅੰਦਰ ਨੀਚ ਜਾਤ**
**ਨੀਚੀ ਹੂ ਅਤਿ ਨੀਚ।**
**ਨਾਨਕ ਤਿਨ ਕੇ ਸੰਗਿ ਸਾਥ**
**ਵਡਿਆ ਸਿਉ ਕਿਆ ਰੀਸ।**

ਗੁਰੂ ਸਾਹਿਬ ਨੇ ਤਾਂ ਇਥੋਂ ਤਕ ਫੁਰਮਾਇਆ ਹੈ ਕਿ

**ਜਾਣਹੁ ਜੋਤਿ ਨਾ ਪੂਛਹੁ ਜਾਤੀ**
**ਆਗੈ ਜਾਤਿ ਨ ਹੇ।**

ਅਰਥਾਤ ਨਾ ਜਨਮ ਤੋਂ ਪਹਿਲਾਂ ਤੇ ਨਾ ਹੀ ਮਰਨ ਉਪਰੰਤ ਨੀਵੀਂ ਉਚੀ ਜਾਤ ਦਾ ਕੋਈ ਝਮੇਲਾ ਸੀ, ਸਿਰਫ ਅਤੇ ਸਿਰਫ਼ ਸ੍ਰੇਸ਼ਟ ਬਣਾ ਦਿੱਤੀਆਂ ਗਈਆਂ ਜਾਂ ਵਰਣ-ਵੰਡ ਕਰਕੇ ਸਮਾਜ ਨੂੰ ਪਾੜ ਦੇਣ ਵਾਲਿਆਂ ਨੇ ਹੀ ਅਜਿਹੇ ਵਿਤਕਰੇ ਕੀਤੇ ਹੋਏ ਸਨ। ਇਸੇ ਜਾਤੀ ਵੰਡ ਨੂੰ ਸਾਰੇ ਹੀ ਪਰਮ ਪੁਰਖਿਆਂ ਨੇ ਰੱਜ ਰੱਜ ਕੇ ਭੰਡਿਆ ਤੇ ਨਿੰਦਿਆ । ਖੁਦ ਭਗਤ ਕਬੀਰ ਸਾਹਿਬ ਫੁਰਮਾਉਂਦੇ ਹਨ:-

**ਜੌ ਤੂ ਬ੍ਰਾਹਮਣ ਬ੍ਰਾਹਮਣੀ ਜਾਇਆ**
**ਤਉ ਆਨ ਬਾਟ ਕਾਹੇ**
**ਨਹੀ ਆਇਆ।**

ਭਾਵ ਮਾਂ ਦੇ ਗਰਭ ਤੋਂ ਪੈਦਾ ਹੋਣ ਵਾਲੇ ਹਰੇਕ ਜੀਵ ਵਾਂਗ ਹੀ ਆਪਣੇ ਆਪ ਨੂੰ ਕੁਲੀਨ ਵਰਗੀਏ ਸਮਝਣ ਤੇ ਮੰਨਣ ਵਾਲੇ ਬ੍ਰਾਹਮਣ ਨੂੰ ਤਾਂ ਫਿਰ ਸੰਸਾਰ ਵਿਚ ਆਉਣ ਲਈ ਕੋਈ ਹੋਰ ਰਸਤਾ ਅਖਤਿਆਰ ਕਰਨਾ ਚਾਹੀਦਾ ਸੀ ਕਿਉਂਕਿ ਆਮ ਦੁਨੀਆਂਦਾਰਾਂ ਵਾਂਗ ਪੈਦਾ ਹੋ ਕੇ ਸ੍ਰੇਸ਼ਟਤਾ ਦਾ ਠੱਪਾ ਨਹੀਂ ਸੀ ਲੱਗ ਸਕਦਾ।

'ਜਾਤਿ ਕਾ ਗਰਬੁ ਨ ਕਰਿ ਮੂਰਖ ਗਵਾਰਾ' ਦਾ ਸਖਤ ਸੁਨੇਹਾ ਦੇਣ ਵਾਲੀ ਗੁਰਬਾਣੀ ਪ੍ਰਤਿ ਸ਼ੰਕਾਵਾਂ ਉਭਾਰਨੀਆਂ ਤੇ ਛੇ ਛੇ ਸਦੀਆਂ ਬਾਅਦ ਕਿੰਤੂ ਪ੍ਰੰਤੂ ਕਰਨੇ ਕਿਸੇ ਵੀ ਸੂਝਵਾਨ, ਵਿਚਾਰਵਾਨ ਅਤੇ ਸਮਝਦਾਰ ਬੰਦੇ ਨੂੰ ਜਚਦੇ ਨਹੀਂ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸੰਪਾਦਨ ਕਰਨ ਲੱਗਿਆਂ,ਪੰਚਮ ਨਾਨਕ ਨੇ ਬਾਣੀ ਵਿਚ 'ਭਗਤ' ਸਿਰਲੇਖ ਹੇਠ ਬਾਣੀ ਅੰਕਿਤ ਕਰਦਿਆਂ, ਸਾਰੇ ਹੀ ਭਗਤ ਸਾਹਿਬਾਨ ਨਾਲ ਵਿਤਕਰਾ ਕੀਤਾ ਹੈ। ਇਸ ਆਰਟੀਕਲ ਦਾ ਸਿਰਲੇਖ ਹੀ ਭਗਤ ਰਵਿਦਾਸ ਜੀ ਦੀ ਖੁਦ ਦੀ ਬਾਣੀ ਵਿਚੋਂ ਲਿਆ ਗਿਆ ਹੈ। ਮੈਂ ਪੁੱਛਣਾ ਚਾਹੁੰਦੀ ਹਾਂ, ਉਨ੍ਹਾਂ ਤਮਾਮ 'ਸ਼ਰਧਾਲੂਆਂ' ਨੂੰ ਜੋ ਬਿਨਾਂ ਬਾਣੀ ਪੜ੍ਹੇ,ਵਿਚਾਰੇ ਅਤੇ ਗੌਲੇ ਹੀ ਵਾਵੇਲਾ ਕਰਦੇ ਆ ਰਹੇ ਹਨ ਕਿ 'ਭਗਤ' ਸ਼ਬਦ ਲਿਖ ਕੇ ਸਾਡੇ ਰਹਿਬਰ ਦਾ ਦਰਜਾ ਨਵਿਆਇਆ ਗਿਆ ਹੈ, ਉਨ੍ਹਾਂ ਨੂੰ 'ਗੁਰੂ' ਕਿਉਂ ਨਹੀਂ ਲਿਖਿਆ ਗਿਆ? ਲਓ ਪੜ੍ਹੋ ਤੇ ਸੁਣੋ ਜੇ ਤੁਹਾਡੇ ਅੰਦਰ, ਪਰਮਾਤਮਾ ਨੇ ਚੰਗਿਆਈ ਦੀ ਇਕ ਕਣੀ ਵੀ ਪਾਈ ਹੈ।

'ਬਾਣੀ ਗੁਰੂ ਗੁਰੂ ਹੈ ਬਾਣੀ ' ਫੁਰਮਾਉਣ ਵਾਲੇ ਗੁਰੂ ਰਾਮਦਾਸ ਜੀ ਨੇ ਮੁਹਰ ਲਾ ਦਿੱਤੀ ਸੀ ਕਿ ਬਾਣੀ ਅਰਥਾਤ ਸ਼ਬਦ ਹੀ ਗੁਰੂ ਹੈ। ਬਾਣੀ ਹੀ ਅਸਲ ਤੱਤ ਹੈ, ਸਾਰ ਹੈ, ਪਾਰਬ੍ਰਹਮ ਨੂੰ ਪ੍ਰਵਾਣ ਹੈ ਤੇ ਜੀਵਨ ਦਾ ਮਨੋਰਥ ਹੈ। ਫਿਰ ਕਿਸੇ ਭਗਤ, ਭੱਟ ਜਾਂ ਗੁਰਮੁਖ ਪਿਆਰੇ ਦੀ ਬਾਣੀ ਵਿਚ ਕੋਈ ਫ਼ਰਕ , ਅੰਤਰ, ਵਖਰੇਵਾਂ ਵੀ ਨਹੀਂ। ਸੋ ਤੰਗ ਸੋਚਣੀ ਵਾਲੇ, ਦੁਨਿਆਵੀ ਫਾਇਦਿਆਂ ਤੇ ਸ਼ੋਹਰਤਾਂ ਭਾਲਣ ਵਾਲਿਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਗੇ ਮਹਾਨ, ਅਜ਼ੀਮ, ਨਾਯਾਬ , ਲਸਾਨੀ ਤੇ ਵਿਲੱਖਣ ਗ੍ਰੰਥ 'ਤੇ ਵੀ ਕਿੰਤੂ ਪ੍ਰੰਤੂ ਕਰ ਦਿੱਤੇ ਹਨ ਤੇ ਉਹ ਵਰਣ -ਵੰਡੀਆਂ ਵਿਚ ਨਿਖੇੜੇ ਮੱਧਕਾਲੀ ਸਮਾਜ ਵਿਚ ਏਕਤਾ, ਅਖੰਡਤਾ, ਸਮਾਨਤਾ, ਭਰਾਤਰੀ ਭਾਵ ਅਤੇ ਉਦਾਰਤਾ ਲਿਆਉਣ ਵਾਲੇ ਇਕਲੌਤੇ ਜਤਨ ਨੂੰ ਵੀ ਨਕਾਰਨ ਦੀ ਮੰਦੀ ਕੋਸ਼ਿਸ਼ ਕਰ ਰਹੇ ਹਨ।

ਕੁਝ ਕੁ ਉਦਾਹਰਨਾਂ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚੋਂ ਹੋਰ ਦੇਣੀਆਂ ਚਾਹਾਂਗੀ, ਜੋ ਕਿੰਤੂ ਪ੍ਰੰਤੂ ਕਰਕੇ 'ਭਗਤ' ਦਾ ਦਰਜਾ ਛੋਟਾ ਮੰਨਣ ਵਾਲਿਆਂ ਨੂੰ ਹੋਰ ਬਿਹਤਰ ਢੰਗ ਨਾਲ ਸਮਝਾ ਸਕਾਂ :-

**-ਸਬਦੌ ਹੀ ਭਗਤ ਜਾਪਦੇ**
**ਜਿਨ ਕੀ ਬਾਣੀ ਸਚੀ ਹੋਇ।**
**-ਜਿਸਨੋ ਇਕੋ ਰੰਗੁ ਭਗਤੁ**
**ਸੋ ਜਾਨਣੋ।**
**-ਆਵੈ ਸਾਹਿਬੁ ਚਿਤਿ**
**ਤੇਰਿਆ ਭਗਤਾ ਡਿਠਿਆ।**
**-ਭਗਤ ਜਨਾ ਕਉ ਸਦਾ ਅਨੰਦੁ ਹੈ।**
**-ਨਾਨਕ ਭਗਤਾ ਸਦਾ ਵਿਗਾਸ।**
**-ਭਗਤਾ ਕੀ ਚਾਲਿ ਨਿਰਾਲੀ।**
**-ਭਗਤ ਭਗਤ ਸੁਣੀਐ ਤਿਹੁ ਲੋਇ।**

'ਤਿਹੁ ਲੋਇ' ਤੋਂ ਭਾਵ ਤ੍ਰਿਲੋਕ ਅਰਥਾਤ ਆਕਾਸ਼, ਪਾਤਾਲ ਤੇ ਧਰਤੀ ਹੈ। ਤ੍ਰੈਲੋਕੀ ਵਿਚ ਜਿਸ ਦੀ ਮਹਿਮਾ, ਵਡਿਆਈ ਤੇ ਕੀਰਤੀ ਹੈ, ਉਹੀ ਭਗਤ ਹੈ। ਹੁਣ ਕੋਈ ਪੁੱਛੇ ਇਨ੍ਹਾਂ ਤੰਗ ਸੋਚਣੀ ਵਾਲੇ ਲੋਕਾਂ ਨੂੰ ਕਿ ਬਾਣੀ ਦੇ ਵਖਰੇਵੇਂ ਲਈ ਭਾਵ ਅੱਡ ਅੱਡ ਕਰਨ ਲਈ ਜੇਕਰ ਸਾਰੇ ਹੀ ਸਤਿਕਾਰਤ ਭਗਤ ਸਾਹਿਬਾਨ ਦੇ ਇੰਦਰਾਜ ਵੇਲੇ 'ਭਗਤ ਜੀ' ਅੰਕਿਤ ਕੀਤਾ ਗਿਆ ਹੈ ਤਾਂ ਇਸ ਦਾ ਮਤਲਬ ਗਲਤ ਕਿਉਂ ਕੱਢਿਆ ਜਾ ਰਿਹਾ ਹੈ? ਆਪਣੇ ਪੰਜਾਹ ਸਾਲਾਂ ਦੇ ਨਿੱਜੀ ਕੌੜੇ ਅਨੁਭਵਾਂ, ਵਾਪਰੀਆਂ ਘਟਨਾਵਾਂ ਅਤੇ ਕੁਸੈਲੇ ਤਜਰਬਿਆਂ ਦਾ ਇਸ਼ਾਰੇ ਮਾਤਰ ਜ਼ਿਕਰ ਕਰਨ ਤੋਂ ਪਹਿਲਾਂ, ਇਸ ਆਰਟੀਕਲ ਦੀ ਲੇਖਿਕਾ, ਭਗਤ ਰਵਿਦਾਸ ਜੀ ਦੀ ਆਪਣੀ ਬਾਣੀ ਵਿੱਚੋਂ ਲਈ ਤੁਕ (ਜੋ ਸਿਰਲੇਖ ਵਜੋਂ ਵਰਤੀ ਗਈ ਹੈ) ਬਾਰੇ ਇਕ ਹੋਰ ਸੰਖੇਪ ਵਿਚਾਰ ਵੀ ਕਰਨੀ ਚਾਹੁੰਦੀ ਹੈ ਤਾਂ ਕਿ ਪਾਏ ਜਾ ਰਹੇ ਭਰਮ-ਭੁਲੇਖਿਆਂ ਦਾ ਹੋਰ ਸਪੱਸ਼ਟੀਕਰਨ ਹੋ ਸਕੇ। 'ਪੰਡਿਤ ਸੂਰ ਛਤ੍ਰਪਤਿ ਰਾਜਾ ਭਗਤ ਬਰਾਬਰਿ ਅਉਰੁ ਨ ਕੋਇ' (Among the religious scholare, warriors and kings, there is no other equal to the lord's devotee) ਤੁਕ ਵਿਚ ਸਾਡੇ ਮਹਾਨ ਰਹਿਬਰ ਨੇ ਮੱਧਕਾਲ ਵਿਚ ਸ੍ਰੇਸ਼ਟ ਪ੍ਰਵਾਨੇ ਜਾਂਦੇ ਪੰਡਿਤ, ਸੂਰਬੀਰ ਯੋਧਿਆਂ ਅਤੇ ਛਤਰਪਤੀ ਰਾਜਿਆਂ ਤੋਂ ਵੀ ਵੱਡਾ ਦਰਜਾ ਭਗਤ ਨੂੰ ਦਿੱਤਾ ਹੈ, ਕੀ ਅਸੀਂ ਆਪਣੇ ਰਹਿਬਰ ਦੀ ਸਿੱਖਿਆ, ਸਮਝਾਉਤੀ ਅਤੇ ਬਚਨਾਂ ਨੂੰ ਵੀ ਨਹੀਂ ਪ੍ਰਵਾਨਦੇ ? ਭੀੜ ਤੰਤਰ ਦੇ ਇਸ ਯੁੱਗ ਵਿਚ ਅੱਜ ਬਾਣੀ ਦੇ ਖੋਜੀ, ਵਿਚਾਰਵਾਨ ਖੂੰਜੇ ਲੱਗੇ ਪਏ ਹਨ ਜਾਂ ਉਨ੍ਹਾਂ ਨੂੰ ਦਰਕਿਨਾਰ ਕਰ ਦਿੱਤਾ ਗਿਆ ਹੈ। ਨਹੀਂ ਤਾਂ 1977 ਵਿਚ, ਭਗਤ ਰਵਿਦਾਸ ਜੀ ਦੀ ਛੇ ਸੌ ਸਾਲਾ ਪ੍ਰਕਾਸ਼ ਸ਼ਤਾਬਦੀ ਸਮੇਂ ਆਰੰਭੀ ਖੋਜ (ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚਲੇ ਚਾਲੀ ਸ਼ਬਦਾਂ 'ਤੇ ਆਧਾਰਿਤ ਹੈ) ਦੀ ਲੇਖਿਕਾ ਨੂੰ ਇਸ ਕਦਰ ਚੁੱਪੀ ਧਾਰਨ ਕਰਕੇ ਨਾ ਬੈਠਣਾ ਪੈਂਦਾ।

ਬਿਨਾਂ ਸ਼ੱਕ, 1977 ਵਿਚ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਗੁਰੂ ਨਾਨਕ ਅਧਿਐਨ ਵਿਭਾਗ ਵਿਚ ਸਤਿਕਾਰਤ ਪ੍ਰੋ.ਪ੍ਰੀਤਮ ਸਿੰਘ ਜੀ ਦੀ ਨਿਗਰਾਨੀ ਵਿਚ ਅਲਾਟ ਹੋਏ ਅਤੇ ਪੰਜਾਬੀ ਯੂਨੀਵਰਸਿਟੀ ਦੇ ਫ਼ਾਰਸੀਦਾਨ ਪ੍ਰੋ.ਗੁਲਵੰਤ ਸਿੰਘ ਜੀ ਦੀ ਰਹਿਨੁਮਾਈ ਵਿਚ ਸੰਪੂਰਨ ਹੋਏ ਮੇਰੇ ਥੀਸਸ ਤੇ, ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ 1982 ਵਿਚ ਡਾਕਟਰੇਟ ਪ੍ਰਦਾਨ ਕੀਤੀ ਗਈ ਸੀ। 1987 ਵਿਚ ਭਾਸ਼ਾ ਵਿਭਾਗ ਪੰਜਾਬ ਨੇ ਇਸ ਨੂੰ ਕਿਤਾਬੀ ਰੂਪ ਵਿਚ ਛਾਪਿਆ। ਉਪਰੰਤ ਖੋਜ ਜਾਰੀ ਰੱਖਦਿਆਂ, ਦਾਸਰੀ ਨੇ ਖੁਦ ਵੀ ਕਈ ਪੁਸਤਕਾਂ ਛਪਵਾਈਆਂ। ਇੱਥੋਂ ਤੱਕ ਕਿ ਅਮਰੀਕਨ ਸ਼ਰਧਾਲੂਆਂ ਦੀ ਜ਼ਬਰਦਸਤ ਮੰਗ 'ਤੇ, 'ਇਹੁ ਜਨਮੁ ਤੁਮਾਰੇ ਲੇਖੇ' ਦਾ ਖਰੜਾ, ਬੱਲਾਂ ਵਾਲੇ ਸੰਤ ਨਿਰੰਜਨ ਦਾਸ ਜੀ ਨੂੰ ਵੀ ਸੌਂਪਿਆ (ਜਿਨ੍ਹਾਂ ਨੇ ਛਾਪ ਕੇ ਸੰਗਤ ਵਿਚ ਵੰਡਿਆ) ਇਨ੍ਹਾਂ ਸੰਤਾਂ ਨੇ ਬੱਲਾਂ ਤੇ ਬਨਾਰਸ (ਜਿੱਥੇ ਸੀਰ ਗੋਵਰਧਨਪੁਰ ਦੀ ਖੋਜ ਕਰਦਿਆਂ ਪ੍ਰਮਾਣਿਤ ਕੀਤਾ ਗਿਆ ਸੀ) ਵਿਖੇ ਕਈ ਵਾਰ ਸੋਨ ਤਮਗਿਆਂ ਨਾਲ ਸਨਮਾਨਿਤ ਵੀ ਕੀਤਾ ਹੈ।

ਪਿਛਲੇ ਪੰਜਾਹ ਸਾਲਾਂ ਵਿਚ ਜਿੱਥੇ ਇਸ ਬਾਣੀ ਨੇ ਮੇਰਾ ਜੀਵਨ ਬਦਲਿਆ, ਵਿਚਾਰ ਨਿਖਾਰੇ, ਸੋਚ ਬਦਲੀ ਤੇ ਬਾਣੀ ਨਾਲ ਜੋੜੀ ਰੱਖਣ ਲਈ ਮਾਅਰਕੇ ਦੀ ਬਖ਼ਸ਼ਿਸ਼ ਕੀਤੀ ਉੱਥੇ ਤੰਗ ਸੋਚ ਵਾਲੇ ਕੁਝ ਧਾਰਮਿਕ ਅਦਾਰਿਆਂ (Guru Ravidas Temples) ਵਿਚ ਬਹੁਤ ਵਾਰ ਪਰੇਸ਼ਾਨੀਆਂ ਤੇ ਜ਼ਲਾਲਤ ਵੀ ਸਹਿਣੀ ਪਈ। ਖ਼ਾਸ ਕਰਕੇ ਟਰਾਂਟੋ ਦੇ ਹਮਿਲਟਨ ਸ਼ਹਿਰ ਦੇ ਅਜਿਹੇ ਟੈਂਪਲ ਵਿਚ (ਜਿੱਥੇ ਟਿਕਟ ਭੇਜ ਕੇ ਮੈਨੂੰ, ਮੇਰੇ ਕੈਲੇਫੋਰਨੀਆ ਦੌਰੇ ਤੋਂ ਸੱਦਿਆ ਗਿਆ ਸੀ) ਪ੍ਰਬੰਧਕ ਕਮੇਟੀ ਨੇ ਸਟੇਜ ਚੜ੍ਹਨ ਸਮੇਂ ਹੀ, ਫ਼ਰਮਾਨ ਕਰ ਦਿੱਤਾ ਕਿ 'ਤੁਸੀਂ ਸ਼ਬਦ 'ਭਗਤ' ਨਹੀਂ ਵਰਤ ਸਕਦੇ, ਤੁਹਾਨੂੰ 'ਗੁਰੂ' ਕਹਿਣਾ ਹੋਵੇਗਾ।' ਮੇਰੀ ਬੇਨਤੀ ਕਿ 'ਤੁਸੀਂ ਮੈਨੂੰ ਦਸ ਮਿੰਟ ਸੁਣਨ ਉਪਰੰਤ, ਜੇ ਤੁਹਾਡੀ ਤਸੱਲੀ ਨਾ ਹੋਈ ਤਾਂ ਵਿਚਕਾਰੋਂ ਹੀ ਉਤਾਰ ਦੇਣਾ' ਸੁਣ ਕੇ ਉਹ ਸ਼ਾਂਤ ਹੋ ਗਏ। ਦਸ ਮਿੰਟਾਂ ਬਾਅਦ, ਉੱਥੇ ਸੰਨਾਟਾ ਸੀ, ਤਵੱਜੋਂ ਸੀ, ਸ਼ਾਂਤੀ ਸੀ ਤੇ ਸ਼ਰਧਾਮਈ ਮਾਹੌਲ ਵੀ। ਅਜਿਹਾ ਹੀ ਇਕ ਵਾਰ ਇੰਗਲੈਂਡ ਤੇ ਅਮਰੀਕਾ ਵਿਖੇ ਵੀ ਵਾਪਰਿਆ ਪਰ 1992 ਵਿਚ, ਪੂਰੇ ਸੰਸਾਰ ਵਿਚ, ਪਹਿਲੀ ਵਾਰ ਬਣੇ Guru Ravidas Temple, Pittusberg California ਵਿਚ ਇਕਵੰਜਾ ਹਜ਼ਾਰ ਦੀ ਥੈਲੀ ਦੇ ਕੇ ਸੰਗਤਾਂ ਨੇ ਰੱਜ ਕੇ ਸਤਿਕਾਰ ਵੀ ਕੀਤਾ ਸੀ ਤੇ ਇਵੇਂ ਹੀ ਡੈਨਮਾਰਕ ਤੇ ਕੁਵੈਤ ਦੀਆਂ ਸਤਿਸੰਗ ਸਭਾਵਾਂ ਨੇ ਵੀ ਆਦਰ ਮਾਣ ਕੀਤਾ ਸੀ। ਅਜਿਹੇ ਰਲੇ ਮਿਲੇ ਪ੍ਰਭਾਵਾਂ ਵਿਚਕਾਰ, ਇਹ ਜ਼ਰੂਰ ਦੱਸਣਾ ਚਾਹੁੰਦੀ ਹਾਂ ਕਿ ਬਾਅਦ 'ਚ ਖੋਜ ਕਰਨ ਵਾਲੇ ਬਹੁਤੇ ਸਾਰੇ ਖੋਜੀਆਂ ਨੇ, ਮੇਰੇ ਥੀਸਿਸ 'ਚੋਂ ਜ਼ਾਹਰਾ ਨਕਲਾਂ ਮਾਰ ਕੇ ਆਪਣੇ ਖੋਜ-ਪ੍ਰਬੰਧ ਪੂਰੇ ਕੀਤੇ, ਡਿਗਰੀਆਂ ਪ੍ਰਾਪਤ ਕੀਤੀਆਂ ਅਤੇ ਮੁੱਖ ਧਾਰਾ ਵਿਚ ਅਹੁਦੇ ਲਏ, ਪ੍ਰਬੰਧ ਹਥਿਆਏ। ਮੈਨੂੰ ਸ਼ਿਕਵੇ ਹੁੰਦੇ ਸਨ ਤੇ ਦੁੱਖ ਵੀ ਮਹਿਸੂਸ ਹੁੰਦਾ ਸੀ ਜਦੋਂ ਵੀਹਵੀਂ ਤੇ ਇੱਕੀਵੀਂ ਸਦੀ ਵਿਚ ਵੀ ਜਾਤੀ ਪਾਤੀ ਕੱਟੜਤਾ ਵਾਲੇ ਵਿਅਕਤੀਆਂ ਨਾਲ ਮੇਰਾ ਵਾਹ ਪੈਂਦਾ ਸੀ ਤੇ ਮੇਰੇ ਨਾਲ ਵਿਤਕਰਾ ਹੁੰਦਾ ਸੀ। ਮੈਨੂੰ ਇਕ ਵਾਰ ਬਹੁਤ ਪਰੇਸ਼ਾਨ ਦੇਖ ਕੇ ਮੇਰੇ ਮਾਤਾ-ਪਿਤਾ ਨੇ ਦਿਲਾਸਾ ਦਿੱਤਾ ਸੀ ਕਿ 'ਇਕ ਦਿਨ ਤੇਰੀ ਮਿਹਨਤ ਦਾ ਮੁੱਲ ਜ਼ਰੂਰ ਪਵੇਗਾ।'

ਭਗਤ ਰਵਿਦਾਸ ਜੀ ਦੀ ਬਾਣੀ ਬਾਰੇ, ਅਗਲੇ ਦਿਨਾਂ ਵਿਚ ਕੁਝ ਹੋਰ ਸੰਜੀਦਾ ਆਰਟੀਕਲ ਲਿਖਣ ਦੀ ਤਮੰਨਾ ਹੈ। ਅੱਜ ਤਾਂ ਮੇਰੀ ਮਨੋਂ ਤੇ ਤਨੋਂ ਇਹੀ ਬੇਨਤੀ ਹੈ ਕਿ ਅੰਮ੍ਰਿਤਮਈ, ਧੁਰ ਕੀ, ਕਲਿਆਣਕਾਰੀ ਤੇ ਇਲਾਹੀ ਬਾਣੀ ਵਿਚ ਵੰਡੀਆਂ ਨਾ ਪਾਈਏ - ਸਾਰੇ ਦੇ ਸਾਰੇ ਦੈਵੀ ਪੁਰਖ ਤੇ ਰਹਿਬਰ ਸਾਡੇ ਪੂਜਨੀਕ ਹਨ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਹਮ-ਆਸਣ ਹਨ। ਅਸੀਂ ਸਭ ਅੱਗੇ ਸੀਸ ਝੁਕਾਉਂਦੇ ਹਾਂ, ਦਾਤਾਂ ਮੰਗਦੇ ਹਾਂ - ਕੋਈ ਛੋਟਾ ਨਹੀਂ, ਕੋਈ ਵੱਡਾ ਨਹੀਂ। 1977 ਵਿਚ ਮੈਨੂੰ, 'ਸੀਰ ਗੋਵਰਧਨਪੁਰ' ਵਿਚ ਇਮਲੀ ਦੇ ਬੂਟੇ ਹੇਠ ਬਣੇ ਇਕ ਇੱਟਾਂ ਵਾਲੇ ਕਮਰੇ ਕੋਲ ਖੜ੍ਹਕੇ, ਉੱਥੇ ਮੌਜੂਦ ਇਕ ਪਰੰਪਰਿਕ ਪੁਜਾਰੀ ਨੂੰ ਲਿਖਤੀ ਰੂਪ ਵਿਚ ਇਹ ਆਸਵਾਸਨ ਦੇ ਕੇ ਕੁਝ ਧਾਰਮਿਕ ਸਾਹਿਤ ਪੜ੍ਹਣ ਤੇ ਵਿਚਾਰਨ ਦੀ ਇਜਾਜ਼ਤ ਮਿਲੀ ਸੀ ਕਿ ਮੈਂ, ਰਵਿਦਾਸੀਆ ਹਾਂ'-ਅਰਥਾਤ ਉਨ੍ਹਾਂ ਦੀ ਬਾਣੀ ਦੀ ਉਪਾਸ਼ਕ ਤੇ ਕਦਰਦਾਨ।

# 15 ਸਾਲਾਂ ਦੀ ਉਮਰ 'ਚ ਅਗਵਾ ਹੋਈ, 65 ਸਾਲਾਂ ਬਾਅਦ ਮਿਲੀ

ਹਰਦੋਈ, 16 ਫਰਵਰੀ (ਚ.ਨ.ਸ): 15 ਸਾਲਾ ਦੀ ਉਮਰ ਵਿੱਚ ਜਿਸ ਧੀ ਨੂੰ ਡਕੈਤ ਘਰੋਂ ਚੁੱਕ ਕੇ ਲੈ ਗਏ ਹੋਣ ਉਹ 80 ਸਾਲ ਦੀ ਉਮਰ ਵਿੱਚ ਮੁੜ ਮਿਲ ਪਵੇ ਤਾਂ ਕਿੰਝ ਲੱਗੇਗਾ। ਅਜਿਹਾ ਇੱਕ ਮਾਮਲਾ ਉਤਰ ਪ੍ਰਦੇਸ਼ ਦੇ ਹਰਦੋਈ ਇਲਾਕੇ ਵਿੱਚ ਦੇਖਣ ਨੂੰ ਮਿਲਿਆ ਹੈ। ਜਾਣਕਾਰੀ ਮੁਤਾਬਿਕ ਜ਼ਿਲ੍ਹੇ ਦੇ ਟੋਲਵਾ ਆਟ ਪਿੰਡ ਦੇ ਬਾਹਰ ਵੱਸਦੀ ਛੋਟੀ ਜਿਹੀ ਢਾਣੀ ਵਿੱਚ ਬਲਦੇਵ ਸਿੰਘ ਪਰਿਵਾਰ ਨਾਲ ਰਹਿੰਦੇ ਸਨ। ਪਿੰਡ ਤੋਂ ਵੱਖਰੇ ਤਿੰਨ ਚਾਰ ਘਰਾਂ ਦਾ ਇਹ ਸ਼ਾਂਤਮਈ ਟਿਕਾਣਾ 1961 ਦੀ ਇੱਕ ਮਨਹੂਸ ਰਾਤ ਵੇਲੇ ਡਰਾਉਣਾ ਜਿਹਾ ਬਣ ਗਿਆ ਸੀ। ਡਾਕੂਆਂ ਨੇ ਬਲਦੇਵ ਤੇ ਉਨ੍ਹਾਂ ਦੇ ਪੁੱਤਰ ਸ਼ਿਵ ਲਾਲ 'ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰ ਉਨ੍ਹਾਂ ਨੂੰ ਲਹੂ-ਲੁਹਾਨ ਕਰ ਦਿੱਤਾ ਤੇ 15 ਸਾਲਾ ਧੀ ਮਿੱਠਨੀ ਨੂੰ ਚੁੱਕ ਕੇ ਲੈ ਗਏ ਸਨ ਤੇ ਅਖ਼ੀਰ ਅਲੀਗੜ੍ਹ ਵਿੱਚ ਇੱਕ ਵਿਅਕਤੀ ਕੋਲ ਛੱਡ ਦਿੱਤਾ। ਥਾਣਾ ਦਾਦੋਂ ਦੇ ਸਮੇਘਾ ਪਿੰਡ ਦੇ ਸੋਹਨ ਲਾਲ ਯਾਦਵ ਨੂੰ ਸੂਚਨਾ ਮਿਲੀ ਕਿ ਇੱਕ ਲੜਕੀ ਬੰਧਕ ਬਣਾ ਕੇ ਛੱਡੀ ਗਈ ਹੈ। ਭਲਵਾਨੀ ਲਈ ਮਸ਼ਹੂਰ ਸੋਹਨ ਨੇ ਸਾਥੀਆਂ ਸਮੇਤ ਛਾਪਾ ਮਾਰ ਕੇ ਮਿੱਠਨੀ ਨੂੰ ਮੁਕਤ ਕਰਵਾਇਆ ਤੇ ਫਿਰ ਮਿੱਠਨੀ ਨਾਲ ਸੋਹਨ ਨੇ ਵਿਆਹ ਕਰਵਾ ਲਿਆ ਸੀ। ਇਨ੍ਹਾਂ ਦੇ ਘਰ ਤਿੰਨ ਪੁੱਤਰਾਂ ਦਾ ਜਨਮ ਹੋਇਆ। ਮਿੱਠਨੀ ਨੂੰ ਪਿੰਡ ਦਾ ਮੰਦਰ ਯਾਦ ਸੀ, ਜਿੱਥੇ ਵਰ੍ਹੇ ਵਿੱਚ ਦੋ ਵਾਰ ਮੇਲਾ ਲੱਗਦਾ ਹੁੰਦਾ ਸੀ। ਪਿਤਾ ਤੇ ਭਰਾਵਾਂ ਸ਼ਿਵਲਾਲ ਤੇ ਸੂਬੇਦਾਰ ਦੇ ਨਾਂ ਵੀ ਯਾਦ ਸਨ। ਉਧਰ, ਨੋਇਡਾ ਰਹਿੰਦੀ ਉਸ ਦੀ ਛੋਟੀ ਧੀ ਸੀਮਾ ਯਾਦਵ ਨੇ 80 ਸਾਲਾ ਮਾਂ ਦੀ ਤੜਫਣ ਸਮਝ ਲਈ ਤੇ ਇਰਾਦਾ ਕਰ ਲਿਆ ਕਿ ਨਾਨਕਿਆਂ ਦਾ ਘਰ ਲੱਭ ਕੇ ਰਹੇਗੀ। ਉਹ ਮਾਂ ਨੂੰ ਪਿੰਡ ਸਕੋਹਾ ਲੈ ਕੇ ਗਈ ਤੇ ਪੇਕੇ ਪਰਿਵਾਰ ਨਾਲ ਮੁੜ ਮਿਲਾਇਆ। ਨਾਨਕਿਆਂ ਦੇ ਘਰ ਪੁੱਜ ਕੇ ਸੀਮਾ ਵੀ ਖ਼ੁਸ਼ ਨਜ਼ਰ ਆਈ।

# ਸੰਤ ਸੀਚੇਵਾਲ ਨੇ ਮਨੁੱਖੀ ਤਸਕਰੀ ਤੇ ਵਿਦੇਸ਼ਾਂ 'ਚ ਫਸੇ ਭਾਰਤੀ ਨਾਗਰਿਕਾਂ ਦਾ ਗੰਭੀਰ ਮਸਲਾ ਰਾਜ ਸਭਾ 'ਚ ਉਠਾਇਆ

ਸੁਲਤਾਨਪੁਰ ਲੋਧੀ, 16 ਫਰਵਰੀ (ਚ.ਨ.ਸ): ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੰਸਦ ਦੇ ਬਜਟ ਸੈਸ਼ਨ ਦੇ ਪਹਿਲੇ ਭਾਗ ਦੇ ਆਖਰੀ ਦਿਨ ਦੌਰਾਨ ਮਨੁੱਖੀ ਤਸਕਰੀ ਤੇ ਵਿਦੇਸ਼ਾਂ 'ਚ ਫਸੇ ਭਾਰਤੀ ਨਾਗਰਿਕਾਂ ਦਾ ਗੰਭੀਰ ਮਸਲਾ ਉਠਾਇਆ। ਉਨ੍ਹਾਂ ਸਦਨ ਦਾ ਧਿਆਨ ਇਸ ਵੱਲ ਦਿਵਾਇਆ ਕਿ ਇੱਕ ਪਾਸੇ ਖਾੜੀ ਦੇਸ਼ਾਂ 'ਚ ਭਾਰਤੀ ਧੀਆਂ ਦਾ ਸ਼ੋਸ਼ਣ ਹੋ ਰਿਹਾ ਹੈ, ਜਦਕਿ ਦੂਜੇ ਪਾਸੇ ਰੂਸ-ਯੂਕ੍ਰੇਨ ਜੰਗ ਦੇ ਮੈਦਾਨਾਂ 'ਚ ਗਰੀਬ ਪਰਿਵਾਰਾਂ ਦੇ ਨੌਜਵਾਨਾਂ ਨੂੰ ਜੰਗ ਵੱਲ ਧੱਕਿਆ ਜਾ ਰਿਹਾ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਯਾਤਰਾ ਏਜੰਟਾਂ ਦੇ ਗਿਰੋਹ ਗਰੀਬੀ, ਬੇਰੁਜ਼ਗਾਰੀ ਤੇ ਮਜਬੂਰੀ ਦਾ ਫਾਇਦਾ ਚੁੱਕਦੇ ਹੋਏ ਅਣਵਿਆਹੀਆਂ ਲੜਕੀਆਂ ਤੇ ਗਰੀਬ ਔਰਤਾਂ ਨੂੰ ਨਿਸ਼ਾਨਾ ਬਣਾ ਰਹੇ ਹਨ।ਉਨ੍ਹਾਂ ਨੂੰ ਉਚੀਆਂ ਤਨਖਾਹਾਂ ਤੇ ਘਰੇਲੂ ਨੌਕਰੀਆਂ ਦੇ ਝੂਠੇ ਵਾਅਦੇ ਕਰਕੇ ਖਾੜੀ ਦੇਸ਼ਾਂ 'ਚ ਭੇਜਿਆ ਜਾਂਦਾ ਹੈ।ਉਥੇ ਪਹੁੰਚਣ ਉਪਰੰਤ ਪੀੜਤਾਂ ਦੇ ਪਾਸਪੋਰਟ ਜ਼ਬਤ ਕਰ ਲਏ ਜਾਂਦੇ ਹਨ, ਅਰਬੀ ਭਾਸ਼ਾ 'ਚ ਲਿਖੇ ਇਕਰਾਰਨਾਮਿਆਂ 'ਤੇ ਜ਼ਬਰਦਸਤੀ ਦਸਤਖ਼ਤ ਕਰਵਾਏ ਜਾਂਦੇ ਹਨ ਤੇ ਉਨ੍ਹਾਂ ਨਾਲ ਸਰੀਰਕ ਤੇ ਮਾਨਸਿਕ ਸ਼ੋਸ਼ਣ ਕੀਤਾ ਜਾਂਦਾ ਹੈ। ਬਹੁਤਿਆਂ ਨੂੰ ਤਨਖਾਹ ਨਹੀਂ ਦਿੱਤੀ ਜਾਂਦੀ ਤੇ ਪਰਿਵਾਰ ਨਾਲ ਸੰਪਰਕ ਵੀ ਤੋੜ ਦਿੱਤਾ ਜਾਂਦਾ ਹੈ, ਜਿਸ ਕਾਰਨ ਉਹ ਗੁਲਾਮੀ ਵਰਗੀ ਜ਼ਿੰਦਗੀ ਜੀਣ ਲਈ ਮਜਬੂਰ ਹੋ ਜਾਂਦੀਆਂ ਹਨ। ਉਨ੍ਹਾਂ ਵਿਦੇਸ਼ ਮੰਤਰਾਲੇ ਤੇ ਓਮਾਨ 'ਚ ਭਾਰਤੀ ਦੂਤਾਵਾਸ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਕੋਸ਼ਿਸ਼ ਨਾਲ 135 ਭਾਰਤੀ ਲੜਕੀਆਂ ਨੂੰ ਸੁਰੱਖਿਅਤ ਵਾਪਸ ਲਿਆਂਦਾ ਗਿਆ ਹੈ।ਇਸਦੇ ਬਾਵਜੂਦ ਉਨ੍ਹਾਂ ਸਵਾਲ ਉਠਾਇਆ ਕਿ ਆਖ਼ਿਰ ਮਨੁੱਖੀ ਤਸਕਰੀ ਦਾ ਇਹ ਘਿਨੌਣਾ ਧੰਦਾ ਕਦੋਂ ਰੁਕੇਗਾ।ਇਸ ਦੇ ਨਾਲ ਹੀ ਉਨ੍ਹਾਂ ਰੂਸ ਦੀ ਫੌਜ 'ਚ ਫਸੇ ਭਾਰਤੀ ਨੌਜਵਾਨਾਂ ਦਾ ਮਸਲਾ ਵੀ ਚੁੱਕਿਆ।ਸੰਤ ਸੀਚੇਵਾਲ ਨੇ ਸਰਕਾਰ ਤੋਂ ਮੰਗ ਕੀਤੀ ਕਿ ਦਿੱਲੀ ਦੀ ਤਰ੍ਹਾਂ ਮੁੰਬਈ ਸਣੇ ਸਾਰੇ ਅੰਤਰਰਾਸ਼ਟਰੀ ਹਵਾਈ ਅੱਡਿਆਂ 'ਤੇ ਸਖ਼ਤ ਜਾਂਚ ਪ੍ਰਣਾਲੀ ਲਾਗੂ ਕੀਤੀ ਜਾਵੇ।ਮਨੁੱਖੀ ਤਸਕਰੀ ਲਈ ਵਰਤੇ ਜਾ ਰਹੇ ਬਦਲਵੇਂ ਰਸਤਿਆਂ 'ਤੇ ਪੂਰੀ ਤਰ੍ਹਾਂ ਰੋਕ ਲਗਾਈ ਜਾਵੇ ਤੇ ਇਸ ਗਿਰੋਹ ਨਾਲ ਜੁੜੇ ਯਾਤਰਾ ਏਜੰਟਾਂ ਦੇ ਜਾਲ ਨੂੰ ਤੋੜਨ ਲਈ ਸਖ਼ਤ ਕਾਰਵਾਈ ਕੀਤੀ ਜਾਵੇ।



# ਹੋਂਦ ਚਿੱਲੜ ਇਨਸਾਫ਼ ਕਮੇਟੀ ਦੇ ਪੀੜਤ ਪਰਿਵਾਰਾਂ ਨੇ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਭੇਜਿਆ



ਕੁਰੂਕਸ਼ੇਤਰ, 16 ਫਰਵਰੀ (ਚ.ਨ.ਸ): ਹਰਿਆਣਾ ਦੇ 1984 ਸਿੱਖ ਕਤਲੇਆਮ ਦੇ ਪੀੜਤਾਂ ਨੇ ਹਰਿਆਣਾ ਨਾਲ ਸਬੰਧਤ ਸਾਰੇ ਬੰਦ ਕੇਸ ਮੁੜ ਖੋਲ੍ਹਣ ਦੀ ਮੰਗ ਕੀਤੀ ਹੈ। ਇਸ ਸਬੰਧ ਵਿੱਚ ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ (1984 ਹਰਿਆਣਾ) ਦੇ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਪੀੜਤ ਪਰਿਵਾਰਾਂ ਸਣੇ ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਮ ਮੰਗ ਪੱਤਰ ਸੌਂਪਿਆ। ਮੰਗ ਪੱਤਰ ਵਿੱਚ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਸੀਬੀਆਈ ਦੀ ਨਿਗਰਾਨੀ ਹੇਠ ਵਿਸ਼ੇਸ਼ ਜਾਂਚ ਟੀਮ (ਸਿਟ) ਬਣਾਈ ਜਾਵੇ ਤੇ ਹਰਿਆਣਾ ਨਾਲ ਸਬੰਧਤ ਸਾਰੇ ਬੰਦ ਕੇਸ ਤੁਰੰਤ ਖੋਲ੍ਹੇ ਜਾਣ। ਦੋਸ਼ੀਆਂ ਖ਼ਿਲਾਫ਼ ਕੇਸ ਦਰਜ ਕਰਕੇ ਉਨ੍ਹਾਂ ਨੂੰ ਸਜ਼ਾ ਦਿੱਤੀ ਜਾਵੇ। ਭਾਈ ਘੋਲੀਆ ਨੇ ਟੀਪੀ ਗਰਗ ਕਮਿਸ਼ਨ ਦੀ ਰਿਪੋਰਟ ਲਾਗੂ ਕਰਨ ਤੇ ਉਸ ਵਿੱਚ ਨਾਮਜ਼ਦ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਵੀ ਕੀਤੀ। ਇਸ ਦੇ ਨਾਲ ਹੀ ਚਸ਼ਮਦੀਦ ਗਵਾਹਾਂ ਨੂੰ ਅਸਲ੍ਹਾ ਲਾਇਸੈਂਸ ਤੇ ਸੁਰੱਖਿਆ ਦੇਣ ਦੀ ਅਪੀਲ ਕੀਤੀ ਗਈ, ਕਿਉਂਕਿ ਕਈ ਗਵਾਹ ਅਜੇ ਵੀ ਡਰ ਤੇ ਦਬਾਅ ਹੇਠ ਜੀਵਨ ਬਿਤਾਅ ਰਹੇ ਹਨ। ਭਾਈ ਘੋਲੀਆ ਨੇ 2006 ਵਿੱਚ ਐਲਾਨੇ ਰਾਹਤ ਪੈਕੇਜ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਤੇ ਹਰ ਪੀੜਤ ਪਰਿਵਾਰ ਨੂੰ ਘੱਟੋ-ਘੱਟ ਇੱਕ ਕਰੋੜ ਰੁਪਏ ਮੁਆਵਜ਼ਾ ਦੇਣ ਦੀ ਮੰਗ ਦੁਹਰਾਈ। ਉਨ੍ਹਾਂ ਕਿਹਾ ਕਿ 42 ਨਾ ਮਿਲਣਾ ਭਾਰਤੀ ਨਿਆਂ ਪ੍ਰਣਾਲੀ 'ਤੇ ਸਵਾਲ ਖੜ੍ਹੇ ਕਰਦਾ ਹੈ। ਇਸ ਦੌਰਾਨ ਰਾਮ ਸਿੰਘ ਗੁਰੂਗ੍ਰਾਮ, ਗੁਰਜੀਤ ਸਿੰਘ ਪਟੌਦੀ, ਗੁੱਡੀ ਦੇਵੀ ਹਨੂੰਮਾਨਗੜ੍ਹ, ਗੁਰਦੀਪ ਸਿੰਘ ਕੁਰੂਕਸ਼ੇਤਰ ਤੇ ਸਾਲ ਬੀਤ ਜਾਣ ਦੇ ਬਾਵਜੂਦ ਇਨਸਾਫ਼ ਸੁਰਜੀਤ ਕੌਰ ਰਿਵਾੜੀ ਨੇ ਆਪਣੀਆਂ ਅੱਖੀ ਵੇਖੀਆਂ ਘਟਨਾਵਾਂ ਬਾਰੇ ਦੱਸਦੇ ਹੋਏ ਇਨਸਾਫ਼ ਵਿੱਚ ਹੋਈ ਦੇਰੀ 'ਤੇ ਸਵਾਲ ਚੁੱਕੇ।ਸੰਤ ਸੀਚੇਵਾਲ ਨੇ ਭਰੋਸਾ ਦਿੱਤਾ ਕਿ ਉਹ ਜਲਦੀ ਹੀ ਪੀੜਤਾਂ ਦੇ ਵਫ਼ਦ ਨੂੰ ਨਾਲ ਲੈ ਕੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੰਗਾਂ ਮਜ਼ਬੂਤੀ ਨਾਲ ਰੱਖਣਗੇ।

# ਲਾਹੌਰ ਦੇ ਸਰਹੱਦੀ ਪਿੰਡ ਜਾਹਮਣ ਵਿਚਲੇ ਗੁਰਦੁਆਰਾ ਰੋੜੀ ਸਾਹਿਬ ਦੇ ਬਚੇ ਹਿੱਸੇ ਦੇ ਢਹਿ ਜਾਣ ਦਾ ਬਣਿਆ ਖ਼ਤਰਾ

ਅੰਮ੍ਰਿਤਸਰ, 16 ਫਰਵਰੀ (ਚ.ਨ.ਸ): ਪਾਕਿਸਤਾਨ ਦੇ ਲਾਹੌਰ ਸ਼ਹਿਰ ਦੇ ਥਾਣਾ ਬਰਕੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਜਾਹਮਣ ਵਿਚਲਾ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਗੁਰਦੁਆਰਾ ਰੋੜੀ ਸਾਹਿਬ ਦੇ ਗੁੰਬਦ ਸਮੇਤ ਇਮਾਰਤ ਦਾ ਵੱਡਾ ਹਿੱਸਾ ਸਾਲ 2023 'ਚ ਪਏ ਮੀਂਹਾਂ ਦੌਰਾਨ ਵਹਿ ਗਿਆ ਸੀ।ਇਸ ਦੇ ਬਾਵਜੂਦ ਇਸ ਖੰਡਰ 'ਚ ਤਬਦੀਲ ਹੋ ਰਹੀ ਮੁਕੱਦਸ ਯਾਦਗਾਰ ਦੀ ਸਰਕਾਰ, ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ, ਕਮੇਟੀ, ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਸਮੇਤ ਕਿਸੇ ਵੀ ਸਿੱਖ ਜਥੇਬੰਦੀ ਜਾਂ ਅਦਾਰੇ ਨੇ ਸਾਰ ਨਹੀਂ ਲਈ, ਜਿਸ ਕਰਕੇ ਇਸ ਦੇ ਪਿੰਡ ਬਚੇ ਰਹਿ ਗਏ ਹਿੱਸੇ ਦੇ ਵੀ ਢਹਿ ਜਾਣ ਦਾ ਖ਼ਤਰਾ ਬਣਿਆ ਹੋਇਆ ਹੈ। ਜ਼ਿਯਾਨਾ ਟਰੈਵਲਜ਼ ਦੀ ਸੀ.ਈ.ਓ. ਤੇ ਸੰਸਥਾਪਕ ਨੌਸ਼ਾਬਾ ਸ਼ਹਿਜ਼ਾਦ ਨੇ ਅੱਜ ਗੁਰਦੁਆਰਾ ਸਾਹਿਬ ਦੀ ਢਹਿ ਚੁੱਕੀ ਇਮਾਰਤ ਤੇ ਸੇਵਾ ਸੰਭਾਲ ਦੀ ਘਾਟ ਕਾਰਨ ਛੱਪੜ 'ਚ ਤਬਦੀਲ ਹੋ ਚੁੱਕੇ ਪਵਿੱਤਰ ਸਰੋਵਰ ਦੀਆਂ ਤਸਵੀਰਾਂ ਜਾਰੀ ਕਰਦਿਆਂ ਕਿਹਾ ਕਿ ਸਰਹੱਦੀ ਜ਼ੀਰੋ ਲਾਈਨ ਤੋਂ ਸਿਰਫ਼ 1 ਕਿਲੋਮੀਟਰ ਦੂਰ ਲਾਹੌਰ ਦੀ ਬੇਦੀਆਂ ਰੋਡ ਦੇ ਆਖੀਰ 'ਚ ਆਬਾਦ ਪਿੰਡ ਜਾਹਮਣ ਵਿਚਲੇ ਇਤਿਹਾਸਕ ਗੁਰਦੁਆਰਾ ਸਾਹਿਬ ਦਾ ਖ਼ੂਬਸੂਰਤ ਸਰੋਵਰ ਹੁਣ ਮੀਂਹ ਦੇ ਪਾਣੀ ਨਾਲ ਭਰ ਗਿਆ ਉਸਾਰੀ ਤੇ ਸੇਵਾ ਸੰਭਾਲ ਲਈ ਅੱਗੇ ਆਉਣ। ਦੱਸਣਯੋਗ ਹੈ ਕਿ ਭਾਰਤੀ ਪਿੰਡ ਖਾਲੜਾ ਦੀ ਸਰਹੱਦ ਤੋਂ ਇੱਕ ਕਿਲੋਮੀਟਰ ਦੀ ਦੂਰੀ 'ਤੇ ਸਥਿਤ ਹੈ। ਗੁਰਦੁਆਰਾ ਸਾਹਿਬ ਦੀ ਤਾਰੀਖ਼ੀ ਇਮਾਰਤ ਦੀ ਹਾਲਤ ਹੀ ਬਹੁਤ ਮਾੜੀ ਹੈ।ਇਸ ਦੀ ਕੋਈ ਸਾਂਭ-ਸੰਭਾਲ ਨਹੀਂ ਰੱਖੀ ਜਾ ਰਹੀ। ਨੌਸ਼ਾਬਾ ਨੇ ਅੱਗੇ ਕਿਹਾ ਕਿ ਅਜਿਹੀ ਵਿਰਾਸਤੀ ਤੇ ਮੁਕੱਦਸ ਅਸਥਾਨਾਂ ਦੀ ਸੇਵਾ ਸੰਭਾਲ ਸਿਰਫ਼ ਪਾਕਿਸਤਾਨ ਦੀ ਜ਼ਿੰਮੇਵਾਰੀ ਨਹੀਂ ਹੈ, ਬਲਕਿ ਇਹ ਦੁਨੀਆਂ ਭਰ ਦੇ ਸਿੱਖਾਂ ਦੀ ਸਾਂਝੀ ਜ਼ਿੰਮੇਵਾਰੀ ਹੈ ਕਿ ਉਹ ਗੁਰਦੁਆਰਾ ਰੋੜੀ ਸਾਹਿਬ ਸਮੇਤ ਪਾਕਿ 'ਚ ਹੋਰ ਢਹਿ ਰਹੇ ਜਾਂ ਢਹਿ ਚੁੱਕੇ ਗੁਰਦੁਆਰਿਆਂ ਦੀ ਮੁੜ ਗੁਰਦੁਆਰਾ ਰੋੜੀ ਸਾਹਿਬ ਦੇ ਸਥਾਨ 'ਤੇ ਗੁਰੂ ਨਾਨਕ ਦੇਵ ਜੀ ਨੇ ਤਿੰਨ ਵਾਰ ਚਰਨ ਪਾਏ। ਗੁਰਦੁਆਰਾ ਸਾਹਿਬ ਦਾ 50 ਏਕੜ ਰਕਬਾ ਸੀ ਤੇ ਗੁਰਦੁਆਰਾ ਸਾਹਿਬ ਦੇ ਪਵਿੱਤਰ ਸਰੋਵਰ 'ਚ ਹਿੰਦੂ, ਸਿੱਖ ਤੇ ਮੁਸਲਿਮ ਸ਼ਰਧਾਲੂ ਦੂਰ-ਦੂਰ ਤੋਂ ਇਸ਼ਨਾਨ ਕਰਨ ਆਉਂਦੇ ਸਨ। ਦੇਸ਼ ਦੀ ਵੰਡ ਤੋਂ ਪਹਿਲਾਂ ਇਸ ਅਸਥਾਨ ਦੀ ਸੇਵਾ ਭਾਈ ਵਧਾਵਾ ਸਿੰਘ ਕਰਦੇ ਰਹੇ ਤੇ ਇਥੇ ਵਿਸਾਖੀ ਤੇ 20 ਜੇਠ ਨੂੰ ਵੱਡਾ ਮੇਲਾ ਲੱਗਦਾ ਸੀ।



# ਏਆਈ ਨੂੰ ਲੈ ਕੇ ਨਵੀਂ ਦਿੱਲੀ ਦੇ ਘੋਸ਼ਣਾ-ਪੱਤਰ 'ਤੇ ਹੋਵੇਗੀ ਦੁਨੀਆਂ ਦੀ ਨਜ਼ਰ

ਨਵੀਂ ਦਿੱਲੀ, 16 ਫਰਵਰੀ (ਚ.ਨ.ਸ): ਇਸ ਹਫ਼ਤੇ ਏਆਈ ਇੰਪੈਕਟ ਸਮਿਟ ਦੌਰਾਨ ਭਾਰਤ ਦੀ ਅਗਵਾਈ 'ਚ ਗਲੋਬਲ ਪਾਰਟਨਰਸ਼ਿਪ/ਆਨ ਆਰਟੀਫੀਸ਼ੀਅਲ ਇੰਟੈਲੀਜੈਂਸ/(ਜੀਪੀਆਈ) ਦੀ ਮੀਟਿੰਗ 'ਤੇ ਆਲਮੀ ਫਿਰਕੇ ਦੀ ਨਜ਼ਰ ਟਿਕੀ ਹੋਈ ਹੈ। ਅਜਿਹੇ ਸਮੇਂ 'ਚ ਜਦੋਂ ਏਆਈ ਦੇ ਨੈਤਿਕ, ਸੁਰੱਖਿਅਤ ਤੇ ਜਵਾਬਦੇਹ ਵਰਤੋਂ ਨੂੰ ਲੈ ਕੇ ਦੁਨੀਆਂ ਭਰ 'ਚ ਵੱਡੀ ਬਹਿਸ ਜਾਰੀ ਹੈ, ਇਹ ਮੀਟਿੰਗ ਆਲਮੀ ਏਆਈ ਸ਼ਾਸਨ ਪ੍ਰਬੰਧ ਦੀ ਦਿਸ਼ਾ ਤੈਅ ਕਰਨ 'ਚ ਅਹਿਮ ਮੰਨੀ ਜਾ ਰਹੀ ਹੈ। ਸੂਤਰਾਂ ਨੇ ਦੱਸਿਆ ਕਿ ਭਾਰਤ ਦੀ ਕੋਸ਼ਿਸ਼ ਹੈ ਕਿ ਇੰਪੈਕਟ ਸਮਿਟ ਦੀ ਸਮਾਪਤੀ 'ਤੇ ਇੱਕ ਵੱਡੇ ਤੇ ਲੰਬੇ ਸਮੇਂ ਦੇ ਪ੍ਰਭਾਵ ਵਾਲਾ ਸਾਂਝਾ ਘੋਸ਼ਣਾ-ਪੱਤਰ ਜਾਰੀ ਹੋਵੇ, ਇਸਦੇ ਲਈ ਭਾਰਤੀ ਅਧਿਕਾਰੀ ਪਿਛਲੇ ਕਈ ਹਫ਼ਤਿਆਂ ਤੋਂ ਸਮਿਟ 'ਚ ਹਿੱਸਾ ਲੈਣ ਵਾਲੇ ਅਹਿਮ ਦੇਸ਼ਾਂ ਦੇ ਨੁਮਾਇੰਦਿਆਂ ਨਾਲ ਸਲਾਹ ਕਰ ਰਹੇ ਹਨ। ਇਸ ਘੋਸ਼ਣਾ-ਪੱਤਰ 'ਚ ਮਨੁੱਖ-ਕੇਂਦਰਿਤ, ਸੁਰੱਖਿਅਤ, ਪਾਰਦਰਸ਼ੀ ਤੇ ਜਵਾਬਦੇਹ ਏਆਈ ਦੇ ਵਿਕਾਸ ਲਈ ਸਾਂਝੇ ਏਆਈ ਸਮਿਟ ਮਗਰੋਂ ਵੱਡੇ ਤੇ ਲੰਬੇ ਸਮੇਂ ਦੇ ਪ੍ਰਭਾਵ ਵਾਲੇ ਨਵੇਂ ਆਲਮੀ ਐਲਾਨ ਦੀ ਸੰਭਾਵਨਾ, ਜਵਾਬਦੇਹ ਏਆਈ ਦੇ ਵਿਕਾਸ ਲਈ ਸਾਂਝੇ ਸਿਧਾਂਤਾਂ ਨੂੰ ਰਸਮੀ ਰੂਪ ਦੇਣ ਦੀ ਕੋਸ਼ਿਸ਼ ਹੋਵੇਗੀ। ਆਲਮੀ ਸਿਧਾਂਤਾਂ ਨੂੰ ਰਸਮੀ ਰੂਪ ਦੇਣ ਦੀ ਕੋਸ਼ਿਸ਼ ਹੋਵੇਗੀ।ਨਵੀਂ ਦਿੱਲੀ ਘੋਸ਼ਣਾ ਪੱਤਰ 'ਚ ਏਆਈ ਦੀ ਨੈਤਿਕ ਵਰਤੋਂ, ਐਲਗੋਰਿਦਮ ਦੇ ਸਿਧਾਂਤ ਨੂੰ ਵੱਧ ਤੋਂ ਵੱਧ ਪਾਰਦਰਸ਼ੀ ਬਣਾਉਣ, ਡਾਟਾ ਗਵਰਨੈਂਸ, ਸਾਈਬਰ ਸੁਰੱਖਿਆ, ਗ਼ਲਤ ਸੂਚਨਾ ਨਾਲ ਨਜਿੱਠਣ ਤੇ ਸਮਰੱਥਾ ਨਿਰਮਾਣ ਵਰਗੇ ਮੁੱਦਿਆਂ 'ਤੇ ਸਾਂਝੀ ਵਚਨਬੱਧਤਾ ਦਰਜ ਕੀਤੀ ਜਾਵੇਗੀ।ਇਸਦੇ ਨਾਲ ਹੀ ਵਿਕਾਸਸ਼ੀਲ ਦੇਸ਼ਾਂ ਲਈ ਤਕਨੀਕੀ ਸਹਿਯੋਗ, ਹੁਨਰ ਵਿਕਾਸ ਤੇ ਡਿਜੀਟਲ ਬੁਨਿਆਦੀ ਢਾਂਚੇ ਦੇ ਨਿਰਮਾਣ 'ਚ ਕਿਸ ਤਰ੍ਹਾਂ ਮਦਦ ਦਿੱਤੀ ਜਾਵੇ, ਇਸ ਦੇ ਲਈ ਸਖ਼ਤ ਪ੍ਰਬੰਧ ਕੀਤੇ ਜਾਣਗੇ। ਭਾਰਤ ਇਸ ਪਹਿਲ ਰਾਹੀਂ ਗਲੋਬਲ ਸਾਊਥ (ਵਿਕਾਸਸ਼ੀਲ ਤੇ ਘੱਟ ਵਿਕਸਿਤ ਦੇਸ਼ਾਂ) ਦੀ ਆਵਾਜ਼ ਨੂੰ ਏਆਈ ਸ਼ਾਸਨ ਪ੍ਰਬੰਧ 'ਚ ਮਜ਼ਬੂਤ ਸਥਾਨ ਦਿਵਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਇਸਦੇ ਪਹਿਲੇ ਪਿਛਲੇ ਸਾਲ ਫਰਾਂਸ 'ਚ ਹੋਈ ਏਆਈ ਐਕਸ਼ਨ ਸਮਿਟ 'ਚ ਵੀ ਇਕ ਸਾਂਝਾ ਬਿਆਨ ਜਾਰੀ ਕੀਤਾ ਗਿਆ ਸੀ। ਭਾਰਤ ਸਮੇਤ 60 ਦੇਸ਼ਾਂ ਨੇ ਇਸ ਤੇ ਦਸਤਖ਼ਤ ਕੀਤੇ ਸਨ।




# ਵੱਡੇ ਭਰਾ ਦੇ ਅੰਤਿਮ ਸਸਕਾਰ ਤੋਂ ਬਾਅਦ ਛੋਟੇ ਨੇ ਵੀ ਤੋੜਿਆ ਦਮ

ਫ਼ਿਰੋਜ਼ਪੁਰ, 16 ਫਰਵਰੀ (ਚ.ਨ.ਸ): ਫ਼ਿਰੋਜ਼ਪੁਰ ਤੋਂ ਦਿਲ ਨੂੰ ਝੰਜੋੜ ਕੇ ਰੱਖ ਦੇਣ ਵਾਲੀ ਖਬਰ ਸਾਹਮਣੇ ਆਈ ਹੈ, ਇਥੇ ਜ਼ਿਲ੍ਹੇ ਦੇ ਕੁਲਗੜ੍ਹੀ ਪਿੰਡ ਵਿਚ ਵੱਡੇ ਭਰਾ ਦੀ ਮੌਤ ਦਾ ਸਦਮਾ ਨਾ ਸਹਾਰਦੇ ਹੋਏ ਛੋਟੇ ਭਰਾ ਨੇ ਵੀ ਦਮ ਤੋੜ ਦਿੱਤਾ। ਦੋ ਭਰਾਵਾਂ ਦੀ ਮੌਤ ਸਿਰਫ਼ ਸੱਤ ਘੰਟਿਆਂ ਦੇ ਅੰਤਰਾਲ 'ਤੇ ਦਿਲ ਦਾ ਦੌਰਾ ਪੈਣ ਨਾਲ ਹੋਈ। ਦੋਵੇਂ ਭਰਾ, ਰਾਜਵੰਤ ਸਿੰਘ ਸੰਧੂ ਤੇ ਭਗਵੰਤ ਸਿੰਘ ਸੰਧੂ, ਹੁਣ ਇਸ ਦੁਨੀਆਂ ਵਿੱਚ ਨਹੀਂ ਹਨ, ਪਰ ਆਪਸੀ ਪਿਆਰ ਤੇ ਏਕਤਾ ਦੀ ਉਨ੍ਹਾਂ ਦੀ ਮਿਸਾਲ ਪਿੰਡ ਵਾਸੀਆਂ ਦੇ ਦਿਲਾਂ ਵਿੱਚ ਹਮੇਸ਼ਾ ਜ਼ਿੰਦਾ ਰਹੇਗੀ। ਜਾਣਕਾਰੀ ਅਨੁਸਾਰ ਪਿੰਡ ਦੇ 71 ਸਾਲਾ ਨਿਵਾਸੀ ਰਾਜਵੰਤ ਸਿੰਘ ਸੰਧੂ ਦੀ ਐਤਵਾਰ ਸਵੇਰੇ 8 ਵਜੇ ਦੇ ਕਰੀਬ ਅਚਾਨਕ ਦਿਲ ਦਾ ਦੌਰਾ ਪੈਣ ਨਾਲ ਮੌਤ ਹੋ ਗਈ। ਛੋਟੇ ਭਰਾ, 69 ਸਾਲਾ ਭਗਵੰਤ ਸਿੰਘ ਸੰਧੂ, ਆਪਣੇ ਵੱਡੇ ਭਰਾ ਦੀ ਅਚਾਨਕ ਮੌਤ ਤੋਂ ਬਹੁਤ ਸਦਮੇ ਵਿੱਚ ਸੀ।ਪਰਿਵਾਰ ਤੇ ਰਿਸ਼ਤੇਦਾਰ ਅੰਤਿਮ ਸਸਕਾਰ ਦੀਆਂ ਤਿਆਰੀਆਂ ਕਰਨ ਲੱਗ ਪਏ। ਰਾਜਵੰਤ ਸਿੰਘ ਦਾ ਅੰਤਿਮ ਸਸਕਾਰ ਦੁਪਹਿਰ ਵੇਲੇ ਪਿੰਡ ਦੇ ਸ਼ਮਸ਼ਾਨਘਾਟ ਵਿੱਚ ਕੀਤਾ ਗਿਆ।ਸਸਕਾਰ ਤੋਂ ਬਾਅਦ ਭਗਵੰਤ ਸਿੰਘ ਅਪਣੇ ਵੱਡੇ ਭਰਾ ਦੇ ਕਮਰੇ ਵਿੱਚ ਚਲਾ ਗਿਆ।ਤਿੰਨ ਵਜੇ ਦੇ ਕਰੀਬ, ਉਸ ਨੂੰ ਵੀ ਦਿਲ ਦਾ ਦੌਰਾ ਪੈ ਗਿਆ ਤੇ ਉਸ ਦੀ ਮੌਤ ਹੋ ਗਈ। ਘਰ ਦਾ ਵਿਹੜਾ, ਜੋ ਸਵੇਰ ਤੋਂ ਹੀ ਸੋਗ ਨਾਲ ਭਰਿਆ ਹੋਇਆ ਸੀ, ਸ਼ਾਮ ਤੱਕ ਰੋਣ-ਪਿੱਟਣ ਤੇ ਹੰਝੂਆਂ ਨਾਲ ਭਰ ਗਿਆ। ਜਿਵੇਂ ਹੀ ਇਸ ਦਿਲ ਦਹਿਲਾ ਦੇਣ ਵਾਲੀ ਘਟਨਾ ਦੀ ਖ਼ਬਰ ਫੈਲੀ, ਕੁਲਗੜ੍ਹੀ ਪਿੰਡ ਵਿੱਚ ਸੰਨਾਟਾ ਛਾ ਗਿਆ। ਲੋਕ ਇਸਨੂੰ ਭਰਾਵਾਂ ਵਿਚਕਾਰ ਅਟੁੱਟ ਪਿਆਰ ਦੀ ਇਕ ਉਦਾਹਰਣ ਕਹਿ ਰਹੇ ਹਨ।



# ਰਾਜੀਵ ਸ਼ਰਮਾ ਤੇ ਜੋਬਨ ਰੰਧਾਵਾ ਨੇ ਸ਼ਿਵਰਾਤਰੀ ਤਿਉਹਾਰ ਮੌਕੇ ਆਪਣੀ ਹਾਜ਼ਰੀ ਲਗਵਾਈ



ਫਤਹਿਗੜ੍ਹ ਚੂੜੀਆਂ, 16 ਫਰਵਰੀ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਿਵਰਾਤਰੀ ਦਾ ਤਿਉਹਾਰ ਬੜਾ ਹੀ ਧੂਮਧਾਮ ਤੇ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਗਿਆ। ਜਿਸ ਵਿੱਚ ਫਤਹਿਗੜ੍ਹ ਚੂੜੀਆਂ ਦੇ ਵਸਨੀਕ ਤੇ ਲੋਕ ਸਭਾ ਇੰਚਾਰਜ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਤੇ ਪਲਾਨਿੰਗ ਬੋਰਡ ਦੇ ਚੇਅਰਮੈਨ ਜੋਬਨ ਰੰਧਾਵਾ ਨੇ ਸ਼ਿਵਰਾਤਰੀ ਦੇ ਸ਼ੁਭ ਦਿਹਾੜੇ ਉਪਰ ਸ਼ੋਭਾ ਯਾਤਰਾ ਦੇ ਦੌਰਾਨ ਤੇ ਸ਼ਿਵ ਵਿਆਹ ਦੇ ਵਿੱਚ ਆਪਣੀ ਹਾਜ਼ਰੀ ਲਗਵਾਈ।ਇਸ ਸ਼ੁਭ ਦਿਹਾੜੇ ਉਪਰ ਉਨ੍ਹਾਂ ਵੱਲੋਂ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ । ਸ਼ਿਵ ਭਗਤਾਂ ਵੱਲੋਂ ਚੇਅਰਮੈਨ ਰਾਜੀਵ ਸ਼ਰਮਾ ਤੇ ਜੋਬਨ ਰੰਧਾਵਾ ਨੂੰ ਸਨਮਾਨਤ ਕੀਤਾ ਗਿਆ। ਸ਼ਿਵ ਵਿਆਹ ਤੇ ਸ਼ੋਭਾ ਯਾਤਰਾ ਦੇ ਦੌਰਾਨ ਵੱਡੀ ਗਿਣਤੀ ਵਿੱਚ ਸ਼ਿਵ ਭਗਤ ਤੇ ਧਾਰਮਿਕ ਸੰਸਥਾਵਾਂ ਤੋਂ ਇਲਾਵਾ ਸ਼ਹਿਰ ਵਾਸੀ ਤੇ ਆਲੇ-ਦੁਆਲੇ ਪਿੰਡਾਂ ਦੇ ਲੋਕ ਵੀ ਇਹ ਸ਼ੋਭਾ ਯਾਤਰਾ ਤੇ ਸ਼ਿਵ ਭਗਤ ਹਾਜ਼ਰ ਸਨ।

# ਦਿਨ-ਦਿਹਾੜੇ ਘਰ 'ਚ ਚੋਰੀ

ਟਾਂਡਾ ਉੜਮੁੜ, 16 ਫਰਵਰੀ (ਅਰਜੁਨ ਜੈਨ): ਮੁਹੱਲਾ ਸੰਤਪੁਰਾ ਟਾਂਡਾ ਵਿਖੇ ਚੋਰਾਂ ਨੇ ਅੱਜ ਦਿਨ-ਦਿਹਾੜੇ ਇੱਕ ਘਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਨਕਦੀ ਤੇ ਸਮਾਨ ਚੋਰੀ ਕਰ ਲਿਆ। ਚੋਰੀ ਦਾ ਸ਼ਿਕਾਰ ਹੋਏ



ਬਚਨ ਲਾਲ ਪੁੱਤਰ ਲਾਹੌਰੀ ਰਾਮ ਨੇ ਦੱਸਿਆ ਕਿ ਮੇਰੀ ਪਤਨੀ ਆਪਣੀ ਚਾਹ ਦੀ ਦੁਕਾਨ 'ਤੇ ਮੌਜੂਦ ਸੀ। ਜਦੋਂ ਉਹ ਦੁਪਹਿਰ ਨੂੰ ਘਰ ਗਈ ਤਾਂ ਚੋਰੀ ਹੋ ਚੁੱਕੀ ਸੀ। ਉਸਨੇ ਦੱਸਿਆ ਕਿ ਚੋਰ ਘਰ ਵਿਚੋਂ 30 ਹਜ਼ਾਰ ਰੁਪਏ ਤੇ ਦੋ ਗੈਸ ਸਿਲੰਡਰ ਚੋਰੀ ਕਰਕੇ ਲੈ ਗਏ ਸਨ।ਉਸਨੇ ਇਸਦੀ ਸੂਚਨਾ ਟਾਂਡਾ ਪੁਲਿਸ ਨੂੰ ਦੇ ਦਿੱਤੀ ਹੈ ਤੇ ਪੁਲਿਸ ਸੜਕ 'ਤੇ ਲੱਗੇ ਹੋਏ ਸੀਸੀਟੀਵੀ ਕੈਮਰਿਆਂ ਰਾਹੀਂ ਜਾਂਚ ਵਿੱਚ ਲੱਗੀ ਹੋਈ ਹੈ।

# 13 ਗ੍ਰਾਮ ਹੈਰੋਇਨ ਸਮੇਤ 2 ਦੋਸ਼ੀ ਗ੍ਰਿਫ਼ਤਾਰ

ਗੁਰਦਾਸਪੁਰ, 16 ਫਰਵਰੀ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਮਾਣਯੋਗ ਮੁੱਖ ਮੰਤਰੀ ਪੰਜਾਬ ਵੱਲੋਂ ਐਲਾਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮਾਣਯੋਗ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਤੇ ਮਾਣਯੋਗ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ, ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਥਾਣਾ ਦੀਨਾਨਗਰ ਵਿਖੇ ਸਤਨਾਮ ਸਿੰਘ ਨੂੰ ਕਾਬੂ ਕਰਕੇ ਉਸ ਕੋਲੋਂ 07 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ।ਜਿਸ 'ਤੇ ਦੋਸ਼ੀ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 21(ਬੀ)-61-85 NDPS Act ਥਾਣਾ ਦੀਨਾਨਗਰ ਵਿਖੇ ਦਰਜ ਕੀਤਾ ਗਿਆ। ਥਾਣਾ ਤਿੱਬੜ ਵਿਖੇ ਮੱਖਣ ਮਸੀਹ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 06 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸ 'ਤੇ ਦੋਸ਼ੀ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 21(ਬੀ)-61-85 NDPS Act ਥਾਣਾ ਤਿੱਬੜ ਵਿਖੇ ਦਰਜ ਕੀਤਾ ਗਿਆ। ਆਦਿੱਤਯ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ/ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਿਸ ਨੂੰ ਦਿੱਤੀ ਜਾਵੇ, ਗੈਰ-ਕਾਨੂੰਨੀ/ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਦੇ ਖਿਲਾਫ ਠੋਸ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਨਸ਼ਿਆਂ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਤੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਜ਼ਿਲ੍ਹਾ ਗੁਰਦਾਸਪੁਰ ਦੀ ਪੁਲਿਸ ਪੂਰੀ ਤਰ੍ਹਾਂ ਵਚਨਬੱਧ ਹੈ।



# 7ਵੀਂ ਸੀਨੀਅਰ ਸਟੇਟ ਨੈਟਬਾਲ ਚੈਂਪੀਅਨਸ਼ਿਪ 'ਚ ਹੁਸ਼ਿਆਰਪੁਰ ਰਿਹਾ ਦੂਜੇ ਸਥਾਨ 'ਤੇ

☛ ਮਹਿਲਾ ਵਰਗ 'ਚ ਹੁਸ਼ਿਆਰਪੁਰ ਦੀ ਨੈਟਬਾਲ ਟੀਮ ਨੇ ਜ਼ਿਲ੍ਹੇ ਦਾ ਵਧਾਇਆ ਮਾਣ

ਹੁਸ਼ਿਆਰਪੁਰ, 16 ਫਰਵਰੀ (ਦੀਪਕ ਅਗਨੀਹੋਤਰੀ): ਐਸ.ਟੀ. ਕਾਲਜ ਬਰਨਾਲਾ ਵਿੱਚ ਕਰਵਾਏ 7ਵੀਂ ਸੀਨੀਅਰ ਸਟੇਟ ਨੈਟਬਾਲ ਚੈਂਪੀਅਨਸ਼ਿਪ ਦੇ ਮਹਿਲਾ ਵਰਗ ਵਿੱਚ ਹੁਸ਼ਿਆਰਪੁਰ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦੂਸਰਾ ਸਥਾਨ ਪ੍ਰਾਪਤ ਕਰਕੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ।ਇਸ ਮੁਕਾਬਲੇ ਦਾ ਉਦਘਾਟਨ 7 ਫਰਵਰੀ ਨੂੰ ਹੋਇਆ ਸੀ, ਜਿਸ ਵਿੱਚ ਪੰਜਾਬ ਦੇ 15 ਜ਼ਿਲ੍ਹਿਆਂ ਦੀਆਂ ਟੀਮਾਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਪ੍ਰਾਪਤੀ 'ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਟੀਮ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੇ ਖਿਡਾਰੀ ਲਗਾਤਾਰ ਬਿਹਤਰ ਪ੍ਰਦਰਸ਼ਨ ਕਰ ਰਹੇ ਹਨ ਤੇ ਭਵਿੱਖ ਵਿੱਚ ਵੀ ਰਾਸ਼ਟਰੀ ਪੱਧਰ 'ਤੇ ਆਪਣੀ ਪਛਾਣ ਬਣਾਉਣਗੇ।ਉਨ੍ਹਾਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਨੌਜਵਾਨਾਂ ਵਿੱਚ ਖੇਡ ਭਾਵਨਾ, ਅਨੁਸ਼ਾਸਨ ਤੇ ਟੀਮ ਵਰਕ ਨੂੰ ਉਤਸ਼ਾਹਿਤ ਕਰਦੇ ਹਨ ਤੇ ਇੱਕ ਸਿਹਤਮੰਦ ਸਮਾਜ ਦੇ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮੁਕਾਬਲੇ ਦੌਰਾਨ ਹੁਸ਼ਿਆਰਪੁਰ ਦੀ ਮਹਿਲਾ ਟੀਮ ਨੇ ਸ਼ਾਨਦਾਰ ਖੇਡ ਹੁਨਰ ਦਾ ਪ੍ਰਦਰਸ਼ਨ ਕੀਤਾ ਤੇ ਬਠਿੰਡਾ ਤੇ ਮੁਕਤਸਰ ਦੀਆਂ ਟੀਮਾਂ ਨੂੰ ਹਰਾ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ। ਫਾਈਨਲ ਮੈਚ ਵਿੱਚ ਬਰਨਾਲਾ ਦੀ ਮਜ਼ਬੂਤ ਟੀਮ ਨੂੰ ਸਖ਼ਤ ਟੱਕਰ ਦਿੰਦੇ ਹੋਏ, ਖਿਡਾਰੀਆਂ ਨੇ ਸ਼ਾਨਦਾਰ ਖੇਡ ਭਾਵਨਾ ਤੇ ਟੀਮ ਵਰਕ ਦਾ ਪ੍ਰਦਰਸ਼ਨ ਕੀਤਾ ਤੇ ਉਪ ਜੇਤੂ ਬਣ ਕੇ ਦੂਜਾ ਸਥਾਨ ਪ੍ਰਾਪਤ ਕੀਤਾ। ਮਹਿਲਾ ਵਰਗ ਵਿੱਚ ਬਰਨਾਲਾ ਪਹਿਲੇ, ਹੁਸ਼ਿਆਰਪੁਰ ਦੂਜੇ ਤੇ ਫਾਜ਼ਿਲਕਾ ਤੀਜੇ ਸਥਾਨ 'ਤੇ ਰਿਹਾ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ, ਐਸਡੀਐਮ ਮੁਕੇਰੀਆਂ, ਸਹਾਇਕ ਕਮਿਸ਼ਨਰ ਗੁਰਪ੍ਰੀਤ ਕੌਰ ਤੇ ਹੋਰ ਕੋਚ ਮੌਜੂਦ ਸਨ।



# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹੈਲਥ ਕਾਰਡ ਬਣਾਉਣ ਲਈ ਵਾਰਡ ਨੰਬਰ 31 'ਚ ਵਿਸ਼ੇਸ਼ ਕੈਂਪ ਲਗਾਇਆ

ਬਟਾਲਾ/ਨੁਸ਼ਹਿਰਾ ਮੱਝਾ ਸਿੰਘ, 16 ਫਰਵਰੀ (ਡਾ. ਸਰਵਣ ਸਿੰਘ): ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਹੈਲਥ ਕਾਰਡ ਬਣਾਉਣ ਲਈ ਲੋਕਾਂ ਦੀ ਸਹੂਲਤ ਲਈ ਬਟਾਲਾ ਵਿਖੇ ਵਿਸ਼ੇਸ਼ ਕੈਂਪ ਲਗਾਏ ਗਏ ਹਨ, ਜਿਥੇ ਲੋਕਾਂ ਵੱਲੋਂ ਕੈਂਪ ਵਿੱਚ ਪਹੁੰਚ ਕੇ ਆਪਣੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਜਾ ਰਹੀ ਹੈ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਹਲਕੇ ਅੰਦਰ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ 7 ਸਥਾਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਗਏ ਹਨ।ਇਸ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ ਵਿੱਚ ਵੀ ਹੈਲਥ ਕਾਰਡ ਬਣ ਰਹੇ ਹਨ। ਵਾਰਡ ਨੰਬਰ 31 ਵਿੱਚ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਸ਼ੇਸ਼ ਕੈਂਪ ਲਗਾਇਆ ਗਿਆ ਤੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕੀਤੀ ਗਈ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲੋਕਾਂ ਨੂੰ ਵੱਡੀ ਸਹੂਲਤ ਮੁਹੱਈਆ ਕਰਵਾਈ ਗਈ ਹੈ ਤੇ ਲੋੜ ਪੈਣ 'ਤੇ ਵਿਅਕਤੀ ਆਪਣੀ ਬਿਮਾਰੀ ਦਾ ਇਲਾਜ ਕਰਵਾ ਸਕਦਾ ਹੈ, ਜਿਸ ਲਈ 10 ਲੱਖ ਰੁਪਏ ਤੱਕ ਕੈਸ਼ਲੈਸ ਦੀ ਰਾਹਤ ਪ੍ਰਦਾਨ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿਹਤ, ਸਿੱਖਿਆ, ਮੁਫ਼ਤ ਬਿਜਲੀ ਸਮੇਤ ਵੱਖ-ਵੱਖ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਤੇ ਲੋਕ ਭਲਾਈ ਸਕੀਮਾਂ ਦਾ ਲਾਭ ਪੁੱਜਦਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣੇ ਹੈਲਥ ਕਾਰਡਾਂ ਨੇ ਆਪਣਾ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ ਤੇ ਮਰੀਜ਼ ਆਪਣੇ ਇਲਾਜ ਸਰਕਾਰੀ ਹਸਪਤਾਲਾਂ ਦੇ ਨਾਲ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਕਰਵਾ ਰਹੇ ਹਨ।ਉਨ੍ਹਾਂ ਨੇ ਕਿਹਾ ਕਿ ਇਸ ਸਿਹਤ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।



# ਅਹਿਮਦੀਆ ਫੁੱਟਬਾਲ ਕਲੱਬ ਕਾਦੀਆਂ ਨੇ ਰੋਮਾਂਚਕ ਮੁਕਾਬਲੇ ਬਾਅਦ ਕੱਪ ਆਪਣੇ ਨਾਮ ਕੀਤਾ



ਕਾਦੀਆਂ, 16 ਫਰਵਰੀ (ਤਾਰੀ/ਸੰਧੂ): ਇਲਾਕੇ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਮਕਸਦ ਨਾਲ ਪਿੰਡ ਕਾਲਾ ਅਫਗਾਨਾਂ ਵਿਖੇ ਕਰਵਾਏ ਗਏ 42ਵੇਂ ਫੁੱਟਬਾਲ ਟੂਰਨਾਮੈਂਟ ਦਾ ਸ਼ਾਨਦਾਰ ਸਮਾਪਨ ਹੋਇਆ।ਚਾਰ ਦਿਨਾਂ ਤੱਕ ਚੱਲੇ ਇਸ ਟੂਰਨਾਮੈਂਟ ਵਿੱਚ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਆਈਆਂ 32 ਤੋਂ ਵੱਧ ਟੀਮਾਂ ਨੇ ਭਾਗ ਲਿਆ ਤੇ ਆਪਣੇ ਖੇਡ ਕੌਸ਼ਲ ਦਾ ਪ੍ਰਦਰਸ਼ਨ ਕੀਤਾ।ਟੂਰਨਾਮੈਂਟ ਦੌਰਾਨ ਹਰ ਰੋਜ਼ ਦਰਸ਼ਕਾਂ ਦੀ ਵੱਡੀ ਭੀੜ ਮੈਦਾਨ ਵਿੱਚ ਪਹੁੰਚੀ, ਜਿਸ ਨਾਲ ਖਿਡਾਰੀਆਂ ਦਾ ਹੌਸਲਾ ਵਧਿਆ।ਲੀਗ ਮੈਚਾਂ ਤੋਂ ਬਾਅਦ ਸੈਮੀਫਾਈਨਲ ਤੇ ਫਿਰ ਫਾਈਨਲ ਮੁਕਾਬਲੇ ਬਹੁਤ ਹੀ ਟੱਕਰ ਦੇ ਰਹੇ।ਫਾਈਨਲ ਮੈਚ ਸਥਾਨਕ ਟੀਮ ਕਾਲਾ ਅਫਗਾਨਾਂ ਤੇ ਅਹਿਮਦੀਆ ਫੁੱਟਬਾਲ ਕਲੱਬ ਕਾਦੀਆਂ ਦਰਮਿਆਨ ਖੇਡਿਆ ਗਿਆ, ਜਿਸ ਨੂੰ ਦੇਖਣ ਲਈ ਖੇਡ ਪ੍ਰੇਮੀਆਂ ਦੀ ਭਾਰੀ ਭੀੜ ਇਕੱਠੀ ਹੋਈ।ਦੋਹਾਂ ਟੀਮਾਂ ਨੇ ਸ਼ੁਰੂ ਤੋਂ ਹੀ ਅਕਰਮਕ ਖੇਡ ਦਿਖਾਈ। ਪਹਿਲੇ ਹਾਫ ਤੋਂ ਲੈ ਕੇ ਦੂਜੇ ਹਾਫ ਤੱਕ ਦੋਵੇਂ ਪੱਖਾਂ ਵੱਲੋਂ ਕਈ ਵਧੀਆ ਹਮਲੇ ਕੀਤੇ ਗਏ ਪਰ ਗੋਲਕੀਪਰਾਂ ਦੀ ਸ਼ਾਨਦਾਰ ਬਚਾਅ ਕਾਰਨ ਕੋਈ ਵੀ ਟੀਮ ਨਿਰਧਾਰਿਤ ਸਮੇਂ ਵਿੱਚ ਗੋਲ ਨਾ ਕਰ ਸਕੀ।ਇਸ ਤਰ੍ਹਾਂ ਫੁੱਲ ਟਾਈਮ ਤੱਕ ਸਕੋਰ ਬਰਾਬਰ ਰਿਹਾ।ਟੂਰਨਾਮੈਂਟ ਬਾਰੇ ਜਾਣਕਾਰੀ ਦਿੰਦਿਆਂ ਮਾਝਾ ਇੰਟਰਨੈਸ਼ਨਲ ਸਪੋਰਟਸ ਕਲੱਬ ਦੇ ਮੈਂਬਰਾਂ ਨੇ ਦੱਸਿਆ ਕਿ ਨਤੀਜੇ ਲਈ ਟਾਈਬਰੇਕਰ ਦਾ ਸਹਾਰਾ ਲਿਆ ਗਿਆ। ਟਾਈਬਰੇਕਰ ਦੌਰਾਨ ਅਹਿਮਦੀਆ ਫੁੱਟਬਾਲ ਕਲੱਬ ਕਾਦੀਆਂ ਦੇ ਖਿਡਾਰੀਆਂ ਨੇ ਧੀਰਜ ਤੇ ਕੌਸ਼ਲ ਨਾਲ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਆਪਣੇ ਸਹੀ ਨਿਸ਼ਾਨਿਆਂ ਨਾਲ ਜਿੱਤ ਦਰਜ ਕੀਤੀ। ਦੂਜੇ ਪਾਸੇ ਕਾਲਾ ਅਫਗਾਨਾਂ ਦੀ ਟੀਮ ਨੇ ਵੀ ਬੇਹਤਰੀਨ ਖੇਡ ਦਿਖਾਈ ਪਰ ਅੰਤ ਵਿੱਚ ਉਹ ਰਨਰਅਪ ਰਹੀ।ਸਮਾਪਨ ਸਮਾਰੋਹ ਦੌਰਾਨ ਜੇਤੂ ਟੀਮ ਨੂੰ ਕੱਪ ਤੇ ਇਨਾਮੀ ਰਕਮ ਦੇ ਕੇ ਸਨਮਾਨਤ ਕੀਤਾ ਗਿਆ।

# ਬਾਬਾ ਬਾਲਕ ਨਾਥ ਜੀ ਦੀ ਚੌਕੀ ਤੇ ਸ਼ਿਵਰਾਤਰੀ ਦਾ ਤਿਉਹਾਰ ਮਨਾਇਆ



ਗੜ੍ਹਦੀਵਾਲਾ, 16 ਫਰਵਰੀ (ਗੌਰਵ): ਸਰਬ ਧਰਮ ਦਰਬਾਰ ਪਿੰਡ ਗੋਬਿੰਦਪੁਰ ਖੁਣ ਵਿਖੇ ਦਰਬਾਰ ਦੇ ਸੇਵਾਦਾਰ ਡਾ. ਕੁਲਦੀਪ ਸਿੰਘ ਦੀ ਰਹਿਨੁਮਾਈ ਹੇਠ ਜੇਠੇ ਐਤਵਾਰ ਨੂੰ ਬਾਬਾ ਬਾਲਕ ਨਾਥ ਜੀ ਦੀ ਚੌਕੀ ਬੜੀ ਸ਼ਰਧਾ ਭਾਵਨਾ ਨਾਲ ਲਗਾਈ ਗਈ ਤੇ ਸ਼ਿਵਰਾਤਰੀ ਦਾ ਤਿਉਹਾਰ ਵੀ ਮਨਾਇਆ ਗਿਆ। ਇਸ ਮੌਕੇ 'ਤੇ ਸਭ ਤੋਂ ਪਹਿਲਾਂ ਬਾਬਾ ਜੀ ਦੀ ਜੋਤ ਪ੍ਰਚੰਡ ਕੀਤੀ ਗਈ, ਉਸ ਦੇ ਉਪਰੰਤ ਸੋਡੀ ਐਂਡ ਪਾਰਟੀ ਨੇ ਬਾਬਾ ਬਾਲਕ ਨਾਥ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਤੇ ਸ਼ਿਵ ਪਾਰਵਤੀ ਦਾ ਵਿਆਹ ਸੁਣਾਇਆ।ਇਸ ਮੌਕੇ 'ਤੇ ਆਈਆਂ ਹੋਈਆਂ ਸੰਗਤਾਂ ਲਈ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ 'ਤੇ ਜ਼ਰੂਰਤਮੰਦ ਪਰਿਵਾਰਾਂ ਨੂੰ ਸਰਬ ਧਰਮ ਸੁਸਾਇਟੀ ਵੱਲੋਂ ਰਾਸ਼ਨ ਵੰਡਿਆ ਗਿਆ। ਇਸ ਚੌਕੀ ਵਿੱਚ ਵਿਸ਼ੇਸ਼ ਸਹਿਯੋਗ ਬਲਜੀਤ ਕੈਨੇਡਾ ਗੁਰਪ੍ਰੀਤ ਕੈਨੇਡਾ, ਦਮਨ ਕੈਨੇਡਾ, ਅਰਪਨ ਕੈਨੇਡਾ, ਗੁਰਪ੍ਰੀਤ ਅਬੁੱਲ ਖੁਰਾਣਾ, ਜੱਸਾ, ਸਿਮਰਨਜੀਤ ਸਿੰਘ, ਤਰਨਜੀਤ ਕੌਰ ਕੈਨੇਡਾ, ਗਗਨ, ਸੁਖਦੇਵ ਸਿੰਘ, ਸਿੰਮੂ ਵੱਲੋਂ ਬੜੀ ਸ਼ਰਧਾ ਨਾਲ ਸੇਵਾ ਨਿਭਾਈ ਗਈ।

# ਕੁੰਡਾਲ ਪਰਿਵਾਰ ਵੱਲੋਂ ਦਿਲਬਾਗ ਸਿੰਘ 7ਵਾਂ ਅੱਖਾਂ ਦਾ ਫ੍ਰੀ ਤੇ ਖ਼ੂਨਦਾਨ ਕੈਂਪ 22 ਨੂੰ

ਗੜ੍ਹਦੀਵਾਲਾ, 16 ਫਰਵਰੀ (ਗੌਰਵ): ਕੁੰਡਾਲ ਪਰਿਵਾਰ ਵੱਲੋਂ ਸ੍. ਦਿਲਬਾਗ ਸਿੰਘ ਸਾਬਕਾ ਸੰਮਤੀ ਮੈਂਬਰ ਦੀ ਯਾਦ ਨੂੰ ਸਮਰਪਿਤ ਸੱਤਵਾਂ ਵਿਸ਼ਾਲ ਅੱਖਾਂ ਦਾ ਤੇ ਖ਼ੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਇਸ ਮੌਕੇ 'ਤੇ ਜਾਣਕਾਰੀ ਦਿੰਦੇ ਹੋਏ ਨਸੀਬ ਸਿੰਘ ਨੇ ਦੱਸਿਆ ਕਿ ਸੱਤਵਾਂ ਅੱਖਾਂ ਦਾ ਤੇ ਫ੍ਰੀ ਖ਼ੂਨਦਾਨ ਕੈਂਪ 22 ਤਰੀਕ ਨੂੰ ਪਿੰਡ ਖਿਆਲਾ ਬੁਲੰਦਾ ਦੇ ਪ੍ਰਾਈਮਰੀ ਸਕੂਲ ਵਿਖੇ ਲਗਾਇਆ ਜਾ ਰਿਹਾ ਹੈ।ਇਸ ਕੈਂਪ ਵਿੱਚ ਪੰਜਾਬ ਦੇ ਪ੍ਰਸਿੱਧ ਡਾਕਟਰ ਡਾ. ਪਰਮਿੰਦਰ ਸਿੰਘ ਥਿੰਦ ਤੇ ਡਾ. ਤਰਸੇਮ ਭਾਰਤੀ ਬੇਗੋਵਾਲ ਆਈ ਹਸਪਤਾਲ, (ਜ਼ਿਲ੍ਹਾ ਕਪੂਰਥਲਾ), ਤੇ ਉਨ੍ਹਾਂ ਦੀ ਟੀਮ ਵੱਲੋਂ ਲਗਾਇਆ ਜਾ ਰਿਹਾ ਹੈ।ਜਿਸ ਦੀ ਰਜਿਸਟ੍ਰੇਸ਼ਨ 9 ਵਜੇ ਤੋਂ ਲੈ ਕੇ 1 ਵਜੇ ਤੱਕ ਹੋਵੇਗੀ।ਇਸ ਮੌਕੇ 'ਤੇ ਮੋਹਨ ਕਲੀਨਿਕ ਗੜ੍ਹਦੀਵਾਲਾ ਵੱਲੋਂ ਮਰੀਜ਼ਾਂ ਦਾ ਮੈਡੀਕਲ ਚੈਕ-ਅੱਪ ਕੀਤਾ ਜਾਵੇਗਾ ਤੇ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ।



# ਵਿਧਾਇਕ ਕਲਸੀ ਨੇ ਕਾਰਪੋਰੇਸ਼ਨ ਦਫ਼ਤਰ ਦੇ ਸਾਹਮਣੇ ਚੌਕ ਨੂੰ ਚੌੜਾ ਕੀਤੇ ਜਾਣ ਤੇ ਸੜਕ ਬਣਾਉਣ ਦੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ

ਬਟਾਲਾ, 16 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸਿੰਘ ਸੰਧੂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਕਾਰਪੋਰੇਸ਼ਨ ਦਫਤਰ ਦੇ ਸਾਹਮਣੇ ਖ਼ੂਬਸੂਰਤ ਚੌਕ ਤੇ ਸੜਕ ਬਣਾਉਣ ਦਾ ਕੰਮ ਚੱਲ ਰਿਹਾ ਹੈ। ਜਿਸ ਸਬੰਧੀ ਉਨ੍ਹਾਂ ਵੱਲੋਂ ਬੀਤੀ ਦੇਰ ਰਾਤ ਚੱਲ ਰਹੇ ਵਿਕਾਸ ਕੰਮਾਂ ਦਾ ਜਾਇਜ਼ਾ ਲਿਆ ਗਿਆ ਤੇ ਸਬੰਧਤ ਵਿਭਾਗ ਨੂੰ ਨਿਸ਼ਚਿਤ ਸਮੇਂ ਅੰਦਰ ਕੰਮ ਮੁਕੰਮਲ ਕਰਨ ਦੀ ਹਦਾਇਤ ਕੀਤੀ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਸ ਚੌਕ ਦੇ ਚੌੜੇ ਹੋਣ ਨਾਲ ਟ੍ਰੈਫਿਕ ਵਿੱਚ ਕਾਫੀ ਸੁਧਾਰ ਹੋਵੇਗਾ ਤੇ ਲੋਕਾਂ ਤੇ ਖਾਸ ਕਰਕੇ ਨੇੜਲੇ ਦੁਕਾਨਦਾਰਾਂ ਨੂੰ ਆਵਾਜਾਈ ਦੀ ਹੋਰ ਬਿਹਤਰ ਸਹੂਲਤ ਮਿਲੇਗੀ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਇਸ ਦੇ ਨਾਲ ਹੀ ਇਥੇ ਸੀਮਿੰਟਡ ਸੜਕ ਵੀ ਬਣਾਈ ਜਾ ਰਹੀ ਹੈ ਤੇ ਪੰਜ ਸਾਲ ਤੱਕ ਸਬੰਧਤ ਠੇਕੇਦਾਰ ਇਸ ਦੇ ਰੱਖ-ਰਖਾਅ ਲਈ ਜ਼ਿੰਮੇਵਾਰ ਹੋਣਗੇ। ਉਨ੍ਹਾਂ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ। ਉਨ੍ਹਾਂ ਕਿਹਾ ਕਿ ਮੇਰੀ ਹਮੇਸ਼ਾ ਕੋਸ਼ਿਸ਼ ਹੁੰਦੀ ਹੈ ਕਿ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾਣ ਤੇ ਉਹ ਖ਼ੁਦ ਲੋਕਾਂ ਕੋਲ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਹੱਲ ਕਰ ਰਹੇ ਹਾਂ।



# ਕਿੱਲੀ ਚਾਹਵਾਂ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ 'ਚ ਸ਼ਾਮਲ ਹੋਣ ਲਈ ਵਰਕਰਾਂ ਦਾ ਕਾਫ਼ਲਾ ਰਵਾਨਾ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 16 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਸਰਕਾਰ ਵੱਲੋਂ ਕਿੱਲੀ ਚਾਹਲਾਂ (ਮੋਗਾ) ਵਿਖੇ ਕੀਤੀ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੂਬਾ ਪੱਧਰੀ ਰੈਲੀ ਵਿੱਚ ਸ਼ਾਮਲ ਹੋਣ ਲਈ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਬੋਹਜਾ ਤੋਂ ਆਮ ਆਦਮੀ ਪਾਰਟੀ ਦੇ ਸੋਸ਼ਲ ਮੀਡੀਆ ਇੰਚਾਰਜ ਤੇ ਬਲਾਕ ਸੰਮਤੀ ਮੈਂਬਰ ਮੁਖਤਾਰ ਸਿੰਘ ਬੋਹਜਾ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਆਪ ਵਰਕਰਾਂ ਦਾ ਕਾਫ਼ਲਾ ਰਵਾਨਾ ਹੋਇਆ। ਇਸ ਮੌਕੇ ਮੁਖਤਾਰ ਸਿੰਘ ਬੋਹਜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਲਕਾ ਵਿਧਾਇਕ ਸ੍ਰੀ ਹਰਿਗੋਬਿੰਦਪੁਰ ਸਾਹਿਬ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਬੋਹਜਾ ਤੋਂ ਨਸ਼ਿਆਂ ਖ਼ਿਲਾਫ਼ ਸੂਬਾ ਪੱਧਰੀ ਵਿਸ਼ਾਲ ਰੈਲੀ ਲਈ ਹੋਇਆ ਹੈ। ਉਨ੍ਹਾਂ ਆਖਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਸ਼ਾਸਨ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਹੈ।ਇਸ ਮੌਕੇ ਬਲਾਕ ਸੰਮਤੀ ਮੈਂਬਰ ਮੁਖਤਾਰ ਸਿੰਘ ਬੋਝਾ, ਲਵਪ੍ਰੀਤ ਸਿੰਘ ਪੰਚ, ਗੁਰਿੰਦਰ ਪੱਡਾ, ਸੁਰਜੀਤ ਸਿੰਘ ਸਾਧ, ਗੁਰਚਰਨ ਸਿੰਘ ਸੂਬੇਦਾਰ ਮਹਿੰਦਰ ਸਿੰਘ, ਹਰਦੇਵ ਸਿੰਘ ਗੰਡੇ ਕੇ, ਸੁੱਚਾ ਸਿੰਘ, ਅਮਰੀਕ ਸਿੰਘ, ਬੂਟਾ ਸਿੰਘ ਆਦਿ ਵੱਡੀ ਗਿਣਤੀ ਵਿੱਚ ਵਰਕਰ ਤੇ ਵਲੰਟੀਅਰ ਹਾਜ਼ਰ ਸਨ।



## ਸ਼ਿਵਰਾਤਰੀ ਮੌਕੇ ਵਿਧਾਇਕ ਭੁੱਲਰ ਪਰਿਵਾਰ ਸਮੇਤ ਸ਼ਿਵਾਲਾ ਮੰਦਰ ਵਿਖੇ ਹੋਏ ਨਤਮਸਤਕ

ਫ਼ਿਰੋਜ਼ਪੁਰ, 16 ਫਰਵਰੀ (ਤਿਵਾੜੀ): ਮਹਾਂ ਸ਼ਿਵਰਾਤਰੀ ਦੇ ਪਾਵਨ ਅਵਸਰ 'ਤੇ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਆਪਣੇ ਪਰਿਵਾਰ ਸਮੇਤ ਸ਼ਿਵਾਲਾ ਮੰਦਰ ਵਿਖੇ ਨਤਮਸਤਕ ਹੋ ਕੇ ਭਗਵਾਨ ਸ਼ਿਵ ਜੀ ਦੀ ਅਰਾਧਨਾ ਕੀਤੀ ਤੇ ਹਲਕੇ ਦੀ ਖ਼ੁਸ਼ਹਾਲੀ, ਤਰੱਕੀ ਤੇ ਅਮਨ-ਸ਼ਾਂਤੀ ਲਈ ਪ੍ਰਾਰਥਨਾ ਕੀਤੀ।ਇਸ ਮੌਕੇ ਵਿਧਾਇਕ ਭੁੱਲਰ ਨੇ ਸੰਗਤ ਨਾਲ ਮਹਾਂ ਸ਼ਿਵਰਾਤਰੀ ਦੀਆਂ ਵਧਾਈਆਂ ਸਾਂਝੀਆਂ ਕੀਤੀਆਂ। ਉਨ੍ਹਾਂ ਨੇ ਕਿਹਾ ਕਿ ਉਹ ਹਮੇਸ਼ਾ ਸ਼ਹਿਰ ਵਾਸੀਆਂ ਦੀ ਭਲਾਈ ਤੇ ਵਿਕਾਸ ਲਈ ਵਚਨਬੱਧ ਹਨ ਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਫ਼ਿਰੋਜ਼ਪੁਰ ਵਿੱਚ ਸਦਾ ਖੁਸ਼ਹਾਲੀ ਤੇ ਤਰੱਕੀ ਬਣੀ ਰਹੇ।ਉਨ੍ਹਾਂ ਪੂਰੀ ਨਿਮਰਤਾ ਤੇ ਸਮਰਪਣ ਨਾਲ ਲੋਕਾਂ ਦੀ ਸੇਵਾ ਕਰਨ ਲਈ ਪਰਮਾਤਮਾ ਅੱਗੇ ਬਲ ਬਖ਼ਸ਼ਣ ਲਈ ਅਰਦਾਸ ਕੀਤੀ। ਉਨ੍ਹਾਂ ਨੇ ਆਪਣੀ ਧਰਮ ਪਤਨੀ ਡਾ. ਅਮਨਦੀਪ ਕੌਰ ਨਾਲ ਭਗਵਾਨ ਸ਼ਿਵ ਦੀ ਪੂਜਾ-ਅਰਚਨਾ ਕੀਤੀ।ਇਸ ਪਾਵਨ ਤਿਉਹਾਰ ਦੇ ਮੌਕੇ ਮੰਦਰਾਂ ਵਿੱਚ ਖ਼ੂਬ ਰੌਣਕਾਂ ਲੱਗੀਆਂ ਹੋਈਆਂ ਸਨ। ਉਨ੍ਹਾਂ ਹਲਕਾ ਵਾਸੀਆਂ ਨੂੰ ਮਹਾਂ ਸ਼ਿਵਰਾਤਰੀ ਦੇ ਪਵਿੱਤਰ ਤਿਉਹਾਰ ਦੀ ਵਧਾਈ ਦਿੱਤੀ।



## ਜਰਮਨੀ 'ਚ ਈਰਾਨੀ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ

ਮਿਊਨਿਖ, 16 ਫਰਵਰੀ (ਚ.ਨ.ਸ): ਜਰਮਨੀ 'ਚ ਵਿਸ਼ਵ ਨੇਤਾਵਾਂ ਦੀ ਇੱਕ ਬੈਠਕ ਦੌਰਾਨ ਸ਼ਨੀਵਾਰ ਨੂੰ ਇਥੇ ਲਗਭਗ 2,50,000 ਲੋਕਾਂ ਨੇ ਈਰਾਨ ਸਰਕਾਰ ਖਿਲਾਫ ਰੋਸ ਵਿਖਾਵਾ ਕੀਤਾ।ਪੁਲਿਸ ਨੇ ਇਹ ਜਾਣਕਾਰੀ ਸਾਂਝੀ ਕੀਤੀ ਹੈ।ਇਹ ਪ੍ਰਦਰਸ਼ਨ ਅਜਿਹੇ ਸਮੇਂ ਹੋਇਆ, ਜਦੋਂ ਜਲਾਵਤਨੀ ਵਿੱਚ ਰਹਿ ਰਹੇ ਈਰਾਨ ਦੇ ਯੁਵਰਾਜ ਰੇਜ਼ਾ ਪਹਿਲਵੀ ਨੇ ਤਹਿਰਾਨ 'ਤੇ ਅੰਤਰਰਾਸ਼ਟਰੀ ਦਬਾਅ ਪਾਉਣ ਦੀ ਅਪੀਲ ਕੀਤੀ ਹੈ।ਢੋਲ ਵਜਾਉਂਦੇ ਤੇ ਸੱਤਾ ਪਰਿਵਰਤਨ ਦੇ ਨਾਅਰੇ ਲਗਾਉਂਦੇ ਹੋਏ ਮਿਊਨਿਖ 'ਚ ਇਹ ਵਿਸ਼ਾਲ ਰੈਲੀ ਪਹਿਲਵੀ ਵੱਲੋਂ ਦੱਸੇ ਗਏ 'ਗਲੋਬਲ ਡੇਅ ਆਫ ਐਕਸ਼ਨ' ਦਾ ਹਿੱਸਾ ਸੀ, ਜਿਸ ਦਾ ਉਦੇਸ਼ ਈਰਾਨ 'ਚ ਦੇਸ਼ ਵਿਆਪੀ ਰੋਸ ਵਿਖਾਵਿਆਂ ਦੇ ਮੱਦੇਨਜ਼ਰ ਈਰਾਨੀ ਲੋਕਾਂ ਦਾ ਸਮਰਥਨ ਕਰਨਾ ਹੈ।ਪਹਿਲਵੀ ਨੇ ਲਾਸ ਏਂਜਲਸ ਤੇ ਟੋਰਾਂਟੋ ਵਿਚ ਵੀ ਪ੍ਰਦਰਸ਼ਨਾਂ ਦਾ ਸੱਦਾ ਦਿੱਤਾ ਸੀ। ਪੁਲਿਸ ਨੇ 'ਐਕਸ' ਉਤੇ ਇੱਕ ਪੋਸਟ ਵਿੱਚ ਕਿਹਾ ਕਿ ਮਿਊਨਿਖ ਵਿੱਚ ਵਿਖਾਵਾਕਾਰੀਆਂ ਦੀ ਗਿਣਤੀ ਲਗਭਗ 2.5 ਲੱਖ ਤੱਕ ਪਹੁੰਚ ਗਈ, ਜੋ ਕਿ ਪ੍ਰਬੰਧਕਾਂ ਦੀ ਉਮੀਦ ਤੋਂ ਕਿਤੇ ਜ਼ਿਆਦਾ ਸੀ। ਵਿਸ਼ਾਲ ਇਕੱਠ ਨਾਅਰੇ ਲਗਾ ਰਿਹਾ ਸੀ ਤੇ ਸ਼ੇਰ ਤੇ ਸੂਰਜ ਦੇ ਚਿੰਨ੍ਹ ਵਾਲੇ ਹਰੇ, ਚਿੱਟੇ ਐ ਲਾਲ ਰੰਗ ਦੇ ਝੰਡੇ ਲਹਿਰਾ ਰਿਹਾ ਸੀ।ਈਰਾਨ ਨੇ 1979 ਦੀ ਇਸਲਾਮੀ ਕ੍ਰਾਂਤੀ ਤੋਂ ਪਹਿਲਾਂ ਇਸੇ ਝੰਡੇ ਦੀ ਵਰਤੋਂ ਕੀਤੀ ਸੀ, ਜਿਸ ਨੇ ਪਹਿਲਵੀ ਖ਼ਾਨਦਾਨ ਦਾ ਰਾਜ ਖ਼ਤਮ ਕਰ ਦਿੱਤਾ ਸੀ। ਰੈਲੀ 'ਚ ਮੌਜੂਦ ਕਈ ਲੋਕਾਂ ਨੇ ਪਹਿਲਵੀ ਦੀ ਤਸਵੀਰ ਵਾਲੇ ਪੋਸਟਰ ਲਹਿਰਾਏ, ਜਿਨ੍ਹਾਂ 'ਚੋਂ ਕੁਝ ਵਿੱਚ ਉਨ੍ਹਾਂ ਨੂੰ 'ਰਾਜਾ' ਵਜੋਂ ਸੰਬੋਧਨ ਕੀਤਾ ਗਿਆ ਸੀ। ਈਰਾਨ ਦੇ ਪਦ-ਮੁਕਤ ਸ਼ਾਹ ਦੇ ਪੁੱਤਰ ਰੇਜ਼ਾ ਪਹਿਲਵੀ ਲਗਭਗ 50 ਸਾਲਾਂ ਤੋਂ ਜਲਾਵਤਨੀ ਵਿੱਚ ਹਨ ਪਰ ਹੁਣ ਉਹ ਈਰਾਨ 'ਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਣ ਦੀ ਕੋਸ਼ਿਸ਼ ਕਰ ਰਹੇ ਹਨ।



## ਵਪਾਰੀਆਂ ਦੀ ਰੇਕੀ ਕਰਕੇ ਚਲਾਇਆ ਜਾ ਰਿਹਾ ਸੀ 'ਫਿਰੌਤੀਆਂ' ਮੰਗਣ ਦਾ ਧੰਦਾ

ਕੋਟਕਪੂਰਾ, 16 ਫਰਵਰੀ (ਚ.ਨ.ਸ): ਫ਼ਰੀਦਕੋਟ ਜ਼ਿਲ੍ਹੇ ਵਿੱਚ ਇੱਕ ਅਜਿਹਾ ਮਾਮਲਾ ਸਾਹਮਣੇ ਆਇਆ ਹੈ, ਜਿਸ ਨੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ ਹੈ। ਇੱਥੇ ਇੱਕ ਮਾਂ ਵੱਲੋਂ ਅਪਣੇ ਵਿਦੇਸ਼ ਬੈਠੇ ਪੁੱਤ ਨਾਲ ਮਿਲ ਕੇ ਫਿਰੌਤੀ ਦਾ ਰੈਕੇਟ ਚਲਾਉਣ ਦਾ ਖੁਲਾਸਾ ਹੋਇਆ ਹੈ। ਪੁਲਿਸ ਜਾਂਚ ਮੁਤਾਬਿਕ ਇਹ ਔਰਤ ਇਲਾਕੇ ਦੇ ਅਮੀਰ ਵਪਾਰੀਆਂ ਦੀ ਪਛਾਣ ਕਰਦੀ ਸੀ ਤੇ ਉਨ੍ਹਾਂ ਦੀ ਨਿੱਜੀ ਜਾਣਕਾਰੀ ਆਪਣੇ ਪੁੱਤ ਨੂੰ ਭੇਜਦੀ ਸੀ ਤਾਂ ਜੋ ਉਹ ਵਿਦੇਸ਼ ਤੋਂ ਉਨ੍ਹਾਂ ਨੂੰ ਧਮਕਾ ਸਕੇ।ਥਾਣਾ ਸਾਦਿਕ ਦੀ ਪੁਲਿਸ ਨੇ ਇਸ ਮਾਮਲੇ ਵਿੱਚ ਪਰਮਜੀਤ ਕੌਰ, ਉਸ ਦੇ ਵਿਦੇਸ਼ ਰਹਿੰਦੇ ਪੁੱਤਰ ਹਰਮਨਪ੍ਰੀਤ ਸਿੰਘ ਉਰਫ਼ ਹਾਮੀ ਤੇ ਉਨ੍ਹਾਂ ਦੇ ਇੱਕ ਸਾਥੀ ਸੋਨੂੰ ਸਿੰਘ ਵਿਰੁੱਧ ਮਾਮਲਾ ਦਰਜ ਕੀਤਾ ਹੈ। ਜਾਂਚ ਵਿੱਚ ਸਾਹਮਣੇ ਆਇਆ ਕਿ ਪਰਮਜੀਤ ਕੌਰ ਸਥਾਨਕ ਬਾਜ਼ਾਰਾਂ ਵਿੱਚ ਜਾ ਕੇ ਦੁਕਾਨਾਂ ਦੇ ਬਾਹਰ ਲੱਗੇ ਬੋਰਡਾਂ ਤੋਂ ਮਾਲਕਾਂ ਦੇ ਨਾਮ ਤੇ ਮੋਬਾਈਲ ਨੰਬਰ ਨੋਟ ਕਰਦੀ ਸੀ।ਇੰਨਾ ਹੀ ਨਹੀਂ, ਉਹ ਵਪਾਰੀਆਂ ਦੇ ਪਰਿਵਾਰਾਂ ਬਾਰੇ ਵੀ ਗੁਪਤ ਜਾਣਕਾਰੀ ਇਕੱਠੀ ਕਰਦੀ ਸੀ।ਇਹ ਸਾਰੀ ਜਾਣਕਾਰੀ ਉਹ ਅਪਣੇ ਪੁੱਤਰ ਹਰਮਨਪ੍ਰੀਤ ਨੂੰ ਭੇਜਦੀ ਸੀ, ਜੋ ਅੱਗੇ ਇੰਟਰਨੈਸ਼ਨਲ ਵਟਸਐਪ ਨੰਬਰਾਂ ਰਾਹੀਂ ਇਨ੍ਹਾਂ ਵਪਾਰੀਆਂ ਨੂੰ ਫੋਨ ਕਰਕੇ ਲੱਖਾਂ ਰੁਪਏ ਦੀ ਮੰਗ ਕਰਦਾ ਸੀ।ਪੀੜਤਾਂ ਨੂੰ ਡਰਾਉਣ ਲਈ ਉਹ ਉਨ੍ਹਾਂ ਦੇ ਬੱਚਿਆਂ ਤੇ ਪਰਿਵਾਰਕ ਮੈਂਬਰਾਂ ਬਾਰੇ ਅਜਿਹੀਆਂ ਗੱਲਾਂ ਕਰਦਾ ਸੀ, ਜਿਸ ਨਾਲ ਵਪਾਰੀ ਸਹਿਮ ਜਾਂਦੇ ਸਨ ਕਿ ਕੋਈ ਉਨ੍ਹਾਂ ਦੀ ਪਲ-ਪਲ ਦੀ ਖ਼ਬਰ ਰੱਖ ਰਿਹਾ ਹੈ।ਇਸ ਗੋਰਖਧੰਦੇ ਦਾ ਪਰਦਾਫ਼ਾਸ਼ ਉਦੋਂ ਹੋਇਆ, ਜਦੋਂ ਸਾਦਿਕ ਦੇ ਇੱਕ ਕੱਪੜਾ ਵਪਾਰੀ ਜਸਵਿੰਦਰ ਸਿੰਘ ਨੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ। ਜਸਵਿੰਦਰ ਨੂੰ ਇੱਕ ਵਿਦੇਸ਼ੀ ਨੰਬਰ ਤੋਂ ਫ਼ੋਨ ਆਇਆ ਸੀ, ਜਿਸ ਵਿੱਚ 80 ਲੱਖ ਰੁਪਏ ਦੀ ਫਿਰੌਤੀ ਮੰਗੀ ਗਈ ਸੀ। ਧਮਕੀ ਦੇਣ ਵਾਲੇ ਨੇ ਇਹ ਵੀ ਦੱਸਿਆ ਕਿ ਉਸ ਨੂੰ ਪਤਾ ਹੈ ਕਿ ਜਸਵਿੰਦਰ ਦਾ ਲੜਕਾ ਕਿੱਥੇ ਪੜ੍ਹਦਾ ਹੈ। ਪੁਲਿਸ ਨੇ ਜਦੋਂ ਤਕਨੀਕੀ ਜਾਂਚ ਕੀਤੀ ਤੇ ਡਿਜੀਟਲ ਫ਼ੁਟਪ੍ਰਿੰਟਸ ਨੂੰ ਟਰੇਸ ਕੀਤਾ, ਤਾਂ ਤਾਰਾਂ ਪਰਮਜੀਤ ਕੌਰ ਤੇ ਉਸ ਦੇ ਪੁੱਤਰ ਨਾਲ ਜਾ ਜੁੜੀਆਂ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਂ ਦੁਕਾਨਾਂ ਦੇ ਬੋਰਡਾਂ ਰਾਹੀਂ ਜਾਣਕਾਰੀ ਇਕੱਠੀ ਕਰਕੇ ਵਪਾਰੀਆਂ ਵਿੱਚ ਦਹਿਸ਼ਤ ਫੈਲਾਉਣ ਦਾ ਆਧਾਰ ਤਿਆਰ ਕਰਦੀ ਸੀ। ਫਿਲਹਾਲ ਪੁਲਿਸ ਨੇ ਕੇਸ ਦਰਜ ਕਰ ਲਿਆ ਹੈ ਤੇ ਇਸ ਗਿਰੋਹ ਦੇ ਹੋਰ ਸਥਾਨਕ ਸਾਥੀਆਂ ਨੂੰ ਫੜ੍ਹਨ ਲਈ ਛਾਪੇਮਾਰੀ ਜਾਰੀ ਹੈ।



## ਅਮਰੀਕਾ 'ਚ ਪੰਜ ਲੋਕਾਂ ਨੇ ਇੱਕ ਸਿੱਖ ਵਿਦਿਆਰਥੀ 'ਤੇ ਹਮਲਾ ਕਰਕੇ ਪੱਗ ਉਤਾਰੀ

ਕੈਲੀਫੋਰਨੀਆ, 16 ਫਰਵਰੀ (ਚ.ਨ.ਸ): ਸੈਨ ਹੋਜ਼ੇ ਸਟੇਟ ਯੂਨੀਵਰਸਿਟੀ (ਕੈਲੀਫੋਰਨੀਆ) ਵਿੱਚ ਪਿਛਲੇ ਹਫ਼ਤੇ ਸਵੇਰੇ ਪੰਜ ਲੋਕਾਂ ਨੇ ਇੱਕ ਸਿੱਖ ਵਿਦਿਆਰਥੀ ਨੂੰ ਜ਼ਮੀਨ 'ਤੇ ਸੁੱਟ ਕੇ ਉਸ ਦੀ ਪੱਗ ਉਤਾਰ ਦਿੱਤੀ ਤੇ ਉਸ ਨੂੰ ਹਿੰਦੂ ਕਹਿ ਕੇ ਗਾਲਾਂ ਕੱਢੀਆਂ। ਸਿੱਖ ਵਿਦਿਆਰਥੀ 'ਤੇ ਹਮਲੇ ਨੇ ਧਾਰਮਿਕ ਨਫ਼ਰਤ ਦੇ ਮਾਮਲੇ ਨੂੰ ਚਰਚਾ ਵਿੱਚ ਲਿਆ ਦਿੱਤਾ ਹੈ।ਹਿੰਦੂ ਵਕਾਲਤ ਸਮੂਹਾਂ ਨੇ ਵੀ ਘਟਨਾ ਦੀ ਨਿੰਦਾ ਕੀਤੀ ਤੇ ਕੈਂਪਸ ਦੀ ਸਖ਼ਤ ਸੁਰੱਖਿਆ ਦੀ ਮੰਗ ਕੀਤੀ। 7 ਫਰਵਰੀ ਨੂੰ ਵਾਪਰੀ ਇਸ ਘਟਨਾ ਦੀ ਜਾਂਚ ਕੈਂਪਸ ਤੇ ਸਥਾਨਕ ਅਧਿਕਾਰੀਆਂ ਦੁਆਰਾ ਇੱਕ ਸੰਭਾਵਿਤ ਨਫ਼ਰਤੀ ਅਪਰਾਧ ਵਜੋਂ ਕੀਤੀ ਜਾ ਰਹੀ ਹੈ। ਯੂਨੀਵਰਸਿਟੀ ਦੇ ਅਧਿਕਾਰੀਆਂ ਮੁਤਾਬਿਕ ਵਿਦਿਆਰਥੀ 'ਤੇ ਕਈ ਲੋਕਾਂ ਨੇ ਹਮਲਾ ਕੀਤਾ, ਜਿਸ ਨੇ ਕਥਿਤ ਤੌਰ 'ਤੇ ਉਸ ਨੂੰ ਜ਼ਬਰਦਸਤੀ ਜ਼ਮੀਨ 'ਤੇ ਸੁੱਟ ਦਿੱਤਾ ਤੇ ਉਸ ਦੀ ਪੱਗ ਪਾੜ ਦਿੱਤੀ। ਹਮਲੇ ਦੇ ਦੌਰਾਨ ਹਮਲਾਵਰਾਂ ਨੇ ਕਥਿਤ ਤੌਰ 'ਤੇ ਹਿੰਦੂ ਸ਼ਬਦ ਦੀ ਵਰਤੋਂ ਕੀਤੀ, ਜੋ ਪੱਖਪਾਤ ਨਾਲ ਚੱਲਣ ਵਾਲੀ ਭਾਸ਼ਾ ਨਾਲ ਜੋੜੀ ਗਈ ਗਲਤ ਪਛਾਣ ਦੇ ਮਾਮਲੇ ਨੂੰ ਦਰਸਾਉਂਦੀ ਹੈ। ਮੰਨਿਆ ਜਾਂਦਾ ਹੈ ਕਿ ਸ਼ੱਕੀ ਗੈਰ-ਵਿਦਿਆਰਥੀ ਸਨ, ਤੇ ਅਜੇ ਤੱਕ ਕਿਸੇ ਦੀ ਗ੍ਰਿਫਤਾਰੀ ਦਾ ਐਲਾਨ ਨਹੀਂ ਕੀਤਾ ਗਿਆ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਨਿਗਰਾਨੀ ਫੁਟੇਜ ਦੀ ਸਮੀਖਿਆ ਕੀਤੀ ਜਾ ਰਹੀ ਹੈ ਤੇ ਗਵਾਹਾਂ ਦੀ ਇੰਟਰਵਿਊ ਕੀਤੀ ਜਾ ਰਹੀ ਹੈ। ਸਿੱਖ ਕਾਲਜੀਏਟ ਫੈਡਰੇਸ਼ਨ ਦੀ ਪ੍ਰਧਾਨ ਹਸਮੀਤ ਕੌਰ ਨੇ ਦੱਸਿਆ ਕਿ ਮੋਬਾਈਲ ਵੀਡੀਓ ਵਿੱਚ ਹਮਲਾਵਰਾਂ ਵੱਲੋਂ ਸਿੱਖ ਵਿਦਿਆਰਥੀ ਨੂੰ ਗਲਤ ਤੌਰ 'ਤੇ ਹਿੰਦੂ ਕਹਿ ਕੇ ਨਿਸ਼ਾਨਾ ਬਣਾਇਆ ਗਿਆ। ਯੂਨੀਵਰਸਿਟੀ ਪ੍ਰਸ਼ਾਸਨ ਨੇ ਵੀ ਆਪਣੀ ਪਹਿਲੀ ਸੂਚਨਾ ਵਿੱਚ ਵਿਦਿਆਰਥੀ ਨੂੰ ਹਿੰਦੂ ਦਰਸਾ ਕੇ ਗਲਤੀ ਕੀਤੀ, ਜਿਸ 'ਤੇ ਉਨ੍ਹਾਂ ਨੇ ਮਾਫ਼ੀ ਮੰਗੀ।ਹਿੰਦੂ ਵਿਦਿਆਰਥੀ ਗਰੁੱਪ CYAN ਨੇ ਇਸ ਹਮਲੇ ਨੂੰ ਹਿੰਦੂਫੋਬੀਆ ਦਾ ਕਲਾਸਿਕ ਕੇਸ ਕਰਾਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਹਿੰਦੂ ਸ਼ਬਦ ਨੂੰ ਗਾਲ ਵਜੋਂ ਵਰਤਣਾ ਸਪਸ਼ਟ ਤੌਰ 'ਤੇ ਨਫ਼ਰਤ ਦੀ ਨਿਸ਼ਾਨੀ ਹੈ। CYAN ਨੇ ਯੂਨੀਵਰਸਿਟੀ ਤੋਂ ਤਿੰਨ ਮੁੱਖ ਮੰਗਾਂ ਰੱਖੀਆਂ। ਪਹਿਲੀ, ਹਿੰਦੂਫੋਬੀਆ ਨੂੰ ਖੁੱਲ੍ਹੇ ਤੌਰ 'ਤੇ ਨਿੰਦਾ ਕਰਨਾ। ਦੂਜੀ, ਹਿੰਦੂ ਤੇ ਸਿੱਖ ਵਿਦਿਆਰਥੀਆਂ ਲਈ ਜਾਗਰੂਕਤਾ ਪ੍ਰੋਗਰਾਮ ਸ਼ੁਰੂ ਕਰਨਾ। ਤੀਜੀ, ਪ੍ਰਭਾਵਿਤ ਵਿਦਿਆਰਥੀਆਂ ਲਈ ਟ੍ਰਾਮਾ-ਸਹਾਇਤਾ ਸੇਵਾਵਾਂ ਮੁਹੱਈਆ ਕਰਵਾਉਣਾ। ਯੂਨੀਵਰਸਿਟੀ ਪੁਲਿਸ ਮੁਖੀ ਮਾਈਕਲ ਕੈਰੋਲ ਨੇ ਦੱਸਿਆ ਕਿ ਜਾਂਚ ਜਾਰੀ ਹੈ ਤੇ ਕੈਂਪਸ ਵਿੱਚ ਨਿਗਰਾਨੀ ਕੈਮਰੇ ਵਧਾਏ ਜਾ ਰਹੇ ਹਨ।



## ਦਾਜ ਘੱਟ ਮਿਲਣ 'ਤੇ ਵਿਆਹੁਤਾ ਦੀ ਕੁੱਟ-ਕੁੱਟ ਕੇ ਹੱਤਿਆ, ਰੱਸੀ ਨਾਲ ਲਟਕਦੀ ਮਿਲੀ ਲਾਸ਼

ਅੰਮ੍ਰਿਤਸਰ, 16 ਫਰਵਰੀ (ਚ.ਨ.ਸ): ਬਿਆਸ ਥਾਣੇ ਦੇ ਅਧਿਕਾਰ ਖੇਤਰ ਅਧੀਨ ਆਉਂਦੇ ਪਿੰਡ ਬੁੱਢਾ ਥੇਹ ਵਿੱਚ ਸਹੁਰਿਆਂ 'ਤੇ ਘੱਟ ਦਾਜ ਲਈ ਵਿਆਹੁਤਾ ਔਰਤ ਦਾ ਕਤਲ ਕਰਨ ਦਾ ਦੋਸ਼ ਹੈ। ਪਰਿਵਾਰ ਦਾ ਦੋਸ਼ ਹੈ ਕਿ ਰਮਨਦੀਪ ਕੌਰ (25) ਨੂੰ ਪਹਿਲਾਂ ਬੁਰੀ ਤਰ੍ਹਾਂ ਕੁੱਟਿਆ ਗਿਆ ਤੇ ਫਿਰ ਉਸ ਦੀ ਲਾਸ਼ ਨੂੰ ਘਰ ਦੇ ਪਿੱਛੇ ਖੇਤਾਂ ਵੱਲ ਰੱਸੀ ਨਾਲ ਲਟਕਾਇਆ ਗਿਆ। ਪੁਲਿਸ ਮੌਕੇ 'ਤੇ ਪਹੁੰਚੀ, ਲਾਸ਼ ਨੂੰ ਕਬਜ਼ੇ ਵਿੱਚ ਲੈ ਲਿਆ ਤੇ ਜਾਂਚ ਸ਼ੁਰੂ ਕਰ ਦਿੱਤੀ। ਇੰਸਪੈਕਟਰ ਸਰਦੂਲ ਸਿੰਘ ਨੇ ਕਿਹਾ ਕਿ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਕਪੂਰਥਲਾ ਪਿੰਡ ਝਾਲ ਠੀਕਰੀ ਦੇ ਰਹਿਣ ਵਾਲੇ ਰਛਪਾਲ ਸਿੰਘ ਦੀ ਪਤਨੀ ਨਵਦੀਪ ਕੌਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਬਿਆਸ ਪੁਲਿਸ ਥਾਣੇ ਨੇ ਉਸ ਦੇ ਜੀਜਾ ਜਗਜੀਤ ਸਿੰਘ (ਉਸ ਦੀ ਭੈਣ ਦਾ ਪਤੀ), ਪਿਤਾ ਜੋਗਿੰਦਰ ਸਿੰਘ, ਸੱਸ ਰੁਪਿੰਦਰ ਕੌਰ, ਨਨਾਣ ਹਰਪ੍ਰੀਤ ਕੌਰ ਤੇ ਜੇਠਾਣੀ ਰੁਪਿੰਦਰ ਕੌਰ ਸਾਰੇ ਵਾਸੀ ਪਿੰਡ ਬੁੱਢਾ ਥੇਹ ਵਿਰੁੱਧ ਦਾਜ ਹੱਤਿਆ ਦਾ ਮਾਮਲਾ ਦਰਜ ਕੀਤਾ ਹੈ।ਸਾਰੇ ਮੁਲਜ਼ਮ ਫਰਾਰ ਹਨ।ਨਵਦੀਪ ਕੌਰ ਨੇ ਬਿਆਸ ਪੁਲਿਸ ਥਾਣੇ ਨੂੰ ਦਿੱਤੀ ਸ਼ਿਕਾਇਤ ਵਿੱਚ ਕਿਹਾ ਹੈ ਕਿ ਉਸ ਨੇ ਆਪਣੀ ਭੈਣ ਰਮਨਦੀਪ ਕੌਰ ਦਾ ਵਿਆਹ ਤਿੰਨ ਸਾਲ ਪਹਿਲਾਂ ਜਗਜੀਤ ਸਿੰਘ ਨਾਲ ਕੀਤਾ ਸੀ। ਉਸ ਨੇ ਜਗਜੀਤ ਤੇ ਉਸ ਦੇ ਪਰਿਵਾਰ ਨੂੰ ਆਪਣੀ ਹੈਸੀਅਤ ਅਨੁਸਾਰ ਦਾਜ ਦਿੱਤਾ ਸੀ। ਉਸ ਦਾ ਜੀਜਾ ਪੇਸ਼ੇ ਤੋਂ ਤਰਖਾਣ ਸੀ ਤੇ ਉਸ ਦਾ ਕਾਰੋਬਾਰ ਵਧੀਆ ਨਹੀਂ ਚੱਲ ਰਿਹਾ ਸੀ।ਵਿਆਹ ਤੋਂ ਕੁਝ ਦਿਨਾਂ ਬਾਅਦ ਹੀ ਉਸ ਦਾ ਸਹੁਰਾ ਜੋਗਿੰਦਰ ਸਿੰਘ, ਸੱਸ ਕਸ਼ਮੀਰ ਕੌਰ, ਨਨਾਣ ਹਰਪ੍ਰੀਤ ਕੌਰ ਤੇ ਜੇਠਾਣੀ ਰੁਪਿੰਦਰ ਕੌਰ ਨੇ ਰਮਨਦੀਪ ਕੌਰ ਨੂੰ ਤੰਗ-ਪ੍ਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ।ਉਸ ਨੂੰ ਕਈ ਵਾਰ ਕੁੱਟਿਆ ਗਿਆ ਤੇ ਘਰੋਂ ਬਾਹਰ ਕੱਢ ਦਿੱਤਾ ਗਿਆ ਸੀ। ਹਾਲਾਂਕਿ ਉਸ ਦੇ ਮਾਪੇ ਕਿਸੇ ਤਰ੍ਹਾਂ ਉਸ ਨੂੰ ਮਨਾ ਕੇ ਉਸ ਦੇ ਸਹੁਰੇ ਘਰ ਵਾਪਸ ਛੱਡ ਆਉਂਦੇ ਸੀ।ਪੰਜ ਮਹੀਨੇ ਪਹਿਲਾਂ ਰਮਨਦੀਪ ਨੇ ਇਕ ਪੁੱਤਰ ਨੂੰ ਜਨਮ ਦਿੱਤਾ। ਪਰਿਵਾਰ ਨੂੰ ਉਮੀਦ ਸੀ ਕਿ ਬੱਚਾ ਹੋਣ ਤੋਂ ਬਾਅਦ ਸਹੁਰੇ ਸਮਝ ਜਾਣਗੇ। ਹਾਲਾਂਕਿ ਉਹ ਸੁਧਰੇ ਨਹੀਂ। ਸ਼ਨੀਵਾਰ ਨੂੰ ਉਸ ਦੀ ਭੈਣ ਦੇ ਗੁਆਂਢੀਆਂ ਨੇ ਉਸ ਨੂੰ ਫ਼ੋਨ 'ਤੇ ਦੱਸਿਆ ਕਿ ਉਸ ਦੀ ਭੈਣ ਦੀ ਮੌਤ ਹੋ ਗਈ ਹੈ। ਪੁਲਿਸ ਨੇ ਐਤਵਾਰ ਰਾਤ ਨੂੰ ਦਾਜ ਲਈ ਕਤਲ ਦੇ ਮਾਮਲੇ ਵਿੱਚ ਸਹੁਰਾ ਜੋਗਿੰਦਰ ਸਿੰਘ, ਸੱਸ ਕਸ਼ਮੀਰ ਕੌਰ ਤੇ ਜੇਠਾਣੀ ਰੁਪਿੰਦਰ ਕੌਰ ਨੂੰ ਗ੍ਰਿਫ਼ਤਾਰ ਕੀਤਾ।



## 22 ਸਾਲਾ ਲਾਪਤਾ ਭਾਰਤੀ ਵਿਦਿਆਰਥੀ ਦੀ ਮਿਲੀ ਲਾਸ਼

ਕੈਲੀਫੋਰਨੀਆ, 16 ਫਰਵਰੀ (ਚ.ਨ.ਸ) : 9 ਫਰਵਰੀ ਤੋਂ ਅਮਰੀਕਾ ਵਿੱਚ ਲਾਪਤਾ ਹੋਏ 22 ਸਾਲਾ ਭਾਰਤੀ ਵਿਦਿਆਰਥੀ ਸਾਕੇਤ ਸ਼੍ਰੀਨਿਵਾਸਈਆ ਦੀ ਲਾਸ਼ ਬ੍ਰਾਮਦ ਹੋਈ ਹੈ। ਸੈਨ ਫਰਾਂਸਿਸਕੋ ਸਥਿਤ ਭਾਰਤੀ ਕੌਂਸਲੇਟ ਨੇ ਐਤਵਾਰ ਨੂੰ ਇਸ ਦੀ ਪੁਸ਼ਟੀ ਕੀਤੀ। ਸਾਕੇਤ ਸ਼੍ਰੀਨਿਵਾਸਈਆ ਕਰਨਾਟਕ ਦੇ ਤੁਮਾਕੁਰੂ ਜ਼ਿਲ੍ਹੇ ਦਾ ਰਹਿਣ ਵਾਲਾ ਸੀ ਤੇ ਕੈਲੀਫੋਰਨੀਆ ਯੂਨੀਵਰਸਿਟੀ, ਬਰਕਲੇ ਵਿੱਚ ਪੋਸਟ ਗ੍ਰੈਜੂਏਟ ਦੀ ਪੜ੍ਹਾਈ ਕਰ ਰਿਹਾ ਸੀ।ਉਸ ਨੂੰ ਆਖਰੀ ਵਾਰ ਕੈਲੀਫੋਰਨੀਆ ਵਿੱਚ ਟਿਲਡਨ ਰੀਜਨਲ ਪਾਰਕ ਦੇ ਨੇੜੇ ਇੱਕ ਝੀਲ ਦੇ ਨੇੜੇ ਦੇਖਿਆ ਗਿਆ ਸੀ।ਭਾਰਤੀ ਕੌਂਸਲੇਟ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਕਿਹਾ ਕਿ ਸਥਾਨਕ ਪੁਲਿਸ ਨੇ ਸਾਕੇਤ ਦੀ ਲਾਸ਼ ਮਿਲਣ ਦੀ ਪੁਸ਼ਟੀ ਕੀਤੀ ਹੈ। ਦੂਤਾਵਾਸ ਨੇ ਉਸ ਦੇ ਪਰਿਵਾਰ ਨਾਲ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਤੇ ਕਿਹਾ ਕਿ ਉਹ ਇਸ ਮੁਸ਼ਕਿਲ ਸਮੇਂ ਦੌਰਾਨ ਉਨ੍ਹਾਂ ਦੇ ਨਾਲ ਖੜ੍ਹਾ ਹੈ।ਦੂਤਾਵਾਸ ਨੇ ਇਹ ਵੀ ਕਿਹਾ ਕਿ ਉਹ ਸਥਾਨਕ ਅਧਿਕਾਰੀਆਂ ਨਾਲ ਤਾਲਮੇਲ ਕਰ ਰਹੇ ਹਨ ਤੇ ਲਾਸ਼ ਨੂੰ ਭਾਰਤ ਵਾਪਸ ਭੇਜਣ ਦੀ ਪ੍ਰਕਿਰਿਆ ਵਿੱਚ ਹਰ ਸੰਭਵ ਸਹਾਇਤਾ ਪ੍ਰਦਾਨ ਕਰਨਗੇ। ਸਾਕੇਤ ਦੇ ਪਿਤਾ ਨੇ ਦੱਸਿਆ ਕਿ ਉਨ੍ਹਾਂ ਨੇ ਆਖਰੀ ਵਾਰ ਆਪਣੇ ਪੁੱਤਰ ਨਾਲ 9 ਫਰਵਰੀ ਨੂੰ ਗੱਲ ਕੀਤੀ ਸੀ। ਪੁੱਤ ਦੇ ਲਾਪਤਾ ਹੋਣ ਤੋਂ ਬਾਅਦ ਪਰਿਵਾਰ ਨੇ ਉਸ ਦੇ ਦੋਸਤਾਂ ਤੇ ਰੂਮਮੇਟ ਨਾਲ ਸੰਪਰਕ ਕੀਤਾ।ਜਦੋਂ ਕੋਈ ਜਾਣਕਾਰੀ ਨਹੀਂ ਮਿਲੀ ਤਾਂ ਬਰਕਲੇ ਪੁਲਿਸ ਵਿਭਾਗ ਕੋਲ ਸ਼ਿਕਾਇਤ ਦਰਜ ਕਰਵਾਈ ਗਈ। 13 ਫਰਵਰੀ ਨੂੰ ਸਾਕੇਤ ਦੇ ਮਾਪਿਆਂ ਨੇ ਵੀ ਕਰਨਾਟਕ ਸਰਕਾਰ ਤੋਂ ਮਦਦ ਮੰਗੀ।ਕਰਨਾਟਕ ਸਰਕਾਰ ਨੇ ਵਿਦੇਸ਼ ਮੰਤਰਾਲੇ ਨੂੰ ਦਖ਼ਲ ਦੇਣ ਤੇ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਦੀ ਬੇਨਤੀ ਕੀਤੀ। ਜਿਸ ਤੋਂ ਬਾਅਦ ਹੁਣ ਭਾਰਤੀ ਵਿਦਿਆਰਥੀ ਦੀ ਲਾਸ਼ ਮਿਲੀ ਹੈ।



## ਸ੍ਰੀ ਬਜਰੰਗ ਭਵਨ ਮੰਦਰ 'ਚ ਸ਼ਿਵਰਾਤਰੀ ਦਾ ਤਿਉਹਾਰ ਮਨਾਇਆ



ਜ਼ੀਰਾ, 16 ਫਰਵਰੀ (ਦੀਪਕ ਭਾਰਗੋ): ਸਨਾਤਨ ਧਰਮ ਮਹਾਂਵੀਰ ਦਲ ਸ੍ਰੀ ਬਜਰੰਗ ਪਵਨ ਮੰਦਰ ਜ਼ੀਰਾ ਵੱਲੋਂ ਸ੍ਰੀ ਬਜਰੰਗ ਭਵਨ ਮੰਦਰ ਵਿੱਚ ਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ, ਜਿਸ ਵਿੱਚ ਆਏ ਹੋਏ ਭਗਤਾਂ ਨੂੰ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ 'ਤੇ ਸਨਾਤਨ ਧਰਮ ਮਹਾਂਵੀਰ ਦਾਲ ਸ੍ਰੀ ਬਜਰੰਗ ਭਵਨ ਮੰਦਰ ਜ਼ੀਰਾ ਦੇ ਪ੍ਰਧਾਨ ਸੁਭਾਸ਼ ਉਪਲ ਤੇ ਉਨ੍ਹਾਂ ਦੀ ਪਤਨੀ ਡਾ. ਅਰਨਾ ਉਪਲ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ ਸਨ, ਜਿਨ੍ਹਾਂ ਨੇ ਪੂਜਾ ਅਰਚਨਾ ਕਰਕੇ ਭਗਵਾਨ ਸ਼ਿਵ ਦਾ ਆਸ਼ੀਰਵਾਦ ਲਿਆ। ਇਸ ਮੌਕੇ 'ਤੇ ਮੋਹਨ ਲਾਲ ਅਨੇਜਾ, ਰਜੇਸ਼ ਕੁਮਾਰ ਪਾਸੀ, ਦੀਪਕ ਭਾਰਗੋ, ਪੰਡਿਤ ਜੋਗੇਸ਼, ਸੁਨੀਲ ਗਰੋਵਰ, ਵਿਕਾਸ ਗਰੋਵਰ, ਵਿਜੇ ਸ਼ਰਮਾ, ਤ੍ਰਲੋਕ ਸਿੰਘ ਮਿਰਜਾ, ਮਨੂੰ ਵੋਹਰਾ, ਤਰਲੋਕ ਸਿੰਘ, ਸੋਨੂੰ ਮਹਿਰਾ, ਪ੍ਰਿਆਸ਼ੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਗੁਰਦੁਆਰਾ ਸੋਢੀ ਦਰਬਾਰ 'ਚ ਲੱਗੇ ਅੱਖਾਂ ਦੇ ਆਪ੍ਰੇਸ਼ਨ ਕੈਂਪ 'ਚ ਮਰੀਜ਼ ਆਪ੍ਰੇਸ਼ਨ ਕਰਵਾ ਕੇ ਆਪਣੇ ਘਰਾਂ ਨੂੰ ਪਰਤੇ



ਊਨਾਂ/ਮੈੜੀ, 16 ਫਰਵਰੀ (ਸੁਖਦੇਵ ਸਿੰਘ ਉੜਾਪੜ): ਗੁਰਦੁਆਰਾ ਸੋਢੀ ਦਰਬਾਰ ਵਿਖੇ ਕੱਲ੍ਹ ਲਗਾਏ ਗਏ ਅੱਖਾਂ ਦੇ ਮੁਫਤ ਆਪ੍ਰੇਸ਼ਨ ਕੈਂਪ ਵਿੱਚ ਜਿਹੜੇ ਮਰੀਜ਼ਾਂ ਨੂੰ ਆਪ੍ਰੇਸ਼ਨ ਦੇ ਲਈ ਰੱਖਿਆ ਗਿਆ ਸੀ, ਉਨ੍ਹਾਂ ਦੇ ਕਾਮਯਾਬ ਆਪ੍ਰੇਸ਼ਨ ਹੋ ਗਏ ਹਨ, ਉਨ੍ਹਾਂ ਦੇ ਲੈਨਜ਼ ਪਾਏ ਗਏ ਹਨ। ਸਾਰੇ ਮਰੀਜ਼ ਅੱਜ ਆਪਣੇ-ਆਪਣੇ ਘਰਾਂ ਨੂੰ ਪਰਤ ਗਏ ਹਨ। ਇਸ ਮੌਕੇ 'ਤੇ ਸਾਰੇ ਹੀ ਮਰੀਜ਼ਾਂ ਨੇ ਗੁਰਦੁਆਰਾ ਸੋਢੀ ਦਰਬਾਰ ਦੀ ਮੈਨੇਜਿੰਗ ਕਮੇਟੀ ਦੇ ਮੈਂਬਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੇਠ ਹਸਪਤਾਲ ਬੰਗਾ ਵਿਖੇ ਉਨ੍ਹਾਂ ਦੀ ਬਹੁਤ ਚੰਗੀ ਤਰ੍ਹਾਂ ਦੇਖਭਾਲ ਕੀਤੀ ਗਈ ਹੈ। ਸੇਠ ਹਸਪਤਾਲ ਦੇ ਮੁਖੀ ਡਾ. ਅਸ਼ੀਸ਼ ਸੇਠ ਨੇ ਦੱਸਿਆ ਕਿ ਸਾਰੇ ਹੀ ਆਪ੍ਰੇਸ਼ਨ ਬੜੇ ਕਾਮਯਾਬ ਹੋਏ ਹਨ। ਮਰੀਜ਼ਾਂ ਨੂੰ ਮੁਫਤ ਦਵਾਈਆਂ ਤੇ ਐਨਕਾਂ ਦੇ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ 19 ਫਰਵਰੀ ਸਮਾਂ 3 ਵਜੇ ਉਹ ਆਪਣੀ ਸਪੈਸ਼ਲਿਸਟ ਡਾਕਟਰਾਂ ਦੀ ਟੀਮ ਦੇ ਨਾਲ ਗੁਰਦੁਆਰਾ ਸੋਢੀ ਦਰਬਾਰ ਮੈੜੀ ਵਿਖੇ ਇਨ੍ਹਾਂ ਮਰੀਜ਼ਾਂ ਦੀਆਂ ਅੱਖਾਂ ਦਾ ਦੁਬਾਰਾ ਚੈਕਅੱਪ ਕਰਨਗੇ। ਉਨ੍ਹਾਂ ਸਾਰੇ ਮਰੀਜ਼ਾਂ ਨੂੰ ਅਪੀਲ ਕੀਤੀ ਕਿ ਆਪਣੀਆਂ ਅੱਖਾਂ ਦਾ ਦੁਬਾਰਾ ਚੈਕਅੱਪ ਕਰਵਾਉਣ 19 ਫਰਵਰੀ ਨੂੰ ਜ਼ਰੂਰ ਆਉਣ। ਇਸ ਮੌਕੇ 'ਤੇ ਆਲ ਇੰਡੀਆ ਬਾਬਾ ਵਡਭਾਗ ਸਿੰਘ ਸੇਵਕ ਸੁਸਾਇਟੀ ਦੇ ਸੰਸਥਾਪਕ ਤੇ ਪ੍ਰਧਾਨ ਬਾਬਾ ਜਗਦੇਵ ਸਿੰਘ ਸਿੱਧੂ ਨੇ ਸਾਰੇ ਆਪ੍ਰੇਸ਼ਨ ਕਾਮਯਾਬ ਹੋਣ 'ਤੇ ਖੁਸ਼ੀ ਜ਼ਾਹਿਰ ਕੀਤੀ ਤੇ ਪਰਮਾਤਮਾ ਦਾ ਧੰਨਵਾਦ ਵੀ ਕੀਤਾ।

## ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀਆਂ ਜੜ੍ਹਾਂ ਨਾਲ ਜੁੜੀ ਹੋਈ ਪਾਰਟੀ: ਬਲਜੀਤ ਸਿੰਘ ਭੁੱਟਾ



ਸ੍ਰੀ ਫਤਿਹਗੜ੍ਹ ਸਾਹਿਬ, 16 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਪਿੰਡ ਬਹਿਲੋਲਪੁਰ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬਲਜੀਤ ਸਿੰਘ ਭੁੱਟਾ ਦਾ ਸਨਮਾਨ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਭੁੱਟਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀਆਂ ਜੜ੍ਹਾਂ ਨਾਲ ਜੁੜੀ ਪਾਰਟੀ ਹੈ, ਜਿਸ ਨੇ ਹਮੇਸ਼ਾ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਹੱਕਾਂ ਲਈ ਸੰਘਰਸ਼ ਕੀਤਾ ਹੈ। ਉਨ੍ਹਾਂ ਦੱਸਿਆ ਕਿ ਪਾਰਟੀ ਦੇ ਆਗੂਆਂ ਨੇ ਸੂਬੇ ਦੀ ਭਲਾਈ ਲਈ ਲੰਬੀਆਂ ਜੇਲ੍ਹਾਂ ਕੱਟੀਆਂ ਤੇ ਕਈ ਮੋਰਚਿਆਂ ਦੀ ਅਗਵਾਈ ਕੀਤੀ। ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਆਪਣੇ ਸ਼ਾਸਨ ਦੌਰਾਨ ਕਿਸਾਨਾਂ, ਮੁਲਾਜ਼ਮਾਂ ਤੇ ਆਮ ਵਰਗ ਦੇ ਲੋਕਾਂ ਲਈ ਅਨੇਕਾਂ ਲੋਕ-ਹਿਤੈਸ਼ੀ ਯੋਜਨਾਵਾਂ ਸ਼ੁਰੂ ਕੀਤੀਆਂ, ਜਿਨ੍ਹਾਂ ਨੂੰ ਅੱਜ ਵੀ ਲੋਕ ਯਾਦ ਕਰਦੇ ਹਨ।ਭੁੱਟਾ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਵਰਕਰ ਹੁਣ ਤੋਂ ਹੀ ਮੈਦਾਨ ਵਿੱਚ ਉਤਰਨ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਸੂਬੇ ਵਿੱਚ ਅਮਨ-ਸ਼ਾਂਤੀ ਤੇ ਵਿਕਾਸ ਨੂੰ ਮੁੜ ਸਥਾਪਤ ਕਰ ਸਕਦੀ ਹੈ।ਇਸ ਮੌਕੇ ਉਨ੍ਹਾਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਜਾਵੇਗਾ। ਸਮਾਗਮ ਵਿੱਚ ਦਵਿੰਦਰ ਸਿੰਘ (ਸਾਬਕਾ ਚੇਅਰਮੈਨ), ਸੁਖਦੀਪ ਸਿੰਘ ਬਹਿਲੋਲਪੁਰ, ਮਨਪ੍ਰੀਤ ਸਿੰਘ ਸ਼ਾਹਪੁਰ, ਗੁਰਭੇਜ ਸਿੰਘ (ਸਾਬਕਾ ਸਰਪੰਚ), ਜਗਦੀਸ਼ ਸਿੰਘ (ਸਾਬਕਾ ਸਰਪੰਚ), ਜਸਵੰਤ ਸਿੰਘ, ਓਮ ਪ੍ਰਕਾਸ਼, ਬਲਦੇਵ ਸਿੰਘ, ਸੁੱਚਾ ਸਿੰਘ, ਸੁਖਬੀਰ ਸਿੰਘ, ਸਤਪਾਲ ਸਿੰਘ, ਬਾਵਾ ਸਿੰਘ, ਨੈਬ ਸਿੰਘ, ਕੁਲਵਿੰਦਰ ਸਿੰਘ, ਜਸਵੰਤ ਸਿੰਘ ਸੰਤ, ਹਰਵਿੰਦਰ ਸਿੰਘ, ਰਣਧੀਰ ਸਿੰਘ ਛਲੇੜੀ ਖੁਰਦ, ਜਤਿੰਦਰ ਸਿੰਘ ਜੋਗਾ ਰਿਉਣਾ ਪੋਲਾ ਸਮੇਤ ਕਈ ਪਾਰਟੀ ਵਰਕਰ ਮੌਜੂਦ ਸਨ।

## ਦੇਸ਼ ਭਗਤ ਯੂਨੀਵਰਸਿਟੀ ਦਾ 13ਵਾਂ ਡਿਗਰੀ ਵੰਡ ਸਮਾਰੋਹ

ਮੰਡੀ ਗੋਬਿੰਦਗੜ੍ਹ, 16 ਫਰਵਰੀ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦਾ 13ਵਾਂ ਡਿਗਰੀ ਵੰਡ ਸਮਾਰੋਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਆਡੀਟੋਰੀਅਮ ਵਿੱਚ ਕਰਵਾਇਆ ਗਿਆ। ਇਸ ਮੌਕੇ ਸੈਸ਼ਨ 2025-26 ਦੇ 1500 ਦੇ ਕਰੀਬ ਵਿਦਿਆਰਥੀਆਂ ਨੂੰ ਡਿਗਰੀਆਂ ਵੰਡੀਆਂ ਗਈਆਂ। ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਤੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਮੁੱਖ-ਮਹਿਮਾਨ ਤੇ ਵਿਸ਼ੇਸ਼ ਮਹਿਮਾਨਾਂ ਦਾ ਸਵਾਗਤ ਕੀਤਾ, ਜਦੋਂ ਕਿ ਉਪ-ਕੁਲਪਤੀ ਡਾ. ਹਰਸ਼ ਸਦਾਵਰਤੀ ਨੇ ਸਾਲਾਨਾ ਰਿਪੋਰਟ ਪੇਸ਼ ਕੀਤੀ। ਬ੍ਰਿਟਿਸ਼ ਸੰਸਦ ਮੈਂਬਰ ਵੀਰੇਂਦਰ ਸ਼ਰਮਾ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਡਿਗਰੀ ਹਾਸਲ ਕਰਨ ਵਾਲਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਵੀਰੇਂਦਰ ਸ਼ਰਮਾ, ਸਮਾਜ ਸੇਵੀ ਐਡ. ਸੰਤੋਸ਼ ਸ਼ੁਕਲਾ, ਸੁਪਰੀਮ ਕੋਰਟ ਦੇ ਸੁਖਵਿੰਦਰ ਸਿੰਘ ਬਿੰਦਰਾ ਆਦਿ ਨੂੰ ਮਾਨਦ ਉਪਾਧੀ ਨਾਲ, ਸ਼ਰਮਨ ਗਰੁੱਪ ਆਫ ਕੰਪਨੀਜ਼ ਨਵੀਂ ਦਿੱਲੀ ਨੂੰ ਡੀ.ਲਿਟ. ਉਪਾਧੀ, ਡਾ. ਕੇ.ਕੇ. ਖੰਡੇਲਵਾਲ, ਆਈਏਐਸ, ਭਾਰਤ ਸਕਾਊਟਸ ਐਂਡ ਗਾਈਡਸ ਦੇ ਡਾ. ਤਜਿੰਦਰ ਕੌਰ-ਏਅਰਲਾਈਨ, ਟੂਰਿਜ਼ਮ ਤੇ ਹੋਸਪਿਟੈਲਿਟੀ ਮੈਨੇਜਮੈਂਟ ਵਿੱਚ ਡੀ.ਲਿਟ. ਡਾ. ਧਰਮਿੰਦਰ ਸਿੰਘ ਮਾਨਵ ਵਿਗਿਆਨਕ ਭਾਸ਼ਾ ਵਿਗਿਆਨ ਵਿੱਚ ਡੀ.ਲਿਟ., ਪ੍ਰੋਫੈਸਰ, ਸਮਾਜਿਕ ਵਿਗਿਆਨ ਤੇ ਭਾਸ਼ਾਵਾਂ ਫੈਕਲਟੀ, ਚਾਂਸਲਰ ਲੀਡਰਸ਼ਿਪ ਐਵਾਰਡ: ਰਾਕੇਸ਼ ਗੋਇਲ-ਚੇਅਰਮੈਨ, ਗੀਤਾ ਐਜੂਕੇਸ਼ਨ ਟਰੱਸਟ, ਕੁਰੂਕਸ਼ੇਤਰ ਤੇ ਮੈਨੇਜਿੰਗ ਡਾਇਰੈਕਟਰ, ਐਨਐਨ ਫੂਡਿਨਪੈਕਸ ਪ੍ਰਾ.ਲਿ. ਸ਼ਿਵਕੰਵਰ ਸਿੰਘ ਸੰਧੂ ਸੀਨੀਅਰ ਆਗੂ, ਭਾਰਤੀ ਰਾਸ਼ਟਰੀ ਕਾਂਗਰਸ, ਸਾਬਕਾ ਮੈਂਬਰ, ਡਾ. ਬੀ.ਆਰ. ਅੰਬੇਡਕਰ ਫਾਊਂਡੇਸ਼ਨ ਆਫ ਇੰਡੀਆ, ਸਨਮਾਨ ਐਵਾਰਡ ਡਾ. ਕੁਲਦੀਪ ਡਾਗਰ ਜੁਆਇੰਟ ਸਕੱਤਰ, ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀਜ਼, ਨਵੀਂ ਦਿੱਲੀ ਸਤਿਸ਼ ਕੁਮਾਰ ਭਾਟੀਆ ਸਿੱਖਿਆ ਸਲਾਹਕਾਰ, ਐਂਗਲੀ ਸਕੂਲਜ਼ ਇੰਟਰਨੈਸ਼ਨਲ, ਪੇਰਥ, ਪੱਛਮੀ ਆਸਟਰੇਲੀਆ ਪੰਕਜ ਠਾਕੁਰ ਮੈਨੇਜਿੰਗ ਡਾਇਰੈਕਟਰ, ਏਐਮਪੀ ਸੋਲਿਊਸ਼ਨਜ਼ ਲਿਮਿਟਡ, ਚੰਡੀਗੜ੍ਹ ਰਨਦੀਪ ਸਿੰਘ ਕੋਹਲੀ ਆਰ.ਸੀ. ਗਾਵਰੀ ਮੁੱਖ ਵਿੱਤੀ ਅਧਿਕਾਰੀ, ਯੂਨੀਵਰਸਿਟੀ ਪ੍ਰਸ਼ੰਸਾ ਐਵਾਰਡ ਅਰੁਣ ਮਲਿਕ-ਡਾਇਰੈਕਟਰ ਓਪਰੇਸ਼ਨਜ਼, ਦੇਸ਼ ਭਗਤ ਯੂਨੀਵਰਸਿਟੀ ਅਮਰੀਕਾ ਦਮਨਪ੍ਰੀਤ ਕੌਰ ਉਪ-ਨਿਰਦੇਸ਼ਕ, ਓਐਲ ਤੇ ਓਡੀਐਲ ਆਕਾਂਕਸ਼ਾ ਪ੍ਰੋਜੈਕਟ ਮੈਨੇਜਰ ਅੰਸ਼ੁਲ ਆਨੰਦ ਇੰਟਰੀਅਰ ਡਿਜ਼ਾਈਨਰ, ਗਵਰਨਰ ਪਦਕ, ਸੁਵਰਨ ਪਦਕ ਤੇ ਪੀਐਚ.ਡੀ., ਸਨਾਤਕੋਤਰ, ਸਨਾਤਕ, ਡਿਪਲੋਮਾ, ਐਫਆਈਆਈਪੀ ਤੇ ਸੀਓਈ ਪ੍ਰੋਗਰਾਮਾਂ ਦੀਆਂ ਡਿਗਰੀਆਂ ਮੈਰਿਟਧਾਰੀ ਵਿਦਿਆਰਥੀਆਂ ਨੂੰ ਦਿੱਤੀਆਂ ਗਈਆਂ। ਸਮਾਰੋਹ ਵਿੱਚ ਭਾਰਤੀ ਆਜ਼ਾਦੀ ਸੈਨਾਨੀ ਸੁਭਾਸ਼ ਚੰਦਰ ਬੋਸ ਦੀ ਪੁੱਤਰੀ ਅਨੀਤਾ ਬੋਸ ਫਾਫ ਨੇ ਜਰਮਨੀ ਤੋਂ ਆਨਲਾਈਨ ਸੰਬੋਧਨ ਕਰਦੇ ਹੋਏ ਵਿਦਿਆਰਥੀਆਂ ਨੂੰ ਦੇਸ਼ ਸੇਵਾ ਲਈ ਸਮਰਪਣ ਤੇ ਸੱਚਾਈ ਨਾਲ ਕੰਮ ਕਰਨ ਦਾ ਸੱਦਾ ਦਿੱਤਾ।



## ਦਿਲਬਾਗ ਸਿੰਘ ਬਾਹੋਪੁਰ ਦੀ ਮਿੱਠੀ ਯਾਦ ਨੂੰ ਤਾਜ਼ਾ ਕਰਦੇ ਹੋਏ ਵਿਚਾਰਾਂ ਸਾਂਝੀਆਂ ਕੀਤੀਆਂ



ਆਦਮਪੁਰ, 16 ਫਰਵਰੀ (ਜੰਡੀਰ ਸੈਣੀ): ਆਦਮਪੁਰ ਦੇ ਭੋਗਪੁਰ ਸ਼ਹਿਰ ਵਿੱਚ ਅੱਜ J.D ਰੈਸਟੋਰੈਂਟ ਵਿੱਚ ਦਿਲਬਾਗ ਸਿੰਘ ਬਾਹੋਪੁਰ ਦੀ ਮਿੱਠੀ ਯਾਦ ਨੂੰ ਤਾਜ਼ਾ ਕਰਦੇ ਹੋਏ ਪੰਜਾਬੀ ਵਿਦਿਆਰਥੀਆਂ ਨੂੰ ਚੁਣੌਤੀ ਤਹਿਤ ਇੱਕ ਖਾਸ ਸਮਾਗਮ ਕੀਤਾ ਗਿਆ। ਇਸ ਮੌਕੇ ਦਿਲਬਾਗ ਸਿੰਘ ਬਾਹੋਪੁਰ ਦੀ ਮੌਤ ਉਪਰੰਤ ਮੈਡੀਕਲ ਖੋਜ ਕਾਰਜਾਂ ਲਈ ਸਰੀਰ ਦਾਨ ਕਰਨ ਵਾਲਿਆਂ ਦੀ ਉਨ੍ਹਾਂ ਦੀ ਯਾਦ ਨੂੰ ਤਾਜ਼ਾ ਕਰਦੇ ਹੋਏ ਭੁਪਿੰਦਰ ਸਿੰਘ ਸੈਣੀ ਭੋਗਪੁਰ, ਖਹਿਰਾ ਸਾਹਿਬ, ਪਰਮਜੀਤ, ਵੱਖ-ਵੱਖ ਆਗੂਆਂ ਨੇ ਭਾਗ ਲਿਆ। ਮੁੱਖ ਬੁਲਾਰੇ ਜਤਿੰਦਰ ਪੰਨੂੰ ਨੇ ਆਪਣੇ ਵਿਚਾਰ ਸਾਂਝੇ ਕੀਤੇ ਕਿਹਾ ਕਿ ਪੰਜਾਬ ਦੇ ਹਾਲਾਤ ਬਹੁਤ ਹੀ ਤਰਸਯੋਗ ਹੋ ਚੁੱਕੇ ਹਨ ਤੇ ਸਾਨੂੰ ਸਾਰਿਆਂ ਨੂੰ ਪੰਜਾਬ ਨੂੰ ਅੱਗੇ ਵਧਾਉਣ ਲਈ ਇੱਕ ਮੁੱਠ ਹੋ ਕੇ ਚੱਲਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਨੌਜਵਾਨ, ਆਪਣੀਆਂ ਜ਼ਿੰਮੇਵਾਰੀਆਂ ਤੋਂ ਬਹੁਤ ਪਿੱਛੇ ਹਟ ਰਹੇ ਜਾ ਰਹੇ ਹਨ ਤੇ ਲੋੜ ਹੈ ਨੌਜਵਾਨਾਂ ਨੂੰ ਜਾਗਰੂਕ ਕਰਨ ਦੀ। ਇਸ ਮੌਕੇ 'ਤੇ ਸਾਰੇ ਹੀ ਪਹੁੰਚੇ ਹੋਏ ਜ਼ਿੰਮੇਵਾਰ ਅਧਿਕਾਰੀਆਂ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕੀਤੇ।

## ਵਿਧਾਇਕ ਲਾਡੀ ਟੌਸ ਦੀ ਅਗਵਾਈ 'ਚ ਮੋਗਾ ਰੈਲੀ ਲਈ ਬੱਸ ਰਵਾਨਾ



ਮੋਗਾ, 16 ਫਰਵਰੀ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਜ਼ਿਲ੍ਹੇ ਦੇ ਪਿੰਡ ਫਤਿਹਗੜ੍ਹ ਪੰਜਤੂਰ ਦੇ ਐਮਐਲਏ ਦਵਿੰਦਰਜੀਤ ਸਿੰਘ ਲਾਡੀ ਟੌਸ ਦੀ ਅਗਵਾਈ ਹੇਠ ਬਲਾਕ ਪ੍ਰਧਾਨ ਭੂਪੇਸ਼ ਗਰਗ ਤੇ ਚੰਦਰਸ਼ੇਖਰ ਵੱਲੋਂ ਆਮ ਆਦਮੀ ਪਾਰਟੀ ਦੀ ਰੈਲੀ ਨੂੰ ਕਾਮਯਾਬ ਬਣਾਉਣ ਲਈ ਫਤਿਹਗੜ੍ਹ ਪੰਜਤੂਰ ਤੋਂ ਆਮ ਆਦਮੀ ਪਾਰਟੀ ਦੇ ਵਰਕਰਾਂ ਨੂੰ ਨਾਲ ਲੈ ਕੇ ਬੱਸ ਰਵਾਨਾ ਕੀਤੀ। ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਰੈਲੀ ਨੂੰ ਲੈ ਕੇ ਬਹੁਤ ਉਤਸ਼ਾਹ ਦਿਖਾਇਆ ਗਿਆ। ਬਲਾਕ ਪ੍ਰਧਾਨ ਭੂਪੇਸ਼ ਗਰਗ ਦੇ ਨਾਲ ਫਤਿਹਗੜ੍ਹ ਪੰਜਤੂਰ ਦੇ ਚਾਰ ਐਮਸੀ ਗੁਰਪ੍ਰੀਤ ਸਿੰਘ ਜਸਵੰਤ ਸਿੰਘ ਮਨਜਿੰਦਰ ਸਿੰਘ ਕਾਕੇ ਸ਼ਾਹ ਗੁਰਮੇਲ ਸਿੰਘ ਪਿੱਲੀ ਨਾਲ ਰਵਾਨਾ ਹੋਏ। ਬਲਾਕ ਪ੍ਰਧਾਨ ਭੂਪੇਸ਼ ਗਰਗ ਦਾ ਕਹਿਣਾ ਹੈ ਕਿ ਇਸ ਰੈਲੀ ਨੂੰ ਲੈ ਕੇ ਆਮ ਆਦਮੀ ਦੇ ਵਰਕਰਾਂ ਵਿੱਚ ਬਹੁਤ ਜ਼ਿਆਦਾ ਉਤਸ਼ਾਹ ਹੈ ਤੇ ਲੱਖਾਂ ਦੀ ਗਿਣਤੀ ਵਿੱਚ ਇਸ ਰੈਲੀ ਵਿੱਚ ਵਰਕਰ ਸ਼ਾਮਲ ਹੋਣਗੇ। ਇਸ ਰੈਲੀ ਨੂੰ ਪ੍ਰਸ਼ਾਸਨ ਵੱਲੋਂ 4 ਹਜ਼ਾਰ ਪੁਲਿਸ ਮੁਲਾਜ਼ਮ ਲਗਾਏ ਗਏ ਹਨ ਤੇ ਇਸ ਰੈਲੀ ਵਿੱਚ ਫਤਿਹਗੜ੍ਹ ਪੰਜਤੂਰ ਦੇ ਦੇ ਬਲਾਕ ਪ੍ਰਧਾਨ ਗੁਰਪ੍ਰੀਤ ਕੰਬੋਜ ਵੀ ਰੈਲੀ ਲਈ ਰਵਾਨਾ ਹੋਏ।

## ਕੇਂਦਰ ਨੇ ਐਫ.ਸੀ.ਆਈ. ਦੇ ਪੰਜਾਬ ਜ਼ੋਨ ਦਾ ਮੁਖੀ ਅਧਿਕਾਰੀ ਬਾਹਰਲੇ ਸੂਬੇ ਦਾ ਲਗਾ ਕੇ ਪੰਜਾਬ ਨਾਲ ਕੀਤਾ ਇੱਕ ਹੋਰ ਧੋਖਾ: ਪ੍ਰੋ. ਬਡੂੰਗਰ

ਸ੍ਰੀ ਫਤਹਿਗੜ੍ਹ ਸਾਹਿਬ, 16 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਹਮੇਸ਼ਾ ਪੰਜਾਬ ਨਾਲ ਧੱਕਾ ਕੀਤਾ ਜਾਂਦਾ ਰਿਹਾ ਹੈ ਤੇ ਪੰਜਾਬ ਦੇ ਹੱਕਾਂ ਤੇ ਡਾਕੇ ਮਾਰਨ ਤੋਂ ਕੇਂਦਰ ਸਰਕਾਰ ਬਾਜ ਨਹੀਂ ਆ ਰਹੀ। ਉਨ੍ਹਾਂ ਕਿਹਾ ਕਿ ਹੁਣ ਫਿਰ ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਕੀਤੇ ਜਾ ਰਹੇ ਧੱਕਿਆਂ ਦੀ ਕੜੀ ਤਹਿਤ ਐਫ.ਸੀ.ਆਈ ਦੇ ਪੰਜਾਬ ਜ਼ੋਨ ਦਾ ਮੁਖੀ ਅਧਿਕਾਰੀ ਵੀ ਪੰਜਾਬ ਤੋਂ ਬਾਹਰਲੇ ਯੂਟੀ ਕੇਂਦਰ ਦੇ ਅਧਿਕਾਰੀ ਨੂੰ ਨਿਯੁਕਤ ਕਰ ਦਿੱਤਾ ਗਿਆ ਹੈ।ਪ੍ਰੋ. ਬਡੂੰਗਰ ਨੇ ਕਿਹਾ ਕਿ ਪੰਜਾਬ ਦੇਸ਼ ਦਾ ਬੜਾ ਮਹੱਤਵਪੂਰਨ ਸੂਬਾ ਹੈ, ਜਿਸ ਦਾ ਯੋਗਦਾਨ ਭਾਰਤ ਦੇ ਵਿਕਾਸ ਵਿੱਚ ਸਭ ਤੋਂ ਵੱਧ ਰਿਹਾ ਹੈ ਤੇ ਪੰਜਾਬ ਨਾਲ ਇੰਨੀ ਬੇਇਨਸਾਫੀ ਕਰਨੀ ਕਿਸੇ ਵੀ ਹਾਲਤ ਵਿੱਚ ਨਹੀਂ ਸ਼ੋਭਦੀ। ਉਨ੍ਹਾਂ ਕਿਹਾ ਕਿ ਪੰਜਾਬ ਦਾ ਬਣਦਾ ਹੱਕ ਪੰਜਾਬ ਨੂੰ ਦਿੱਤਾ ਜਾਣਾ ਚਾਹੀਦਾ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣਾਇਆ ਗਿਆ ਚੰਡੀਗੜ੍ਹ, ਪੰਜਾਬ ਦੇ ਪੰਜਾਬੀ ਬੋਲਦੇ ਇਲਾਕਿਆਂ ਨੂੰ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਤੇ ਕੇਂਦਰ ਸਰਕਾਰ ਵੱਲੋਂ ਕੀਤਾ ਜਾਣਾ ਸਿੱਧਾ ਕੰਟਰੋਲ, ਚੰਡੀਗੜ੍ਹ ਵਿੱਚ ਮੁਲਾਜ਼ਮਾਂ ਦੀ 60-40 ਦੀ ਰੇਸ਼ੋ ਵਿੱਚ ਪੱਖਪਾਤ ਕਰਨਾ ਤੇ ਫੌਜ ਵਿੱਚ ਸਿੱਖਾਂ ਦੀ ਭਰਤੀ ਪ੍ਰਕਿਰਿਆ ਵਿੱਚ ਗਿਣਤੀ ਘਟਾਉਣਾ ਅਜਿਹੇ ਅਨੇਕਾਂ ਹੀ ਕੇਂਦਰ ਸਰਕਾਰ ਵੱਲੋਂ ਜੋ ਕੰਮ ਕੀਤੇ ਜਾ ਰਹੇ ਹਨ, ਇਹ ਪੰਜਾਬ ਤੇ ਸਿੱਖ ਵਿਰੋਧੀ ਫੈਸਲੇ ਹਨ। ਪ੍ਰੋ. ਬਡੂੰਗਰ ਨੇ ਕਿਹਾ ਕਿ ਪੰਜਾਬ ਹੀ ਇੱਕ ਅਜਿਹਾ ਸੂਬਾ ਹੈ, ਜਿਸ ਨੇ ਦੇਸ਼ ਦੀ ਆਜ਼ਾਦੀ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਦੇ ਕੇ ਦੇਸ਼ ਨੂੰ ਆਜ਼ਾਦ ਕਰਵਾਇਆ ਤੇ ਹੁਣ ਕੇਂਦਰ ਸਰਕਾਰ ਵੱਲੋਂ ਸਭ ਤੋਂ ਵੱਡਾ ਧੋਖਾ ਪੰਜਾਬ ਨਾਲ ਹੀ ਕੀਤਾ ਜਾ ਰਿਹਾ ਹੈ।



## ਰਿਮਟ ਹਸਪਤਾਲ 'ਚ ਮਰੀਜ਼ਾਂ ਦੀ ਸਹੂਲਤ ਲਈ ਮੁਫ਼ਤ ਮੈਡੀਕਲ ਕੈਂਪ 19 ਨੂੰ

ਮੰਡੀ ਗੋਬਿੰਦਗੜ੍ਹ, 16 ਫਰਵਰੀ (ਸੂਦ): ਰਿਮਟ ਹਸਪਤਾਲ ਮੰਡੀ ਗੋਬਿੰਦਗੜ੍ਹ ਵਿੱਚ 19 ਫਰਵਰੀ ਨੂੰ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਹਸਪਤਾਲ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ, ਕੰਨ, ਦਿਲ, ਹੱਡੀਆਂ ਤੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ। ਇਸ ਤੋਂ ਬਿਨਾਂ ਖ਼ੂਨ ਦੇ ਸਾਰੇ ਟੈਸਟ ਫ੍ਰੀ ਕੀਤੇ ਜਾਣਗੇ। ਪ੍ਰਬੰਧਕਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਅਲਟਰਾਸਾਊਂਡ, ਸੀਟੀ ਸਕੈਨ, ਈਸੀਜੀ, ਖ਼ੂਨ ਦੀ ਜਾਂਚ ਤੇ ਐਕਸਰੇ ਆਦਿ ਕਰਵਾਉਣ ਦੀ ਲੋੜ ਪਵੇ ਤਾਂ ਉਹ ਵੀ ਸਾਰੇ ਮੁਫ਼ਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਦਵਾਈਆਂ ਵੀ ਘੱਟ ਰੇਟ 'ਤੇ ਦਿੱਤੀਆਂ ਜਾਣਗੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਹਸਪਤਾਲ ਵਿੱਚ ਆਯੂਸ਼ਮਾਨ ਭਾਰਤ ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਦੂਰਬੀਨ ਰਾਹੀਂ ਗੁਰਦੇ ਦੀ ਪੱਥਰੀ, ਦੂਰਬੀਨ ਰਾਹੀਂ ਗਦੂਦਾਂ, ਦੂਰਬੀਨ ਰਾਹੀਂ ਪਿਸ਼ਾਬ ਦੀ ਨਾਲੀ ਦੀ ਪੱਥਰੀ ਦਾ ਆਪ੍ਰੇਸ਼ਨ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਦੂਰਬੀਨ ਰਾਹੀਂ ਦਿਮਾਗ ਦੀ ਸਰਜਰੀ, ਦੂਰਬੀਨ ਰਾਹੀਂ ਰੀੜ੍ਹ ਦੀ ਹੱਡੀ ਦੀ ਸਰਜਰੀ ਤੇ ਨਵਜਾਤ ਬੱਚਿਆਂ ਦੀ ਦੇਖਭਾਲ ਆਦਿ ਦਾ ਵੀ ਪ੍ਰਬੰਧ ਹੈ। ਉਨ੍ਹਾਂ ਚੂਲੇ ਬਦਲਣ ਦਾ ਵੀ ਇਥੇ ਸਫ਼ਲ ਪ੍ਰਬੰਧ ਹੈ ਤੇ ਆਯੂਸ਼ਮਾਨ ਕਾਰਡ ਧਾਰਕਾਂ ਲਈ ਮੁਫ਼ਤ ਓਪੀਡੀ ਦਾ ਪ੍ਰਬੰਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਹਸਪਤਾਲ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਰਿਮਟ ਮੈਡੀਕਲ ਕਾਲਜ ਤੇ ਹਸਪਤਾਲ ਵੱਲੋਂ ਲੋਕਾਂ ਨੂੰ ਪੂਰੀ ਬਾਡੀ ਦੇ ਟੈਸਟ ਕਰਵਾਉਣ ਦੀ ਵੀ ਸਹੂਲਤ ਦਿੱਤੀ ਗਈ ਹੈ।



## ਵਿਧਾਇਕ ਵੱਲੋਂ ਹੋਣਹਾਰ ਵਿਦਿਆਰਥਣਾਂ ਦਾ ਸਨਮਾਨ



ਅਮਲੋਹ, 16 ਫਰਵਰੀ (ਜਸਵੰਤ ਸਿੰਘ): ਪੀਐਮ ਸ੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਮਲੋਹ ਵਿਖੇ ਪ੍ਰਿੰਸੀਪਲ ਡਾ. ਆਰਕੇ ਸ਼ਰਮਾ ਤੇ ਸਕੂਲ ਇੰਚਾਰਜ ਪ੍ਰੇਮ ਲਤਾ ਦੀ ਅਗਵਾਈ ਹੇਠ ਸਕੂਲ ਸਟਾਫ ਤੇ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੀਆਂ ਪੜ੍ਹਾਈ ਤੇ ਹੋਰ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੀਆਂ ਹੋਣਹਾਰ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਤੇ ਵਿਦਿਆਰਥਣਾਂ ਨੂੰ ਮਿਹਨਤ ਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੀ ਸਾਲਾਨਾ ਰਿਪੋਰਟ ਅਧਿਆਪਕਾ ਕੁਲਦੀਪ ਕੌਰ ਵੱਲੋਂ ਪੜ੍ਹੀ ਗਈ। ਸਟੇਜ ਸਕੱਤਰ ਦੀ ਭੂਮਿਕਾ ਲੈਕਚਰਾਰ ਕੁਲਦੀਪ ਸਿੰਘ ਫਤਿਹਪੁਰ ਵੱਲੋਂ ਬਾਖ਼ੂਬੀ ਨਿਭਾਈ ਗਈ। ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਮੌਕੇ ਆਪ ਦੇ ਸੀਨੀਅਰ ਆਗੂ ਦਰਸ਼ਨ ਸਿੰਘ ਚੀਮਾ, ਚੇਅਰਪਰਸਨ ਸੁਖਵਿੰਦਰ ਕੌਰ ਗਹਿਲੋਤ, ਆਪ ਆਗੂ ਰੁਪਿੰਦਰ ਜਿੰਦਲ, ਕਾਲਾ ਅਰੋੜਾ, ਮਾਸਟਰ ਮਨੋਹਰ ਲਾਲ, ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਕੁਲਦੀਪ ਦੀਪਾ, ਕੌਂਸਲ ਦੇ ਮੀਤ ਪ੍ਰਧਾਨ ਜਗਤਾਰ ਸਿੰਘ, ਸੰਮਤੀ ਮੈਂਬਰ ਮਨਿੰਦਰ ਸਿੰਘ ਭੱਟੋ, ਹਰਜੀਤ ਸਿੰਘ ਗਰੇਵਾਲ, ਮਾਸਟਰ ਕੁਲਵੀਰ ਸਿੰਘ ਮੀਆਂਪੁਰ, ਕੈਪਟਨ ਸੁਖਵੀਰਪਾਲ ਸਿੰਘ ਤੇ ਸਵਰਨਜੀਤ ਸਿੰਘ ਸਨੀ ਮਾਹੀ ਹਾਜ਼ਰ ਸਨ।

# ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਦੀ ਅਗਵਾਈ 'ਚ ਜਗਰਾਓਂ ਤੋਂ 35 ਬੱਸਾਂ ਦਾ ਕਾਫ਼ਲਾ ਕਿਲੀ ਚਹਿਲਾਂ ਰੈਲੀ ਵਿੱਚ ਪੁੱਜਾ



ਜਗਰਾਓਂ, 16 ਫਰਵਰੀ (ਵਿਸ਼ਾਲ ਅੱਤਰੇ ਆਰੀਅਨ ਅੱਤਰੇ) : ਅੱਜ ਜਗਰਾਓਂ ਤੋਂ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਦੀ ਇੱਕ ਮਹਾਂ ਰੈਲੀ ਯੁੱਧ ਨਸ਼ਿਆਂ ਵਿਰੁੱਧ 2.0 ਜੋ ਕਿ ਕਿਲੀ ਚਹਿਲਾਂ ਜ਼ਿਲ੍ਹਾ ਮੋਗਾ ਵਿਖੇ ਹੋ ਰਹੀ ਹੈ, ਉਸ ਵਿੱਚ ਸ਼ਾਮਲ ਹੋਣ ਲਈ ਪੰਜਾਬ ਭਰ ਦੇ ਵਿੱਚੋਂ ਬਹੁਤ ਭਾਰੀ ਗਿਣਤੀ ਦੇ ਵਿੱਚ ਲੋਕ ਪਹੁੰਚ ਰਹੇ ਹਨ। ਇਸੇ ਤਰ੍ਹਾਂ ਹੀ ਜਗਰਾਓਂ ਦੇ ਵਿੱਚੋਂ ਵੀ ਹਲਕਾ ਵਿਧਾਇਕ ਬੀਬੀ ਸਰਬਜੀਤ ਕੌਰ ਮਾਣੂੰਕੇ ਦੀ ਅਗਵਾਈ ਦੇ ਵਿੱਚ ਜਗਰਾਓਂ ਤੋਂ ਲੋਕਾਂ ਦਾ ਇੱਕ ਬਹੁਤ ਵੱਡਾ ਕਾਫਲਾ ਵੀ ਇਸ ਰੈਲੀ ਦੇ ਵਿੱਚ ਸ਼ਾਮਲ ਹੋਣ ਲਈ ਚੱਲਿਆ, ਜਿਸ ਕਾਫਲੇ ਦੇ ਵਿੱਚ ਤਕਰੀਬਨ 35 ਬੱਸਾਂ ਅਤੇ ਹੋਰ ਕਈ ਕਾਰਾਂ ਅਤੇ ਦੋ ਪਹੀਆ ਵਾਹਨ ਸ਼ਾਮਲ ਹੋਏ। ਇਸ ਕਾਫਲੇ ਵਿੱਚ ਸ਼ਾਮਲ ਹੋਏ ਲੋਕਾਂ ਦੇ ਵਿੱਚ ਬਹੁਤ ਹੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਇਸ ਸਮੇਂ ਲੋਕਾਂ ਨੇ ਭਗਵੰਤ ਮਾਨ ਸਰਕਾਰ ਅਤੇ ਆਮ ਆਦਮੀ ਪਾਰਟੀ ਜ਼ਿੰਦਾਬਾਦ ਦੇ ਨਾਅਰੇ ਵੀ ਲਗਾਏ। ਲੋਕਾਂ ਦੇ ਵਿੱਚ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਚਾਰ ਸੁਣਨ ਲਈ ਕਾਫੀ ਉਤਸ਼ਾਹ ਦੇਖਿਆ ਗਿਆ। ਇਸ ਮੌਕੇ 'ਤੇ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਨੇ ਰੈਲੀ ਦੇ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਸਾਰੇ ਹੀ ਬਲਾਕ ਪ੍ਰਧਾਨ ਕੋਆਰਡੀਨੇਟਰ ਅਤੇ ਹਲਕੇ ਦੇ ਸਮੂਹ ਆਮ ਲੋਕਾਂ ਦਾ ਰੈਲੀ ਵਿੱਚ ਸ਼ਾਮਲ ਹੋਣ ਲਈ ਧੰਨਵਾਦ ਕੀਤਾ।

# ਪੀ.ਏ.ਯੂ. ਕਰਮਚਾਰੀ ਯੂਨੀਅਨ ਦੀਆਂ ਚੋਣਾਂ ਵਿੱਚ ਨਵੇਂ ਗਰੁੱਪ ਦੀ ਹੋਈ ਸ਼ਮੂਲੀਅਤ



ਲੁਧਿਆਣਾ, 16 ਫਰਵਰੀ (ਵਿਸ਼ਾਲ ਸ਼ਰਮਾ) : ਅੱਜ ਪੀਏਯੂ ਵਿਖੇ ਕਰਮਚਾਰੀ ਯੂਨੀਅਨਾਂ ਦੀਆਂ ਨਾਮਜ਼ਦਗੀਆਂ 27.02.2026 ਨੂੰ ਹੋਣ ਵਾਲੀਆਂ ਚੋਣਾਂ ਲਈ ਪ੍ਰਾਪਤ ਕੀਤੀਆਂ ਗਈਆਂ। ਨਵੇਂ ਨੌਜਵਾਨ ਆਗੂਆਂ ਦੇ ਸਮੂਹ ਪੀ.ਏ.ਯੂ ਇੰਟੈਲੈਕਚੁਅਲਜ਼ ਅਲਾਇੰਸ ਨੇ ਪੀ.ਏ.ਯੂ ਚੋਣ ਕਮਿਸ਼ਨਰ ਕੋਲ ਰਜਿਸਟਰ ਕਰਵਾਇਆ ਗਿਆ ਹੈ। ਕਰਮਚਾਰੀਆਂ ਦੀ ਭਾਰੀ ਮੰਗ ਨੂੰ ਦੇਖਦੇ ਹੋਏ ਨਵੇਂ ਗਰੁੱਪ ਦਾ ਗਠਨ ਕੀਤਾ ਗਿਆ ਅਤੇ ਨਵੇਂ ਗਰੁੱਪ ਦੇ ਮੈਂਬਰਾਂ ਵਿੱਚ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਭਾਰੀ ਜੋਸ਼ ਦੇਖਿਆ ਗਿਆ। ਨਾਮਜ਼ਦਗੀ ਦੌਰਾਨ ਪ੍ਰਧਾਨ ਦੇ ਲਈ ਮਨੋਜ ਕੁਮਾਰ, ਜਨਰਲ ਸਕੱਤਰ ਲਈ ਜਤਿੰਦਰ ਕੁਮਾਰ, ਸੀਨੀਅਰ ਉਪ ਪ੍ਰਧਾਨ (ਓਪਨ) ਲਈ ਪੂਜਾ ਸ਼ਰਮਾ, ਸੀਨੀਅਰ ਉਪ ਪ੍ਰਧਾਨ ਲਈ (ਰਿਜ਼ਰਵ) ਮੰਦੀਪ ਸਿੰਘ, ਖਜ਼ਾਨਚੀ ਲਈ ਮੀਨ ਬਹਾਦਰ, ਜਾਇੰਟ ਸਕੱਤਰ-99 ਲਈ ਖੇਮ ਰਾਜ, ਸੰਗਠਨ ਸਕੱਤਰ (ਰਿਜ਼ਰਵ) ਲਈ ਸ਼ੇਰ ਸ਼ਿਵ ਨਾਗ ਸਿੰਘ, ਪ੍ਰਚਾਰ ਸਕੱਤਰ (ਓਪਨ) ਲਈ ਦਵਿੰਦਰ ਸਿੰਘ ਆਦਿ ਨਾਮਜ਼ਦਗੀਆਂ ਦਾਖਲ ਕੀਤੀਆਂ ਗਈਆਂ। ਇਸ ਸਮੇਂ ਬਾਅਦ ਹੋ ਰਹੀਆਂ ਚੋਣਾਂ ਨੂੰ ਲੈ ਕੇ ਕਰਮਚਾਰੀਆਂ ਵਿੱਚ ਕਾਫੀ ਉਤਸ਼ਾਹ ਵੇਖਿਆ ਗਿਆ।

# ਪੁਲਿਸ ਅੱਤਿਆਚਾਰਾਂ ਖ਼ਿਲਾਫ਼ ਥਾਣੇ ਮੂਹਰੇ ਧਰਨਾ ਜਾਰੀ ਪੀੜ੍ਹਤ ਪਰਿਵਾਰ ਵੱਲੋਂ ਅਦਾਲਤੀ ਹੁਕਮ ਅਦੂਲੀ ਦੇ ਦੋਸ਼



ਜਗਰਾਓਂ, 16 ਫਰਵਰੀ (ਦਵਿੰਦਰ ਜੈਨ) : ਕਰੀਬ ਦੋ ਦਹਾਕਿਆਂ ਤੋਂ ਪੁਲਿਸ ਹਿਰਾਸਤ 'ਚ ਅੱਤਿਆਚਾਰਾਂ ਖ਼ਿਲਾਫ਼ ਇਨਸਾਫ਼ ਦੀ ਲੜਾਈ ਲੜ ਰਹੇ ਅਤੇ ਕਰੀਬ ਚਾਰ ਸਾਲਾਂ ਤੋਂ ਥਾਣੇ ਮੂਹਰੇ ਧਰਨੇ 'ਤੇ ਬੈਠੇ ਪੀੜਤਾਂ ਨੇ ਦਿਹਾਤੀ ਪੁਲਿਸ ਦੇ ਅਧਿਕਾਰੀਆਂ 'ਤੇ ਅਦਾਲਤੀ ਹੁਕਮ ਅਦੂਲੀ ਦੇ ਦੋਸ਼ ਲਗਾਏ ਹਨ। ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਪੀੜਤ ਇੰਜੀ. ਦਰਸ਼ਨ ਸਿੰਘ ਧਾਲੀਵਾਲ, ਇਕਬਾਲ ਸਿੰਘ ਰਸੂਲਪੁਰ ਅਤੇ ਪੀੜਤਾ ਸੁਰਿੰਦਰ ਕੌਰ ਰਸੂਲਪੁਰ ਨੇ ਕਿਹਾ ਕਿ ਸਾਲ 2005 ਤੋਂ ਰਾਜ ਅਤੇ ਕੇਂਦਰੀ ਸਵਿੰਧਾਨਕ ਕਮਿਸ਼ਨ ਦੋਸ਼ੀਆਂ ਖ਼ਿਲਾਫ਼ ਕਾਰਵਾਈ ਕਰਨ ਦੀ ਸਿਫਾਰਿਸ਼ ਕਰ ਰਹੇ ਹਨ ਅਤੇ ਹੁਣ ਮਾਣਯੋਗ ਸਪੈਸ਼ਲ ਕੋਰਟ ਫਾਸਟ ਟਰੈਕ ਵੱਲੋਂ ਵੀ ਕਰੀਬ ਚਾਰ-ਪੰਜ ਹੁਕਮ ਜਾਰੀ ਕੀਤੇ ਜਾ ਚੁੱਕੇ ਹਨ।ਪਰ ਪੁਲਿਸ ਅਧਿਕਾਰੀ ਜਾਣਬੁੱਝ ਕੇ ਬਣਦੀ ਰਿਪੋਰਟ ਨਹੀਂ ਭੇਜ ਰਹੇ। ਪੀੜਤ ਪਰਿਵਾਰ ਵੱਲੋਂ ਅਦਾਲਤੀ ਹੁਕਮ ਅਦੂਲੀ ਦੇ ਦੋਸ਼ ਲਗਾਏ ਹਨ। ਪੱਕੇ ਮੋਰਚੇ ਵਿੱਚ ਪਹੁੰਚੇ ਧਰਨਾਕਾਰੀ ਜੱਥੇਬੰਦੀਆਂ ਦੇ ਆਗੂ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਪ੍ਰਧਾਨ ਅਤੇ ਭਾਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਸਪ੍ਰੀਤ ਸਿੰਘ ਢੋਲਣ ਪੁਲਿਸ ਅਧਿਕਾਰੀਆਂ ਦੇ ਵਤੀਰੇ ਦੀ ਨਿੰਦਾ ਕਰਦਿਆਂ ਪੰਜਾਬ ਸਰਕਾਰ ਮੁਰਦਾਬਾਦ ਦੇ ਨਾਹਰੇ ਲਗਾਏ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਇਸ ਸਮੇਂ ਮੁਦੱਈ ਮੁਕੱਦਮਾ ਇਕਬਾਲ ਸਿੰਘ ਰਸੂਲਪੁਰ ਨੇ ਦੱਸਿਆ ਕਿ ਕਥਿਤ ਥਾਣਾਮੁਖੀ ਗੁਰਿੰਦਰ ਬੱਲ ਨੇ ਗਿਣੀ-ਮਿੱਥੀ ਸਾਜ਼ਿਸ਼ ਤਹਿਤ ਪੀੜਤ ਮਾਤਾ ਸੁਰਿੰਦਰ ਕੌਰ, ਮਰਹੂਮ ਭੈਣ ਕੁਲਵੰਤ ਕੌਰ ਤੇ ਪੀੜਤਾ ਮਨਪ੍ਰੀਤ ਕੌਰ ਨੂੰ ਨਜਾਇਜ਼ ਹਿਰਾਸਤ 'ਚ ਰੱਖ ਕੇ ਤੀਜੇ ਦਰਜੇ ਦੇ ਤਸੀਹੇ ਦਿੱਤੇ ਸਨ ਅਤੇ ਅੱਤਿਆਚਾਰਾਂ ਕਾਰਨ ਪੀੜਤਾ ਕੁਲਵੰਤ ਕੌਰ ਦੀ ਮੌਤ ਹੋ ਗਈ ਸੀ ਅਤੇ ਬਾਅਦ ਵਿੱਚ ਦਰਜ਼ ਕੀਤੇ ਅਧੂਰੇ ਮੁਕੱਦਮੇ ਵਿੱਚ ਜਾਣਬੁੱਝ ਕੇ ਪੀੜ੍ਹਤਾ ਮਨਪ੍ਰੀਤ ਕੌਰ ਨੂੰ ਪੀੜਤ ਵਜੋਂ ਸ਼ਾਮਲ ਹੀ ਨਹੀਂ ਕੀਤਾ ਗਿਆ। ਪੀੜਤਾ ਤੇ ਪਟੀਸ਼ਨਰ ਮਨਪ੍ਰੀਤ ਕੌਰ ਦੇ ਪਤੀ ਇੰਜੀ. ਦਰਸ਼ਨ ਸਿੰਘ ਧਾਲੀਵਾਲ ਨੇ ਦੱਸਿਆ ਕਿ ਪੁਲਿਸ ਅਧਿਕਾਰੀਆਂ ਦੇ ਪੱਖਪਾਤੀ ਵਤੀਰੇ ਖਿਲਾਫ਼ ਹੁਣ ਸਾਨੂੰ ਮਾਣਯੋਗ ਸਪੈਸ਼ਲ ਕੋਰਟ ਦਾ ਦਰਵਾਜ਼ਾ ਖੜਕਾਉਣਾ ਪਿਆ। ਪਰ ਫਾਸਟ ਟਰੈਕ ਕੋਰਟ ਦੇ ਅੱਧੀ ਦਰਜਨ ਹੁਕਮਾਂ ਦੇ ਬਾਵਜੂਦ ਪੁਲਿਸ ਅਧਿਕਾਰੀਆਂ ਨੇ ਬਣਦੀ ਰਿਪੋਰਟ ਨਹੀਂ ਨਾ ਭੇਜਕੇ ਅਦਾਲਤੀ ਹੁਕਮਾਂ ਦੀ ਉਲੰਘਣਾ ਕੀਤੀ ਹੈ। ਇਸ ਸਮੇਂ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਬਲਦੇਵ ਸਿੰਘ ਜਗਰਾਓਂ, ਪੀੜਤਾ ਸੁਰਿੰਦਰ ਕੌਰ, ਕਰਮਜੀਤ ਕੌਰ, ਬਲਜੀਤ ਕੌਰ, ਭਾਈ ਜਸਪ੍ਰੀਤ ਸਿੰਘ ਢੋਲਣ, ਅਮ੍ਰਿੰਤਪਾਲ ਸਿੰਘ ਫੇਰੂਰਾਈ, ਹਰਸ਼ਪ੍ਰੀਤ ਸਿੰਘ, ਬਲਵਿੰਦਰ ਕੁਮਾਰ ਆਦਿ ਹਾਜ਼ਰ ਸਨ।

# ਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ ਮੌਕੇ ਜੀਨਥ ਵੈਲਫ਼ੇਅਰ ਕਲੱਬ ਨੇ ਲਗਾਇਆ ਸਾਲਾਨਾ ਭੰਡਾਰਾ



ਜਗਰਾਓਂ, 16 ਫਰਵਰੀ (ਵਿਸ਼ਾਲ ਅੱਤਰੇ ਆਰੀਅਨ ਅੱਤਰੇ) : ਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ ਮੌਕੇ ਜੀਨਥ ਵੈਲਫ਼ੇਅਰ ਕਲੱਬ ਜਗਰਾਓਂ ਵੱਲੋਂ ਹਰ ਸਾਲ ਹੀ ਸੁਭਾਸ਼ ਗੇਟ ਸ਼ਿਵਾਲਾ ਮੰਦਰ ਵਿਖੇ ਸ਼ਰਧਾਲੂਆਂ ਲਈ ਭੰਡਾਰਾ ਲਗਾਇਆ ਜਾਂਦਾ ਹੈ। ਇਸ ਵਾਰ ਵੀ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਭੰਡਾਰੇ ਦਾ ਆਯੋਜਨ ਕੀਤਾ ਗਿਆ, ਇਸ ਮੌਕੇ ਕਲੱਬ ਦੇ ਪ੍ਰਧਾਨ ਪੁਰਸ਼ੋਤਮ ਅਗਰਵਾਲ ਅਤੇ ਡਾਕਟਰ ਭੂਸ਼ਣ ਰਤਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੀਨਥ ਵੈਲਫੇਅਰ ਕਲੱਬ ਇੱਕ ਸਮਾਜ ਸੇਵੀ ਸੰਸਥਾ ਹੈ, ਕਲੱਬ ਵੱਲੋਂ ਸਮੇਂ ਸਮੇਂ 'ਤੇ ਵੱਖ-ਵੱਖ ਸਮਾਜ ਸੇਵਾ ਦੇ ਕੰਮ ਕੀਤੇ ਜਾਂਦੇ ਹਨ ਅਤੇ ਇਸ ਦੇ ਨਾਲ ਨਾਲ ਧਾਰਮਿਕ ਕਾਰਜਾਂ ਵਿੱਚ ਵੀ ਕਲੱਬ ਵੱਲੋਂ ਅਹਿਮ ਯੋਗਦਾਨ ਦਿੱਤਾ ਜਾਂਦਾ ਹੈ। ਉਹਨਾਂ ਦੱਸਿਆ ਕਿ ਜਿੱਥੇ ਕਲੱਬ ਵੱਲੋਂ ਧਾਰਮਿਕ ਕੰਮਾਂ ਦੇ ਤਹਿਤ ਸ਼ਰਧਾਲੂਆਂ ਲਈ ਭੰਡਾਰਿਆਂ ਦਾ ਆਯੋਜਨ ਕੀਤਾ ਜਾਂਦਾ ਹੈ, ਉੱਥੇ ਹੀ ਸਮਾਜ ਸੇਵਾ ਦੇ ਖੇਤਰ ਵਿੱਚ ਲੋੜਵੰਦ ਬੱਚਿਆਂ ਨੂੰ ਪੜ੍ਹਾਈ ਸਬੰਧੀ ਸਮੱਗਰੀ ਮੁਹੱਈਆ ਕਰਵਾਈ ਜਾਂਦੀ ਹੈ ਇਸ ਤੋਂ ਇਲਾਵਾ ਮੈਡੀਕਲ ਦੇ ਖੇਤਰ ਵਿੱਚ ਵੀ ਲੋੜਵੰਦ ਲੋਕਾਂ ਦੀ ਮੱਦਦ ਕੀਤੀ ਜਾਂਦੀ ਹੈ, ਉਹਨਾਂ ਦੱਸਿਆ ਕਿ ਕਲੱਬ ਦੇ ਸਾਰੇ ਹੀ ਮੈਂਬਰ ਬਹੁਤ ਹੀ ਉਤਸ਼ਾਹ ਅਤੇ ਪੂਰੀ ਤਨਦੇਹੀ ਨਾਲ ਸਾਰੀਆਂ ਹੀ ਸੇਵਾਵਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਂਦੇ ਹਨ ਤਾਂ ਕਿ ਲੋੜਵੰਦਾਂ ਨੂੰ ਮੱਦਦ ਮਿਲ ਸਕੇ ਅਤੇ ਸਮਾਜ ਵਿੱਚ ਚੰਗੇ ਨਾਗਰਿਕ ਬਨਣ ਦਾ ਮੌਕਾ ਮਿਲੇ। ਇਸ ਮੌਕੇ ਸੁਰੇਸ਼ ਗਰਗ, ਅਨਿਲ ਮਲਹੋਤਰਾ,ਕਸ਼ਮੀਰੀ ਲਾਲ, ਹਰੀ ਰਤਨ ਬਾਬੂ,ਮੋਹਨ ਲਾਲ ਗੁਪਤਾ, ਵਿਜੇ ਗਰਗ, ਦਰਸ਼ਨ, ਦਰਸ਼ਨ ਸਿੰਗਲਾ, ਕੋਮਲ ਸ਼ਰਮਾ, ਅਮਰਜੀਤ ਬਿੱਲੂ, ਧਰਮਿੰਦਰ, ਗੁਰਚਰਨ ਲਾਲ ਮੇਜਰ ਸਿੰਘ, ਸ਼ਿੰਗਾਰਾ ਸਿੰਘ, ਵਰਿੰਦਰ ਬਾਂਸਲ ਅਤੇ ਹੋਰ ਵੀ ਬਹੁਤ ਸਾਰੇ ਪਤਵੰਤੇ ਸੱਜਣ ਹਾਜ਼ਰ ਸਨ।

# ਸ੍ਰੀ ਗੌਰੀ ਸ਼ੰਕਰ ਸੇਵਾ ਮੰਡਲ ਨੇ ਸ਼ਿਵਰਾਤਰੀ ਮੌਕੇ ਹਵਨ ਯੱਗ ਕਰਵਾਇਆ



ਜਗਰਾਓਂ, 16 ਫਰਵਰੀ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਸ਼੍ਰੀ ਗੌਰੀ ਸ਼ੰਕਰ ਸੇਵਾ ਮੰਡਲ ਜਗਰਾਓਂ ਵੱਲੋਂ ਮਹਾਂ ਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ ਮੌਕੇ 'ਤੇ ਹਵਨ ਯੱਗ ਕਰਵਾਇਆ ਗਿਆ। ਹਵਨ ਉਪਰੰਤ ਹੀ ਮੰਡਲ ਵੱਲੋਂ ਸ਼੍ਰੀ ਅਮਰਨਾਥ ਯਾਤਰਾ ਲਈ ਲਗਾਏ ਜਾਣ ਵਾਲੇ ਸਾਲਾਨਾ ਭੰਡਾਰੇ ਦੀਆਂ ਤਿਆਰੀਆਂ ਦੀ ਵੀ ਸ਼ੁਰੂਆਤ ਕਰ ਦਿੱਤੀ ਹੈ। ਇਸ ਮੌਕੇ ਕਲੱਬ ਦੇ ਪ੍ਰਧਾਨ ਵਿਵੇਕ ਗਰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੀ ਗੌਰੀ ਸ਼ੰਕਰ ਸੇਵਾ ਮੰਡਲ ਧਾਰਮਿਕ ਅਤੇ ਸਮਾਜ ਭਲਾਈ ਦੇ ਕੰਮਾਂ ਵਿੱਚ ਅਹਿਮ ਯੋਗਦਾਨ ਦਿੰਦੀ ਹੈ ਅਤੇ ਭਵਿੱਖ ਵਿੱਚ ਵੀ ਪ੍ਰਭੂ ਦੀ ਇੱਛਾ ਅਨੁਸਾਰ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹੇਗਾ। ਉਨ੍ਹਾਂ ਕਿਹਾ ਕਿ ਹਰ ਸਾਲ ਸੰਸਥਾ ਵੱਲੋਂ ਸ਼੍ਰੀ ਅਮਰਨਾਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਲਈ ਜੰਮੂ ਕਸ਼ਮੀਰ ਵਿਖੇ ਭੰਡਾਰੇ ਦਾ ਆਯੋਜਨ ਕੀਤਾ ਜਾਂਦਾ ਹੈ, ਜੋ ਯਾਤਰਾ ਦੇ ਪਹਿਲੇ ਦਿਨ ਤੋਂ ਲੈ ਕੇ ਸਮਾਪਤੀ ਤੱਕ ਜਾਰੀ ਰਹਿੰਦਾ ਹੈ। ਹਰ ਸਾਲ ਸ਼ਿਵਰਾਤਰੀ ਤੋਂ ਬਾਅਦ ਭਗਵਾਨ ਸ਼ਿਵ ਅਤੇ ਮਾਤਾ ਪਾਰਵਤੀ ਜੀ ਦਾ ਅਸ਼ੀਰਵਾਦ ਲੈ ਕੇ ਭੰਡਾਰੇ ਦੀਆਂ ਤਿਆਰੀਆਂ ਸ਼ੁਰੂ ਕੀਤੀਆਂ ਜਾਂਦੀਆਂ ਹਨ। ਗਰਗ ਨੇ ਦੱਸਿਆ ਕਿ ਇਸ ਸਾਲ ਕਲੱਬ ਵੱਲੋਂ ਇਹ 17ਵਾਂ ਭੰਡਾਰਾ ਲਗਾਇਆ ਜਾ ਰਿਹਾ ਹੈ, ਜਿਸ ਕਾਰਨ ਮੰਡਲ ਦੇ ਸਾਰੇ ਮੈਂਬਰ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪੂਰੇ ਉਤਸ਼ਾਹ ਨਾਲ ਭਰੇ ਹੋਏ ਹਨ। ਇਸ ਮੌਕੇ 'ਤੇ ਕਲੱਬ ਮੈਂਬਰਾਂ ਵਿੱਚ ਅਸ਼ਵਿਨੀ ਕੁਮਾਰ, ਗੋਪੀ ਸ਼ਰਮਾ, ਵਿਨੈ ਸ਼ਰਮਾ, ਬ੍ਰਿਜ ਲਾਲ, ਸੰਜੀਵ ਮਲਹੋਤਰਾ, ਸੁਮਿਤ ਸ਼ਾਸਤਰੀ, ਸੁਖਦੀਪ ਨਹਾਰ, ਅਮਿਤ ਸ਼ਰਮਾ, ਵਰਿੰਦਰ ਗਰਗ, ਸਚਿਨ ਲੂੰਬਾ, ਅਮਿਤ ਨਿਜ਼ਾਵਨ, ਰਮਨ ਸ਼ਰਮਾ ਅਤੇ ਅਮਿਤ ਲੂੰਬਾ, ਆਦਿ ਹਾਜ਼ਰ ਸਨ।

# ਬੱਚੇ ਦੀ ਵੇਚ-ਖ਼ਰੀਦ ਮਾਮਲੇ ਵਿੱਚ 5 ਗ੍ਰਿਫ਼ਤਾਰ, 3 ਦੀ ਭਾਲ ਜਾਰੀ



ਸਾਹਨੇਵਾਲ ਕੁਹਾੜਾ, 16 ਫਰਵਰੀ (ਕੁਲਦੀਪ ਸਿੰਘ ਕੁਹਾੜਾ) : ਸ੍ਰੀ ਸਵਪਨ ਸ਼ਰਮਾ ਆਈ.ਪੀ.ਐਸ., ਕਮਿਸ਼ਨਰ ਪੁਲਿਸ ਲੁਧਿਆਣਾ ਅਤੇ ਸ੍ਰੀ ਰੁਪਿੰਦਰ ਸਿੰਘ ਆਈ.ਪੀ.ਐਸ., ਡਿਪਟੀ ਕਮਿਸ਼ਨਰ ਪੁਲਿਸ ਸਿਟੀ ਲੁਧਿਆਣਾ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ, ਸਮੀਰ ਵਰਮਾ ਪੀ.ਪੀ.ਐਸ., ਵਧੀਕ ਡਿਪਟੀ ਕਮਿਸ਼ਨਰ ਪੁਲਿਸ ਜ਼ੋਨ-1 ਲੁਧਿਆਣਾ ਅਤੇ ਅਨਿਲ ਕੁਮਾਰ ਭਨੋਟ ਪੀ.ਪੀ.ਐਸ., ਸਹਾਇਕ ਕਮਿਸ਼ਨਰ ਪੁਲਿਸ ਕੇਂਦਰੀ ਲੁਧਿਆਣਾ ਜੀ ਦੀਆਂ ਹਦਾਇਤਾਂ ਅਨੁਸਾਰ ਇੰਸਪੈਕਟਰ ਨਰਦੇਵ ਸਿੰਘ ਮੁੱਖ ਅਫਸਰ ਥਾਣਾ ਡਵੀਜ਼ਨ ਨੰਬਰ 3 ਲੁਧਿਆਣਾ ਦੀ ਅਗਵਾਈ ਹੇਠ ਕਾਰਵਾਈ ਕੀਤੀ ਗਈ।

ਜਿਨ੍ਹਾਂ ਵੱਲੋਂ ਲੁਧਿਆਣਾ ਸ਼ਹਿਰ ਵਿੱਚ ਬੱਚੇ ਦੀ ਖਰੀਦ-ਵੇਚ ਸਬੰਧੀ ਗੁਪਤ ਸੂਚਨਾ ਪ੍ਰਾਪਤ ਹੋਣ 'ਤੇ ਪੁਲਿਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਪਾਰਕ ਨੇੜੇ ਨੀਲਾ ਝੰਡਾ ਰੋਡ, ਗੁਰੂਦੁਆਰਾ ਛੇਵੀਂ ਪਾਤਸ਼ਾਹੀ ਵਿਖੇ ਹਮ-ਮਸ਼ਵਰਾ ਕਰ ਰਹੀਆਂ ਔਰਤਾਂ ਖ਼ਿਲਾਫ਼ ਸੰਗੀਨ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।

ਦੌਰਾਨੇ ਤਫਤੀਸ਼ 5 ਦੋਸ਼ਣਾਂ ਸੁਨੀਤਾ ਦੇਵੀ ਪਤਨੀ ਕੇਸ਼ਵ ਲਾਲ (ਬੱਚੀ ਦੀ ਮਾਤਾ), ਵਾਸੀ ਸ਼ਹੀਦ ਭਗਤ ਸਿੰਘ ਕਲੋਨੀ, ਸ਼ੇਰਪੁਰ ਕਲਾਂ, ਲੁਧਿਆਣਾ,ਪ੍ਰਵੀਨ ਪਤਨੀ ਯੂਨਸ ਮਸੀਹ, ਵਾਸੀ ਖੁੱਡ ਮੁਹੱਲਾ, ਲੁਧਿਆਣਾ, ਮਨਮੀਤ ਕੌਰ (BAMS) ਪਤਨੀ ਗੁਰਕਮਲ ਸਿੰਘ, ਵਾਸੀ ਪੰਜਾਬ ਮਾਤਾ ਨਗਰ, ਪੱਖੋਵਾਲ ਰੋਡ, ਲੁਧਿਆਣਾ,ਰੂਚੀ ਪਤਨੀ ਦਲਜੀਤ ਪਾਂਡੇ, ਵਾਸੀ ਸੰਤ ਕਬੀਰ ਨਗਰ, ਡਾਬਾ ਰੋਡ, ਲੁਧਿਆਣਾ ਅਤੇ ਮਨਦੀਪ ਕੌਰ ਪਤਨੀ ਜਤਿੰਦਰ ਸਿੰਘ, ਵਾਸੀ ਪਿੰਡ ਨੰਗਲ, ਜ਼ਿਲ੍ਹਾ ਮੋਗਾ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। 03 ਦੋਸ਼ਣਾ ਪੰਮਾ (ਆਸ਼ਾ ਵਰਕਰ), ਵਾਸੀ ਅਮ੍ਰਿਤਸਰ ਗੁਰਮੀਤ ਕੌਰ, ਵਾਸੀ ਪਿੰਡ ਅਜੀਤਵਾਲ, ਜ਼ਿਲ੍ਹਾ ਮੋਗਾ ਅਤੇ ਆਸ਼ਾ (ਨਰਸ), ਕੇਅਰ ਆਫ ਅਰੋੜਾ ਨਰਸਿੰਗ ਹੋਮ, ਬਾਬਾ ਥਾਨ ਸਿੰਘ ਚੌਂਕ, ਲੁਧਿਆਣਾ ਦੀ ਗ੍ਰਿਫਤਾਰੀ ਅਜੇ ਬਾਕੀ ਹੈ।

ਪੁਲਿਸ ਵੱਲੋਂ ਮਾਮਲੇ ਦੀ ਗਹਿਰਾਈ ਨਾਲ ਜਾਂਚ ਜਾਰੀ ਹੈ ਅਤੇ ਬਾਕੀ ਦੋਸ਼ਣਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਕਿਲ੍ਹਾ ਰਾਏਪੁਰ ਪੇਂਡੂ ਓਲੰਪਿਕ-2026 ਦਾ ਰਸਮੀ ਆਗਾਜ਼ ਅੱਜ



ਲੁਧਿਆਣਾ, 16 ਫਰਵਰੀ (ਵਿਸ਼ਾਲ ਸ਼ਰਮਾ): ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਕਿਲ੍ਹਾ ਰਾਏਪੁਰ ਵਿਖੇ ਪੇਂਡੂ ਓਲੰਪਿਕ 2026 ਦਾ ਭਲਕੇ 17 ਫਰਵਰੀ ਮੰਗਲਵਾਰ ਨੂੰ ਰਸਮੀ ਆਗਾਜ਼ ਕੀਤਾ ਜਾ ਰਿਹਾ ਹੈ। ਇਹ ਖੇਡਾਂ 17 ਫਰਵਰੀ ਤੋਂ 19 ਫਰਵਰੀ ਤੱਕ ਹੋਣਗੀਆਂ।

ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੇਂਡੂ ਓਲੰਪਿਕ ਦੇ ਸਫਲ ਆਯੋਜਨ ਲਈ ਪਹਿਲਾਂ ਹੀ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਕਿਹਾ ਕਿ ਬਹੁਤ ਚਿਰਾਂ ਬਾਅਦ ਇਸ ਵਾਰ ਬੈਲ ਗੱਡੀਆਂ ਦੀਆਂ ਦੌੜਾਂ ਤਿੰਨੇ ਦਿਨ ਖਿੱਚ ਦਾ ਕੇਂਦਰ ਰਹਿਣਗੀਆਂ। ਇਸ ਤੋਂ ਇਲਾਵਾ ਹਾਕੀ, ਕਬੱਡੀ, ਅਥਲੈਟਿਕਸ ਤੇ ਰਵਾਇਤੀ ਖੇਡਾਂ ਦੇ ਫੱਸਵੇਂ ਮੁਕਾਬਲੇ ਵੀ ਦੇਖਣ ਨੂੰ ਮਿਲਣਗੇ। ਖੇਡਾਂ ਦੇ ਪਹਿਲੇ ਦਿਨ 17 ਫਰਵਰੀ ਦਾ ਵੇਰਵਾ ਸਾਂਝਾ ਕਰਦਿਆਂ ਉਨ੍ਹਾਂ ਦੱਸਿਆ ਕਿ ਸਵੇਰੇ 9 ਵਜੇ ਮੇਨ ਸਟੇਡੀਅਮ ਵਿਖੇ ਹਾਕੀ (ਓਪਨ ਕੈਟਾਗਿਰੀ) ਲੜਕਿਆਂ ਦਾ ਮੈਚ ਆਰੰਭ ਹੋਵੇਗਾ, ਉਸ ਤੋਂ ਬਾਅਦ ਹਾਕੀ ਲੜਕੀਆਂ (ਓਪਨ ਕੈਟਾਗਿਰੀ) ਦਾ ਮੈਚ ਹੋਵੇਗਾ, ਜਦਕਿ ਲੜਕੇ 1500 ਮੀਟਰ ਫਾਈਨਲ, ਲੜਕੀਆਂ 1500 ਮੀਟਰ ਫਾਈਨਲ, 400 ਮੀਟਰ ਲੜਕੇ ਹੀਟਸ/ਫਾਈਨਲ, 400 ਮੀਟਰ ਲੜਕੀਆਂ ਹੀਟਸ/ਫਾਈਨਲ, 60 ਮੀਟਰ ਦੌੜ ਪ੍ਰਾਈਮਰੀ ਸਕੂਲ ਲੜਕੇ ਅਤੇ ਪ੍ਰਾਈਮਰੀ ਸਕੂਲ ਲੜਕੀਆਂ ਦੀ 60 ਮੀਟਰ ਦੌੜ ਵੀ ਕਰਵਾਈ ਜਾਣੀ ਹੈ। ਦੁਪਹਿਰ 12 ਵਜੇ ਤੋਂ ਸ਼ਾਮ ਤੱਕ ਬੈਲ ਗੱਡੀਆਂ ਦੀਆਂ ਦੌੜਾਂ ਹੋਣਗੀਆਂ।

ਖੇਡਾਂ ਦੇ ਦੂਸਰੇ ਦਿਨ 18 ਫਰਵਰੀ ਨੂੰ ਸ ਸ ਸ ਸਕੂਲ ਕਿਲ੍ਹਾ ਰਾਏਪੁਰ ਵਿਖੇ ਸਵੇਰੇ 9 ਵਜੇ ਹਾਕੀ ਲੜਕੇ ਓਪਨ ਸੈਮੀਫਾਈਨਲ, ਉਪਰੰਤ ਲੜਕੀਆਂ ਓਪਨ ਸੈਮੀਫਾਈਨਲ, ਕਬੱਡੀ ਸਰਕਲ ਸਟਾਈਲ (ਲੜਕੇ), ਸ਼ਾਟਪੁੱਟ ਲੜਕੇ, ਸ਼ਾਟਪੁੱਟ ਲੜਕੀਆਂ, ਕਬੱਡੀ ਸਰਕਲ ਸਟਾਈਲ (ਲੜਕੀਆਂ) ਅਤੇ ਕਬੱਡੀ ਨੈਸ਼ਨਲ ਸਟਾਈਲ ਅੰ:17(ਲੜਕੀਆਂ),100 ਮੀਟਰ ਲੜਕੇ ਹੀਟਸ,

100 ਮੀਟਰ ਲੜਕੀਆਂ ਹੀਟਸ, ਦੁਪਹਿਰ 12 ਵਜੇ ਤੋਂ 2 ਵਜੇ ਤੱਕ ਬੈਲ ਗੱਡੀਆਂ ਦੀ ਦੌੜਾਂ, ਲੌਂਗ ਜੰਪ ਲੜਕੇ ਫਾਈਨਲ, 100 ਮੀਟਰ ਲੜਕੇ ਫਾਈਨਲ, 100 ਮੀਟਰ ਲੜਕੀਆਂ ਫਾਈਨਲ, ਰੱਸਾ-ਕੱਸੀ (ਲੜਕੇ) ਤੋਂ ਬਾਅਦ ਸ਼ਾਮ ਕਰੀਬ 4 ਵਜੇ ਮੁੜ ਬੈਲ ਗੱਡੀਆਂ ਦੀ ਦੌੜਾਂ ਹੋਣਗੀਆਂ। ਤੀਸਰੇ ਤੇ ਅਖੀਰਲੇ ਦਿਨ 19 ਫਰਵਰੀ ਨੂੰ ਸਵੇਰੇ 9 ਵਜੇ ਕਬੱਡੀ ਨੈਸਨਲ ਸਟਾਈਲ ਅੰ 17 ਲੜਕੀਆਂ ਦਾ ਮੈਚ ਹੋਵੇਗਾ, ਜਦਕਿ ਮੈਚ ਉਪਰੰਤ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ ਜਾਣਗੀਆਂ, ਉਸ ਤੋਂ ਬਾਅਦ ਕਬੱਡੀ ਸਰਕਲ ਸਟਾਈਲ ਇੱਕ ਪਿੰਡ ਓਪਨ (ਲੜਕੇ), ਸਾਟਪੁੱਟ ਲੜਕੇ ਫਾਈਨਲ, 200 ਮੀਟਰ ਲੜਕੇ ਤੇ ਲੜਕੀਆਂ ਹੀਟਸ,ਫਾਈਨਲ, ਹਾਈ ਜੰਪ ਲੜਕੇ ਫਾਈਨਲ, ਸ਼ਾਟਪੁੱਟ ਲੜਕੀਆਂ ਫਾਈਨਲ, 800 ਮੀਟਰ ਲੜਕੇ ਤੇ ਲੜਕੀਆਂ ਫਾਈਨਲ, ਹਾਈ ਜੰਪ ਲੜਕੀਆਂ ਫਾਈਨਲ, 2000 ਮੀਟਰ ਸਾਈਕਲ ਰੇਸ (ਲੜਕੇ), 2000 ਮੀਟਰ ਸਾਈਕਲ ਰੇਸ (ਲੜਕੀਆਂ), 100 ਮੀਟਰ ਦੌੜ 65+ (ਪੁਰਸ਼), 100 ਮੀਟਰ ਦੌੜ 75+ (ਪੁਰਸ਼), 100 ਮੀਟਰ ਦੌੜ 80+ (ਪੁਰਸ਼),ਟਰਾਲੀ ਲੋਡਿੰਗ ਅਨਲੋਡਿੰਗ, ਟਰਾਈ ਸਾਈਕਲ ਰੇਸ ਤੋਂ ਇਲਾਵਾ ਸ਼ਾਮ ਕਰੀਬ 5 ਵਜੇ ਬੈਲ ਗੱਡੀਆਂ ਦੀਆਂ ਦੌੜਾਂ ਹੋਣਗੀਆਂ। ਉਮਰ ਵਰਗਾਂ ਵਾਲੇ ਈਵੈਂਟ ਵਿੱਚ ਖਿਡਾਰੀਆਂ ਲਈ ਆਪਣਾ ਜਨਮ ਸਬੂਤ ਅਤੇ ਇਹਨਾਂ ਖੇਡਾਂ ਵਿੱਚ ਭਾਗ ਲੈਣ ਵਾਲੇ ਸਾਰੇ ਖਿਡਾਰੀਆਂ ਲਈ ਆਪਣਾ ਅਧਾਰ ਕਾਰਡ ਅਤੇ ਬੈਂਕ ਡਿਟੇਲ ਨਾਲ ਲੈ ਕੇ ਆਉਣਾ ਲਾਜ਼ਮੀ ਹੈ।

# ਪਾਬੰਦੀਸ਼ੁਦਾ ਗੋਲ਼ੀਆਂ ਸਮੇਤ ਨੌਜਵਾਨ ਕਾਬੂ

ਮੁੱਲਾਂਪੁਰ ਦਾਖਾ, 16 ਫਰਵਰੀ (ਦਵਿੰਦਰ ਸਿੰਘ ਲੰਮੇਂ) : ਥਾਣਾ ਦਾਖਾ ਦੀ ਪੁਲਿਸ ਨੇ ਗਸ਼ਤ ਦੌਰਾਨ ਇਕ ਨੌਜਵਾਨ ਨੂੰ 18 ਪਾਬੰਦੀਸ਼ੁਦਾ ਗੋਲ਼ੀਆਂ ਸਮੇਤ ਕਾਬੂ ਕਰਕੇ ਉਸਦੇ ਖਿਲਾਫ ਕੇਸ ਦਰਜ ਕਰਨ ਉਪਰੰਤ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਕੇਸ ਦੀ ਪੜਤਾਲ ਕਰ ਰਹੇ ਏ.ਐਸ.ਆਈ. ਇੰਦਰਜੀਤ ਸਿੰਘ ਅਨੁਸਾਰ ਜਦੋਂ ਉਹ ਆਪਣੇ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸਾਂ ਅਤੇ ਸ਼ੱਕੀ ਵਹੀਕਲਾਂ ਦੇ ਸਬੰਧ ਵਿੱਚ ਜੀ.ਟੀ.ਰੋਡ ਤੋਂ ਪਿੰਡ ਰੁੜਕਾ ਵੱਲ ਨੂੰ ਜਾ ਰਹੇ ਸਨ ਤਾਂ ਜਦੋਂ ਪੁਲਿਸ ਪਾਰਟੀ ਰੇਲਵੇ ਫਾਟਕਪਾਰ ਕਰਕੇ ਬੇ-ਆਬਾਦ ਕਾਲੋਨੀ ਦੇ ਗੇਟ ਨੇੜੇ ਪੁੱਜੀ ਤਾਂ ਕਾਲੋਨੀ ਵੱਲੋਂ ਇੱਕ ਨੌਜਵਾਨ ਆਉਂਦਾ ਦਿਖਾਈ ਦਿੱਤਾ। ਜਿਹੜਾ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਤੇ ਪਿੱਛੇ ਮੁੜ ਪਿਆ ਅਤੇ ਉਸਨੇ ਆਪਣੇ ਪਹਿਨੀ ਹੋਈ ਜੀਨ ਦੀ ਪੈਂਟ ਦੀ ਜੇਬ ਵਿੱਚੋਂ ਇੱਕ ਲਿਫਾਫਾ ਕੱਢ ਕੇ ਹੇਠਾਂ ਸੁੱਟ ਦਿੱਤਾ। ਸ਼ੱਕ ਦੇ ਆਧਾਰ 'ਤੇ ਜਦੋਂ ਉਸਨੂੰ ਕਾਬੂ ਕਰਕੇ ਉਸ ਵੱਲੋਂ ਸੁੱਟੇ ਗਏ ਲਿਫਾਫੇ ਨੂੰ ਚੈੱਕ ਕੀਤਾ ਤਾਂ ਉਸ ਵਿੱਚੋਂ 18 ਪਾਬੰਦੀਸ਼ੁਦਾ ਗੋਲ਼ੀਆਂ ਬਰਾਮਦ ਹੋਈਆਂ, ਜਿਸਨੇ ਆਪਣਾ ਨਾਮ ਦਵਿੰਦਰ ਸਿੰਘ ਉਰਫ ਬਿੰਦਰੀ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਦਾਖਾ ਦੱਸਿਆ ।

# 22 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਕਰਨਗੀਆਂ ਭਾਜਪਾ ਦਫ਼ਤਰ ਦਾ ਘਿਰਾਓ



ਲੁਧਿਆਣਾ, 16 ਫਰਵਰੀ (ਰਵਿੰਦਰ ਸਿੰਘ ਨਿੱਝਰ) : ਸੰਯੁਕਤ ਕਿਸਾਨ ਮੋਰਚੇ, ਟਰੇਡ ਯੂਨੀਅਨਾਂ ਤੇ ਜਮਹੂਰੀ ਜਨਤਕ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਅੱਜ ਦੇਵਰਾਜ ਅਤੇ ਰਣਵੀਰ ਸਿੰਘ ਰੁੜਕਾ ਦੀ ਪ੍ਰਧਾਨਗੀ ਹੇਠ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋਈ। ਮੀਟਿੰਗ ਵਿੱਚ ਫੈਸਲਾ ਕੀਤਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਲੋਕ ਵਿਰੋਧੀ ਨੀਤੀਆਂ ਅਤੇ ਮਨਰੇਗਾ ਕਾਨੂੰਨ ਵਿੱਚ ਕੀਤੇ ਗਏ ਬਦਲਾਅ, ਚਾਰ ਲੇਬਰ ਕੋਡ ਲਾਗੂ ਕਰਨ, ਅਮਰੀਕਾ ਤੇ ਭਾਰਤ ਦਾ ਕਰ ਮੁਕਤ ਵਪਾਰ, ਬਿਜਲੀ ਸੋਧ ਬਿੱਲ ਤੇ ਬੀਜ ਬਿੱਲ ਨੂੰ ਪੇਸ਼ ਕਰਨ ਦੀਆਂ ਕੋਸ਼ਿਸ਼ਾਂ ਵਿੱਰੁਧ ਲੁਧਿਆਣਾ 'ਚ ਸਥਿਤ ਭਾਰਤੀ ਜਨਤਾ ਪਾਰਟੀ ਦੇ ਦਫ਼ਤਰ ਅੱਗੇ ਮਿਤੀ 22 ਫਰਵਰੀ ਨੂੰ ਵਿਸ਼ਾਲ ਇਕੱਠ ਕਰਕੇ ਧਰਨਾਂ ਤੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਉਪਰੋਕਤ ਮਸਲਿਆਂ ਸਬੰਧੀ ਧਾਰੀ ਸਾਜ਼ਸ਼ੀ ਚੁੱਪ ਵਿਰੁੱਧ ਖੰਨਾ ਵਿਖੇ ਪੰਜਾਬ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਜਗਰਾਓਂ ਤੋਂ ਐਮ ਐਲ ਏ ਸਰਬਜੀਤ ਮਾਣੂਕੇ ਦੇ ਦਫ਼ਤਰ ਅੱਗੇ ਵੀ ਰੋਸ ਪ੍ਰਦਰਸ਼ਨ/ਧਰਨਾ ਕੀਤਾ ਜਾਵੇਗਾ। ਇਸ ਸਬੰਧੀ ਅੱਜ ਦੀ ਮੀਟਿੰਗ ਵਿੱਚ ਤਿਆਰੀਆਂ ਤੇ ਪ੍ਰਬੰਧਾਂ ਸਬੰਧੀ ਚਰਚਾ ਕਰਕੇ ਉਨ੍ਹਾਂ ਨੂੰ ਅੰਤਿਮ ਰੂਪ ਦਿੱਤਾ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਕਿ ਜਿੰਨਾ ਚਿਰ ਸਰਕਾਰ ਕਾਰਪੋਰੇਟ ਪੱਖੀ ਨੀਤੀਆਂ ਨੂੰ ਵਾਪਸ ਨਹੀਂ ਲੈਂਦੀ ਉਨਾ ਚਿਰ ਸੰਘਰਸ਼ ਜਾਰੀ ਰਹੇਗਾ। ਅੱਜ ਦੀ ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ), ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਧਨੇਰ), ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ), ਆਲ ਇੰਡੀਆ ਕਿਸਾਨ ਸਭਾ (1936), ਸੀਟੀਯੂ ਪੰਜਾਬ, ਏਟਕ, ਪੈਨਸ਼ਨਰ ਐਸੋਸੀਏਸ਼ਨ, ਜਮਹੂਰੀ ਅਧਿਕਾਰ ਸਭਾ, ਪਾਵਰਕੌਮ ਐਂਡ ਟਰਾਸਕੋ ਠੇਕਾ ਮੁਲਾਜ਼ਮ ਯੂਨੀਅਨ, ਟੈਕਨੀਕਲ ਸਰਵਿਸ ਯੂਨੀਅਨ, ਮੋਲਡਰ ਐਂਡ ਸਟੀਲ ਵਰਕਰ ਯੂਨੀਅਨ, ਵੇਰਕਾ ਆਉਟ ਸੋਰਸਿਜ਼ ਮੁਲਾਜ਼ਮ ਯੂਨੀਅਨ, ਪਾਵਰਕੌਮ ਪੈਨਸ਼ਨਰ ਯੂਨੀਅਨ, ਦੇ ਆਗੂਆਂ ਰਘਵੀਰ ਸਿੰਘ ਬੈਨੀਪਾਲ, ਹਰਨੇਕ ਸਿੰਘ ਗੁੱਜਰਵਾਲ, ਸੁਦਾਗਰ ਸਿੰਘ ਘੁਡਾਣੀ, ਪਰਮਜੀਤ ਸਿੰਘ ਲੁਧਿਆਣਾ, ਰਣਵੀਰ ਸਿੰਘ ਰੁੜਕਾ, ਦੇਵਰਾਜ, ਹਰਜਿੰਦਰ ਸਿੰਘ, ਦਾਨ ਸਿੰਘ, ਜਸਵਿੰਦਰ ਸਿੰਘ, ਹਰਜੀਤ ਸਿੰਘ, ਅਵਤਾਰ ਸਿੰਘ, ਗੁਰਸੇਵਕ ਸਿੰਘ, ਰਜਿੰਦਰ ਸਿੰਘ, ਨਛੱਤਰ ਸਿੰਘ, ਕ ਸਿੰਘ, ਕੇਵਲ ਸਿੰਘ ਬਨਵੈਤ, ਜਸਵੰਤ ਸਿੰਘ ਜੀਰਖ ਹਾਜ਼ਰ ਸਨ।



ਮਹਾਂਸ਼ਿਵਰਾਤਰੀ 'ਤੇ ਸ਼ੇਰਪੁਰ ਵਿਖੇ ਦੂਸਰਾ ਵਿਸ਼ਾਲ ਸਮਾਗਮ ਕਰਵਾਇਆ ਗਿਆ। ਸਟੇਜ 'ਤੇ ਆਮ ਆਦਮੀ ਪਾਰਟੀ ਦੇ ਮੀਡੀਆ ਇੰਚਾਰਜ ਪੁਨੀਤ ਸਾਹਨੀ ਨੇ ਸੋਹਨ ਲਾਲ ਗਰੋਵਰ ਦੇ ਨਾਲ ਦੱਖਣੀ ਹਲਕੇ ਦੇ ਮੀਡੀਆ ਵਾਈਸ ਕੋਆਰਡੀਨੇਟਰ ਦਵਿੰਦਰ ਸ਼ੇਰਪੁਰੀ, ਇੰਦਰਜੀਤ ਸਿੰਘ, ਮਨਪ੍ਰੀਤ, ਜੱਗੂ, ਧਨੂ ਸਿੰਘ, ਅਕਸ਼ਿਤ ਗੁਪਤਾ ਆਦਿ ਨੂੰ ਸਨਮਾਨਿਤ ਕੀਤਾ। (ਵੇਰਵਾ : ਵਿਸ਼ਾਲ ਸ਼ਰਮਾ)

# ਬਸਪਾ ਵੱਲੋਂ 1992 ਦੇ ਸ਼ਹੀਦਾਂ ਲਈ ਸ਼ਰਧਾਂਜਲੀ ਸਮਾਗਮ 1 ਮਾਰਚ ਨੂੰ

ਲੁਧਿਆਣਾ, 16 ਫਰਵਰੀ (ਰਵਿੰਦਰ ਸਿੰਘ ਨਿੱਝਰ): ਬਹੁਜਨ ਸਮਾਜ ਪਾਰਟੀ ਲੁਧਿਆਣਾ ਦੀ ਇੱਕ ਬਹੁਤ ਹੀ ਅਹਿਮ ਮੀਟਿੰਗ ਪ੍ਰਗਣ ਬਿਲਗਾ ਇੰਚਾਰਜ ਜ਼ਿਲ੍ਹਾ ਲੁਧਿਆਣਾ ਦੇਹਾਤੀ ਅਤੇ ਜੀਤ ਰਾਮ ਬਸਰਾ ਜ਼ਿਲ੍ਹਾ ਇੰਚਾਰਜ ਸ਼ਹਿਰੀ ਦੀ ਅਗਵਾਈ ਤੇ ਸ਼ਹੀਦੀ ਪਰਿਵਾਰ ਦੇ ਮੈਂਬਰ ਚਰਨਜੀਤ ਸਿੰਘ ਦੀ ਹਾਜ਼ਰੀ 'ਚ ਸ਼ਹੀਦੀ ਸਮਾਰਕ ਜਸਪਾਲ ਬਾਂਗਰ ਵਿਖੇ ਹੋਈ। ਜਿਸ ਵਿੱਚ ਵਿਚਾਰ ਵਟਾਂਦਰੇ ਤੋਂ ਬਾਅਦ ਪਿੰਡ ਜਸਪਾਲ ਬਾਂਗਰ ਦੇ 23 ਫਰਵਰੀ 1992 ਦੇ ਸ਼ਹੀਦਾਂ ਦਾ ਸ਼ਰਧਾਂਜਲੀ ਸਮਾਰੋਹ 1 ਮਾਰਚ ਦਿਨ ਐਤਵਾਰ ਨੂੰ ਰੱਖਿਆ ਗਿਆ ਹੈ। ਇਸ ਮੌਕੇ 'ਤੇ ਜਸਪਾਲ ਬਾਂਗਰ ਸ਼ਹੀਦੀ ਸਮਾਰਕ ਉਸਾਰੀ ਕਮੇਟੀ ਦੇ ਕੋਆਰਡੀਨੇਟਰ ਜੀਤ ਰਾਮ ਬਸਰਾ ਨੇ ਕਿਹਾ ਕਿ ਸੰਗਤਾਂ ਦੇ ਸਹਿਯੋਗ ਦੇ ਨਾਲ 1 ਮਾਰਚ ਤੋਂ ਪਹਿਲਾਂ ਸਮਾਰਕ ਦੀ ਉਸਾਰੀ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇਸ ਮੌਕੇ ਜਗਤਾਰ ਸਿੰਘ ਭਾਮੀਆਂ ਇੰਚਾਰਜ ਹਲਕਾ ਸਾਹਨੇਵਾਲ, ਮਾਸਟਰ ਬੀਰ ਸਿੰਘ ਤੇ ਗੁਰਮੀਤ ਸਿੰਘ ਰੇਲਵੇ ਸੀਨੀਅਰ ਆਗੂ ਬਾਮਸੇਫ, ਬਹਾਦਰ ਸਿੰਘ ਸ਼ਰੀਂਹ, ਰਾਜਿੰਦਰ ਨਿੱਕਾ ਪ੍ਰਧਾਨ ਪੂਰਬੀ, ਰਿਟ: ਥਾਣੇਦਾਰ ਅਮਰਜੀਤ ਸਿੰਘ ਸਾਹਨੇਵਾਲ, ਹਰਮੇਲ ਸਿੰਘ, ਸੰਦੀਪ ਸਿੰਘ ਅਤੇ ਹੋਰ ਹਾਜ਼ਰ ਸਨ।

# ਪੀਏਯੂ ਦੇ ਕਿਸਾਨ ਗਰਾਊਂਡ ਵਿੱਚ ਸਵਦੇਸ਼ੀ ਮੇਲਾ 21 ਤੋਂ 1 ਮਾਰਚ ਤੱਕ—ਗੋਸ਼ਾ, ਮੋਹਿਤ, ਦੂਆ, ਗੁਪਤਾ



ਲੁਧਿਆਣਾ, 16 ਫਰਵਰੀ (ਰਵਿੰਦਰ ਸਿੰਘ ਨਿੱਝਰ): ਸਵਦੇਸ਼ੀ ਜਾਗਰਣ ਮੰਚ ਪੰਜਾਬ ਵੱਲੋਂ ਪੰਜਾਬ ਖੇਤੀ ਵਰਸਿਟੀ ਦੇ ਕਿਸਾਨ ਗਰਾਊਂਡ, ਲੁਧਿਆਣਾ ਵਿੱਚ 21 ਫਰਵਰੀ ਤੋਂ 1 ਮਾਰਚ ਤੱਕ ਵਿਸ਼ਾਲ ਸਵਦੇਸ਼ੀ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਮੇਲਾ ਪ੍ਰਮੁੱਖ ਗੁਰਦੀਪ ਸਿੰਘ ਗੋਸ਼ਾ ਅਤੇ ਮੇਲਾ ਸੰਯੋਜਕ ਮੋਹਿਤ ਗੋਯਲ ਨੇ ਕਿਹਾ ਕਿ ਇਹ ਮੇਲਾ ਆਤਮਨਿਰਭਰਤਾ, ਸਥਾਨਕ ਉਦਯੋਗਾਂ ਦੇ ਵਿਕਾਸ ਅਤੇ ਭਾਰਤੀ ਸੰਸਕ੍ਰਿਤੀ ਦੇ ਸੰਰੱਖਣ ਨੂੰ ਸਮਰਪਿਤ ਇੱਕ ਮਹੱਤਵਪੂਰਨ ਜਨ ਮਹੋਤਸਵ ਹੋਵੇਗਾ ਅਤੇ ਮੇਡ ਇਨ ਇੰਡੀਆ ਅਤੇ ਵੋਕਲ ਫ਼ੋਰ ਲੋਕਲ ਤੋਂ ਲੋਕਲ ਟੂ ਗਲੋਬਲ ਦੀ ਭਾਵਨਾ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਯਤਨ ਕਰੇਗਾ।

ਸ਼੍ਰੀ ਗੋਸ਼ਾ ਨੇ ਦੱਸਿਆ ਕਿ ਮੇਲੇ ਦਾ ਮੁੱਖ ਉਦੇਸ਼ ਲੁਧਿਆਣਾ ਦੇ ਹੋਜ਼ਰੀ ਉਦਯੋਗ ਦੀ ਮਹੱਤਤਾ ਨੂੰ ਵੀ ਉਭਾਰਨਾ ਹੈ। ਲੁਧਿਆਣਾ ਵਿੱਚ ਊਨੀ ਕੱਪੜਿਆਂ ਦੀ ਲੱਗਭੱਗ 80 ਪ੍ਰਤੀਸ਼ਤ ਮੰਗ ਪੂਰੀ ਹੁੰਦੀ ਹੈ, ਸਾਲਾਨਾ ਕਾਰੋਬਾਰ ਲੱਗਭੱਗ 15,000 ਕਰੋੜ ਰੁਪਏ ਹੈ ਅਤੇ ਕਰੀਬ 14,000 ਇਕਾਈਆਂ ਰਾਹੀਂ ਪੰਜ ਲੱਖ ਤੋਂ ਵੱਧ ਲੋਕਾਂ ਨੂੰ ਰੋਜ਼ਗਾਰ ਮਿਲਦਾ ਹੈ। ਮੇਲੇ ਵਿੱਚ ਹੋਜ਼ਰੀ ਉਦਯੋਗ ਨਾਲ ਸੰਬੰਧਿਤ ਸਟਾਲ ਲਗਾਏ ਜਾਣਗੇ, ਜਿੱਥੇ ਸਵੈਟਰ, ਟੀ-ਸ਼ਰਟ, ਥਰਮਲ ਕੱਪੜੇ ਅਤੇ ਹੋਰ ਉਤਪਾਦ ਪ੍ਰਦਰਸ਼ਿਤ ਅਤੇ ਵਿਕਰੀ ਲਈ ਉਪਲੱਬਧ ਹੋਣਗੇ। ਇਸ ਨਾਲ ਛੋਟੇ ਅਤੇ ਦਰਮਿਆਨੇ ਉਦਯੋਗਾਂ ਨੂੰ ਸਿੱਧਾ ਗਾਹਕਾਂ ਤੱਕ ਪਹੁੰਚਣ ਦਾ ਮੌਕਾ ਮਿਲੇਗਾ। ਉਨ੍ਹਾਂ ਅੱਗੇ ਕਿਹਾ ਕਿ ਲੁਧਿਆਣਾ ਵਿੱਚ ਦੇਸ਼ ਦੇ ਲੱਗਭੱਗ 80-90 ਪ੍ਰਤੀਸ਼ਤ ਸਾਈਕਲ ਦਾ ਉਤਪਾਦਨ ਲੁਧਿਆਣਾ ਵਿੱਚ ਹੁੰਦਾ ਹੈ ਅਤੇ ਇੱਥੇ ਲੱਗਭੱਗ 1800 ਤੋਂ ਵੱਧ ਇਕਾਈਆਂ ਸਾਈਕਲ ਅਤੇ ਇਸ ਦੇ ਪੁਰਜ਼ੇ ਤਿਆਰ ਕਰਦੀਆਂ ਹਨ। ਇਸ ਮੇਲੇ ਦੇ ਸਰਪ੍ਰਸਤ ਹਰੀਸ਼ ਦੂਆ ਅਤੇ ਸੁਭਾਸ਼ ਗੁਪਤਾ ਨੇ ਕਿਹਾ ਕਿ ਸਵਦੇਸ਼ੀ ਮੇਲਾ ਛੋਟੇ ਉਦਯੋਗਾਂ ਨੂੰ ਬਾਜ਼ਾਰ ਪ੍ਰਦਾਨ ਕਰਦਾ ਹੈ। ਓਹਨਾਂ ਦੱਸਿਆ ਕਿ ਮੇਲੇ ਵਿੱਚ ਖਾਦੀ ਅਤੇ ਹਸਤਕਰਘਾ ਵਸਤ੍ਰ, ਹਸਤਸ਼ਿਲਪ, ਮਿੱਟੀ ਅਤੇ ਧਾਤੂ ਕਲਾ ਉਤਪਾਦ, ਆਰਗੈਨਿਕ ਖਾਦ ਪਦਾਰਥ, ਮਿਲੇਟਸ ਅਤੇ ਆਯੁਰਵੇਦਿਕ ਅਤੇ ਹਰਬਲ ਉਤਪਾਦ ਮੁੱਖ ਆਕਰਸ਼ਣ ਰਹਿਣਗੇ। ਇਸ ਤੋਂ ਇਲਾਵਾ ਲਾਈਵ ਕਰੀਗਰੀ ਪ੍ਰਦਰਸ਼ਨ, ਲੋਕ ਨ੍ਰਿਤਯ, ਲੋਕ ਸੰਗੀਤ ਅਤੇ ਸੰਸਕ੍ਰਿਤਿਕ ਕਾਰਜਕ੍ਰਮ ਵੀ ਆਯੋਜਿਤ ਕੀਤੇ ਜਾਣਗੇ। ਮੇਲੇ ਵਿੱਚ ਖਾਦੀ ਗ੍ਰਾਮੀ ਸਮੇਤ ਥੀਮ ਆਧਾਰਿਤ ਪ੍ਰਦਰਸ਼ਨੀ ਖੇਤਰ ਸਥਾਪਿਤ ਕੀਤੇ ਜਾਣਗੇ।

# ਮਾਂ ਬਗਲਾਮੁਖੀ ਸਾਨੂੰ ਸੰਸਾਰਿਕ ਜੀਵਨ ਦੀਆਂ ਮੁਸੀਬਤਾਂ ਤੋਂ ਮੁਕਤ ਕਰਦੀ ਹੈ : ਮਹੰਤ ਪ੍ਰਵੀਨ ਚੌਧਰੀ

ਲੁਧਿਆਣਾ, 16 ਫ਼ਰਵਰੀ, (ਕਰਨੈਲ ਸਿੰਘ ਐੱਮ.ਏ.): ਮਾਂ ਬਗਲਾਮੁਖੀ ਧਾਮ ਵਿਖੇ 11 ਦਿਨਾਂ, 243 ਘੰਟੇ ਚੱਲੇ ਨਿਰੰਤਰ ਯੱਗ ਦੇ ਛੇਵੇਂ ਦਿਨ ਦੀ ਸ਼ੁਰੂਆਤ ਗੰਗਾ ਦੇ ਪਾਣੀ ਵਿੱਚ ਮਾਂ ਬਗਲਾਮੁਖੀ ਦੇ ਪਵਿੱਤਰ ਰੂਪ ਦੇ ਪਵਿੱਤਰ ਇਸ਼ਨਾਨ ਨਾਲ ਹੋਈ। ਬ੍ਰਹਿਮੰਡ ਦੀ ਮਾਤਾ ਨੂੰ ਕੋਲਕਾਤਾ ਤੋਂ ਲਿਆਂਦੇ ਗਏ ਵਿਸ਼ੇਸ਼ ਕੱਪੜਿਆਂ ਅਤੇ ਬੰਗਾਲੀ ਫੁੱਲਾਂ ਦੀ ਮਾਲਾ ਨਾਲ ਸ਼ਿੰਗਾਰਿਆ ਗਿਆ ਸੀ। ਮਹਾਂਮੰਡਲੇਸ਼ਵਰ ਕ੍ਰਿਸ਼ਨ ਨੰਦ ਗਿਰੀ ਜੀ ਮਹਾਰਾਜ, ਜੌਨੀ ਬਾਬਾ ਨਾਨਕਸਰ ਵਾਲੇ ਨੇ ਵਿਸ਼ੇਸ਼ ਤੌਰ 'ਤੇ ਯੱਗ ਵਿੱਚ ਹਿੱਸਾ ਲਿਆ। ਸਮਾਜ ਸੇਵਕ ਰਾਜੀਵ ਗਰਗ, ਅੰਕੁਰ ਸਿੰਘਾਨੀਆ ਅਤੇ ਕ੍ਰਿਮਿਕਾ ਬ੍ਰੈਂਡ ਦੇ ਐਮ.ਡੀ ਰਜਨੀ ਬੈਕਟਰ ਨੇ ਆਪਣੇ ਪਰਿਵਾਰਾਂ ਸਮੇਤ ਅਸ਼ੀਰਵਾਦ ਪ੍ਰਾਪਤ ਕੀਤਾ। ਜੰਮੂ-ਕਸ਼ਮੀਰ ਅਤੇ ਰਾਜਸਥਾਨ ਤੋਂ ਆਏ ਵਲੰਟੀਅਰਾਂ ਨੇ ਲੁਧਿਆਣਾ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਪਤਵੰਤਿਆਂ ਦੇ ਨਾਲ-ਨਾਲ ਧਾਮ ਦਾ ਦੌਰਾ ਕੀਤਾ ਅਤੇ ਅਖੰਡ ਯੱਗ ਦੌਰਾਨ ਭੇਟਾਂ ਚੜ੍ਹਾ ਕੇ ਦੇਵੀ ਬਗਲਾਮੁਖੀ ਦਾ ਆਰਾਧਨ ਕੀਤਾ। ਮਹੰਤ ਪ੍ਰਵੀਨ ਚੌਧਰੀ ਨੇ ਦੇਵੀ ਬਗਲਾਮੁਖੀ ਦੀ ਮਹਿਮਾ ਦਾ ਵਰਣਨ ਕਰਦੇ ਹੋਏ ਕਿਹਾ ਕਿ ਯੱਗ ਵਿੱਚ



ਮੰਤਰਾਂ ਦੇ ਜਾਪ ਦੇ ਨਾਲ ਭੇਟਾਂ ਚੜ੍ਹਾਉਣ ਨਾਲ ਸੰਸਾਰਿਕ ਮੁਸੀਬਤਾਂ ਤੋਂ ਰਾਹਤ ਮਿਲਦੀ ਹੈ। ਦੇਵੀ ਦੀ ਪੂਜਾ ਕਰਨ ਨਾਲ ਕਈ ਤਰ੍ਹਾਂ ਦੀਆਂ ਰੁਕਾਵਟਾਂ, ਆਫ਼ਤਾਂ ਅਤੇ ਦੁਸ਼ਮਣਾਂ ਤੋਂ ਮੁਕਤੀ ਮਿਲਦੀ ਹੈ। ਸ਼ਾਮ ਦੇ ਭਜਨ ਸੰਧਿਆ ਦੌਰਾਨ, ਯਸ਼ ਭੱਟੀ ਅਤੇ ਭਰਾ ਮੁਕੇਸ਼ ਨੇ ਦੇਵੀ ਬਗਲਾਮੁਖੀ ਦੀ ਉਸਤਤ ਕਰਦੇ ਹੋਏ ਆਪਣੇ ਭਜਨਾਂ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ। ਮਹਿਲਾ ਸੰਕੀਰਤਨ ਮੰਡਲ ਨੇ ਬਗਲਾਮੁਖੀ ਚਾਲੀਸਾ ਦਾ ਪਾਠ ਕੀਤਾ। ਧਾਮ ਦੇ ਮੁੱਖ ਸੇਵਕ ਮਨਪ੍ਰੀਤ ਛੱਤਵਾਲ ਨੇ ਪਿਛਲੇ ਛੇ ਦਿਨਾਂ ਦੌਰਾਨ ਅਖੰਡ ਯੱਗ ਦੇ ਆਯੋਜਨ ਵਿੱਚ ਸਹਾਇਤਾ ਕਰਨ ਵਾਲੇ ਵਿਅਕਤੀਆਂ ਅਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ ਅਤੇ ਅਗਲੇ ਪੰਜ ਦਿਨਾਂ ਲਈ ਵਲੰਟੀਅਰਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ। ਇਸ ਮੌਕੇ ਵਲੰਟੀਅਰ ਨਵਨਜੋਤ ਛੱਤਵਾਲ, ਕਰਨ ਸ਼ਾਂਡਿਲਿਆ, ਸੁਨੀਲ ਮਹਾਜਨ, ਰਮਨ ਘਈ, ਜਤਿੰਦਰ ਸੂਦ, ਮੋਹਿਤ ਸੂਦ, ਪ੍ਰਸ਼ੋਤਮ ਚੌਧਰੀ, ਰਾਣਾ ਰਣਜੀਤ ਸਿੰਘ, ਸੁਧੀਰ ਮਹਾਜਨ, ਗੌਰਵ ਕਾਲੀਆ, ਜਤਿਨ ਸੂਦ, ਸੰਦੀਪ ਸੂਦ, ਸੁਨੀਲ ਹਾਂਡਾ, ਨਰਿੰਦਰ ਸਿੰਗਲਾ, ਇਕਬਾਲ ਸਿੰਘ, ਬਲਜੀਤ ਸਿੰਘ ਸੁੰਗਲਾ, ਅਨਮਤੀ ਸਿੰਘ ਗਾਫੇੜਾ, ਬਲਜੀਤ ਸਿੰਘ ਗਾਫੜਾ, ਡਾ: ਨਰਿੰਦਰ ਮਹਾਜਨ, ਤਰੁਣ ਚੌਧਰੀ, ਚੇਤਨ ਟੰਡਨ, ਸਾਹਿਲ ਸਿੰਗਲਾ, ਰਾਜ ਸੋਲੰਕੀ, ਪੰਕਜ ਗੁਪਤਾ, ਦੀਪਕ ਗਰਗ, ਦਿਨੇਸ਼ ਰੱਲੀ, ਵਰੁਣ ਜੈਨ, ਮਨੀਸ਼ ਗੁਪਤਾ, ਵਿਜੇ ਗੁਪਤਾ, ਰਮਨ ਸ਼ਰਮਾ, ਅਦਿੱਤਿਆ ਗੁਪਤਾ, ਵਰੁਣ ਚੋਪੜਾ, ਬਲਜੀਤ ਤਾਰੀਕਾ, ਤੁਸ਼ਾਰ ਬਾਂਸਲ, ਧੀਰਜ ਜਨਕ, ਧੀਰਜ ਜਨਾਬ, ਸੂਦ, ਰਾਕੇਸ਼ ਪਾਸੀ, ਗੁਨੀਤ ਖੇੜਾ, ਅਜੇ ਜੈਨ, ਰਵਿੰਦਰ ਸਿੰਘ ਵਾਲੀਆ, ਤੇਜਿੰਦਰ ਮਿਗਲਾਨੀ, ਵਰੁਣ ਦੱਤ ਨੇ ਸੇਵਾ ਕੰਮਾਂ ਦਾ ਜਾਇਜ਼ਾ ਲਿਆ ।

ਸੰਸਦ ਮੈਂਬਰ ਨਰੇਸ਼ ਬਾਂਸਲ ਅਤੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਮੱਥਾ ਟੇਕਿਆ ਅਤੇ ਅਸ਼ੀਰਵਾਦ ਲਿਆ। ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਅਤੇ ਉਤਰਾਖੰਡ ਭਾਜਪਾ ਸੰਸਦ ਮੈਂਬਰ ਨਰੇਸ਼ ਬਾਂਸਲ ਨੇ ਮਾਂ ਬਗਲਾਮੁਖੀ ਧਾਮ ਦਾ ਦੌਰਾ ਕੀਤਾ ਅਤੇ 243 ਘੰਟੇ ਚੱਲੇ ਨਿਰੰਤਰ ਯੱਗ ਵਿੱਚ ਭੇਟ ਚੜ੍ਹਾਈ। ਖੰਨਾ ਅਤੇ ਬਾਂਸਲ ਨੇ 243 ਘੰਟੇ ਚੱਲੇ ਨਿਰੰਤਰ ਯੱਗ ਵਿੱਚ ਆਪਣੀ ਸ਼ਮੂਲੀਅਤ ਨੂੰ ਇੱਕ ਸਨਮਾਨ ਦੱਸਿਆ, ਇਹ ਕਹਿੰਦੇ ਹੋਏ ਕਿ ਮਹੰਤ ਪ੍ਰਵੀਨ ਚੌਧਰੀ ਨੂੰ ਮਾਂ ਬਗਲਾਮੁਖੀ ਦਾ ਅਸ਼ੀਰਵਾਦ ਪ੍ਰਾਪਤ ਹੈ।

# 'ਰਿਸ਼ਤਿਆਂ ਦਾ ਸਤਿਕਾਰ' ਵਿਸ਼ੇ 'ਤੇ ਵਿਚਾਰ ਗੋਸ਼ਟੀ 22 ਨੂੰ

ਲੁਧਿਆਣਾ, 16 ਫਰਵਰੀ (ਰਵਿੰਦਰ ਸਿੰਘ ਨਿੱਝਰ): ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਸੂਬਾ ਪ੍ਰਧਾਨ ਕਰਨੈਲ ਸਿੰਘ ਗਿੱਲ ਅਤੇ ਗੁਰਨਾਮ ਸਿੰਘ ਕਲੇਰ ਨੇ ਦੱਸਿਆ ਕਿ 19 ਫਰਵਰੀ ਨੂੰ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਵਿਖੇ ਸ਼ਾਮ 3 ਵਜੇ ਤੋਂ 5 ਵਜੇ ਤੱਕ ਰਿਸ਼ਤਿਆਂ ਦਾ ਸਤਿਕਾਰ ਵਿਸ਼ੇ 'ਤੇ ਵਿਚਾਰ ਗੋਸ਼ਟੀ ਹੋਵੇਗੀ ਜਿਸ ਵਿੱਚ ਮੁੱਖ ਤੌਰ 'ਤੇ ਪ੍ਰੋ. ਗੁਰਭਜਨ ਗਿੱਲ, ਤ੍ਰਿਲੋਚਨ ਲੋਚੀ, ਪ੍ਰਵਾਸੀ ਮੀਡੀਏ ਤੋਂ ਗੁਰਜਤਿੰਦਰ ਸਿੰਘ ਰੰਧਾਵਾ, ਪ੍ਰਿੰਸੀਪਲ ਲਖਵੰਤ ਕੌਰ, ਪ੍ਰਿੰਸੀਪਲ ਬਲਦੇਵ ਬਾਵਾ, ਉੱਘੇ ਕਵੀ ਅਮਰੀਕ ਸਿੰਘ ਤਲਵੰਡੀ, ਡਾ. ਨੀਲਮ ਖੋਸਲਾ, ਡਾ. ਐਚ.ਐੱਸ ਧਾਲੀਵਾਲ ਸ਼ਾਮਿਲ ਹੋਣਗੇ ਜਦਕਿ ਬਾਬਾ ਬੰਦਾ ਸਿੰਘ ਬਹਾਦਰ ਚੈਰੀਟੇਬਲ ਟਰੱਸਟ ਦੇ ਟਰੱਸਟੀ ਹਰਬੰਤ ਸਿੰਘ ਦਿਓਲ ਅਤੇ ਬਿੰਦਰ ਗਰੇਵਾਲ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਣਗੇ। ਜਗਜੀਵਨ ਸਿੰਘ ਗਰੀਬ ਨੇ ਦੱਸਿਆ ਕਿ 22 ਫਰਵਰੀ ਐਤਵਾਰ ਨੂੰ ਸਵੇਰੇ 10 ਵਜੇ ਰਕਬਾ ਭਵਨ ਵਿਖੇ ਮੁਫਤ ਮੈਡੀਕਲ ਚੈੱਕਅਪ ਕੈਂਪ 2 ਵਜੇ ਤੱਕ ਲਗਾਇਆ ਜਾਵੇਗਾ ਜਿਸ ਵਿੱਚ ਬੀ.ਪੀ ਚੈੱਕਅਪ, ਸ਼ੂਗਰ, ਹਾਰਟ ਦੀ ਈ.ਸੀ.ਜੀ ਵੀ ਫਰੀ ਹੋਵੇਗੀ ਅਤੇ ਦਵਾਈਆਂ ਵੀ ਮਨਜੀਤ ਕੌਰ ਸਰੋਏ (ਲੈਬ) ਵੱਲੋਂ ਮੁਫਤ ਦਿੱਤੀਆਂ ਜਾਣਗੀਆਂ।




## ‘ਪੋਸ਼ਣ ਦੀ ਪੜ੍ਹਾਈ’ ਤਹਿਤ ਆਂਗਨਵਾੜੀ ਵਰਕਰਾਂ ਦੀ ਕਰਵਾਈ ਟ੍ਰੇਨਿੰਗ



ਅੰਮ੍ਰਿਤਸਰ, 16 ਫਰਵਰੀ (ਗੁਰਦਿਆਲ ਸਿੰਘ) : ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਅਧੀਨ ਸਕਸ਼ਮ ਆਂਗਨਵਾੜੀ ਅਤੇ ਪੋਸ਼ਣ ਵੀ, ਪੜ੍ਹਾਈ ਵੀ, ਮੁਹਿੰਮ ਦੇ ਅਧੀਨ ਆਂਗਨਵਾੜੀ ਵਰਕਰਾਂ ਦੀ ਤੀਸਰੇ ਬੈਚ ਮਜੀਠੇ ਦੀ 13, 14 ਅਤੇ 16 ਫਰਵਰੀ ਤੱਕ ਟ੍ਰੇਨਿੰਗ ਕਰਵਾਈ ਗਈ। ਇਹ ਟ੍ਰੇਨਿੰਗ ਸਰਕਾਰੀ ਸਕੂਲ ਗਹਿਰੀ ਮੰਡੀ (ਜੰਡਿਆਲਾ) ਅੰਮ੍ਰਿਤਸਰ ਵਿੱਚ ਕਾਰਵਾਈ ਗਈ। ਇਸ ਟ੍ਰੇਨਿੰਗ ਦੌਰਾਨ ਆਂਗਨਵਾੜੀ ਵਰਕਰਾਂ ਨੂੰ ਬੱਚਿਆਂ ਦੇ ਸਮੁੱਚੀ ਵਿਕਾਸ ਪ੍ਰਕਿਰਿਆ (03 ਸਾਲ) ਨੂੰ ਵਿਸਥਾਰ ਵਿਚ ਟ੍ਰੇਨਿੰਗ ਦਿੱਤੀ ਗਈ। ਜਿਲ੍ਹਾ ਪ੍ਰੋਗਰਾਮ ਅਫ਼ਸਰ ਸ਼੍ਰੀ ਗੁਰਮੀਤ ਸਿੰਘ ਨੇ ਇਸ ਮੌਕੇ ’ਤੇ ਕਿਹਾ ਕਿ ਇਹ ਟ੍ਰੇਨਿੰਗ ਲੈਣ ਨਾਲ ਆਂਗਨਵਾੜੀ ਵਰਕਰਾਂ ਦੀ ਸਮਰੱਥਾ ਵਧਾਉਣ ਦੇ ਨਾਲ – ਨਾਲ ਬੱਚਿਆਂ ਦੀ ਸਿਹਤ ਅਤੇ ਸਿੱਖਿਆ ਦੋਵਾਂ ਵਿਚ ਵੀ ਸੁਧਾਰ ਆਵੇਗਾ।ਇਸ ਟ੍ਰੇਨਿੰਗ ਵਿੱਚ ਆਂਗਨਵਾੜੀ ਵਰਕਰਾਂ ਨੂੰ 3 ਤੋਂ 6 ਸਾਲ ਦੇ ਬੱਚਿਆਂ ਨੂੰ ਭਾਸ਼ਾ ਵਿਕਾਸ, ਬੌਧਿਕ ਵਿਕਾਸ, ਰਚਨਾਤਮਕ ਵਿਕਾਸ, ਸਰੀਰਕ ਵਿਕਾਸ ਅਤੇ ਸੱਭਿਆਚਾਰਕ ਵਿਕਾਸ ਨਾਲ ਸੰਬੰਧਿਤ ਵੱਖ – ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।ਇਸ ਮੌਕੇ ਤੇ ਜਿਲ੍ਹਾ ਪ੍ਰੋਗਰਾਮ ਅਫ਼ਸਰ ਸ਼੍ਰੀ ਗੁਰਮੀਤ ਸਿੰਘ,ਸੀਡੀਪੀਓ ਸ਼੍ਰੀ ਜਸਪ੍ਰੀਤ ਸਿੰਘ, ਬਲਾਕ ਕੋਆਰਡੀਨੇਟਰ, ਸੁਜਾਤਾ। ਕੋਆਰਡੀਨੇਟਰ, ਗੁਰਪ੍ਰੀਤ ਕੌਰ, ਹਰਪ੍ਰੀਤ ਕੌਰ ਅਤੇ ਆਂਗਨਵਾੜੀ ਵਰਕਰ ਹਾਜ਼ਰ ਸਨ।

## ਖ਼ਾਲਸਾ ਯੂਨੀਵਰਸਿਟੀ ਨੇ ਫ਼ੋਟੋਗ੍ਰਾਫੀ ਵਰਕਸ਼ਾਪ ਕਰਵਾਈ



ਅੰਮ੍ਰਿਤਸਰ, 16 ਫਰਵਰੀ( ਬਬਲੂ ਮਹਾਜਨ ): ਖਾਲਸਾ ਯੂਨੀਵਰਸਿਟੀ ਦੇ ਸਹਿਯੋਗ ਨਾਲ ਖਾਲਸਾ ਕਾਲਜ ਵਿਖੇ ‘ਬੇਸਿਸ ਆਫ ਸਟੋਰੀਟੇਲਿੰਗ ਥਰੂਅ ਸਿਨੇਮੈਟੋਗ੍ਰਾਫੀ’ ਵਿਸ਼ੇ ’ਤੇ ਫੂਜੀਫਿਲਮ ਵੱਲੋਂ ਸੰਸਥਾਗਤ ਫੋਟੋਗ੍ਰਾਫੀ ਵਰਕਸ਼ਾਪ ਕਰਵਾਈ ਗਈ।ਜਿਸ ’ਚ ਨਾਰਥ ਇੰਡੀਆ, ਫੂਜੀਫਿਲਮ ਟੈਕਨੀਕਲ ਇਵੈਂਜਲਿਸਟ ਸ੍ਰੀ ਅਭਿਮਨਯੂ ਪਾਂਡੇ, ਅੱਪਰ ਨਾਰਥ ਸੇਲਜ਼ ਮੈਨੇਜਰ ਸ੍ਰੀ ਅਮਿਤ ਅਤੇ ਰੀਜਨਲ ਸੇਲਜ਼ ਅਫ਼ਸਰ ਸ੍ਰੀ ਹਰਕੀਰਤ ਨੇ ਸ਼ਿਰਕਤ ਕੀਤੀ।ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਨੂੰ ਫੋਟੋਗ੍ਰਾਫੀ ਦੀ ਕਲਾ ਅਤੇ ਤਕਨੀਕ ਸਬੰਧੀ ਵਿਹਾਰਕ ਜਾਣਕਾਰੀ ਦੇਣਾ ਅਤੇ ਵਿਜ਼ੂਅਲ ਸਟੋਰੀਟੈਲਿੰਗ ਦੀ ਸਮਝ ਨੂੰ ਮਜ਼ਬੂਤ ਕਰਨਾ ਸੀ।ਇਸ ਮੌਕੇ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਫੂਜੀਫਿਲਮ ਟੀਮ ਦਾ ਸਵਾਗਤ ਕਰਨ ਉਪਰੰਤ ਆਧੁਨਿਕ ਮੀਡੀਆ ’ਚ ਫੋਟੋਗ੍ਰਾਫੀ ਅਤੇ ਸਿਨੇਮਾਟੋਗ੍ਰਾਫੀ ਦੀ ਅਹਿਮੀਅਤ ਉਜਾਗਰ ਕਰਦੇ ਹੋਏ ਉਦਯੋਗ ਅਤੇ ਅਕਾਦਮਿਕ ਸੰਸਥਾਵਾਂ ਦੇ ਸਹਿਯੋਗ ਨੂੰ ਵਿਦਿਆਰਥੀਆਂ ਦੇ ਪੇਸ਼ਾਵਰ ਹੁਨਰ ਵਿਕਾਸ ਲਈ ਮਹੱਤਵਪੂਰਨ ਦੱਸਿਆ।ਇਸ ਮੌਕੇ ਸ੍ਰੀ ਪਾਂਡੇ ਨੇ ਬਹੁਤ ਹੀ ➡ਚਿਕਰ ਅਤੇ ਜਾਣਕਾਰੀ ਭਰਪੂਰ ਸੈਸ਼ਨ ਦੌਰਾਨ ਫੋਟੋਗ੍ਰਾਫੀ ਦੇ ਮੂਲ ਸਿਧਾਂਤ, ਕੈਮਰਾ ਤਕਨੀਕਾਂ, ਕੰਪੋਜ਼ੀਸ਼ਨ ਅਤੇ ਸਿਨੇਮਾਟੋਗ੍ਰਾਫੀ ਰਾਹੀਂ ਵਿਜ਼ੂਅਲ ਸਟੋਰੀਟੈਲਿੰਗ ਦੇ ਸੰਕਲਪ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ।ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰਯੋਗਾਤਮਕ ਅਨੁਭਵ ਦੇਣ ਲਈ ਉਨ੍ਹਾਂ ਨੂੰ ਸਮੂਹਾਂ ’ਚ ਵੰਡ ਕੇ ਚਰਚਿਤ ਸੰਕਲਪਾਂ ਅਧਾਰਿਤ ਫੋਟੋਗ੍ਰਾਫੀ ਅਸਾਈਨਮੈਂਟ ਦਿੱਤਾ ਗਿਆ।ਇਸ ਸੈਸ਼ਨ ਦੇ ਦੂਜੇ ਪੜ੍ਹਾਅ ਦੌਰਾਨ ’ਵਰਸਿਟੀ ਦੇ ਕਾਮਰਸ ਵਿਭਾਗ ਦੀ ਮੁਖੀ ਅਤੇ ਡੀਨ ਡਾ. ਰਿਤੂ ਧਵਨ ਨੇ ਵਰਕਸ਼ਾਪ ’ਚ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਦੋਹਾਂ ਸੰਸਥਾਵਾਂ ਅਤੇ ਉਦਯੋਗ ਮਾਹਿਰਾਂ ਦੇ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਫੂਜੀਫਿਲਮ ਟੀਮ ਵੱਲੋਂ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਵਿਭਾਗ ਦੀ ਮੁਖੀ ਡਾ. ਸਾਨੀਆ ਮਰਵਾਹਾ ਦੀ ਹਾਜ਼ਰੀ ’ਚ ਡਾ. ਧਵਨ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਫੋਟੋਗ੍ਰਾਫੀ ਅਸਾਈਨਮੈਂਟਾਂ ਦੀ ਮੁਲਾਂਕਣ ਤੋਂ ਬਾਅਦ ਸਰਵੋਤਮ ਤਸਵੀਰਾਂ ਦੀ ਚੋਣ ਕੀਤੀ ਗਈ, ਜਿਸ ’ਚ ਪਹਿਲਾ ਸਥਾਨ ਮਨਪ੍ਰੀਤ (ਬੀ.ਏ. ਐਨੀਮੇਸ਼ਨ, ਚੌਥਾ ਸਮੈਸਟਰ, ਖਾਲਸਾ ਕਾਲਜ), ਦੂਜਾ ਸਥਾਨ ਸਾਹਿਲ (ਬੀ.ਏ. ਜੇ.ਐਮ.ਸੀ., ਦੂਜਾ ਸਮੈਸਟਰ, ਖਾਲਸਾ ਯੂਨੀਵਰਸਿਟੀ) ਅਤੇ ਤੀਜਾ ਸਥਾਨ ਜਸ਼ਨ (ਬੀ.ਏ. ਜੇ.ਐਮ.ਸੀ., ਦੂਜਾ ਸਮੈਸਟਰ, ਖਾਲਸਾ ਕਾਲਜ) ਨੇ ਪ੍ਰਾਪਤ ਕੀਤਾ। ਇਸ ਤੋਂ ਪਹਿਲਾਂ ਡਾ. ਮਰਵਾਹਾ ਦੇ ਸਵਾਗਤੀ ਸੰਬੋਧਨ ’ਚ ਵਿਦਿਆਰਥੀਆਂ ਨੂੰ ਫੋਟੋਗ੍ਰਾਫੀ ਨੂੰ ਰਚਨਾਤਮਕ ਅਭਿਵਿਅਕਤੀ ਅਤੇ ਸੰਚਾਰ ਦਾ ਪ੍ਰਭਾਵਸ਼ਾਲੀ ਮਾਧਿਅਮ ਵਜੋਂ ਅਪਨਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਅੱਜ ਦੇ ਡਿਜ਼ੀਟਲ ਅਤੇ ਮੀਡੀਆ ਕੇਂਦਰਿਤ ਯੁੱਗ ’ਚ ਵਿਜ਼ੂਅਲ ਸਟੋਰੀਟੈਲਿੰਗ ਦੀ ਵੱਧ ਰਹੀ ਮਹੱਤਤਾ ’ਤੇ ਵੀ ਜ਼ੋਰ ਦਿੱਤਾ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਵੱਲੋਂ ਸ੍ਰੀ ਪਾਂਡੇ, ਸ੍ਰੀ ਅਮਿਤ ਅਤੇ ਸ੍ਰੀ ਹਰਕੀਰਤ ਫੂਜੀਫਿਲਮ ਦੇ ਪ੍ਰਤੀਨਿਧੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਵਰਕਸ਼ਾਪ ’ਚ ਡਾ. ਰਿਤੂ ਧਵਨ, ਡਾ.ਮਰਵਾਹਾ ਨੇ ਫੂਜੀਫਿਲਮ ਟੀਮ ਨਾਲ ਮਿਲ ਕੇ ਜੇਤੂਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਨਾਲ ਹੀ ਸਮੂਹ ਵਿਦਿਆਰਥੀਆਂ ਨੂੰ ਭਾਗੀਦਾਰੀ ਪ੍ਰਮਾਣ-ਪੱਤਰ ਵੀ ਪ੍ਰਦਾਨ ਕੀਤੇ ਗਏ।ਡਾ. ਧਵਨ ਨੇ ਕਿਹਾ ਕਿ ਉਕਤ ਵਰਕਸ਼ਾਪ ਨੇ ਵਿਦਿਆਰਥੀਆਂ ਨੂੰ ਵਿਹਾਰਕ ਗਿਆਨ ਅਤੇ ਉਦਯੋਗਿਕ ਸਮਝ ਪ੍ਰਦਾਨ ਕੀਤੀ, ਜੋ ਉਨ੍ਹਾਂ ਦੀ ਅਕਾਦਮਿਕ ਉੱਨਤੀ ਅਤੇ ਮੀਡੀਆ ਤੇ ਵਿਜ਼ੂਅਲ ਕਮਿਊਨੀਕੇਸ਼ਨ ਖੇਤਰ ’ਚ ਭਵਿੱਖੀ ਕਰੀਅਰ ਲਈ ਲਾਭਦਾਇਕ ਸਾਬਤ ਹੋਵੇਗੀ।

## ਕੈਬਨਿਟ ਮੰਤਰੀ ਈ.ਟੀ.ਓ ਵੱਡਾ ਜੱਥਾ ਲੈ ਕੇ ਮੋਗੇ ਰੈਲੀ ’ਚ ਹੋਏ ਰਵਾਨਾ

ਅੰਮ੍ਰਿਤਸਰ, 16 ਫਰਵਰੀ (ਗੁਰਦਿਆਲ ਸਿੰਘ) :ਯੁੱਧ ਨਸ਼ਿਆਂ ਵਿਰੁੱਧ ਰੈਲੀ ਅੱਜ ਮੌਕੇ ਮੋਗਾ ਵਿਖੇ ਹੋ ਰਹੀ ਹੈ ਜਿਸ ਵਿੱਚ ਸ਼ਾਮਲ ਹੋਣ ਲਈ ਅੱਜ ਹਲਕਾ ਜੰਡਿਆਲਾ ਗੁਰੂ ਤੋਂ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਦੀ ਯੋਗ ਅਗਵਾਈ ਹੇਠ ਆਮ ਆਦਮੀ ਪਾਰਟੀ ਵਰਕਰਾਂ ਦਾ ਭਾਰੀ ਇਕੱਠ ਅੱਜ ਰਵਾਨਾ ਕੀਤਾ ਗਿਆ।ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਿਲਾਫ਼ ਛੇੜੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ 2.0 ਦੇ ਤਹਿਤ ਲੋਕ ਨਿਰਮਾਣ ਮੰਤਰੀ ਪੰਜਾਬ ਅਤੇ ਹਲਕਾ ਜੰਡਿਆਲਾ ਗੁਰੂ ਵਿਧਾਇਕ ਸ. ਹਰਭਜਨ ਸਿੰਘ ਈਟੀਓ ਦੀ ਯੋਗ ਅਤੇ ਦੂਰਦਰਸ਼ੀ ਅਗਵਾਈ ਹੇਠ ਮੋਗਾ ਵਿਖੇ ਇੱਕ ਵਿਸ਼ਾਲ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਮਹੱਤਵਪੂਰਨ ਰੈਲੀ ਵਿੱਚ ਸ਼ਾਮਿਲ ਹੋਣ ਲਈ ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਦੇ ਵਰਕਰਾਂ ਦਾ ਭਾਰੀ ਇਕੱਠ ਅੱਜ ਸਵੇਰੇ ਰਵਾਨਾ ਕੀਤਾ ਗਿਆ।ਵਰਕਰਾਂ ਵਿੱਚ ਨਸ਼ਿਆਂ ਵਿਰੁੱਧ ਲੜਾਈ ਲਈ ਖ਼ਾਸ ਉਤਸ਼ਾਹ ਅਤੇ ਜਜ਼ਬਾ ਵੇਖਣ ਨੂੰ ਮਿਲਿਆ। ਰਵਾਨਗੀ ਸਮੇਂ ਨਾਅਰਿਆਂ ਰਾਹੀਂ ਨਸ਼ਾ-ਮੁਕਤ ਪੰਜਾਬ ਬਣਾਉਣ ਦਾ ਪੱਕਾ ਸੰਕਲਪ ਦੁਹਰਾਇਆ ਗਿਆ।ਰੈਲੀ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਘਾਤਕ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ, ਸਮਾਜ ਵਿੱਚ ਸਕਾਰਾਤਮਕ ਸੋਚ ਨੂੰ ਉਤਸ਼ਾਹਿਤ ਕਰਨਾ ਅਤੇ ਨਸ਼ਾ ਤਸਕਰੀ ਵਿਰੁੱਧ ਸਖ਼ਤ ਕਾਰਵਾਈ ਲਈ ਸਰਕਾਰ ਦੇ ਇਰਾਦਿਆਂ ਨੂੰ ਮਜ਼ਬੂਤ ਕਰਨਾ ਸੀ। ਇਸ ਮੌਕੇ ਪਾਰਟੀ ਵਰਕਰਾਂ ਨੇ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਨਸ਼ਿਆਂ ਦੇ ਖ਼ਾਤਮੇ ਲਈ ਜ਼ਮੀਨੀ ਪੱਧਰ ’ਤੇ ਲਗਾਤਾਰ ਕੰਮ ਕਰ ਰਹੀ ਹੈ।ਸ.ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਪੰਜਾਬੀ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨਸ਼ਾ-ਮੁਕਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਿਸੇ ਵੀ ਨਸ਼ਾ ਤਸਕਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਹਲਕਾ ਜੰਡਿਆਲਾ ਗੁਰੂ ਤੋਂ ਰਵਾਨਾ ਹੋਏ ਵਰਕਰਾਂ ਨੇ ਮੋਗਾ ਪਹੁੰਚ ਕੇ ਰੈਲੀ ਵਿੱਚ ਜੋਸ਼-ਖ਼ਰੋਸ਼ ਨਾਲ ਸ਼ਮੂਲੀਅਤ ਕੀਤੀ ਅਤੇ ਨਸ਼ਿਆਂ ਵਿਰੁੱਧ ਇਸ ਇਤਿਹਾਸਕ ਮੁਹਿੰਮ ਨੂੰ ਮਜ਼ਬੂਤੀ ਪ੍ਰਦਾਨ ਕੀਤੀ।

## ਆਰਟੀਫਿਸ਼ਅਲ ਇੰਟੈਲੀਜੈਂਸ ਅਤੇ ਭਾਸ਼ਾ ਨਾਲ ਸੰਬੰਧਿਤ ਇੱਕ ਰੋਜ਼ਾ ਸੈਮੀਨਾਰ ਕਰਵਾਇਆ



ਅੰਮ੍ਰਿਤਸਰ, 16 ਫਰਵਰੀ (ਗੁਰਦਿਆਲ ਸਿੰਘ ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਦੇਸ਼ੀ ਭਾਸ਼ਾਵਾਂ ਵਿਭਾਗ ਨੇ ਗੋਲਡਨ ਜੁਬਲੀ ਸੈਂਟਰ ਫਾਰ ਐਂਟਰਪ੍ਰੀਨਿਊਰਸ਼ਿਪ ਐਂਡ ਇਨੋਵੇਸ਼ਨ ਨਾਲ ਮਿਲ ਕੇ ਰਾਸ਼ਟਰੀ ਵਰਕਸ਼ਾਪ ‘ਆਰਟੀਫਿਸ਼ੀਅਲ ਇੰਟੈਲੀਜੈਂਸ ਫਾਰ ਫ੍ਰੈਂਕੋਫੋਨ ਫਿਊਚਰਜ਼’ ਸਫਲਤਾਪੂਰਵਕ ਆਯੋਜਿਤ ਕੀਤੀ।ਇਸ ਵਰਕਸ਼ਾਪ ਵਿਚ ਵਿਦਿਆਰਥੀਆਂ, ਅਧਿਆਪਕਾਂ, ਖੋਜੀਆਂ ਤੇ ਭਾਸ਼ਾ ਪੇਸ਼ੇਵਰਾਂ ਨੇ ਹਿੱਸਾ ਲਿਆ। ਇਸ ਨੇ ਫ੍ਰੈਂਚ ਭਾਸ਼ਾ ਸਿੱਖਿਆ, ਖੋਜ, ਉੱਦਮੀਤਾ ਤੇ ਨੌਕਰੀਆਂ ਦੇ ਭਵਿੱਖ ਵਿਚ ਆਰਟੀਫਿਸ਼ੀਅਲ ਇੰਟੈਲੀਜੈਂਸ (ਏ.ਆਈ.) ਦੀ ਤਬਦੀਲੀ ਭਰੀ ਭੂਮਿਕਾ ਬਾਰੇ ਚਰਚਾ ਕੀਤੀ। ਵਾਈਸ ਚਾਂਸਲਰ ਪ੍ਰੋ.(ਡਾ.) ਕਰਮਜੀਤ ਸਿੰਘ ਦੀ ਯੋਗ ਅਗਵਾਈ ਹੇਠ ਕਰਵਾਈ ਗਈ ਇਸ ਵਰਕਸ਼ਾਪ ਦਾ ਆਯੋਜਨ ਪ੍ਰੋ.(ਡਾ.) ਸੁਨੀਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਫ੍ਰੈਂਚ ਅਸਿਸਟੈਂਟ ਪ੍ਰੋਫੈਸਰ ਸੁਨੈਨਾ ਨੇ ਕੋਆਰਡੀਨੇਟ ਕੀਤਾ। ਜੀ.ਜੇ.ਸੀ.ਈ.ਆਈ. ਕੋਆਰਡੀਨੇਟਰ ਪ੍ਰੋ. ਡਾ. ਬਲਵਿੰਦਰ ਸਿੰਘ ਤੇ ਡਿਪਟੀ ਕੋਆਰਡੀਨੇਟਰ ਡਾ. ਅਪਰਨਾ ਭਾਟੀਆ ਦਾ ਇਸ ਵਿੱਚ ਭਰਪੂਰ ਸਹਿਯੋਗ ਸ਼ਾਮਿਲ ਸੀ।ਮੁੱਖ ਵਕਤਾ ਡਾ. ਅਰੁਣਕੁਮਾਰ ਸੰਤਲਿੰਗਮ, ਡਾਇਰੈਕਟਰ, ਇੰਟਰਨੈਸ਼ਨਲ ਫ੍ਰੈਂਕੋਫੋਨ ਇੰਸਟੀਚਿਊਟ ਫਾਰ ਆਰਟੀਫਿਸ਼ੀਅਲ ਇੰਟੈਲਿਜੈਂਸ (ਆਈ.ਐੱਫ.ਰਾਈ.ਐੱਨ.ਏ.) ਨੇ ਫ੍ਰੈਂਕੋਫੋਨ ਸੰਦਰਭ ਵਿਚ ਏ.ਆਈ. ਦੀਆਂ ਅਤਿ-ਆਧੁਨਿਕ ਵਰਤੋਂ ਬਾਰੇ ਦੱਸਿਆ। ਉਹਨਾਂ ਆਪਣੇ ਭਾਸ਼ਣ ਵਿੱਚ ਭਾਸ਼ਾ ਸੁਧਾਰ ਲਈ ਮੁੱਢਲੇ ਏ.ਆਈ. ਟੂਲਸ ਦੀ ਜਾਣ-ਪਛਾਣ, ਫਲੂਐਂਸੀ ਤੇ ਕ੍ਰਿਏਟਿਵਿਟੀ ਵਧਾਉਣ ਲਈ ਪ੍ਰੌਂਪਟਿੰਗ ਰਣਨੀਤੀਆਂ, ਫ੍ਰੈਂਕੋਫੋਨ ਵਿਦਿਆਰਥੀਆਂ ਲਈ ਏ.ਆਈ. ਨਾਲ ਕਰੀਅਰ ਰੋਡਮੈਪ, ਅਕਾਦਮਿਕ ਤੇ ਪੇਸ਼ੇਵਰ ਖੇਤਰ ਵਿਚ ਏ.ਆਈ. ਦੀ ਨੈਤਿਕ ਵਰਤੋਂ, ਏ.ਆਈ. ਚਾਲਤ ਭਾਸ਼ਾ ਉਦਯੋਗ ਵਿਚ ਉੱਦਮੀ ਮੌਕਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਭਰਵੀਂ ਹਾਜ਼ਰੀ ਵਿੱਚ ਹੋਈ ਗੰਭੀਰ ਚਰਚਾ ਨੇ ਭਾਸ਼ਾ ਵਿਦਿਆਰਥੀਆਂ ਵਿਚ ਏ.ਆਈ. ਨਾਲ ਜੁੜੇ ਅਕਾਦਮਿਕ ਤੇ ਕਰੀਅਰ ਮਾਰਗਾਂ ਪ੍ਰਤੀ ਵਧਦੀ ਦਿਲਚਸਪੀ ਨੂੰ ਦਰਸਾਇਆ।

## ਗੁਰਦੁਆਰਿਆਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਭਾਈ ਗੁਰਇਕਬਾਲ ਸਿੰਘ ਵੱਲੋਂ ਸਮੀਖਿਆ



ਅੰਮ੍ਰਿਤਸਰ, 16 ਫਰਵਰੀ(ਬਬਲੂ ਮਹਾਜਨ) ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਦੀ ਅਗਵਾਈ ਹੇਠ ਵੱਖ-ਵੱਖ ਗੁਰਦੁਆਰਿਆਂ ਵਿੱਚ ਚੱਲ ਰਹੇ ਕਾਰ ਸੇਵਾ ਦੇ ਕੰਮ ਲਗਾਤਾਰ ਜਾਰੀ ਹਨ। ਇਸ ਤਹਿਤ ਅੱਜ ਗੁਰਦੁਆਰਾ ਟੋਭਾ ਭਾਈ ਸਾਲ੍ਹੋ ਜੀ ਵਿਖੇ ਦਰਬਾਰ ਨੂੰ ਖੁੱਲ੍ਹਾ ਕਰਨ ਅਤੇ ਕੰਪਲੈਕਸ ਦੇ ਵਿਸਥਾਰ ਸਬੰਧੀ ਚੱਲ ਰਹੇ ਵਿਕਾਸ ਕਾਰਜਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਹਰਿਮੰਦਰ ਸਾਹਿਬ ਦੇ ਮੈਨੇਜਰ ਬਿਕਰਮ ਸਿੰਘ ਜੈ ਸਿੰਘ ਅਤੇ ਮਨਦੀਪ ਸਿੰਘ ਭੋਲੂ ਵੀ ਹਾਜ਼ਰ ਸਨ।ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰਦੁਆਰਾ ਟੋਭਾ ਭਾਈ ਸਾਲ੍ਹੋ ਜੀ ਕੰਪਲੈਕਸ ਨੂੰ ਵੱਡਾ ਕਰਨ ਲਈ ਨਾਲ ਲੱਗਦੀਆਂ ਇਮਾਰਤਾਂ ਨੂੰ ਖਰੀਦਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ਾਂ-ਵਿਦੇਸ਼ਾਂ ਤੋਂ ਆਉਣ ਵਾਲੀ ਸੰਗਤ ਨੂੰ ਵਧੀਆ ਸੁਵਿਧਾਵਾਂ ਪ੍ਰਦਾਨ ਕਰਨ ਲਈ ਲੰਗਰ ਹਾਲ, ਪਾਰਕਿੰਗ, ਬਾਥਰੂਮ ਅਤੇ ਹੋਰ ਜ਼ਰੂਰੀ ਢਾਂਚਾਗਤ ਸੁਵਿਧਾਵਾਂ ਦਾ ਵਿਸਥਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਹੋਰ ਦੱਸਿਆ ਕਿ ਬੀਬੀ ਕੌਲਾਂ ਜੀ ਭਲਾਈ ਕੇਂਦਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਈ ਇਤਿਹਾਸਕ ਗੁਰਦੁਆਰਿਆਂ ਵਿੱਚ ਵੀ ਸੇਵਾ ਕਾਰਜ ਜਾਰੀ ਹਨ। ਇਨ੍ਹਾਂ ਵਿੱਚ ਗੁਰਦੁਆਰਾ ਬਿਬੇਕਸਰ ਸਾਹਿਬ, ਗੁਰਦੁਆਰਾ ਸ੍ਰੀ ਲੋਹਗੜ੍ਹ ਸਾਹਿਬ, ਗੁਰਦੁਆਰਾ ਟੋਭਾ ਭਾਈ ਸਾਲ੍ਹੋ ਜੀ, ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦਾਂ ਸਾਹਿਬ, ਗੁਰਦੁਆਰਾ ਟਾਹਲਾ ਸਾਹਿਬ, ਗੁਰਦੁਆਰਾ ਪਹੂਵਿੰਡ ਸਾਹਿਬ (ਜਨਮ ਸਥਾਨ ਬਾਬਾ ਦੀਪ ਸਿੰਘ ਜੀ), ਗੁਰਦੁਆਰਾ ਜਨਮ ਸਥਾਨ ਭਾਈ ਤਾਰੂ ਸਿੰਘ ਜੀ ਪਿੰਡ ਪੂਲਾ, ਬਾਬਾ ਨੌਧ ਸਿੰਘ ਜੀ ਸਮਾਧ ਅਤੇ ਗੁਰਦੁਆਰਾ ਕੌਲਸਰ ਸਾਹਿਬ ਸ਼ਾਮਲ ਹਨ।ਭਾਈ ਸਾਹਿਬ ਨੇ ਕਿਹਾ ਕਿ ਇਨ੍ਹਾਂ ਸਥਾਨਾਂ ‘ਤੇ ਚੱਲ ਰਹੇ ਕਾਰ ਸੇਵਾ ਦੇ ਕਾਰਜ ਸੰਗਤ ਦੇ ਸਹਿਯੋਗ ਨਾਲ ਹੀ ਸੰਭਵ ਹੋ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵਿਕਾਸ ਪ੍ਰੋਜੈਕਟ ਵੀ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰਦੁਆਰਾ ਸਾਹਿਬਾਨ ਦੀ ਸੰਭਾਲ ਅਤੇ ਵਿਕਾਸ ਲਈ ਆਪਣਾ ਯੋਗਦਾਨ ਜਾਰੀ ਰੱਖਣ।ਇਸ ਮੌਕੇ ਸਤਨਾਮ ਸਿੰਘ ਸੱਤਾ, ਚਮਕੌਰ ਸਿੰਘ, ਰਵਿੰਦਰ ਸਿੰਘ ਬੰਟੀ ਜਤਿੰਦਰ ਸਿੰਘ ਅਤੇ ਸੁਖਦੇਵ ਸਿੰਘ ਇੰਜੀਨੀਅਰ ਵੀ ਮੌਜੂਦ ਸਨ।

## ਗਿਆਨੀ ਰਘਬੀਰ ਸਿੰਘ ਅਤੇ ਗ੍ਰੰਥੀ ਗਿਆਨੀ ਰਾਜਦੀਪ ਸਿੰਘ ਨੇ ਨਵੇਂ ਵਿਆਹੇ ਜੋੜੇ ਨੂੰ ਆਸ਼ੀਰਵਾਦ ਦਿੱਤਾ।



ਅੰਮ੍ਰਿਤਸਰ, 16 ਫਰਵਰੀ (ਬਬਲੂ ਮਹਾਜਨ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ੍ਰ. ਗੁਰਿੰਦਰ ਸਿੰਘ ਮਥਰੇਵਾਲ ਦੀ ਬੇਟੀ ਨਵਨੀਤ ਕੌਰ ਦਾ ਵਿਆਹ ਯੋਗਰਾਜ ਸਿੰਘ ਨਾਲ ਖੁਸ਼ੀ-ਖੁਸ਼ੀ ਸੰਪੰਨ ਹੋਇਆ। ਇਸ ਮੰਗਲ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਅਤੇ ਗ੍ਰੰਥੀ ਗਿਆਨੀ ਰਾਜਦੀਪ ਸਿੰਘ ਨੇ ਨਵੇਂ ਵਿਆਹੇ ਜੋੜੇ ਨੂੰ ਆਸ਼ੀਰਵਾਦ ਦਿੱਤਾ। ਸਮਾਗਮ ਦੌਰਾਨ ਗੁਰਬਾਣੀ ਕੀਰਤਨ ਹੋਇਆ ਅਤੇ ਪਰਿਵਾਰ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

## ਪੰਜਾਬ ਹਿਤੈਸ਼ੀ ਲੋਕ ਸੰਸਥਾ ਵੱਲੋਂ ਰਾਜ ਪੱਧਰੀ ਸੈਮੀਨਾਰ



ਗੜ੍ਹਦੀਵਾਲਾ, 16 ਫਰਵਰੀ (ਚ.ਨ.ਸ.) :ਗੌਰਵ ਪੰਜਾਬ ਹਿਤੈਸ਼ੀ ਲੋਕ ਸੰਸਥਾ ਵਲੋਂ ਰਾਜ ਪੱਧਰੀ ਸੈਮੀਨਾਰ ਭੂੰਗਾ ਵਿਖੇ ਤਰਸੇਮ ਸਿੰਘ ਜਲੋਵਾਲ ਦੀ ਪ੍ਰਧਾਨਗੀ ਹੇਠ ਕਰਾਇਆ ਗਿਆ। ਇਸ ਸੈਮੀਨਾਰ ਦਾ ਉਦਘਾਟਨ ਪਰਮਜੀਤ ਸਿੰਘ ਕਾਲੂ ਬਾਹਰ ਅਤੇ ਬਲਰਾਜ ਸੰਘਾ ਆਸਟਰੇਲੀਆ ਵੱਲੋਂ ਕੀਤਾ ਗਿਆ। ਇਸ ਸੈਮੀਨਾਰ ਵਿੱਚ ਮੁੱਖ ਬੁਲਾਰੇ ਵਜੋਂ ਪਹੁੰਚੇ ਸ਼੍ਰੀ ਹਮੀਰ ਸਿੰਘ ਚੰਡੀਗੜ੍ਹ ਵੱਲੋਂ ਪੰਜਾਬ ਨੂੰ ਮੌਜੂਦਾ ਸਮੇਂ ਵਿੱਚ ਦਰਪੇਸ਼ ਚੁਣੌਤੀਆਂ ਜਿਵੇਂ ਕਿ ਹਵਾ ਪਾਣੀ ਦਾ ਪ੍ਰਦੂਸ਼ਨ, ਬੇਰੁਜ਼ਗਾਰੀ ਅਤੇ ਨਸ਼ਿਆਂ ਦੀ ਮਾਰ ਤੇ ਖੁੱਲ ਕਿ ਵਿਚਾਰ ਕਰਦਿਆਂ ਇਹਨਾਂ ਦੇ ਯੋਗ ਹੱਲ ਕਰਨ ਦੇ ਆਮ ਲੋਕਾਂ ਵੱਲੋਂ ਕਰਨ ਵਾਲੇ ਉਪਰਾਲੇ ਬਾਰੇ ਦੱਸਿਆ ਅਤੇ ਨਾਲ ਹੀ ਜ਼ੋਰ ਦੇ ਕੇ ਕਿਹਾ ਕਿ ਪਿੰਡਾਂ ਵਿੱਚ ਗਰਮ ਸੁਭਾਵਾਂ ਕੀਤੀਆਂ ਜਾਣ, ਤਾਂ ਜੋ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਇਸ ਸੈਮੀਨਾਰ ਵਿੱਚ ਮਾਝਾ ਦੁਆਬਾ ਖੇਤਰ ਦੇ ਪਹਿਲ ਸੰਸਥਾ ਦੇ ਅਹੁਦੇਦਾਰ ਨੇ ਵੀ ਆਪਣੇ ਵਿਚਾਰ ਰੱਖੇ ਜਿਨ੍ਹਾਂ ਵਿੱਚ ਹਰਬੰਸ ਸਿੰਘ ਮੱਝਪੁਰ, ਮਾਸਟਰ ਰਾਮ ਕਿਸ਼ਨ ਬੰਗਾ, ਗੁਰਮੁਖ ਸਿੰਘ ਸੋਢੀ, ਜਸਵੀਰ ਸਿੰਘ ,ਪਰਮਾਰ, ਮੈਨੇਜਰ ਫਕੀਰ ਸਿੰਘ ਸਹੋਤਾ, ਚੀਫ ਗੁਰਦੇਵ ਸਿੰਘ, ਪਰਮਜੀਤ ਸਿੰਘ ਢੱਟ, ਤਰਸੇਮ ਸਿੰਘ ਜੱਸੋਵਾਲ ਸੈਮੀਨਾਰ ਦੇ ਅਖੀਰ ਵਿੱਚ ਇਹ ਫੈਸਲਾ ਕੀਤਾ ਗਿਆ ਕਿ ਮਾਰਚ ਮਹੀਨੇ ਦੇ ਸ਼ੁਰੂ ਕਰਕੇ ਸਾਰੇ ਜ਼ਿਲ੍ਹਿਆਂ ਵਿੱਚ ਅਜਿਹੇ ਸੈਮੀਨਾਰ ਕਰਵਾ ਕੇ ਲੋਕਾਂ ਨੂੰ ਨਾਲ ਲੈ ਕੇ ਇਹਨਾਂ ਬੁਰਾਈਆਂ ਦੇ ਵਿਰੁੱਧ ਇੱਕ ਲੋਕ ਲਹਿਰ ਖੜੀ ਕੀਤੀ ਜਾਵੇਗੀ ਅਤੇ ਸੰਸਥਾ ਵੱਲੋਂ ਸੰਤ ਸਮਾਜ ਦੇ ਸਹਿਯੋਗ ਨਾਲ ਪੂਰੇ ਪੰਜਾਬ ਵਿੱਚ 11 ਅਜਿਹੇ ਕੋਚਿੰਗ ਸੈਂਟਰ ਖੋਲੇ ਜਾਣਗੇ ਜਿਨ੍ਹਾਂ ਵਿੱਚ +2 ਪਾਸ ਅਤੇ ਗ੍ਰੈਜੂਏਟ ਪੰਜਾਬੀ ਬੱਚਿਆਂ ਨੂੰ ਮੁਫਤ ਕੋਚਿੰਗ ਦੇ ਕੇ ਸਰਕਾਰੀ ਨੌਕਰੀ ਪ੍ਰਾਪਤ ਕਰਨ ਲਈ ਹੋਣ ਵਾਲੇ ਇਮਤਿਹਾਨਾਂ ਵਿੱਚ ਮੈਰਿਟ ਸੂਚੀ ਵਿੱਚ ਲਿਆਂਦਾ ਜਾਵੇਗਾ। ਸਮਾਗਮ ਦੇ ਅੰਤ ਵਿੱਚ ਸਰਦਾਰ ਹਮੀਰ ਸਿੰਘ ਅਤੇ ਸੰਤ ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜਾ ਸਾਹਿਬ ਵਾਲਿਆਂ ਦਾ ਸੰਸਥਾ ਵੱਲੋਂ ਸਨਮਾਨ ਕੀਤਾ ਗਿਆ॥ ਇਸ ਸਮਾਗਮ ਵਿੱਚ ਪਹਿਲ ਦੇ ਅਹੁਦੇਦਾਰ ਦਵਿੰਦਰ ਸਿੰਘ ਗੇਰਾ, ਦਲਜੀਤ ਸਿੰਘ ਨਵਾਂ ਸ਼ਹਿਰ, ਦਿਲਬਾਗ ਸਿੰਘ, ਕਾਲਾ ਸੰਘਾ, ਅਜੀਤ ਸਿੰਘ, ਮਾਸਟਰ ਰਛਪਾਲ ਸਿੰਘ, ਹੈਡ ਮਾਸਟਰ ਅਵਤਾਰ ਸਿੰਘ, ਸੋਹਣ ਸਿੰਘ, ਅਤੇ ਭਾਰੀ ਗਿਣਤੀ ਵਿੱਚ ਬਾਕੀ ਅਹੁਦੇਦਾਰ ਮੌਜੂਦ ਸਨ।ਸਮਾਗਮ ਦੇ ਅੰਤ ਵਿੱਚ ਸਰਦਾਰ ਹਮੀਰ ਸਿੰਘ ਅਤੇ ਸੰਤ ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜਾ ਸਾਹਿਬ ਵਾਲਿਆਂ ਦਾ ਸੰਸਥਾ ਵੱਲੋਂ ਸਨਮਾਨ ਕੀਤਾ ਗਿਆ। ਇਸ ਸਮਾਗਮ ਵਿੱਚ ਪਹਿਲ ਦੇ ਅਹੁਦੇਦਾਰ ਦਵਿੰਦਰ ਸਿੰਘ ਗੇਰਾ, ਦਲਜੀਤ ਸਿੰਘ ਨਵਾਂ ਸ਼ਹਿਰ, ਦਿਲਬਾਗ ਸਿੰਘ, ਕਾਲਾ ਸੰਘਾ, ਅਜੀਤ ਸਿੰਘ, ਮਾਸਟਰ ਰਛਪਾਲ ਸਿੰਘ, ਹੈੱਡ ਮਾਸਟਰ ਅਵਤਾਰ ਸਿੰਘ, ਸੋਹਣ ਸਿੰਘ, ਅਤੇ ਭਾਰੀ ਗਿਣਤੀ ਵਿੱਚ ਬਾਕੀ ਅਹੁਦੇਦਾਰ ਮੌਜੂਦ ਸਨ।

## ਖੇਡਾਂ ਉਦੋਨੰਗਲ ਦੀਆਂ’ ਦਾ ਇੱਕ ਹੋਰ ਸਾਲ ਯਾਦਗਰੀ ਹੋ ਨਿੱਬੜਿਆ

ਚੌਕ ਮਹਿਤਾ,16 ਫਰਵਰੀ (ਬਲਜਿੰਦਰ ਸਿੰਘ ਰੰਧਾਵਾ):ਪਿੰਡ ਉਦੋਨੰਗਲ ਦਾ ਚਾਰ ਰੋਜ਼ਾ ਖੇਡ ਮੇਲਾ ‘ਖੇਡਾਂ ਉਦੋਨੰਗਲ ਦੀਆਂ’ ਦਾ ਇੱਕ ਹੋਰ ਸਾਲ ਇੱਕ ਵਾਰ ਮੁੜ ਤੋਂ ਵੱਡੀਆਂ ਮੱਲ੍ਹਾਂ ਮਾਰਦੇ ਤੇ ਅਮਿੱਟ ਯਾਦਾਂ ਛੱਡਦੇ ਹੋਏ ਪੂਰੀ ਸ਼ਾਨੋ ਸ਼ੌਕਤ ਨਾਲ ਯਾਦਗਰੀ ਹੋ ਨਿਬੜਿਆ।ਐਨ.ਆਰ.ਆਈ. ਵੀਰਾਂ ਤੇ ਇਲਾਕਾ ਨਿਵਾਸੀਆਂ ਦੇ ਵੱਡੇ ਸਹਿਯੋਗ ਸਦਕਾ ਰੰਧਾਵਾ ਸਪੋਰਟਸ ਐਂਡ ਕਲਚਰਲ ਕਲੱਬ ਉਦੋਨੰਗਲ ਵੱਲੋਂ ਕਰਾਏ ਗਏ ਇਸ ਖੇਡ ਮੇਲੇ ਅੰਦਰ ਹਾਕੀ ਓਪਨ,ਹਾਕੀ ਜੂਨੀਅਰ ਤੇ ਫੁੱਟਬਾਲ ਓਪਨ ਦੇ ਸ਼ਾਨਦਾਰਾਂ ਮੈਚਾਂ ਤੋਂ ਇਲਾਵਾ ਕੱਬਡੀ ਕੱਪ ’ਚ ਨਾਮਵਰ ਕਲੱਬਾਂ ਤੇ ਖਿਡਾਰੀਆਂ ਦੇ ਫਸਵੇਂ ਮੁਕਾਬਲੇ ਦੇਖਣ ਨੂੰ ਮਿਲੇ।ਇਸਦੇ ਨਾਲ ਹੀ ਲੜਕੀਆਂ ਦੀ ਕਬੱਡੀ ਦੇ ਸ਼ੋ-ਮੈਚ ਅਤੇ ਖੁੱਲ੍ਹੇ ਅਖਾੜੇ ਅੰਦਰ ਲੋਕ ਪ੍ਰਸਿੱਧ ਕਲਾਕਾਰ ਜ਼ੀ ਖਾਨ ਤੇ ਗਾਇਕੀ ਸਰਗੀ ਮਾਨ ਨੇ ਆਪਣੀ ਜ਼ੋਰਦਾਰ ਗਾਇਕੀ ਨਾਲ ਹਜ਼ਾਰਾਂ ਦੀ ਗਿਣਤੀ ’ਚ ਪੁੱਜੇ ਦਰਸ਼ਕਾਂ ਦਾ ਦਿਲ ਜਿੱਤ ਲਿਆ ਤੇ ਇਸ ਖੇਡ ਮੇਲੇ ਨੂੰ ਪੂਰੀ ਤਰ੍ਹਾਂ ਸਫਲ ਬਣਾ ਦਿੱਤਾ।ਖੇਡ ਮੇਲੇ ਦੌਰਾਨ ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁ.ਗੁਰੂ ਕੀ ਬੇਰ ਸਾਹਿਬ ਤੋਂ ਇਲਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਧਰਮਪਤਨੀ ਮੈਡਮ ਸੁਹਿੰਦਰ ਕੌਰ ਤੇ ਚੇਅਰਮੈਨ ਰਣਜੀਤ ਸਿੰਘ ਚੀਮਾ ਤਰਨਤਾਰਨ ਨੇ ਸਮੇਂ-ਸਮੇਂ ਵਿਸ਼ੇਸ਼ ਤੌਰ ’ਤੇ ਹਾਜ਼ਰੀ ਭਰੀ ਤੇ ਖਿਡਾਰੀਆਂ ਦੀ ਹੌਸਲਾ ਅਫਜਾਈ ਕੀਤੀ। ਇਸ ਦਿਨ ਹੋਏ ਫਾਈਨਲ ਦੇ ਮੈਚਾਂ ਦੌਰਾਨ ਹਾਕੀ ਓਪਨ ਦੀ ਜੇਤੂ ਟੀਮ ਬੀ.ਐੱਸ.ਐੱਫ ਜਲੰਧਰ ਤੇ ਉਪਜੇਤੂ ਉਦੋਨੰਗਲ ਦੀ ਰਹੀ,ਜਿਨ੍ਹਾਂ ਨੂੰ ਇੱਕ ਲੱਖ ਤੇ ਸੱਤਰ ਹਜ਼ਾਰ ਦੇ ਨਕਦ ਇਨਾਮ ਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ,ਜਦਕਿ ਜੂਨੀਅਰ ’ਚ ਉਮਰਾ ਪਿੰਡ ਹਿਸਾਰ ਟੀਮ ਨੇ ਪਹਿਲੀ ਤੇ ਗੱਗੜਭਾਣਾ ਦੀ ਟੀਮ ਨੇ ਦੂਸਰੀ ਪੁਜ਼ੀਸ਼ਨ ਹਾਸਲ ਕੀਤੀ।ਇਸੇ ਤਰ੍ਹਾਂ ਕਬੱਡੀ ਕੱਪ ‘ਚ ਬਾਬਾ ਨਾਮਦੇਵ ਕਲੱਬ ਘੁਮਾਣ ਤੇ ਮਾਲਵਾ ਲਾਈਨ ਜਗਰਾਓ ਸਾਂਝੇ ਤੌਰ ’ਤੇ ਜੇਤੂ ਰਹੇ,ਜਿੰਨ੍ਹਾਂ ਨੂੰ ਪਹਿਲਾ ਇਨਾਮ ਇੱਕ ਲੱਖ ਤੇ ਦੂਜਾ ਇਨਾਮ ਪਝੱਤਰ ਹਜ਼ਾਰ ਦਿੱਤਾ ਗਿਆ,ਜਦਕਿ ਕੁੜੀਆਂ ਦੇ ਕਬੱਡੀ ਸ਼ੋ ਮੈਚ ਦੌਰਾਨ ਪੰਜਾਬ ਤੇ ਹਰਿਆਣਾ ਦੀਆਂ ਟੀਮਾਂ ਦੌਰਾਨ ਹੋਏ ਮੁਕਾਬਲੇ ‘ ਪੰਜਾਬ ਜੇਤੂ ਰਿਹਾ।ਜੇਤੂ ਟੀਮਾਂ ਨੂੰ ਇਲਾਕਾ ਮੋਹਤਬਰ ਤੇ ਐਨ.ਆਰ.ਆਈ. ਵੀਰਾਂ ਵੱਲੋਂ ਸਾਂਝੇ ਤੌਰ ’ਤੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਸਰਪੰਚ ਗੁਰਮੇਜ ਸਿੰਘ ਰੰਧਾਵਾ, ਬਲਜੀਤ ਸਿੰਘ ਚਾਹਲ ,ਸਰਪੰਚ ਲਖਵਿੰਦਰ ਸਿੰਘ ਉਸਮਾਂ,ਜਥੇ.ਰਾਜਬੀਰ ਸਿੰਘ ਉਦੋਨੰਗਲ,ਸਾਬਕਾ ਸਰਪੰਚ ਰਜਿੰਦਰ ਸਿੰਘ ਰਾਜੂ, ,ਪ੍ਰਿੰ.ਹਰਸ਼ਦੀਪ ਸਿੰਘ ਰੰਧਾਵਾ,ਪ੍ਰਿੰ.ਤੇਜਬੀਰ ਸਿੰਘ ਸੋਹਲ, ਡਾ.ਸੋਹਜਪ੍ਰੀਤ ਸਿੰਘ ਰੰਧਾਵਾ, ਠੇਕੇਦਾਰ ਜਗਤਾਰ ਸਿੰਘ ਰੰਧਾਵਾ, ਰਾਜਨ ਸਿੱਧੂ ਟਾਰਜਨ ਭੋਮਾ, ਜਗਮੇਲ ਸਿੰਘ, ਜੇ.ਡੀ.ਪੱਡਾ, ਮੰਨੂ ਤਨੇਜਾ,ਸਰਪੰਚ ਅਜੇ ਗਾਂਧੀ,ਟੋਨਾ ਮਹਿਸਮਪੁਰ,ਕਰਨਲ ਅਜੀਤ ਸਿੰਘ, ਪ੍ਰਧਾਨ ਭੁਪਿੰਦਰ ਸਿੰਘ, ,ਚੇਅਰਮੈਨ ਗੁਰਿੰਦਰ ਸਿੰਘ ਨੰਗਲੀ, ਗੁਰਮੁੱਖ ਸਿੰਘ ਸਾਬਾ,ਸੁਖਮਿੰਦਰ ਸਿੰਘ ਭੱਪ, ਸੋਨੂ ਸਿੱਧੂ ਜਹਾਂਗੀਰ ,ਮਾ.ਬਲਵਿੰਦਰ ਸਿੰਘ,ਨੰਬਰਦਾਰ ਸ਼ਤੀਸ਼ ਕੁਮਾਰ ਸੇਠੀ,ਵਿੱਕੀ ਫਾਰਐਵਰ ਬਟਾਲਾ,ਜਸਬੀਰ ਸਿੰਘ ਸੋਹਲ, ਰਾਜਨ ਆਦਿ ਵੀ ਮੌਜੂਦ ਸਨ।

## ਬੀਬੀ ਭਾਨੀ ਜੀ ਦਾ ਜਨਮ ਦਿਹਾੜਾ ਮਨਾਇਆ



ਅੰਮ੍ਰਿਤਸਰ, 16 ਫ਼ਰਵਰੀ (ਗੁਰਦਿਆਲ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਮਹਿਲ ਬੀਬੀ ਭਾਨੀ ਜੀ ਦਾ ਜਨਮ ਦਿਹਾੜਾ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਤਿੰਦਰਪਾਲ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਅਰਦਾਸ ਭਾਈ ਬਲਜੀਤ ਸਿੰਘ ਨੇ ਕੀਤੀ। ਸੰਗਤ ਨੂੰ ਪਾਵਨ ਹੁਕਮਨਾਮਾ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਸਰਵਣ ਕਰਵਾਇਆ। ਭਾਈ ਹਰਮਿੱਤਰ ਸਿੰਘ ਨੇ ਕਥਾ ਵਿਚਾਰ ਕਰਦਿਆਂ ਸੰਗਤ ਨੂੰ ਬੀਬੀ ਭਾਨੀ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਬੀਬੀ ਭਾਨੀ ਜੀ ਦਾ ਸਾਰਾ ਜੀਵਨ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਸਮਰਪਿਤ ਸੀ। ਭਾਈ ਹਰਮਿੱਤਰ ਸਿੰਘ ਨੇ ਸਿੱਖ ਬੀਬੀਆਂ ਨੂੰ ਬੀਬੀ ਭਾਨੀ ਜੀ ਦੇ ਜੀਵਨ ਤੋਂ ਸੇਧ ਲੈ ਕੇ ਆਪਣੇ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਲਈ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਯੁਵਰਾਜ ਸਿੰਘ, ਸ. ਗੁਰਵਿੰਦਰ ਸਿੰਘ ਦੇਵੀਦਾਸਪੁਰ, ਸ. ਜਸਬੀਰ ਸਿੰਘ, ਸ. ਗੁਰਤਿੰਦਰਪਾਲ ਸਿੰਘ ਕਾਦੀਆਂ ਸਮੇਤ ਸੰਗਤਾਂ ਹਾਜ਼ਰ ਸਨ।

## ਸ਼ਿਵਰਾਤਰੀ ਮੌਕੇ ਲੰਗਰ ਲਗਾਇਆ



ਜੀਰਾ 16 ਫਰਵਰੀ ਦੀਪਕ ਭਾਰਗੋ: ਸ਼ਿਵਰਾਤਰੀ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਜਗ੍ਹਾ ਜਗ੍ਹਾ ਭਗਤਾਂ ਵੱਲੋਂ ਬੰਬ ਬੰਬ ਬੋਲੇ ਦੇ ਜੈਕਾਰੇ ਲਗਾਏ ਗਏ ਤੇ ਸ਼ਿਵ ਭੋਲੇ ਦੇ ਤਰ੍ਹਾਂ ਤਰ੍ਹਾਂ ਦੇ ਲੰਗਰ ਲਗਾਏ ਗਏ ਇਸੇ ਤਰ੍ਹਾਂ ਜੀਰਾ ਜੈ ਬਰਫਾਨੀ ਸੇਵਾ ਦਲ ਤੇ ਅਮਰਨਾਥ ਸਹਿਮਤੀ ਜੀਰਾ ਵੱਲੋਂ ਫਲ ਫਰੂਟ ਦਾ ਲੰਗਰ ਸ਼ਿਵ ਦਰਬਾਰ ਚੌਕ ਦੇ ਨਜਦੀਕ ਲਗਾਇਆ ਗਿਆ, ਜਿਸ ਵਿੱਚ ਐਨਆਰਆਈ ਭਰਾਵਾਂ ਦਾ ਵੀ ਬਹੁਤ ਸਹਿਯੋਗ ਦਿੱਤਾ ਗਿਆ ਇਸ ਮੌਕੇ ਸੁਰੇਸ਼ ਭਾਰਗੋ ਤੇ ਪ੍ਰਿੰਸ ਨੂਲਾ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ ਆਇਆ ਹੋਇਆਂ ਸੰਗਤਾਂ ਨੂੰ ਫਲ ਫਰੂਟ ਦਾ ਲੰਗਰ ਵਰਤਾਇਆ ਗਿਆ ਇਸ ਮੌਕੇ ਸੇਵਾਦਾਰ ਗੌਰਵ ਭਾਰਗੋ, ਸੋਨੂ ਪੂਰੀ , ਪਵਨ ਕੁਮਾਰ, ਚੈਰੀ ਕੁਮਾਰ,ਮੋਹਿਤ ਵਿਜ, ਵਿਕਾਸ ਅਰੋੜਾ, ਸੌਰਵ ਅਰੋੜਾ, ਸ਼ਿਵਾ ਅਰੋੜਾ, ਪ੍ਰਿੰਸ ਵਿਜ,ਨਿਤਿਨ ਪੂਰੀ ਹਾਜਰ ਸਨ।

## ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਟ ਵੱਲੋਂ ਸੱਤ ਰੋਜ਼ਾ ਕੌਮੀ ਸੇਵਾ ਯੋਜਨਾ ਕੈਂਪ ਦਾ ਸਮਾਪਤੀ ਸਮਾਰੋਹ ਯਾਦਗਾਰੀ ਹੋ ਨਿੱਬੜਿਆ




ਬਠਿੰਡਾ, 16 ਫਰਵਰੀ ( ਜਗਸੀਰ ਭੁੱਲਰ): ਕੌਮੀ ਸੇਵਾ ਯੋਜਨਾ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਬਠਿੰਡਾ, ਡਾਇਰੈਕਟਰ ਯੂਥ ਸਰਵਿਸਿਜ਼ ਚੰਡੀਗੜ੍ਹ (ਪੰਜਾਬ) ਅਤੇ ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੌਮੀ ਸੇਵਾ ਯੋਜਨਾ (ਐਨ.ਐਸ.ਐਸ.) ਦੇ ਤਹਿਤ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਆਪਣੀ ਵਿਸ਼ੇਸ਼ ਪਹਿਚਾਣ ਬਣਾਉਣ ਵਾਲੀ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼, ਢੱਡੇ ਦੀਆਂ ਵੱਖ ਵੱਖ ਇਕਾਈਆਂ ਮਾਤਾ ਸੁੰਦਰੀ ਗਰਲਜ਼ ਕਾਲਜ, ਮਾਤਾ ਸੁੰਦਰੀ ਕਾਲਜ ਆਫ ਐਜੂਕੇਸ਼ਨ ਅਤੇ ਮਾਤਾ ਸੁੰਦਰੀ ਸੀਨੀਅਰ ਸੈਕੰਡਰੀ ਸਕੂਲ ਢੱਡੇ ਦਾ ਸੱਤ ਰੋਜ਼ਾਂ ਕੌਮੀ ਸੇਵਾ ਯੋਜਨਾ ਕੈਂਪ ਦਾ ਸਮਾਪਤੀ ਸਮਾਰੋਹ ਯਾਦਗਾਰੀ ਹੋ ਨਿਬੜਿਆ। ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਐਮ.ਡੀ. ਗੁਰਬਿੰਦਰ ਸਿੰਘ ਬੱਲੀ ਅਤੇ ਡਾਇਰੈਕਟਰ ਐਡਮਿਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਸੱਤ ਰੋਜ਼ਾ ਕੌਮੀ ਸੇਵਾ ਯੋਜਨਾ (ਐਨ.ਐਸ.ਐਸ.) ਕੈਂਪ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਇਕ ਮੀਲ ਪੱਥਰ ਸਾਬਤ ਹੋਇਆ ਹੈ। ਇਸ ਕੈਂਪ ਰਾਹੀਂ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ, ਸੇਵਾ ਭਾਵਨਾ, ਅਨੁਸ਼ਾਸਨ ਤੇ ਦੇਸ਼ ਪ੍ਰਤੀ ਸਮਰਪਣ ਦੀ ਭਾਵਨਾ ਮਜ਼ਬੂਤ ਹੋਈ ਹੈ, ਕੌਮੀ ਸੇਵਾ ਯੋਜਨਾ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਸਮਾਜ ਨਾਲ ਜੋੜਨਾ ਤੇ ਉਨ੍ਹਾਂ ਵਿੱਚ ਸੇਵਾ, ਸਹਿਯੋਗ ਅਤੇ ਨੇਤ੍ਰਿਤਵ ਦੀ ਭਾਵਨਾ ਵਿਕਸਿਤ ਕਰਨਾ ਹੈ, ਜਿਸ ਵਿੱਚ ਸਾਡੇ ਵਿਦਿਆਰਥੀਆਂ ਨੇ ਪੂਰੀ ਨਿਸ਼ਠਾ ਤੇ ਉਤਸ਼ਾਹ ਨਾਲ ਭਾਗ ਲਿਆ। ਕੈਂਪ ਦੌਰਾਨ ਕਰਵਾਈਆਂ ਗਈਆਂ ਵੱਖ-ਵੱਖ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਪ੍ਰਯੋਗਿਕ ਜੀਵਨ ਦੇ ਤਜਰਬੇ ਪ੍ਰਦਾਨ ਕੀਤੇ ਹਨ। ਇਸ ਮੌਕੇ ਮੁੱਖ ਮਹਿਮਾਨ ਰਘਵੀਰ ਸਿੰਘ ਜੀ ਨੇ ਕਿਹਾ ਕਿ ਉਨ੍ਹਾਂ ਦੀ ਪ੍ਰੇਰਣਾਦਾਇਕ ਹਾਜ਼ਰੀ ਅਤੇ ਮਾਰਗਦਰਸ਼ਨ ਨੇ ਵਿਦਿਆਰਥੀਆਂ ਦਾ ਮਨੋਬਲ ਹੋਰ ਉੱਚਾ ਕੀਤਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਸਾਰੇ ਐਨ.ਐਸ.ਐਸ. ਅਧਿਕਾਰੀਆਂ, ਪ੍ਰੋਗਰਾਮ ਅਫ਼ਸਰਾਂ, ਅਧਿਆਪਕਾਂ ਅਤੇ ਸਵੈੱਛਿਕ ਵਿਦਿਆਰਥੀਆਂ ਦੀ ਸਰਾਹਣਾ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਤੋਂ ਬਿਨਾਂ ਇਹ ਕੈਂਪ ਸਫ਼ਲ ਨਹੀਂ ਹੋ ਸਕਦਾ ਸੀ। ਮੁੱਖ ਮਹਿਮਾਨ ਰਘਵੀਰ ਸਿੰਘ ਮਾਨ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਨਸ਼ਾ ਅੱਜ ਸਮਾਜ, ਖ਼ਾਸ ਕਰਕੇ ਨੌਜਵਾਨ ਪੀੜ੍ਹੀ ਲਈ ਸਭ ਤੋਂ ਵੱਡੀ ਚੁਣੌਤੀ ਬਣ ਚੁੱਕਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਸਿਰਫ਼ ਇਕ ਵਿਅਕਤੀ ਨਹੀਂ, ਸਗੋਂ ਪੂਰੇ ਪਰਿਵਾਰ, ਸਮਾਜ ਅਤੇ ਦੇਸ਼ ਦੇ ਭਵਿੱਖ ਨੂੰ ਤਬਾਹ ਕਰਦਾ ਹੈ। ਇਸ ਤੋਂ ਬਚਾਅ ਲਈ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਹੋ ਕੇ ਅੱਗੇ ਆਉਣ ਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨੌਜਵਾਨੀ ਦੀ ਤਾਕਤ ਨੂੰ ਸਹੀ ਦਿਸ਼ਾ ਵਿੱਚ ਲਗਾ ਕੇ ਹੀ ਸਿਹਤਮੰਦ ਅਤੇ ਮਜ਼ਬੂਤ ਪੰਜਾਬ ਦੀ ਨਿਰਮਾਣ ਕੀਤਾ ਜਾ ਸਕਦਾ ਹੈ। ਇਸ ਸੱਤ ਰੋਜ਼ਾਂ ਕੈਂਪ ਦੌਰਾਨ ਇਲਾਕੇ ਦੀਆਂ ਨਾਮਵਰ ਸਖ਼ਸ਼ੀਅਤਾਂ ਵੰਲਟੀਅਰਾਂ ਦੇ ਰੂਬਰੂ ਹੁੰਦੀਆਂ ਸਨ, ਕੈਂਪ ਦੇ ਦੂਜੇ ਦਿਨ ਸ਼ਾਮ ਦੇ ਸੈਸ਼ਨ ਵਿੱਚ ਉੱਘੇ ਲੇਖਕ, ਪ੍ਰਸਿੱਧ ਸਮਾਜ ਸੇਵੀ ਅਤੇ ਸਰਕਾਰੀ ਸਕੂਲ ਮੌੜ ਮੰਡੀ ਦੇ ਪ੍ਰਿੰਸੀਪਲ ਸ੍ਰੀ ਭੁਪਿੰਦਰ ਸਿੰਘ ਮਾਨ ਨੇ ਹਾਜ਼ਰੀ ਭਰੀ। ਕੈਂਪ ਦੇ ਤੀਜੇ ਦਿਨ ਪੱਤਰਕਾਰ ਤੋਤਾ ਸਿੰਘ ਦੀਨਾ ਕਾਗਜ਼ ਨੇ ਵਿਦਿਆਰਥਣਾਂ ਨੂੰ ਮੁਕਾਬਲੇ ਦੀ ਪ੍ਰੀਖਿਆਵਾਂ ਵਿੱਚ ਭਾਗ ਲੈਣ ’ਤੇ ਆਪਣੇ ਰੋਜ਼ਾਨਾ ਜੀਵਨ ਵਿੱਚ ਡਾਇਰੀ ਲਿਖਣ ’ਤੇ ਜ਼ੋਰ ਦਿੱਤਾ। ਇਸ ਤੋਂ ਇਲਾਵਾਂ ਕੈਂਪ ਵਿੱਚ ਵਲੰਟੀਅਰਾਂ ਨੇ ਕੈਂਪਸ ਦੀ ਸਾਫ਼-ਸਫਾਈ ਦੌਰਾਨ ਦਰਖਤਾਂ ਨੂੰ ਕਲੀ ਕੀਤੀ, ਨਸ਼ਿਆਂ ਵਿਰੁੱਧ ਪਿੰਡ ਡਿੱਖ ਵਿੱਚ ਰੈਲੀ ਕੱਢੀ, ਕਲਚਰ ਐਕਟਵਿਟੀ ਵਿੱਚ ਭਾਗ ਲਿਆ, ਮੈਡੀਕਲ ਕੈਂਪ ਅਤੇ ਖੂਨਦਾਨ ਵਿੱਚ ਕੈਂਪ ਵਿੱਚ ਮਾਨਸਾ ਜ਼ਿਲ੍ਹੇ ਦੀ ਮੈਡੀਕਲ ਅਫਸਰ ਡਾ. ਮੁਸਕਾਨ ਬਾਂਸਲ, ਸੀ.ਐਚ.ਓ. ਡਾ. ਕਮਲਦੀਪ ਸਿੰਘ, ਐਮ.ਐਲ.ਟੀ. ਸੁਨੈਨਾ ਬਾਂਸਲ ਅਤੇ ਕੌਂਸਲਰ ਅਮਨਦੀਪ ਸਿੰਘ, ਏ.ਐਮ.ਓ. ਸੀ.ਐਜ.ਸੀ. ਬਾਲਿਆਵਾਲੀ ਤੋਂ ਡਾ. ਕਰਮਜੀਤ ਕੌਰ ਜੌੜਾ, ਰਾਮਪੁਰਾ ਫੂਲ ਤੋਂ ਡਾ. ਅਭਿਸ਼ੇਕ ਜੌੜਾ, ਵਿਸ਼ੇਸ਼ ਤੌਰ ‘ਤੇ ਸ਼ਾਮਲ ਹੋਏ। ਕੈਂਪ ਦੇ ਸਮਾਪਤੀ ਸਮਾਰੋਹ ਵਿੱਚ ਸੰਸਥਾ ਦੇ ਪ੍ਰਿੰਸੀਪਲ ਕਮ-ਪ੍ਰੋਗਰਾਮ ਅਫਸਰ ਪ੍ਰੋ. ਰਾਜ ਸਿੰਘ ਬਾਘਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਇਸ ਕੈਂਪ ਦੇ ਵਲੰਟੀਅਰਾਂ ਨੂੰ ਚਾਰ ਪੰਜ ਗਰੁੱਪਾ ਵਿੱਚ ਵੰਡਿਆ ਗਿਆ ਸੀ। ਇਸ ਵਿੱਚੋਂ ਭਾਈ ਧਰਮ ਸਿੰਘ ਗਰੁੱਪ ਨੂੰ ਸਭ ਤੋਂ ਵਧੀਆਂ ਪ੍ਰਦਰਸ਼ਨ ਕਰਦਿਆਂ ਬੈਸਟ ਗਰੁੱਪ ਐਲਾਨਿਆ ਗਿਆ।

## ਖਤਰਾਏ ਕਲਾਂ ਅੰਤਰਰਾਸ਼ਟਰੀ ਪੰਜਾਬੀ ਸੱਭਿਆਚਾਰਕ ਮੇਲੇ ਦਾ ਪੋਸਟਰ ਜਾਰੀ



ਅਜਨਾਲਾ, 16 ਫਰਵਰੀ(ਸੁਖਦੇਵ ਸਿੰਘ ਖਾਲਸਾ) :ਧੰਨ ਧੰਨ ਬਾਬਾ ਲੱਖ ਦਾਤਾ ਜੀ ਦੀ ਯਾਦ ਵਿਚ ਅਤੇ ਉੱਘੇ ਦੇਸ਼ ਭਗਤ ਬਾਪੂ ਉਜਾਗਰ ਸਿੰਘ ਖਤਰਾਏ ਕਲਾਂ ਤੇ ਪੰਜਾਬੀ ਮੇਲਿਆਂ ਦੇ ਬਾਬਾ ਬੋਹੜ ਜਗਦੇਵ ਸਿੰਘ ਜੱਸੋਵਾਲ ਨੂੰ ਸਮਰਪਿਤ ਅੰਤਰਰਾਸ਼ਟਰੀ ਪੰਜਾਬੀ ਸੱਭਿਆਚਾਰਕ ਮੇਲਾ 19 ਫਰਵਰੀ ਨੂੰ ਦਾਣਾ ਮੰਡੀ ਖਤਰਾਏ ਕਲਾਂ ਵਿਖੇ ਕਰਵਾਇਆ ਜਾ ਰਿਹਾ ਹੈ। ਮੇਲੇ ਦਾ ਪੋਸਟਰ ਜਾਰੀ ਕਰਨ ਸਮੇ ਮੇਲੇ ਦੇ ਮੁੱਖ ਪ੍ਰਬੰਧਕ ਦਿਲਬਾਗ ਸਿੰਘ ਭੱਟੀ ਖਤਰਾਏ ਕਲਾਂ ਨੇ ਦੱਸਿਆ ਕਿ ਉਕਤ ਮੇਲੇ ਦੌਰਾਨ ਸਰਬੱਤ ਦਾ ਭਲਾ ਟਰਸਟ ਦੇ ਮੁਖੀ ਡਾ. ਐਸ. ਪੀ. ਸਿੰਘ ਓਬਰਾਏ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਅਤੇ ਮੇਲੇ ਦਾ ਸ਼ੁਭ ਆਰੰਭ ਪਰਗਟ ਸਿੰਘ ਗਰੇਵਾਲ, ਗੁਰਨਾਮ ਸਿੰਘ ਧਾਲੀਵਾਲ ਅਤੇ ਨਿਰਮਲ ਜੌੜਾ ਕਰਨਗੇ। ਮੇਲੇ ਦੌਰਾਨ ਲੋਕ ਗਾਇਕੀ ਦੇ ਪ੍ਰਸਿੱਧ ਗਾਇਕ ਜੋੜੀ ਬਲਕਾਰ ਅਣਖੀਲਾ ਤੇ ਬੀਬਾ ਮਨਜਿੰਦਰ ਗੁਲਸ਼ਨ, ਜੀ.ਐਸ. ਪੀਟਰ,ਗੁਰਵਿੰਦਰ ਗਿੱਲ, ਬਲਰਾਜ – ਯੁਵਰਾਜ ਬ੍ਰਦਰਜ਼, ਬਲਵਿੰਦਰ ਪੱਖੋਕੇ ,ਅਨੋਖ ਔਜਲਾ ਸਮੇਤ ਉੱਚਕੋਟੀ ਦੇ ਨਾਮਵਰ ਕਲਾਕਾਰ ਬੁਲੰਦ ਆਵਾਜ਼ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨਗੇ। ਉਹਨਾਂ ਨੇ ਅੱਗੇ ਦੱਸਿਆ ਕਿ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੀਆਂ ਪੰਜ ਸ਼ਖਸ਼ੀਅਤਾਂ ਵਿੱਚ ਡਾ. ਕਰਮਜੀਤ ਸਿੰਘ ਉਪ ਕੁਲਪਤੀ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਸ੍ਰੀ ਮਹੇਸ਼ ਕੁਮਾਰ ਸ਼ਰਮਾ ਅਡੀਸ਼ਨਲ ਸੈਸ਼ਨ ਜੱਜ, ਇੰਦਰਜੀਤ ਸਿੰਘ ਜੱਸੋਵਾਲ ਜੋਇੰਟ ਸਟੇਟ ਟਰਾਂਸਪੋਰਟ ਕਮਿਸ਼ਨਰ ਪੰਜਾਬ, ਹਰਪਾਲ ਸਿੰਘ ਰੰਧਾਵਾ ਪ੍ਰਧਾਨ ਅਕਾਲ ਸੇਵਾ ਫੈਡਰੇਸ਼ਨ (ਯੂ੍.ਐਸ.ਏ.), ਤਰਸੇਮ ਮਸੀਹ ਡਿਪਟੀ ਪੰਜਾਬ ਪੁਲਿਸ ਕੌਮਾਂਤਰੀ ਖਿਡਾਰੀ ਆਦਿ ਸ਼ਖਸੀਅਤਾਂ ਨੂੰ ਮੇਲੇ ਦੌਰਾਨ ਵੱਖ-ਵੱਖ ਅਵਾਰਡਾਂ ਨਾਲ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਜਾਵੇਗਾ ਇਸ ਮੌਕੇ ਦਿਲਬਾਗ ਸਿੰਘ ਭੱਟੀ ਤੋਂ ਇਲਾਵਾ ਹੈਡ ਮਾਸਟਰ ਅਵਤਾਰ ਸਿੰਘ,ਕੰਵਲਜੀਤ ਸਿੰਘ,ਅਮਨਪ੍ਰੀਤ ਸਿੰਘ,ਡਾ ਸੰਦੀਪ ਸਿੰਘ,ਰੇਸ਼ਮ ਸਿੰਘ,ਗੁਰਵਿੰਦਰ ਸਿੰਘ,ਸੁਖਚੈਨ ਸਿੰਘ,ਡਾ ਨਿਰਵੈਲ ਸਿੰਘ,ਰਤਨ ਸਿੰਘ ਮੈਂਬਰ,ਰਘਬੀਰ ਸਿੰਘ,ਕਾਮਰੇਡ ਧਨਵੰਤ ਸਿੰਘ,ਬਾਬਾ ਜਗਤਾਰ ਸਿੰਘ,ਗੁਲਸ਼ਨ ਝੰਡੇਰ, ਆਦਿ ਹਾਜ਼ਰ ਸਨ।

# ਚੜ੍ਹਦੀਕਲਾ ਅਦਾਰਾ ਦੇ ਡਾਇਰੈਕਟਰ ਸ੍ਰ. ਸਤਬੀਰ ਸਿੰਘ ਦਰਦੀ ਦੀ ਪੰਜਵੀਂ ਬਰਸੀ ਮਨਾਈ











ਪਟਿਆਲਾ, 16 ਫਰਵਰੀ (ਗੁਰਮੁਖ ਰੁਪਾਣਾ) : ਚੜ੍ਹਦੀਕਲਾ ਟਾਈਮ ਟੀਵੀ ਅਤੇ ਚੜ੍ਹਦੀਕਲਾ ਅਖਬਾਰ ਦੇ ਡਾਇਰੈਕਟਰ ਸ੍ਰ. ਸਤਬੀਰ ਸਿੰਘ ਦਰਦੀ ਦੀ ਪੰਜਵੀਂ ਬਰਸੀ ਅਦਾਰਾ ਚੜ੍ਹਦੀਕਲਾ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਕੀਰਤਨ ਦਰਬਾਰ ਦੌਰਾਨ ਰਸਭਿੰਨਾ ਗੁਰਬਾਣੀ ਕੀਰਤਨ ਸਰਵਣ ਕਰਕੇ ਮਨਾਈ ਗਈ। ਇਸ ਦੌਰਾਨ ਚੜ੍ਹਦੀਕਲਾ ਦੇ ਚੇਅਰਮੈਨ 'ਪਦਮਸ਼੍ਰੀ' ਡਾ. ਜਗਜੀਤ ਸਿੰਘ ਦਰਦੀ, ਡਾਇਰੈਕਟਰ ਹਰਪ੍ਰੀਤ ਸਿੰਘ ਦਰਦੀ, ਸਰਦਾਰਨੀ ਜਸਵਿੰਦਰ ਕੌਰ ਦਰਦੀ, ਡਾ. ਇੰਦਰਪ੍ਰੀਤ ਕੌਰ ਅਤੇ ਡਾ. ਗੁਰਲੀਨ ਕੌਰ ਦਰਦੀ, ਪ੍ਰਭਜੀਤ ਸਿੰਘ ਚੌਧਰੀ ਸਮੇਤ ਦਰਦੀ ਪਰਿਵਾਰ ਦੇ ਸਮੁੱਚੇ ਮੈਂਬਰ ਹਾਜ਼ਰ ਸਨ। ਇਸ ਮੌਕੇ ਡਾ. ਜਗਜੀਤ ਸਿੰਘ ਦਰਦੀ ਨੇ ਕਿਹਾ ਕਿ ਸ੍ਰ. ਸਤਬੀਰ ਸਿੰਘ ਦਰਦੀ ਜਿਨਾਂ ਨੇ ਆਪਣੇ ਸਮੇਂ ਦੌਰਾਨ ਚੜ੍ਹਦੀਕਲਾ ਅਦਾਰੇ ਨੂੰ ਸਿਖਰਾਂ 'ਤੇ ਲਿਜਾਣ ਲਈ ਬਹੁਤ ਮਿਹਨਤ ਕੀਤੀ ਹੈ ਅਤੇ ਉਹ ਚਾਹੁੰਦੇ ਸਨ ਕਿ ਚੜ੍ਹਦੀਕਲਾ ਟਾਈਮ ਟੀ.ਵੀ. ਚੈਨਲ ਅਤੇ ਚੜ੍ਹਦੀਕਲਾ ਅਖਬਾਰ ਦੁਨੀਆਂ ਭਰ 'ਚ ਇੱਕ ਨੰਬਰ 'ਤੇ ਜਾਣਿਆ ਜਾਵੇ। ਇਸ ਲਈ ਅੱਜ ਉਹਨਾਂ ਦਾ ਸੁਪਨਾ ਪੂਰਾ ਹੋ ਰਿਹਾ ਅਤੇ ਚੜ੍ਹਦੀਕਲਾ ਅਦਾਰੇ ਨੂੰ ਦੁਨੀਆਂ ਭਰ 'ਚ ਮੀਡੀਆ ਹਾਊਸ ਦੇ ਤੌਰ 'ਤੇ ਜਾਣਿਆ ਜਾਂਦਾ ਹੈ। ਜਦਕਿ ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲਜ਼ ਸੰਸਥਾਵਾਂ ਵੀ ਬੱਚਿਆਂ ਨੂੰ ਚੰਗੀ ਅਤੇ ਮਿਆਰੀ ਸਿੱਖਿਆ ਦੇਣ ਵਿੱਚ ਮੋਹਰੀ ਸਾਬਤ ਹੋ ਰਹੀਆਂ ਹਨ। ਇਸ ਮੌਕੇ ਸੀ.ਏ. ਨਵਦੀਪ ਸਿੰਘ ਚੌਧਰੀ, ਸੀ.ਏ. ਜਸਵਿੰਦਰਪਾਲ ਸਿੰਘ, ਨਟਾਸ ਦੇ ਡਾਇਰੈਕਟਰ ਪ੍ਰਾਣ ਸਭਰਵਾਲ, ਸਾਬਕਾ ਲੋਕ ਸੰਪਰਕ ਅਫਸਰ ਉਜਾਗਰ ਸਿੰਘ, ਸੰਪਾਦਕ ਦਰਸ਼ਨ ਸਿੰਘ ਦਰਸ਼ਕ, ਮੈਨੇਜਰ ਪਰਮਜੀਤ ਸਿੰਘ, ਮੈਨੇਜਰ ਮਨਪ੍ਰੀਤ ਸਿੰਘ, ਚੀਫ ਅਕਾਊਂਟੈਂਟ ਦਮਨਦੀਪ ਸਿੰਘ, ਮੈਨੇਜਰ ਰਮਨਦੀਪ ਕੌਰ, ਗੁਰਮੁਖ ਸਿੰਘ ਰੁਪਾਣਾ, ਅਮਰਜੀਤ ਸਿੰਘ ਸਮੇਤ ਸਮੁੱਚਾ ਚੜ੍ਹਦੀਕਲਾ ਅਦਾਰੇ ਦਾ ਸਟਾਫ ਮੌਜੂਦ ਸੀ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਇਪੁਰ , ਬਹਾਦਰਗੜ੍ਹ ਵਿਖੇ ਕਰਵਾਇਆ ਸਲਾਨਾ ਸਮਾਗਮ










ਪਟਿਆਲਾ, 16 ਫਰਵਰੀ (ਚ.ਨ.ਸ.) : ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਏਪੁਰ ,ਬਹਾਦਰਗੜ੍ਹ ਵਿੱਚ ਸਲਾਨਾ ਸਮਾਗਮ ਬੇਮਿਸਾਲ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਚੇਅਰਮੈਨ ਪਦਮ ਸ੍ਰੀ ਡਾ: ਜਗਜੀਤ ਸਿੰਘ ਦਰਦੀ ਜੀ ਅਤੇ ਡਾਇਰੈਕਟਰ ਸੇਵਾ ਰਤਨ ਡਾ: ਜਸਵਿੰਦਰ ਕੌਰ ਦਰਦੀ ਜੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਚੜ੍ਹਦੀ ਕਲਾ ਟਾਈਮ ਟੀ.ਵੀ ਦੇ ਡਾਇਰੈਕਟਰ ਡਾ. ਇੰਦਰਪ੍ਰੀਤ ਕੌਰ ਜੀ ਨੇ ਇਸ ਸਮਾਗਮ ਵਿੱਚ ਸ਼ਿਰਕਤ ਕਰਕੇ ਸਮਾਗਮ ਦੀ ਰੌਣਕ ਨੂੰ ਚਾਰ ਚੰਨ ਲਾਏ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਵਾਲੀਆਂ ਜੀ,ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਫੁੱਲਾਂ ਦੇ ਗੁਲਦਸਤਿਆਂ ਨਾਲ ਮੁੱਖ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ।

ਇਸ ਸਮਾਗਮ ਦੀ ਸ਼ੁਰੂਆਤ ਦੇਹ ਸ਼ਿਵਾ ਵਰ ਮੋਹਿ ਇਹੈ ਸ਼ਬਦ ਨਾਲ ਹੋਈ, ਜਿਸ ਨਾਲ ਪੂਰਾ ਮਾਹੌਲ ਧਾਰਮਿਕ ਰੰਗ ਵਿੱਚ ਰੰਗਿਆ ਗਿਆ। ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਭਾਰਤੀ ਸੱਭਿਆਚਾਰ ਦੀ ਵਿਭਿੰਨਤਾ ਨੂੰ ਦਰਸਾਉਂਦੀਆਂ ਸ਼ਾਨਦਾਰ ਪੇਸ਼ਕਾਰੀਆਂ ਕੀਤੀਆਂ ਗਈਆਂ। ਗਣੇਸ਼ ਬੰਦਨਾ , ਰਾਜਸਥਾਨੀ ਅਤੇ ਹਰਿਆਣਵੀ ਲੋਕ ਨਾਚ, ਪੰਜਾਬੀ ਲੋਕ ਨਾਚ ਗਿੱਧਾ ਅਤੇ ਹੋਰ ਰੰਗਾਰੰਗ ਪ੍ਰਸਤੁਤੀਆਂ ਨੇ ਦਰਸ਼ਕਾਂ ਨੂੰ ਮੋਹ ਲਿਆ। ਸਿੱਖ ਮਾਰਸ਼ਲ ਆਰਟ ਗੱਤਕੇ ਦੇ ਜੋਸ਼ੀਲੇ ਪ੍ਰਦਰਸ਼ਨ ਨੇ ਖਾਸ ਆਕਰਸ਼ਣ ਪੈਦਾ ਕੀਤਾ, ਜਦਕਿ ਭੰਗੜੇ ਦੀ ਖੂਬਸੂਰਤ ਪੇਸ਼ਕਾਰੀ ਨੇ ਸਮਾਗਮ ਨੂੰ ਚਰਮ ਉਤਸ਼ਾਹ ਤੱਕ ਪਹੁੰਚਾ ਦਿੱਤਾ।

ਸਮਾਗਮ ਦੌਰਾਨ ਗੁਰਮਤਿ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਅਤੇ ਖੇਡਾਂ ਦੇ ਖੇਤਰ ਵਿੱਚ ਵਿਸ਼ੇਸ਼ ਉਪਲੱਬਧੀਆਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਪਦਮ ਸ਼੍ਰੀ ਡਾ: ਜਗਜੀਤ ਸਿੰਘ ਦਰਦੀ ਜੀ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਬੱਚਿਆਂ ਵਿੱਚ ਚੰਗੇ ਸੰਸਕਾਰ ਅਤੇ ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਨੇ ਅਧਿਆਪਕਾਂ ਦੀ ਨਿਸ਼ਠਾ ਅਤੇ ਮਿਹਨਤ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਹੀ ਯਤਨ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਦੀ ਮਜ਼ਬੂਤ ਨੀਂਹ ਹਨ। ਸਕੂਲ ਦੇ ਉੱਚ ਸਿੱਖਿਅਕ ਮਿਆਰ ਅਤੇ ਇਲਾਕੇ ਵਿੱਚ ਬਣੀ ਵਧੀਆ ਪਛਾਣ ਦੀ ਵੀ ਖੂਬ ਪ੍ਰਸ਼ੰਸਾ ਕੀਤੀ । ਸਮਾਗਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਵਾਲੀਆਂ ਜੀ ਵੱਲੋਂ ਸਕੂਲ ਦੀ ਸਲਾਨਾ ਰਿਪੋਰਟ ਪੇਸ਼ ਕੀਤੀ ਗਈ ਅਤੇ ਮਾਪਿਆਂ ਤੇ ਮਹਿਮਾਨਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ। ਇਸ ਤਰ੍ਹਾਂ ਇਹ ਸਮਾਗਮ ਖੁਸ਼ੀ, ਮਾਣ ਅਤੇ ਯਾਦਗਾਰ ਪਲਾਂ ਨਾਲ ਭਰਪੂਰ ਰਿਹਾ।

## ਭਾਰਤੀ ਆਡਿਟ ਅਤੇ ਲੇਖਾ ਸੇਵਾ, ਭਾਰਤੀ ਵਪਾਰ ਸੇਵਾ ਅਤੇ ਰੱਖਿਆ ਏਅਰੋਨਾਟਿਕਲ ਗੁਣਵੱਤਾ: ਰਾਸ਼ਟਰਪਤੀ

ਨਵੀਂ ਦਿੱਲੀ, 16 ਫਰਵਰੀ (ਚ.ਨ.ਸ.) : ਮੈਂ ਤੁਹਾਡੇ ਵਿੱਚੋਂ ਹਰੇਕ ਨੂੰ ਵੱਕਾਰੀ ਸੇਵਾਵਾਂ ਵਿੱਚ ਤੁਹਾਡੀ ਚੋਣ ਲਈ ਵਧਾਈ ਦਿੰਦੀ ਹਾਂ ਜੋ ਤੁਹਾਨੂੰ ਆਪਣੇ ਕੈਰੀਅਰ ਦੌਰਾਨ ਹਰ ਫੈਸਲੇ ਅਤੇ ਕਾਰਵਾਈ ਰਾਹੀਂ ਦੇਸ਼ ਦੀ ਸੇਵਾ ਕਰਨ ਦਾ ਮੌਕਾ ਦਿੰਦੀਆਂ ਹਨ। ਤੁਹਾਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਕਿ ਬਹੁਤ ਸਾਰੇ ਨੌਜਵਾਨ ਹਨ ਜੋ ਤੁਹਾਡੇ ਸਥਾਨ 'ਤੇ ਪਹੁੰਚਣ ਦਾ ਸੁਪਨਾ ਦੇਖਦੇ ਹਨ, ਪਰ ਕੁਝ ਕੁ ਨੂੰ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਦਾ ਮੌਕਾ ਮਿਲਦਾ ਹੈ। ਤੁਸੀਂ ਬਹੁਤਿਆਂ ਲਈ ਇੱਕ ਪ੍ਰੇਰਨਾ ਅਤੇ ਰੋਲ ਮਾਡਲ ਬਣ ਸਕਦੇ ਹੋ। ਇਹ ਜ਼ਿੰਮੇਵਾਰੀ ਉਦਾਹਰਣ ਦੁਆਰਾ ਅਗਵਾਈ ਕਰਨ ਦੀ, ਤੁਹਾਡੇ ਸਫ਼ਰ ਦੌਰਾਨ ਤੁਹਾਡੇ ਨਾਲ ਰਹੇਗੀ। ਤੁਹਾਡੇ ਸਿਖਲਾਈ ਅਨੁਭਵਾਂ ਨੂੰ ਸੁਣਨਾ ਮੈਨੂੰ ਵਿਸ਼ਵਾਸ ਨਾਲ ਭਰ ਦਿੰਦਾ ਹੈ। ਤੁਹਾਡੇ ਵੱਲੋਂ ਦਿਖਾਇਆ ਗਿਆ ਸਮਰਪਣ ਮੇਰੇ ਵਿਸ਼ਵਾਸ ਦੀ ਪੁਸ਼ਟੀ ਕਰਦਾ ਹੈ ਕਿ ਤੁਹਾਡੇ ਵਰਗੇ ਨੌਜਵਾਨ ਅਧਿਕਾਰੀਆਂ ਦੁਆਰਾ ਲਿਆਈ ਗਈ ਊਰਜਾ, ਇਮਾਨਦਾਰੀ ਅਤੇ ਉਦੇਸ਼ ਦੀ ਭਾਵਨਾ ਸਾਡੇ ਦੇਸ਼ ਦੇ ਭਵਿੱਖ ਨੂੰ ਆਕਾਰ ਦੇਵੇਗੀ। ਜਦੋਂ ਤੁਹਾਡੇ ਵਰਗੇ ਅਧਿਕਾਰੀ ਭਾਰਤ ਦੇ ਵਿਕਾਸ ਅਤੇ ਹਰੇਕ ਨਾਗਰਿਕ ਦੀ ਭਲਾਈ ਲਈ ਵਚਨਬੱਧਤਾ ਨਾਲ ਕੰਮ ਕਰਦੇ ਹਨ, ਤਾਂ ਸਾਡਾ ਦੇਸ਼ ਵਿਸ਼ਵ ਪੱਧਰ @ਤੇ ਮਜ਼ਬੂਤ, ਵਧੇਰੇ ਸਮਰੱਥ ਅਤੇ ਵਧੇਰੇ ਸਤਿਕਾਰਯੋਗ ਬਣਦਾ ਰਹੇਗਾ। ਤੁਸੀਂ ਜੋ ਜਨੂੰਨ ਕੰਮ ਵਿੱਚ ਲਿਆਉਂਦੇ ਹੋ ਉਹ ਇੱਕ ਅਜਿਹੀ ਸ਼ਕਤੀ ਹੈ ਜੋ ਕੱਲ੍ਹ ਦੇ ਭਾਰਤ ਨੂੰ ਬਦਲ ਸਕਦੀ ਹੈ।ਤੁਸੀਂ ਜਨਤਕ ਵਿਸ਼ਵਾਸ ਦੇ ਰਖਵਾਲੇ ਅਤੇ ਵਿੱਤੀ ਸੂਝ-ਬੂਝ ਦੇ ਰਖਵਾਲੇ ਹੋ। ਭਾਰਤ ਦੇ ਕੰਪਟਰੋਲਰ ਅਤੇ ਆਡੀਟਰ ਜਨਰਲ ਦੀ ਸੰਸਥਾ ਕਾਰਜਪਾਲਿਕਾ ਦੀ ਵਿਧਾਨ ਸਭਾ ਪ੍ਰਤੀ ਜਵਾਬਦੇਹੀ ਨੂੰ ਯਕੀਨੀ ਬਣਾਉਣ ਦਾ ਬਹੁਤ ਮਹੱਤਵਪੂਰਨ ਕਾਰਜ ਕਰਦੀ ਹੈ।



## ਪੀਐਨਬੀ ਚੰਡੀਗੜ੍ਹ ਜ਼ੋਨਲ ਦਫ਼ਤਰ ਵੱਲੋਂ ਖੇਡ ਉਤਸਵ ਦਾ ਆਯੋਜਨ

ਚੰਡੀਗੜ੍ਹ, 16 ਫਰਵਰੀ (ਚ.ਨ.ਸ.) : ਪੰਜਾਬ ਨੈਸ਼ਨਲ ਬੈਂਕ ਜ਼ੋਨਲ ਦਫ਼ਤਰ, ਚੰਡੀਗੜ੍ਹ ਵੱਲੋਂ ਆਯੋਜਿਤ ਸ਼ਾਨਦਾਰ ਪੀਐਨਬੀ ਖੇਡ ਉਤਸਵ ਸਫਲਤਾਪੂਰਵਕ ਸਮਾਪਤ ਹੋਇਆ। ਚੰਡੀਗੜ੍ਹ ਜ਼ੋਨਲ ਮੈਨੇਜਰ, ਸ੍ਰੀ ਲਲਿਤ ਤਨੇਜਾ ਨੇ ਦੱਸਿਆ ਕਿ ਇਸ ਉਤਸਵ ਦਾ ਟੀਚਾ ਬੈਂਕ ਕਰਮਚਾਰੀਆਂ ਵਿੱਚ



ਖੇਡਾਂ ਨੂੰ ਉਤਸ਼ਾਹਿਤ ਕਰਨਾ, ਸਿਹਤ ਅਤੇ ਟੀਮ ਭਾਵਨਾ ਨੂੰ ਉਤਸ਼ਾਹਿਤ ਕਰਨਾ ਅਤੇ ਤਣਾਅ-ਮੁਕਤ ਕੰਮ ਦਾ ਮਾਹੌਲ ਬਣਾਉਣਾ ਸੀ। ਮੁਕਾਬਲਿਆਂ ਵਿੱਚ ਐਥਲੈਟਿਕਸ, ਟੀਮ ਗੇਮਜ਼, ਦੌੜਨ ਦੇ ਪ੍ਰੋਗਰਾਮ, ਕ੍ਰਿਕਟ ਅਤੇ ਹੋਰ ਖੇਡ ਮੁਕਾਬਲੇ ਸ਼ਾਮਲ ਸਨ, ਅਤੇ ਕਰਮਚਾਰੀਆਂ ਨੇ ਹਰੇਕ ਗਤੀਵਿਧੀ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਵੱਖ-ਵੱਖ ਜ਼ੋਨਾਂ ਦੇ ਪ੍ਰਤੀਨਿਧੀਆਂ ਨੇ ਮੁਕਾਬਲੇ ਦੇ ਪ੍ਰਦਰਸ਼ਨ ਦੇ ਉੱਚ ਮਿਆਰ ਪ੍ਰਦਰਸ਼ਿਤ ਕੀਤੇ। ਸਮਾਗਮ ਦੇ ਅੰਤ ਵਿੱਚ, ਚੰਡੀਗੜ੍ਹ ਜ਼ੋਨਲ ਮੈਨੇਜਰ, ਸ੍ਰੀ ਲਲਿਤ ਤਨੇਜਾ ਨੇ ਜੇਤੂਆਂ ਨੂੰ ਮੈਡਲ ਅਤੇ ਸਰਟੀਫਿਕੇਟ ਪ੍ਰਦਾਨ ਕੀਤੇ। ਇਸ ਮੌਕੇ ਡਿਪਟੀ ਜ਼ੋਨਲ ਮੈਨੇਜਰ, ਸ੍ਰੀ ਸਿਕੰਦਰ ਪਾਲ, ਸ੍ਰੀ ਸੁਰੇਸ਼ ਕੁਮਾਰ (ਡਿਪਟੀ ਜਨਰਲ ਮੈਨੇਜਰ), ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## ਕੈਨਰਾ ਬੈਂਕ ਵੱਲੋਂ ਬਲਾਚੌਰ ਵਿਖੇ ਨਵੇਂ ਪਰਿਸਰ ਦਾ ਉਦਘਾਟਨ

ਲੁਧਿਆਣਾ, 16 ਫਰਵਰੀ (ਚ.ਨ.ਸ.) : ਜਨਤਕ ਖੇਤਰ ਦੇ ਮੋਹਰੀ ਬੈਂਕ ਕੈਨਰਾ ਬੈਂਕ ਦੀ ਬਲਾਚੌਰ ਸ਼ਾਖਾ ਦੇ ਨਵੇਂ ਪਰਿਸਰ ਦਾ ਉਦਘਾਟਨ, ਮੋਰ ਸੁਪਰ ਮਾਰਕੀਟ ਦੇ ਸਾਹਮਣੇ, ਗੜ੍ਹਸ਼ੰਕਰ ਰੋਡ ਤੇ ਇਲਾਕਾ ਵਿਧਾਇਕ ਸੰਤੋਸ਼ ਕੁਮਾਰੀ ਕਟਾਰੀਆ ਨੇ ਲੁਧਿਆਣਾ ਦੇ ਖੇਤਰੀ ਮੁਖੀ ਆਰ.ਸੀ. ਮੀਨਾ, ਸੇਵਾਮੁਕਤ ਸਹਾਇਕ ਜਨਰਲ ਮੈਨੇਜਰ ਦਲਜੀਤ ਸਿੰਘ, ਬ੍ਰਾਂਚ ਇੰਚਾਰਜ ਗੁਰਦੀਪ ਸਿੰਘ, ਖੇਤਰੀ ਦਫ਼ਤਰ, ਲੁਧਿਆਣਾ ਦੇ ਅਧਿਕਾਰੀਆਂ ਅਤੇ ਪਤਵੰਤੇ ਗਾਹਕਾਂ ਦੀ ਮੌਜੂਦਗੀ ਵਿੱਚ ਕੀਤਾ। ਇਸ ਮੌਕੇ ਬੋਲਦਿਆਂ, ਆਰ.ਸੀ. ਮੀਨਾ ਨੇ ਕਿਹਾ ਕਿ ਨਵੇਂ ਪਰਿਸਰ ਵਿੱਚ ਗਾਹਕਾਂ ਲਈ ਹਰ ਤਰ੍ਹਾਂ ਦੀਆਂ ਸਹੂਲਤਾਂ ਉਪਲਬਧ ਹਨ ਅਤੇ ਉਨ੍ਹਾਂ ਨੇ ਬੈਂਕ ਦੀਆਂ ਵੱਖ-ਵੱਖ ਗਾਹਕ-ਅਨੁਕੂਲ ਬੈਂਕਿੰਗ ਸਕੀਮਾਂ, ਕਰਜ਼ਾ ਸਹੂਲਤਾਂ ਅਤੇ ਵਿੱਤੀ ਲਾਭਾਂ ਬਾਰੇ ਵਿਸਥਾਰ ਵਿੱਚ ਦੱਸਿਆ।



ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੇ
ਅੰਤਿਮ ਅਰਦਾਸ

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਮਾਤਾ ਜੀ ਬੀਬੀ ਸੁਰਜੀਤ ਕੌਰ ਪਤਨੀ ਸਵਰਗਵਾਸੀ ਸਰਦਾਰ ਪ੍ਰੀਤਮ ਸਿੰਘ ਜੀ ਅਕਾਲ ਪੁਰਖ ਜੀ ਦੇ ਭਾਣੇ ਅੰਦਰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ 10 ਫਰਵਰੀ 2026 ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ

ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਅਖੰਡ ਪਾਠ ਸਾਹਿਬ ਦੇ ਭੋਗ ਤੇ ਅੰਤਿਮ ਅਰਦਾਸ ਸਮਾਗਮ 19 ਫਰਵਰੀ 2026 ਦਿਨ ਵੀਰਵਾਰ ਨੂੰ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਪਿੰਡ ਕੋਟ ਹਯਾਤ ਨੇੜੇ ਸੈਦਪੁਰ, ਡੇਹਰੀਵਾਲ ਦਾਸਾਂ ਦੇ ਗ੍ਰਹਿ ਵਿਖੇ ਕਰਵਾਏ ਜਾ ਰਹੇ ਹਨ

ਆਪ ਜੀ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਜੀ

ਦੁਖੀ ਹਿਰਦੇ ਸਮੂੰਹ ਰੰਧਾਵਾ ਪਰਿਵਾਰ

- ਸਰਦਾਰ ਮੰਗਲ ਸਿੰਘ {ਸਪੁੱਤਰ}
- ਤਜਿੰਦਰ ਸਿੰਘ ਰੰਧਾਵਾ {ਅਕਾਲ ਚੈਨਲ} ਪੋਤਰਾ
- ਜਤਿੰਦਰ ਸਿੰਘ ਰੰਧਾਵਾ (ਜਤਿੰਦਰ ਫੋਟੋ ਸਟੂਡੀਓ) {ਪੋਤਰਾ}
- ਸਹਿਜਪ੍ਰੀਤ ਸਿੰਘ ਰੰਧਾਵਾ {ਪੜਪੋਤਰਾ}
- ਅਨੁਰਾਗਪ੍ਰੀਤ ਸਿੰਘ ਰੰਧਾਵਾ {ਪੜਪੋਤਰਾ}
- ਸਰਤਾਜਪ੍ਰੀਤ ਸਿੰਘ {ਪੜ੍ਹਦੋਤਰਾ}
- ਤੇਜਪ੍ਰਤਾਪ ਸਿੰਘ {ਪੜ੍ਹਦੋਤਰਾ}

97793 - 01470
98159 - 63570
98155 - 63570

## ਚੰਡੀਗੜ੍ਹ ਯੂਨੀਵਰਸਿਟੀ ਦੇ 18 ਵਿਦਿਆਰਥੀਆਂ 'ਨਾਸਾ ਸਿਟੀਜ਼ਨ ਸਾਇੰਟਿਸਟ' ਵਜੋਂ ਨਾਮਜ਼ਦ



ਚੰਡੀਗੜ੍ਹ, 16 ਫਰਵਰੀ (ਚ.ਨ.ਸ.) : ਗਲੋਬਲ ਪੁਲਾੜ-ਵਿਗਿਆਨ ਖੋਜ ਵਿੱਚ ਇੱਕ ਵੱਡੀ ਛਾਲ ਮਾਰਦੇ ਹੋਏ, ਚੰਡੀਗੜ੍ਹ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਹਾਲ ਹੀ ਵਿੱਚ ਨੈਸ਼ਨਲ ਏਅਰੋਨਾਟਿਕਸ ਐਂਡ ਸਪੇਸ ਐਡਮਿਨਿਸਟ੍ਰੇਸ਼ਨ (ਨਾਸਾ) ਦੁਆਰਾ ਇੱਕ ਵੱਕਾਰੀ ਨਾਗਰਿਕ-ਵਿਗਿਆਨ ਪਹਿਲਕਦਮੀ, ਅੰਤਰਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਅੰਤਰਰਾਸ਼ਟਰੀ ਐਸਟੇਰੋਇਡ ਖੋਜ ਮੁਹਿੰਮ ਦੇ ਤਹਿਤ ਨਾਸਾ ਸਿਟੀਜ਼ਨ ਸਾਇੰਟਿਸਟ ਵਜੋਂ ਨਾਮਜ਼ਦ ਕੀਤਾ ਗਿਆ ਹੈ। ਇੱਕ ਸ਼ਾਨਦਾਰ ਪ੍ਰਾਪਤੀ ਵਿੱਚ ਜੋ ਚੰਡੀਗੜ੍ਹ ਯੂਨੀਵਰਸਿਟੀ ਦੇ ਪੁਲਾੜ-ਵਿਗਿਆਨ ਯਾਤਰਾ ਵਿੱਚ ਇੱਕ ਪਰਿਭਾਸ਼ਿਤ ਮੀਲ ਪੱਥਰ ਦੀ ਨਿਸ਼ਾਨਦੇਹੀ ਕਰਦੀ ਹੈ, ਉਨ੍ਹਾਂ ਦੇ ਅਸਾਧਾਰਨ ਸਮਰਪਣ, ਵਿਸ਼ਲੇਸ਼ਣਾਤਮਕ ਹੁਨਰ ਅਤੇ ਵਿਗਿਆਨਕ ਸੁਭਾਅ ਦਾ ਪ੍ਰਦਰਸ਼ਨ ਕਰਦੇ ਹੋਏ, ਚੰਡੀਗੜ੍ਹ ਯੂਨੀਵਰਸਿਟੀ ਐਸਟ੍ਰੋਨੋਮੀ ਕਲੱਬ ਦੇ 18 ਵਿਦਿਆਰਥੀਆਂ ਨੂੰ ਅਧਿਕਾਰਤ ਤੌਰ 'ਤੇ ਨਾਸਾ ਸਿਟੀਜ਼ਨ ਸਾਇੰਟਿਸਟ ਵਜੋਂ ਮਾਨਤਾ ਦਿੱਤੀ ਗਈ ਹੈ ਅਤੇ ਪ੍ਰਮਾਣਿਤ ਕੀਤਾ ਗਿਆ ਹੈ। ਭਾਗ ਲੈਣ ਵਾਲੇ 26 ਵਿਦਿਆਰਥੀਆਂ ਵਿੱਚੋਂ, ਦੋ ਟੀਮਾਂ ਨੇ ਅੰਤਰਰਾਸ਼ਟਰੀ ਐਸਟੇਰੋਇਡ-ਨਿਗਰਾਨੀ ਯਤਨਾਂ ਵਿੱਚ ਉਨ੍ਹਾਂ ਦੇ ਪ੍ਰਮਾਣਿਤ ਵਿਗਿਆਨਕ ਯੋਗਦਾਨ ਲਈ ਇਹ ਗਲੋਬਲ ਸਨਮਾਨ ਪ੍ਰਾਪਤ ਕੀਤਾ। ਇੰਟਰਨੈਸ਼ਨਲ ਐਸਟੇਰੋਇਡ ਖੋਜ ਮੁਹਿੰਮ ਦੇ ਤਹਿਤ ਇੱਕ ਤੀਬਰ 45-ਦਿਨਾਂ ਦੇ ਪ੍ਰੋਗਰਾਮ ਦੇ ਹਿੱਸੇ ਵਜੋਂ, ਵਿਦਿਆਰਥੀਆਂ ਨੇ ਉੱਨਤ ਖਗੋਲੀ ਸੰਦਾਂ ਅਤੇ ਤਕਨੀਕਾਂ ਦੀ ਵਰਤੋਂ ਕਰਕੇ ਸਖ਼ਤ ਡੂੰਘੇ-ਪੁਲਾੜ ਡੇਟਾ ਵਿਸ਼ਲੇਸ਼ਣ ਵਿੱਚ ਹਿੱਸਾ ਲਿਆ। ਇਨ੍ਹਾਂ ਟੀਮਾਂ ਨੇ ਪ੍ਰਦਾਨ ਕੀਤੇ ਡੇਟਾਸੇਟਾਂ ਨਾਲ ਜੁੜਿਆ, ਐਸਟ੍ਰੋਮੈਟ੍ਰਿਕ ਦੀ ਵਰਤੋਂ ਕਰਕੇ ਚਿੱਤਰਾਂ ਦਾ ਵਿਸ਼ਲੇਸ਼ਣ ਕੀਤਾ, ਜੋ ਕਿ ਟੈਲੀਸਕੋਪ ਚਿੱਤਰਾਂ ਤੋਂ ਐਸਟੇਰੋਇਡਾਂ ਅਤੇ ਹੋਰ ਗਤੀਸ਼ੀਲ ਆਕਾਸ਼ੀ ਵਸਤੂਆਂ ਦਾ ਪਤਾ ਲਗਾਉਣ ਅਤੇ ਮਾਪਣ ਲਈ ਵਰਤਿਆ ਜਾਣ ਵਾਲਾ ਇੱਕ ਵਿਸ਼ੇਸ਼ ਸਾਫਟਵੇਅਰ ਹੈ ਅਤੇ IASC ਦਿਸ਼ਾ-ਨਿਰਦੇਸ਼ਾਂ ਅਨੁਸਾਰ ਰਿਪੋਰਟਾਂ ਪੇਸ਼ ਕੀਤੀਆਂ। ਚੰਡੀਗੜ੍ਹ ਯੂਨੀਵਰਸਿਟੀ ਦੇ ਜਿਨ੍ਹਾਂ ਵਿਦਿਆਰਥੀਆਂ ਨੇ NASA ਸਿਟੀਜ਼ਨ ਸਾਇੰਟਿਸਟ ਵਜੋਂ ਮਾਨਤਾ ਪ੍ਰਾਪਤ ਕੀਤੀ ਹੈ, ਉਨ੍ਹਾਂ ਵਿੱਚ ਏਅਰੋਸਪੇਸ ਇੰਜੀਨੀਅਰਿੰਗ ਸਟ੍ਰੀਮ ਤੋਂ 15, ਵਿਗਿਆਨ ਤੋਂ ਦੋ ਅਤੇ ਕੰਪਿਊਟਰ ਸਾਇੰਸ ਇੰਜੀਨੀਅਰਿੰਗ ਸਟ੍ਰੀਮ ਤੋਂ ਇੱਕ ਸ਼ਾਮਲ ਹੈ।

ਨਾਸਾ ਦੇ ਨਾਗਰਿਕ ਵਿਗਿਆਨੀਆਂ ਵਜੋਂ 18 ਵਿਦਿਆਰਥੀਆਂ ਦੀ ਮਾਨਤਾ ਦੇਸ਼ ਭਰ ਦੇ ਚਾਹਵਾਨ ਖੋਜਕਰਤਾਵਾਂ ਅਤੇ ਨੌਜਵਾਨ ਵਿਗਿਆਨ ਪ੍ਰੇਮੀਆਂ ਲਈ ਇੱਕ ਸ਼ਕਤੀਸ਼ਾਲੀ ਪ੍ਰੇਰਨਾ ਹੈ। ਇਹ ਉਜਾਗਰ ਕਰਦਾ ਹੈ ਕਿ ਕਿਵੇਂ ਸਮਰਪਣ, ਸਲਾਹ ਅਤੇ ਵਿਹਾਰਕ ਵਿਗਿਆਨਕ ਸੰਪਰਕ ਵਿਦਿਆਰਥੀਆਂ ਨੂੰ ਅਕਾਦਮਿਕ ਖੇਤਰ ਵਿੱਚ ਵਿਸ਼ਵਵਿਆਪੀ ਮਾਨਤਾ ਪ੍ਰਾਪਤ ਕਰਨ ਦੇ ਯੋਗ ਬਣਾ ਸਕਦੇ ਹਨ। ਚੰਡੀਗੜ੍ਹ ਯੂਨੀਵਰਸਿਟੀ ਖਗੋਲ ਵਿਗਿਆਨ, ਪੁਲਾੜ ਵਿਗਿਆਨ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਵਿੱਚ ਮੌਕਿਆਂ ਦਾ ਵਿਸਥਾਰ ਕਰਨ ਲਈ ਵਚਨਬੱਧ ਹੈ, ਇਹ ਯਕੀਨੀ ਬਣਾਉਂਦੀ ਹੈ ਕਿ ਇਸਦੇ ਵਿਦਿਆਰਥੀ ਵਿਸ਼ਵਵਿਆਪੀ ਵਿਗਿਆਨਕ ਖੋਜ ਅਤੇ ਮਜ਼ਬੂਤੀ ਵਿੱਚ ਅਰਥਪੂਰਨ ਯੋਗਦਾਨ ਪਾਉਂਦੇ ਰਹਿਣ। ਪੁਲਾੜ-ਵਿਗਿਆਨ ਖੋਜ ਦੇ ਵਿਕਸਤ ਹੋ ਰਹੇ ਮੋਰਚੇ ਵਿੱਚ ਭਾਰਤ ਦੀ ਮੌਜੂਦਗੀ, ਸੰਧੂ ਨੇ ਅੱਗੇ ਕਿਹਾ।

# ਅੱਜ ਦੇ ਨੌਜਵਾਨ ਗੁਰੂਆਂ ਦੇ ਦੱਸੇ ਉਪਦੇਸ਼ ਨੂੰ ਭੁੱਲਦੇ ਜਾ ਰਹੇ-ਪੰਨੂ



ਆਦਮਪੁਰ.16 ਫਰਵਰੀ. ਜੰਡੀਰ ਸੈਣੀ.ਯੂਥ ਫਾਰ ਯੂ ਵੈਲਫੇਅਰ ਤੇ ਰਿਸਰਚ ਸੋਸਾਇਟੀ ਪਿੰਡ ਗੜੀ ਬਖਸ਼ਾਂ ਨੇ ਸਮਾਜ ਸੇਵਾ ਖੂਨਦਾਨ ਮੌਤ ਮੈਡੀਕਲ ਕਾਲਜਾਂ ਲਈ ਸਰੀਰ ਦਾਨ ਕਰਨ ਵਾਲੇ ਸਵਰਗੀ ਮਾਸਟਰ ਦਿਲਬਾਗ ਸਿੰਘ ਦੀ ਮਿੱਠੀ ਯਾਦ ਨੂੰ ਤਾਜ਼ਾ ਕਰਦੇ ਹੋਏ ਅੱਜ •.4 ਰੈਸਟੋਰੈਂਟ ਵਿੱਚ ਸਮਾਗਮ ਕਰਵਾਇਆ ਇਸ ਮੌਕੇ ਭੁਪਿੰਦਰ ਸਿੰਘ ਸੈਣੀ ਭੋਗਪੁਰ.ਜਤਿੰਦਰ ਸਿੰਘ ਪੰਨੂ ਸੀਨੀਅਰ ਪੱਤਰਕਾਰ,ਪਰਮਵੀਰ ਸਿੰਘ ਬਾਠ, ਕਮਲਜੀਤ ਸਿੰਘ ਡੱਲੀ ਸੀਨੀਅਰ ਪੱਤਰਕਾਰ, ਰਣਜੀਤ ਸਿੰਘ ਖੈੜਾ, ਰਮੇਸ਼ ਹੁਸ਼ਿਆਰਪੁਰ, ਹਰਦੀਪ ਖੁੱਡਾ, ਗੁਰਵਿੰਦਰ ਸਿੰਘ ਮਾਨਕ ਅਮਰਜੀਤ ਸਿੰਘ ਸੈਣੀ,ਮੌਜੂਦ ਰਹੇ ਤੇ ਵੱਖ ਵੱਖ ਆਗੂਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ ਮੁੱਖ ਬੁਲਾਰੇ ਜਤਿੰਦਰ ਪੰਨੂ ਨੇ ਆਪਣੇ ਵਿਚਾਰ ਸਾਂਝੇ ਕੀਤੇ ਕਿਹਾ ਕਿ ਪੰਜਾਬ ਦੇ ਹਾਲਾਤ ਬਹੁਤ ਹੀ ਤਰਸਯੋਗ ਹੋ ਚੁੱਕੇ ਹਨ।ਅਤੇ ਸਾਨੂੰ ਸਾਰਿਆਂ ਨੂੰ ਪੰਜਾਬ ਨੂੰ ਅੱਗੇ ਵਧਾਉਣ ਲਈ ਇੱਕ ਮੁੱਠ ਹੋ ਕੇ ਚੱਲਣ ਦੀ ਲੋੜ ਹੈ। ਉਹਨਾਂ ਕਿਹਾ ਕੇ ਅੱਜ ਦੇ ਨੌਜਵਾਨਾਂ ਨੂੰ ਜਾਗਰੂਕ ਕਰਨ ਦੀ ਲੋੜ ਹੈ ,ਕਿਹਾ ਕੇ ਅੱਜ ਦੇ ਨੌਜਵਾਨ ਗੁਰੂਆਂ ਦੇ ਦੱਸੇ ਹੋਏ ਮਾਰਗ ਨੂੰ ਭੁੱਲਦੇ ਜਾ ਰਹੇ ਹਨ। ਨਸ਼ਿਆਂ ਅਤੇ ਭਰਿਸ਼ਟਾਚਾਰੀ ਨੇ ਪੰਜਾਬ ਸੂਬੇ ਨੂੰ ਕਮਜ਼ੋਰ ਕੀਤਾ ਹੈ ਉਹਨਾਂ ਨੇ ਵਿਦੇਸ਼ ਵਿੱਚ ਜਾ ਰਹੇ ਲੜਕੇ ਲੜਕਿਆਂ ਨੂੰ ਵੀ ਖਾਸ ਧਿਆਨ ਦੇਣ ਲਈ ਕਿਹਾ, ਇਸ ਮੌਕੇ ਤੇ ਗੁਰਵਿੰਦਰ ਸਿੰਘ ਮਾਨਕ ਨੇ ਸਭ ਦਾ ਧੰਨਵਾਦ ਕੀਤਾ,ਅਤੇ ਇਸ ਸਮਾਗਮ ਦੀ ਜਿੰਮੇਵਾਰੀ ਸੀਨੀਅਰ ਪੱਤਰਕਾਰ ਪਰਮਵੀਰ ਬਾਠ ਨੇ ਨਿਭਾਈ

### ਡਾ. ਬਲਬੀਰ ਸਿੰਘ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਦੀ ਪ੍ਰਗਤੀ ਦਾ ਜਾਇਜ਼ਾ

# ਹਰੇਕ ਪਰਿਵਾਰ ਤੱਕ ਯੋਜਨਾ ਦਾ ਲਾਭ ਪਹੁੰਚਾਉਣ ਲਈ ਜ਼ਿਲ੍ਹਾ ਪੱਧਰ ’ਤੇ ਮਾਈਕਰੋ ਮੈਨੇਜਮੈਂਟ ਬਣਾਈ : ਸਿਹਤ ਮੰਤਰੀ



ਸੰਗਰੂਰ, 16 ਫਰਵਰੀ:(ਹਰਕੰਵਲ ਸਿੰਘ ਹੈਪੀ) ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸੰਗਰੂਰ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੇ ਬਣ ਰਹੇ ਕਾਰਡਾਂ ਦੀ ਪ੍ਰਗਤੀ ਦਾ ਉੱਚ ਪੱਧਰੀ ਮੀਟਿੰਗ ਦੌਰਾਨ ਜਾਇਜ਼ਾ ਲਿਆ। ਉਨ੍ਹਾਂ ਸੰਗਰੂਰ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੋਈ ਵੀ ਪਰਿਵਾਰ ਯੋਜਨਾ ਦੇ ਲਾਭ ਤੋਂ ਵਾਂਝਾ ਨਾ ਰਹੇ ਅਤੇ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਮਿਸ਼ਨ ਮੋਡ ਵਿੱਚ ਮੁਕੰਮਲ ਕੀਤਾ ਜਾਵੇ। ਇਸ ਮੌਕੇ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਅਤੇ ਸਹਾਇਕ ਕਮਿਸ਼ਨਰ ਕ੍ਰਿਪਾਲਵੀਰ ਸਿੰਘ ਵੀ ਮੌਜੂਦ ਸਨ।ਮੀਟਿੰਗ ਦੌਰਾਨ ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਵੱਡੇ ਸੁਧਾਰ ਕੀਤੇ ਜਾ ਰਹੇ ਹਨ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਇਸ ਦਿਸ਼ਾ ਵੱਲ ਇੱਕ ਕ੍ਰਾਂਤੀਕਾਰੀ ਪਹਿਲ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਉਦੇਸ਼ ਆਮ ਲੋਕਾਂ ਨੂੰ ਆਰਥਿਕ ਬੋਝ ਤੋਂ ਰਾਹਤ ਦਿੰਦਿਆਂ ਉਨ੍ਹਾਂ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸਹੂਲਤਾਂ ਉਪਲਬਧ ਕਰਵਾਉਣਾ ਹੈ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਸੰਗਰੂਰ ਜ਼ਿਲ੍ਹੇ ਵਿੱਚ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਜ਼ਿਲ੍ਹਾ ਪੱਧਰ ’ਤੇ ਮਾਈਕਰੋ ਮੈਨੇਜਮੈਂਟ ਕੀਤੀ ਗਈ ਹੈ, ਜਿਸ ਅਧੀਨ ਹਲਕਾ ਪੱਧਰ ’ਤੇ ਟੀਚੇ ਨਿਰਧਾਰਤ ਕਰਕੇ ਰੋਜ਼ਾਨਾ ਪ੍ਰਗਤੀ ਦੀ ਸਮੀਖਿਆ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਰੇਕ ਵਿਧਾਨ ਸਭਾ ਹਲਕੇ ਵਿੱਚ ਰੋਜ਼ਾਨਾ 8 ਕੈਂਪ ਲਗਾਏ ਜਾ ਰਹੇ ਹਨ, ਜਿਸ ਤਹਿਤ ਜ਼ਿਲ੍ਹੇ ਵਿੱਚ ਕੁੱਲ 40 ਵਿਸ਼ੇਸ਼ ਕੈਂਪ ਲੱਗ ਰਹੇ ਹਨ।ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਸ਼ੇਸ਼ ਕੈਂਪਾਂ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ (ਸੀ.ਐਸ.ਸੀ.) ਨੂੰ ਵੀ ਯੋਜਨਾ ਨਾਲ ਜੋੜਿਆ ਗਿਆ ਹੈ, ਤਾਂ ਜੋ ਲੋਕ ਆਪਣੇ ਨੇੜਲੇ ਕੇਂਦਰਾਂ ’ਤੇ ਕਾਰਡ ਬਣਵਾ ਸਕਣ।ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪੜ੍ਹੇ-ਲਿਖੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਬ-ਆਪਰੇਟਰ ਵਜੋਂ ਰਜਿਸਟਰੇਸ਼ਨ ਕਰਵਾ ਕੇ ਇਸ ਪ੍ਰਕਿਰਿਆ ਦਾ ਹਿੱਸਾ ਬਣਨ। ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਸਰਕਾਰੀ ਯੋਜਨਾ ਦੀ ਰਫ਼ਤਾਰ ਵਧੇਗੀ, ਉੱਥੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਵੀ ਸਿਰਜੇ ਜਾਣਗੇ।ਡਾ. ਬਲਬੀਰ ਸਿੰਘ ਨੇ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਕਾਰਡ ਬਣਾਉਣ ਦੀ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਤਕਨੀਕੀ ਜਾਂ ਪ੍ਰਸ਼ਾਸਕੀ ਰੁਕਾਵਟ ਆਉਣ ’ਤੇ ਉਸ ਦਾ ਤੁਰੰਤ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕਾਰਡ ਦੀ ਪ੍ਰਕਿਰਿਆ ਦੀ ਲਗਾਤਾਰ ਉੱਚ ਪੱਧਰ ’ਤੇ ਸਮੀਖਿਆ ਕੀਤੀ ਜਾ ਰਹੀ ਹੈ, ਤਾਂ ਜੋ ਕੰਮ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ ਸਿਹਤ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਲੋਕਾਂ ਨੂੰ ਵਿਸ਼ਵ ਪੱਧਰੀ ਸਿਹਤ ਸਹੂਲਤਾਂ ਉਪਲਬਧ ਕਰਵਾਉਣ ਲਈ ਵਚਨਬੱਧ ਹੈ ਅਤੇ ਸੰਗਰੂਰ ਜ਼ਿਲ੍ਹਾ ਇਸ ਮੁਹਿੰਮ ਵਿੱਚ ਮੋਹਰੀ ਭੂਮਿਕਾ ਨਿਭਾਵੇਗਾ। ਮੀਟਿੰਗ ਦੌਰਾਨ ਸਿਹਤ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਤ ਏਜੰਸੀਆਂ ਦੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

# ਦਰਜ਼ਨਾਂ ਪਰਿਵਾਰ ਰਵਾਇਤੀ ਪਾਰਟੀਆਂ ਨੂੰ ਛੱਡ ਆਪ ’ਚ ਸ਼ਾਮਿਲ



ਡੇਰਾ ਬਾਬਾ ਨਾਨਕ 16 ਫਰਵਰੀ (ਹੈਪੀ ਕੋਟਲੀ)ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਪਿੰਡਾਂ ਵਿੱਚ ਕਰਵਾਏ ਜਾ ਰਹੇ ਰਿਕਾਰਡ ਤੋੜ ਵਿਕਾਸ ਕਾਰਜਾਂ ਦੀ ਬਦੌਲਤ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਹਰ ਰੋਜ਼ ਨਿਤ ਨਵੇਂ ਦਿਨ ਵੱਡੀ ਪੱਧਰ ਤੇ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ।ਗੁਰਦੀਪ ਸਿੰਘ ਰੰਧਾਵਾ ਵੱਲੋਂ ਹਲਕਾ ਡੇਰਾ ਬਾਬਾ ਨਾਨਕ ਵਿੱਚ ਸ਼ੁਰੂ ਕੀਤੀ ਗਈ ਕਾਂਗਰਸ ਮੁਕਤ ਮੁਹਿੰਮ ਤਹਿਤ ਅਰੰਭਤਾ ਆਪਣੇ ਜੱਦੀ ਪਿੰਡ ਸ਼ਾਹਪੁਰ ਜਾਜਨ ਤੋਂ ਕੀਤੀ ਹੈ ਜਿੱਥੇ ਕਿ ਬੀਤੇ ਕਈ ਦਿਨਾਂ ਤੋਂ ਵੱਖ ਵੱਖ ਪਾਰਟੀਆਂ ਨਾਲ ਜੁੜੇ ਲੋਕ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ ਤੇ ਅੱਜ ਸਰਪੰਚ ਤਜਿੰਦਰ ਸਿੰਘ ਮਾਨ ਅਤੇ ਸਵਿੰਦਰ ਸਿੰਘ ਬੋਨੀ ਦੀ ਪ੍ਰੇਰਨਾ ਸਦਕਾ ਕਰੀਬ 100 ਤੋਂ ਵੱਧ ਪਰਿਵਾਰਾਂ ਨੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਹੀ ਕਬੂਲਦਿਆਂ ਹੋਇਆਂ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ।ਇਸ ਮੌਕੇ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਾਰਟੀ ਵਿੱਚ ਸ਼ਾਮਿਲ ਹੋਏ ਝਿਰਮਲ ਸਿੰਘ, ਜੱਸੀ ਰੰਧਾਵਾ, ਨਿੰਦਰਪਾਲ ਸਿੰਘ, ਮਹਿੰਦਰ ਸਿੰਘ ਗੁਰਮੰਤਰ ਸਿੰਘ ਫੌਜੀ ,ਕਸ਼ਮੀਰ ਸਿੰਘ ,ਸੰਦੀਪ ਸਿੰਘ ਫੌਜੀ, ਰਣਜੀਤ ਸਿੰਘ ਰਾਣਾ ,ਜਸਵੰਤ ਸਿੰਘ, ਦਿਲਪ੍ਰੀਤ ਸਿੰਘ ,ਜਸਪਾਲ ਸਿੰਘ ,ਬਿਕਰਮਜੀਤ ਸਿੰਘ ,ਮਨਪ੍ਰੀਤ ਸਿੰਘ ,ਗੁਰਜਿੰਦਰ ਸਿੰਘ ਸਾਬੀ, ਕੁਲਦੀਪ ਸਿੰਘ ,ਕੁਲਵੰਤ ਸਿੰਘ ,ਦਲਜੀਤ ਸਿੰਘ ,ਹਰਪ੍ਰੀਤ ਸਿੰਘ ,ਪੱਪੂ ,ਸਤਨਾਮ ਸਿੰਘ ,ਸਰੂਪ ਸਿੰਘ ,ਰਣਜੋਧ ਸਿੰਘ ਆਦਿ ਨੂੰ ਪਾਰਟੀ ਦੇ ਨਿਸ਼ਾਨ ਵਾਲੇ ਸਰੋਪੇ ਪਾ ਕੇ ਪਾਰਟੀ ਵਿੱਚ ਸ਼ਾਮਿਲ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮੇਰੇ ਪਿੰਡ ਦੇ ਲੋਕ ਮੇਰੇ ਪਰਿਵਾਰਿਕ ਮੈਂਬਰ ਹਨ ਤੇ ਮੇਰੇ ਘਰ ਦੇ ਦਰਵਾਜੇ ਇਹਨਾਂ ਦੇ ਲਈ 24 ਘੰਟੇ ਖੁੱਲੇ ਹਨ ਤੇ ਜੋ ਵੀ ਇਹਨਾਂ ਦੀਆਂ ਜਰੂਰਤਾਂ ਹੋਣਗੀਆਂ ਉਹਨਾਂ ਦਾ ਹਲ ਪਹਿਲ ਦੇ ਆਧਾਰ ਤੇ ਕੀਤਾ ਜਾਵੇਗਾ।ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਬਲਾਕ ਸੰਮਤੀ ਮੈਂਬਰ ਰੇਸ਼ਮ ਸਿੰਘ ਪੱਡਾ,ਨੰਬਰਦਾਰ ਜਸਵੰਤ ਸਿੰਘ,ਸਵਿੰਦਰ ਸਿੰਘ ਬੋਨੀ,ਬਲਦੇਵ ਸਿੰਘ ਬੱਲੀ ਪੰਚ,ਗੁਰਵਿੰਦਰ ਸਿੰਘ ਪੰਚ,ਬਲਾਕ ਸੰਮਤੀ ਮੈਂਬਰ ਬਲਵਿੰਦਰ ਸਿੰਘ ਗੁਰਾਇਆ,ਪ੍ਰਧਾਨ ਰਜੇਸ਼ ਕੁਮਾਰ ਬਿੱਟਾ, ਸਰਪੰਚ ਦਲਬੀਰ ਸਿੰਘ ਭਿੱਲਾ,ਸਰਪੰਚ ਸੁਖਵਿੰਦਰ ਸਿੰਘ ਧਾਲੀਵਾਲ,ਸਰਪੰਚ ਸੁਲੱਖਣ ਸਿੰਘ ਬਸੰਤਕੋਟ,ਸੁਖਦੀਪ ਸਿੰਘ ਸਰਪੰਚ ਹਕੀਮਬੇਗ,ਰਾਮਜੀਤ ਸਿੰਘ ਸਰਪੰਚ ਕੋਟਮੌਲਵੀ, ਵਿਸਾਖਾ ਸਿੰਘ ਸਰਪੰਚ ਮੀਰਕਚਾਨਾ, ਹੀਰਾ ਸਿੰਘ ਸਰਪੰਚ,ਮੇਜਰ ਸਿੰਘ ਸਰਪੰਚ ਠੇਠਰਕੇ ਸਮੇਤ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

# ਬੀਕੇਯੂ ਏਕਤਾ ਸਿੱਧੂਪੁਰ ਬਲਾਕ ਬਾਜਾਖਾਨਾ ਦੇ ਕਿਸਾਨਾਂ ਵੱਲੋਂ ਸਾੜੀਆਂ ਗਈਆਂ ਸਮਝੌਤੇ ਦੀਆਂ ਕਾਪੀਆਂ



ਬਾਜਾਖਾਨਾ,16 ਫਰਵਰੀ ( ਅਵਤਾਰ ਸਿੰਘ ਮੱਲਾ ) ਪਿਛਲੇ ਦਿਨੀਂ ਦੁਵੱਲੇ ਵਪਾਰ ਨੂੰ ਲੈਕੇ ਅਮਰੀਕਾ ਅਤੇ ਭਾਰਤ ਦੇਸ਼ਾਂ ਦੇ ਮੁਖੀਆਂ ਵੱਲੋਂ ਕੀਤੇ ਗਏ ਸਮਝੌਤੇ ਜਾਂ ਹੋਣ ਵਾਲੇ ਇਸ ਵਪਾਰ ਨੂੰ ਲੈਕੇ ਦੇਸ਼ ਦੇ ਕਿਸਾਨਾਂ ਵਿੱਚ ਵੱਡਾ ਰੋਸ ਪਾਇਆ ਜਾ ਰਿਹਾ ਹੈ ਅਤੇ ਦੇਸ਼ ਦੇ ਕਿਸਾਨਾਂ ਵੱਲੋਂ ਇਹਨਾਂ ਫਰੀ ਟਰੇਡ ਸਮਝੌਤੇ ਦੀਆਂ ਕਾਪੀਆਂ ਸਾੜ ਕੇ ਥਾਂ ਥਾਂ ਤੇ ਆਪਣਾ ਵਿਰੋਧ ਜਤਾਇਆ ਜਾ ਰਿਹਾ ਹੈ। ਅੱਜ ਬੀਕੇਯੂ ਏਕਤਾ ਸਿੱਧੂਪੁਰ ਦੇ ਕਿਸਾਨਾਂ ਵੱਲੋਂ ਬਲਾਕ ਬਾਜਾਖਾਨਾ ਦੇ ਸਾਰੇ ਪਿੰਡਾਂ ਉਕੰਦਵਾਲਾ, ਝੱਖੜਵਾਲਾ, ਵਾੜਾ ਭਾਈਕਾ, ਘਣੀਆਂ, ਰੋਮਾਣਾ ਅਜੀਤ ਸਿੰਘ, ਮੱਲਾ,ਡੋਡ, ਵਾਂਦਰ ਅਜੀਤਗੜ੍ਹ, ਲੰਭਵਾਲੀ, ਬਾਜਾਖਾਨਾ ਆਦਿ ਪਿੰਡਾਂ ਵਿੱਚ ਵੱਡੀ ਪੱਧਰ ਤੇ ਇਸ ਸਮਝੌਤੇ ਦੀਆਂ ਕਾਪੀਆਂ ਸਾੜ ਕੇ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਬਲਾਕ ਬਾਜਾਖਾਨਾ ਦੇ ਪ੍ਰਧਾਨ ਬਲਜਿੰਦਰ ਸਿੰਘ ਵਾੜਾ ਭਾਈਕਾ ਅਤੇ ਕਿਸਾਨ ਆਗੂ ਇੰਦਰਜੀਤ ਘਣੀਆ ਨੇ ਗੱਲਬਾਤ ਕਰਦਿਆਂ ਕਿਹਾ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕਾ ਦੇ ਡੋਨਲ ਟਰੰਪ ਵੱਲੋਂ ਕਾਰਪੋਰੇਟ ਘਰਾਣਿਆਂ ਦੇ ਹਿੱਤ ਵਿੱਚ ਕੀਤੇ ਜਾ ਰਹੇ ਇਹ ਫ਼ੈਸਲੇ ਦੇਸ਼ ਦੇ ਕਿਸਾਨਾਂ ਦੇ ਨਾਲ ਨਾਲ ਹਰ ਵਰਗ ਲਈ ਘਾਤਕ ਸਿੱਧ ਹੋਣਗੇ। ਉਨ੍ਹਾਂ ਕਿਹਾ ਕਿ ਭਾਰਤ ਦੇਸ਼ ਦਾ ਕਿਸਾਨ ਅਮਰੀਕਾ ਵਿੱਚ ਹੋ ਰਹੀ ਵੱਡੇ ਪੱਧਰ ਦੀ ਖੇਤੀ ਦਾ ਮੁਕਾਬਲਾ ਕਦੇ ਵੀ ਨਹੀਂ ਕਰ ਸਕੇਗਾ ਕਿਉਂਕਿ ਅਮਰੀਕਾ ਵਰਗੇ ਦੇਸ਼ ਆਪਣੇ ਕਿਸਾਨਾਂ ਨੂੰ ਵੱਡੀ ਰਾਹਤ ਸਬਸਿਡੀ ਦੇ ਕੇ ਖੇਤੀ ਕਰਵਾਉਦੇ ਹਨ। ਉਨ੍ਹਾਂ ਕਿਹਾ ਕਿ ਜਿਹੜੀ ਜਿਨਸ ਸੋਇਆ ਮੱਕੀ ਅਤੇ ਦੁੱਧ ਦੇ ਬਣੇ ਹੋਏ ਪ੍ਰੋਡਕਟਾਂ ਨੂੰ ਭਾਰਤ ਦੇਸ਼ ਦੇ ਮੁਕਾਬਲੇ ਦਾ ਬਣਾਉਣ ਲਈ ਪਹਿਲਾਂ ਵੱਡੇ ਪੱਧਰ ਤੇ ਡਿਊਟੀ ਲਗਾਈ ਜਾਂਦੀ ਰਹੀ ਹੈ ਉਨ੍ਹਾਂ ਹੀ ਫਸਲਾਂ ਡੇਅਰੀ ਉਤਪਾਦਾਂ ਵਗੈਰਾ ਨੂੰ ਅਮਰੀਕਾ ਦੇ ਦਬਾਅ ਹੇਠ ਫਰੀ ਡਿਊਟੀ ਕਰਨਾ ਦੇਸ਼ ਦੇ ਕਿਸਾਨਾਂ ਦੁਕਾਨਦਾਰਾਂ ਦੇ ਨਾਲ ਹਰ ਵਰਗ ਨੂੰ ਲੈ ਡੁੱਬੇਗਾ। ਉਨ੍ਹਾਂ ਕਿਹਾ ਕਿ ਅਮਰੀਕਾ ਵਰਗੇਦੇਸ਼ਾਂ ਵੱਲੋਂਜੀਐਮ ਕਰੋਪਸ ਵਰਗੀਆਂ ਮੋਡੀਫਾਈ ਫਸਲਾਂ ਵੱਧ ਦੁੱਧ ਲੈਣ ਵਰਗੇ ਫਾਰਮੂਲੇ ਦੇਸ਼ ਦੇ ਲੋਕਾਂ ਲਈ ਵੱਡੇ ਪੱਧਰ ਤੇ ਕੈਂਸਰ ਵਰਗੀਆਂ ਬਿਮਾਰੀਆਂ ਲੈਕੇ ਆਉਣਗੇ। ਉਨ੍ਹਾਂ ਖਦਸ਼ਾ ਜਤਾਇਆ ਕਿ ਇਹਸਮਝੌਤੇਕਰਕੇਸਾਡੇਲੋਕਾਂਦੀਨਸਲਕੁਸ਼ੀ ਕੀਤੀ ਜਾ ਰਹੀ ਹੈ ਉਨ੍ਹਾਂ ਕਿਹਾ ਕਿ ਹੁਣ ਦੇਸ਼ ਦੇ ਲੋਕਾਂ ਵਿੱਚ ਜਾਗਰੂਕਤਾ ਆ ਚੁੱਕੀ ਹੈ ਅਤੇ ਜੇਕਰ ਇਹਨਾਂ ਸਮਝੌਤਿਆਂ ਨੂੰ ਮੋਦੀ ਸਰਕਾਰ ਵੱਲੋਂ ਰੱਦ ਨਾ ਕੀਤਾ ਗਿਆ ਤਾਂ ਦੇਸ਼ ਦੇ ਲੋਕ ਇੱਕ ਵਾਰ ਫਿਰ ਤੋਂ ਅੰਦੋਲਨ ਕਰਨ ਲਈ ਮਜਬੂਰ ਹੋਣਗੇ।

## ਅਟਾਰੀ ਸਰਹੱਦ ’ਤੇ ਰਿਟਰੀਟ ਸੈਰੇਮਨੀ ਦਾ ਸਮਾਂ ਬਦਲਿਆ

ਅੰਮ੍ਰਿਤਸਰ, 16 ਫਰਵਰੀ (ਬਬਲੂ ਮਹਾਜਨ) : ਭਾਰਤ-ਪਾਕਿਸਤਾਨ ਦੀ ਅਟਾਰੀ ਸਰਹੱਦ ‘ਤੇ ਹਰ ਰੋਜ਼ ਹੋਣ ਵਾਲੀ ਰਿਟਰੀਟ ਸੈਰੇਮਨੀ ਦੇ ਸਮੇਂ ਵਿੱਚ ਤਬਦੀਲੀ ਕੀਤੀ ਗਈ ਹੈ। ਅਟਾਰੀ-ਵਾਘਾ ਬਾਰਡਰ ‘ਤੇ ਹੁਣ ਇਹ ਸੈਰੇਮਨੀ ਸ਼ਾਮ 4:30 ਵਜੇ ਤੋਂ 5:00 ਵਜੇ ਤੱਕ ਹੋਇਆ ਕਰੇਗੀ, ਜਦਕਿ ਪਹਿਲਾਂ ਇਹ 5:00 ਵਜੇ ਤੋਂ 5:30 ਵਜੇ ਤੱਕ ਆਯੋਜਿਤ ਹੁੰਦੀ ਸੀ। ਨਵੇਂ ਸਮੇਂ ਬਾਰੇ ਜਾਣਕਾਰੀ ਦਿੰਦਿਆਂ ਪ੍ਰੋਟੋਕੋਲ ਅਧਿਕਾਰੀ ਅਰੁਣ ਮਾਹਲ ਨੇ ਦੱਸਿਆ ਕਿ ਇਹ ਫੈਸਲਾ ਮੌਸਮ ਵਿੱਚ ਆ ਰਹੀਆਂ ਤਬਦੀਲੀਆਂ ਅਤੇ ਦਰਸ਼ਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਲਿਆ ਗਿਆ ਹੈ।ਉਨ੍ਹਾਂ ਕਿਹਾ ਕਿ ਸੈਰੇਮਨੀ ਵੇਖਣ ਲਈ ਦੂਰ-ਦੂਰ ਤੋਂ ਸੈਲਾਨੀ ਅਤੇ ਦੇਸ਼-ਵਿਦੇਸ਼ ਦੇ ਮਹਿਮਾਨ ਪਹੁੰਚਦੇ ਹਨ, ਇਸ ਲਈ ਉਨ੍ਹਾਂ ਦੀ ਸੁਵਿਧਾ ਸਭ ਤੋਂ ਪਹਿਲਾਂ ਹੈ। ਪ੍ਰਸ਼ਾਸਨ ਵੱਲੋਂ ਅਪੀਲ ਕੀਤੀ ਗਈ ਹੈ ਕਿ ਲੋਕ ਨਵੇਂ ਨਿਰਧਾਰਤ ਸਮੇਂ ਅਨੁਸਾਰ ਸਰਹੱਦ ‘ਤੇ ਪਹੁੰਚਣ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਤੋਂ ਬਚਿਆ ਜਾ ਸਕੇ।ਰਿਟਰੀਟ ਸੈਰੇਮਨੀ ਭਾਰਤੀ ਬੀਐਸਐਫ ਅਤੇ ਪਾਕਿਸਤਾਨੀ ਰੇਂਜਰਜ਼ ਵੱਲੋਂ ਰੋਜ਼ਾਨਾ ਸ਼ਾਮ ਨੂੰ ਕੀਤੀ ਜਾਣ ਵਾਲੀ ਇੱਕ ਰਸਮੀ ਕਾਰਵਾਈ ਹੈ,

# 18 ਫਰਵਰੀ ਨੂੰ ਲੱਗਣ ਵਾਲੇ ਖੂਨਦਾਨ ਕੈਂਪ ਦਾ ਫਲੈਕਸ ਜਾਰੀ




ਸ੍ਰੀ ਮੁਕਤਸਰ ਸਾਹਿਬ 16 ਫਰਵਰੀ ( ਐਚ ਐਸ ਕਪੂਰ)ਸੰਕਲਪ ਐਜੂਕੇਸ਼ਨਲ ਵੈਲਫੇਅਰ ਸੋਸਾਇਟੀ (ਰਜਿ.) ਦੁਆਰਾ ਜ਼ਿਲ੍ਹਾ ਸਿਹਤ ਵਿਭਾਗ ਤੋਂ ਮਨਜ਼ੂਰੀ ਮਿਲਣ ਉਪਰੰਤ ਪਿੰਡ ਉਦੇਕਰਨ ਵਿਖੇ ਖੂਨਦਾਨ ਕੈਂਪ ਲਾਇਆ ਜਾ ਰਿਹਾ ਹੈ।ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੇ ਦੱਸਿਆ ਕਿ ਇਹ ਕੈਂਪ ਸ਼ਹੀਦ ਦੀਪ ਸਿੱਧੂ ਯਾਦਗਾਰੀ ਚਾਰ ਰੋਜ਼ਾ ਫੁੱਟਬਾਲ ਟੂਰਨਾਮੈਂਟ ਮੌਕੇ 18 ਫਰਵਰੀ ਦਿਨ ਬੁੱਧਵਾਰ ਨੂੰ ਲਾਇਆ ਜਾਵੇਗਾ। ਇਸ ਕੈਂਪ ਨੂੰ ਲੈ ਕੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਾਜੀਵ ਸੱਚਦੇਵਾ ਦੁਆਰਾ ਫਲੈਕਸ ਜਾਰੀ ਕੀਤਾ ਗਿਆ। ਉਨਾਂ ਸੰਕਲਪ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਮੌਕੇ ਵੱਧ ਤੋਂ ਵੱਧ ਖੂਨਦਾਨ ਕੀਤਾ ਜਾਵੇ। ਸੰਧੂ ਨੇ ਦੱਸਿਆ ਕਿ ਇਹ ਖੂਨਦਾਨ ਕੈਂਪ ਸਮੂਹ ਨਗਰ ਨਿਵਾਸੀ, ਨਗਰ ਪੰਚਾਇਤ ਤੇ ਦੀਪ ਸਿੱਧੂ ਪਰਿਵਾਰ ਦੇ ਸਹਿਯੋਗ ਨਾਲ ਲਾਇਆ ਜਾ ਰਿਹਾ ਹੈ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਾਜੀਵ ਸੱਚਦੇਵਾ , ਡਾਕਟਰ ਅਰਪਨ ਬਰਾੜ (ਹੱਡੀਆਂ ਦੇ ਰੋਗਾਂ ਦੇ ਮਾਹਰ) ਗੁਰਚਰਨ ਸਿੰਘ ਸੰਧੂ (ਫਾਰਮੇਸੀ ਅਫਸਰ),ਸੰਦੀਪ ਕੌਰ (ਜ਼ਿਲ੍ਹਾ ਕੁਆਰਡੀਨੇਟਰ ਆਯੂਸ਼ਮਾਨ ਭਾਰਤ ਸਕੀਮ), ਲਖਬੀਰ ਸਿੰਘ (ਸੀ.ਟੀ ਇੰਚਾਰਜ) ਤੇ ਪ੍ਰਧਾਨ ਨਰਿੰਦਰ ਸਿੰਘ ਸੰਧੂ ਮੌਜੂਦ ਸਨ।

# ਏਆਈ ਤਕਨੀਕ ਨਾਲ ਤਿਆਰ ਵੀਡੀਓ ਵਾਇਰਲ ਹੋਣ ’ਤੇ ਸ਼੍ਰੋਮਣੀ ਕਮੇਟੀ ਨੇ ਕਰਵਾਇਆ ਪਰਚਾ ਦਰਜ

ਅੰਮ੍ਰਿਤਸਰ, 17ਫਰਵਰੀ ( ਬਬਲੂ ਮਹਾਜਨ)ਏਆਈ ਤਕਨੀਕ ਨਾਲ ਤਿਆਰ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ ‘ਚ ਸਕੋਰਪੀਓ ਵਿਚ ਬੈਠ ਕੇ ਜਾਣ ਇਕ ਨੌਜੁਆਨ ਲੜਕੇ ਵਾਲੀ ਵੀਡੀਓ ਵਾਇਰਲ ਹੋਣ ਤੋਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ ਵੱਲੋਂ ਪੁਲਿਸ ਨੂੰ ਸ਼ਿਕਾਇਤ ਦੇ ਕੇ ਪਰਚਾ ਦਰਜ ਕਰਵਾਇਆ ਗਿਆ ਸੀ। ਪੁਲਿਸ ਅਤੇ ਸਾਈਬਰ ਕਰਾਇਮ ਵੱਲੋਂ ਇਸ ਵੀਡੀਓ ਨੂੰ ਬਣਾਉਂਣ ਵਾਲੇ ਖਿਲਾਫ ਜਿਥੇ ਐਆਈਆਰ ਦਰਜ ਕੀਤੀ ਗਈ ਹੈ ਉਥੇ ਹੀ ਅਗਲੇਰੀ ਕਾਰਵਾਈ ਵੀ ਕੀਤੀ ਜਾ ਰਹੀ ਹੈ। ਸੋਸ਼ਲ ਮੀਡੀਆ ’ਤੇ ਪਿਛਲੇ ਦਿਨੀਂ ਇੱਕ ਵੀਡੀਓ ਵਾਇਰਲ ਹੋਈ ਸੀ, ਜਿਸ ਵਿਚ ਇਕ ਮੋਨਾ ਨੌਜੁਵਾਨ ਲੜਕਾ ਜੁੱਤੀਆਂ ਪਹਿਨ ਕੇ ਹਰਿਮੰਦਰ ਸਾਹਿਬ ਦੀ ਪਰਿਕਰਮਾ ਵਿਚ ਖਵਾ ਦਿਖਾਇਆ ਗਿਆ। ਵੀਡੀਓ ’ਚ ਅੱਗੇ ਦਿਖਾਇਆ ਜਾਂਦਾ ਹੈ ਕਿ ਨੌਜੁਵਾਨ ਪਰਿਕਰਮਾ ਵਿਚੋਂ ਹੀ ਇੱਕ ਕਾਲੀ ਸਕੋਰਪੀਓ ਵਿੱਚ ਬੈਠ ਕੇ ਉਥੋਂ ਚਲਾ ਜਾਂਦਾ ਹੈ। ਜੋ ਕਿ ਵਾਇਰਲ ਵੀਡੀਓ ਨਿਕਲੀ ਫਰਜ਼ੀ ਏਆਈ ਤਕਨੀਕ ਨਾਲ ਬਣੀ ਹੋਈ ਹੈ। ਸ਼੍ਰੋਮਣੀ ਕਮੇਟੀ ਦੀ ਸ਼ਿਕਾਇਤ ’ਤੇ ਸਾਈਬਰ ਪੁਲਿਸ ਵੱਲੋਂ ਕੇਸ ਦਰਜ ਕਰਕੇ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਨੇ ਇਸ ਤਰਾਂ ਦੀਆਂ ਭੜਕਾਉ ਵੀਡੀਓ ਸ਼ੇਅਰ ਨਾ ਕਰਨ ਦੀ ਅਪੀਲ ਕਰਦਿਆ ਕਿਹਾ ਕਿ ਇਸ ਨਾਲ ਸੰਗਤ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਦੀ ਹੈ। ਏਸੀਪੀ ਸੈਂਟਰਲ ਜਸਪਾਲ ਸਿੰਘ ਨੇ ਦੱਸਿਆ ਕਿ ਏਆਈ ਤਕਨੀਕ ਦੇ ਚੰਗੇ ਤੇ ਮਾੜੇ ਦੋਵੇਂ ਪ੍ਰਭਾਵ ਹਨ, ਪਰ ਧਾਰਮਿਕ ਅਸਥਾਨਾਂ ਨਾਲ ਜੋੜ ਕੇ ਫਰਜ਼ੀ ਵੀਡੀਓ ਬਣਾਉਂਣਾ ਅਤੇ ਫੈਲਾਉਂਣਾ ਕਾਨੂੰਨੀ ਜੁਰਮ ਹੈ। ਉਨ੍ਹਾਂ ਕਿਹਾ ਕਿ ਇਹ ਵੀਡੀਓ ਕਾਫੀ ਪੁਰਾਣੀ ਹੈ ਅਤੇ ਇਸ ਸਬੰਧੀ ਕੇਸ ਪਹਿਲਾਂ ਹੀ ਦਰਜ ਹੋ ਚੁੱਕਾ ਹੈ, ਪਰ ਇਸ ਨੂੰ ਮੁੜ-ਮੁੜ ਸੋਸ਼ਲ ਮੀਡੀਆ ’ਤੇ ਵਾਇਰਲ ਕੀਤਾ ਜਾ ਰਿਹਾ ਹੈ। ਪੁਲਿਸ ਵੱਲੋਂ ਸੰਗਤ ਅਤੇ ਸੋਸ਼ਲ ਮੀਡੀਆ ਦੀ ਵਰਤੋਂ ਕਰਨ ਵਾਲਿਆ ਨੂੰ ਅਪੀਲ ਕੀਤੀ ਗਈ ਹੈ ਕਿ ਅਜਿਹੀ ਭੜਕਾਉ ਅਤੇ ਗਲਤ ਜਾਣਕਾਰੀ ਨੂੰ ਅੱਗੇ ਸ਼ੇਅਰ ਨਾ ਕੀਤਾ ਜਾਵੇ, ਤਾਂ ਜੋ ਸੰਗਤ ਦੀਆਂ ਭਾਵਨਾਵਾਂ ਨੂੰ ਠੇਸ ਨਾ ਪਹੁੰਚੇ ਅਤੇ ਸਮਾਜ ਵਿਚ ਤਣਾਅ ਪੈਦਾ ਨਾ ਹੋਵੇ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਇਸ ਸਬੰਧੀ ਪਹਿਲਾਂ ਹੀ ਸ਼ਿਕਾਇਤ ਦੇ ਕੇ ਪਰਚਾ ਦਰਜ ਕਰਵਾ ਦਿੱਤਾ ਸੀ। ਪੁਲਿਸ ਨੂੰ ਚਾਹੀਦਾ ਹੈ ਕਿ ਸੰਗਤਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਣ ਵਾਲੀਆਂ ਇਸ ਤਰਾਂ ਦੀਆਂ ਕਾਰਵਾਈਆਂ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੋ ਦੂਸਰਿਆਂ ਨੂੰ ਇਸ ਤਰਾਂ ਕਰਨ ਦੀ ਹਿੰਮਤ ਨਾ ਆਵੇ।

# ਸ਼ੈਰੀ ਕਲਸੀ ਨੇ ਵਾਰਡ ਨੰਬਰ 45 ਵਿਖੇ ਵਿਕਾਸ ਕਾਰਜਾਂ ਦਾ ਰੱਖਿਆ ਨੀਂਹ ਪੱਥਰ



ਬਟਾਲਾ, / ਸ੍ਰੀ ਹਰਗੋਬਿੰਦਪੁਰ ਸਾਹਿਬ16 ਫਰਵਰੀ :- ( ਬਲਵਿੰਦਰ ਸਿੰਘ ਪੰਜਗਰਾਈਂ/ ਸੁੱਖ ਅੰਮ੍ਰਿਤ ਸ੍ਰੀ ਹਰਗੋਬਿੰਦਪੁਰ ਸਾਹਿਬ) ਬਟਾਲਾ ਸ਼ਹਿਰ ਅੰਦਰ ਵਿਕਾਸ ਪੱਖੋਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸ਼ਹਿਰ ਵਾਸੀਆਂ ਦੀਆਂ ਲੰਮੇ ਸਮੇਂ ਤੋਂ ਲਮਕਦੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਵਾਰਡ ਨੰਬਰ 45 ਵਿਖੇ ਵਾਰਡ ਵਾਸੀਆਂ ਦੀ ਮੌਜੂਦਗੀ ਵਿਖੇ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਨ ਉਪਰੰਤ ਕੀਤਾ।ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਪਿਛਲੇ ਕਈ ਸਾਲਾਂ ਤੋਂ ਗਲੀਆਂ ਨਾ ਬਣਨ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਪਰ ਹੁਣ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਗਿਆ ਹੈ ਅਤੇ ਹੁਣ ਲੋਕਾਂ ਦੀ ਬਾਂਹ ਫੜਦਿਆਂ ਉਨਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਵੱਖ ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।ਇਸ ਮੌਕੇ ਵਾਰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਗਲੀ ਨਾ ਬਣਨ ਕਰਕੇ ਲੋਕ ਮੁਸ਼ਕਲ ਦਾ ਸਾਹਮਣਾ ਕਰ ਰਹੇ ਸਨ ਪਰ ਹੁਣ ਉਨਾਂ ਦੀ ਸਾਰ ਲਈ ਗਈ ਹੈ, ਜਿਸ ਨਾਲ ਇਥੋਂ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਵਿੱਚ ਇੱਕ ਰੋਜ਼ਾ ਅਥਲੈਟਿਕ ਮੀਟ ਕਰਵਾਈ



ਭਗਤਾ ਭਾਈ ਕਾ 16 ਫਰਵਰੀ (ਸਵਰਨ ਸਿੰਘ ਭਗਤਾ)ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਵਿਖੇ ਸਲਾਨਾ ਅਥਲੈਟਿਕ ਮੀਟ ਕਰਵਾਈ ਗਈ । ਇਹ ਅਥਲੈਟਿਕ ਮੀਟ ਪ੍ਰਿੰਸੀਪਲ ਮੈਡਮ ਗੁਰਿੰਦਰ ਕੌਰ ਦੀ ਯੋਗ ਰਹਿਨੁਮਾਈ ਹੇਠ ਬੜੇ ਹੀ ਉਤਸ਼ਾਹ ਅਤੇ ਸ਼ਾਨ ਨਾਲ ਆਯੋਜਿਤ ਕੀਤੀ ਗਈ। ਇਸ ਐਥਲੈਟਿਕ ਮੀਟ ਨੂੰ ਸਫਲ ਬਣਾਉਣ ਵਿੱਚ ਸਕੂਲ ਦੇ ਡੀਪੀ ਅਧਿਆਪਕ ਸ਼ਮਸ਼ੇਰ ਸਿੰਘ, ਅੰਮ੍ਰਿਤਪਾਲ ਕੌਰ ਅਤੇ ਕੋਚ ਆਕਾਸ਼ਦੀਪ ਸਿੰਘ, ਗੁਰਦੀਪ ਸਿੰਘ,ਸੰਦੀਪ ਸਿੰਘ, ਗੁਰਪ੍ਰੀਤ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ। ਸਮਾਗਮ ਦੇ ਦੌਰਾਨ ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ ਵੱਲੋਂ ਮੁੱਖ ਮਹਿਮਾਨ ਦੇ ਤੌਰ ਤੇ ਸ਼ਮੂਲੀਅਤ ਕੀਤੀ ਗਈ। ਅਥਲੈਟਿਕ ਮੀਟ ਦਾ ਉਦਘਾਟਨ ਮੁੱਖ ਮਹਿਮਾਨ ਸਿਕੰਦਰ ਸਿੰਘ ਮਲੂਕਾ ਨੇ ਰੰਗ-ਬਿਰੰਗੇ ਗੁਬਾਰੇ ਅਸਮਾਨ ਵਿੱਚ ਛੱਡ ਕੇ ਅਥਲੈਟਿਕ ਕੀਤਾ। ਇਸ ਤੋਂ ਪਹਿਲਾਂ ਵਿਦਿਆਰਥੀਆਂ ਵੱਲੋਂ ਬੜਾ ਹੀ ਪ੍ਰਭਾਵਸ਼ਾਲੀ ਮਾਰਚ ਪਾਸਟ ਕੀਤਾ ਗਿਆ। ਜਿਸ ਵਿੱਚ ਸਕੂਲ ਦੇ ਚਾਰ ਹਾਊਸ – ਭਗਤ ਸਿੰਘ ਹਾਊਸ, ਗਿਆਨੀ ਦਿੱਤ ਸਿੰਘ ਹਾਊਸ, ਕਰਤਾਰ ਸਿੰਘ ਹਾਊਸ ਅਤੇ ਉਦਮ ਸਿੰਘ ਹਾਊਸ ਦੇ ਵਿਦਿਆਰਥੀਆਂ ਅਤੇ ਹਾਊਸ ਇੰਚਾਰਜ ਅਤੇ ਸਮੂਹ ਅਧਿਆਪਕਾਂ— ਨੇ ਬੇਮਿਸਾਲ ਅਨੁਸ਼ਾਸਨ, ਏਕਤਾ ਅਤੇ ਆਤਮ-ਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ। ਖੇਡ ਕਪਤਾਨ ਪਰਨੀਤ ਕੌਰ ਜੋ ਦੋ ਵਾਰ ਰਾਸ਼ਟਰੀ ਪੱਧਰ ਦੀ ਹਾਕੀ ਅਤੇ ਸ਼ਾਟਪੁੱਟ ਖਿਡਾਰਨ ਰਹਿ ਚੁੱਕੀ ਹੈ, ਨੇ ਹੱਥ ਵਿੱਚ ਮਸ਼ਾਲ ਫੜ ਕੇ ਦੌੜ ਲਗਾਈ ਜੋ ਖੇਡਾਂ ਦੀ ਏਕਤਾ ਅਤੇ ਜੋਸ਼ ਦਾ ਪ੍ਰਤੀਕ ਸੀ। ਉਸ ਤੋਂ ਬਾਅਦ ਮਸ਼ਾਲ ਅਰਮਾਨ ਸਿੰਘ ਬਾਠ (ਰਾਜ ਪੱਧਰ ਸ਼ਾਟਪੁੱਟ), ਕੋਮਲਪ੍ਰੀਤ ਕੌਰ (ਰਾਜ ਪੱਧਰ ਕਰਾਟੇ) ਅਤੇ ਸ਼ਹਬਾਜਪ੍ਰੀਤ ਸਿੰਘ (ਰਾਜ ਪੱਧਰ ਫੈਂਸਿੰਗ) ਨੂੰ ਸੌਂਪੀ ਗਈ। ਸਾਰੇ ਖਿਡਾਰੀਆਂ ਨੇ ਇਮਾਨਦਾਰੀ, ਨਿਆਂ ਅਤੇ ਖੇਡ ਭਾਵਨਾ ਨਾਲ ਖੇਡਣ ਦੀ ਕਸਮ ਖਾਈ।ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ, ਜੋ ਸੰਗੀਤ ਅਧਿਆਪਕ ਸੁਖਜਿੰਦਰ ਸਿੰਘ ਅਤੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਮੈਡਮ ਅਮਨਦੀਪ ਕੌਰ ਅਤੇ ਮਿਊਜ਼ਿਕ ਅਧਿਆਪਕ ਸੁਖਜਿੰਦਰ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।ਇਸ ਮੌਕੇ ਰਾਜ ਪੱਧਰ ਤੱਕ ਖੇਡੇ ਹਾਕੀ ਦੇ ਵਿਦਿਆਰਥੀਆਂ ਹਰਜਿੰਦਰ ਸਿੰਘ, ਗੁਰਮਤ ਸਿੰਘ ,ਮਨਜੋਤ ਸਿੰਘ, ਸੁਖਮਨਦੀਪ ਸਿੰਘ ,ਭਵਨੀਤ ਸਿੰਘ ਅਰਮਾਨਦੀਪ ਸਿੰਘ ,ਅਰਮਾਨਦੀਪ ਸਿੰਘ ਬਾਠ ,ਅਰਮਾਨਦੀਪ ਸਿੰਘ ਬਰਾੜ, ਗੁਰਨੂਰਪ੍ਰੀਤ ਸਿੰਘ ,ਮਨਵੀਰ ਦਾਸ ਰੱਸਾਕਸ਼ੀ ਦੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਫੈਂਸਿੰਗ ਖਿਡਾਰੀ ਸ਼ਹਿਬਾਜ ਪ੍ਰੀਤ ਸਿੰਘ ਨੂੰ ਵਿਸ਼ੇਸ਼ ਤੌਰ ‘ਤੇ ਸਨਮਾਨਿਤ ਕੀਤਾ ਗਿਆ। ਰਾਜ ਪੱਧਰ ਦੀ ਖਿਡਾਰਨ ਕੋਮਲਪ੍ਰੀਤ ਕੌਰ ਕਰਾਟੇ ਦੀ ਵਿਦਿਆਰਥਣ ਨੂੰ ਸਨਮਾਨਿਤ ਕੀਤਾ। ਨਰਸਰੀ ਤੋਂ ਲੈ ਕੇ ਬਾਰਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ। 30 ਮੀਟਰ, 100 ਮੀਟਰ, 200 ਮੀਟਰ ਅਤੇ 400 ਮੀਟਰ ਦੌੜਾਂ ਕਰਵਾਈਆਂ ਗਈਆਂ। ਇਸ ਤੋਂ ਇਲਾਵਾ ਸ਼ਾਟਪੁੱਟ (ਅੰਡਰ 14, 17 ਅਤੇ 19 ਲੜਕੇ-ਲੜਕੀਆਂ) ਅਤੇ ਲੰਮੀ ਛਾਲ ਮੁਕਾਬਲੇ ਵੀ ਕਰਵਾਏ ਗਏ। ਸਾਰੇ ਮੁਕਾਬਲਿਆ ਵਿੱਚ ਵਿਦਿਆਰਥੀਆਂ ਨੇ ਬੜੇ ਜੋਸ਼ ਅਤੇ ਉਤਸ਼ਾਹ ਨਾਲ ਹਿੱਸਾ ਲਿਆ।ਸਾਰੇ ਜੇਤੂ ਖਿਡਾਰੀਆਂ ਨੂੰ ਮੁੱਖ ਮਹਿਮਾਨ ਸਿਕੰਦਰ ਸਿੰਘ ਮਲੂਕਾ ਅਤੇ ਪ੍ਰਿੰਸੀਪਲ ਮੈਡਮ ਗੁਰਿੰਦਰ ਕੌਰ ਵੱਲੋਂ ਤਮਗੇ ਅਤੇ ਇਨਾਮ ਦਿੱਤੇ ਗਏ ਗਏ। ਪ੍ਰਿੰਸੀਪਲ ਮੈਡਮ ਗੁਰਿੰਦਰ ਕੌਰ ਨੇ ਸਾਲਾਨਾ ਰਿਪੋਰਟ ਪੜ੍ਹ ਕੇ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਪ੍ਰਿੰਸੀਪਲ ਮੈਡਮ ਗੁਰਿੰਦਰ ਕੌਰ ਨੇ ਮੁੱਖ ਮਹਿਮਾਨ ਸਿਕੰਦਰ ਸਿੰਘ ਮਲੂਕਾ ਤੇ ਹੋਰ ਆਏ ਪਤਵੰਤੇ ਸੱਜਣਾਂ ਗੁਰਜੀਤ ਸਿੰਘ (ਪ੍ਰਧਾਨ,),ਡਾਕਟਰ ਸਤਿਗੁਰ ਸਿੰਘ (ਐਸ .ਐਮ .ਸੀ), ਬੂਟਾ ਸਿੰਘ (ਪ੍ਰਧਾਨ ) ਬਿਕਰਮਜੀਤ ਸਿੰਘ, ਪੰਚਾਇਤ ਮੈਂਬਰ ਗੁਰਦੇਵ ਸਿੰਘ, ਪੰਚਾਇਤ ਮੈਂਬਰ ਰਾਜਵਿੰਦਰ ਸਿੰਘ, ਬਲਾਕ ਸਮਿਤੀ ਮੈਂਬਰ ਬੇਅੰਤ ਸਿੰਘ, ਮਨਜੀਤ ਸਿੰਘ ਧੂੰਨਾ , ਗਗਨਦੀਪ ਸਿੰਘ ਗਰੇਵਾਲ , ਸੁਖਜਿੰਦਰ ਸਿੰਘ ਖਾਲਸਾ , ਮੇਜਰ ਸਿੰਘ , ਨਿਰਮਲ ਸਿੰਘ , ਦਰਸ਼ਨ ਸਿੰਘ (ਪ੍ਰਧਾਨ ),ਡਾਕਟਰ ਪਰਨੀਤ ਕੌਰ, ਅਤੇ ਅਮਰ ਸਿੰਘ ਢਿੱਲੋਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਮੁੱਖ ਮਹਿਮਾਨ ਮਲੂਕਾ ਨੇ ਆਪਣੇ ਸੰਬੋਧਨ ਵਿੱਚ ਸਕੂਲ ਦੀਆਂ ਉਪਲੱਬਧੀਆਂ ਦੀ ਭਰਪੂਰ ਪ੍ਰਸ਼ੰਸਾ ਕੀਤੀ ਅਤੇ ਪ੍ਰਿੰਸੀਪਲ ਅਤੇ ਸਟਾਫ ਦੀ ਮਿਹਨਤ ਦੀ ਸ਼ਲਾਘਾ ਕੀਤੀ। ।

# ਟੈਲੀ-ਮਾਨਸ- ਮਾਨਸਿਕ ਸਿਹਤ ਵਿੱਚ ਇੱਕ ਕ੍ਰਾਂਤੀ : ਡਾ. ਬਲਜਿੰਦਰ ਕੌਰ ਕਾਹਲੋਂ



ਕੌਹਰੀਆਂ, 16 ਫ਼ਰਵਰੀ (ਅਵਤਾਰ ਸਿੰਘ ਜਟਾਣਾ )ਮਾਨਸਿਕ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਮਾਨਸਿਕ ਤੰਦਰੁਸਤੀ ਵਿੱਚ ਵਾਧਾ ਕਰਨ ਲਈ ਭਾਰਤ ਸਰਕਾਰ ਨੇ 10 ਅਕਤੂਬਰ, 2022 ਨੂੰ ਟੈਲੀ-ਮਾਨਸ ਪ੍ਰੋਜੈਕਟ ਸ਼ੁਰੂ ਕੀਤਾ ਸੀ। ਟੈਲੀ-ਮਾਨਸ ਇੱਕ ਟੋਲ ਫ੍ਰੀ ਹੈਲਪਲਾਈਨ ਹੈ ਜੋ ਪੂਰੇ ਭਾਰਤ ਵਿੱਚ 24⁄7 ਮੁਫ਼ਤ ਮਾਨਸਿਕ ਸਿਹਤ ਸਲਾਹ ਪ੍ਰਦਾਨ ਕਰਦੀ ਹੈ। ਇਹ 20 ਤੋਂ ਵੱਧ ਭਾਸ਼ਾਵਾਂ ਵਿੱਚ ਉਪਲਬਧ ਹੈ। ਇਹ ਜਾਣਕਾਰੀ ਸੀਨੀਅਰ ਮੈਡੀਕਲ ਅਫਸਰ ਪੀ.ਐੱਚ.ਸੀ. ਕੌਹਰੀਆਂ ਡਾ. ਬਲਜਿੰਦਰ ਕੌਰ ਕਾਹਲੋਂ ਨੇ ਦਿੱਤੀ। ਡਾ. ਕਾਹਲੋਂ ਨੇ ਦੱਸਿਆ ਕਿ ਉਪਭੋਗਤਾ ਟੋਲ ਫ੍ਰੀ ਹੈਲਪਲਾਈਨ ਨੰਬਰ ਯਾਨੀ 1800-89-14416 ਜਾਂ 14416 ਰਾਹੀਂ ਟੈਲੀ-ਮਾਨਸ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ। ਉਪਭੋਗਤਾ ਘਰ ਬੈਠੇ ਆਪਣੇ ਫ਼ੋਨ ਤੇ ਇਸ ਸੇਵਾ ਦਾ ਆਸਾਨੀ ਨਾਲ ਲਾਭ ਉਠਾ ਸਕਦੇ ਹਨ।ਡਾ. ਬਲਜਿੰਦਰ ਕੌਰ ਕਾਹਲੋਂ ਨੇ ਦੱਸਿਆ ਕਿ ਕਾਲਰ/ਮਰੀਜ ਦੀ ਸਾਰੀ ਜਾਣਕਾਰੀ ਗੁਪਤ ਰੱਖੀ ਜਾਂਦੀ ਹੈ। ਟੈਲੀ-ਮਾਨਸ ਦੀ ਆਪਣੀ ਇੱਕ ਮੋਬਾਈਲ ਐਪ ਵੀ ਹੈ ਜਿਸ ਵਿੱਚ ਕਈ ਤਰ੍ਹਾਂ ਦੇ ਮੁੱਦਿਆਂ ਜਿਵੇਂ ਕਿ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਚਿੰਤਾ, ਪ੍ਰੀਖਿਆ ਤਣਾਅ, ਡਿਪਰੈਸ਼ਨ, ਵਿੱਤੀ ਤਣਾਅ, ਸੰਕਟ ਪ੍ਰਬੰਧਨ ਅਤੇ ਪਰਿਵਾਰਕ ਮੁੱਦਿਆਂ ਬਾਰੇ ਸਲਾਹ-ਮਸ਼ਵਰਾ ਕਾਲ ਤੇ ਪ੍ਰਦਾਨ ਕੀਤਾ ਜਾਂਦਾ ਹੈ। ਟੈਲੀ-ਮਾਨਸ ਪੰਜਾਬ ਇਸ ਸਾਲ 35000 ਤੋਂ ਵਧੇਰੇ ਕਾਲਾਂ ਦੇ ਮੀਲ ਪੱਥਰ ਤੇ ਪਹੁੰਚ ਗਿਆ ਹੈ। ਟੈਲੀ-ਮਾਨਸ ਦੇ ਉਪਭੋਗਤਾ ਆਪਣੀ ਮਾਨਸਿਕ ਸਿਹਤ ਸੰਬੰਧੀ ਚਿੰਤਾਵਾਂ ਦੇ ਅਨੁਸਾਰ ਸਲਾਹਕਾਰਾਂ, ਸਮਾਜ ਸੇਵਕਾਂ ਅਤੇ ਮਨੋਵਿਗਿਆਨੀ ਨਾਲ ਜੁੜ ਸਕਦੇ ਹਨ। ਟੈਲੀ ਮਾਨਸ ਲੋੜ ਪੈਣ ਤੇ ਵਿਅਕਤੀਗਤ ਤੌਰ ਤੇ ਸੇਵਾਵਾਂ ਵੀ ਪ੍ਰਦਾਨ ਕਰਦਾ ਹੈ। ਇਸ ਵਿੱਚ ਵੀਡੀਓ ਕਾਲ ਰਾਹੀ ਦਵਾਈ ਬਾਰੇ ਜਾਣਕਾਰੀ ਲਈ ਜਾ ਸਕਦੀ ਹੈ।

# ਕਿਸਾਨ ਜਾਗਰੂਕਤਾ ਯਾਤਰਾ ਦੇ ਪੰਜਾਬ ਪਹੁੰਚਣ ’ਤੇ ਹੋਣਗੀਆਂ ਵੱਡੀਆਂ ਕਿਸਾਨ ਮਹਾ ਪੰਚਾਇਤਾਂ : ਕੋਟੜਾ

### 1 ਫਰਵਰੀ ਨੂੰ ਪਿੰਡ ਬੱਲੋ ਵਿਖੇ ਮਨਾਈ ਜਾਵੇਗੀ ਸ਼ਹੀਦ ਸ਼ੁਭਕਰਨ ਦੀ ਦੂਜੀ ਬਰਸੀ



ਸੰਗਰੂਰ 16 ਫਰਵਰੀ (ਹਰਕੰਵਲ ਸਿੰਘ ਹੈਪੀ )ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ ਦੀ ਅਗਵਾਈ ਵਿੱਚ ਗੁਰਦੁਆਰਾ ਮਸਤੂਆਣਾ ਸਾਹਿਬ ਵਿਖੇ ਹੋਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਜ਼ਿਲ੍ਹਿਆਂ ਤੇ ਬਲਾਕਾਂ ਦੇ ਆਗੂ ਹਾਜ਼ਰ ਹੋਏ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਕਾ ਸਿੰਘ ਕੋਟੜਾ ਨੇ ਕਿਹਾ ਕਿ ਐਮਐਸਪੀ ਗਰੰਟੀ ਕਾਨੂੰਨ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ, ਸਮੁੱਚੀ ਕਰਜਾ ਮੁਕਤੀ ਸਮੇਤ ਹੋਰਨਾਂ ਕਿਸਾਨ ਮੰਗਾਂ ਪ੍ਰਤੀ ਦੇਸ਼ ਦੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਕੰਨਿਆ ਕੁਮਾਰੀ ਤੋਂ ਕਸ਼ਮੀਰ ਤੱਕ ਕੱਢੀ ਜਾ ਰਹੀ ਕਿਸਾਨ ਜਾਗਰੂਕਤਾ ਯਾਤਰਾ ਫਰਵਰੀ ਦੇ ਆਖਰੀ, ਮਾਰਚ ਦੇ ਸ਼ੁਰੂਆਤੀ ਦਿਨਾਂ ਚ ਪੰਜਾਬ ਅੰਦਰ ਪ੍ਰਵੇਸ਼ ਕਰੇਗੀ ਤੇ ਪੰਜਾਬ ਚ ਇਸ ਯਾਤਰਾ ਦੌਰਾਨ ਵੱਖ-ਵੱਖ ਜਿਲਿਆਂ ਅੰਦਰ ਵੱਡੀਆਂ ਕਿਸਾਨ ਮਹਾ ਪੰਚਾਇਤਾਂ ਕੀਤੀਆਂ ਜਾਣਗੀਆਂ ਜਿਸਦੀਆਂ ਤਿਆਰੀਆਂ ਨੂੰ ਲੈ ਕੇ ਅੱਜ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ , ਉਨਾਂ ਕਿਹਾ ਕਿ ਯਾਤਰਾ ਦੌਰਾਨ ਤਾਮਿਲਨਾਡੂ, ਕਰਨਾਟਕਾ ਤੇ ਆਂਧਰਾ ਪ੍ਰਦੇਸ਼ ਵਿੱਚ ਹੋਏ ਵੱਡੇ ਇਕੱਠਾਂ ਤੋਂ ਪਤਾ ਚੱਲਦਾ ਹੈ ਕਿ ਕਿਸਾਨ ਆਪਣੇ ਹੱਕਾਂ ਤੇ ਆਪਣੀਆਂ ਮੰਗਾਂ ਪ੍ਰਤੀ ਜਾਗਰੂਕ ਹੋ ਰਿਹਾ ਹੈ ਅਤੇ ਡੱਲੇਵਾਲ ਸਾਹਿਬ ਵੱਲੋਂ ਦਿਨ ਰਾਤ ਇੱਕ ਕਰਕੇ ਕਿਸਾਨਾਂ ਨੂੰ ਜਾਗਰੂਕ ਕਰਨ ਦੀਆਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਨੂੰ ਬੂਰ ਪੈਂਦਾ ਨਜ਼ਰ ਆ ਰਿਹਾ ਹੈ । ਕਾਕਾ ਸਿੰਘ ਕੋਟੜਾ ਨੇ ਦੱਸਿਆ ਕਿ 21 ਫਰਵਰੀ ਨੂੰ ਖਨੌਰੀ ਮੋਰਚੇ ਤੇ ਸ਼ਹੀਦ ਹੋਏ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਬੱਲੋ ਦੀ ਉਸਦੇ ਪਿੰਡ ਬੱਲੋ ਵਿਖੇ ਦੂਜੀ ਬਰਸੀ ਮਨਾਈ ਜਾਵੇਗੀ ਜਿਸ ਵਿੱਚ ਪੂਰੇ ਪੰਜਾਬ ਚੋਂ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰੀ ਭਰਨਗੇ । ਸੂਬਾ ਮੀਤ ਪ੍ਰਧਾਨ ਜਸਵੀਰ ਸਿੰਘ ਸਿੱਧੂਪੁਰ ਨੇ ਕਿਹਾ ਕਿ ਜਿੱਥੇ ਪਹਿਲਾਂ ਤਿੰਨ ਕਾਲੇ ਕਾਨੂੰਨ ਲਿਆ ਕੇ ਕੇਂਦਰ ਦੀ ਭਾਜਪਾ ਸਰਕਾਰ ਨੇ ਕਿਸਾਨੀ ਤੇ ਵੱਡਾ ਹਮਲਾ ਕੀਤਾ ਸੀ ਜਿਨਾਂ ਨੂੰ ਵਾਪਸ ਕਰਾਉਣ ਲਈ 13 ਮਹੀਨੇ ਦੇ ਕਰੀਬ ਦਿੱਲੀ ਅੰਦੋਲਨ ਲੜਨਾ ਪਿਆ ਤੇ 700 ਤੋਂ ਵੱਧ ਕਿਸਾਨ ਸ਼ਹੀਦ ਹੋਏ ਸੀ ਪਰ ਕੇਂਦਰ ਸਰਕਾਰ ਲਗਾਤਾਰ ਕਿਸਾਨੀ ਤੇ ਦੇਸ਼ ਦੇ ਲੋਕਾਂ ਤੇ ਲਗਾਤਾਰ ਵੱਡੇ ਹਮਲੇ ਕਰ ਰਹੀ ਹੈ, ਪਹਿਲਾਂ ਬਿਜਲੀ ਸੋਧ ਬਿੱਲ, ਨਵਾਂ ਬੀਜ ਐਕਟ ਲਿਆਂਦਾ ਤੇ ਹੁਣ ਅਮਰੀਕਾ ਨਾਲ ਵਪਾਰ ਸਮਝੌਤਾ ਕਰਕੇ ਦੇਸ਼ ਦੀ ਕਿਸਾਨੀ ਨੂੰ ਖਤਮ ਕਰਨ ਦਾ ਰਾਹ ਚੁਣ ਲਿਆ ਹੈ ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਇਸ ਕਿਸਾਨ ਮਾਰੂ ਸਮਝੌਤੇ ਪ੍ਰਤੀ ਦੇਸ਼ ਦੇ ਕਿਸਾਨਾਂ ਨੂੰ ਜਾਗਰਿਕ ਕਰਕੇ ਵੱਡਾ ਸੰਘਰਸ਼ ਵਿੱਢਿਆ ਜਾਵੇਗਾ। । ਸੂਬਾ ਵਿੱਤ ਸਕੱਤਰ ਮਾਨ ਸਿੰਘ ਨੇ ਦੱਸਿਆ ਕਿ ਸਾਡੇ ਲਈ ਸਭ ਤੋਂ ਇਹ ਵੀ ਅਹਿਮ ਹੈ ਕਿ ਸਾਡੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਖਿਲਾਫ ਸਖਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਭਾਈ ਗੁਰਜੀਤ ਸਿੰਘ ਫੌਜੀ ਕਰੀਬ ਡੇਢ ਸਾਲ ਤੋਂ 400 ਫੁੱਟ ਉੱਚੇ ਟਾਵਰ ਤੇ ਡਟਿਆ ਹੋਇਆ ਹੈ ਪਰ ਸਰਕਾਰ ਸਖਤ ਕਾਨੂੰਨ ਬਣਾਉਣ ਤੋ ਪਾਸਾ ਵੱਟਦੀ ਨਜ਼ਰ ਆ ਰਹੀ ਹੈ ਜਿਸ ਨੂੰ ਲੈ ਕੇ ਟਾਵਰ ਮੋਰਚੇ ਵੱਲੋਂ 22 ਫਰਵਰੀ ਤੋਂ ਪੱਕਾ ਮੋਰਚਾ ਲਾਉਣ ਦਾ ਐਲਾਨ ਕੀਤਾ ਗਿਆ ਹੈ ਜਿਸ ਵਿੱਚ ਬੀਕੇਯੂ ਸਿੱਧੂਪੁਰ ਪੂਰੇ ਪੰਜਾਬ ਚੋਂ ਵੱਡੇ ਕਾਫਲੇ ਨਾਲ ਟਰੈਕਟਰ ਟਰਾਲੀਆਂ ਸਮੇਤ ਸ਼ਮੂਲੀਅਤ ਕਰਕੇ ਆਪਣੇ ਧਾਰਮਿਕ ਗ੍ਰੰਥਾਂ ਪ੍ਰਤੀ ਬਣਦਾ ਫ਼ਰਜ਼ ਅਦਾ ਕਰੇਗੀ । ਇਸ ਮੌਕੇ ਗੁਰਬਖਸ਼ੀਸ਼ ਸਿੰਘ ਬਾਲਦ ਕਲਾਂ, ਇੰਦਰਜੀਤ ਸਿੰਘ ਘਣੀਆ ,ਰਣ ਸਿੰਘ ਚੱਠਾ, ਜਗਦੀਪ ਸਿੰਘ ਪਟਿਆਲਾ, ਜਸਵਿੰਦਰ ਸਿੰਘ ਟਿਵਾਣਾ,ਦਿਦਾਰ ਸਿੰਘ ਖਾਰਾ, ਕਰਮਜੀਤ ਸਿੰਘ ਨਗਲੀ, ਗੁਰਜੀਤ ਸਿੰਘ ਵਜੀਦਪੁਰ, ਰਣਜੀਤ ਸਿੰਘ ਮਮਦੋਟ, ਨਛੱਤਰ ਸਿੰਘ ਸਹੌਰ, ਕਰਨੈਲ ਸਿੰਘ ਗਾਂਧੀ, ਬਲਰਾਜ ਸਿੰਘ ਅੰਮ੍ਰਿਤਸਰ, ਗੁਲਾਬ ਸਿੰਘ ਗੁਰਦਾਸਪੁਰ, ਰਣਜੀਤ ਸਿੰਘ ਤਰਨਤਾਰਨ, ਸਾਹਿਬ ਸਿੰਘ ਫਿਰੋਜ਼ਪੁਰ, ਹਰਭਗਵਾਨ ਸਿੰਘ ਮੁਕਤਸਰ ਸਾਹਿਬ, ਬੂਟਾ ਸਿੰਘ ਦੋਦਾ, ਕੁਲਵੰਤ ਸਿੰਘ ਨਹੀਆਂ ਵਾਲਾ, ਭੂਰਾ ਸਿੰਘ ਸਲੇਮਗੜ੍ਹ, ਕੇਵਲ ਸਿੰਘ ਜਵੰਧਾ, ਜਸਵੰਤ ਸਿੰਘ ਛਾਹੜ, ਕਰਮਜੀਤ ਸਿੰਘ ਬਾਲਦ, ਸਰਬਜੀਤ ਕੌਰ ਤਰਨਤਾਰਨ, ਅਮਰਜੀਤ ਕੌਰ ਮੰਡੀ ਕਲਾਂ, ਪਰਮਜੀਤ ਕੌਰ ਮਹਿਮਾ ਸਵਾਈ, ਪਰਮਿੰਦਰ ਕੌਰ ਨਹੀਆਂ ਵਾਲਾ, ਅਮਰਜੀਤ ਕੌਰ ਬੁਰਜ , ਕਰਮਜੀਤ ਕੌਰ ਫੂਲ ਤੋਂ ਇਲਾਵਾ ਵੱਡੀ ਗਿਣਤੀ ਚ ਆਗੂ ਹਾਜ਼ਰ ਸਨ ।

# ਗੋਲਡ ਮੈਡਲ ਹਾਸਲ ਕਰਕੇ ਨਾਮਦੇਵ ਸਿੰਘ ਨੇ ਕੀਤਾ ਸਕੂਲ ਦਾ ਨਾਮ ਰੌਸ਼ਨ



ਭਗਤਾ ਭਾਈ ਕਾ 16 ਫਰਵਰੀ (ਸਵਰਨ ਸਿੰਘ ਭਗਤਾ)ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਖੇਡ ਪੱਧਰ ਵਿੱਚ ਆਪਣਾ ਨਾਮ ਉਚਾਈਆਂ ਤੇ ਲਿਜਾ ਰਿਹਾ ਹੈ। ਬਠਿੰਡਾ ਦੀ ਫੁਟਬਾਲ ਟੀਮ ਵਿੱਚ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਦਾ ਵਿਦਿਆਰਥੀ ਨਾਮਦੇਵ ਸਿੰਘ ਜੋ ਕਿ ਜਮਾਤ ਚੌਥੀ ਲਿੱਲੀ ਵਿੱਚ ਪੜਦਾ ਹੈ ਨੇ (ਅੰਡਰ-11) ਦੀ ਫੁਟਬਾਲ ਟੀਮ ਵਿੱਚ ਰਾਜ ਪੱਧਰ ਤੇ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਹਾਸਿਲ ਕੀਤਾ ਅਤੇ ਆਪਣੇ ਮਾਤਾ-ਪਿਤਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ।ਕਲਸਟਰ ਲੈਵਲ ਦੀਆਂ ਖੇਡਾਂ,ਬਲਾਕ ਲੈਵਲ ਦੀਆਂ ਖੇਡਾਂ ਜੋ ਕਿ ਭਗਤਾ ਭਾਈਕਾ ਵਿਖੇ ਹੋਈਆਂ,ਜਿਲਾ ਪੱਧਰ ਦੀਆਂ ਖੇਡਾਂ ਜੋ ਕਿ ਤਲਵੰਡੀ ਸਾਬੋ ਵਿਖੇ ਹੋਈਆਂ ਸਾਰੀਆਂ ਹੀ ਖੇਡਾਂ ਵਿੱਚ ਫੁੱਟਬਾਲ ਦੀ ਟੀਮ ਨੇ ਪਹਿਲਾ ਸਥਾਨ ਹਾਸਿਲ ਕੀਤਾ ।ਇਸ ਤੋਂ ਬਾਅਦ ਆਕਲੀਆ ਜਲਾਲ ਵਿਖੇ ਸਲੈਕਸ਼ਨ ਕੈਂਪ ਲਗਾਇਆ ਗਿਆ ਜਿਸ ਵਿੱਚ ਸਾਡੇ ਸਕੂਲ ਦੇ ਵਿਦਿਆਰਥੀ ਨਾਮਦੇਵ ਸਿੰਘ ਦੀ ਫੁੱਟਬਾਲ ਖਿਡਾਰੀ ਵਜੋਂ ਚੋਣ ਹੋਈ। ਸਟੇਟ ਪੰਜਾਬ ਦੀਆਂ ਖੇਡਾਂ ਜੋ ਕਿ ਲੁਧਿਆਨਾ ਵਿਖੇ 11 ਫਰਵਰੀ ਤੋਂ 13 ਫਰਵਰੀ ਤੱਕ ਹੋਈਆਂ ।ਜਿਸ ਵਿੱਚ ਬਠਿੰਡਾ ਫੁੱਟਬਾਲ ਦੀ ਟੀਮ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ ਅਤੇ ਅੰਡਰ 11 ਫੁੱਟਬਾਲ ਦੀ ਟੀਮ ਨੇ ਸਾਰੇ ਜਿਲਿਆਂ ਨੂੰ ਹਰਾ ਕੇ ਬਠਿੰਡਾ ਜਿਲੇ ਨੇ ਗੋਲਡ ਮੈਡਲ ਹਾਸਲ ਕੀਤਾ। ਨਾਮਦੇਵ ਸਿੰਘ ਦੀ ਇਸ ਵੱਡੀ ਕਾਮਯਾਬੀ ‘ਤੇ ਸਕੂਲ ਦੇ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਉਸ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਫਲਤਾ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਹੈ। ਸਕੂਲ ਦੇ ਡੀ.ਪੀ ਅਧਿਆਪਕ ਸ਼ਮਸ਼ੇਰ ਸਿੰਘ ,ਅੰਮ੍ਰਿਤਪਾਲ ਕੌਰ ਅਤੇ ਕੋਚ ਆਕਾਸ਼ਦੀਪ ਸਿੰਘ ਦੀ ਮਿਹਨਤ ਅਤੇ ਮਾਰਗਦਰਸ਼ਨ ਦੀ ਵੀ ਪ੍ਰਸ਼ੰਸਾ ਕੀਤੀ, ਜਿਨ੍ਹਾਂ ਦੀ ਸਿਖਲਾਈ ਨਾਲ ਨਾਮਦੇਵ ਸਿੰਘ ਨੇ ਇਹ ਮਕਾਮ ਹਾਸਲ ਕੀਤਾ।ਨਾਮਦੇਵ ਸਿੰਘ ਦੇ ਪਿਤਾ ਬਰਿੰਦਰ ਸਿੰਘ ਅਤੇ ਮਾਤਾ ਛਿੰਦਰਪਾਲ ਕੌਰ ਨੇ ਆਪਣੇ ਪੁੱਤਰ ਦੀ ਇਸ ਉਪਲਬਧੀ ‘ਤੇ ਖੁਸ਼ੀ ਪ੍ਰਗਟਾਈ ਅਤੇ ਪ੍ਰਿੰਸੀਪਲ ਮੈਡਮ ਗੁਰਿੰਦਰ ਕੌਰ ,ਡੀਪੀ ਅਧਿਆਪਕ , ਕੋਚ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ । f

# ਮਹਾਸ਼ਿਵਰਾਤਰੀ ਮੇਲੇ ਦੌਰਾਨ ਪੁਲਿਸ ਦੇ ਪੁਖਤਾ ਪ੍ਰਬੰਧਾਂ ਕਾਰਨ ਪੁਲਿਸ ਦੀ ਪ੍ਰਸ਼ੰਸਾ

ਭਦੌੜ, 16 ਫਰਵਰੀ (ਸੁਖਵਿੰਦਰ ਪਲਾਹਾ): ਭਦੌੜ ਵਿਖੇ ਮਹਾਂ ਸ਼ਿਵਰਾਤਰੀ ਮੌਕੇ ਥਾਣਾ ਭਦੌੜ ਮੁਖੀ ਹਰਸਿਮਰਨਜੀਤ



ਸਿੰਘ ਮਹਿਰੋਕ ਦੀ ਸੁਚੱਜੀ ਅਗਵਾਈ ਹੇਠ ਥਾਣਾ ਭਦੌੜ ਵੱਲੋਂ ਟਰੈਫਿਕ ਸਮੱਸਿਆ ਅਤੇ ਹੋਰ ਕੋਈ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਰੋਕਣ ਲਈ ਕੀਤੇ ਗਏ ਪੁਖਤਾ ਪ੍ਰਬੰਧਕਾਂ ਕਾਰਨ ਥਾਣਾ ਭਦੌੜ ਦੀ ਪੁਲਿਸ ਪਾਰਟੀ ਦੀ ਚਾਰ ਚੁਫ਼ੇਰਿਓਂ ਪ੍ਰਸ਼ੰਸਾ ਕੀਤੀ ਜਾ ਰਹੀ ਹੈ। ਜਿਕਰਯੋਗ ਹੈ ਕਿ ਇਸ ਮਹਾਂ ਸ਼ਿਵਰਾਤਰੀ ਮੌਕੇ ਭਦੌੜ ਤੋਂ ਇਲਾਵਾ ਤਪਾ ਮੰਡੀ, ਬਰਨਾਲਾ, ਮਹਿਲ ਕਲਾਂ, ਧਨੌਲਾ ਅਤੇ ਹੋਰ ਬਾਕੀ ਆਸ ਪਾਸ ਦੇ ਪਿੰਡਾਂ, ਸ਼ਹਿਰਾਂ ਤੋਂ ਬਹੁਤ ਵੱਡੀ ਗਿਣਤੀ ਵਿੱਚ ਸ਼ਿਵ ਭਗਤਾਂ ਨੇ ਪਹੁੰਚ ਕੇ ਭਦੌੜ ਦੇ ਤਿੰਨੋ ਮੰਦਿਰਾਂ ਵਿੱਚ ਮੱਥਾ ਟੇਕਿਆ ਅਤੇ ਭੋਲੇ ਸ਼ੰਕਰ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ ।ਇਸ ਮੌਕੇ ਸਭ ਤੋਂ ਵੱਡੀ ਸਮੱਸਿਆ ਇਹ ਬਣ ਸਕਦੀ ਸੀ ਕਿ ਇੰਨੀ ਵੱਡੀ ਗਿਣਤੀ ਵਿੱਚ ਸ਼ਿਵ ਭਗਤਾਂ ਦੇ ਪਹੁੰਚਣ ਤੇ ਟਰੈਫਿਕ ਸਮੱਸਿਆ ਇੱਕ ਸਿਰਦਰਦੀ ਬਣ ਸਕਦੀ ਸੀ ,ਕਿਉਂਕਿ ਪ੍ਰਾਚੀਨ 11 ਰੁਦਰ ਸ਼ਿਵ ਮੰਦਿਰ ਪੱਥਰਾਂ ਵਾਲੀ ਤੋਂ ਇਲਾਵਾ ਸ਼ਿਵ ਮੰਦਿਰ ਬਾਗ਼ਵਾਲਾ ਅਤੇ ਸ਼ਿਵ ਦਿਵਾਲਾ ਬ੍ਰਾਹਮਣਾਂ ਵਾਲਾ ਵਿੱਚ ਵੀ ਸ਼ਿਵਰਾਤਰੀ ਦਾ ਤਿਓਹਾਰ ਧੂਮਧਾਮ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਸੀ, ਜਿਸ ਕਰਕੇ ਤਿੰਨੋ ਮੰਦਿਰਾਂ ਵਿੱਚ ਬਹੁਤ ਜਿਆਦਾ ਸ਼ਰਧਾਲੂਆਂ ਨੇ ਨਤਮਸਤਕ ਹੋ ਕੇ ਭੋਲੇ ਸ਼ੰਕਰ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ ,ਪਰ ਇਸ ਮੌਕੇ ਟਰੈਫਿਕ ਦੀ ਸਮੱਸਿਆ ਨੂੰ ਦੂਰ ਕਰਨ ਲਈ ਥਾਣਾ ਭਦੌੜ ਵੱਲੋਂ ਕੀਤੇ ਗਏ ਪੁਖਤਾ ਪ੍ਰਬੰਧਾਂ ਤੇ ਪ੍ਰਾਚੀਨ 11 ਰੁਦਰ ਸ਼ਿਵ ਮੰਦਿਰ ਪੱਥਰਾਂ ਵਾਲੀ ਪ੍ਰਬੰਧਕ ਕਮੇਟੀ ਵੱਲੋਂ ਥਾਣਾ ਭਦੌੜ ਦੀ ਪੁਲਿਸ ਪਾਰਟੀ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ, ਕਿਉਂਕਿ ਇਸ ਸ਼ਿਵਰਾਤਰੀ ਮੇਲੇ ਦੌਰਾਨ ਥਾਣਾ ਭਦੌੜ ਪੁਲਿਸ ਦੀ ਮੁਸਤੈਦੀ ਕਾਰਨ ਕੋਈ ਵੀ ਅਣਸੁਖਾਵੀਂ ਘਟਨਾ ਨਹੀਂ ਵਾਪਰਨ ਦਿੱਤੀ ਗਈ ਅਤੇ ਨਾ ਹੀ ਟਰੈਫਿਕ ਸਮੱਸਿਆ ਵਿੱਚ ਕੋਈ ਵਿਘਨ ਪੈਣ ਦਿੱਤਾ ਗਿਆ, ਜਿਸ ਕਾਰਨ ਥਾਣਾ ਭਦੌੜ ਪੁਲਿਸ ਚਾਰ ਚੁਫ਼ੇਰਿਓਂ ਪ੍ਰਸ਼ੰਸਾ ਦਾ ਪਾਤਰ ਬਣੀ ਹੋਈ ਹੈ।

ਇਸ ਮੌਕੇ ਥਾਣਾ ਭਦੌੜ ਮੁਖੀ ਹਰਸਿਮਰਨਜੀਤ ਸਿੰਘ, ਸਹਾਇਕ ਥਾਣੇਦਾਰ ਸੰਤੋਖ ਸਿੰਘ, ਹੈਡ ਕਾਂਸਟੇਬਲ ਰਾਜਵਿੰਦਰ ਸਿੰਘ, ਹੈਡ ਕਾਂਸਟੇਬਲ ਨਿਰਮਲ ਸਿੰਘ, ਸਹਿੰਬਰ ਸਿੰਘ, ਥਾਣਾ ਭਦੌੜ ਦੇ ਮੁਨਸ਼ੀ ਹਰਦੀਪ ਸਿੰਘ ਤੋਂ ਇਲਾਵਾ ਲੇਡੀਜ਼ ਸਟਾਫ਼ ਵੀ ਨੇ ਵੀ ਪੂਰੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਈ।

# ਡੇਢ ਕਿਲੋ ਹੈਰੋਇਨ ਸਮੇਤ ਜੇਲ੍ਹ 'ਚ ਬੰਦ ਹਵਾਲਾਤੀ ਦਾ ਸਾਥੀ ਕਾਬੂ

ਬਠਿੰਡਾ, 16 ਫਰਵਰੀ (ਦੀਪਕ ਸ਼ਰਮਾ): ਬਠਿੰਡਾ ਪੁਲਿਸ ਨੇ ਨਸ਼ਾ ਤਸਕਰੀ



ਦੇ ਇੱਕ ਅਜਿਹੇ ਗੋਰਖਧੰਦੇ ਦਾ ਪਰਦਾਫਾਸ਼ ਕੀਤਾ ਹੈ, ਜਿਸ ਦੀਆਂ ਤਾਰਾਂ ਫ਼ਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਨਾਲ ਜੁੜੀਆਂ ਹੋਈਆਂ ਹਨ। ਜੇਲ੍ਹ ਅੰਦਰ ਬੰਦ ਇੱਕ ਹਵਾਲਾਤੀ ਦੇ ਇਸ਼ਾਰਿਆਂ 'ਤੇ ਸ਼ਹਿਰ ਵਿੱਚ ਹੈਰੋਇਨ ਦੀ ਸਪਲਾਈ ਦਿੱਤੀ ਜਾ ਰਹੀ ਸੀ। ਪੁਲਿਸ ਨੇ ਨਾਕਾਬੰਦੀ ਦੌਰਾਨ ਇੱਕ ਤਸਕਰ ਨੂੰ ਡੇਢ ਕਿੱਲੋ ਹੈਰੋਇਨ ਸਣੇ ਗ੍ਰਿਫਤਾਰ ਕਰਕੇ ਇਸ ਪੂਰੇ ਜਾਲ ਨੂੰ ਤੋੜਨ ਦਾ ਦਾਅਵਾ ਕੀਤਾ ਹੈ। ਸਥਾਨਕ ਸੈਕਟਰੀਏਟ ਵਿੱਚ ਕੀਤੀ ਗਈ ਪ੍ਰੈਸ ਵਾਰਤਾ ਦੌਰਾਨ ਐਸ.ਐਸ.ਪੀ ਬਠਿੰਡਾ ਡਾ. ਜਯੋਤੀ ਯਾਦਵ ਨੇ ਦੱਸਿਆ ਕਿ ਬਰਨਾਲਾ ਬਾਈਪਾਸ 'ਤੇ ਪੁਲਿਸ ਵੱਲੋਂ ਸ਼ੱਕੀ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ। ਇਸ ਦੌਰਾਨ ਇੱਕ ਕਾਰ ਨੂੰ ਰੋਕ ਕੇ ਜਦੋਂ ਤਲਾਸ਼ੀ ਲਈ ਗਈ ਤਾਂ ਚਾਲਕ ਕੋਲੋਂ 1.50 ਕਿਲੋ ਹੈਰੋਇਨ ਬਰਾਮਦ ਹੋਈ। ਫੜੇ ਗਏ ਮੁਲਜ਼ਮ ਦੀ ਪਛਾਣ ਰਾਜਾ ਵਾਸੀ ਹਰਦੇਵ ਨਗਰ ਵਜੋਂ ਹੋਈ ਹੈ, ਜੋ ਮੂਲ ਰੂਪ ਵਿੱਚ ਬਿਹਾਰ ਦਾ ਰਹਿਣ ਵਾਲਾ ਹੈ ਪਰ ਪਿਛਲੇ 15 ਸਾਲਾਂ ਤੋਂ ਬਠਿੰਡਾ ਵਿੱਚ ਰਹਿ ਕੇ ਤਸਕਰੀ ਦਾ ਧੰਦਾ ਚਲਾ ਰਿਹਾ ਸੀ।

ਜਾਂਚ ਵਿੱਚ ਸਾਹਮਣੇ ਆਇਆ ਕਿ ਫ਼ਿਰੋਜ਼ਪੁਰ ਜੇਲ੍ਹ ਵਿੱਚ ਬੰਦ ਰਾਕੇਸ਼ ਕੁਮਾਰ ਉਰਫ 'ਕਾਕੂ' ਦੇ ਨਿਰਦੇਸ਼ਾਂ 'ਤੇ ਇਹ ਸਪਲਾਈ ਬਰਨਾਲਾ ਬਾਈਪਾਸ ਤੋਂ ਹਾਸਲ ਕੀਤੀ ਗਈ ਸੀ। ਕਾਕੂ ਨੇ ਜੇਲ੍ਹ ਅੰਦਰੋਂ ਹੀ ਮੁਲਜ਼ਮ ਨੂੰ ਲੋਕੇਸ਼ਨ ਦੱਸੀ ਸੀ, ਜਿੱਥੇ ਕਿਸੇ ਅਣਪਛਾਤੇ ਵਿਅਕਤੀ ਨੇ ਇਹ ਖੇਪ ਉਸ ਨੂੰ ਸੌਂਪੀ। ਥਾਣਾ ਸਿਵਲ ਲਾਈਨ ਦੇ ਐਸ.ਐਚ.ਓ ਇੰਸਪੈਕਟਰ ਰਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਿਸ ਹੁਣ ਇਸ ਗੱਲ ਦੀ ਤਫ਼ਤੀਸ਼ ਕਰ ਰਹੀ ਹੈ ਕਿ ਜੇਲ੍ਹ ਅੰਦਰ ਮੋਬਾਈਲ ਫੋਨ ਕਿਸ ਤਰ੍ਹਾਂ ਪਹੁੰਚਿਆ ਅਤੇ ਕਾਕੂ ਦਾ ਬਾਹਰੀ ਨੈੱਟਵਰਕ ਕਿੰਨਾ ਵੱਡਾ ਹੈ। ਪੁਲਿਸ ਜਲਦ ਹੀ ਕਾਕੂ ਨੂੰ ਪ੍ਰੋਡਕਸ਼ਨ ਵਾਰੰਟ 'ਤੇ ਲਿਆ ਕੇ ਪੁੱਛਗਿੱਛ ਕਰੇਗੀ।

## 'ਆਪ੍ਰੇਸ਼ਨ ਪ੍ਰਹਾਰ' ਤਹਿਤ 1054 ਅਪਰਾਧੀ ਕਾਬੂ

ਪ੍ਰੈਸ ਕਾਨਫਰੰਸ ਦੌਰਾਨ ਐਸ.ਐਸ.ਪੀ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਆਪ੍ਰੇਸ਼ਨ ਪ੍ਰਹਾਰ' ਜ਼ੋਰਾਂ 'ਤੇ ਹੈ। ਪਿਛਲੇ ਇੱਕ ਮਹੀਨੇ (20 ਜਨਵਰੀ ਤੋਂ 20 ਫਰਵਰੀ) ਦੌਰਾਨ 1054 ਅਪਰਾਧੀਆਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਇਸ ਦੌਰਾਨ 2.6 ਕਿਲੋ ਹੈਰੋਇਨ, 8 ਕਿਲੋ ਅਫੀਮ, 4 ਪਿਸਤੌਲ ਤੇ ਲੱਖਾਂ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਤੋਂ ਇਲਾਵਾ ਦੋ ਵੱਡੇ ਤਸਕਰਾਂ ਦੀਆਂ ਜਾਇਦਾਦਾਂ ਵੀ ਜ਼ਬਤ ਕੀਤੀਆਂ ਗਈਆਂ ਹਨ।

# ਬ੍ਰਾਹਮਣ ਸਭਾ ਭਲਾਈ ਬੋਰਡ ਵੱਲੋਂ ਜਗਤਵੀਰ ਸਿੰਘ ਨੂੰ ਜ਼ਿਲ੍ਹਾ ਪ੍ਰਧਾਨ ਨਿਯੁਕਤ



ਸੰਗਰੂਰ, 16 ਫਰਵਰੀ (ਹਰਕੰਵਲ ਸਿੰਘ ਹੈਪੀ): ਪੰਕਜ ਸਾਰਧਾ ਚੇਅਰਮੈਨ ਬ੍ਰਾਹਮਣ ਸਭਾ ਭਲਾਈ ਬੋਰਡ ਪੰਜਾਬ ਵੱਲੋਂ ਜਗਤਵੀਰ ਸਿੰਘ ਈਲਵਾਲ ਨੂੰ ਬ੍ਰਾਹਮਣ ਸਭਾ ਭਲਾਈ ਬੋਰਡ ਦਾ ਜਿਲ੍ਹਾ ਸੰਗਰੂਰ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਮਾਰਕਿਟ ਕਮੇਟੀ ਸੰਗਰੂਰ ਦੇ ਚੇਅਰਮੈਨ ਅਵਤਾਰ ਸਿੰਘ ਈਲਵਾਲ ਨੇ ਜਿੱਥੇ ਪੰਕਜ ਸਾਰਧਾ ਜੀ ਦਾ ਇੰਨਾ ਮਾਣ ਬਖਸ਼ਣ ਤੇ ਦਿਲ ਦੀਆਂ ਗਹਿਰਾਈਆਂ ਵਿੱਚੋਂ ਵਿਸ਼ੇਸ਼ ਤੌਰ ਧੰਨਵਾਦ ਕੀਤਾ ਉੱਥੇ ਹੀ ਜਗਤਵੀਰ ਸਿੰਘ ਨੂੰ ਮੁਬਾਰਕਬਾਦ ਵੀ ਦਿੱਤੀ। ਇਸ ਮੌਕੇ ਮੌਜੂਦ ਬ੍ਰਾਹਮਣ ਸਭਾ ਭਲਾਈ ਬੋਰਡ ਪੰਜਾਬ ਦੇ ਕਮੇਟੀ ਮੈਂਬਰ ਹਾਕਮ ਸਿੰਘ ਤੱਖਰ ਕਲਾਂ ਤੋਂ ਇਲਾਵਾ ਵੱਖ ਵੱਖ ਪਿੰਡਾਂ ਵਿੱਚੋਂ ਆਈਆਂ ਬ੍ਰਾਹਮਣ ਸਭਾ ਨਾਲ ਸਬੰਧਤ ਸੰਸਥਾਵਾਂ ਜਿਨ੍ਹਾਂ ਵਿੱਚ ਮੰਦਿਰ ਕਮੇਟੀ ਘਰਾਚੋਂ, ਭਵਾਨੀਗੜ, ਨਾਗਰਾ, ਮਹਿਲਾਂ, ਖੁਰਾਣਾ, ਗੱਗੜਪੁਰ, ਉਭਾਵਾਲ, ਘਾਬਦਾਂ, ਸੋਹੀਆਂ, ਖੇੜੀ, ਕੁਲਾਰਾਂ, ਨਮੋਲ, ਲੌਂਗੋਵਾਲ, ਮਲੇਰਕੋਟਲਾ, ਅਮਰਗੜ੍ਹ, ਰੁੜਕੇ, ਬਰਨਾਲਾ ਦੀਆਂ ਸੰਗਤਾਂ ਦਾ ਸਾਰਧਾ ਨੇ ਧੰਨਵਾਦ ਕੀਤਾ।

ਸਾਰਧਾ ਵੱਲੋਂ ਸਕੂਲਾਂ ਵਿੱਚ ਛੇਵੀਂ ਕਲਾਸ ਤੋਂ ਸੰਸਕ੍ਰਿਤ ਭਾਸ਼ਾ ਸ਼ੁਰੂ ਕਰਵਾਉਣ ਤੇ ਆਪਣੀ ਕੌਮ ਨੂੰ ਸਮਾਜ ਵਿੱਚ ਉੱਚਾ ਚੁੱਕਣ ਲਈ ਪੂਰੇ ਯਤਨ ਕੀਤੇ ਜਾਣਗੇ। ਜ਼ਿਕਰਯੋਗ ਗੱਲ ਹੈ ਕਿ ਚੇਅਰਮੈਨ ਪੰਕਜ ਸਾਰਧਾ ਬ੍ਰਾਹਮਣ ਸਭਾ ਭਲਾਈ ਬੋਰਡ ਜ਼ਿਲ੍ਹਾ ਸੰਗਰੂਰ ਦੀ ਜਿੰਮੇਵਾਰੀ ਜਗਤਵੀਰ ਸਿੰਘ ਨੂੰ ਸੌਂਪਣ ਲਈ ਬੀਤੇ ਦਿਨੀਂ ਪਿੰਡ ਈਲਵਾਲ ਵਿਖੇ ਵਿਸ਼ੇਸ਼ ਤੌਰ ਤੇ ਪਹੁੰਚੇ ਸਨ। ਇਸ ਦੌਰਾਨ ਸੰਸਥਾਂ ਵੱਲੋਂ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਜਗਤਵੀਰ ਸਿੰਘ ਨੇ ਪੰਕਜ ਸਾਰਧਾ ਤੇ ਉਨ੍ਹਾਂ ਨਾਲ ਆਏ ਸਾਥੀ ਮੋਹਨ ਲਾਲ ਵੈਦ ਮਲੇਰਕੋਟਲਾ ਤੇ ਸਮੂਹ ਮੰਦਿਰ ਕਮੇਟੀਆਂ ਦਾ ਧੰਨਵਾਦ ਕਰਦਿਆਂ ਇਹ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਬ੍ਰਾਹਮਣ ਸਭਾ ਦੀ ਭਲਾਈ ਲਈ ਸੰਸਥਾਂ ਦੇ ਮੈਂਬਰਾਂ ਦੀ ਸਹਿਮਤੀ ਦੇ ਨਾਲ ਕੰਮ ਕਰਨਗੇ।

# ਭਾਰਤ-ਅਮਰੀਕਾ ਵਪਾਰ ਸਮਝੌਤਾ ਕਿਸਾਨ ਵਿਰੋਧੀ : ਵਿਧਾਇਕ ਅਮੋਲਕ ਸਿੰਘ

ਬਾਜਾਖਾਨਾ, 16 ਫਰਵਰੀ (ਅਵਤਾਰ ਸਿੰਘ ਮੱਲਾ): ਪੰਜਾਬ ਵਿਧਾਨ ਸਭਾ ਦੀ ਅਨੁਮਾਨ ਕਮੇਟੀ ਤੇ ਪੇਪਰ ਐਂਡ ਲਾਇਬ੍ਰੇਰੀ ਦੇ ਮੈਂਬਰ ਤੇ ਵਿਧਾਨ ਸਭਾ ਹਲਕਾ ਜੈਤੋ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਇੰਜੀਨੀਅਰ ਅਮੋਲਕ ਸਿੰਘ ਨੇ ਇੱਥੇ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਅਮਰੀਕਾ ਅਤੇ ਭਾਰਤ ਵਿਚਾਲੇ ਕੀਤਾ ਗਿਆ ਵਪਾਰ ਸਮਝੌਤਾ ਭਾਰਤੀ ਖੇਤੀ ਨਾਲ ਇੱਕ ਵੱਡੀ ਸਾਜ਼ਿਸ਼ ਹੈ। ਵਿਧਾਇਕ ਇੰਜੀਨੀਅਰ ਅਮੋਲਕ ਸਿੰਘ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਅਮਰੀਕੀ ਉਤਪਾਦਾਂ 'ਤੇ ਆਯਾਤ ਟੈਕਸ ਨੂੰ ਸਿਫ਼ਰ ਕਰਨਾ ਅਤੇ ਅਮਰੀਕਾ ਵੱਲੋਂ ਭਾਰਤੀ ਉਤਪਾਦਾਂ 'ਤੇ 18 ਫ਼ੀਸਦੀ ਟੈਕਸ ਲਗਾਉਣਾ ਪੂਰੀ ਤਰ੍ਹਾਂ ਅਨਿਆਂ ਤੇ ਕਿਸਾਨ ਮਾਰੂ ਕਦਮ ਹੈ। ਇਹ ਫ਼ੈਸਲਾ ਭਾਰਤ ਦੀ ਖੇਤੀ ਆਧਾਰਿਤ ਅਰਥਵਿਵਸਥਾ ਨੂੰ ਤਬਾਹੀ ਵੱਲ ਧੱਕਣ ਵਾਲਾ ਸਾਬਤ ਹੋਵੇਗਾ। ਵਿਧਾਇਕ ਇੰਜੀਨੀਅਰ ਅਮੋਲਕ ਸਿੰਘ ਨੇ ਕਿਹਾ ਕਿ ਇਸ ਸਮਝੌਤੇ ਨਾਲ ਦੇਸ਼ ਦੀ ਮੰਡੀ ਅਮਰੀਕਾ ਦੀ ਭਾਰੀ ਸਬਸਿਡੀ ਨਾਲ ਤਿਆਰ ਕੀਤੀ ਗਈ ਸਸਤੀ ਪੈਦਾਵਾਰ ਨਾਲ ਭਰ ਜਾਵੇਗੀ, ਜਿਸ ਕਾਰਨ ਦੇਸੀ ਕਿਸਾਨਾਂ ਨੂੰ ਆਪਣੀਆਂ ਫ਼ਸਲਾਂ ਔਨੇ-ਪੌਣੇ ਭਾਵਾਂ 'ਚ ਵੇਚਣੀਆਂ ਪੈਣਗੀਆਂ।



# ਮਾਲ ਰੋਡ ਤੋਂ ਬਾਅਦ ਹੁਣ ਸੰਤਪੁਰਾ ਰੋਡ 'ਤੇ ਨਸ਼ੇੜੀਆਂ ਦੀ ਟੀਕੇ ਲਗਾਉਂਦਿਆਂ ਦੀ ਵੀਡੀਓ ਵਾਇਰਲ

ਬਠਿੰਡਾ, 16 ਫਰਵਰੀ (ਦੀਪਕ ਸ਼ਰਮਾ): ਬਠਿੰਡੇ ਵਿੱਚ ਵਧ ਰਹੇ ਅਪਰਾਧ ਦਾ ਮੁੱਖ ਕਾਰਨ ਨਸ਼ਾ ਹੀ ਮੰਨਿਆ ਜਾ ਰਿਹਾ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਜਿੰਨੀ ਪੁਲਿਸ ਵੱਲੋਂ ਨਸ਼ੇ 'ਤੇ ਸਖ਼ਤਾਈ ਕਰਨ ਦੇ ਦਾਅਵੇ ਕੀਤੇ ਜਾ ਰਹੇ ਹਨ, ਉਸ ਤੋਂ ਕਿਤੇ ਜ਼ਿਆਦਾ ਨਸ਼ਾ ਸ਼ਰੇਆਮ ਵਿਕਣ ਲੱਗ ਪਿਆ ਹੈ। ਇਸ ਦੀਆਂ ਲਗਾਤਾਰ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਵੀਡੀਓਜ਼ ਅਤੇ ਤਸਵੀਰਾਂ ਪੁਲਿਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਵੱਡੇ ਸਵਾਲ ਖੜ੍ਹੇ ਕਰ ਰਹੀਆਂ ਹਨ। ਲੰਘੇ ਦਿਨ ਸਥਾਨਕ ਮਾਲ ਰੋਡ ਵਿੱਚ ਸ਼ਰੇਆਮ ਨਸ਼ਾ ਵੇਚਣ ਦੀ ਵੀਡੀਓ ਵਾਇਰਲ ਹੋਈ ਸੀ, ਜਿਸ ਸਬੰਧੀ ਥਾਣਾ ਕੋਤਵਾਲੀ ਦੇ ਇੰਸਪੈਕਟਰ ਪਰਵਿੰਦਰ ਸਿੰਘ ਨੇ ਬਕਾਇਦਾ ਪ੍ਰੈਸ ਨੂੰ ਜਾਣਕਾਰੀ ਦਿੱਤੀ ਸੀ ਕਿ ਉਕਤ ਨਸ਼ਾ ਵੇਚਣ ਵਾਲਿਆਂ ਦੀ ਪਛਾਣ ਕਰ ਲਈ ਗਈ ਹੈ ਅਤੇ ਜਲਦੀ ਹੀ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਅਜੇ ਇਸ ਮਸਲੇ ਦੀ ਸਿਆਹੀ ਸੁੱਕੀ ਨਹੀਂ ਸੀ ਕਿ



ਸੋਮਵਾਰ ਨੂੰ ਫਿਰ ਤੋਂ ਨਸ਼ਾ ਕਰਨ ਵਾਲਿਆਂ ਦੀ ਇੱਕ ਹੋਰ ਖੌਫਨਾਕ ਵੀਡੀਓ ਵਾਇਰਲ ਹੋ ਗਈ। ਇਸ ਵੀਡੀਓ ਨੇ ਸ਼ਹਿਰ ਅੰਦਰ 'ਚਿੱਟੇ' ਦੇ ਵਧਦੇ ਪ੍ਰਕੋਪ ਦੀ ਜ਼ਮੀਨੀ ਹਕੀਕਤ ਬਿਆਨ ਕਰ ਦਿੱਤੀ ਹੈ। ਨੌਜਵਾਨ ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਸੋਨੂੰ ਮਹੇਸ਼ਵਰੀ ਵੱਲੋਂ ਸਾਂਝੀ ਕੀਤੀ ਗਈ ਵੀਡੀਓ ਵਿੱਚ ਸਾਫ਼ ਦੇਖਿਆ ਜਾ ਸਕਦਾ ਹੈ ਕਿ ਸੰਤਪੁਰਾ ਰੋਡ 'ਤੇ ਰੇਲਵੇ ਲਾਈਨਾਂ ਨੇੜੇ ਸੁੰਨੀ ਜਗ੍ਹਾ 'ਤੇ ਚਾਰ-ਪੰਜ ਨੌਜਵਾਨ ਬਿਨਾਂ ਕਿਸੇ ਡਰ ਦੇ ਇੱਕ-ਦੂਜੇ ਨੂੰ ਨਸ਼ੇ ਦੇ ਟੀਕੇ ਲਗਾ ਰਹੇ ਹਨ। ਕੁਝ ਦਿਨ ਪਹਿਲਾਂ ਵੀ ਲੋਕਾਂ ਨੇ ਇੱਕ ਨਸ਼ੇੜੀ ਚੋਰ ਨੂੰ ਕਾਬੂ ਕੀਤਾ ਸੀ, ਜਿਸ ਨੇ ਮੰਨਿਆ ਸੀ ਕਿ ਸੰਤਪੁਰਾ ਰੋਡ 'ਤੇ ਰੇਲਵੇ ਲਾਈਨਾਂ ਕੋਲ ਸਵੇਰ ਤੋਂ ਸ਼ਾਮ ਤੱਕ ਨਸ਼ਾ ਤਸਕਰਾਂ ਦੀ ਮੰਡੀ ਲੱਗਦੀ ਹੈ।

ਸਥਾਨਕ ਲੋਕਾਂ ਵਿੱਚ ਇਸ ਗੱਲ ਨੂੰ ਲੈ ਕੇ ਭਾਰੀ ਰੋਸ ਹੈ ਕਿ ਸ਼ਹਿਰ ਦੇ ਪਾਰਕਾਂ, ਸੁੰਨੀਆਂ ਗਲੀਆਂ ਅਤੇ ਖਾਲੀ ਇਮਾਰਤਾਂ ਵਿੱਚ ਨਸ਼ੇੜੀਆਂ ਦਾ ਜਮਾਵੜਾ ਲੱਗਿਆ ਰਹਿੰਦਾ ਹੈ, ਪਰ ਪੁਲਿਸ ਨੂੰ ਇਹ ਸਭ ਨਜ਼ਰ ਨਹੀਂ ਆ ਰਿਹਾ। ਮਾਪਿਆਂ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਨੌਜਵਾਨ ਪੀੜ੍ਹੀ ਮੌਤ ਦੇ ਇਸ ਕਾਰੋਬਾਰ ਦੀ ਭੇਂਟ ਚੜ੍ਹ ਰਹੀ ਹੈ, ਜਿਸ ਨਾਲ ਸਮਾਜਿਕ ਅਤੇ ਆਰਥਿਕ ਢਾਂਚਾ ਪੂਰੀ ਤਰ੍ਹਾਂ ਬਰਬਾਦ ਹੋ ਰਿਹਾ ਹੈ। ਦੂਜੇ ਪਾਸੇ ਪੁਲਿਸ ਅਧਿਕਾਰੀਆਂ ਦਾ ਰਵਾਇਤੀ ਜਵਾਬ ਹੈ ਕਿ ਮੁਹਿੰਮ ਜਾਰੀ ਹੈ ਅਤੇ ਵਾਇਰਲ ਵੀਡੀਓਜ਼ ਦੇ ਆਧਾਰ 'ਤੇ ਮੁਲਜ਼ਮਾਂ ਦੀ ਪਛਾਣ ਕੀਤੀ ਜਾ ਰਹੀ ਹੈ। ਸਮਾਜ ਸੇਵੀ ਸੋਨੂੰ ਮਹੇਸ਼ਵਰੀ ਦਾ ਕਹਿਣਾ ਹੈ ਕਿ ਸਿਰਫ਼ ਪੁਲਿਸ ਦੀ ਫੜੋ-ਫੜਾਈ ਨਾਲ ਇਹ ਮਸਲਾ ਹੱਲ ਨਹੀਂ ਹੋਣਾ, ਜਦੋਂ ਤੱਕ ਬੇਰੁਜ਼ਗਾਰੀ ਤੇ ਮਾਨਸਿਕ ਦਬਾਅ ਵਰਗੇ ਮੂਲ ਕਾਰਨਾਂ 'ਤੇ ਕੰਮ ਨਹੀਂ ਹੁੰਦਾ। ਫਿਲਹਾਲ, ਬਠਿੰਡਾ ਵਿੱਚ ਇੱਕ ਤੋਂ ਬਾਅਦ ਇੱਕ ਵਾਇਰਲ ਹੋ ਰਹੀਆਂ ਵੀਡੀਓਜ਼ ਨੇ ਪੂਰੇ ਸ਼ਹਿਰ ਵਿੱਚ ਹਲਚਲ ਮਚਾ ਦਿੱਤੀ ਹੈ ਅਤੇ ਲੋਕ ਹੁਣ ਪ੍ਰਸ਼ਾਸਨ ਵੱਲੋਂ ਕਿਸੇ ਠੋਸ ਕਾਰਵਾਈ ਦੀ ਉਡੀਕ ਕਰ ਰਹੇ ਹਨ।

# ਧਰਮ ਜੋੜੇ ਯਾਤਰਾ ਸਬੰਧੀ ਸ੍ਰੀ ਆਯੋਧਿਆ ਧਾਮ ਲਈ ਰਵਾਨਾ ਹੋਵੇਗੀ ਵਿਸ਼ੇਸ਼ ਟ੍ਰੇਨ : ਤਰਸੇਮ ਗੋਇਲ

ਸ੍ਰੀ ਮੁਕਤਸਰ ਸਾਹਿਬ, 16 ਫਰਵਰੀ (ਐਚ.ਐਸ. ਕਪੂਰ): ਅਗਰਵਾਲ ਸਭਾ ਰਜ਼ਿ: ਪੰਜਾਬ ਸ੍ਰੀ ਮੁਕਤਸਰ ਸਾਹਿਬ ਦੇ ਸ਼ਹਿਰੀ ਪ੍ਰਧਾਨ ਤਰਸੇਮ ਗੋਇਲ ਨੇ ਦੱਸਿਆ ਕਿ ਧਰਮ ਜੋੜੇ ਯਾਤਰਾ ਦੇ ਸਬੰਧ 'ਚ ਆਉਣ ਵਾਲੀ 5 ਮਾਰਚ 2026 ਨੂੰ ਇੱਕ ਵਿਸ਼ੇਸ਼ ਟਰੇਨ ਜੋ ਸ੍ਰੀ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਧੂਰੀ, ਅੰਬਾਲਾ ਤੋਂ ਹੁੰਦੀ ਹੋਈ ਸਵੇਰੇ 6 ਵਜੇ ਸ੍ਰੀ ਆਯੋਧਿਆ ਧਾਮ ਵਿਖੇ ਪਹੁੰਚ ਕੇ ਸ਼ਰਧਾਲੂਆਂ ਨੂੰ ਸ਼੍ਰੀਰਾਮ ਲਲਾ ਦੇ ਦਰਸ਼ਨ ਕਰਵਾਏਗੀ। ਪ੍ਰਧਾਨ ਗੋਇਲ ਨੇ ਦੱਸਿਆ ਕਿ ਇਸ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਲਈ ਰਿਹਾਇਸ਼, ਖਾਣਾ ਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ, ਸ਼ਹਿਰ ਸ੍ਰੀ ਮੁਕਤਸਰ ਸਾਹਿਬ ਦੇ ਨਿਵਾਸੀਆਂ 'ਚ ਇਸ ਯਾਤਰਾ ਲਈ ਉਤਸ਼ਾਹਿਤ ਨਜ਼ਰ ਆ ਰਹੇ ਹਨ। ਇਸ ਯਾਤਰਾ ਲਈ 5 ਮਾਰਚ ਨੂੰ ਸ੍ਰੀ ਮੁਕਤਸਰ ਸਾਹਿਬ ਦੇ ਰੇਲਵੇ ਸਟੇਸ਼ਨ ਤੋਂ ਸਵੇਰੇ 10 ਵਜੇ ਲੁਧਿਆਣਾ ਦੇ ਰੇਲਵੇ ਸਟੇਸ਼ਨ 'ਤੇ ਪੁੱਜਣ ਲਈ ਬੱਸਾਂ ਚੱਲਣਗੀਆਂ ਤੇ ਲਗਭਗ ਦੁਪਹਿਰ 3 ਵਜੇ ਲੁਧਿਆਣਾ ਤੋਂ ਆਯੋਧਿਆ ਧਾਮ ਦੇ ਲਈ ਟਰੇਨ ਰਵਾਨਾ ਹੋਵੇਗੀ ਤੇ 8 ਮਾਰਚ ਨੂੰ ਉਸੇ ਰੂਟ ਮੁਤਾਬਿਕ ਵਾਪਿਸ ਸ੍ਰੀ ਮੁਕਤਸਰ ਸਾਹਿਬ ਪਰਤੇਗੀ। ਇਸ ਸਬੰਧ 'ਚ ਇੱਕ ਵਿਸ਼ੇਸ਼ ਮੀਟਿੰਗ ਲਈ ਲੁਧਿਆਣਾ ਤੋਂ ਰਾਜ ਕੁਮਾਰ ਅਟਵਾਲ ਪ੍ਰਧਾਨ ਅੰਤਰਰਾਸ਼ਟਰੀ ਵਾਲਮੀਕਿ ਮਜ਼ਬੀ ਸਿੱਖ ਧਰਮ ਸਮਾਜ ਭਾਰਤ ਨੇ ਸ੍ਰੀ ਮੁਕਤਸਰ ਸਾਹਿਬ ਵਿਖੇ ਸ਼ਿਰਕਤ ਕੀਤੀ ਤੇ ਧਰਮ ਜੋੜੇ ਯਾਤਰਾ ਦੇ ਸਬੰਧ 'ਚ ਵਿਚਾਰ ਵਟਾਂਦਰਾ ਕੀਤਾ, ਇਸ ਮੌਕੇ ਉਨ੍ਹਾਂ ਦੇ ਨਾਲ ਵਾਇਸ ਯੂਥ ਪ੍ਰਧਾਨ ਨਵੀਨ ਕੁਮਾਰ ਨਵੀ ਮੋਰਵਾਲ ਅੰਤਰਰਾਸ਼ਟਰੀ ਵਾਲਮੀਕਿ ਮਜ਼ਬੀ ਸਿੱਖ ਧਰਮ ਸਮਾਜ ਭਾਰਤ ਤੇ ਜ਼ਿਲ੍ਹਾ ਜਰਨਲ ਸੈਕਟਰੀ ਐਸ.ਸੀ. ਯੁਵਾ ਮੋਰਚਾ ਭਾਜਪਾ ਵੀ ਮੌਜੂਦ ਸਨ। ਇਸ ਤੋਂ ਇਲਾਵਾ ਚੇਅਰਮੈਨ ਬਲਦੇਵ ਸਹਾਏ ਗਰਗ, ਵਾਇਸ ਪ੍ਰਧਾਨ ਕੁਲਦੀਪ ਗੋਇਲ, ਸੈਕਟਰੀ ਸਵਿੱਕੀ ਗਰਗ, ਸਰਪ੍ਰਸਤ ਹਰੀਪਾਲ ਬਾਂਸਲ ਤੇ ਸ੍ਰੀ ਰਘੂਨਾਥ ਮੰਦਰ ਦੇ ਮੁੱਖ ਸੇਵਾਦਾਰ ਆਦੇਸ਼ ਕੁਮਾਰ ਸ਼ਰਮਾ ਵੀ ਹਾਜ਼ਰ ਸਨ।

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ 7 ਰੋਜ਼ਾ ਰਾਸ਼ਟਰੀ ਸੇਵਾ ਯੋਜਨਾ ਕੈਂਪਾਂ ਦੀ ਲੜੀ ਦਾ ਆਗਾਜ਼

ਤਲਵੰਡੀ ਸਾਬੋ, 16 ਫਰਵਰੀ (ਸੰਦੀਪ ਜੋਸੀ): ਗੁਰੂ ਕਾਸ਼ੀ ਯੂਨੀਵਰਸਿਟੀ ਦੇ ਐਨ.ਐਸ.ਐਸ. ਵਿਭਾਗ ਵੱਲੋਂ ਸੱਤ ਰੋਜ਼ਾ ਕੈਂਪਾਂ ਦੀ ਲੜੀ ਦਾ ਆਗਾਜ਼ ਮੁੱਖ ਮਹਿਮਾਨ ਵਾਈਸ ਚਾਂਸਲਰ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਨੇ ਕੀਤਾ। ਆਗਾਜ਼ ਮੌਕੇ ਮੁੱਖ ਮਹਿਮਾਨ ਵਾਈਸ ਚਾਂਸਲਰ ਡਾ. ਸਿੰਘ ਨੇ ਦੱਸਿਆ ਕਿ ਕੈਂਪਾਂ ਵਿੱਚ ਵਿਦਿਆਰਥੀਆਂ ਨੂੰ ਆਪਣੇ ਆਲੇ-ਦੁਆਲੇ ਦੀ ਸਾਫ਼-ਸਫ਼ਾਈ ਪ੍ਰਤੀ ਜਾਗਰੂਕਤਾ, ਰੁਜ਼ਗਾਰ ਸੰਬੰਧੀ ਉੱਭਰ ਰਹੀਆਂ ਨਵੀਆਂ ਸੰਭਾਵਨਾਵਾਂ, ਸੜਕ ਸੁਰੱਖਿਆ ਦੇ ਨਿਯਮਾਂ ਦੀ ਪਾਲਣਾ, ਜੈਵਿਕ ਖੇਤੀ, ਖੇਤੀ ਸਹਾਇਕ ਧੰਦੇ ਜਿਵੇਂ ਮੱਛੀ ਪਾਲਣ, ਮਧੂਮੱਖੀ ਪਾਲਣ, ਮਸ਼ਰੂਮ ਦੀ ਪੈਦਾਵਾਰ ਸੰਬੰਧੀ ਜਾਣਕਾਰੀ ਮਾਹਿਰਾਂ ਵੱਲੋਂ ਦਿੱਤੀ ਜਾਏਗੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵਿੱਚ ਵਾਤਾਵਰਣ ਸਾਂਭ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਹੈ। ਕੈਂਪ ਦੇ ਦੂਜੇ ਦਿਨ ਪ੍ਰਬੰਧਕੀ ਨਿਰਦੇਸ਼ਕ ਸੁਖਰਾਜ ਸਿੰਘ ਸਿੱਧੂ, ਇੰਜੀ. ਸੁਖਵਿੰਦਰ ਸਿੰਘ ਤੇ ਪਰੋ ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਫੁੱਲਾਂ ਦੇ ਪੌਦੇ ਲਗਾਏ। ਇਸ ਮੌਕੇ ਪ੍ਰਬੰਧਕੀ ਨਿਰਦੇਸ਼ਕ ਨੇ ਵਰਸਿਟੀ ਵਿੱਚ ਵੱਖ-ਵੱਖ ਕਿਸਮ ਦੇ ਫੁੱਲਾਂ ਅਤੇ ਛਾਂ ਦਾਰ ਪੌਦੇ



ਲਗਾਉਣ ਲਈ ਕਿਹਾ ਤਾਂਕਿ ਵਰਸਿਟੀ ਦਾ ਆਲਾ-ਦੁਆਲਾ ਖੁਸ਼ਬੂਦਾਰ ਅਤੇ ਮਨਮੋਹਕ ਬਣ ਸਕੇ। ਡਾ. ਧੀਮਾਨ ਨੇ ਵਾਤਾਵਰਨ ਨੂੰ ਹਰਿਆ- ਭਰਿਆ ਬਣਾਈ ਰੱਖਣ ਲਈ ਹਰ ਵਿਦਿਆਰਥੀ ਨੂੰ ਘੱਟੋ-ਘੱਟ ਪੰਜ ਪੌਦੇ ਲਗਾਉਣ ਤੇ ਉਨ੍ਹਾਂ ਦੀ ਸਾਂਭ ਸੰਭਾਲ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾਇਰੈਕਟਰ ਵਿਦਿਆਰਥੀ ਭਲਾਈ ਸਰਦੂਲ ਸਿੰਘ ਸਿੱਧੂ, ਜ਼ਿਲ੍ਹਾ ਅਫ਼ਸਰ ਮਾਨਸਾ ਸਰਬਜੀਤ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।

ਡਾਇਰੈਕਟਰ ਵਿਦਿਆਰਥੀ ਭਲਾਈ ਸਿੱਧੂ ਨੇ ਦੱਸਿਆ ਕਿ ਕੈਂਪਾਂ ਦੀ ਲੜੀ ਦੌਰਾਨ ਵਰਸਿਟੀ ਵੱਲੋਂ ਗੋਦ ਲਏ ਗਏ ਪਿੰਡਾਂ ਦੇ ਆਲੇ-ਦੁਆਲੇ ਸਫਾਈ ਮੁਹਿੰਮ ਚਲਾਈ ਜਾਏਗੀ। ਐਨ.ਐਸ.ਐਸ. ਕੁਆਰਡੀਨੇਟਰ ਨਰਿੰਦਰ ਕੌਰ ਨੇ ਦੱਸਿਆ ਕਿ ਵਰਸਿਟੀ ਦੇ ਐਨ.ਐਸ.ਐਸ ਵਿਭਾਗ ਵੱਲੋਂ ਪ੍ਰੋਗਰਾਮ ਅਫ਼ਸਰ ਡਾ. ਪ੍ਰਿਅੰਕਾ, ਇੰਜੀ. ਬੂਟਾ ਸਿੰਘ, ਇੰਜੀ. ਜਸਵਿੰਦਰ ਸਿੰਘ, ਡਾ. ਸਰਿਤਾ, ਡਾ. ਗੁਲਾਮ ਸਰਵਰ ਦੀ ਦੇਖ-ਰੇਖ ਹੇਠ 11 ਫਰਵਰੀ ਤੋਂ 15 ਫਰਵਰੀ ਤੱਕ ਵੱਖ-ਵੱਖ ਪਿੰਡਾਂ ਵਿੱਚ ਲਗਾਤਾਰ ਸੱਤ ਰੋਜਾ ਦਾ ਕੈਂਪ ਲਗਾਏ ਜਾ ਰਹੇ ਹਨ। ਜਿਸ ਵਿੱਚ ਵਲੰਟੀਅਰਾਂ ਤੇ ਪਿੰਡ ਵਾਸੀਆਂ ਨੂੰ ਸਮਾਜਿਕ ਸੇਵਾ ਦੇ ਪ੍ਰੋਜੈਕਟ ਨਾਲ ਜੋੜਿਆ ਜਾਏਗਾ। ਕੈਂਪ ਵਿੱਚ ਅੰਧ-ਵਿਸ਼ਵਾਸ ਆਦਿ ਨੂੰ ਖਤਮ ਕਰਨ ਲਈ ਜਸਵੀਰ ਸਿੰਘ ਵੱਲੋਂ ਸਾਇੰਸ ਆਧਾਰਿਤ ਟ੍ਰਿਕਸ ਵੀ ਪੇਸ਼ ਕੀਤੀਆਂ ਗਈਆਂ। ਇਹਨਾਂ ਕੈਂਪਾਂ ਵਿਚ 13 ਫੈਕਲਟੀਆਂ ਦੇ ਲਗਭਗ 700 ਵਲੰਟੀਅਰ ਸਮਾਜ ਸੇਵਾ ਦੇ ਕੰਮਾਂ ਵਿੱਚ ਯੋਗਦਾਨ ਪਾਉਣਗੇ।

# ਤਰਸੇਮ ਲੰਡੇ ਦੀ ਪਲੇਠੀ ਬਾਲ ਕਿਤਾਬ 'ੳ-ਅ ਸਾਡਾ ਸਾਥੀ' ਲੋਕ ਅਰਪਣ

ਭਗਤਾ ਭਾਈ ਕਾ, 16 ਫਰਵਰੀ (ਸਵਰਨ ਸਿੰਘ ਭਗਤਾ): ਸਾਹਿਤਕ ਸੱਥ ਲੰਡੇ ਵੱਲੋਂ ਸਾਹਿਤਕਾਰ ਤਰਸੇਮ ਲੰਡੇ ਦੀ ਪਲੇਠੀ ਬਾਲ ਕਿਤਾਬ 'ੳ-ਅ ਸਾਡਾ ਸਾਥੀ' ਤਰਸੇਮ ਲੰਡੇ ਦੇ ਗ੍ਰਹਿ ਵਿਖੇ ਲੋਕ ਅਰਪਣ ਕੀਤੀ ਗਈ। ਜਿਸ ਵਿੱਚ ਨਾਮਵਾਰ ਸਹਿਤਕਾਰਾਂ ਅਤੇ ਲੇਖਕਾਂ ਨੇ ਸ਼ਮੂਲੀਅਤ ਕੀਤੀ। ਪ੍ਰੋਗਰਾਮ ਦਾ ਆਗਾਜ਼ ਤਰਸੇਮ ਖਾਨ ਦੇ ਗੀਤ 'ਲੰਡੇ ਪਿੰਡ ਮਿੱਤਰਾਂ ਦਾ....' ਦੇ ਗਾਉਣ ਨਾਲ ਹੋਇਆ। ਇਸ ਤੋਂ ਬਾਅਦ ਜਗਜੀਤ ਪੱਲਣ ਨੇ ਜਸਕਰਨ ਲੰਡੇ ਦਾ ਲਿਖਿਆ ਗੀਤ 'ਨਸ਼ੇ ਜਵਾਨੀ ਖਾ ਲਈ, ਨਾ ਕੋਈ ਹਾਲੀ ਨਾ ਕੋਈ ਪਾਲੀ ....' ਗਾ ਕੇ ਵਾਹ-ਵਾਹ ਖੱਟੀ। ਤਰਸੇਮ ਲੰਡੇ ਨੇ ਆਪਣੀ ਕਿਤਾਬ ਉੱਪਰ ਵਿਚਾਰ ਪ੍ਰਗਟ ਕਰਦਿਆਂ ਦੱਸਿਆ ਕਿ ਇਸ ਕਿਤਾਬ ਵਿੱਚ ੳ ਤੋਂ ੜ ਤੱਕ ਅਨੇਕ ਸ਼ਬਦਾਂ ਦਾ ਇਸਤੇਮਾਲ ਕਰਕੇ ਉਨ੍ਹਾਂ ਉੱਪਰ ਕਵਿਤਾਵਾਂ ਲਿਖੀਆਂ ਗਈਆਂ ਹਨ। ਮਾਤ ਭਾਸ਼ਾ ਤੋਂ ਦੂਰ ਹੋ ਰਹੇ ਬੱਚਿਆਂ ਨੂੰ ਪੰਜਾਬ, ਪੰਜਾਬੀ ਤੇ ਪੰਜਾਬੀਅਤ ਨਾਲ ਜੋੜਨ ਦੀ ਇਹ ਇਕ ਛੋਟੀ ਜਿਹੀ ਕੋਸ਼ਿਸ਼ ਕੀਤੀ ਗਈ ਹੈ। ਕਵਿਤਾਵਾਂ ਬੱਚਿਆਂ ਦੇ ਹਾਣ ਦੀਆਂ ਹਨ। ਮਾਪਿਆਂ ਨੂੰ ਇਹ ਕਿਤਾਬ ਜ਼ਰੂਰ ਆਪਣੇ ਬੱਚਿਆਂ ਨੂੰ ਪੜ੍ਹਾਉਣੀ ਚਾਹੀਦੀ ਹੈ। ਨਾਲ ਹੀ ਉਨ੍ਹਾਂ ਨੇ ਕਿਤਾਬ ਨੂੰ ਨੇਪਰੇ ਚਾੜ੍ਹਨ ਲਈ ਅਮਰ ਘੋਲੀਆ, ਪ੍ਰਸਿੱਧ ਬਾਲ ਸਾਹਿਤਕਾਰ ਦਰਸ਼ਨ ਸਿੰਘ ਆਸ਼ਟ, ਨੌਜਵਾਨ ਕਵੀ ਜਸਵੰਤ ਗਿੱਲ ਸਮਾਲਸਰ ਅਤੇ ਕਿਤਾਬ ਨੂੰ ਅਕਰਸ਼ਿਤ ਰੂਪ ਦੇਣ ਲਈ ਸਪਤਰਿਸ਼ੀ ਪਬਲੀਕੇਸ਼ਨ, ਚੰਡੀਗੜ੍ਹ ਦਾ ਧੰਨਵਾਦ ਕੀਤਾ। ਇਸ ਉਪਰੰਤ ਤਰਸੇਮ ਦੇ ਅਧਿਆਪਕ ਰਹੇ ਮਾਸਟਰ ਸ਼ਮਿੰਦਰ ਸਿੰਘ ਜਿਉਣਵਾਲਾ ਨੇ ਤਰਸੇਮ ਲੰਡੇ ਦੀ ਕਲਮ ਉੱਪਰ ਮਾਣ ਮਹਿਸੂਸ ਕੀਤਾ ਤੇ ਆਪਣੇ ਸ਼ਗਿਰਦ ਨੂੰ ਇਸ ਕਿਤਾਬ ਲਈ ਵਧਾਈ ਦਿੱਤੀ। ਚਰਨਜੀਤ ਗਿੱਲ ਸਮਾਲਸਰ ਨੇ ਵੀ ਤਰਸੇਮ ਲੰਡੇ ਦੀ ਕਿਤਾਬ ਉੱਪਰ ਵਿਸਤਾਰ ਸਹਿਤ ਵਿਚਾਰ ਚਰਚਾ ਕੀਤੀ। ਸਾਧੂ ਰਾਮ ਲੰਗਿਆਣਾ ਨੇ ਕਿਹਾ ਕਿ ਤਰਸੇਮ ਨੇ ਬੱਚਿਆਂ ਲਈ ਵਿਸ਼ੇਸ਼ ਉਪਰਾਲਾ ਕੀਤਾ ਹੈ।

ਕਮਲਜੀਤ ਭੋਲਾ ਨੇ ਕਿਤਾਬ ਬਾਰੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਤਰਸੇਮ ਲੰਡੇ ਨੇ ਬਾਲ ਕਵਿਤਾਵਾਂ ਤੇ ਕਿਤਾਬ ਛਪਵਾਉਣ ਦੀ ਪਿੰਡ ਵਿੱਚੋਂ ਪਹਿਲ ਕਰਕੇ ਪਿੰਡ ਦਾ ਨਾਮ ਉੱਚਾ ਕੀਤਾ ਹੈ। ਗੁਰਜੰਟ ਕਲਸੀ ਨੇ ਦੱਸਿਆ ਕਿ ਕਵਿਤਾਵਾਂ ਬੱਚਿਆਂ ਨੂੰ ਅੱਖਰਾਂ ਤੋਂ ਜਾਣੂ ਕਰਵਾਉਂਦੀਆਂ ਹਨ। ਨਾਲ ਨਾਲ ਉਨ੍ਹਾਂ ਅੰਦਰ ਠੇਠ ਸ਼ਬਦਾਵਲੀ ਵਿੱਚ ਵਾਧਾ ਕਰਦੀਆਂ ਹੋਈਆਂ ਬੌਧਿਕ ਵਿਕਾਸ ਵਿੱਚ ਵਾਧਾ ਕਰਦੀਆਂ ਹਨ। ਬਾਲ ਕਵਿਤਾਵਾਂ ਬੱਚਿਆਂ ਨੂੰ ਭਾਸ਼ਾ ਸਾਹਿਤ ਤੇ ਅੱਖਰ ਗਿਆਨ ਨਾਲ ਜੋੜਨ ਦਾ ਮੁੱਢਲਾ ਕਦਮ ਹਨ। ਇਸ ਦੌਰਾਨ ਜਸਕਰਨ ਲੰਡੇ ਨੇ ਸਟੇਜ ਸੰਚਾਲਣ ਦੀ ਭੂਮਿਕਾ ਬਖ਼ੂਬੀ ਨਿਭਾਈ ਤੇ ਆਏ ਹੋਏ ਸਾਹਿਤਕਾਰਾਂ ਦਾ ਧੰਨਵਾਦ ਕੀਤਾ। ਇਸ ਸਮੇਂ ਚਮਕੌਰ ਬਾਘੇਵਾਲੀਆ, ਸੁਖਚੈਨ ਠੱਠੀ ਭਾਈ, ਲਖਵੀਰ ਕੋਮਲ, ਬਲਤੇਜ ਸੰਧੂ, ਜਗਦੀਸ਼ ਪ੍ਰੀਤਮ, ਨਵਦੀਪ ਲੰਡੇ, ਸਤੀਸ਼ ਧਵਨ, ਬੇਅੰਤ ਗਿੱਲ ਭਲੂਰ, ਰਮਨ ਮਾਨ ਕਾਲੇਕੇ, ਸਮਰਵੀਰ ਸਿੰਘ ਪੱਲਣ ਗੁਰਜੀਤ ਸਿੰਘ ਨੇ ਵੀ ਆਪਣੇ ਕਲਾਮ ਪੇਸ਼ ਕੀਤੇ। ਸੂਬੇਦਾਰ ਕਰਨੈਲ ਸਿੰਘ, ਜਸਵਿੰਦਰ ਕੌਰ, ਕਿਰਨਦੀਪ ਕੌਰ, ਹਰਦੀਪ ਕੌਰ, ਅਰਸ਼ਦੀਪ ਸਿੰਘ, ਵਿਸ਼ਵਜੀਤ ਸਿੰਘ, ਮਾਸਟਰ ਜਗਤਾਰ ਸਿੰਘ, ਮਨਿੰਦਰ ਕੌਰ, ਅਕਾਲਵੀਰ ਸਿੰਘ, ਏਕਮ ਸਿੰਘ ਆਦਿ ਨੇ ਇਸ ਪ੍ਰੋਗਰਾਮ ਵਿੱਚ ਆਪਣੀ ਹਾਜ਼ਰੀ ਲਗਵਾਈ।

# ਸ਼ੁੱਧ ਗੁਰਬਾਣੀ ਉਚਾਰਨ ਵਾਲੇ ਬੱਚਿਆਂ ਦਾ ਸਨਮਾਨ



ਭਗਤਾ ਭਾਈ ਕਾ, 16 ਫਰਵਰੀ (ਸਵਰਨ ਸਿੰਘ ਭਗਤਾ): ਬੀਤੇ ਦਿਨੀਂ ਪਿੰਡ ਕੇਸਰ ਸਿੰਘ ਵਾਲਾ ਦੇ ਗੁਰਦੁਆਰਾ ਪ੍ਰਬੰਧਕੀ ਕਮੇਟੀ ਵੱਲੋਂ ਗੁਰਬਾਣੀ ਦੇ ਪਾਠ ਨੂੰ ਸ਼ੁੱਧ ਪੜ੍ਹਨ ਵਾਲੇ ਪੰਜ ਬੱਚਿਆਂ ਨੂੰ ਨਕਦ ਰਾਸ਼ੀ 1100 ਰੁਪਏ ਪ੍ਰਤੀ ਬੱਚਾ ਦੇ ਕੇ ਸਨਮਾਨਿਤ ਕੀਤਾ ਗਿਆ। ਦਸਤਾਰ ਮੁਕਾਬਲੇ ਵਿੱਚ ਤੇਤੀ ਬੱਚਿਆਂ ਨੂੰ ਦਸਤਾਰਾਂ ਦਿੱਤੀਆਂ ਗਈਆਂ। ਇਹ ਜਾਣਕਾਰੀ ਗੁਰਦੁਆਰੇ ਦੇ ਪ੍ਰਧਾਨ ਸੁਖਚੈਨ ਸਿੰਘ ਅਤੇ ਸਮੁੱਚੀ ਪ੍ਰਬੰਧਕੀ ਕਮੇਟੀ ਨੇ ਦਿੱਤੀ। ਉਹਨਾਂ ਫੈਸਲਾ ਲਿਆ ਕਿ ਜੋ ਬੱਚੇ ਭਵਿੱਖ ਵਿੱਚ ਸ਼ੁੱਧ ਪਾਠ ਅਤੇ ਸਿੱਖ ਇਤਿਹਾਸ ਬਾਰੇ ਸਹੀ ਜਾਣਕਾਰੀ ਰੱਖਣਗੇ ਉਹਨਾਂ ਨੂੰ ਵੀ ਹਰ ਸਾਲ ਸਨਮਾਨਿਤ ਕੀਤਾ ਜਾਇਆ ਕਰੇਗਾ। ਇਸ ਸਾਦੇ ਸਮਾਗਮ ਵਿੱਚ ਕਮੇਟੀ ਮੈਂਬਰ ਗੁਰਮੇਲ ਸਿੰਘ, ਮਾਸਟਰ ਸਵਰਨ ਸਿੰਘ,ਸਿਕੰਦਰ ਸਿੰਘ ਜਗਦੇਵ ਸਿੰਘ ਪੰਮਾ ਗੁਰਮੇਲ ਸਿੰਘ ਫੌਜੀ, ਸਵਰਨ ਸਿੰਘ, ਬਹਾਦਰ ਸਿੰਘ ਮੰਗਤ ਸਿੰਘ ਬਚਿੱਤਰ ਸਿੰਘ ਬਲਜੀਤ ਸਿੰਘ ਜਗਸੀਰ ਸਿੰਘ ਫੌਜੀ ਮੇਜਰ ਸਿੰਘ ਮਨਪ੍ਰੀਤ ਸਿੰਘ ਅਵਤਾਰ ਸਿੰਘ ਲਵਪ੍ਰੀਤ ਸਿੰਘ, ਸੁਖਚੈਨ ਸਿੰਘ, ਬੰਟੀ ਸਿੰਘ, ਰੇਸ਼ਮ ਸਿੰਘ ਬਾਬੂ ਸਿੰਘ ਗੁਰਪਿਆਰਾ ਸਿੰਘ ਅਤੇ ਪ੍ਰਦੀਪ ਸਿੰਘ ਹਾਜ਼ਰ ਸਨ।

# ਮਹਾਂਸ਼ਿਵਰਾਤਰੀ ਮੌਕੇ ਮੈਨਨ ਪਰਿਵਾਰ ਨੇ ਕੀਤੀ ਭੋਲੇ ਨਾਥ ਦੀ ਤੀਸਰੇ ਪਹਿਰ ਦੀ ਪੂਜਾ

ਸੁਨਾਮ ਊਧਮ ਸਿੰਘ ਵਾਲਾ, 16 ਫਰਵਰੀ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਮੰਦਿਰ ਸ੍ਰੀ ਸੀਤਸਰ ਧਾਮ ਵਿਖੇ ਮਹਾਸ਼ਿਵਰਾਤਰੀ ਦੇ ਪਵਿੱਤਰ ਤਿਓਹਾਰ ਮੌਕੇ ਭਗਵਾਨ ਭੋਲੇ ਨਾਥ ਜੀ ਦੇ ਰੁਦ੍ਰ ਅਵਿਸੇਕ ਤੀਸਰੇ ਪਹਿਰ ਦੀ ਪੂਜਾ ਮੈਨਨ ਪਰਿਵਾਰ ਦੇ ਪ੍ਰਦੀਪ ਮੈਨਨ ਤੇ ਸੰਜੀਵ ਮੈਨਨ ਨੇ ਕਰਵਾਈ ਇਹ ਪੂਜਾਂ ਅਚਾਰਿਆ ਅਸ਼ਵਨੀ ਸ਼ਾਸਤਰੀ ਕਾਲੀ ਮਾਤਾ ਮੰਦਰ ਪਟਿਆਲਾ ਵੱਲੋਂ ਕਰਵਾਈ ਗਈ। ਇਸ ਮੌਕੇ ਪ੍ਰਦੀਪ ਮੈਨਨ ਨੇ ਕਿਹਾ ਕਿ ਇਹ ਉਹ ਤੀਰਥ ਸਥਾਨ ਹੈ ਜਿੱਥੇ ਮਾਤਾ ਸੀਤਾ ਜੀ ਭਗਵਾਨ ਸ੍ਰੀ ਮਹਾਂਰਿਸ਼ੀ ਵਾਲਮੀਕਿ ਜੀ ਦੇ ਨਾਲ ਇਸ ਸਥਾਨ ਤੇ ਆਏਂ ਸਨ ਅਤੇ ਮਾਤਾ ਸੀਤਾ ਜੀ ਨੇ ਇਸ ਪਵਿੱਤਰ ਸਰੋਵਰ ਵਿਖੇ ਆਪਣੇ ਕੇਸ ਧੋਤੇ ਸਨ ਭਗਵਾਨ ਭੋਲੇ ਨਾਥ ਜੀ ਦਾ ਸ਼ਿਵਲਿੰਗ ਜੋ ਹਜ਼ਾਰਾਂ ਸਾਲ ਤੋਂ ਸਥਾਪਤ ਹੈ ਪੰਡਤ ਗਾਟਾ ਰਾਮ ਜੀ ਨੇ ਵੀ ਇਸ ਜਗ੍ਹਾ ਤੇ ਰਹਿ ਕੇ ਆਪਣੀ ਕੁਰਬਾਣੀ ਦਿਤੀ ਜਿਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਉਹਨਾਂ ਕਿਹਾ ਕਿ ਉਹ ਬੜੇ ਭਾਗਾਂ ਵਾਲੇ ਹਨ ਜਿਹਨਾਂ ਨੂੰ ਇਹ ਸ਼ੁਭ ਕੰਮ ਕਰਨ ਦਾ ਮੌਕਾ ਮਿਲਿਆ ਉਹਨਾਂ ਇਸ ਮੌਕੇ ਮੰਦਿਰ ਕਮੇਟੀ ਦਾ ਧੰਨਵਾਦ ਵੀ ਕੀਤਾ।



# ਆਪਣੀਆਂ ਯਾਦਾਂ ਛੱਡਦਾ ਹੋਇਆ ਸਮਾਪਤ ਹੋਇਆ ਸੀਤਾਸਰ ਧਾਮ ਵਿਖੇ ਮਹਾਂਸ਼ਿਵਰਾਤਰੀ ਮੇਲਾ

ਸੁਨਾਮ ਊਧਮ ਸਿੰਘ ਵਾਲਾ, 16 ਫਰਵਰੀ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਸ੍ਰੀ ਨੀਲਕੰਠੇਸ਼ਵਰ ਸੀਤਾਸਰ ਧਾਮ ਵਿਖੇ ਹਰ ਸਾਲ ਦੀ ਤਰਾਂ ਇਸ ਵਾਰ ਵੀ ਮਹਾਸ਼ਿਵਰਾਤਰੀ ਦਾ ਪਾਵਨ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ ਮਹਾਸ਼ਿਵਰਾਤਰੀ ਵਾਲੇ ਦਿਨ ਬਹੁਤ ਭਾਰੀ ਮੇਲਾ ਲੱਗਦਾ ਹੈ ਮੇਲੇ ਵਿੱਚ ਝੂਲੇ ਅਤੇ ਖੀਰ ਦੁੱਧ ਔਗਲੇ ਦੇ ਪਕੋੜੇ ਚਾਹ ਫਰੂਟ ਚਾਟ ਆਲੂ ਪੂਰੀ ਦੇ ਲੰਗਰ ਲਗਾਤਾਰ ਸੰਗਤਾਂ ਲਈ ਚੱਲਦੇ ਹਨ ਲਗਾਤਾਰ ਹਵਨ ਯੱਗ ਚੱਲਦੇ ਹਨ ਵੱਡੀ ਗਿੱਣਤੀ ਵਿੱਚ ਭਗਤਾ ਵੱਲੋਂ ਭੋਲੇ ਨਾਥ ਜੀ ਦੇ ਦਰਸ਼ਨਾਂ ਲਈ ਲੰਮੀਆਂ ਕਤਾਰਾਂ ਵਿੱਚ ਲੋਕ ਮੱਥਾ ਟੇਕਣ ਲਈ ਆਉਂਦੇ ਹਨ ਮਹਾਂ ਸ਼ਿਵ ਪੁਰਾਣ ਜੀ ਦੀ ਸਮਾਪਤੀ ਤੋ ਬਾਅਦ ਸੰਗਤਾਂ ਲਈ ਭੋਲੇ ਬਾਬਾ ਜੀ ਦਾ ਲੰਗਰ ਚਲਾਇਆ ਜਾਂਦਾ ਹੈ ਦੂਰੋਂ ਦੂਰੋਂ ਭਗਤ ਆ ਕੇ ਭੋਲੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਦੇ ਹਨ ਇਸ ਮੌਕੇ ਤੇ ਮੰਦਰ ਕਮੇਟੀ ਦੇ ਚੇਅਰਮੈਨ ਵਿਕਰਮ ਗਰਗ ਵਿੱਕੀ ਸਤੀਸ ਬਾਸਲ ਮਨੋਜ਼ ਭਾਟਿਆ ਬਲਵਿੰਦਰ ਲੱਡੂ ਗੋਪਾਲ ਗਰਗ ਸੁਭਾਸ ਪੇਟਰ ਵੇਵਨ ਢੋਟ ਦਲੀਪ ਕੁਮਾਰ ਸੁਖਦੇਵ ਬੀਟਾ ਨਰੇਸ਼ ਕੁਮਾਰ ਗਰਗ ਤੇ ਵੱਡੀ ਗਿੱਣਤੀ ਵਿੱਚ



ਸੰਗਤਾਂ ਨੇ ਪਹੁੰਚ ਕੇ ਲੰਗਰ ਛਕਿਆ ਤੇ ਭੋਲੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

# ਸੁਖਬੀਰ ਸਿੰਘ ਬਾਦਲ ਨੇ ਇੰਦਰਜੀਤ ਘਨੌਰੀ ਨੂੰ ਦਿੱਤਾ ਥਾਪੜਾ

ਧੂਰੀ, 16 ਫਰਵਰੀ (ਰਾਜੇਸ਼ਵਰ ਪਿੰਟੂ): ਹਲਕਾ ਧੂਰੀ ਦੀ ਸਿਆਸਤ ਵਿੱਚ ਉਸ ਵੇਲੇ ਇੱਕ ਅਹਿਮ ਮੋੜ ਆਇਆ, ਜਦੋਂ ਮਾਰਕਿਟ ਕਮੇਟੀ ਸ਼ੇਰਪੁਰ ਦੇ ਸਾਬਕਾ ਚੇਅਰਮੈਨ ਤੇ ਲੰਬੇ ਸਮੇਂ ਤੋਂ ਅਕਾਲੀ ਵਿਚਾਰਧਾਰਾ ਨਾਲ ਜੁੜੇ ਪ੍ਰਮੁੱਖ ਆਗੂ ਇੰਦਰਜੀਤ ਸਿੰਘ ਘਨੌਰੀ ਨੇ ਮੁੜ ਅਕਾਲੀ



ਸਿਆਸਤ ਵਿੱਚ ਸਰਗਰਮ ਹੋਣ ਦਾ ਰਸਮੀ ਐਲਾਨ ਕਰ ਦਿੱਤਾ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਵਿਸ਼ਵਾਸ ਪ੍ਰਗਟਾਉਂਦਿਆਂ ਉਨ੍ਹਾਂ ਨੇ ਪਾਰਟੀ ਪ੍ਰਤੀ ਆਪਣੀ ਵਫ਼ਾਦਾਰੀ ਤੇ ਨਿਸ਼ਠਾ ਨੂੰ ਦੁਹਰਾਇਆ। ਇਸ ਮੌਕੇ ਪਾਰਟੀ ਪ੍ਰਧਾਨ ਵੱਲੋਂ ਉਨ੍ਹਾਂ ਨੂੰ 'ਸਿਰਪਾਓ' ਬਖ਼ਸ਼ ਕੇ ਸਨਮਾਨਿਤ ਕੀਤਾ ਗਿਆ ਤੇ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਪਿਛਲੇ ਕੁਝ ਸਮੇਂ ਦੌਰਾਨ ਪਾਰਟੀ ਅੰਦਰੂਨੀ ਕਾਟੋ-ਕਲੇਸ਼ ਦੇ ਦੌਰ ਵਿੱਚੋਂ ਗੁਜ਼ਰ ਰਹੀ ਸੀ, ਜਿਸ ਕਾਰਨ ਇੰਦਰਜੀਤ ਸਿੰਘ ਘਨੌਰੀ ਨੇ ਸਰਗਰਮ ਸਿਆਸਤ ਤੋਂ ਕੁਝ ਸਮੇਂ ਲਈ ਦੂਰੀ ਬਣਾ ਲਈ ਸੀ। ਉਸ ਸਮੇਂ ਉਨ੍ਹਾਂ ਨੇ ਪਾਰਟੀ ਦੀ ਮਜ਼ਬੂਤੀ ਦੀ ਲੋੜ 'ਤੇ ਜ਼ੋਰ ਦਿੱਤਾ ਸੀ। ਹੁਣ ਬਦਲਦੇ ਰਾਜਨੀਤਿਕ ਹਾਲਾਤਾਂ ਤੇ ਪਾਰਟੀ ਦੀ ਨਵੀਂ ਰਣਨੀਤੀ ਨੂੰ ਵੇਖਦਿਆਂ ਉਨ੍ਹਾਂ ਨੇ ਮੁੜ ਪਾਰਟੀ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣ ਦਾ ਫ਼ੈਸਲਾ ਕੀਤਾ ਹੈ।

ਇਸ ਮੌਕੇ ਗੱਲਬਾਤ ਕਰਦਿਆਂ ਇੰਦਰਜੀਤ ਸਿੰਘ ਘਨੌਰੀ ਨੇ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਪੰਜਾਬ ਨੂੰ ਇੱਕ ਅਜਿਹੀ ਮਜ਼ਬੂਤ ਖੇਤਰੀ ਪਾਰਟੀ ਦੀ ਲੋੜ ਹੈ, ਜੋ ਸੂਬੇ ਦੇ ਹੱਕਾਂ ਅਤੇ ਪੰਜਾਬੀ ਪਹਿਚਾਣ ਦੀ ਡਟ ਕੇ ਰਾਖੀ ਕਰ ਸਕੇ। ਉਨ੍ਹਾਂ ਦਾਅਵਾ ਕੀਤਾ ਕਿ ਅਕਾਲੀ ਦਲ ਦੀਆਂ ਪਿਛਲੀਆਂ ਸਰਕਾਰਾਂ ਦੌਰਾਨ ਹੋਇਆ ਵਿਕਾਸ ਅੱਜ ਵੀ ਰਿਕਾਰਡਾਂ ਵਿੱਚ ਦਰਜ ਹੈ ਅਤੇ ਲੋਕ ਅੱਜ ਵੀ ਉਸ ਸੁਖਾਵੇਂ ਦੌਰ ਨੂੰ ਯਾਦ ਕਰਦੇ ਹਨ। ਉਨ੍ਹਾਂ ਨੇ ਆਖਿਆ ਕਿ ਪੰਜਾਬ ਦੇ ਹਿੱਤਾਂ ਦੀ ਸੁਰੱਖਿਆ ਅਤੇ ਨੌਜਵਾਨ ਪੀੜ੍ਹੀ ਦੇ ਸੁਨਹਿਰੀ ਭਵਿੱਖ ਲਈ ਅਕਾਲੀ ਦਲ ਨੂੰ ਮੁੜ ਸੱਤਾ ਵਿੱਚ ਲਿਆਉਣਾ ਸਮੇਂ ਦੀ ਮੁੱਖ ਲੋੜ ਹੈ।

# ਮਾਰਕਫੈੱਡ ਦੇ ਡਾਟਾ ਐਂਟਰੀ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਮੰਗ

ਬੁਢਲਾਡਾ, 16 ਫਰਵਰੀ (ਦਵਿੰਦਰ ਸਿੰਘ ਕੋਹਲੀ): ਮਾਰਕਫੈਡ ਦੀਆਂ ਪੰਜਾਬ ਅੰਦਰ ਲੱਗਭਗ 100 ਦੇ ਕਰੀਬ ਸਖਾਵਾਂ ਹਨ ਉਨ੍ਹਾਂ ਵਿੱਚ ਆਊਟਸੋਰਸ ਰਾਹੀ ਰੱਖੇ ਗਏ ਡਾਟਾ ਇੰਨਟਰੀ ਅਪਰੇਟਰ 13-14 ਸਾਲਾਂ ਤੋਂ ਕੰਮ ਕਰਦੇ ਆ ਰਹੇ ਹਨ। ਜਿਹਨਾ ਵੱਲੋ ਸਾਖਾਵਾਂ ਦਾ ਕੰਮ ਬੜੇ ਸੁਚੱਜੇ ਢੰਗ ਨਾਲ ਚਲਾਇਆ ਜਾਦਾ ਆ ਰਿਹਾ ਹੈ ਪ੍ਰੰਤੂ ਮਾਰਕਫੈਡ ਵੱਲੋ ਉਹਲਾ ਨੂੰ ਪੱਕਿਆਂ ਕਰਨ ਦੀ ਬਜਾਏ ਨਾ-ਮਾਤਰ ਤਨਖਾਹ ਦੇ ਕੇ ਹੋਰ ਵੀ ਵਾਧੂ ਕੰਮ ਲਏ ਜਾ ਰਹੇ ਹਨ।ਇਹ ਵੀ ਸਚਾਈ ਹੈ ਉਹਨਾਂ ਦਾ ਕੰਮ ਵਿਭਾਗ ਦੇ ਕੰਟਰੋਲ ਹੇਠ ਹੈ ਹਾਲਾਕਿ ਉਹਨਾਂ ਨੂੰ ਠੇਕੇਦਾਰ ਦੇ ਜਰੀਏ ਨਾਲ ਨਿਯੁਕਤ ਕੀਤਾ ਜਾਦਾ ਆ ਰਿਹਾ ਹੈ ।ਜੋ ਕਿ ਇਹਨਾਂ ਮੁਲਾਜਮਾਂ ਨਾਲ ਸਰਾ-ਸਰ ਬੇ-ਇੰਨਸਾਫੀ ਹੈ ।ਇਹ ਸਬਦ ਮਾਰਕਫੈਡ ਫੀਲਡ ਇੰਪ: ਯੂਨੀਅਨ ਦੇ ਸਰਪ੍ਰਸਤ ਤੇ ਮਾਰਕਫੈਡ ਫੀਲਡ ਇੰਪ: (ਸੇਵਾ ਮੁਕਤ) ਐਸੋਸੀਏਸਨ ਪੰਜਾਬ ਦੇ ਆਗੂ ਹਰਪਾਲ ਸਿੰਘ ਸਿੱਧੂ ਨੇ ਪੰਜਾਬ ਸਰਕਾਰ ਤੇ ਮਾਰਕਫੈਡ ਵਿਭਾਗ ਤੋ ਮੰਗ ਕਰਦਿਆਂ ਕਿਹਾ ਕਿ ਇਹ ਕਰਮਚਾਰੀ ਲੰਮੇ ਸਮੇ ਤੋ ਇੰਨਸਾਫ ਦੀ ਗੁਹਾਰ ਲਗਾ ਰਹੇ ਹਨ ਕਿ ਉਹਨਾਂ ਤੋ ਉਹੀ ਕੰਮ ਲਿਆ ਜਾਦਾ ਹੈ ਜਿਹੜਾ ਪੱਕੇ ਕਰਮਚਾਰੀਆਂ ਤੋ ਲਿਆਂ ਜਾਦਾ ਹੈ ।ਇਸ ਲਈ ਸਮਾਨ ਕੰਮ ਦੇ ਬਦਲੇ ਬਰਾਬਰ ਤਨਖਾਹ ਅਤੇ ਪੱਕਾ ਕਰਨਾ ਚਾਹੀਦਾ ਹੈ ।ਲੰਮੇ ਸਮੇ ਤੋ ਲਗਾਤਾਰ ਸੇਵਾਵਾਂ ਅਤੇ ਰੈਗੂਲਰ ਕਿਸਮ ਦੇ ਕੰਮ ਹੋਣ ਕਾਰਨ ਉਹਨਾ ਮੁਲਾਜਮਾਂ ਨੂੰ ਸਿਰਫ ਆਊਟਸੋਰਸ



ਜਾਂ ਅਸਥਾਈ ਸ਼੍ਰੇਣੀ ਵਿੱਚ ਰੱਖਵਾ ਸੰਵਿਧਾਨ ਦੀ ਧਾਰਾ 14, 16 ਤੇ 21 ਦੀ ਭਾਵਨਾ ਦੇ ਖਿਲਾਫ ਹੈ ।ਅਜਿਹੇ ਸਬੰਧੀ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋ ਵੀ ਫੈਸਲੇ ਦਿੱਤੇ ਹਨ। ਅੰਤ ਵਿੱਚ ਮੁਲਾਜਮ ਆਗੂ ਜਰਨੈਲ ਸਿੰਘ ਦਰੀਆਪੁਰ, ਬਬਲੀ ਖਾਨ, ਸੁਰਜੀਤ ਸਿੰਘ ਬਠਿੰਡਾ, ਹੁਕਮ ਚੰਦ, ਮਨਜੀਤ ਸਿੰਘ, ਪਰਮਜੀਤ ਸਿੰਘ ਨੇ ਕਿਹਾ ਕਿ ਡਾਟਾ ਇੰਨਟਰੀ ਅਪਰੇਟਰਾਂ ਦੀ ਪਿਛਲੀ ਸੇਵਾ ਮਿਆਦ ਦੀ ਗਣਨਾ ਵਿੱਚ ਸਾਮਲ ਕਰਕੇ ਉਹਨਾ ਨੂੰ ਪੱਕਿਆਂ ਅਤੇ ਸਾਰੇ ਸੇਵਾ-ਲਾਭ ਦਿੱਤੇ ਜਾਣ। ਉਹਨਾ ਨੇ ਮਾਨਯੋਗ ਸੁਪਰੀਮ ਕੋਰਟ ਦੇ ਸਮਾਨ ਕੰਮ ਦੇ ਬਦਲੇ ਬਾਰਬਰ ਤਨਖਾਹ ਸਬੰਧੀ ਫੈਸਲਿਆਂ ਦਾ ਹਵਾਲਾ ਵੀ ਦਿੱਤਾ।

# ਗਾਹਕ ਬਣ ਕੇ ਆਏ ਲੁਟੇਰਿਆਂ ਨੇ ਲਕਵੇ ਦਾ ਸ਼ਿਕਾਰ ਦੁਕਾਨਦਾਰ ਨੂੰ ਬੰਧਕ ਬਣਾ ਕੇ ਲੁੱਟਿਆ

ਬਠਿੰਡਾ, 16 ਫਰਵਰੀ (ਦੀਪਕ ਸ਼ਰਮਾ): ਝੀਲਾਂ ਦਾ ਸ਼ਹਿਰ ਬਠਿੰਡਾ ਹੁਣ ਅਪਰਾਧ ਨਗਰੀ ਬਣਦਾ ਜਾ ਰਿਹਾ ਹੈ। ਲੁੱਟ, ਖੋਹ, ਡਕੈਤੀ ਤੇ ਕਤਲ ਦੀਆਂ ਵਾਰਦਾਤਾਂ ਇੱਥੇ ਨਿੱਤ ਦਿਨ ਵਾਪਰਨ ਲੱਗ ਪਈਆਂ ਹਨ। ਤਾਜ਼ਾ ਮਾਮਲਾ ਸਥਾਨਕ ਅਰਜਨ ਨਗਰ ਤੋਂ ਸਾਹਮਣੇ ਆਇਆ ਹੈ। ਜਿੱਥੇ ਗਾਹਕ ਬਣ ਕੇ ਆਏ ਦੋ ਨੌਜਵਾਨਾਂ ਨੇ ਲਕਵੇ ਵਰਗੀ ਨਾ ਮੁਰਾਦ ਬਿਮਾਰੀ ਦਾ ਸ਼ਿਕਾਰ ਹੋਏ ਬਜ਼ੁਰਗ ਦੁਕਾਨਦਾਰ ਨੂੰ ਬੰਧਕ ਬਣਾ ਕੇ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ। ਕਥਿਤ ਦੋਸ਼ੀਆਂ ਨੇ ਦੁਕਾਨਦਾਰ ਨੂੰ ਬੰਧਕ ਬਣਾ ਕੇ ਉਸ ਦਾ ਗਲ ਘੁੱਟ ਦਿੱਤਾ ਤੇ ਧਮਕੀਆਂ ਦੇ ਕੇ ਹਜ਼ਾਰਾਂ ਦੀ ਨਕਦੀ ਲੁੱਟ ਲਈ। ਜਾਣਕਾਰੀ ਅਨੁਸਾਰ ਅਰਜੁਨ ਨਗਰ ਵਿੱਚ ਦੋ ਲੁਟੇਰਿਆਂ ਨੇ ਦਿਨ-ਦਿਹਾੜੇ ਇੱਕ ਲਕਵਾਗ੍ਰਸਤ ਦੁਕਾਨਦਾਰ ਨਾਲ ਕੁੱਟਮਾਰ ਕਰਕੇ ਨਕਦੀ ਲੁੱਟ ਲਈ। ਦੱਸਣਾ ਬਣਦਾ ਹੈ ਕਿ ਅਰਜੁਨ ਨਗਰ ਸਥਿਤ 'ਭੂਮੀ ਕਰਿਆਨਾ ਸਟੋਰ' ਦੇ ਮਾਲਕ ਰਘੂਨਾਥ, ਜੋ ਕਿ ਲਕਵੇ ਦੀ ਬਿਮਾਰੀ ਤੋਂ ਪੀੜਤ ਹਨ, ਰੋਜ਼ਾਨਾ ਵਾਂਗ ਆਪਣੀ ਦੁਕਾਨ 'ਤੇ ਮੌਜੂਦ ਸਨ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਦੋਵੇਂ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਏ। ਕਾਫੀ ਦੇਰ ਤੱਕ ਦੁਕਾਨ ਦਾ ਸ਼ਟਰ ਬੰਦ ਰਹਿਣ ਕਾਰਨ ਜਦੋਂ ਆਸ-ਪਾਸ ਦੇ ਲੋਕਾਂ ਨੂੰ ਸ਼ੱਕ ਹੋਇਆ ਤਾਂ ਉਨ੍ਹਾਂ ਨੇ ਸ਼ਟਰ ਚੁੱਕ ਕੇ ਦੇਖਿਆ, ਜਿਸ ਤੋਂ ਬਾਅਦ ਇਸ ਖੌਫਨਾਕ ਘਟਨਾ ਦਾ ਖੁਲਾਸਾ ਹੋਇਆ। ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪੁਲਿਸ ਮੌਕੇ 'ਤੇ ਪਹੁੰਚੀ ਤੇ ਜਾਂਚ ਸ਼ੁਰੂ ਕੀਤੀ। ਪੁਲਿਸ ਵੱਲੋਂ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਮੁਲਜ਼ਮਾਂ ਦੀ ਪਛਾਣ ਹੋ ਸਕੇ। ਸਥਾਨਕ ਨਿਵਾਸੀਆਂ ਨੇ ਸ਼ਹਿਰ ਵਿੱਚ ਵਧ ਰਹੀਆਂ ਅਪਰਾਧਿਕ ਗਤੀਵਿਧੀਆਂ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਮੰਗ ਕੀਤੀ ਹੈ ਕਿ ਇਲਾਕੇ ਵਿੱਚ ਪੁਲਿਸ ਦੀ ਗਸ਼ਤ ਵਧਾਈ ਜਾਵੇ ਤਾਂ ਜੋ ਆਮ ਜਨਤਾ ਖੌਫ ਮੁਕਤ ਹੋ ਸਕੇ।



# ਮੋਗਾ ਰੈਲੀ 'ਚ ਧੂਰੀ ਤੋਂ 30 ਬੱਸਾਂ ਦਾ ਕਾਫ਼ਲਾ ਪੁੱਜਾ



ਧੂਰੀ, 16 ਫ਼ਰਵਰੀ (ਰਾਜੇਸ਼ਵਰ ਪਿੰਟੂ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਸ਼ੁਰੂ ਕੀਤੀ ਗਈ ਸੂਬਾ-ਪੱਧਰੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਮੋਗਾ ਵਿਖੇ ਵਿਲੇਜ਼ ਡਿਫੈਂਸ ਕਮੇਟੀਆਂ ਅਤੇ ਪਿੰਡਾਂ ਦੇ ਪਹਿਰੇਦਾਰਾਂ ਦੀ ਰੈਲੀ ਵਿੱਚ ਭਾਗ ਲੈਣ ਲਈ ਧੂਰੀ ਤੋਂ 30 ਬੱਸਾਂ ਦਾ ਵੱਡਾ ਕਾਫ਼ਲਾ ਪੁੱਜਿਆ। ਬੱਸਾਂ ਨੂੰ ਹਰੀ ਝੰਡੀ ਦਿਖਾਉਂਦੇ ਹੋਏ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਗਈ ਇਹ ਮੁਹਿੰਮ ਸਿਰਫ਼ ਸਰਕਾਰੀ ਮੁਹਿੰਮ ਨਹੀਂ, ਸਗੋਂ ਲੋਕਾਂ ਦੀ ਭਾਗੀਦਾਰੀ ਨਾਲ ਬਣਦੀ ਇੱਕ ਲੋਕ ਲਹਿਰ ਹੈ। ਉਨ੍ਹਾਂ ਕਿਹਾ ਕਿ ਮੋਗਾ ਵਿੱਚ ਹੋ ਰਹੀ ਇਹ ਰੈਲੀ ਪਿੰਡ ਪੱਧਰ 'ਤੇ ਨਸ਼ਿਆਂ ਵਿਰੁੱਧ ਜੰਗ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਸਮਾਜ ਵਿੱਚ ਸਾਂਝੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਭਾਰੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੇ ਨਾਲ-ਨਾਲ ਪਿੰਡਾਂ ਵਿੱਚ ਜਾਗਰੂਕਤਾ ਮੁਹਿੰਮਾਂ ਨੂੰ ਵੀ ਤੇਜ਼ ਕਰ ਰਹੀ ਹੈ। ਪਿੰਡਾਂ ਦੇ ਪਹਿਰੇਦਾਰ ਇਸ ਮੁਹਿੰਮ ਦੀ ਰੀੜ੍ਹ ਦੀ ਹੱਡੀ ਹਨ, ਜੋ ਆਪਣੇ-ਆਪਣੇ ਖੇਤਰਾਂ ਵਿੱਚ ਨਿਗਰਾਨੀ, ਜਾਗਰੂਕਤਾ ਤੇ ਸਮਾਜਕ ਸਹਿਯੋਗ ਰਾਹੀਂ ਨਸ਼ਾ-ਮੁਕਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ।

ਚੇਅਰਮੈਨ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਇਕ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਮੋਗਾ ਵਿੱਚ ਹੋਣ ਵਾਲੀ ਇਹ ਮੀਟਿੰਗ ਨਵੀਆਂ ਰਣਨੀਤੀਆਂ, ਸਾਂਝੇ ਤਜਰਬਿਆਂ ਤੇ ਮਜ਼ਬੂਤ ਸਹਿਯੋਗ ਰਾਹੀਂ ਇਸ ਮੁਹਿੰਮ ਨੂੰ ਹੋਰ ਗਤੀ ਦੇਵੇਗੀ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਸ਼ਾਮਲ ਹੋਵੇਗੀ।

ਇਸ ਮੌਕੇ ਹੈਪੀ ਗਰਗ, ਅਨਿਲ ਕੁਮਾਰ, ਰਛਪਾਲ ਸਿੰਘ, ਗਗਨ ਜਵੰਦਾ, ਜਗਸੀਰ ਸਿੰਘ ਲੱਡਾ, ਮਿਲਖ ਰਾਜ, ਤਰਸੇਮ ਕਲਸੀ ਸਮੇਤ ਵੱਖ ਵੱਖ ਪਿੰਡਾਂ ਦੇ ਪੰਚ-ਸਰਪੰਚ, ਕੌਂਸਲਰ, ਪਿੰਡਾਂ ਦੇ ਪਹਿਰੇਦਾਰ ਤੇ ਸਮਰਥਕ ਮੌਜੂਦ ਸਨ। ਮੌਕੇ 'ਤੇ ਮੌਜੂਦ ਸਭ ਨੇ ਇਕਜੁੱਟ ਹੋ ਕੇ ਨਸ਼ਾ-ਮੁਕਤ ਪੰਜਾਬ ਦੇ ਅਹਿਦ ਨੂੰ ਦੁਹਰਾਇਆ ਤੇ ਇਸ ਜੰਗ ਨੂੰ ਅੰਜਾਮ ਤੱਕ ਪਹੁੰਚਾਉਣ ਲਈ ਆਪਣੀ ਪੂਰੀ ਭਾਗੀਦਾਰੀ ਦਾ ਭਰੋਸਾ ਦਿੱਤਾ।

# ਮਾਹਿਰਾਂ ਵੱਲੋਂ ਸਪੋਰਟਸ ਅਕੈਡਮੀ ਸਬੰਧੀ ਸਕੂਲ ਦਾ ਦੌਰਾ

ਮੂਨਕ, 16 ਫਰਵਰੀ (ਸਮਸ਼ੇਰ ਸਿੰਘ ਡੂਟਾਲ): ਬਾਬੂ ਬ੍ਰਿਸ਼ ਭਾਨ ਡੀ.ਏ.ਵੀ. ਪਬਲਿਕ ਸਕੂਲ, ਮੂਨਕ ਵਿਖੇ ਸਪੋਰਟਸ ਅਕੈਡਮੀ ਸਬੰਧੀ ਪ੍ਰਤੀਨਿਧ ਮੰਡਲ ਦਾ ਦੌਰਾ ਸਾਡਾ ਸਕੂਲ ਸਰੀਰਕ ਸਿੱਖਿਆ ਨੂੰ ਉਤਸ਼ਾਹਿਤ ਕਰਨ ਤੇ ਨੌਜਵਾਨ ਖੇਡ ਪ੍ਰਤਿਭਾ ਦਾ ਵਿਕਾਸ ਕਰਨ ਲਈ ਕੈਂਪਸ ਦੇ ਅੰਦਰ ਤਾਲ, ਸੁੰਦਰਤਾ ਤੇ ਕਾਰਜਸ਼ੀਲਤਾ ਨੂੰ ਜੋੜ ਕੇ ਇੱਕ ਪ੍ਰਸਤਾਵਿਤ ਸਪੋਰਟਸ ਕੰਪਲੈਕਸ ਦੇ ਵਿਕਾਸ ਦਾ ਐਲਾਨ ਕਰਨ 'ਤੇ ਮਾਣ ਮਹਿਸੂਸ ਕਰ ਰਿਹਾ ਹੈ। ਇਸ ਸਬੰਧ ਵਿੱਚ, ਸਕੂਲ ਦੇ ਐਲ.ਐਮ.ਸੀ. ਮੈਂਬਰ ਵਿਪਿਨ ਗਰਗ ਤੇ ਦੀਪਕ ਗਰਗ, ਮਾਹਰ ਤੇ ਪ੍ਰਸਿੱਧ ਆਰਕੀਟੈਕਟ ਇੰਜੀਨੀਅਰ ਸਪਨਾ ਤੇ ਉਨ੍ਹਾਂ ਦੀ ਮਾਹਿਰਾਂ ਦੀ ਟੀਮ ਤੇ ਕੁਝ ਸਰਕਾਰੀ ਖੇਡ ਕੋਚ, ਮਨਪ੍ਰੀਤ ਸਿੰਘ (ਐਥਲੈਟਿਕਸ ਕੋਚ), ਮਨਦੀਪ ਸਿੰਘ (ਐਥਲੈਟਿਕਸ ਕੋਚ), ਹਰਚੰਦ ਸਿੰਘ (ਜਿਮਨਾਸਟਿਕ ਕੋਚ), ਤੇ ਬਲਵੀਰ ਸਿੰਘ (ਤੈਰਾਕੀ ਕੋਚ), ਨੇ ਕੈਂਪਸ ਦਾ ਨਿਰੀਖਣ ਕਰਨ ਤੇ ਵਿਕਾਸ ਯੋਜਨਾ 'ਤੇ ਚਰਚਾ ਕਰਨ ਲਈ ਸਕੂਲ ਦਾ ਦੌਰਾ ਕੀਤਾ। ਇਹ ਦੌਰਾ ਪ੍ਰਿੰਸੀਪਲ ਸੰਜੀਵ ਕੁਮਾਰ ਸ਼ਰਮਾ ਤੇ ਸਕੂਲ ਸਟਾਫ ਦੇ ਨਿੱਘੇ ਸਵਾਗਤ ਨਾਲ ਸ਼ੁਰੂ ਹੋਇਆ। ਸਕੂਲ ਦਫ਼ਤਰ ਵਿੱਚ ਪ੍ਰਤੀਨਿਧ ਮੰਡਲ ਨਾਲ ਇੱਕ ਸੰਖੇਪ ਮੀਟਿੰਗ ਵੀ ਕੀਤੀ ਗਈ, ਜਿੱਥੇ ਆਉਣ ਵਾਲੀ ਸਪੋਰਟਸ ਅਕੈਡਮੀ ਦੇ ਉਦੇਸ਼ਾਂ ਅਤੇ ਪ੍ਰਸਤਾਵਿਤ ਸਹੂਲਤਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਹਾਜ਼ਰ ਪਤਵੰਤਿਆਂ ਨੇ ਵਿਦਿਆਰਥੀਆਂ ਨੂੰ ਆਧੁਨਿਕ ਬੁਨਿਆਦੀ ਢਾਂਚਾ ਤੇ ਸਿੱਖਿਆ ਮਿਆਰਾਂ ਬਾਰੇ ਕੀਮਤੀ ਸੁਝਾਅ ਦਿੱਤੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਮੁਕਾਬਲਿਆਂ ਲਈ



ਤੇ ਖੇਡਾਂ ਵਿੱਚ ਉੱਤਮਤਾ ਪ੍ਰਾਪਤ ਕਰਨ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਦੇ ਬਾਬੂ ਬ੍ਰਿਸ਼ ਭਾਨ ਜੀ ਦੇ ਦ੍ਰਿਸ਼ਟੀਕੋਣ ਨੂੰ ਯਾਦ ਕੀਤਾ। ਆਰਕੀਟੈਕਟਾਂ ਨੇ ਪ੍ਰਸਤਾਵਿਤ ਨਿਰਮਾਣ ਖੇਤਰ ਤੇ ਲਗਭਗ ₹7 ਕਰੋੜ ਦੇ ਅਨੁਮਾਨਿਤ ਬਜਟ ਦਾ ਧਿਆਨ ਨਾਲ ਅਧਿਐਨ ਕੀਤਾ। ਉਨ੍ਹਾਂ ਨੇ ਅਥਲੈਟਿਕਸ ਟਰੈਕ, ਸਵੀਮਿੰਗ ਪੂਲ, ਜਿੰਮ, ਜਿਮਨਾਸਟਿਕ ਆਦਿ ਵਰਗੀਆਂ ਵੱਖ-ਵੱਖ ਖੇਡ ਸਹੂਲਤਾਂ ਲਈ ਹਿੱਸੇਦਾਰਾਂ ਨਾਲ ਲੇਆਉਟ ਯੋਜਨਾਵਾਂ, ਸੁਰੱਖਿਆ ਮਾਪਦੰਡਾਂ, ਜਗ੍ਹਾ ਦੀ ਵੰਡ ਤੇ ਹੋਰ ਮਹੱਤਵਪੂਰਨ ਨੁਕਤਿਆਂ 'ਤੇ ਚਰਚਾ ਕੀਤੀ। ਸਰਕਾਰੀ ਖੇਡ ਕੋਚਾਂ ਨੇ ਸਿਖਲਾਈ ਸਹੂਲਤਾਂ, ਉਪਕਰਨਾਂ ਦੀਆਂ ਜ਼ਰੂਰਤਾਂ ਤੇ ਕੋਚਿੰਗ ਤਿਆਰ ਕਰਨ ਲਈ ਢਾਂਚਾਗਤ ਸਿਖਲਾਈ ਪ੍ਰੋਗਰਾਮਾਂ ਤੇ ਨਿਯਮਤ ਅਭਿਆਸ ਸੈਸ਼ਨਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਹ ਦੌਰਾ ਸਾਰੇ ਡੈਲੀਗੇਟਾਂ ਲਈ ਇੱਕ ਸ਼ਾਨਦਾਰ ਦੁਪਹਿਰ ਦੇ ਖਾਣੇ ਨਾਲ ਸਮਾਪਤ ਹੋਇਆ। ਪਤਵੰਤਿਆਂ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਖੇਡ ਅਕੈਡਮੀ ਖੇਤਰ ਦੇ ਬੱਚਿਆਂ ਨੂੰ ਲਾਭ ਪਹੁੰਚਾਏਗੀ ਤੇ ਉਨ੍ਹਾਂ ਦਾ ਸਰਵਪੱਖੀ ਵਿਕਾਸ ਕਰੇਗੀ। ਉਨ੍ਹਾਂ ਕਿਹਾ ਕਿ ਇਸ ਦੂਰ-ਦੁਰਾਡੇ ਖੇਤਰ ਵਿੱਚ ਅਜਿਹੀ ਸਹੂਲਤ ਪ੍ਰਦਾਨ ਕਰਨ ਨਾਲ ਬੱਚਿਆਂ ਨੂੰ ਮਾਨਸਿਕ ਤੇ ਸਰੀਰਕ ਵਿਕਾਸ ਲਈ ਗਤੀਵਿਧੀਆਂ ਵਿੱਚ ਹਿੱਸਾ ਲੈਣ ਵਿੱਚ ਮਦਦ ਮਿਲੇਗੀ, ਜਿਸ ਨਾਲ ਉਨ੍ਹਾਂ ਦਾ ਸਕ੍ਰੀਨ ਸਮਾਂ ਘਟੇਗਾ।

# ਕੈਂਸਰ ਲਾਇਲਾਜ ਨਹੀਂ, ਸਗੋਂ ਸਮੇਂ ਸਿਰ ਪਛਾਣ ਨਾਲ ਇਸਦਾ ਇਲਾਜ ਸੰਭਵ : ਡਾ. ਸਤਵੰਤ ਸਿੰਘ ਔਜਲਾ



ਧਨੌਲਾ, 16ਫ਼ਰਵਰੀ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ ਬਰਨਾਲਾ ਡਾ. ਹਰੀ ਪਾਲ ਸਿੰਘ ਸਿੱਧੂ ਦੇ ਹੁਕਮਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਦੀ ਯੋਗ ਅਗਵਾਈ ਹੇਠ ਸੀ.ਐਚ.ਸੀ ਧਨੌਲਾ ਅਧੀਨ ਵੱਖ -ਵੱਖ ਸਿਹਤ ਕੇਂਦਰਾਂ ਦੀ ਟੀਮ ਵੱਲੋਂ ਸਕੂਲਾਂ ਵਿਚ ਜਾ ਕੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਬਾਲ ਕੈਂਸਰ ਦੇ ਲੱਛਣਾਂ ਅਤੇ ਇਸ ਤੋਂ ਬਚਾਅ ਬਾਰੇ ਜਾਗਰੂਕ ਕੀਤਾ ਗਿਆ।

ਕੌਮਾਂਤਰੀ ਬਾਲ ਕੈਂਸਰ ਦਿਵਸ ਦੀ ਮਹੱਤਤਾ ਦਾ ਜ਼ਿਕਰ ਕਰਦਿਆਂ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਕਿਹਾ ਕਿ ਬੱਚਿਆਂ ਵਿੱਚ ਕੈਂਸਰ ਬਾਰੇ ਜਾਗਰੂਕਤਾ ਫੈਲਾਉਣ, ਜਲਦ ਪਛਾਣ ਅਤੇ ਇਲਾਜ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਅਤੇ ਕੈਂਸਰ ਤੋਂ ਪੀੜ੍ਹਤ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਹੌਸਲਾ ਦੇਣ ਦੇ ਉਦੇਸ਼ ਨਾਲ ਹਰ ਸਾਲ 15 ਫ਼ਰਵਰੀ ਨੂੰ ਇਹ ਦਿਵਸਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਵਾਰ 15 ਫ਼ਰਵਰੀ ਨੂੰ ਐਤਵਾਰ ਹੋਣ ਕਾਰਨ ਸਿਹਤ ਵਿਭਾਗ ਦੀ ਟੀਮ ਵੱਲੋਂ ਸੋਮਵਾਰ ਨੂੰ ਸਰਕਾਰੀ ਸਕੂਲ ਬਡਬਰ, ਖੁੱਡੀ ਕਲਾਂ, ਠੁੱਲੇਵਾਲ ਅਤੇ ਝਲੂਰ ਵਿਚ ਜਾ ਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਕੈਂਸਰ ਦੇ ਲੱਛਣਾਂ ਅਤੇ ਇਸ ਰੋਗ ਤੋਂ ਬਚਾਅ ਬਾਰੇ ਜਾਗਰੂਕ ਕੀਤਾ ਗਿਆ। ਡਾ. ਔਜਲਾ ਨੇ ਦੱਸਿਆ ਕਿ ਬੱਚਿਆਂ ਵਿੱਚ ਲੰਬੇ ਸਮੇਂ ਤੱਕ ਬੁਖ਼ਾਰ, ਅਚਾਨਕ ਵਜ਼ਨ ਘਟਣ, ਹਰ ਵੇਲੇ ਥਕਾਵਟ ਮਹਿਸੂਸ ਹੋਣ ਜਾਂ ਖ਼ੂਨ ਦੀ ਕਮੀ ਵਰਗੇ ਲੱਛਣ ਨਜ਼ਰ ਆਉਣ 'ਤੇ ਤੁਰੰਤ ਜਾਂਚ ਕਰਵਾਉਣੀ ਚਾਹੀਦੀ ਹੈ ਕਿਉਂਕਿ ਕੈਂਸਰ ਦਾ ਜਲਦੀ ਪਤਾ ਲੱਗਣ ਨਾਲ ਠੀਕ ਹੋਣ ਦੀ ਸੰਭਾਵਨਾ ਕਾਫ਼ੀਵੱਧਜਾਂਦੀ ਹੈ। ਉਨ੍ਹਾਂ ਕਿਹਾ ਕਿ ਕੈਂਸਰ ਲਾਇਲਾਜ ਨਹੀਂ ਸਗੋਂ ਕੀਮੋਥੈਰੇਪੀ, ਰੇਡੀਏਸ਼ਨ ਅਤੇ ਟਾਰਗੇਟਿਡ ਥੈਰੇਪੀ ਵਰਗੀਆਂ ਆਧੁਨਿਕ ਤਕਨੀਕਾਂ ਨਾਲ ਕੈਂਸਰ ਦਾ ਸਫ਼ਲ ਇਲਾਜ ਸੰਭਵ ਹੈ। ਸੀਨੀਅਰ ਮੈਡੀਕਲ ਅਫ਼ਸਰ ਨੇ ਕਿਹਾ ਕਿ ਹਿੰਮਤ, ਉਮੀਦ ਅਤੇ ਸਹਾਰੇ ਨਾਲ ਹਰ ਲੜਾਈ ਜਿੱਤੀ ਜਾ ਸਕਦੀ ਹੈ। ਕੈਂਸਰ ਨਾਲ ਲੜ ਰਹੇ ਅਤੇ ਠੀਕ ਹੋ ਰਹੇ ਹਰ ਬੱਚੇ ਦੀ ਮੁਸਕਾਨ ਸਾਨੂੰ ਹੌਸਲਾ ਦਿੰਦੀ ਹੈ ਕਿ ਅਸੀਂ ਇਕੱਠੇ ਹੋ ਕੇ ਕੈਂਸਰ ਪੀੜਤ ਬੱਚਿਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਮਜ਼ਬੂਤ ਸਹਾਰਾ ਬਣ ਸਕਦੇ ਹਾਂ ਅਤੇ ਜਾਗਰੂਕਤਾ ਰਾਹੀਂ ਇੱਕ ਸਿਹਤਮੰਦ ਭਵਿੱਖ ਦੀ ਨੀਂਹ ਰੱਖ ਸਕਦੇ ਹਾਂ। ਉਨ੍ਹਾਂ ਆਮ ਲੋਕਾਂ ਨੂੰ ਖ਼ੂਨ ਅਤੇ ਪਲੇਟਲੈੱਟਸ ਦਾਨ ਕਰਨ ਲਈ ਅੱਗੇ ਆਉਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਐਸ.ਆਈ ਹਰਮੀਤ ਸਿੰਘ, ਸੀ.ਐਚ.ਓ ਕੰਚਨਪ੍ਰੀਤ ਕੌਰ ਅਤੇ ਜਸਪ੍ਰੀਤ ਕੌਰ, ਏ.ਐਨ.ਐਮ ਸੁਖਦੀਪ ਕੌਰ ਅਤੇ ਕਿਰਨਪਾਲ ਕੌਰ, ਮਲਟੀਪਰਪਜ਼ ਹੈਲਥ ਵਰਕਰ ਯਾਦਵਿੰਦਰ ਸਿੰਘ, ਸੁਖਪ੍ਰੀਤ ਸਿੰਘ, ਸੁਰਿੰਦਰ ਸਿੰਘ, ਸੰਜੀਵ ਕੁਮਾਰ ਅਤੇ ਆਸ਼ਾ ਵਰਕਰ ਤੋਂ ਇਲਾਵਾ ਅਧਿਆਪਕ ਮਨਪ੍ਰੀਤ ਕੌਰ ਅਤੇ ਮਨੀਸ਼ ਕੁਮਾਰ ਹਾਜ਼ਰ ਸਨ।

# ਕਿਸਾਨਾਂ ਨੂੰ ਕਪਾਹ ਦੀ ਰਹਿੰਦ-ਖੂੰਹਦ ਦਾ ਪ੍ਰਬੰਧਨ ਕਰਨ ਬਾਰੇ ਜਾਣਕਾਰੀ



ਸਹਿਣਾ/ਬਰਨਾਲਾ, 16 ਫਰਵਰੀ (ਸੁਖਵਿੰਦਰ ਪਲਾਹਾ): ਜ਼ਿਲ੍ਹਾ ਬਰਨਾਲਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ.ਅਮ੍ਰਿਤਪਾਲ ਸਿੰਘ ਅਤੇ ਸਮੂਹ ਬਲਾਕ ਖੇਤੀਬਾੜੀ ਅਫ਼ਸਰ, ਬਰਨਾਲਾ ਦੀ ਦੇਖਰੇਖ ਹੇਠ ਸਹਿਣਾ ਅਤੇ ਬਰਨਾਲਾ ਵਿਖੇ ਕਪਾਹ ਦੀਆਂ ਛਟੀਆਂ ਦੇ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਖੇਤੀਬਾੜੀ ਵਿਕਾਸ ਅਫ਼ਸਰ ਜਸਵਿੰਦਰ ਸਿੰਘ ਅਤੇ ਦਿਲਪ੍ਰੀਤ ਸਿੰਘ ਵੱਲੋਂ ਕਿਸਾਨਾਂ ਨੂੰ ਕਪਾਹ ਦੀ ਫ਼ਸਲ ਤੋਂ ਬਾਅਦ ਬਚੇ ਟੀਂਡਿਆਂ ਦੇ ਵਿਗਿਆਨਕ ਅਤੇ ਸਮੇਂ-ਸਿਰ ਪ੍ਰਬੰਧਨ ਬਾਰੇ ਸਪਸ਼ਟ ਜਾਣਕਾਰੀ ਦਿੱਤੀ ਗਈ ਤਾਂ ਜੋ ਫ਼ਸਲ ਨੂੰ ਗੁਲਾਬੀ ਸੁੰਢੀ ਦੇ ਪ੍ਰਕੋਪ ਤੋਂ ਰੋਕਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਕਪਾਹ ਦੀਆਂ ਛਟੀਆਂ ਖੇਤ ਵਿੱਚ ਖੜ੍ਹੇ ਜਾਂ ਪਏ ਰਹਿਣ ਨਾਲ ਗੁਲਾਬੀ ਸੁੰਡੀ ਅਤੇ ਹੋਰ ਹਾਨੀਕਾਰਕ ਕੀੜੇ ਡੋਡਿਆਂ ਵਿੱਚ ਆਸਾਨੀ ਨਾਲ ਜੀਵਿਤ ਰਹਿੰਦੇ ਹਨ ਅਤੇ ਅਗਲੇ ਮੌਸਮ ਵਿੱਚ ਨਵੀਂ ਫ਼ਸਲ 'ਤੇ ਭਾਰੀ ਹਮਲਾ ਕਰਦੇ ਹਨ। ਇਸ ਨਾਲ ਫ਼ਸਲ ਦੀ ਪੈਦਾਵਾਰ, ਗੁਣਵੱਤਾ ਅਤੇ ਕਿਸਾਨ ਦੀ ਆਮਦਨ ਨੂੰ ਨੁਕਸਾਨ ਪਹੁੰਚਦਾ ਹੈ। ਇਸ ਲਈ ਕਿਸਾਨਾਂ ਨੂੰ ਸਲਾਹ ਦਿੱਤੀ ਗਈ ਕਿ ਫ਼ਸਲ ਤੋਂ ਤੁਰੰਤ ਬਾਅਦ ਕਪਾਹ ਦੇ ਟੀਂਡਿਆਂ ਨੂੰ ਜੜ੍ਹਾਂ ਸਮੇਤ ਨਸ਼ਟ ਕੀਤਾ ਜਾਵੇ ਜਾਂ ਕੱਟ ਕੇ ਮਿੱਟੀ ਵਿੱਚ ਗਹਿਰਾਈ ਨਾਲ ਮਿਲਾਇਆ ਜਾਵੇ। ਇਸ ਤੋਂ ਇਲਾਵਾ ਟੀਂਡਿਆਂ ਦੀ ਮਲਚਿੰਗ ਜਾਂ ਕੰਪੋਸਟ ਬਣਾਕੇ ਵਰਤੋਂ ਕਰਨ ਦੀ ਸਿਫ਼ਾਰਸ਼ ਵੀ ਕੀਤੀ ਗਈ, ਜਿਸ ਨਾਲ ਮਿੱਟੀ ਦੀ ਸਿਹਤ ਵਿੱਚ ਸੁਧਾਰ ਹੁੰਦਾ ਹੈ ਅਤੇ ਰਸਾਇਣਕ ਕੀਟਨਾਸ਼ਕਾਂ 'ਤੇ ਨਿਰਭਰਤਾ ਘਟਦੀ ਹੈ। ਅੰਤ ਵਿੱਚ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਖੇਤੀਬਾੜੀ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਤੇ ਸਿਫ਼ਾਰਸ਼ਾਂ ਦੀ ਪਾਲਣਾ ਕਰਕੇ ਕਪਾਹ ਦੇ ਟੀਂਡਿਆਂ ਸਬੰਧੀ ਪ੍ਰਬੰਧਨ ਅਪਣਾਇਆ ਜਾਵੇ, ਤਾਂ ਜੋ ਕੀੜਿਆਂ ਦੇ ਜੀਵਨ ਚੱਕਰ ਨੂੰ ਤੋੜ ਕੇ ਅਗਲੀ ਫ਼ਸਲ ਨੂੰ ਸੁਰੱਖਿਅਤ ਬਣਾਇਆ ਜਾ ਸਕੇ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਰਨਾਲਾ 'ਚ ਰੋਜ਼ਾਨਾ 21 ਕੈਂਪਾਂ ਰਾਹੀਂ ਬਣਾਏ ਜਾ ਰਹੇ ਨੇ ਸਿਹਤ ਕਾਰਡ : ਡਾ. ਬਲਬੀਰ ਸਿੰਘ



ਬਰਨਾਲਾ, 16 ਫਰਵਰੀ (ਬਘੇਲ ਸਿੰਘ ਧਾਲੀਵਾਲ) : ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਜ਼ਿਲ੍ਹਾ ਬਰਨਾਲਾ ਦਾ ਅਚਨਚੇਤੀ ਦੌਰਾ ਕਰਕੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਚੱਲ ਰਹੀ ਰਜਿਸਟ੍ਰੇਸ਼ਨ ਪ੍ਰਕਿਰਿਆ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਵਿੱਚ ਰੋਜ਼ਾਨਾ 21 ਥਾਵਾਂ 'ਤੇ ਕੈਂਪ ਲਗਾ ਕੇ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ, ਜਿਸ ਨੂੰ ਹੋਰ ਤੇਜ਼ ਕੀਤਾ ਜਾਵੇ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਕਿ ਕੋਈ ਵੀ ਪਰਿਵਾਰ ਇਸ ਯੋਜਨਾ ਦੇ ਲਾਭ ਤੋਂ ਵਾਂਝਾ ਨਾ ਰਹੇ। ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਮਹਿਲ ਕਲਾਂ ਅਤੇ ਵਿਧਾਨ ਸਭਾ ਦੀ ਵਿਸ਼ੇਸ਼ ਅਧਿਕਾਰ ਕਮੇਟੀ ਦੇ ਚੇਅਰਮੈਨ ਸ. ਕੁਲਵੰਤ ਸਿੰਘ ਪੰਡੋਰੀ ਅਤੇ ਵਿਧਾਇਕ ਭਦੌੜ ਸ. ਲਾਭ ਸਿੰਘ ਉੱਗੋਕੇ ਵੀ ਮੌਜੂਦ ਸਨ। ਇਸ ਮੌਕੇ ਸਿਹਤ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਤਹਿਤ ਸਰਕਾਰੀ ਹਸਪਤਾਲਾਂ ਵਿੱਚ ਮੌਕੇ 'ਤੇ ਕਾਰਡ ਬਣ ਕੇ 70 ਫੀਸਦੀ ਮਰੀਜ਼ਾਂ ਦੇ ਇਲਾਜ ਦਾ ਬਿੱਲ ਜ਼ੀਰੋ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਮਰੀਜ਼ ਦੇ ਦਾਖ਼ਲ ਹੋਣ ਤੋਂ ਲੈ ਕੇ ਛੁੱਟੀ ਹੋਣ ਤੱਕ ਸਾਰੀਆਂ ਦਵਾਈਆਂ, ਟੈਸਟ ਅਤੇ ਅਪਰੇਸ਼ਨ ਬਿਲਕੁਲ ਮੁਫ਼ਤ ਹਨ। ਉਨ੍ਹਾਂ ਕਿਹਾ ਕਿ ਇਹ ਨਿਵੇਕਲੀ ਸਿਹਤ ਯੋਜਨਾ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਪੜ੍ਹੇ-ਲਿਖੇ ਨੌਜਵਾਨ ਸਬ ਅਪਰੇਟਰ ਵਜੋਂ ਰੋਜ਼ਗਾਰ ਪਾ ਸਕਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਨੌਜਵਾਨ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰਕੇ ਸਕੀਮ ਦੀ ਰਜਿਸਟ੍ਰੇਸ਼ਨ ਵਿੱਚ ਕਾਰਜਸ਼ੀਲ ਹੋ ਕੇ ਰੋਜ਼ਗਾਰ ਹਾਸਲ ਕਰ ਸਕਦੇ ਹਨ ਅਤੇ ਉਨ੍ਹਾਂ ਨੂੰ ਸਰਟੀਫਿਕੇਟ ਵੀ ਦਿੱਤਾ ਜਾਵੇਗਾ ਅਤੇ ਭਵਿੱਖ ਵਿੱਚ 'ਸਿਹਤ ਮਿੱਤਰ' ਅਤੇ ਡਾਟਾ ਐਂਟਰੀ ਆਪਰੇਟਰਾਂ ਦੀ ਭਰਤੀ ਵੇਲੇ ਇਨ੍ਹਾਂ ਨੌਜਵਾਨਾਂ ਨੂੰ ਤਰਜੀਹ ਦਿੱਤੀ ਜਾਵੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿਚ 21 ਵਿਸ਼ੇਸ਼ ਕੈਂਪਾਂ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ (ਸੀ.ਐਸ.ਸੀ.) ਨੂੰ ਵੀ ਯੋਜਨਾ ਨਾਲ ਜੋੜਿਆ ਗਿਆ ਹੈ, ਤਾਂ ਜੋ ਲੋਕ ਆਪਣੇ ਨੇੜਲੇ ਕੇਂਦਰਾਂ 'ਤੇ ਕਾਰਡ ਬਣਵਾ ਸਕਣ। ਉਨ੍ਹਾਂ ਕਿਹਾ ਕਿ ਹੁਣ ਤੱਕ 15000 ਤੋਂ ਵੱਧ ਵਿਅਕਤੀਆਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ। ਇਸ ਮੌਕੇ ਡਾ. ਬਲਬੀਰ ਸਿੰਘ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਾਰਡ ਬਣਾਉਣ ਦੀ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਨਾ ਆਉਣ ਦਿੱਤੀ ਜਾਵੇ ਅਤੇ ਕਾਰਡ ਬਣਾਉਣ ਦੀ ਪ੍ਰਕਿਰਿਆ ਹੋਰ ਤੇਜ਼ ਕੀਤੀ ਜਾਵੇ ਤਾਂ ਜੋ ਸਾਰੇ ਯੋਗ ਲੋਕ ਇਸ ਸਕੀਮ ਦਾ ਲਾਹਾ ਲੈ ਸਕਣ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸ. ਪਰਮਿੰਦਰ ਸਿੰਘ ਭੰਗੂ, ਚੇਅਰਮੈਨ ਅੰਮ੍ਰਿਤ ਸਿੰਘ ਢਿੱਲਵਾਂ, ਹਲਕਾ ਇੰਚਾਰਜ ਸ. ਹਰਿੰਦਰ ਸਿੰਘ ਧਾਲੀਵਾਲ, ਐਸ ਐਸ ਪੀ ਬਰਨਾਲਾ ਮੁਹੰਮਦ ਸਰਫਰਾਜ਼ ਆਲਮ ਆਈ ਪੀ ਐਸ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਹਰਜਿੰਦਰ ਸਿੰਘ ਬੇਦੀ ਆਈ ਏ ਐਸ, ਵਧੀਕ ਡਿਪਟੀ ਕਮਿਸ਼ਨਰ (ਜ) ਅਮਿਤ ਬੈਂਬੀ ਪੀ ਸੀ ਐਸ, ਐਸ ਡੀ ਐਮ ਤਪਾ ਆਯੂਸ਼ ਗੋਇਲ ਆਈ ਏ ਐਸ, ਐਸ ਡੀ ਐਮ ਮਹਿਲ ਕਲਾਂ ਬੇਅੰਤ ਸਿੰਘ ਸਿੱਧੂ ਪੀ ਸੀ ਐਸ ਸਮੇਤ ਸਿਹਤ ਵਿਭਾਗ ਦੇ ਅਧਿਕਾਰੀ, ਜ਼ਿਲ੍ਹਾ ਯੋਜਨਾ ਬੋਰਡ ਦੇ ਮੈਂਬਰ ਇਸ਼ਵਿੰਦਰ ਸਿੰਘ ਜੰਡੂ ਤੇ ਯੂਥ ਕੋਆਰਡੀਨੇਟਰ ਮੌਜੂਦ ਸਨ।

# ਲੋਕ ਪੱਖੀ ਵਿਦਵਾਨਾਂ ਐਸ.ਇਰਫ਼ਾਨ ਹਬੀਬ ਅਤੇ ਨਸੀਰੂਦੀਨ ਸ਼ਾਹ ਦੀ ਜ਼ਬਾਨਬੰਦੀ ਕਰਨ ਦਾ ਵਿਰੋਧ

## ਫ਼ਿਰਕੂ ਤਾਕਤਾਂ ਵੱਲੋਂ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ 'ਤੇ ਹਮਲਾ ਗ਼ੈਰ-ਸੰਵਿਧਾਨਿਕ : ਤਰਕਸ਼ੀਲ ਸੁਸਾਇਟੀ



ਬਰਨਾਲਾ, 16 ਫਰਵਰੀ (ਬਘੇਲ ਸਿੰਘ ਧਾਲੀਵਾਲ) : ਤਰਕਸ਼ੀਲ ਸੁਸਾਇਟੀ ਪੰਜਾਬ ਨੇ ਭਾਜਪਾ ਹਕੂਮਤ ਦੀ ਸਰਪ੍ਰਸਤੀ ਹੇਠ ਫ਼ਿਰਕੂ ਅਨਸਰਾਂ ਵੱਲੋਂ ਮੁਲਕ ਦੇ ਦੋ ਪ੍ਰਸਿੱਧ ਪ੍ਰਗਤੀਸ਼ੀਲ ਵਿਦਵਾਨਾਂ ਐਸ.ਇਰਫ਼ਾਨ ਹਬੀਬ ਅਤੇ ਅਦਾਕਾਰ ਨਸੀਰੂਦੀਨ ਸ਼ਾਹ ਉਪਰ ਯੋਜਨਾਬੱਧ ਢੰਗ ਨਾਲ ਹਮਲਾ ਕਰਕੇ ਉਨ੍ਹਾਂ ਦੀ ਜ਼ਬਾਨਬੰਦੀ ਕਰਨ ਦੀ ਫਾਸ਼ੀਵਾਦੀ ਕਾਰਵਾਈ ਦਾ ਸਖ਼ਤ ਵਿਰੋਧ ਕਰਦਿਆਂ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ। ਸੁਸਾਇਟੀ ਦੇ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋਂ, ਰਾਜਪਾਲ ਬਠਿੰਡਾ,ਸੁਖਵਿੰਦਰ ਬਾਗਪੁਰ ਅਤੇ ਸੁਮੀਤ ਅੰਮ੍ਰਿਤਸਰ ਨੇ ਤਰਕਸ਼ੀਲ ਭਵਨ ਬਰਨਾਲਾ ਤੋਂ ਜਾਰੀ ਇਕ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਸਮਾਜਿਕ ਮੁੱਦਿਆਂ 'ਤੇ ਬੇਬਾਕੀ ਨਾਲ ਆਜ਼ਾਦਾਨਾ ਵਿਚਾਰ ਪ੍ਰਗਟ ਕਰਨ ਵਾਲੇ ਪ੍ਰਸਿੱਧ ਅਦਾਕਾਰ ਨਸੀਰੂਦੀਨ ਸ਼ਾਹ ਦਾ ਮੁੰਬਈ ਯੂਨੀਵਰਸਿਟੀ ਵਿੱਚ ਵਿਦਿਆਰਥੀਆਂ ਨਾਲ ਵਿਚਾਰ ਚਰਚਾ ਕਰਨ ਤੋਂ ਕੁੱਝ ਘੰਟੇ ਪਹਿਲਾਂ ਪ੍ਰਬੰਧਕਾਂ ਵੱਲੋਂ ਹਕੂਮਤੀ ਦਬਾਅ ਹੇਠ ਸੱਦਾ ਪੱਤਰ ਰੱਦ ਕਰਨ ਅਤੇ ਦਿੱਲੀ ਯੂਨੀਵਰਸਿਟੀ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰ ਰਹੇ ਨਾਮਵਰ ਲੋਕ ਪੱਖੀ ਇਤਿਹਾਸਕਾਰ ਐਸ.ਇਰਫ਼ਾਨ ਹਬੀਬ ਉਪਰ ਪਾਣੀ ਦੀਆਂ ਬੋਤਲਾਂ ਸੁੱਟ ਕੇ ਉਹਨਾਂ ਨੂੰ ਦਹਿਸ਼ਤਜ਼ਦਾ ਕਰਨ ਅਤੇ ਸਮਾਗਮ ਵਿੱਚ ਖਲਲ ਪਾਉਣ ਦੀ ਫਾਸ਼ੀਵਾਦੀ ਕਾਰਵਾਈ ਮੋਦੀ ਦੀ ਹਕੂਮਤ ਵੱਲੋਂ ਦੇਸ਼ ਵਿੱਚ ਤਾਨਾਸ਼ਾਹੀ ਰਾਜ ਸਥਾਪਿਤ ਕਰਨ ਦਾ ਨੰਗਾ ਚਿੱਟਾ ਸਬੂਤ ਹੈ ਅਤੇ ਵਿਚਾਰ ਪ੍ਰਗਟਾਵੇ ਦੀ ਸੰਵਿਧਾਨਿਕ ਆਜ਼ਾਦੀ ਉਤੇ ਸਿੱਧਾ ਹਮਲਾ ਹੈ। ਤਰਕਸ਼ੀਲ ਆਗੂਆਂ ਨੇ ਦੋਸ਼ ਲਾਇਆ ਕਿ ਮੋਦੀ ਹਕੂਮਤ ਦੇਸ਼ ਵਿਰੋਧੀ ਭਾਰਤ-ਅਮਰੀਕਾ ਮੁਕਤ ਵਪਾਰ ਲੋਕ ਮਾਰੂ ਸਮਝੌਤੇ,ਬਿਜਲੀ ਸੋਧ ਬਿੱਲ, ਬੀਜ ਬਿੱਲ ਦੇ ਕਾਲੇ ਕਾਨੂੰਨਾਂ ਅਤੇ ਐਪਸਟੀਨ ਫਾਈਲ ਸਕੈਂਡਲ ਕਾਰਨ ਉੱਠਣ ਵਾਲੇ ਜਨਤਕ ਪ੍ਰਤੀਰੋਧ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਲੋਕ ਪੱਖੀ ਬੁੱਧੀਜੀਵੀਆਂ,ਲੇਖਕਾਂ, ਪੱਤਰਕਾਰਾਂ ਅਤੇ ਸਮਾਜਿਕ ਕਾਰਕੁੰਨਾਂ ਵਿਰੁੱਧ ਅਰਬਨ ਨਕਸਲ ਦਾ ਇੱਕ ਯੋਜਨਾਬੱਧ ਝੂਠਾ ਪ੍ਰਚਾਰ ਕਰਕੇ ਉਨ੍ਹਾਂ ਦੀ ਜ਼ਬਾਨ ਬੰਦੀ ਕਰਨਾ ਚਾਹੁੰਦੀ ਹੈ ਪਰ ਮੁਲਕ ਦੇ ਜਮਹੂਰੀ ਚੇਤਨ ਲੋਕ ਅਜਿਹੇ ਲੋਕ ਵਿਰੋਧੀ ਮਨਸੂਬੇ ਕਦੇ ਵੀ ਸਫਲ ਨਹੀਂ ਹੋਣ ਦੇਣਗੇ। ਉਨ੍ਹਾਂ ਨੇ ਕਿਹਾ ਕਿ ਲੋਕ ਪੱਖੀ ਬੁੱਧੀਜੀਵੀਆਂ ਨੂੰ ਚੁੱਪ ਕਰਵਾਉਣ ਦਾ ਭਰਮ ਪਾਲਣ ਵਾਲੀਆਂ ਫ਼ਿਰਕੂ ਤਾਕਤਾਂ ਨੂੰ ਨਸੀਰੁਦੀਨ ਸ਼ਾਹ ਅਤੇ ਐਸ.ਇਰਫ਼ਾਨ ਹਬੀਬ ਵੱਲੋਂ ਤੁਰੰਤ ਦਿੱਤੀ ਪ੍ਰਤੀਕਿਰਿਆ ਕਿ, 'ਉਹ ਆਪਣੀ ਗੱਲ ਹਰ ਹਾਲਤ ਭਵਿੱਖ ਵਿੱਚ ਵੀ ਜਾਰੀ ਰੱਖਣਗੇ' ਦੇ ਨਿਡਰਤਾ ਨਾਲ ਕੀਤੇ ਐਲਾਨ ਤੋਂ ਬਾਖ਼ੂਬੀ ਸਪੱਸ਼ਟ ਹੋ ਜਾਣਾ ਚਾਹੀਦਾ ਹੈ ਕਿ ਹੱਕ ਸੱਚ ਦੀ ਆਵਾਜ਼ ਨੂੰ ਕਿਸੇ ਵੀ ਜ਼ਬਰ ਰਾਹੀਂ ਖਾਮੋਸ਼ ਨਹੀਂ ਕੀਤਾ ਜਾ ਸਕਦਾ। ਤਰਕਸ਼ੀਲ ਆਗੂਆਂ ਨੇ ਸਮੂਹ ਲੋਕ ਪੱਖੀ ਜਮਹੂਰੀ ਤੇ ਜਨਤਕ ਜਥੇਬੰਦੀਆਂ ਅਤੇ ਬੁੱਧੀਜੀਵੀ ਵਰਗ ਨੂੰ ਇੱਕਜੁੱਟ ਹੋ ਕੇ ਹਕੂਮਤੀ ਤਾਨਾਸ਼ਾਹੀ, ਕਾਰਪੋਰੇਟ ਪੱਖੀ ਨੀਤੀਆਂ,ਕਾਲੇ ਕਾਨੂੰਨਾਂ ਅਤੇ ਫ਼ਿਰਕੂ ਫ਼ਾਸ਼ੀਵਾਦ ਦਾ ਡਟਵਾਂ ਵਿਰੋਧ ਕਰਨ ਦੀ ਅਪੀਲ ਕੀਤੀ ਹੈ।

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਜੇਲ੍ਹਬੰਦ ਕਿਸਾਨ ਆਗੂਆਂ ਦੀ ਰਿਹਾਈ ਲਈ ਭਲਕੇ ਬਠਿੰਡਾ ਵਿੱਚ ਵੱਡਾ ਇਕੱਠ ਕਰਨ ਦਾ ਐਲਾਨ




ਬਰਨਾਲਾ, 16 ਫਰਵਰੀ (ਬਘੇਲ ਸਿੰਘ ਧਾਲੀਵਾਲ) : ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਬਰਨਾਲਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਚਮਕੌਰ ਸਿੰਘ ਨੈਣੇਵਾਲ ਦੀ ਪ੍ਰਧਾਨਗੀ ਹੇਠ ਪਿੰਡ ਚੀਮਾ ਵਿਸ਼ਵਕਰਮਾ ਮੰਦਰ ਵਿਖੇ ਕੀਤੀ ਗਈ। ਜਿਸ ਵਿੱਚ ਜੇਲ੍ਹ ਵਿੱਚ ਬੰਦ ਕਿਸਾਨ ਆਗੂਆਂ ਬਲਦੇਵ ਸਿੰਘ ਚੌਕੇ ਸਗਨਦੀਪ ਸਿੰਘ ਜਿਉਂਦ ਦੀ ਰਿਹਾਈ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦੌਰਾਨ ਪੰਜਾਬ ਸਰਕਾਰ ਵੱਲੋਂ ਅੰਨਾ ਜਬਰ ਕਰਨ ਤੋਂ ਬਾਅਦ ਮਸਲਾ ਹੱਲ ਕਰਨ ਦੀ ਬਜਾਏ ਸਮਝੌਤੇ ਤੋਂ ਮੁੱਕਰਿਆ ਇਸ ਲਈ ਗਿਆ ਕਿ ਜਬਰ ਕਰਨ ਵਾਸਤੇ ਰਾਹ ਪੱਧਰਾ ਕੀਤਾ ਜਾ ਸਕੇ ਜੋ ਉਨ੍ਹਾਂ ਕੀਤਾ ਇਸ ਤੋਂ ਬਾਅਦ ਅੱਜ ਬਠਿੰਡਾ ਜ਼ਿਲ੍ਹਾ ਦੇ ਪ੍ਰਸ਼ਾਸਨ ਵੱਲੋਂ ਕਿਸਾਨਾਂ ਦੀ ਰਿਹਾਈ ਸਬੰਧੀ ਕਾਰਵਾਈ ਸ਼ੁਰੂ ਕਰਨ ਲਈ ਅਰਜ਼ੀ ਮੰਗੀ ਗਈ ਸੀ ਜੋ ਜਥੇਬੰਦੀ ਵੱਲੋਂ ਦਿੱਤੀ ਜਾ ਚੁੱਕੀ ਹੈ। ਜਿੱਸ ਵਿੱਚ ਸੂਬਾ ਕਮੇਟੀ ਵੱਲੋਂ 14 ਫਰਵਰੀ ਤੱਕ ਦਾ ਅਲਟੀਮੇਟਮ ਦਿੱਤਾ ਗਿਆ ਸੀ ਜੋ ਪੂਰਾ ਹੋ ਗਿਆ।ਇਸ ਸਬੰਧੀ ਅੱਜ ਜ਼ਿਲ੍ਹੇ ਦੀ ਮੀਟਿੰਗ ਕਰਕੇ 18 ਫਰਬਰੀ ਨੂੰ ਬਠਿੰਡਾ ਵਿੱਚ ਇਕੱਠ ਕਰਨ ਦਾ ਐਲਾਨ ਕੀਤਾ ਗਿਆ। ਜੇਕਰ ਪੰਜਾਬ ਸਰਕਾਰ ਤੋਂ ਪ੍ਰਸ਼ਾਸਨ ਵੱਲੋਂ ਧਿਆਨ ਨਾਂ ਦਿੱਤਾ ਗਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਸੂਬਾ ਆਗੂ ਹਰਦੀਪ ਸਿੰਘ ਟੱਲੇਵਾਲ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਭੈਣੀ ਬਲੌਰ ਸਿੰਘ ਛੰਨਾ ਨਰਿੱਪਜੀਤ ਸਿੰਘ ਬਡਬਡ ਜੱਜ ਸਿੰਘ ਗਹਿਲ ਕੁਲਜੀਤ ਸਿੰਘ ਵਜੀਦਕੇ ਮਾਨ ਸਿੰਘ ਗੁਰਮ ਮਲਕੀਤ ਸਿੰਘ ਹੇੜੀਕੇ ਨਾਜ਼ਰ ਸਿੰਘ ਠੁੱਲੀਵਾਲ ਗੁਰਚਰਨ ਸਿੰਘ ਭਦੌੜ ਜਗਤਾਰ ਸਿੰਘ ਢਿਲਵਾਂ ਹਰੀ ਸਿੰਘ ਭਗਤਪੁਰਾ ਦਰਸ਼ਨ ਸਿੰਘ ਚੀਮਾ ਔਰਤ ਆਗੂ ਕਮਲਜੀਤ ਕੌਰ ਬਰਨਾਲਾ ਲਖਵੀਰ ਕੌਰ ਧਨੌਲਾ ਮਨਜੀਤ ਕੌਰ ਕਾਨੇਕੇ ਬਿੰਦਰ ਪਾਲ ਕੌਰ ਭਦੌੜ ਆਦਿ ਆਗੂ ਹਾਜ਼ਰ ਸਨ।

# ਆਗਨਵਾੜੀ ਸੈਂਟਰਾਂ ਵਿੱਚ ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ ਦਿਵਸ ਮਨਾਇਆ



ਬਰਨਾਲਾ, 16 ਫਰਵਰੀ (ਬਘੇਲ ਸਿੰਘ ਧਾਲੀਵਾਲ) : ਸਮਾਜਿਕ ਸੁਰੱਖਿਆ ਅਤੇ ਇਸਤਰੀ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਤਿੰਦਰ ਪਾਲ ਕੌਰ ਧਾਰੀਵਾਲ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਦੇ ਸਾਰੇ ਆਂਗਨਵਾੜੀ ਸੈਂਟਰਾਂ ਵਿੱਚ ਬੱਚਿਆਂ ਦੇ ਸਰਵਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਹਰ ਮਹੀਨੇ ਦੇ ਦੂਜੇ ਸ਼ੁੱਕਰਵਾਰ ਨੂੰ ਈ.ਸੀ.ਸੀ.ਈ (ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ) ਦਿਵਸ ਮਨਾਇਆ ਜਾਂਦਾ ਹੈ। ਇਸ ਸਬੰਧੀ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਬਰਨਾਲਾ ਰਤਿੰਦਰ ਪਾਲ ਕੌਰ ਧਾਰੀਵਾਲ ਨੇ ਦੱਸਿਆ ਕਿ ਇਸ ਦਿਨ ਦਾ ਮੁੱਖ ਉਦੇਸ਼ ਮਾਪਿਆਂ ਨੂੰ ਬੱਚਿਆਂ ਦੀ ਸਰੀਰਕ, ਮਾਨਸਿਕ ਅਤੇ ਸਮਾਜਿਕ ਵਿਕਾਸ ਬਾਰੇ ਜਾਗਰੂਕ ਕਰਨਾ ਹੈ, ਤਾਂ ਜੋ ਛੋਟੀ ਉਮਰ ਤੋਂ ਹੀ ਬੱਚਿਆਂ ਦੀ ਬੌਧਿਕ ਅਤੇ ਸਰੀਰਕ ਸਮਰੱਥਾ ਦਾ ਸਹੀ ਵਿਕਾਸ ਹੋ ਸਕੇ। ਉਨ੍ਹਾਂ ਦੱਸਿਆ ਕਿ ਇਸ ਦਿਵਸ ਦੌਰਾਨ ਜ਼ਿਲ੍ਹੇ ਦੇ ਸਾਰੇ ਆਗਨਵਾੜੀ ਸੈਂਟਰਾਂ ਵਿਚ ਆਂਗਨਵਾੜੀ ਵਰਕਰਾਂ ਵੱਲੋਂ ਮਾਪਿਆਂ ਨੂੰ ਸਮਝਾਇਆ ਗਿਆ ਕਿ ਬੱਚਿਆਂ ਲਈ ਖੇਡਾਂ ਅਤੇ ਸਰੀਰਕ ਗਤੀਵਿਧੀਆਂ ਬਹੁਤ ਜ਼ਰੂਰੀ ਹਨ। ਦੌੜ, ਸੰਤੁਲਨ ਵਾਲੀਆਂ ਗਤੀਵਿਧੀਆਂ ਅਤੇ ਸਧਾਰਣ ਕਸਰਤਾਂ ਬੱਚਿਆਂ ਦੇ ਸਰੀਰ ਨੂੰ ਤੰਦਰੁਸਤ ਬਣਾਉਂਦੀਆਂ ਹਨ। ਇਹ ਗਤੀਵਿਧੀਆਂ ਮਾਸਪੇਸ਼ੀਆਂ ਨੂੰ ਮਜ਼ਬੂਤ ਕਰਦੀਆਂ ਹਨ ਅਤੇ ਬੱਚਿਆਂ ਵਿੱਚ ਚੁਸਤੀ, ਲਚਕਤਾ ਅਤੇ ਆਤਮਵਿਸ਼ਵਾਸ ਨੂੰ ਵਧਾਉਂਦੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਬੱਚਿਆਂ ਲਈ ਵੱਖ-ਵੱਖ ਸਿੱਖਣ ਅਤੇ ਖੇਡਣ ਸੰਬੰਧੀ ਕਾਰਜਕ੍ਰਮ ਕਰਵਾਏ ਗਏ ਅਤੇ ਮਾਵਾਂ ਨੂੰ ਬੱਚਿਆਂ ਦੀ ਸਿਹਤ, ਪੋਸ਼ਣ, ਸਫਾਈ ਅਤੇ ਟੀਕਾਕਰਣ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਆਗਨਵਾੜੀ ਵਰਕਰਾਂ ਵੱਲੋਂ ਮਾਵਾਂ ਨੂੰ ਗਰਭਵਸਥਾ ਦੌਰਾਨ ਸਹੀ ਖੁਰਾਕ ,ਸਿਹਤ ਜਾਂਚ, ਆਇਰਨ ਅਤੇ ਫ਼ੋਲਿਕ ਐਸਿਡ ਦੀ ਮੱਹਤਤਾ ਬਾਰੇ ਜਾਣਕਾਰੀ ਵੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਮਾਪਿਆਂ ਵਿੱਚ ਜਾਗਰੂਕਤਾ ਪੈਦਾ ਕਰਦੇ ਹਨ ਅਤੇ ਉਹ ਆਪਣੇ ਬੱਚਿਆਂ ਦੀਆਂ ਲੋੜਾਂ ਨੂੰ ਬਿਹਤਰ ਢੰਗ ਨਾਲ ਸਮਝ ਸਕਦੇ ਹਨ। ਈ.ਸੀ.ਸੀ.ਈ ਦਿਵਸ ਬੱਚਿਆਂ ਦੇ ਸਿਹਤਮੰਦ ਭਵਿੱਖ ਲਈ ਇੱਕ ਮਹੱਤਵਪੂਰਨ ਕਦਮ ਸਾਬਤ ਹੋ ਰਿਹਾ ਹੈ, ਜੋ ਉਨ੍ਹਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਨੂੰ ਮਜ਼ਬੂਤੀ ਪ੍ਰਦਾਨ ਕਰਦਾ ਹੈ।

# ਪਲਾਸਟਿਕ ਦੀ ਵਰਤੋਂ ਦੀ ਮਨਾਹੀ ਸਬੰਧੀ ਵਰਕਸ਼ਾਪ ਕਰਵਾਈ



ਬਰਨਾਲਾ, 16 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਪਿੰਡ ਅਸਪਾਲ ਖੁਰਦ ਦੇ ਸਰਕਾਰੀ ਹਾਈ ਸਕੂਲ ਵਿਖੇ ਪਲਾਸਟਿਕ ਦੀ ਵਰਤੋਂ ਦੀ ਮਨਾਹੀ ਸਬੰਧੀ ਇਕ ਰੋਜ਼ਾ ਵਰਕਸ਼ਾਪ ਅਤੇ ÷ ਪਲਾਸਟਿਕ ਦੀ ਵਰਤੋਂ ਨੂੰ ਕਹੋ ਨਾ ÷ ਵਿਸ਼ੇ ਤੇ ਪੋਸਟਰ ਮੁਕਾਬਲੇ ਕਰਵਾਏ ਗਏ। ਇਸ ਮੌਕੇ ਈ ਈ ਪੀ ਦੇ ਨੋਡਲ ਇੰਚਾਰਜ ਅਮਨਦੀਪ ਸਿੰਘ ਸਾਇੰਸ ਮਾਸਟਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪਲਾਸਟਿਕ ਦੇ ਉਤਪਾਦਾਂ ਨਾਲ ਹੋਣ ਵਾਲੇ ਨੁਕਸਾਨ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਦੇ ਸੜਨ ਲਈ ਲੱਗਦੇ 800 ਤੋਂ 1000 ਸਾਲਾਂ ਬਾਰੇ ਜਾਣਕਾਰੀ ਦਿੱਤੀ।ਇਸ ਕਾਰਨ ਧਰਤੀ @ਤੇ ਪਲਾਸਟਿਕ ਦਾ ਕੂੜਾ ਐਨਾ ਜ਼ਿਆਦਾ ਇਕੱਠਾ ਹੋ ਗਿਆ ਹੈ ਕਿ ਧਰਤੀ ਨੂੰ ਆਸਾਨੀ ਨਾਲ ਪੰਜ ਵਾਰ ਲਪੇਟਿਆ ਜਾ ਸਕਦਾ ਹੈ। ਇਨ੍ਹਾਂ ਪਲਾਸਟਿਕ ਤੋਂ ਪੈਦਾ ਹੋਣ ਵਾਲੀਆਂ ਵਸਤੂਆਂ ਦੀ ਵਰਤੋਂ ਕਾਰਨ ਮਨੁੱਖਾਂ ਦੇ ਨਾਲ-ਨਾਲ ਪਸ਼ੂ ਵੀ ਅਣਸੁਖਾਵੇਂ ਸਮੇਂ ਦੀ ਚਪੇਟ ਵਿਚ ਆ ਜਾਂਦੇ ਹਨ। ਪਲਾਸਟਿਕ ਦੇ ਕੁੱਝ ਕਣ ਇਨੇ ਛੋਟੇ ਹੁੰਦੇ ਹਨ ਕਿ ਉਹ ਪਾਣੀ, ਭੋਜਨ ਅਤੇ ਹਵਾ ਨਾਲ ਸਾਡੇ ਸਰੀਰ ਵਿਚ ਦਾਖਲ ਹੋ ਕੇ ਨੁਕਸਾਨ ਪਹੁੰਚਾਉਂਦੇ ਹਨ। ਇਹ ਕਣ ਸਾਡੇ ਵਿਰੋਧੀ ਹਨ। ਮਨੁੱਖ ਵਿਚ ਹਰ ਸਾਲ 82,000 ਪਲਾਸਟਿਕ ਦੇ ਕਣ ਸਰੀਰ ਵਿਚ ਦਾਖਲ ਹੁੰਦੇ ਹਨ, ਜਿਸ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਪੈਦਾ ਹੁੰਦੀਆਂ ਹਨ, ਜਿਨ੍ਹਾਂ ਵਿਚੋਂ ਕੈਂਸਰ ਸਭ ਤੋਂ ਖ਼ਤਰਨਾਕ ਹੈ। ਇਸ ਮੌਕੇ ਸਕੂਲ ਇੰਚਾਰਜ ਰਾਜ ਰਾਣੀ, ਨੀਰਜ ਕੁਮਾਰ, ਗੁਰਬਿੰਦਰ ਸਿੰਘ, ਕਵਿਤਾ ਰਾਣੀ, ਕਿਰਨਜੀਤ ਕੌਰ ਅਤੇ ਰੁਪਿੰਦਰ ਕੌਰ ਵੀ ਹਾਜ਼ਰ ਸਨ।

# ਮੰਦਰ ਸੋਲ੍ਹਾਂ ਦਾ ਮੱਠ ਵਿਖੇ ਮਹਾਂਸ਼ਿਵਰਾਤਰੀ ਦਾ ਤਿਉਹਾਰ ਮਨਾਇਆ



ਬਰਨਾਲਾ, 16 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਮੰਦਰ ਸੋਲ੍ਹਾਂ ਦਾ ਮੱਠ ਵਿਖੇ ਮਹਾਂ ਸ਼ਿਵਰਾਤਰੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਮੰਦਰ ਵਿਖੇ ਸ਼ਰਧਾਲੂਆਂ ਦਾ ਤਾਂਤਾ ਲੱਗਿਆ ਹੋਇਆ ਸੀ। ਇਸ ਮੌਕੇ ਮੰਦਰ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਹੰਤ ਪਵਨ ਕੁਮਾਰ, ਮੰਦਰ ਦੇ ਪੁਜਾਰੀ ਬਲਦੇਵ ਕ੍ਰਿਸ਼ਨ ਨੇ ਸ਼ਿਵ ਮੌਕੇ ਇਕੱਤਰ ਹੋਏ ਭਗਤਾਂ ਨੂੰ ਵਧਾਈ ਅਤੇ ਸ਼ੁਭਕਾਮਨਾਵਾਂ ਭੇਂਟ ਕਰਦਿਆਂ ਕਿਹਾ ਕਿ ਮਹਾ ਸ਼ਿਵਰਾਤਰੀ ਤਿਉਹਾਰ ਸਾਨੂੰ ਸਾਂਝੀਵਾਲਤਾ, ਪਿਆਰ ਅਤੇ ਦਇਆ ਭਾਵ ਦੀ ਸਿੱਖਿਆ ਦਿੰਦਾ ਹੈ । ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਇਹ ਤਿਉਹਾਰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ। ਇਸ ਮੌਕੇ ਬੋਲਦਿਆਂ ਮੰਦਰ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਸੁਖਵਿੰਦਰ ਸਿੰਘ ਭੰਡਾਰੀ ਨੇ ਕਿਹਾ ਕਿ ਇਹ ਤਿਉਹਾਰ ਸਾਨੂੰ ਇਹ ਵੀ ਪ੍ਰੇਰਨਾ ਦਿੰਦਾ ਹੈ ਕਿ ਸਾਨੂੰ ਵੀ ਆਪਣੇ ਅੰਦਰਲੀਆਂ ਬੁਰਾਈਆਂ ਈਰਖਾ, ਸਾੜਾ, ਨਿੰਦਿਆ ਚੁਗਲੀ, ਨਫ਼ਰਤ ਆਦਿ ਦਾ ਤਿਆਗ ਕਰਕੇ ਇੱਕ ਚੰਗੇ ਇਨਸਾਨ ਬਣਨ ਦੀ ਸਿੱਖਿਆ ਦਿੰਦਾ ਹੈ। ਮਹਾਂ ਸ਼ਿਵਰਾਤਰੀ ਮੌਕੇ ਹਜ਼ਾਰਾਂ ਲੋਕਾਂ ਨੇ ਨਿਰਜਲ ਵਰਤ ਰੱਖਕੇ ਸ਼ਿਵਲਿੰਗ @ਤੇ ਜਲਾਭਿਸ਼ੇਕ (ਦੁੱਧ, ਪਾਣੀ) ਕੀਤਾ। ਇਸ ਮੌਕੇ ਮੰਦਰ ਦੇ ਮਹੰਤ ਪਵਨ ਕੁਮਾਰ, ਪੁਜਾਰੀ ਬਲਦੇਵ ਕ੍ਰਿਸ਼ਨ ਅਤੇ ਪ੍ਰਬੰਧਕ ਕਮੇਟੀ ਦੇ ਹੋਰ ਮੈਂਬਰਾਂ ਨੇ ਕ੍ਰਿਸ਼ਨਾ ਗਲੀ ਕੇ ਸੀ ਰੋਡ ਬਰਨਾਲਾ ਦੇ ਵਾਸੀਆਂ ਕ੍ਰਿਸ਼ਨਾ ਰਾਣੀ, ਅਨੀਤਾ ਗਰਗ, ਰਾਜੇਸ਼ ਕੁਮਾਰ, ਸੋਮਾ ਭੰਡਾਰੀ, ਮੀਨਾ ਭਗਰੀਆ, ਬਬੀਤਾ, ਜਸਮੇਲ ਕੌਰ, ਵਿਕਾਸ ਭੰਡਾਰੀ, ਪਾਲੋ ਕੌਰ, ਬਲਜਿੰਦਰ ਕੌਰ, ਸ਼ਸ਼ੀ ਬਾਂਸਲ, ਸ਼ਿਵਮ ਬਾਂਸਲ, ਬਲਵੀਰ ਕੌਰ ਪਾਸੀ, ਡਾ ਸਤੀਸ਼ ਕੁਮਾਰ, ਰਮਨਦੀਪ ਕੌਰ, ਦੀਪ ਚੰਦ ਬਾਂਸਲ ਅਤੇ ਰੇਣੂ ਅਤੇ ਹੋਰਨਾਂ ਨੂੰ ਸਿਰੋਪੇ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਅੰਤ ਚ ਸਾਰਿਆਂ ਨੇ ਮਹਾਮਾਈ ਦਾ ਭੰਡਾਰਾ ਛਕਿਆ।

# ਪ੍ਰਾਚੀਨ ਸ਼ਿਵਧਾਮ ਮੰਦਰ 22 ਏਕੜ ਵਿਖੇ ਤੀਸਰੇ ਸ਼੍ਰੀ ਮੱਦ ਭਾਗਵਤ ਕਥਾ ਗਿਆਨ ਯੱਗ ਦੀਆਂ ਤਿਆਰੀਆਂ ਜ਼ੋਰਾਂ 'ਤੇ

## 21 ਨੂੰ ਕਲਸ ਯਾਤਰਾ ਅਤੇ ਬਾਬਾ ਖਾਟੂ ਸ਼ਿਆਮ ਜੀ ਦਾ ਜਾਗਰਣ



ਬਰਨਾਲਾ, 16 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਪ੍ਰਾਚੀਨ ਸ਼ਿਵਧਾਮ ਮੰਦਰ 22 ਏਕੜ ਕਲੋਨੀ ਬਰਨਾਲਾ ਵਿਖੇ ਹੋਣ ਜਾ ਰਹੇ ਤੀਸਰੇ ਸ਼ਾਨਦਾਰ ਸ਼੍ਰੀ ਮੱਦਭਾਗਵਤ ਕਥਾ ਗਿਆਨ ਯੱਗ ਦੀਆ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ। ਮੰਦਰ ਕਮੇਟੀ ਦੇ ਪ?ਧਾਨ ਸੁਰੇਸ਼ ਕੁਮਾਰ ਕਾਲਾ (ਤਪੇ ਵਾਲੇ), ਰਾਜੇਸ਼ ਭੂਟਾਨੀ, ਸੁਸ਼ੀਲ ਭਾਰਤੀ , ਅਸ਼ੋਕ ਤਾਇਲ , ਵਿਕਾਸ ਸਿੰਗਲਾ, ਰਾਮ ਲਾਲ ਬਦਰਾ, ਰਜਿੰਦਰ ਕੁਮਾਰ, ਰਕੇਸ਼ ਕੁਮਾਰ ਨੇ ਦੱਸਿਆ ਕਿ ਮਿਤੀ 21 ਫਰਵਰੀ 2026 ਨੂੰ ਕਲਸ ਯਾਤਰਾ ਹੋਵੇਗੀ ਜੋ ਕਿ ਸ਼੍ਰੀ ਰਾਧਾ ਕ੍ਰਿਸ਼ਨ ਬੰਸੀ ਵਾਲੇ ਬਾਬਾ ਮੰਦਰ (ਪੁਰਾਣੀ ਗਊਸ਼ਾਲਾ) ਤੋਂ ਰਵਾਨਾ ਹੋ ਕੇ ਸ਼ਿਵਧਾਮ ਮੰਦਰ 22 ਏਕੜ ਵਿਖੇ ਪਹੁੰਚੇਗੀ ਅਤੇ ਉਸੇ ਦਿਨ ਮੰਦਰ ਵਿਖੇ ਰਾਤ ਸਮੇਂ ਬਾਬਾ ਖਾਟੂ ਸ਼ਿਆਮ ਜੀ ਦਾ ਵਿਸ਼ਾਲ ਜਾਗਰਣ ਹੋਵੇਗਾ। ਜਾਗਰਣ ਸਮੇਂ ਲੱਕੀ ਘਨੱਈਆ ਡੱਬਵਾਲੀ ਟੀ ਸੀਰੀਜ਼ ਕਲਾਕਾਰ ਬਾਬਾ ਖਾਟੂ ਸ਼ਿਆਮ ਜੀ ਦਾ ਗੁਣਗਾਨ ਕਰਨਗੇ। ਮਿਤੀ 22 ਫ਼ਰਵਰੀ ਨੂੰ ਕਥਾ ਵਿਆਸ ਕਥਾ ਵਾਚਕ ਪਰਮ ਸ਼ਰਦੇਯ ਭਾਗਵਤ ਭੂਸਨ ਸ਼੍ਰੀ ਰਾਮ ਨਿਹੋਰ ਸ਼ਾਸਤਰੀ ਜੀ ਮਹਾਰਾਜ (ਵਰਿੰਦਾਵਨ ਵਾਲੇ) ਵੱਲੋਂ 1 ਮਾਰਚ ਤੱਕ ਰੋਜ਼ਾਨਾ 3-00 ਤੋਂ 6-00 ਤੱਕ ਭਾਗਵਤ ਕਥਾ ਕਰਨਗੇ । ਉਨ੍ਹਾਂ ਸ਼ਹਿਰ ਨਿਵਾਸੀਆਂ ਨੂੰ ਖੁੱਲ੍ਹਾ ਸੱਦਾ ਦਿੰਦੇ ਹੋਏ ਇਸ ਸ਼ੁਭ ਮੌਕੇ ਦਾ ਲਾਭ ਉਠਾਉਣ ਲਈ ਸਮੇਂ ਸਿਰ ਪਹੁੰਚ ਕੇ ਕਥਾ ਸਰਵਨ ਕਰਨ ਦੀ ਬੇਨਤੀ ਕੀਤੀ ਹੈ। ਇਸ ਮੌਕੇ ਭਾਰਤ ਭੂਸਨ ਸਕਿੰਟ,ਸੋਹਨ ਮਿੱਤਲ,ਸੰਜੀਵ ਬਾਂਸਲ ,ਅੰਕੁਸ਼ ਗਰਗ ,ਪਵਨ ਬਦਰਾ,ਹੀਰਾ ਲਾਲ, ਦੀਪਕ ਬਾਂਸਲ, ਸੁਰਿੰਦਰ ਨੰਦਰਾ ਆਦਿਕ ਤੋਂ ਇਲਾਵਾ ਵੱਡੀ ਗਿਣਤੀ ਵਿੱਚ,22 ਏਕੜ ਨਿਵਾਸੀ ਅਤੇ ਮਹਿਲਾ ਮੰਡਲ ਦੀਆਂ ਸਮੂਹ ਮੈਂਬਰ ਹਾਜ਼ਰ ਸਨ ।

# ਐਸ.ਬੀ.ਐਸ. ਸਕੂਲ ਵੱਲੋਂ ਮਹਾਂਸ਼ਿਵਰਾਤਰੀ ਮੌਕੇ ਲੰਗਰ ਦੀ ਸੇਵਾ



ਬਰਨਾਲਾ, 16 ਫ਼ਰਵਰੀ (ਇਸ਼ੇਨ ਕੰਗ) : ਮਹਾਸ਼ਿਵਰਾਤਰੀ ਦੇ ਮੌਕੇ ਸੰਗਤਾ ਦੀਆਂ ਰੌਣਕਾਂ ਹਰ ਜਗ੍ਹਾਂ ਤੇ ਦੇਖਣ ਨੂੰ ਮਿਲਦੀਆਂ ਹਨ। ਇਸੇ ਦੇ ਚੱਲਦਿਆਂ ਭਗਵਾਨ ਸ਼ਿਵ ਦੇ ਦਰਸ਼ਨਾ ਲਈ ਰਣੀਕੇ ਜਾਣ ਵਾਲੀ ਸੰਗਤਾ ਦਾ ਹੜ੍ਹ ਬਰਨਾਲਾ-ਧੂਰੀ ਰੋਡ ਤੇ ਵੇਖਣ ਨੂੰ ਮਿਲਿਆ। ਜਿੱਥੇ ਐਸ ਬੀ ਐਸ ਪਬਲਿਕ ਸਕੂਲ ਦੀ ਸਮੁੱਚੀ ਮੈਨੇਜਮੈਂਟ ਵੱਲੋਂ ਆਉਣ-ਜਾਣ ਵਾਲੀਆਂ ਸੰਗਤਾ ਲਈ ਫਲ ਅਤੇ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ। ਸਕੂਲ ਵੱਲੋਂ ਲੰਗਰ ਸਵੇਰੇ 09 ਵਜੇ ਸ਼ੁਰੂ ਕੀਤਾ ਗਿਆ ਜਿਸ ਦੀ ਸੇਵਾ ਵਿੱਚ ਸਕੂਲ ਅਧਿਆਪਕ ਅਤੇ ਬੱਚਿਆਂ ਨੇ ਵੱਧ ਚੜ੍ਹ ਹਿੱਸਾ ਲਿਆ। ਆਉਣ ਜਾਣ ਵਾਲੀਆਂ ਸੰਗਤਾਂ ਨੇ ਬੜੀ ਹੀ ਸ਼ਰਧਾ ਨਾਲ ਲੰਗਰ ਛਕਿਆ। ਸਕੂਲੀ ਬੱਚਿਆਂ ਵੱਲੋਂ ਭਗਵਾਨ ਸ਼ਿਵ ਦੀ ਮਹਿਮਾ ਦੇ ਗੁਣਗਾਣ ਗਾ ਸੰਗਤਾ ਨੂੰ ਮਹਾਸ਼ਿਵਰਾਤਰੀ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਕਮਲਜੀਤ ਕੌਰ ਅਤੇ ਵਾਈਸ ਪ੍ਰਿੰਸੀਪਲ ਡਾ. ਸੰਜੇ ਕੁਮਾਰ ਵੱਲੋਂ ਸਾਰਿਆਂ ਨੂੰ ਸ਼ਿਵਰਾਤਰੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਧਰਮ ਦਾ ਅਰਥ ਹੈ ਜੋੜਨਾ ਇਸ ਲਈ ਸਾਨੂੰ ਧਰਮਾਂ ਦੇ ਫਿਰਕੂਪਣੇ ਤੋਂ ਉੱਪਰ ਉੱਠ ਕੇ ਸਭ ਧਰਮਾ ਦਾ ਸਤਿਕਾਰ ਕਰਨਾ ਚਾਹੀਦਾ ਹੈ। ਇਸ ਮੌਕੇ ਨਰਾਇਣ ਗਰਗ, ਮਨਪ੍ਰੀਤ ਸਿੰਘ ਦਿਉਲ, ਗੁਰਮੇਲ ਸਿੰਘ ਅਤੇ ਹੋਰ ਸਟਾਫ ਮੌਜੂਦ ਸੀ।

# ਸਰਬੱਤ ਦਾ ਭਲਾ ਟਰੱਸਟ ਨੇ ਲੋੜਵੰਦ ਵਿਧਵਾਵਾਂ ਅਤੇ ਅਪਾਹਜਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਚੈੱਕ : ਸਿੱਧੂ



ਬਰਨਾਲਾ, 16 ਫਰਵਰੀ (ਬਘੇਲ ਸਿੰਘ ਧਾਲੀਵਾਲ) : ਅੱਜ ਸਥਾਨਕ ਗੁਰੂ ਘਰ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਵਿੱਖੇ 168 ਲੋੜਵੰਦ ਵਿਧਵਾਵਾਂ ਅਤੇ ਅਪਾਹਜਾ ਨੂੰ ਮਹੀਨਾਵਾਰ ਪੈਨਸ਼ਨ ਚੈੱਕ ਵੰਡੇ ਗਏ ਅਤੇ ਦਸ ਗਰੀਬ ਮਰੀਜਾ ਨੂੰ ਇਲਾਜ ਕਰਵਾਉਣ ਲਈ ਚੈੱਕ ਰਾਹੀਂ ਰਾਸ਼ੀ ਪ੍ਰਦਾਨ ਕੀਤੀ ਗਈ ਇਹ ਜਾਣਕਾਰੀ ਸੰਸਥਾ ਦੇ ਬਰਨਾਲਾ ਜ਼ਿਲ੍ਹਾ ਦੇ ਪ੍ਰਧਾਨ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਇਕ ਪ੍ਰੈਸ ਨੋਟ ਜਾਰੀ ਕਰਕੇ ਦੱਸਿਆ ਕਿ ਹਰ ਮਹੀਨੇ ਸਾਡੀ ਸੰਸਥਾ ਜਿਸ ਦੇ ਬਾਨੀ ਡਾਕਟਰ ਐਸ ਪੀ ਸਿੰਘ ਉਬਰਾਏ ਹਨ ਵੱਲੋਂ ਇਹ ਮੱਦਦ ਸਰਕਾਰੀ ਪੈਨਸ਼ਨ ਤੋਂ ਇਲਾਵਾ ਕੀਤੀ ਜਾਂਦੀ ਹੈ ਅਤੇ ਵੱਡੀ ਤਦਾਦ ਵਿੱਚ ਸਰਕਾਰੀ ਸਕੂਲਾਂ ਕਾਲਜਾਂ ਵਿੱਚ ਸਾਫ ਪਾਣੀ ਬੱਚਿਆਂ ਨੂੰ ਮੁਹੱਈਆ ਕਰਵਾਉਣ ਲਈ ਵਾਟਰ ਫਿਲਟਰ ਲਾਏ ਜਾਂਦੇ ਹਨ ਦੋ ਨਵੇਂ ਗਰੀਬ ਕੁੜੀਆ ਨੂੰ ਸਿਲਾਈ ਸਿਖਾਉਣ ਲਈ ਸੈਂਟਰ ਖੋਲ੍ਹੇ ਗਏ ਹਨ ਅਤੇ ਉਹਨਾਂ ਨੂੰ ਸਿਖਲਾਈ ਸਿਖਾਉਣ ਉਪਰੰਤ ਸਰਟੀਫਿਕੇਟ ਭੀ ਦਿੱਤੇ ਜਾਂਦੇ ਹਨ।ਸਿੱਧੂ ਨੇ ਦੱਸਿਆ ਕਿ ਸਾਡੀ ਸੰਸਥਾ ਗਰੀਬ ਲੋੜਵੰਦਾ ਦੀ ਬਾਂਹ ਫੜਨ ਲਈ ਹਮੇਸ਼ਾ ਤਤਪਰ ਰਹਿੰਦੀ ਹੈ ਇਸ ਮੌਕੇ ਗੁਰਜੰਟ ਸਿੰਘ ਸੋਨਾ ਜਥੇਦਾਰ ਗੁਰਮੀਤ ਸਿੰਘ ਧੌਲਾ ਸੂਬੇਦਾਰ ਗੁਰਜੰਟ ਸਿੰਘ ਸੂਬੇਦਾਰ ਸਵਰਨਜੀਤ ਸਿੰਘ ਭੰਗੂ ਹੌਲਦਾਰ ਬਸੰਤ ਸਿੰਘ ਉੱਗੋਕੇ ਕੁਲਵਿੰਦਰ ਸਿੰਘ ਕਾਲਾ ਗੁਰਦੇਵ ਸਿੰਘ ਮੱਕੜ ਆਦਿ ਸੰਸਥਾ ਦੇ ਮੈਂਬਰ ਹਾਜ਼ਰ ਸਨ।

# ਬੀ.ਵੀ.ਐਮ. ਇੰਟਰਨੈਸ਼ਨਲ ਸਕੂਲ ਨੇ ਪਲੇਵੇਅ ਕਲਾਸ ਦੇ ਵਿਦਿਆਰਥੀਆਂ ਨੂੰ 'ਰਿੰਗ ਗੇਮ ਗਤੀਵਿਧੀ' ਕਰਵਾਈ



ਬਰਨਾਲਾ, 16 ਫ਼ਰਵਰੀ (ਇਸ਼ੇਨ ਕੰਗ) : ਬੀਵੀਐਮ ਇੰਟਰਨੈਸ਼ਨਲ ਸਕੂਲ, ਬਰਨਾਲਾ ਵਿਖੇ ਪਲੇਵੇਅ ਕਲਾਸ ਦੇ ਛੋਟੇ ਵਿਦਿਆਰਥੀਆਂ ਲਈ ਇੱਕ ਬਹੁਤ ਹੀ ਦਿਲਚਸਪ ਅਤੇ ਵਿਦਿਅਕ 'ਰਿੰਗ ਗੇਮ ਗਤੀਵਿਧੀ' ਦਾ ਆਯੋਜਨ ਕੀਤਾ ਗਿਆ। ਇਸ ਗਤੀਵਿਧੀ ਦਾ ਉਦੇਸ਼ ਬੱਚਿਆਂ ਵਿੱਚ ਤਾਲਮੇਲ ਹੁਨਰ, ਇਕਾਗਰਤਾ, ਟੀਚਾ ਨਿਰਧਾਰਤ ਕਰਨ ਦੀ ਯੋਗਤਾ ਅਤੇ ਮੋਟਰ ਹੁਨਰਾਂ ਦਾ ਵਿਕਾਸ ਕਰਨਾ ਸੀ। ਉਸ ਦਿਨ ਸਕੂਲ ਦਾ ਕਲਾਸਰੂਮ ਖੁਸ਼ੀ, ਉਤਸ਼ਾਹ ਅਤੇ ਰੰਗਾਂ ਦੀ ਖੇਡ ਨਾਲ ਭਰਿਆ ਹੋਇਆ ਜਾਪਦਾ ਸੀ। ਇਹ ਖੇਡ ਸਿਰਫ਼ ਮਨੋਰੰਜਨ ਤੱਕ ਸੀਮਤ ਨਹੀਂ ਸੀ, ਸਗੋਂ ਇਹ ਬੱਚਿਆਂ ਦੇ ਸਰਵਪੱਖੀ ਵਿਕਾਸ ਵੱਲ ਇੱਕ ਸ਼ਕਤੀਸ਼ਾਲੀ ਪਹਿਲ ਸੀ। ਸਕੂਲ ਚੇਅਰਮੈਨ ਸ਼੍ਰੀ ਪ੍ਰਮੋਦ ਅਰੋੜਾ, ਡਾਇਰੈਕਟਰ ਸ਼੍ਰੀਮਤੀ ਗੀਤਾ ਅਰੋੜਾ, ਸ਼੍ਰੀ ਨਿਖਿਲ ਅਰੋੜਾ ਅਤੇ ਸ਼੍ਰੀਮਤੀ ਨੇਹੁਲ ਅਰੋੜਾ , ਇਸ ਪਹਿਲਕਦਮੀ ਦੀ ਪ੍ਰਸ਼ੰਸਾ ਕਰਦੇ ਹੋਏ, ਉਨ੍ਹਾਂ ਕਿਹਾ ਕਿ ਬੀਵੀਐਮ ਇੰਟਰਨੈਸ਼ਨਲ ਸਕੂਲ ਹਮੇਸ਼ਾ ਨਵੀਨਤਾਕਾਰੀ ਅਤੇ ਪ੍ਰਭਾਵਸ਼ਾਲੀ ਸਿੱਖਿਆ ਵਿਧੀਆਂ ਅਪਣਾਉਣ ਲਈ ਵਚਨਬੱਧ ਹੈ। ਸਕੂਲ ਦੀ ਪ੍ਰਿੰਸੀਪਲ, ਸ਼੍ਰੀਮਤੀ ਮਨਿੰਦਰਜੀਤ ਕੌਰ ਧਾਲੀਵਾਲ ਨੇ ਇਸ ਮੌਕੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ, ਮੁਢਲੀਆਂ ਜਮਾਤਾਂ ਵਿੱਚ ਖੇਡ-ਅਧਾਰਤ ਸਿੱਖਿਆ ਬਹੁਤ ਮਹੱਤਵਪੂਰਨ ਹੈ। ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਵਿਕਾਸ ਦੀ ਨੀਂਹ ਰੱਖਦੀਆਂ ਹਨ। ਅਸੀਂ ਚਾਹੁੰਦੇ ਹਾਂ ਕਿ ਸਾਡੇ ਵਿਦਿਆਰਥੀ ਖੇਡ ਰਾਹੀਂ ਸਿੱਖਣ ਅਤੇ ਆਤਮਵਿਸ਼ਵਾਸ ਨਾਲ ਅੱਗੇ ਵਧਣ।



# ਪਟਿਆਲਾ-ਆਸ/ਪਾਸ



## ਪੰਜਾਬ ਰਾਜ ਹਿਊਮਨ ਰਾਇਟਸ ਕਮਿਸ਼ਨ ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਮਲੇਰਕੋਟਲਾ ਪਹੁੰਚੇ

### ➢ਜਨ-ਸੰਮੇਲਨ ਦੌਰਾਨ ਅਵਾਮ ਦੀਆਂ ਸ਼ਿਕਾਇਤਾਂ ਸੁਣੀਆਂ



ਮਲੇਰਕੋਟਲਾ, 16 ਫਰਵਰੀ (ਬਲਜੀਤ ਸਿੰਘ ਟਿੱਬਾ): ਪੰਜਾਬ ਰਾਜ ਹਿਊਮਨ ਰਾਇਟਸ ਕਮਿਸ਼ਨ ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਬਾਅਦ ਦੁਪਹਿਰ ਮਾਲੇਰਕੋਟਲਾ ਵਿਖੇ ਵਾਰਿਸਾਨ-ਏ-ਨਵਾਬ ਸ਼ੇਰ ਮੁਹੰਮਦ ਖਾਨ ਵਿਰਸਾ ਸੰਭਾਲ ਕਮੇਟੀ ਵੱਲੋਂ ਆਯੋਜਿਤ ' ਜਨ ਸੰਮੇਲਨ ' ਦੌਰਾਨ ਮਾਲੇਰਕੋਟਲਾ ਅਵਾਮ ਦੀਆਂ ਸ਼ਿਕਾਇਤਾਂ ਸੁਣਨ ਅਤੇ ਮਨੁੱਖੀ ਅਧਿਕਾਰ ਪ੍ਰਤੀ ਅਵਾਮ ਨੂੰ ਜਾਗਰੂਕ ਕਰਨ ਲਈ ਪੁੱਜੇ। ਇਸ ਮੌਕੇ ਮਾਣਯੋਗ ਮੈਂਬਰ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਵੱਲੋਂ ਸਿਵਲ ਤੇ ਪੁਲਿਸ ਅਧਿਕਾਰੀਆਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ, ਮਨੁੱਖੀ ਅਧਿਕਾਰਾਂ ਲਈ ਕੰਮ ਕਰ ਰਹੀਆਂ ਜਥੇਬੰਦੀਆਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ, ਐਸ.ਪੀ (ਐਚ) ਗੁਰਸ਼ਰਨਜੀਤ ਸਿੰਘ, ਐਸ.ਡੀ.ਐਮ. ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ, ਐਸ.ਡੀ.ਐਮ ਅਮਰਗੜ੍ਹ ਸੁਰਿੰਦਰ ਕੌਰ, ਜ਼ਿਲ੍ਹਾ ਮਾਲ ਅਫਸਰ ਮਨਦੀਪ ਕੌਰ, ਕਾਰਜ ਸਾਧਕ ਅਫਸਰ ਚੰਦਰ ਪ੍ਰਕਾਸ਼ ਵਧਵਾ,ਸਿਵਲ ਸਰਜਨ ਰਮਨਦੀਪ ਕੁਮਾਰ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਜੋਤੀ ਕਪੂਰ, ਜ਼ਿਲਾ ਸਮਾਜਿਕ ਸੁਰੱਖਿਆ ਅਫਸਰ ਡਾ. ਲਵਲੀਨ ਬੜਿੰਗ, ਤਹਿਸੀਲ ਸਮਾਜਿਕ ਨਿਆ ਅਧਿਕਾਰਤਾ ਅਫ਼ਸਰ ਹਰਪ੍ਰੀਤ ਸਿੰਘ, ਬੀ.ਡੀ.ਪੀ.ਓ ਜਸਮਿੰਦਰ ਸਿੰਘ, ਬੀ.ਡੀ.ਪੀ.ਓ ਬਬਲਜੀਤ ਕੌਰ, ਐਕਸ਼ੀਅਨ ਪੀ.ਐਸ.ਪੀ.ਸੀ.ਐਲ ਇੰਜੀ. ਹਰਵਿੰਦਰ ਸਿੰਘ ਤੋਂ ਇਲਾਵਾ ਵੱਖ- ਵੱਖ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ। ਮੀਟਿੰਗ ਦੌਰਾਨ ਮਾਣਯੋਗ ਮੈਂਬਰ ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਸੂਰਤ ਵਿਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਹੈ ਕਿ ਹਰ ਨਾਗਰਿਕ ਨੂੰ ਸੰਵਿਧਾਨ ਅਨੁਸਾਰ ਪ੍ਰਾਪਤ ਮੌਲਿਕ ਅਧਿਕਾਰਾਂ ਦੀ ਪੂਰੀ ਸੁਰੱਖਿਆ ਮਿਲੇ ਅਤੇ ਕਿਸੇ ਵੀ ਤਰ੍ਹਾਂ ਦੀ ਵਧੀਕੀ ਨਾ ਹੋਵੇ।ਉਨ੍ਹਾਂ ਅੱਗੇ ਕਿਹਾ ਕਿ ਕਮਿਸ਼ਨ ਵੱਲੋਂ ਹਰ ਜ਼ਿਲ੍ਹੇ ਵਿਚ 15-15 ਵਿਅਕਤੀਆਂ ਦਾ ਕੋਰ ਗਰੁੱਪ ਬਣਾਇਆ ਜਾ ਰਿਹਾ ਹੈ, ਜੋ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਕੰਮ ਕਰਨਗੇ ਅਤੇ ਕਮਿਸ਼ਨ ਨਾਲ ਸਬੰਧਤ ਸ਼ਿਕਾਇਤਾਂ ਤੇ ਸਮੱਸਿਆਵਾਂ ਧਿਆਨ ਵਿਚ ਲਿਆਉਣਗੇ। ਇਹ ਮੈਂਬਰ ਗੈਰ ਸਿਆਸੀ ਹੋਣਗੇ ਤੇ 19 ਫਰਵਰੀ ਤੱਕ ਬਿਨੈ-ਪੱਤਰ ਦਿੱਤੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ 28 ਫਰਵਰੀ ਨੂੰ ਸਮੁੱਚੇ ਪੰਜਾਬ ਵਿੱਚ ਕੋਰ ਗਰੁੱਪ ਦੀ ਸੂਚੀ ਜਾਰੀ ਕਰ ਦਿੱਤੀ ਜਾਵੇਗੀ। ਮੀਟਿੰਗ ਦੌਰਾਨ ਕਾਰਜ ਸਾਧਕ ਅਫ਼ਸਰ ਨੂੰ ਹਦਾਇਤ ਕੀਤੀ ਕਿ ਜਲਦ ਤੋਂ ਜਲਦ ਬੱਸ ਸਟੈਂਡ ਨੇੜੇ ਕੂੜੇ ਦੇ ਡੰਪ ਨੂੰ ਖਤਮ ਕੀਤਾ ਜਾਵੇ ਅਤੇ ਸ਼ਹਿਰ ਦੇ ਸੀਵਰੇਜ ਸਿਸਟਮ ,ਸਿਵਲ ਸਹੂਲਤਾਵਾਂ ਵਿੱਚ ਤੁਰੰਤ ਸੁਧਾਰ ਲਿਆਉਣ ਦੀ ਹਦਾਇਤ ਵੀ ਕੀਤੀ। ਇਸ ਮੌਕੇ ਵਾਰਿਸਾਨ-ਏ ਨਵਾਬ ਸੇਰ ਮੁਹੰਮਦ ਖ਼ਾਨ ਵਿਰਸਾ ਸੰਭਾਲ ਕਮੇਟੀ ਦੇ ਚੇਅਰਮੈਨ ਨਦੀਮ ਅਨਵਾਰ ਖਾਨ, ਸਾਬਕਾ ਐਮ.ਐਲ.ਏ ਨੁਸਰਤ ਇਤਰਾਮ ਖ਼ਾਨ ਬੱਗਾ, ਸ਼ਹਿਬਾਜ ਰਾਣਾ, ਸੁਹੇਬ ਅਹਿਮਦ ਖ਼ਾਨ ਸੈਬੀ , ਮਹੰਤ ਸਵਰੂਪ ਬਿਹਾਰੀ ਸ਼ਰਨ, ਪਰਦੀਨ ਖ਼ਾਨ, ਨਜ਼ੀਰ ਰਾਵਤ,ਜਮੀਰ ਅਲੀ ਜਮੀਰ, ਐਡਵੋਕੇਟ ਗੁਲਾਮ ਸਾਹਿਬ ਪ੍ਰਧਾਨ ਏਕਤਾ ਹੈਂਡੀਕੈਪਡ ਐਂਡ ਵਿਧਵਾ ਵੈੱਲਫੇਅਰ ਸੋਸਾਇਟੀ ਮਹਿਮੂਦ ਅਹਿਮਦ ਥਿੰਦ ਤੋਂ ਇਲਾਵਾ ਹੋਰ ਸ਼ਹਿਰ ਨਿਵਾਸੀ ਵੀ ਮੌਜੂਦ ਸਨ।

## ਤੇਜ਼ ਰਫ਼ਤਾਰ ਮੋਟਰਸਾਈਕਲ ਦੀ ਟੱਕਰ ਨਾਲ ਮੌਤ




ਘਨੌਰ, 16 ਫਰਵਰੀ (ਮਦਨ ਲਾਲ) : ਥਾਣਾ ਸ਼ੰਭੂ ਪੁਲਿਸ ਕੋਲ ਮਨਜੀਤ ਰਾਮ ਪੁੱਤਰ ਸੁਰੇਸ਼ ਕੁਮਾਰ ਰਾਮ ਵਾਸੀ ਪਿੰਡ ਮਕਰੀ ਥਾਣਾ ਬਿਹਾਰਗੰਜ ਜ਼ਿਲ੍ਹਾ ਮਧੇਪੁਰਾ ਬਿਹਾਰ ਨੇ ਮੋਟਰਸਾਈਕਲ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਭਰਾ ਰਣਜੀਤ ਰਾਮ, ਜੋ ਕਿ ਬਾ-ਹੱਦ ਪਿੰਡ ਮਰਦਾਪੁਰ ਪਾਸ ਪੈਦਲ ਜਾ ਰਿਹਾ ਸੀ ਤਾ ਅਣਪਛਾਤੇ ਡਰਾਈਵਰ ਨੇ ਆਪਣਾ ਮੋਟਰਸਾਈਕਲ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਦੇ ਭਰਾ ਵਿੱਚ ਮਾਰਿਆ, ਜੋ ਐਕਸੀਡੈਂਟ ਵਿੱਚ ਉਸ ਦੇ ਭਰਾ ਦੀ ਦੌਰਾਨੇ ਇਲਾਜ ਮੌਤ ਹੋ ਗਈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਤਿੰਨ ਰੋਜ਼ਾ ਸੂਫ਼ੀ ਫੈਸਟੀਵਲ ਤੇ ਪੰਜਾਬ ਸਖੀ ਸ਼ਕਤੀ ਮੇਲਾ ਅਮਿੱਟ ਯਾਦਾਂ ਛੱਡਦਾ ਸੰਪੰਨ

### ➢ਸੂਫ਼ੀ ਫੈਸਟੀਵਲ ਦੌਰਾਨ ਅਲੀ ਜੈਨ, ਕਮਲ ਖਾਨ ਅਤੇ ਸਲਾਮਤ ਅਲੀ ਸਮੇਤ ਫ਼ਨਕਾਰਾਂ ਨੇ ਕੀਤਾ ਲੋਕਾਂ ਦਾ ਮਨੋਰੰਜਨ



ਮਲੇਰਕੋਟਲਾ, 16 ਫਰਵਰੀ (ਬਲਜੀਤ ਸਿੰਘ ਟਿੱਬਾ) : ਪੰਜਾਬ ਸਰਕਾਰ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਹਿਯੋਗ ਨਾਲ ਅਤੇ ਪੇਂਡੂ ਵਿਕਾਸ ਤੇ ਪੰਚਾਇਤਾਂ, ਉਦਯੋਗ ਅਤੇ ਵਣਜ ਵਿਭਾਗ ਵੱਲੋਂ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ ਆਯੋਜਿਤ ਤਿੰਨ ਰੋਜ਼ਾ ਸੂਫ਼ੀ ਫੈਸਟੀਵਲ ਅਤੇ ਪੰਜਾਬ ਸਖੀ ਸ਼ਕਤੀ ਮੇਲਾ ਮਾਲੇਰਕੋਟਲਾ ਵਾਸੀਆਂ ਦੇ ਦਿਲਾਂ ਵਿੱਚ ਅਮਿੱਟ ਯਾਦਾਂ ਛੱਡਦੇ ਹੋਏ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋਇਆ। ਸਮਾਗਮ ਨੇ ਸੂਫ਼ੀ ਰਿਵਾਇਤਾਂ, ਲੋਕ ਵਿਰਾਸਤ ਅਤੇ ਮਹਿਲਾ ਸਸ਼ਕਤੀਕਰਨ ਦਾ ਸੁੰਦਰ ਮਿਲਾਪ ਪੇਸ਼ ਕੀਤਾ। ਆਖ਼ਰੀ ਦਿਨ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਐਸ.ਐਸ.ਪੀ. ਗਗਨ ਅਜੀਤ ਸਿੰਘ, ਐਸ.ਡੀ.ਐਮ. ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ, ਐਸ.ਡੀ.ਐਮ ਅਮਰਗੜ੍ਹ ਸੁਰਿੰਦਰ ਕੌਰ, ਜ਼ਿਲ੍ਹਾ ਮਾਲ ਅਫ਼ਸਰ ਮਨਦੀਪ ਕੌਰ, ਸੀ.ਡੀ.ਪੀ.ਓ ਪਵਨ ਕੁਮਾਰ, ਵਿਧਾਇਕ ਮਾਲੇਰਕੋਟਲਾ ਦੀ ਸਰੀਕ-ਏ-ਹਯਾਤ ਫਰਿਆਲ ਰਹਿਮਾਨ, ਕੋਆਰਡੀਨੇਟਰ ਯੂਥ ਵਿੰਗ ਹਲਕਾ ਮਾਲੇਰਕੋਟਲਾ ਏ.ਕੇ.ਵਾਈ. ਮੂਨਿਸ ਰਹਿਮਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਜ਼ਿਲਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ। ਵਿਧਾਇਕ ਰਹਿਮਾਨ ਨੇ ਜ਼ਿਲਾ ਵਾਸੀਆਂ ਨੂੰ ਸੰਦੇਸ਼ ਦਿੰਦਿਆਂ ਕਿਹਾ ਹੈ ਕਿ ਸ. ਭਗਵੰਤ ਸਿੰਘ ਦੀ ਅਗਵਾਈ ਹੇਠ ਸਰਕਾਰ ਰੰਗਲੇ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ। ਉਨ੍ਹਾਂ ਮਾਲੇਰਕੋਟਲਾ ਦੀ ਧਰਤੀ ਨੂੰ ਸੂਫ਼ੀ ਪਰੰਪਰਾਵਾਂ ਅਤੇ ਭਾਈਚਾਰਕ ਸਾਂਝ ਦੀ ਧਰਤੀ ਕਰਾਰ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਨਵੀਂ ਪੀੜ੍ਹੀ ਨੂੰ ਸਾਂਝੀਵਾਲਤਾ ਦੀਆਂ ਕਦਰਾਂ ਕੀਮਤਾਂ ਬਾਰੇ ਜਾਣੂ ਕਰਵਾਉਂਦੇ ਹਨ।ਸੂਫ਼ੀ ਫੈਸਟੀਵਲ ਦੌਰਾਨ ਮਸ਼ਹੂਰ ਫ਼ਨਕਾਰਾਂ ਅਲੀ ਜ਼ੈਨ, ਕਮਲ ਖਾਨ ਅਤੇ ਸਲਾਮਤ ਅਲੀ ਨੇ ਆਪਣੀ ਰੂਹਾਨੀ ਪੇਸ਼ਕਾਰੀਆਂ ਨਾਲ ਦਰਸ਼ਕਾਂ ਨੂੰ ਮੋਹ ਲਿਆ। ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਸਮਾਗਮ ਦੀ ਸਫਲਤਾ ਲਈ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਸ਼ਹਿਰ ਵਾਸੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ।

## ਦਾਜ ਲਈ ਤੰਗ ਕਰਨ 'ਤੇ ਮਾਮਲਾ ਦਰਜ

ਪਟਿਆਲਾ, 16 ਫਰਵਰੀ (ਵਿਨੋਦ ਸ਼ਰਮਾ) : ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਸਬੀਨਾ ਪੁੱਤਰੀ ਸੀਤਾਰ ਮੁਹੰਮਦ ਵਾਸੀ ਵਾਰਡ ਨੰ. 12 ਨਵਾਂ ਗਾਉ ਜ਼ਿਲ੍ਹਾ ਮੋਹਾਲੀ ਨੇ ਕਥਿਤ ਦੋਸ਼ੀ ਸੰਦੀਪ ਖਾਨ ਪੁੱਤਰ ਜੀਤ ਖਾਨ ਵਾਸੀ ਦੀਵਾਨ ਸਿੰਘ ਵਾਲਾ ਸਨੌਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਵਿਆਹ ਮਿਤੀ 9-10-21 ਨੂੰ ਕਥਿਤ ਦੋਸ਼ੀ ਨਾਲ ਹੋਇਆ ਸੀ, ਜੋ ਵਿਆਹ ਤੋਂ ਬਾਅਦ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਿਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਐਸ.ਐਸ.ਟੀ. ਨਗਰ ਸਥਿਤ ਸ੍ਰੀ ਨੈਣਾ ਦੇਵੀ ਮੰਦਰ 'ਚ ਮਹਾਂਸ਼ਿਵਰਾਤਰੀ ਦਾ ਤਿਉਹਾਰ ਮਨਾਇਆ



ਪਟਿਆਲਾ, 16 ਫਰਵਰੀ (ਚ.ਨ.ਸ.) :ਐਸਐਸਟੀ ਨਗਰ ਸਥਿਤ ਸ਼੍ਰੀ ਨੈਣਾ ਦੇਵੀ ਜੀ ਦੇ ਪ੍ਰਾਚੀਨ ਮੰਦਰ ਵਿੱਚ ਪ੍ਰਧਾਨ ਵਿਮਲ ਸ਼ਰਮਾ, ਸਕੱਤਰ ਰਵੀ ਠਾਕੁਰ ਅਤੇ ਕੈਸ਼ੀਅਰ ਯੁਵਰਾਜ ਗਰਗ ਦੀ ਦੇਖ-ਰੇਖ ਹੇਠ ਮਹਾਸ਼ਿਵਰਾਤਰੀ ਦਾ ਤਿਉਹਾਰ ਮਨਾਇਆ ਗਿਆ। ਪ੍ਰਾਚੀਨ ਮੰਦਰ ਮਾਤਾ ਸ਼੍ਰੀ ਨੈਣਾ ਦੇਵੀ ਦੇ ਟਰੱਸਟੀ ਸੋਹਿੰਦਰ ਕਾਂਸਲ ਨੇ ਕਿਹਾ ਕਿ ਇਸ ਮੌਕੇ 'ਤੇ ਮਹਾਸ਼ਿਵਰਾਤਰੀ ਦਾ ਤਿਉਹਾਰ 8 ਦਿਨ ਪਹਿਲਾਂ ਸ਼ੁਰੂ ਹੋਇਆ ਸੀ, ਜਿਸ ਵਿੱਚ ਸਭ ਤੋਂ ਪਹਿਲਾਂ ਮੰਦਰ ਦੇ ਟਰੱਸਟੀਆਂ ਵੱਲੋਂ ਮਹਾਸ਼ਿਵਪੁਰਾਣ ਕਥਾ ਦੀ ਸ਼ੁਰੂਆਤ ਕੀਤੀ ਗਈ ਸੀ। ਨਗਰ ਕੌਂਸਲਰ ਮੁਕਤਾ ਗੁਪਤਾ, ਸਰਪ੍ਰਸਤ ਜੈ ਭੂਸ਼ਨ ਮਲਿਕ, ਸੀਨੀਅਰ ਮੀਤ ਪ੍ਰਧਾਨ ਜਸਪਾਲ ਗੁਪਤਾ, ਪ੍ਰਿੰਸੀਪਲ ਡਾ.ਅੰਕੁਸ਼ ਕਾਂਸਲ, ਹਰਿੰਦਰ ਕੋਹਲੀ ਸੀਨੀਅਰ ਡਿਪਟੀ ਮੇਅਰ, ਸੌਰਭ ਗੁਪਤਾ ਨੇ ਵਿਸ਼ੇਸ਼ ਪੂਜਾ ਅਰਚਨਾ ਕੀਤੀ। ਇਸ ਤੋਂ ਬਾਅਦ, ਅੱਜ ਰਾਤ ਚਾਰ ਪਿਹਰ ਦੀ ਪੂਜਾ ਹੋਵੇਗੀ ਅਤੇ ਮਹਾਸ਼ਿਵਰਾਤਰੀ ਦਾ ਤਿਉਹਾਰ ਕੱਲ੍ਹ ਸਵੇਰੇ ਹਵਨ ਤੋਂ ਬਾਅਦ ਸਮਾਪਤ ਹੋਵੇਗਾ। ਰਾਜਕੁਮਾਰ ਕਾਕਰੀਆ, ਪ੍ਰੀਤੀ ਸ਼ਰਮਾ, ਸੰਜੀਵ ਨੰਦਾ, ਸੀ.ਐਮ ਪਾਂਧੀ, ਅਵਿਨਾਸ਼ ਗੁਪਤਾ, ਸੀ.ਵੀ. ਅਗਰਵਾਲ, ਮਹਿੰਦਰ ਮਿੱਤਲ, ਮੋਹਿਤ ਕੁਮਾਰ, ਮਨੋਜ ਆਹੂਜਾ ਲਕਸ਼ਮੀ ਭੁਜੀਆ, ਸੁਸ਼ੀਲ ਕੁਮਾਰ, ਅਨੇਜਾ ਸਵੀਟਸ ਅਤੇ ਹੋਰ ਬਹੁਤ ਸਾਰੇ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ । ਸਰੋਜ ਕਾਂਸਲ, ਅੰਜੂ ਜੈਨ, ਸੀਮਾ ਠਾਕੁਰ, ਪ੍ਰੇਮ ਕਾਕਰੀਆ, ਰਿੰਪਲ, ਰਮਨ ਸ਼ਰਮਾ ਸਮੇਤ ਸੁੰਦਰਕਾਂਡ ਮਹਿਲਾ ਮੰਡਲ ਐਸ.ਐਸ.ਟੀ ਨਗਰ ਪਟਿਆਲਾ ਦੀਆਂ ਔਰਤਾਂ ਨੇ ਭੋਲੇ ਨਾਥ ਦੇ ਭਜਨ ਗਾਏ, ਜਿਸ ਨਾਲ ਹਾਜ਼ਰ ਸ਼ਰਧਾਲੂ ਖੂਬ ਨੱਚਣ ਲੱਗੇ। ਮੰਦਰ ਕਮੇਟੀ ਨੇ ਆਏ ਸਾਰੇ ਸ਼ਰਧਾਲੂਆਂ ਦਾ ਧੰਨਵਾਦ ਕੀਤਾ।

## ਸ਼ੋਭਾ ਯਾਤਰਾ ਦੌਰਾਨ ਮੇਅਰ ਦਾ ਸਨਮਾਨ



ਪਟਿਆਲਾ, 16 ਫਰਵਰੀ (ਚ.ਨ.ਸ.) : ਹਿਊਮਨ ਸਰਵਿਸ ਸੁਸਾਇਟੀ ਤੇ ਜੈ ਭੀਮ ਆਟੋ ਯੂਨੀਅਨ ਵੱਲੋਂ ਪੁਰਾਣਾ ਬੱਸ ਸਟੈਂਡ ਵਿਖੇ ਅਤੁੱਟ ਲੰਗਰ ਤੇ ਸ਼ੋਭਾ ਯਾਤਰਾ ਤੇ ਆਉਣ ਵਾਲਿਆਂ ਟਰਾਲੀਆਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਮਹਾ ਸ਼ਿਵਰਾਤਰੀ ਦੀ ਖੁਸ਼ੀ ਵਿੱਚ ਸ਼ੋਭਾ ਯਾਤਰਾ ਦੀ ਸਵਾਗਤ ਪੁਰਾਣਾ ਬਸ ਸਟੈਂਡ ਮੇਨ ਚੌਕ ਵਿੱਚ ਹਿਊਮਨ ਸਰਵਿਸ ਸੋਸਾਇਟੀ ਤੇ ਜੈ ਭੀਮ ਆਟੋ ਯੂਨੀਅਨ ਵੱਲੋਂ ਆਇਸ ਕਰੀਮ, ਚਾਵਲ, ਕੌਫੀ, ਭੰਗ ਦੇ ਪਕੌੜੇ ਤੇ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਤੇ ਸਟੇਜ ਤੇ ਵੱਖ-ਵੱਖ ਧਾਰਮਿਕ, ਰਾਜਨੀਤਿਕ, ਸਮਾਜ ਸੇਵਾ ਸੰਸਥਾ ਅਤੇ ਟਰਾਲੀਆਂ ਵਿੱਚ ਆਉਣ ਵਾਲੀਆਂ (ਝਾਕੀਆਂ) ਨੂੰ ਸਨਮਾਨ ਚਿੰਨ ਤੇ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਵਿਸ਼ੇਸ਼ ਤੌਰ 'ਤੇ ਮੇਅਰ ਕੁੰਦਨ ਗੋਗੀਆ, ਸਾਬਕਾ ਮੇਅਰ ਸੰਜੀਵ ਬਿੱਟੂ, ਸਾਬਕਾ ਮੇਅਰ ਇੰਦਰ ਮੋਹਨ ਸਿੰਘ ਬਜਾਜ, ਐਸ.ਐਚ.ਓ. ਸਪੈਸ਼ਲ ਸੈਲ ਪਵਨ ਕੁਮਾਰ, ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ,ਸ਼ੰਭੂ, ਪ੍ਰਧਾਨ ਨਵਾਂ, ਪ੍ਰਧਾਨ ਰਾਜੇਸ਼ ਕੇਅਰ ਕਾਲੀ ਮਾਤਾ ਮੰਦਿਰ, ਸ਼ਸ਼ੀ, ਬਿੱਟੂ , ਵਿਸ਼ਾਲ, ਵਿਨੇ ਕੁਮਾਰ, ਦੀਪਕ, ਭੋਲਾ, ਰਤਨ ਮੱਟੂ ਐਸ.ਸੀ. ਸੈਲ, ਚੇਅਰਮੈਨ ਕਰਮਜੀਤ ਲਚਕਾਣੀ, ਸੂਰਜ ਸ਼ਰਮਾ, ਵਿਸ਼ਾਲ ਸ਼ਰਮਾ ਤੇ ਸਾਰੀ ਟੀਮ ਨੇ ਮਿਲ ਕੇ ਮਹਾਸ਼ਿਵਰਾਤਰੀ ਦੇ ਸ਼ੁਭ ਮੌਕੇ 'ਤੇ ਸੇਵਾ ਕਰਕੇ ਭਗਵਾਨ ਸ੍ਰੀ ਸ਼ਿਵ ਸ਼ੰਕਰ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

## ਅਗਰਵਾਲ ਧਰਮਸ਼ਾਲਾ ਵਿਖੇ 10 ਲੱਖ ਸਿਹਤ ਬੀਮਾ ਯੋਜਨਾ ਕੈਂਪ ਲਗਾਇਆ



ਸਮਾਣਾ, 16 ਫਰਵਰੀ (ਜਵੰਦਾ/ ਵਿਜੇ ਕੁਮਾਰ) : ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਉੱਚ ਪੱਧਰੀ ਸਿਹਤ ਸਹੂਲਤਾਂ ਦੇ ਚਲਦਿਆਂ ਅੱਜ ਪ੍ਰਧਾਨ ਮਦਨ ਮਿੱਤਲ ਵੱਲੋਂ ਸਥਾਨਕ ਅਗਰਵਾਲ ਧਰਮਸ਼ਾਲਾ ਵਿਖੇ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਤਹਿਤ ਇਕ ਵਿਸ਼ੇਸ਼ ਕੈਂਪ ਆਯੋਜਿਤ ਕੀਤਾ ਗਿਆ। ਇਸ ਮੌਕੇ ਐਸਡੀਐਮ ਸਮਾਣਾ ਮੈਡਮ ਰੀਚਾ ਗੋਇਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਲੋਕਾਂ ਨੂੰ ਯੋਜਨਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਮੌਕੇ 'ਤੇ ਹੀ ਰਜਿਸਟ੍ਰੇਸ਼ਨ ਦੀ ਸੁਵਿਧਾ ਵੀ ਉਪਲੱਬਧ ਕਰਵਾਈ ਗਈ।ਕੈਂਪ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ। ਕੈਂਪ ਦੌਰਾਨ ਮੈਡਮ ਰੀਚਾ ਗੋਇਲ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਯੋਗ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਸਰਕਾਰੀ ਅਤੇ ਚੁਣੇ ਹੋਏ ਨਿੱਜੀ ਹਸਪਤਾਲਾਂ ਵਿੱਚ ਮਿਲੇਗਾ। ਕੈਂਪ ਦੌਰਾਨ ਯੋਗਤਾ, ਲੋੜੀਂਦੇ ਦਸਤਾਵੇਜ਼ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਬਾਰੇ ਵੀ ਲੋਕਾਂ ਨੂੰ ਸਮਝਾਇਆ ਗਿਆ। ਇਸ ਮੌਕੇ ਪ੍ਰਧਾਨ ਮਦਨ ਮਿੱਤਲ ਨੇ ਕਿਹਾ ਕਿ ਇਹ ਯੋਜਨਾ ਗਰੀਬ ਅਤੇ ਮੱਧ ਵਰਗ ਪਰਿਵਾਰਾਂ ਲਈ ਵੱਡੀ ਰਹਤ ਸਾਬਤ ਹੋਵੇਗੀ ਅਤੇ ਮਹਿੰਗੇ ਇਲਾਜ ਦੇ ਬੋਝ ਤੋਂ ਬਚਾਅ ਕਰੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਰਜਿਸਟ੍ਰੇਸ਼ਨ ਕਰਵਾ ਕੇ ਇਸ ਯੋਜਨਾ ਦਾ ਲਾਭ ਲਿਆ ਜਾਵੇ।ਇਸ ਮੌਕੇ ਨੀਰਜ ਬਾਂਸਲ, ਅਜੇ ਸਿੰਗਲਾ ਅਤੇ ਵਿਸ਼ਾਲ ਗਰਗ ਆਦਿ ਵੀ ਮੌਜੂਦ ਰਹੇ।

## 66 ਕੇ.ਵੀ. ਗਰਿਡ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ



ਸਮਾਣਾ, 16 ਫਰਵਰੀ (ਸੁਖਜਿੰਦਰ ਸਿੰਘ ਕੁਲਾਰਾਂ) : ਸਰਬੱਤ ਦੇ ਭਲੇ ਲਈ ਸਮੂਹ ਗਰਿਡ ਅਤੇ ਫੀਲਡ ਸਟਾਫ਼ 66 ਕੇਵੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ ਜਿਸ ਦਾ ਅੱਜ ਪੂਰੀ ਸ਼ਰਧਾ ਭਾਵਨਾ ਨਾਲ ਭੋਗ ਪਾਇਆ ਗਿਆ।ਇਸ ਮੌਕੇ ਰਾਗੀ ਸਿੰਘਾਂ ਵੱਲੋਂ ਕਥਾ ਕੀਰਤਨ ਕੀਤਾ ਗਿਆ। ਗਰਿਡ ਦੇ ਮੁਖੀ ਐਡੀਸ਼ਨਲ ਐਸਈ ਕੰਵਰਦੀਪ ਸਿੰਘ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਪ੍ਰਕਾਸ਼ ਕਰਵਾ ਕੇ ਹਰ ਸਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲਿਆ ਜਾਂਦਾ ਹੈ, ਤਾਂਕਿ ਸਮਾਜ ਵਿਚ ਕੋਈ ਅਣਸੁਖਾਵੀਂ ਘਟਨਾਂ ਨਾ ਵਾਪਰੇ।ਇਸ ਮੌਕੇ ਵਿਸ਼ੇਸ਼ ਤੌਰ ਤੇ ਸੀਨੀਅਰ 'ਆਪ' ਆਗੂ ਹਰਜਿੰਦਰ ਸਿੰਘ ਮਿੰਟੂ ਜੌੜਾਮਾਜਰਾ ,ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਐਡਵੋਕੇਟ ਨਵਦੀਪ ਸਿੰਘ ਢਿੱਲੋਂ, ਸਮੂਹ ਅਧਿਕਾਰੀ ਅਤੇ ਕਰਮਚਾਰੀ, ਪੰਚ ,ਸਰਪੰਚ,ਕਿਸਾਨ ਯੂਨੀਅਨ ਅਤੇ ਸੰਗਤਾ ਵੱਡੀ ਗਿਣਤੀ ਵਿਚ ਹਾਜ਼ਰ ਸਨ। ਇਸ ਮੌਕੇ ਗੁਰੂ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ।

## ਆਂਗਨਵਾੜੀ ਕੇਂਦਰਾਂ 'ਚ ਮੁੱਢਲੀ ਸਿੱਖਿਆ ਅਤੇ ਦੇਖਭਾਲ ਦਿਵਸ ਮਨਾਇਆ



ਮਲੇਰਕੋਟਲਾ, 16 ਫਰਵਰੀ (ਬਲਜੀਤ ਸਿੰਘ ਟਿੱਬਾ) : ਸਮਾਜਿਕ ਸੁਰੱਖਿਆ ਅਤੇ ਇਸਤਰੀ ਬਾਲ ਵਿਕਾਸ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰੋਗਰਾਮ ਅਫਸਰ ਪਰਦੀਪ ਸਿੰਘ ਗਿੱਲ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਮਾਲੇਰਕੋਟਲਾ ਦੇ ਸਮੂਹ 545 ਆਂਗਨਵਾੜੀ ਕੇਂਦਰਾਂ ਵਿੱਚ ਮੁੱਢਲੀ ਸਿੱਖਿਆ ਅਤੇ ਦੇਖਭਾਲ (5335) ਦਿਵਸ ਮਨਾਇਆ ਗਿਆ। ਇਸ ਦਿਵਸ ਦਾ ਉਦੇਸ਼ 0-6 ਸਾਲ ਦੇ ਬੱਚਿਆਂ ਦੇ ਸਰਵਾਂਗੀਣ ਵਿਕਾਸ ਨੂੰ ਉਤਸ਼ਾਹਿਤ ਕਰਨਾ ਅਤੇ ਮਾਪਿਆਂ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ। ਇਸ ਮੌਕੇ ਆਂਗਨਵਾੜੀ ਵਰਕਰਾਂ ਵੱਲੋਂ ਮਾਪਿਆਂ ਨੂੰ ਬੱਚਿਆਂ ਦੀ ਸਰੀਰਕ, ਮਾਨਸਿਕ ਅਤੇ ਸਮਾਜਿਕ ਤੰਦਰੁਸਤੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਮਾਪਿਆਂ ਨੂੰ ਦੌੜ, ਰੱਸੀ ਕੁਦ, ਗੇਂਦ ਨਾਲ ਖੇਡਾਂ, ਸੰਤੁਲਨ ਗਤੀਵਿਧੀਆਂ ਅਤੇ ਸਧਾਰਣ ਕਸਰਤਾਂ ਦੀ ਮਹੱਤਤਾ ਬਾਰੇ ਜਾਣੂੰ ਕਰਵਾਇਆ ਗਿਆ। ਇਸ ਦੌਰਾਨ ਬੱਚਿਆਂ ਲਈ ਖੇਡ-ਖੇਡ ਵਿੱਚ ਸਿੱਖਣ ਸਬੰਧੀ ਗਤੀਵਿਧੀਆਂ ਕਰਵਾਈਆਂ ਗਈਆਂ, ਜਿਸ ਨਾਲ ਬੱਚਿਆਂ ਦੀ ਰੁਚੀ ਅਤੇ ਭਾਗੀਦਾਰੀ ਯਕੀਨੀ ਬਣੀ ਰਹੀ। ਮਾਪਿਆਂ ਨੂੰ ਸੰਤੁਲਿਤ ਖੁਰਾਕ, ਸਫ਼ਾਈ ਅਤੇ ਰੋਜ਼ਾਨਾ ਦੀ ਸਿਹਤਮੰਦ ਦਿਨਚਰੀ ਅਪਣਾਉਣ ਬਾਰੇ ਵੀ ਜਾਗਰੂਕ ਕੀਤਾ ਗਿਆ, ਤਾਂ ਜੋ ਬੱਚਿਆਂ ਦਾ ਸਮੂਹਿਕ ਵਿਕਾਸ ਸੁਨਿਸ਼ਚਿਤ ਕੀਤਾ ਜਾ ਸਕੇ। ਇਸ ਮੌਕੇ ਸੁਪਰਵਾਈਜ਼ਰ ਅਤੇ ਆਂਗਨਵਾੜੀ ਵਰਕਰਾਂ ਤੋਂ ਇਲਾਵਾ ਸਮੇਤ 0-6 ਸਾਲ ਦੇ ਬੱਚੇ ਅਤੇ ਉਨ੍ਹਾਂ ਦੇ ਮਾਪੇ ਹਾਜ਼ਰ ਰਹੇ।

## ਪਿੰਡ ਬੋਸਰ ਕਲਾਂ ਵਿਖੇ ਧਾਰਮਿਕ ਸਮਾਗਮ 'ਚ ਨਿਰਮਲ ਸਿੰਘ ਭੱਟੀਆਂ ਨੇ ਮੱਥਾ ਟੇਕਿਆ



ਦੇਵੀਗੜ੍ਹ, 16 ਫ਼ਰਵਰੀ (ਗੁਰਜੀਤ ਸਿੰਘ ਢੋਟ) : ਸੀਨੀਅਰ ਕਾਂਗਰਸੀ ਆਗੂ ਨਿਰਮਲ ਸਿੰਘ ਭੱਟੀਆਂ ਨੇ ਅੱਜ ਪਿੰਡ ਬੋਸਰ ਕਲਾਂ ਦੇ ਸ਼ਿਵ ਮੰਦਰ ਵਿਖੇ ਅਤੇ ਸਨੌਰ ਸਥਿਤ ਕਾਲੀ ਮਾਤਾ ਮੰਦਰ ਵਿਖੇ ਪਹੁੰਚ ਕੇ ਮੱਥਾ ਟੇਕਿਆ ਅਤੇ ਇਲਾਕੇ ਦੀ ਖੁਸ਼ਹਾਲੀ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਧਾਰਮਿਕ ਅਸਥਾਨ ਸਾਡੇ ਸਮਾਜ ਨੂੰ ਆਤਮਿਕ ਸ਼ਕਤੀ ਅਤੇ ਇਕਤਾ ਦਾ ਸੰਦੇਸ਼ ਦਿੰਦੇ ਹਨ। ਮੰਦਰ ਕਮੇਟੀ ਦੇ ਮੈਂਬਰਾਂ ਅਤੇ ਸਥਾਨਕ ਵਸਨੀਕਾਂ ਵੱਲੋਂ ਨਿਰਮਲ ਸਿੰਘ ਭੱਟੀਆਂ ਦਾ ਸਨਮਾਨ ਕੀਤਾ ਗਿਆ। ਇਸ ਦੌਰਾਨ ਰਘਬੀਰ ਵਾਲੀਆ, ਕੁਲਦੀਪ ਕਾਲਾ ਸਨੌਰ, ਕਮਲ ਵਾਲੀਆਂ, ਰਾਜ ਕੁਮਾਰ, ਗੁਰਨਾਮ ਸਿੰਘ, ਰਾਮ ਵਾਲੀਆਂ, ਬਲਕਾਰ ਸਿੰਘ, ਦਵਿੰਦਰ ਸ਼ਰਮਾ, ਕੁਲਦੀਪ ਸ਼ਰਮਾ, ਰਾਜੀਤ ਵਰਸ਼, ਅਤੇ ਪਿੰਡ ਬੋਸਰ ਕਲਾਂ ਦੇ ਸੀਨੀਅਰ ਕਾਂਗਰਸੀ ਆਗੂ ਸਰਵਣ ਸਿੰਘ ਸਾਬਕਾ ਚੇਅਰਮੈਨ ਬੋਸਰ ਕਲਾਂ, ਪੰਡਿਤ ਰਾਮ ਚੰਦ ਸ਼ਰਮਾ, ਦੀਦਾਰ ਸਿੰਘ, ਕੁਲਦੀਪ ਸਿੰਘ, ਅਜਮੇਰ ਸਿੰਘ ਗੁਰਮੀਤ ਬਾਵਾ ਅਤੇ ਇਲਾਕਾਈ ਵਰਕਰ ਅਤੇ ਆਗੂ ਵੀ ਮੌਜੂਦ ਰਹੇ।

## ਸਪੈਸ਼ਲ ਟੀਕਾਕਰਨ ਹਫਤੇ ਦੌਰਾਨ ਗਰਭਵਤੀ ਮਾਵਾਂ ਤੇ ਬੱਚਿਆਂ ਨੂੰ ਟੀਕੇ ਲਗਾਏ



ਪਟਿਆਲਾ, 16 ਮਾਰਚ (ਰੁਪਾਣਾ) : ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਪੰਜਾਬ ਦੇ ਦਿਸ਼ਾ ਨਿਰਦੇਸ਼ ਅਤੇ ਸਿਵਲ ਸਰਜਨ ਪਟਿਆਲਾ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਜਿਲ੍ਹੇ ਅਧੀਨ ਆਉਂਦੀਆਂ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਸਪੈਸ਼ਲ ਟੀਕਾਕਰਨ ਹਫਤਾ 9 ਫਰਵਰੀ 2026 ਤੋਂ 14 ਫਰਵਰੀ ਤੱਕ ਮਨਾਇਆ ਗਿਆ। ਇਸ ਦੌਰਾਨ 755 ਬੱਚਿਆਂ ਦਾ ਟੀਕਾਕਰਨ ਕੀਤਾ ਗਿਆ। ਇਹ ਕੈਂਪ ਉਹਨਾਂ ਲਈ ਬਹੁਤ ਲਾਹੇਵੰਦ ਸਾਬਿਤ ਹੋਏ ਜਿਹਨਾਂ ਗਰਭਵਤੀ ਔਰਤਾਂ ਅਤੇ ਬੱਚਿਆਂ ਦਾ ਕਿਸੇ ਕਾਰਨ ਟੀਕਾਕਰਨ ਨਹੀਂ ਹੋ ਸਕਿਆ ਸੀ। ਉਹ ਇਸ ਸਪੈਸ਼ਲ ਹਫਤੇ ਦੌਰਾਨ ਕਵਰ ਕੀਤੇ ਗਏ। ਇਸ ਮੌਕੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਨੇ ਦੱਸਿਆ ਕਿ ਸਰਕਾਰੀ ਟੀਕਾਕਰਨ ਸੂਚੀ ਵਿੱਚ ਜਿਹੜੇ ਟੀਕੇ ਬੱਚਿਆਂ ਨੂੰ ਲਗਾਏ ਜਾਂਦੇ ਹਨ, ਉਹ ਬੱਚਿਆਂ ਦੀ ਤੰਦਰੁਸਤੀ ਅਤੇ ਬਿਮਾਰੀਆਂ ਤੋਂ ਬਚਾਅ ਲਈ ਬੇਹਦ ਜਰੂਰੀ ਹਨ। ਬੱਚਿਆਂ ਦੇ ਮਾਪਿਆਂ ਨੂੰ ਖੁਦ ਹੀ ਉਦਮ ਕਰਕੇ ਆਪਣੇ ਬੱਚਿਆਂ ਦਾ ਟੀਕਾਕਰਨ ਪੂਰਾ ਕਰਵਾਉਣਾ ਚਾਹੀਦਾ ਹੈ। ਆਸ਼ਾ ਵਰਕਰਾਂ ਵੱਲੋਂ ਘਰ ਘਰ ਜਾ ਕੇ ਗਰਭਵਤੀ ਮਾਵਾਂ ਅਤੇ ਬੱਚਿਆਂ ਦੇ ਟੀਕਾਕਰਨ ਲਈ ਸਰਵੇ ਅਤੇ ਜਾਗਰੂਕਤਾ ਪ੍ਰਦਾਨ ਕੀਤੀ ਗਈ। ਸਮੂਹ ਪੈਰਾ ਮੈਡੀਕਲ ਸਟਾਫ ਵੱਲੋਂ ਪਿੰਡ ਪੱਧਰ ਤੇ ਜਾ ਕੇ ਕੈਂਪ ਲਗਾ ਕੇ ਸਿਹਤ ਸਹੂਲਤਾਂ ਦਿੱਤੀਆਂ ਗਈਆਂ ਅਤੇ ਬੱਚਿਆਂ ਦੇ ਟੀਕੇ ਲਗਾਏ ਗਏ।

## 19 ਮਾਰਚ ਤੋਂ ਸ਼ੁਰੂ ਹੋਣ ਵਾਲੇ ਨਵਰਾਤਰਿਆਂ ਤੇ ਦੁਰਗਾ ਅਸ਼ਟਮੀ ਮਨਾਉਣ ਸਬੰਧੀ ਐਡਵਾਈਜ਼ਰੀ ਮੈਨੇਜਿੰਗ ਕਮੇਟੀ ਵੱਲੋਂ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਤਿਆਰੀਆਂ ਦਾ ਜਾਇਜ਼ਾ



ਪਟਿਆਲਾ, 16 ਫਰਵਰੀ (ਵਿਨੋਦ ਸ਼ਰਮਾ) : ਪਟਿਆਲਾ ਦੇ ਇਤਿਹਾਸਕ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ 19 ਮਾਰਚ ਤੋਂ ਸ਼ੁਰੂ ਹੋ ਰਹੇ ਨਵਰਾਤਰਿਆਂ ਤੇ ਦੁਰਗਾ ਅਸ਼ਟਮੀ ਮਨਾਉਣ ਸਬੰਧੀ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਐਡਵਾਈਜ਼ਰੀ ਮੈਨੇਜਿੰਗ ਕਮੇਟੀ ਦੇ ਚੇਅਰਮੈਨ ਮਹੇਸ਼ ਮਿੱਤਲ, ਮੈਂਬਰ ਇੰਦਰਜੀਤ ਮਹਾਜਨ, ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜ ਗੁਪਤਾ ਨੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਇੱਕ ਅਹਿਮ ਬੈਠਕ ਕੀਤੀ। ਇਸ ਮੌਕੇ ਰਾਜ ਸਭਾ ਮੈਂਬਰ ਰਜਿੰਦਰ ਗੁਪਤਾ ਵੀ ਵਿਸ਼ੇਸ਼ ਤੌਰ 'ਤੇ ਪੁੱਜੇ ਹੋਏ ਸਨ। ਉਨ੍ਹਾਂ ਕਿਹਾ ਕਿ ਮੰਦਰ ਵਿਖੇ ਸਾਰੇ ਪ੍ਰਾਜੈਕਟਾਂ ਦਾ ਕਾਰਜ ਤੇ ਨਵਰਾਤਰਿਆਂ ਦੇ ਪ੍ਰਬੰਧਾਂ ਦੀਆਂ ਤਿਆਰੀਆਂ ਪੂਰੀ ਸ਼ਰਧਾ ਭਾਵਨਾ ਨਾਲ ਕੀਤੀਆਂ ਜਾ ਰਹੀਆਂ ਹਨ। ਇਸ ਦੌਰਾਨ ਕਮੇਟੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਇਤਿਹਾਸਕ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਦੇ ਨਵੀਨੀਕਰਨ ਲਈ ਸ਼ੁਰੂ ਕੀਤੇ ਕਰੀਬ 75 ਕਰੋੜ ਰੁਪਏ ਦੇ ਪ੍ਰੋਜੈਕਟਾਂ ਦੇ ਤੇਜ਼ੀ ਨਾਲ ਚੱਲ ਰਹੇ ਕਾਰਜਾਂ ਦਾ ਵੀ ਜਾਇਜ਼ਾ ਲਿਆ। ਕਮੇਟੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਿਵੇਂ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਨ੍ਹਾਂ ਕੰਮਾਂ ਦੀ ਲਗਾਤਾਰ ਮੋਨੀਟਰਿੰਗ ਕੀਤੀ ਜਾ ਰਹੀ ਹੈ, ਉਸ ਤਹਿਤ ਸਾਰੇ ਕਾਰਜ ਇਸ ਸਾਲ ਦੇ ਅੰਦਰ-ਅੰਦਰ ਮੁਕੰਮਲ ਕਰ ਲਏ ਜਾਣ। ਮੀਟਿੰਗ ਦੌਰਾਨ ਏ.ਡੀ.ਸੀ. (ਜ) ਸਿਮਰਪ੍ਰੀਤ ਕੌਰ, ਐਸ.ਡੀ.ਐਮ. ਹਰਜੋਤ ਕੌਰ ਸਮੇਤ ਪੁਲਿਸ ਸਮੇਤ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਐਡਵਾਈਜ਼ਰੀ ਮੈਨੇਜਿੰਗ ਕਮੇਟੀ ਦੇ ਚੇਅਰਮੈਨ ਮਹੇਸ਼ ਮਿੱਤਲ, ਮੈਂਬਰ ਇੰਦਰਜੀਤ ਮਹਾਜਨ, ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜ ਗੁਪਤਾਨੇ ਕਿਹਾ ਕਿ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ 19 ਮਾਰਚ ਤੋਂ ਸ਼ੁਰੂ ਹੋਣ ਵਾਲੇ ਨਵਰਾਤਰੇ 27 ਮਾਰਚ ਤੱਕ ਚੱਲਣਗੇ, ਇਨ੍ਹਾਂ ਦੀ ਸ਼ੁਭ-ਆਰੰਭਤਾ ਮੌਕੇ ਵੱਡੀ ਗਿਣਤੀ ਸ਼ਰਧਾਲੂਆਂ ਦੀ ਆਮਦ ਨੂੰ ਲੈਕੇ ਪੁਖ਼ਤਾ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਮੰਦਿਰ ਦੀ ਸਜਾਵਟ ਤੇ ਹੋਰ ਪ੍ਰਬੰਧਾਂ ਸਮੇਤ ਸੁਰੱਖਿਆ, ਸਾਫ਼-ਸਫ਼ਾਈ, ਲੰਗਰ ਤੇ ਹੋਰ ਵਿਆਪਕ ਪ੍ਰਬੰਧਾਂ 'ਤੇ ਚਰਚਾ ਕੀਤੀ। ਮਹੇਸ਼ ਸਿੰਗਲਾ ਨੇ ਕਿਹਾ ਕਿ ਇਸ ਪਵਿੱਤਰ, ਪੁਰਾਤਨ ਤੇ ਇਤਿਹਾਸਕ ਸ੍ਰੀ ਕਾਲੀ ਦੇਵੀ ਮੰਦਿਰ ਦੀ ਪੂਰੀ ਦੁਨੀਆ 'ਚ ਮਹਾਨਤਾ ਅਤੇ ਮਾਨਤਾ ਹੈ, ਨਵਰਾਤਰਿਆਂ ਦੇ ਦਿਨਾਂ ਦੌਰਾਨ ਦੂਰੋਂ-ਦੂਰੋਂ ਸ਼ਰਧਾਲੂ ਇੱਥੇ ਨਤਮਸਤਕ ਹੋਣ ਲਈ ਆਉਂਦੇ ਹਨ, ਇਸ ਲਈ ਪਵਿੱਤਰ ਮੰਦਿਰ ਅਤੇ ਇਸਦੇ ਆਲੇ-ਦੁਆਲੇ ਦੀ ਸਾਫ਼-ਸਫ਼ਾਈ ਵੱਲ ਉਚੇਚਾ ਧਿਆਨ ਦਿੱਤਾ ਜਾਵੇ। ਨਵਰਾਤਰਿਆਂ ਮੌਕੇ ਆਉਣ ਵਾਲੇ ਦਿਵਿਆਂਗ ਸ਼ਰਧਾਲੂਆਂ ਦੀ ਸਹੂਲਤ ਲਈ ਵੀਲ੍ਹ ਚੇਅਰ ਦਾ ਪ੍ਰਬੰਧ ਕਰਨ ਸਮੇਤ ਸ਼ਰਧਾਲੂਆਂ ਲਈ ਲਗਾਏ ਜਾਂਦੇ ਲੰਗਰ 'ਚ ਪਲਾਸਟਿਕ ਦੀ ਵਰਤੋਂ ਨਾ ਕਰਨ ਅਤੇ ਸ਼ਰਧਾਲੂਆਂ ਦੀ ਸੁਖਾਵੀਂ ਆਵਾਜਾਈ ਲਈ ਪੁਖ਼ਤਾ ਪ੍ਰਬੰਧਾਂ ਬਾਰੇ ਵੀ ਕਿਹਾ ਗਿਆ। ਜਦਕਿ ਸ਼ਰਧਾਲੂਆਂ ਦੀ ਵੱਡੀ ਗਿਣਤੀ ਵਿੱਚ ਆਮਦ ਨੂੰ ਲੈਕੇ ਪੁਲਿਸ ਵੱਲੋਂ ਸੁਰੱਖਿਆ ਦੇ ਵਿਆਪਕ ਪ੍ਰਬੰਧਾਂ ਤੋਂ ਇਲਾਵਾ ਵਾਹਨਾਂ ਦੀ ਪਾਰਕਿੰਗ ਸਮੇਤ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਟਰੈਫ਼ਿਕ ਪਲਾਨ ਵੀ ਬਣਾਇਆ ਜਾਵੇ।

## ਰਾਸ਼ਟਰੀ ਕਾਵਿ ਸਾਗਰ ਨੇ ਫਰਵਰੀ ਦੀ ਕਾਵਿ ਮਿਲਣੀ ਸ਼ਿਵਰਾਤਰੀ ਨੂੰ ਸਮਰਪਿਤ ਕੀਤੀ



ਪਟਿਆਲਾ, 16 ਫਰਵਰੀ (ਚ.ਨ.ਸ.) : ਰਾਸ਼ਟਰੀ ਕਾਵਿ ਸਾਗਰ ਨੇ ਪੰਦਰਾਂ ਫਰਵਰੀ ਨੂੰ ਇੱਕ ਕਾਵਿ ਗੋਸ਼ਠੀ ਦਾ ਆਯੋਜਨ ਕੀਤਾ ਜ ਸ਼ਿਵਰਾਤਰੀ 'ਤੇ ਅੱਜ ਦੇ ਵਿਚਾਰ ਧਾਰਾ ਦਾ ਸੰਮੇਲ ਸੀ। ਇਸ ਗੋਸ਼ਠੀ ਵਿੱਚ ਕੁੱਲ 32 ਕਵੀਆਂ ਨੇ ਦੇਸ਼ ਵਿਦੇਸ਼ ਤੋਂ ਭਾਗ ਲਿਆ। ਸਭਾ ਦੀ ਪ੍ਰਧਾਨ ਆਸ਼ਾ ਸ਼ਰਮਾ ਨੇ ਆਏ ਸਾਰੇ ਮਹਿਮਾਨ ਤ, ਕਵੀ ਤੇ ਕਵਿਤਰੀਆਂ ਦਾ ਸਵਾਗਤ ਕੀਤਾ ।ਸਭਾ ਦੀ ਗਤੀ ਵਿਧੀਆਂ ਤੇ ਚਾਨਣ ਪਾਉਂਦੇ ਆਸ਼ਾ ਨੇ ਦੱਸਿਆ ਕਿ ਇਸ ਸਭਾ ਦੇ ਮੈਂਬਰ ਬਹੁਤ ਲਗਨ ਤੇ ਉੱਚ ਵਿਚਾਰਾਂ ਨਾਲ ਕਿਤਾਬਾਂ ਦਾ ਸਿਰਜਣ ਵੀ ਕਰ ਰਹੇ ਹਨ। ਰਾਸ਼ਟਰੀ ਕਾਵਿ ਸਾਗਰ ਲਈ ਬੜ੍ਹੇ ਮਾਣ ਦੀ ਗੱਲ ਹੈ ,ਹਰ ਸਾਲ ਜਦੋਂ ਵੀ ਸਾਲਾਨਾ ਪ੍ਰੋਗਰਾਮ ਹੁੰਦਾ ਹੈ ,ਸਭਾ ਦੇ ਮੈਂਬਰਾਂ ਦੀਆਂ ਲਿਖੀਆਂ ਕਿਤਾਬਾਂ ਤੇ ਚਰਚਾ ਤੋਂ ਬਾਅਦ ਲੋਕ ਅਰਪਣ ਕੀਤਾ ਜਾਂਦਾ ਹੈ। ਇਸ ਵਾਰ ਰਾਸ਼ਟਰੀ ਕਾਵਿ ਸਾਗਰ ਦਾ ਅੱਠਵਾਂ ਸਲਾਨਾ ਸਮਾਗਮ ਮਾਰਚ ਵਿਚ ਰੱਖਿਆ ਗਿਆ ਹੈ, ਜਿਸ ਵਿੱਚ ਤਕਰੀਬਨ ਸੱਤ ਕਿਤਾਬਾਂ ਦਾ ਲੋਕ ਅਰਪਣ ਕੀਤਾ ਜਾਵੇਗਾ । ਇਸ ਪਰੋਗਰਾਮ ਦੀ ਮੁੱਖ ਮਹਿਮਾਨ ਸ਼ਾਲੂ ਸੈਣੀ ਜਲੰਧਰ ਤੋਂ ਸਨ ,ਤੇ ਵਿਸ਼ੇਸ਼ ਮਹਿਮਾਨ ਡਾ. ਯੋਗੇਸ਼ ਸੂਦ ਅੰਗਰੇਜ਼ੀ ਵਿਭਾਗ ਹਿਮਾਚਲ ਦੇ ਮੁਖੀ ਸਨ । ਵਿਸ਼ੇਸ਼ ਮਹਿਮਾਨ ਵੀਨਾ ਮਹਾਜਨ, ਤੇ ਤੇਜਿੰਦਰ ਕੌਰ ਨੇ ਵੀ ਸ਼ਿਰਕਤ ਕੀਤੀ। ਡਾ . ਉਮਾ ਸ਼ਰਮਾ ਨੇ ਬਾਖ਼ੂਬੀ ਮੰਚ ਸੰਚਾਲਨ ਕੀਤਾ, ਤੇ ਸਾਰੇ ਸਾਹਿਤਕਾਰਾਂ ਨੂੰ ਬੜ੍ਹੇ ਸਲੀਕੇ ਨਾਲ ਨੰਬਰ ਵਾਰ ਬੁਲਾਇਆ। ਬਿਮਾਰ ਯਾਂ ਬਹੁਤ ਬਜ਼ੁਰਗ ਭਾਗੀਦਾਰਾਂ ਨੂੰ ਪਹਿਲਾਂ ਸਦਾ ਦੇ ਕੇ ਸਤਿਕਾਰਿਤ ਕੀਤਾ। ਇਸ ਕਾਵਿ ਦਰਬਾਰ ਵਿੱਚ ਭਾਗ ਲੈਣ ਵਾਲੇ ਕਾਵਿ ਕਵਿਤਰੀਆਂ ਦੇ ਨਾਮ ਇਸ ਤਰਤੀਬ ਵਿੱਚ ਸਨ ।ਆਸ਼ਾ ਸ਼ਰਮਾ , ਡ ਉਮਾ ਸ਼ਰਮਾ, ਡ ਤਰਲੋਚਨ ਕੌਰ, ਡ ਸੁਦੇਸ਼ ਚੁਗ, ਡ ਯੋਗੇਸ਼ ਸੂਦ ,ਸਨੇਹਾ ਵਿਜ, ਜਾਗ੍ਰਿਤੀ ਗੌੜ, ਇੰਦੂ ਪੌਲ,ਨੇਹਾ ਸ਼ਰਮਾ, ਤੇਜਿੰਦਰ ਕੌਰ ,ਸੋਹਣ ਸਿੰਘ ਦੋਸਾਂਝ,ਪਰਕਾਸ਼ ਕੌਰ ਪਾਸ਼ਾਂ,ਸੁਖਦੇਵ ਸਿੰਘ ਗੰਧਵਾ, ਅਨਿਮੇਸ਼ਵਰ ਕੌਰ, ਸੁਖਵਿੰਦਰ ਸਿੰਘ , ਸਰਿਤਾ ਤੇਜ਼ੀ, ਪਰਵੀਨ ਸਿੱਧੂ ,ਪੋਲੀ ਬਰਾੜ, ਕਨੀਜ਼ ਮਨਜ਼ੂਰ, ਸੁਨੀਤਾ, ਵੀਨਾ ਮਹਾਜਨ, ਪਰਮਜੀਤ ਕੌਰ, ਅਮਰਜੀਤ ਸਿੱਧੂ, ਸ਼ਾਲੂ ਸੈਣੀ, ਮੰਜੂ ਮਾਨਵ ,ਗੁਰਦਰਸ਼ਨ ਗੁਰਸੀਲ, ਡ ਰਵਿੰਦਰ ਭਾਟੀਆ, ਅਨਮੋਲ ਸੈਣੀ, ਪੂਨਮ ਸਨੇਹਿਲ ਸ਼ਰਮਾ, ਸ੍ਰੀ ਕਾਂਤ ਤੇਲਾਂਗ ਅਤੇ ਸੁਨੀਤ ਟੰਡਨ ਨੇ ਭਾਗ ਲਿਆ।

## ਪਿੰਡ ਨਨਹੇੜਾ 'ਚ ਸ਼ਿਵਰਾਤਰੀ ਦਾ ਤਿਉਹਾਰ ਮਨਾਇਆ



ਘਨੌਰ, 16 ਫਰਵਰੀ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਪੈਂਦੇ ਪਿੰਡ ਨਨਹੇੜਾ ਵਿੱਚ ਮਹਾਂ ਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਮੰਦਿਰ ਨੂੰ ਬਹੁਤ ਹੀ ਖ਼ੂਬਸੂਰਤ ਢੰਗ ਨਾਲ ਸਜਾਇਆ ਗਿਆ ਸੀ। ਇਸ ਮੌਕੇ ਮੰਦਿਰ ਵਿੱਚ ਸਵੇਰ ਤੋਂ ਹੀ ਪੂਜਾ ਕੀਤੀ ਜਾ ਰਹੀ ਸੀ। ਭਗਤ ਆਪਣੀਆਂ ਮਨੋਕਾਮਨਾਵਾਂ ਦੀ ਪੂਰਤੀ ਲਈ ਬੰਮ-ਬੰਮ ਬੋਲੇ ਦੇ ਜੈਕਾਰੇ ਲਾਉਂਦੇ ਹੋਏ ਮੰਦਿਰ ਵਿੱਚ ਮੱਥਾ ਟੇਕਣ ਲਈ ਪਹੁੰਚ ਰਹੇ ਸਨ। ਇਸ ਲੋਕੇ ਸ਼ਰਧਾਲੂਆਂ ਨੇ ਸ਼ਿਵਲਿੰਗ ਤੇ ਜਲ, ਫਲ, ਬਿਲਪੱਤਰ ਤੇ ਭੰਗ ਚੜਾਈ ਤੇ ਪੂਜਾ ਕੀਤੀ। ਇਸ ਮੌਕੇ ਮੰਦਿਰ ਵਿੱਚ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ ਸਨ। ਇਸ ਮੌਕੇ ਪ੍ਰਧਾਨ ਬੰਸੀ ਲਾਲ, ਸੰਜੀਵ ਕੁਮਾਰ ਬਿੱਟੂ ਬਾਂਸਲ, ਨਿਕਾ ਰਾਮ ,ਧਰਮਪਾਲ,ਬਿਰਜ ਲਾਲ, ਜਸਪਾਲ ਸਿੰਘ, ਭਜਨਾ ਰਾਮ, ਸੀਸਪਾਲ, ਬੌਬੀ ਵਰਮਾ, ਗੋਲਡੀ ਵਰਮਾ ,ਗੌਰਵ ਵਰਮਾ , ਲਖਵੀਰ ਰਾਮ ਲੱਖਾ ਧੀਮਾਨ, ਜਸਵਿੰਦਰ ਸਿੰਘ ਨੀਟੂ, ਅਮਰੀਕ ਸਿੰਘ,ਪ੍ਰੀਤਮ ਸਿੰਘ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਜਨਹਿਤ ਸੰਮਤੀ ਨੇ ਅਮਰ ਹਸਪਤਾਲ ਨਾਲ ਮਿਲ ਕੇ ਮੁਫਤ ਮੈਡੀਕਲ ਚੈੱਕਅਪ ਕੈਂਪ ਲਗਾਇਆ



ਪਟਿਆਲਾ, 16 ਫਰਵਰੀ (ਰੁਪਾਣਾ) : ਜਨਹਿਤ ਸਮਿਤੀ ਪਟਿਆਲਾ ਵਲੋਂ ਅਮਰ ਹਸਪਤਾਲ ਨਾਲ ਮਿਲ ਕੇ ਮੁਫਤ ਮੈਡੀਕਲ ਚੈੱਕਅਪ ਕੈਂਪ ਬਾਰਾਦਰੀ ਗਾਰਡਨ ਵਿਚ ਲਗਾਇਆ ਗਿਆ ਇਸ ਕੈਂਪ ਵਿੱਚ ਤਕਰੀਬਨ 150 ਵਿਅਕਤੀਆਂ ਨੇ ਆਪਣਾ ਮੈਡੀਕਲ ਚੈੱਕ ਅਪ ਕਰਵਾਇਆ, ਅਮਰ ਹਸਪਤਾਲ ਦੇ ਸਟਾਫ ਵੱਲੋਂ ਸਾਰੇ ਹੀ ਵਿਅਕਤੀਆਂ ਦਾ ਚੈੱਕਅਪ ਕੀਤਾ ਗਿਆ। ਦੁਆ ਸਾਹਿਬ ਵਲੋਂ ਸੰਸਥਾ ਦੇ ਸਮਾਜ ਸੇਵੀ ਕੰਮਾਂ ਲਈ ਹਰੇਕ ਤਰਾਂ ਨਾਲ ਮਦਦ ਕਰਨ ਦਾ ਆਸਵਾਸਨ ਵੀ ਦਿੱਤਾ ਉਹਨਾਂ ਕਿਹਾ ਕਿ ਜਨਹਿਤ ਸਮਿਤੀ ਆਪਣੇ ਆਪ ਦੇ ਵਿੱਚ ਇੱਕ ਪੂਰਨ ਸੰਸਥਾ ਹੈ ਅਤੇ ਹੋਰ ਸਮਾਜ ਸੇਵੀ ਸੰਸਥਾਵਾਂ ਲਈ ਉਦਾਹਰਨ ਹੈ। ਸਾਨੂੰ ਸਾਰਿਆਂ ਨੂੰ ਜਨਹਿੱਤ ਸਮਿਤੀ ਦੇ ਮੈਂਬਰ ਬਣਨਾ ਚਾਹੀਦਾ ਹੈ ਤਾਂ ਜੋ ਜਨਹਿੱਤ ਸਮਿਤੀ ਹੋਰ ਵੱਧ ਚੜ ਕੇ ਲੋਕਾਂ ਦੀ ਸੇਵਾ ਕਰ ਸਕੇ। ਡਾ। ਹਰੀ ਓਮ ਅਗਰਵਾਲ ਵੱਲੋਂ ਦੱਸਿਆ ਗਿਆ ਕਿ ਸੰਸਥਾ ਹਮੇਸ਼ਾ ਹੀ ਲੋਕਾਂ ਦੇ ਭਲੇ ਦੇ ਕੰਮ ਕਰਦੀ ਹੈ । ਇਸ ਦੇ ਨਾਲ ਹੀ ਲੋਕਾਂ ਨੂੰ ਸਿਹਤ ਸੰਭਾਲ ਲਈ ਜਾਗਰੂਕ ਕਰਨਾ ਸੰਸਥਾ ਦਾ ਟੀਚਾ ਹੈ ਇਸੇ ਲੜੀ ਤਹਿਤ ਹਰੇਕ ਹਫਤੇ ਬਾਰਾਦਰੀ ਗਾਰਡਨ ਦੇ ਵਿੱਚ ਮੈਡੀਕਲ ਚੈੱਕ ਅਪ ਕੈਂਪ ਲਗਾਏ ਜਾਂਦੇ ਹਨ। ਕੈਂਪ ਵਿਚ ਹੱਡੀਆਂ ਦੀ ਜਾਂਚ ਦਾ ਕੈਂਪ ਵੀ ਲਗਾਇਆ ਗਿਆ, ਮੌਕੇ ਮੁੱਖ ਤੌਰ ਤੇ ਪਹੁੰਚਿਆ ਸਖ਼ਸ਼ੀਤਾਂ ਵਿੱਚ ਡਾਕਟਰ ਡਾ. ਅਵਨੀਸ਼ ਹੈਲਦੀ ਬੇਬੀ, ਡਾ. ਜਤਿਨ, ਸਡਾਨਾ ਬਰਦਰ, ਡਾ. ਹਰਸਿਮਰਨ ਸਿੰਘ, ਪੀਆਰਓ ਕਰਮਜੀਤ ਸਿੰਘ, ਐਡਵੋਕੇਟ ਜਸਵਿੰਦਰ ਗਰੇਵਾਲ, ਜੀਐਸ ਬੇਦੀ, ਜੇ ਪੀ ਐਸ ਸੇਠੀ, ਜੀਵਨ ਗਰਗ, ਡਾ. ਉਮਾ ਵਾਲੀਆ, ਪ੍ਰੋਫੈਸਰ ਸ਼ਰਮਾ, ਚਮਨ ਲਾਲ ਗਰਗ, ਭਾਰਤੀ, ਵਿਵੇਕ ਜੈਨ, ਬਿਮਲ ਚੋਪੜਾ, ਪ੍ਰੋਫੈਸਰ ਐਸ.ਸੀ. ਵਰਮਾ ,ਹਰਪਾਲ ਮਾਨ, ਮਨਿੰਦਰ, ਗਗਨਦੀਪ ਸਿੰਘ, ਸਤੀਸ਼ ਜੋਸ਼ੀ, ਅਮਰਿੰਦਰ ਸਿੰਘ ਅਤੇ ਕੁਲਵਿੰਦਰ ਸਿੰਘ ਰਨਰ ਗਰੁੱਪ ਅਤੇ ਅਮਰ ਹਸਪਤਾਲ ਪਟਿਆਲਾ ਦੀ ਪੂਰੀ ਟੀਮ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਈ।



# ਪਟਿਆਲਾ-ਆਸ/ਪਾਸ



*ਕੋਵਿਡ -19 ਸਨੌਰ ਸਬਜ਼ੀ ਮੰਡੀ ਕਾਂਡ ਮਾਮਲਾ-2021*

## ਪਟਿਆਲਾ ਪੁਲਿਸ ਤੇ ਨਿਹੰਗ ਸਿੰਘਾਂ 'ਚ ਹੋਈ ਝੜਪ ਦੇ ਮਾਮਲੇ 'ਚ ਪੰਜ ਸਾਲਾਂ ਬਾਅਦ ਅਦਾਲਤ ਵੱਲੋਂ ਸੱਤ ਸਿੰਘ ਰਿਹਾਅ

ਡਕਾਲਾ/ਬਲਬੇੜ੍ਹਾ, 16 ਫਰਵਰੀ (ਗੁਰਸੇਵਕ ਸਿੰਘ) : ਕੋਵਿਡ -19 ਕਰੋਨਾ ਕਾਲ 2021 ਦੌਰਾਨ ਸਨੌਰ ਸਬਜ਼ੀ ਮੰਡੀ 'ਚ ਨਹਿੰਗ ਸਿੰਘਾਂ 'ਤੇ ਪਟਿਆਲਾ ਪੁਲਿਸ ਦੀ ਹੋਈ ਆਪਸੀ ਝੜਪ ਦੌਰਾਨ ਹੋਏ ਖ਼ੂਨੀ ਕਾਂਡ ਨਾਲ ਜੁੜੇ ਮਾਮਲੇ 'ਚ ਮਾਨਯੋਗ ਅਦਾਲਤ ਨੇ ਪੰਜ ਸਾਲਾਂ ਬਾਅਦ ਸੱਤ ਦੇ ਕਰੀਬ ਨਿਹੰਗ ਸਿੰਘਾਂ ਨੂੰ ਬਾਂਡ ਮੁਚਲਕੇ 'ਤੇ ਰਿਹਾਅ ਕੀਤੇ ਜਾਣ ਦੀ ਜਾਣਕਾਰੀ ਸਾਹਮਣੇ ਆਈ ਹੈ। ਜ਼ਿਕਰਯੋਗ ਹੈ ਕਿ ਕਰੋਨਾ ਕਾਲ ਕੋਵਿਡ-19 ਦੌਰਾਨ ਸਾਲ 2021- 22 ਦੀ 12 ਤੇ 13 ਅਪ੍ਰੈਲ ਵਿਸਾਖੀ ਵਾਲੇ ਦਿਨ ਜਦੋਂ ਗੁਰਦੁਆਰਾ ਖਿਚੜੀ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਲਵਿੰਦਰ ਸਿੰਘ ਆਪਣੇ ਸਾਥੀ ਸਿੰਘਾਂ ਸਮੇਤ ਵਿਸਾਖੀ ਦੇ ਮੁੱਖ ਦਿਹਾੜੇ ਮੌਕੇ ਗੁ: ਖਿੱਚੜੀ ਸਾਹਿਬ ਵਿਖੇ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗਾਂ ਦੇ ਸਬੰਧ 'ਚ ਸਨੌਰ ਸਬਜ਼ੀ ਮੰਡੀ 'ਚੋਂ ਗੁਰੂ ਕੇ ਲੰਗਰਾਂ ਲਈ ਸਬਜ਼ੀਆਂ ਸਮੇਤ ਜ਼ਰੂਰੀ ਹੋਰ ਵਸਤਾਂ ਦੀ ਖ੍ਰੀਦੋ ਫਰੋਖ਼ਤ ਕਰਨ ਲਈ ਗਏ ਸਨ, ਤਾਂ ਉਸ ਮੌਕੇ ਸਨੌਰ ਸਬਜ਼ੀ ਮੰਡੀ 'ਚ ਕਰੋਨਾ ਗਾਈਡ ਲਾਈਨ ਸਥਿਰ ਰੱਖਣ ਲਈ ਡਿਊਟੀ 'ਤੇ ਤਾਇਨਾਤ ਸਥਾਨਕ ਪੁਲਿਸ ਪਾਰਟੀ ਅਤੇ ਨਿਹੰਗ ਸਿੰਘਾਂ 'ਚ ਕਰੋਨਾ ਪਾਸ ਦਿਖਾਉਣ ਲਈ ਹੋਈ ਤਕਰਾਰਬਾਜ਼ੀ, ਤਲਖ਼ੀ ਵੱਧਣ ਤੋਂ ਬਾਅਦ ਬਦਲ ਕੇ ਖ਼ੂਨੀ ਝੜਪ ਦੇ ਰੂਪ 'ਚ ਤਬਦੀਲ ਹੋ ਗਈ ਸੀ, ਅਤੇ ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ ਤਸਵੀਰਾਂ 'ਚ ਜਦੋਂ ਸਥਾਨਕ ਪੁਲਿਸ ਪਾਰਟੀ ਵੱਲੋਂ ਗੁ: ਖਿੱਚੜੀ ਸਾਹਿਬ ਦੀ ਗੱਡੀ ਸਮੇਤ ਕੁਝ ਨਿਹੰਗ ਸਿੰਘਾਂ ਦੀ ਕੁੱਟਮਾਰ ਕਰਨ ਦੀਆਂ ਵੀਡੀਓ ਵੀ ਵਾਇਰਲ ਹੋਈਆਂ ਸਨ,



ਤਾਂ ਪੁਲਿਸ ਪਾਰਟੀ ਦੇ ਐਕਸ਼ਨ ਦੇ ਰਿਐਕਸ਼ਨ 'ਚ ਆਏ ਨਿਹੰਗ ਸਿੰਘਾਂ ਵੱਲੋਂ ਵੀ ਜਵਾਬੀ ਕਾਰਵਾਈ ਕਰਦੇ ਹੋਏ ਪਟਿਆਲਾ ਪੁਲਿਸ ਦੇ ਇੱਕ ਇੰਸਪੈਕਟਰ ਹਰਜੀਤ ਸਿੰਘ ਦਾ ਹੱਥ ਗੁੱਟ ਨਾਲੋਂ ਵੱਖਰਾ ਕਰ ਦਿੱਤਾ ਗਿਆ ਸੀ, ਜਿਸ ਤੋਂ ਬਾਅਦ ਪਟਿਆਲਾ ਪੁਲਿਸ ਦੇ ਤਤਕਾਲੀ ਆਈ.ਜੀ ਮਨਦੀਪ ਸਿੰਘ ਸਿੱਧੂ ਜੋ ਕਿ ਉਸ ਸਮੇਂ ਪਟਿਆਲਾ ਦੇ ਬਤੌਰ ਸੀਨੀਅਰ ਪੁਲਿਸ ਕਪਤਾਨ ਸੁਪਰਡੈਂਟ ਸਨ, ਨੇ ਸਮੇਤ ਪੁਲਿਸ ਫੋਰਸ ਦੇ, ਕਮਾਂਡੋ ਦਸਤੇ ਨਾਲ ਲੈ ਕੇ ਗੁਰਦੁਆਰਾ ਖਿਚੜੀ ਸਾਹਿਬ ਸਮੇਤ ਪੂਰੇ ਇਲਾਕੇ ਨੂੰ ਪੁਲਿਸ ਛਾਉਣੀ 'ਚ ਤਬਦੀਲ ਕਰਕੇ, ਪੁਲਿਸ ਅਨੁਸਾਰ ਵਾਰਦਾਤ 'ਚ ਸ਼ਾਮਿਲ ਨਿਹੰਗ ਸਿੰਘ ਬਾਬਾ ਬਲਵਿੰਦਰ ਸਿੰਘ ਸਮੇਤ ਅੱਠ ਦੇ ਕਰੀਬ ਸਿੰਘਾਂ ਨੂੰ ਹਿਰਾਸਤ 'ਚ ਲੈ ਕੇ ਮਾਣਯੋਗ ਅਦਾਲਤ ਦੇ ਹੁਕਮਾਂ 'ਤੇ ਰਿਮਾਂਡ ਪੂਰਾ ਹੋਣ ਤੋਂ ਬਾਅਦ ਸੈਂਟਰਲ ਜੇਲ ਪਟਿਆਲਾ ਵਿਖੇ ਭੇਜ ਦਿੱਤਾ ਗਿਆ ਸੀ, ਇਹ ਜਾਣਕਾਰੀ ਮੀਡੀਆ ਤੰਤਰ ਦੇ ਖ਼ੁਫ਼ੀਆ ਵਿਭਾਗ ਨੇ ਪ੍ਰੈਸ ਨਾਲ ਸਾਂਝੀ ਕਰਦਿਆਂ ਦੱਸਿਆ ਕਿ ਲਗਾਤਾਰ ਪੰਜ ਸਾਲਾਂ ਤੋਂ ਚਲਦੀ ਆ ਰਹੀ ਕਾਨੂੰਨੀ ਪ੍ਰਕਿਰਿਆ ਤਹਿਤ ਮਾਣਯੋਗ ਅਦਾਲਤ ਦੇ ਸਾਹਮਣੇ ਰੱਖੀਆ ਅਪੀਲਾਂ ਦਲੀਲਾਂ ਨੂੰ ਸੁਣਨ ਤੋਂ ਬਾਅਦ ਅਦਾਲਤ ਨੇ ਸੱਤ ਦੇ ਕਰੀਬ ਨਿਹੰਗ ਸਿੰਘਾਂ ਵਿੱਚੋਂ ਕੁੱਝ ਨੂੰ ਬਾ-ਇੱਜ਼ਤ ਬਰੀ ਕਰ ਦਿੱਤਾ ਹੈ, ਅਤੇ ਕੁੱਝ ਨੂੰ ਅਦਾਲਤੀ ਬਾਂਡ ਭਰਾ ਕੇ ਜ਼ਮਾਨਤ 'ਤੇ ਰਿਹਾ ਕੀਤਾ ਹੈ। ਇਸ ਮਾਮਲੇ 'ਤੇ ਜਦੋਂ ਗੁਰਦੁਆਰਾ ਖਿਚੜੀ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਲਵਿੰਦਰ ਸਿੰਘ ਦੇ ਧਰਮ ਸੁਪਤਨੀ ਨਾਲ ਸੰਪਰਕ ਕੀਤਾ ਗਿਆ, ਤਾਂ ਉਹਨਾਂ ਦਾ ਕਹਿਣਾ ਹੈ ਕਿ ਉਹਨਾਂ ਨੂੰ ਗੁਰੂ ਸਾਹਿਬ ਜੀ ਅਤੇ ਮਾਨਯੋਗ ਅਦਾਲਤੀ ਪ੍ਰਨਾਲੀ ਦੇ ਫੈਸਲੇ 'ਤੇ ਪੂਰਨ ਭਰੋਸਾ ਹੈ, ਇਸ ਲਈ ਗੁਰਦੁਆਰਾ ਖਿਚੜੀ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਲਵਿੰਦਰ ਸਿੰਘ ਨੂੰ ਵੀ ਕੇਸ ਦੀ ਸੁਣਵਾਈ ਕਰ ਰਹੇ ਮਾਨਯੋਗ ਜੱਜ ਸਾਹਿਬ ਇਨਸਾਫ ਦੇ ਕੇ ਜਲਦੀ ਰਿਹਾਅ ਕਰਨਗੇ।

## ਡੀ.ਸੀ. ਵੱਲੋਂ ਪਟਿਆਲਾ ਵਿਰਾਸਤੀ ਮੇਲੇ 'ਚ ਲੋਕਾਂ ਨੂੰ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦਾ ਸੱਦਾ

### ਕਿਲ੍ਹਾ ਮੁਬਾਰਕ 'ਚ 21 ਨੂੰ ਸ਼ਾਸਤਰੀ ਸੰਗੀਤ ਤੇ 22 ਨੂੰ ਸੂਫ਼ੀਆਨਾ ਸ਼ਾਮ ਦੇ ਪੋਸਟਰ ਜਾਰੀ



ਪਟਿਆਲਾ, 16 ਫਰਵਰੀ (ਰੁਪਾਣਾ/ਦੀਪਕ ਜੈਦਕਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਪਟਿਆਲਾ ਵਿਰਾਸਤੀ ਮੇਲੇ-2026 ਤਹਿਤ ਕਿਲਾ ਮੁਬਾਰਕ ਵਿਖੇ 21 ਅਤੇ 22 ਫਰਵਰੀ ਦੀ ਸ਼ਾਮ ਨੂੰ ਕਰਵਾਈ ਜਾਣ ਵਾਲੀ ਸ਼ਾਸਤਰੀ ਸੰਗੀਤ ਅਤੇ ਸੂਫ਼ੀਆਨਾ ਸ਼ਾਮ ਦੇ ਪੋਸਟਰ ਜਾਰੀ ਕੀਤੇ। ਡਿਪਟੀ ਕਮਿਸ਼ਨਰ ਨੇ ਪਟਿਆਲਾ ਜ਼ਿਲ੍ਹਾ ਨਿਵਾਸੀਆਂ ਨੂੰ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਸੱਦਾ ਵੀ ਦਿੱਤਾ। ਇਸ ਮੌਕੇ ਏ.ਡੀ.ਸੀ (ਜ) ਸਿਮਰਪ੍ਰੀਤ ਕੌਰ, ਐਸ.ਡੀ.ਐਮ. ਸਮਾਣਾ ਤੇ ਨੋਡਲ ਅਫ਼ਸਰ ਰਿਚਾ ਗੋਇਲ, ਮੁੱਖ ਮੰਤਰੀ ਫੀਲਡ ਅਫ਼ਸਰ ਸਤੀਸ਼ ਚੰਦਰ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ। ਵਰਜੀਤ ਵਾਲੀਆ ਨੇ ਦੱਸਿਆ ਕਿ 21 ਫਰਵਰੀ ਦੀ ਸ਼ਾਮ 6 ਵਜੇ ਹਿੰਦੁਤਸਾਨੀ ਸ਼ਾਸਤਰੀ ਸੰਗੀਤ ਦੀ ਉਘੀ ਗਾਇਕਾ ਰੌਣਕਿਨੀ ਗੁਪਤਾ ਦਾ ਗਾਇਣ ਹੋਵੇਗਾ। ਇਸ ਮੌਕੇ ਉਨ੍ਹਾਂ ਦੇ ਨਾਲ ਪ੍ਰਸਿੱਧ ਤਬਲਾਵਾਦਕ ਅਸ਼ੀਸ ਰਾਗਵਾਨੀ ਅਤੇ ਹਰਮੋਨੀਅਮ 'ਤੇ ਤਨਮਯ ਮੇਸਟਰੀ ਸੰਗਤ ਕਰਨਗੇ। ਜਦੋਂਕਿ ਇਨ੍ਹਾਂ ਤੋਂ ਬਾਅਦ ਅਨੁਪਮਾ ਭਾਗਵਤ ਦੀ ਸਿਤਾਰ, ਦੇਬਸ ਮਿਸ਼ਰਾ ਭੱਟਾਚਾਰੀਆ ਦਾ ਸਰੋਦ, ਪੰਡਿਤ ਅਭਿਸ਼ੇਕ ਮਿਸ਼ਰਾ ਦਾ ਤਬਲਾ ਅਤੇ ਏ ਅਵਧਾਨੀ ਦੇ ਮਿਰਦੰਗਮ ਦੀ ਚੌਗੁਲਬੰਦੀ ਹੋਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਟਿਆਲਾ ਵਿਰਾਸਤੀ ਮੇਲੇ ਦੀ ਸਮਾਪਤੀ ਵਾਲੀ ਸ਼ਾਮ 22 ਫਰਵਰੀ ਨੂੰ ਕਿਲਾ ਮੁਬਾਰਕ ਵਿਖੇ ਪਟਿਆਲਾ ਦੇ ਉਘੇ ਫ਼ਨਕਾਰ ਅਮਨਦੀਪ ਸਿੰਘ ਦਾ ਦਿਲਰੁਬਾ ਵਾਦਨ ਤੇ ਲੋਕ ਗਾਇਕੀ ਸਮੇਤ ਸੂਫ਼ੀ ਨੌਜਵਾਨ ਕਵਾਲ (ਇਮਰਾਨ) ਖ਼ਾਨ ਸਾਬ੍ਹ ਦੀ ਦਿਲਕਸ਼ ਗਾਇਕੀ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਪਟਿਆਲਾ ਨੂੰ ਟੂਰਿਜ਼ਮ ਦੇ ਕੇਂਦਰ ਵਜੋਂ ਉਭਾਰਨ ਲਈ ਕਰਵਾਏ ਜਾ ਰਹੇ ਪਟਿਆਲਾ ਹੈਰੀਟੇਜ ਫੈਸਟੀਵਲ ਦੇ ਵੱਖ-ਵੱਖ ਸਮਾਗਮਾਂ ਲਈ ਪਟਿਆਲਵੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਸਾਰੀਆਂ ਟੀਮਾਂ ਵਿੱਚ ਭਾਰੀ ਉਤਸ਼ਾਹ ਹੈ। ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ 17 ਫਰਵਰੀ ਨੂੰ ਪੋਲੋ ਗਰਾਊਂਡ ਵਿਖੇ ਉਘੇ ਪੰਜਾਬੀ ਗਾਇਕ ਮਨਮੋਹਨ ਵਾਰਸ ਤੇ ਕਮਲ ਹੀਰ ਵਾਰਸ ਭਰਾਵਾਂ ਦੀ ਜੋੜੀ ਰੰਗ ਬੰਨ੍ਹੇਗੀ, ਜਦਕਿ 18 ਫਰਵਰੀ ਨੂੰ ਬਾਰਾਂਦਰੀ ਬਾਗ ਭੋਜਨ ਮੇਲਾ ਤੇ ਫੁੱਲਾਂ ਦਾ ਸ਼ੋਅ, 19 ਫਰਵਰੀ ਨੂੰ ਬਾਰਾਂਦਰੀ ਬਾਗ ਵਿਖੇ ਪਟਿਆਲਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਕੁਦਰਤ ਵਾਕ, ਵਾਤਾਵਰਨ ਸੈਰ ਅਤੇ 20 ਫਰਵਰੀ ਨੂੰ ਸ਼ਾਹੀ ਸਮਾਧਾਂ ਤੋਂ ਕਿਲਾ ਮੁਬਾਰਕ ਤੱਕ ਵਿਰਾਸਤੀ ਵਾਕ ਹੋਵੇਗੀ।

## ਮਹਿੰਦਰਾ ਕਾਲਜ ਵਿਖੇ 149ਵਾਂ ਸਾਲਾਨਾ ਖੇਡ ਸਮਾਰੋਹ ਕਰਵਾਇਆ



ਪਟਿਆਲਾ, 16 ਫਰਵਰੀ (ਰੁਪਾਣਾ) : ਸਰਕਾਰੀ ਮਹਿੰਦਰਾ ਕਾਲਜ, ਪਟਿਆਲਾ ਵੱਲੋਂ ਆਪਣਾ 149ਵਾਂ ਸਾਲਾਨਾ ਖੇਡ ਸਮਾਰੋਹ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਕਾਲਜ ਦੇ ਮੈਦਾਨ ਵਿੱਚ ਕਰਵਾਇਆ ਗਿਆ ਇਹ ਸਮਾਗਮ ਇਸ ਸੰਸਥਾ ਦੇ 150 ਸਾਲ ਪੂਰੇ ਹੋਣ ਦੇ ਜਸ਼ਨ ਦਾ ਇੱਕ ਮਹੱਤਵਪੂਰਨ ਪੜਾਅ ਰਿਹਾ। ਦਿਨ ਦੀ ਸ਼ੁਰੂਆਤ ਇੱਕ ਪ੍ਰਭਾਵਸ਼ਾਲੀ ਉਦਘਾਟਨੀ ਸਮਾਰੋਹ ਨਾਲ ਹੋਈ। ਸਵੇਰ ਦੇ ਸੈਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਸ. ਪਲਵਿੰਦਰ ਸਿੰਘ ਚੀਮਾ (ਅਰਜੁਨ ਐਵਾਰਡੀ ਅਤੇ ਐਸ.ਪੀ. ਪਟਿਆਲਾ) ਸ਼ਾਮਲ ਹੋਏ। ਉਨ੍ਹਾਂ ਨੇ ਕਾਲਜ ਦਾ ਝੰਡਾ ਲਹਿਰਾਇਆ ਅਤੇ ਐਨ.ਸੀ.ਸੀ. (NCC), ਐਨ.ਐਸ.ਐਸ. (NSS) ਅਤੇ ਸਰੀਰਕ ਸਿੱਖਿਆ ਵਿਭਾਗ ਦੇ ਮਾਰਚਿੰਗ ਦਸਤਿਆਂ ਤੋਂ ਸਲਾਮੀ ਲਈ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸ. ਚੀਮਾ ਨੇ ਚਰਿੱਤਰ ਨਿਰਮਾਣ ਅਤੇ ਅਨੁਸ਼ਾਸਨ ਵਿੱਚ ਖੇਡਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਅਕਾਦਮਿਕ ਟੀਚਿਆਂ ਦੇ ਨਾਲ-ਨਾਲ ਸਰੀਰਕ ਤੰਦਰੁਸਤੀ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਇਸ ਖੇਡ ਮੇਲੇ ਵਿੱਚ ਸਾਰੇ ਵਿਭਾਗਾਂ ਦੇ ਵਿਦਿਆਰਥੀਆਂ ਨੇ ਵੱਖ-ਵੱਖ ਟ੍ਰੈਕ ਅਤੇ ਫੀਲਡ ਮੁਕਾਬਲਿਆਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਇਨ੍ਹਾਂ ਅਥਲੈਟਿਕ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਆਪਣੀ ਸਰੀਰਕ ਸਮਰੱਥਾ ਦਾ ਪ੍ਰਦਰਸ਼ਨ ਕੀਤਾ ਅਤੇ ਦਰਸ਼ਕਾਂ ਦਾ ਮਨ ਮੋਹ ਲਿਆ। ਜੇਤੂ ਵਿਦਿਆਰਥੀਆਂ ਨੂੰ ਕਾਲਜ ਫੈਕਲਟੀ ਵੱਲੋਂ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਪਤੀ ਸਮਾਰੋਹ ਵਿੱਚ ਸ. ਗੁਰਬਖਸ਼ ਸਿੰਘ ਸੰਧੂ (ਦ੍ਰੋਣਾਚਾਰੀਆ ਐਵਾਰਡੀ, ਰਾਸ਼ਟਰਪਤੀ ਐਵਾਰਡੀ, ਲਾਈਫਟਾਈਮ ਅਚੀਵਮੈਂਟ ਐਵਾਰਡ ਵਿਜੇਤਾ ਅਤੇ ਭਾਰਤ ਦੇ ਪ੍ਰਸਿੱਧ ਰਾਸ਼ਟਰੀ ਮੁੱਕੇਬਾਜ਼ੀ ਕੋਚ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸ. ਸੰਧੂ ਨੇ ਵੱਖ-ਵੱਖ ਅਥਲੈਟਿਕ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਵੰਡੇ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਕਾਲਜ ਦੀ ਅਮੀਰ ਵਿਰਾਸਤ ਅਤੇ ਰਾਸ਼ਟਰੀ ਪੱਧਰ ਦੀਆਂ ਖੇਡ ਪ੍ਰਤਿਭਾਵਾਂ ਪੈਦਾ ਕਰਨ ਦੀ ਵਚਨਬੱਧਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਆਉਣ ਵਾਲੇ ਸਮੇਂ ਦੇ ਚੈਂਪੀਅਨਾਂ ਦੀ ਪਛਾਣ ਕਰਨ ਲਈ ਬਹੁਤ ਜ਼ਰੂਰੀ ਹਨ। ਇਸ ਸਮਾਗਮ ਦਾ ਆਯੋਜਨ ਪ੍ਰਿੰਸੀਪਲ, ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਕੀਤਾ ਗਿਆ, ਜਿਸ ਵਿੱਚ ਸਰੀਰਕ ਸਿੱਖਿਆ ਵਿਭਾਗ ਦਾ ਵਿਸ਼ੇਸ਼ ਸਹਿਯੋਗ ਰਿਹਾ। ਪ੍ਰਿੰਸੀਪਲ ਪ੍ਰੋ. ਡਾ. ਨਿਸ਼ਠਾ ਤ੍ਰਿਪਾਠੀ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ।

## ਦੋ ਨਸ਼ੀਲਾ ਪਦਾਰਥ ਤਸਕਰਾਂ ਨੂੰ ਸਜ਼ਾ ਸੁਣਾ ਕੇ ਕੀਤਾ ਅੰਡਰਗਾਨ

ਪਟਿਆਲਾ, 16 ਫਰਵਰੀ (ਵਿਨੋਦ ਸ਼ਰਮਾ) : ਨਸ਼ੀਲਾ




ਪਦਾਰਥ ਰੱਖਣ ਦੇ ਮਾਮਲੇ ਵਿੱਚ ਵਧੀਕ ਸੈਸ਼ਨ ਜੱਜ ਅਤੁਲ ਕੰਬੋਜ ਦੀ ਅਦਾਲਤ ਨੇ ਦੋ ਦੋਸ਼ੀਆਂ ਮਾਨ ਸਿੰਘ ਅਤੇ ਪੱਪੂ ਵਾਸੀ ਯੂਪੀ ਨੂੰ 50 ਦਿਨ ਦੀ ਸਜ਼ਾ ਸੁਣਾ ਕੇ ਅੰਡਰਗਾਨ ਕੀਤਾ ਹੈ ਅਤੇ ਦੋ ਹਜ਼ਾਰ ਰੁਪਏ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਪੁਲਿਸ ਨੇ ਸਾਲ 2021 ਵਿਚ ਥਾਣਾ ਸੰਭੂ ਵਿਖੇ ਮਾਮਲਾ ਦਰਜ ਕੀਤਾ ਸੀ।

## ਪਿੰਡ ਦੇਧਨਾ ਦੇ ਕਿਸਾਨਾਂ ਵੱਲੋਂ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਨਾਲ ਜੁੜਨ ਦਾ ਐਲਾਨ, ਇਕਾਈ ਦਾ ਗਠਨ



ਪਾਤੜਾਂ, 16 ਫਰਵਰੀ (ਹਰਮਿੰਦਰ ਕਰਤਾਰਪੁਰ): ਸਬ ਡਵੀਜ਼ਨ ਪਾਤੜਾਂ ਦੇ ਪਿੰਡ ਦੇਧਨਾ ਦੇ ਕਿਸਾਨਾਂ ਵਲੋਂ ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਬਲਾਕ ਪਾਤੜਾਂ ਦੇ ਪ੍ਰਧਾਨ ਅਮਰੀਕ ਸਿੰਘ ਉਗਰਾਹਾਂ ਦੀ ਅਗਵਾਈ 'ਚ ਪਿੰਡ ਦੇ ਗੁਰਦੁਆਰਾ ਸਾਹਿਬ @ਚ ਮੀਟਿੰਗ ਕਰਕੇ ਜਥੇਬੰਦੀ ਦਾ ਸਾਥ ਦੇਣ ਦਾ ਐਲਾਨ ਕਰਦਿਆਂ ਇਕਾਈ ਦਾ ਗਠਨ ਕੀਤਾ ਗਿਆ। ਇਸ ਸਬੰਧੀ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਬਲਾਕ ਪਾਤੜਾਂ ਦੇ ਪ੍ਰਧਾਨ ਅਮਰੀਕ ਸਿੰਘ ਘੱਗਾ ਨੇ ਦੱਸਿਆ ਕਿ ਪਿੰਡ ਦੇ ਦੇਧਨਾ ਦੇ ਤਿੰਨ ਦਰਜਨ ਦੇ ਕਰੀਬ ਕਿਸਾਨਾਂ ਵਲੋਂ ਅੱਜ ਦੀ ਮੀਟਿੰਗ ਵਿੱਚ ਹਿੱਸਾ ਲੈਂਦਿਆਂ ਭਾਰਤੀ ਯੂਨੀਅਨ ਏਕਤਾ (ਉਗਰਾਹਾਂ) ਦੇ ਕੌਮੀ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਦੀ ਅਗਵਾਈ ਵਿੱਚ ਚੱਲਣ ਦਾ ਐਲਾਨ ਕੀਤਾ ਗਿਆ। ਅਮਰੀਕ ਸਿੰਘ ਘੱਗਾ ਨੇ ਦੱਸਿਆ ਕਿ ਇਕਾਈ ਦੀ ਚੋਣ ਸਮੇਂ ਬਲਾਕ ਪਾਤੜਾਂ ਦੇ ਸਕੱਤਰ ਅਵਤਾਰ ਸਿੰਘ ਬੂਰੜ ਅਤੇ ਖਜ਼ਾਨਚੀ ਗੁਰਮੁੱਖ ਸਿੰਘ ਕਲਵਾਨੂੰ ਵੀ ਵਿਸ਼ੇਸ਼ ਤੌਰ ਤੇ ਹਜ਼ਾਰ ਰਹੇ। ਉਨ੍ਹਾਂ ਦੱਸਿਆ ਕਿ ਨਵੇਂ ਚੁਣੇ ਗਏ ਅਹੁਦੇਦਾਰਾਂ ਵਿੱਚ ਇਕਾਈ ਦੇ ਪ੍ਰਧਾਨ ਗੁਰਸੇਵ ਸਿੰਘ ਦੇਧਨਾ, ਮੀਤ ਪ੍ਰਧਾਨ ਨਿਰਮਲ ਸਿੰਘ , ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ,ਸਕੱਤਰ ਜਸਪਾਲ ਸਿੰਘ, ਜੈ ਭਗਵਾਨ ਲਾਡੀ ਅਤੇ ਉਮ ਪ੍ਰਕਾਸ਼ ਖਜ਼ਾਨਚੀ, ਹਰਿੰਦਰ ਸਿੰਘ ਪ੍ਰਚਾਰ ਸਕੱਤਰ, ਸੁਖਮਿੰਦਰ ਸਿੰਘ ਸੰਗਠਨ ਸਕੱਤਰ, ਬੀਰ ਸਿੰਘ ਪ੍ਰੈਸ ਸਕੱਤਰ ਜਦ ਕਿ ਸੁਖਮਿੰਦਰ ਸਿੰਘ ਨੂੰ ਮੈਂਬਰ ਨਿਯੁਕਤ ਕੀਤਾ ਗਿਆ।

## ਕੱਚੇ ਮਟਰ ਖਾਣ ਨਾਲ ਲੜਕੀ ਦੀ ਮੌਤ

ਸਮਾਣਾ, 16 ਫਰਵਰੀ (ਵਿਜੇ ਕੁਮਾਰ): ਖੇਤ ਵਿੱਚ ਮਟਰ ਤੋੜਨ ਗਏ ਪਰਿਵਾਰ ਦੀ ਨਾਬਾਲਗ ਲੜਕੀ ਵੱਲੋਂ ਜ਼ਿਆਦਾ ਮਾਤਰਾ ਵਿੱਚ ਕੱਚੇ ਮਟਰ ਖਾ ਲੈਣ ਕਾਰਨ ਤਬੀਅਤ ਵਿਗੜ ਗਈ, ਜਿਸ ਤੋਂ ਬਾਅਦ ਇਲਾਜ ਦੌਰਾਨ ਉਸਦੀ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।



ਮਾਮਲੇ ਦੇ ਜਾਂਚ ਅਧਿਕਾਰੀ ਬਾਦਸ਼ਾਹਪੁਰ ਪੁਲਿਸ ਦੇ ਏ.ਐੱਸ.ਆਈ. ਪਰਮਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕਾ ਪ੍ਰਾਚੀ (16) ਦੀ ਮਾਤਾ ਬਲਜੀਤ ਕੌਰ, ਨਿਵਾਸੀ ਪਿੰਡ ਸਾਧਾਰਨਪੁਰ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ, ਉਨ੍ਹਾਂ ਦਾ ਪਰਿਵਾਰ ਖੇਤ ਮਜ਼ਦੂਰ ਵਜੋਂ ਕੰਮ ਕਰਦਾ ਹੈ। 10 ਫਰਵਰੀ ਨੂੰ ਪਰਿਵਾਰ ਅਤੇ ਹੋਰ ਔਰਤਾਂ ਸਮੇਤ ਉਹ ਪਿੰਡ ਦੇ ਖੇਤ ਵਿੱਚ ਮਟਰ ਤੋੜਨ ਗਏ ਸਨ। ਉਨ੍ਹਾਂ ਦੀ ਪੁੱਤਰੀ ਵੀ ਨਾਲ ਗਈ ਸੀ, ਜਿੱਥੇ ਉਸ ਨੇ ਮਟਰ ਤੋੜਦਿਆਂ ਕਾਫ਼ੀ ਮਾਤਰਾ ਵਿੱਚ ਕੱਚੇ ਮਟਰ ਖਾ ਲਏ। ਪਿਤਾ ਜਸਵੰਤ ਸਿੰਘ ਨੇ ਵੀ ਕੁੱਝ ਕੱਚੇ ਮਟਰ ਖਾਧੇ ਸਨ, ਪਰ ਉਲਟੀ ਆਉਣ ਤੋਂ ਬਾਅਦ ਉਨ੍ਹਾਂ ਦੀ ਤਬੀਅਤ ਠੀਕ ਹੋ ਗਈ। ਪ੍ਰਾਚੀ ਨੂੰ ਉਲਟੀਆਂ ਆਉਣ ਅਤੇ ਤਬੀਅਤ ਜ਼ਿਆਦਾ ਵਿਗੜਨ 'ਤੇ ਪਹਿਲਾਂ ਸਥਾਨਕ ਡਾਕਟਰ ਕੋਲ ਲਿਜਾਇਆ ਗਿਆ। ਹਾਲਤ ਵਿੱਚ ਸੁਧਾਰ ਨਾ ਹੋਣ ਕਾਰਨ ਉਸ ਨੂੰ ਪਟਿਆਲਾ ਦੇ ਇੱਕ ਨਿੱਜੀ ਹਸਪਤਾਲ ਦਾਖ਼ਲ ਕਰਵਾਇਆ ਗਿਆ। ਉੱਥੇ ਵੀ ਕੋਈ ਸੁਧਾਰ ਨਾ ਹੋਣ 'ਤੇ 15 ਫਰਵਰੀ ਨੂੰ ਉਸ ਨੂੰ ਪੀ.ਜੀ.ਆਈ. ਰੈਫਰ ਕਰ ਦਿੱਤਾ ਗਿਆ। ਪੀ.ਜੀ.ਆਈ. ਵੱਲੋਂ ਜਵਾਬ ਮਿਲਣ 'ਤੇ ਜਦੋਂ ਪਰਿਵਾਰ ਉਸ ਨੂੰ ਵਾਪਸ ਘਰ ਲਿਆਇਆ, ਤਾਂ ਰਾਤ ਸਮੇਂ ਹੀ ਉਸ ਦੀ ਮੌਤ ਹੋ ਗਈ। ਪੁਲਿਸ ਅਧਿਕਾਰੀ ਅਨੁਸਾਰ ਦਰਜ ਕਰਵਾਏ ਬਿਆਨਾਂ ਦੇ ਆਧਾਰ 'ਤੇ ਭਾਰਤੀ ਨਿਆ ਸੰਹਿਤਾ ਦੀ ਧਾਰਾ 194 ਤਹਿਤ ਕਾਰਵਾਈ ਕਰਦੇ ਹੋਏ, ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

## ਭਾਈ ਮਰਦਾਨਾ ਜੀ ਦਾ ਜਨਮ ਦਿਹਾੜਾ ਮਨਾਇਆ



ਨਾਭਾ, 16 ਫਰਵਰੀ (ਬਲਜਿੰਦਰ ਮਾਨ) : ਭਾਈ ਮਰਦਾਨਾ ਜੀ ਦੀ ਸਮੁੱਚੀ ਵੰਸ਼ ਅਤੇ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਮੁਸ਼ਤਾਕ ਅਲੀ ਕਿੰਗ ਸਾਬਕਾ ਸਰਪੰਚ ਮੇਘ ਕਲੋਨੀ, ਪ੍ਰਧਾਨ ਭਾਈ ਮਰਦਾਨਾ ਜੀ ਸੁਸਾਇਟੀ ਨਾਭਾ ਦੀ ਅਗਵਾਈ ਵਿੱਚ ਭਾਈ ਮਰਦਾਨਾ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ ਘੋੜਿਆਂਵਾਲਾ ਵਿਖੇ ਮਨਾਇਆ ਗਿਆ। ਸਮਾਗਮ ਦੌਰਾਨ ਪ੍ਰਸਿੱਧ ਕਥਾਵਾਚਕ ਗਿਆਨੀ ਰਾਜਿੰਦਰਪਾਲ ਸਿੰਘ ਨਾਭਾ ਨੇ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਭਾਈ ਮਰਦਾਨਾ ਜੀ ਨੇ ਚਾਰੋਂ ਪ੍ਰਚਾਰ ਦੌਰਿਆਂ ਮੌਕੇ ਗੁਰੂ ਸਾਹਿਬ ਜੀ ਦਾ ਸਭ ਤੋਂ ਵੱਧ ਅਣਥੱਕ ਅਤੇ ਡਟਵਾਂ ਸਾਥ ਦਿੱਤਾ। ਭਾਈ ਮਨਿੰਦਰ ਸਿੰਘ ਹਜ਼ੂਰੀ ਕਥਾਵਾਚਕ ਨੇ ਵੀ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਜਥੇ: ਬਾਬਾ ਕਸ਼ਮੀਰਾ ਸਿੰਘ ਜੀ ਅਲੌਹਰਾਂ ਵਾਲੇ, ਮਹਾਰਾਣੀ ਉਮਾ ਸਿੰਘ, ਜਥੇ: ਬਲਤੇਜ ਸਿੰਘ ਖੋਖ, ਮੱਖਣ ਸਿੰਘ ਲਾਲਕਾ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ, ਸਾਧੂ ਸਿੰਘ ਧਰਮਸੋਤ ਸਾਬਕਾ ਮੰਤਰੀ, ਚਰਨ ਸਿੰਘ ਮਲਕੀਤ ਕੰਬਾਇਨ, ਜੱਸਾ ਖੋਖ, ਆਤਮਪ੍ਰਕਾਸ਼ ਬੇਦੀ ਮੈਨੇਜਰ-ਭਾਈ ਬੀਰ ਬਹਾਦਰ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਸਾਹਿਬ, ਨਬਾਬ ਖਾਨ ਸਰਪੰਚ, ਲਾਭ ਖਾਨ ਬਿਰੜਵਾਲ, ਨਾਥਾ ਖਾਨ ਅਲੌਹਰਾਂ, ਪ੍ਰਵੀਨ ਖਾਨ ਪਹਾੜਪੁਰ, ਜੀਤ ਖਾਨ ਲਲੌਡਾ, ਸੁਰਜੀਤ ਸਿੰਘ ਰੋਹਟੀ, ਦਰਸ਼ਨ ਸਿੰਘ ਹਰੀਗੜ੍ਹ, ਪ੍ਰੇਮ ਜੁਗੇੜਾ, ਜਸਵੰਤ ਰੀਠਖੇੜੀ ਆਦਿ ਹਾਜ਼ਰ ਸਨ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



ਜਸਪਾਲ ਸਿੰਘ ਬਿੱਟੂ ਚੱਠਾ ਦੀ ਅਗਵਾਈ 'ਚ ਮੋਨੂ ਭਾਰਦਵਾਜ ਅਤੇ ਬਲਵਿੰਦਰ ਸਿੰਘ ਬੰਟੀ ਸੈਂਕੜੇ ਸਾਥੀਆਂ ਸਮੇਤ ਪਟਿਆਲਾ ਦਿਹਾਤੀ ਤੋਂ ਅਕਾਲੀ ਦਲ 'ਚ ਸ਼ਾਮਲ। (ਫੋਟੋ ਤੇ ਵੇਰਵਾ : ਚੜ੍ਹਦੀਕਲਾ ਬਿਊਰੋ)

## ਪੰਜਾਬ ਜੇਤੂ ਜ਼ਿਲ੍ਹਾ ਟੀਮ 'ਚ ਖੋ-ਖੋ ਖਿਡਾਰਨ ਦਾ ਸਕੂਲ ਸਟਾਫ਼ ਤੇ ਪਤਵੰਤਿਆਂ ਵੱਲੋਂ ਸਨਮਾਨ



ਸ਼ੇਰਪੁਰ, 16 ਫਰਵਰੀ (ਬਲਜੀਤ ਸਿੰਘ ਟਿੱਬਾ) : ਖੋ-ਖੋ ਜ਼ਿਲ੍ਹਾ ਸੰਗਰੂਰ ਦੀ ਟੀਮ ਵਿੱਚ ਖੇਡਦਿਆਂ ਪੰਜਾਬ ਫਤਿਹ ਕਰਨ ਮਗਰੋਂ ਸਰਕਾਰੀ ਪ੍ਰਾਇਮਰੀ ਸਕੂਲ ਘਨੌਰੀ ਕਲਾਂ ਦੀ ਖਿਡਾਰਨ ਮਾਹੀ ਘਨੌਰੀ ਦਾ ਅੱਜ ਸੀ ਐਚ ਟੀ ਕਿਰਨਦੀਪ ਕੌਰ ਅਤੇ ਸੀਨੀਅਰ ਅਧਿਆਪਿਕਾ ਗੁਰਕਿਰਨ ਕੌਰ ਦੀ ਸਾਂਝੀ ਅਗਵਾਈ ਹੇਠ ਸਨਮਾਨ ਕੀਤਾ ਗਿਆ ਜਿਸ ਵਿੱਚ ਪੰਚਾਇਤੀ ਨੁਮਾਇੰਦਿਆਂ, ਪਿੰਡ ਦੇ ਪਤਵੰਤਿਆਂ ਅਤੇ ਐਸ ਐਮ ਸੀ ਕਮੇਟੀ ਦੇ ਮੈਂਬਰਾਂ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਸਮੇਂ-ਸਮੇਂ ਸਕੂਲ ਦੇ ਲੋੜਵੰਦ ਵਿਦਿਆਰਥੀਆਂ ਦੀ ਮੱਦਦ ਕਰਨ ਵਾਲੇ ਟਰੱਕ ਯੂਨੀਅਨ ਸ਼ੇਰਪੁਰ ਦੇ ਸਾਬਕਾ ਪ੍ਰਧਾਨ ਹਰਦੀਪ ਸਿੰਘ ਹੈਪੀ ਦਾ ਵੀ ਉਚੇਚਾ ਸਨਮਾਨ ਕੀਤਾ ਗਿਆ। ਇਸ ਮੌਕੇ ਮੁਲਾਜ਼ਮ ਨੇਤਾ ਮਾਸਟਰ ਕੁਲਵੰਤ ਸਿੰਘ, ਰਣਜੀਤ ਸਿੰਘ, ਨਿਰਮਲ ਸਿੰਘ, ਰਾਮ ਸਿੰਘ (ਸਾਰੇ ਪੰਚ) ਸਾਬਕਾ ਪੰਚ ਮਲਕੀਤ ਸਿੰਘ, ਗੁਰਦੁਆਰਾ ਕਮੇਟੀ ਦੇ ਆਗੂ ਅਮਰੀਕ ਸਿੰਘ, ਜੱਗਾ ਸਿੰਘ ਆਦਿ ਨੇ ਜੇਤੂ ਵਿਦਿਆਰਥਣ, ਉਸਦੇ ਮਾਪਿਆਂ ਤੇ ਸਕੂਲ ਸਟਾਫ਼ ਨੂੰ ਵਧਾਈ ਦਿੱਤੀ। ਸਟੇਜ ਸਕੱਤਰ ਦੇ ਫਰਜ ਅਧਿਆਪਕ ਮਨਦੀਪ ਸਿੰਘ ਚਾਂਗਲੀ ਨੇ ਨਿਭਾਏ। ਇਸ ਮੌਕੇ ਮੁੱਖ ਅਧਿਆਪਕ ਜਾਂਗਲੀ ਬਲਵੰਤ ਸਿੰਘ, ਨਿੰਦਰਜੀਤ ਕੌਰ, ਸ਼ਿਵਾਨੀ ਗਰਗ, ਇੰਦਰਵੀਰ ਕੌਰ, ਪਰਮਜੀਤ ਕੌਰ, ਨਿਸ਼ਾ ਰਾਣੀ, ਸੰਦੀਪ ਕੌਰ, ਆਂਗਨਵਾੜੀ ਮੁਲਾਜ਼ਮਾਂ ਵੱਲੋਂ ਰਾਜ ਰਾਣੀ ਅਤੇ ਬਲਵਿੰਦਰ ਕੌਰ ਵੀ ਹਾਜ਼ਰ ਸਨ।

## ਚੇਤਨਾ ਪਰਖ਼ ਪ੍ਰੀਖਿਆ ਦੇ ਵਿਦਿਆਰਥੀਆਂ ਦਾ ਸਨਮਾਨ ਸਮਾਰੋਹ



ਪਟਿਆਲਾ, 16 ਫਰਵਰੀ (ਚ.ਨ.ਸ.) : ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਅਰਬਨ ਅਸਟੇਟ ਵੱਲੋਂ ਪੰਜਾਬੀ ਯੂਨੀਵਰਸਿਟੀ ਦੇ ਵਿਦਿਆਰਥੀ ਭਵਨ ਵਿਖੇ ਬਹੁਤ ਹੀ ਪ੍ਰਭਾਵਸ਼ਾਲੀ ਇਨਾਮ ਵੰਡ ਸਮਾਰੋਹ ਕੀਤਾ ਗਿਆ। ਇਸ ਮੌਕੇ ਇਕਾਈ ਦੇ ਜੱਥੇਬੰਦਕ ਮੁਖੀ ਸੁਰਿੰਦਰ ਪਾਲ ਨੇ ਆਪਣੇ ਸੁਆਗਤੀ ਭਾਸ਼ਣ ਸਮੇਂ ਦੱਸਿਆ ਕੇ ਇਕਾਈ ਦੇ ਵੱਖ ਵੱਖ 10 ਸਕੂਲਾਂ ਦੇ ਤਕਰੀਬਨ 768 ਮਿਡਲ ਅਤੇ ਸੈਕੰਡਰੀ ਦੇ ਵਿਦਿਰਥੀਆਂ ਵੱਲੋਂ ਇਸ ਪ੍ਰੀਖਿਆ ਵਿੱਚ ਭਾਗ ਲਿਆ,ਆਦਰਸ਼ ਪਬਲਿਕ ਸਕੂਲ ਸ਼ੁਤਰਾਣਾ ਦੇ ਵਿਦਿਆਰਥੀਆਂ ਨੇ ਸਟੇਟ ਦੀਆਂ ਕੁੱਲ 30 ਪੁਜ਼ੀਸ਼ਨਾਂ ਵਿੱਚੋ 8, ਜ਼ੋਨ ਦੀਆਂ ਕੁੱਲ 18 ਪੁਜ਼ੀਸ਼ਨਾਂ ਵਿੱਚੋ 13 ਅਤੇ ਇਕਾਈ ਦੀਆਂ ਕੁੱਲ 25 ਪੁਜ਼ੀਸ਼ਨਾਂ ਵਿੱਚੋਂ '10 ਹਾਸਲ ਕਰਕੇ ਪੂਰੇ ਪੰਜਾਬ ਵਿੱਚ ਇੱਕ ਰਿਕਾਰਡ ਕਾਇਮ ਕੀਤਾ ਹੈ। ਇਸ ਸਮਾਗਮ ਦੇ ਮੁੱਖ ਮਹਿਮਾਨ ਬਾਲ ਸਾਹਿਤਕਾਰ ਡਾ.ਦਰਸ਼ਨ ਸਿੰਘ ਆਸ਼ਟ ਨੇ ਬੱਚਿਆਂ ਨਾਲ ਸਵੰਦ ਕੀਤਾ, ਸਮਾਗਮ ਦੀ ਪ੍ਰਧਾਨਗੀ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਅਤੇ ਪੰਜਾਬੀ ਵਰਲਡ ਸੈਂਟਰ ਦੇ ਚੈਅਰਮੈਨ ਡਾ. ਭੀਮਇੰਦਰ ਨੇ ਕੀਤੀ ਅਤੇ ਵਿਦਿਆਰਥੀਆਂ ਨੂੰ ਵਿਗਿਆਨਕ ਲੀਹਾਂ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ । ਡਾ.ਇਕਬਾਲ ਸਿੰਘ ਸ਼ਕਰੋਦੀ ਅਤੇ ਵਕੀਲ ਰਾਜੀਵ ਲੋਹਟਬਧੀ ਇਸ ਸਮਰੋਹ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ ਤੇ ਸੁਸਾਇਟੀ ਵੱਲੋਂ ਕੀਤੇ ਕੰਮ ਦੀ ਪ੍ਰਸ਼ੰਸ਼ਾ ਕੀਤੀ, ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ। ਇਸ ਸਮਾਗਮ ਦੇ ਸਟੇਜ ਸਕੱਤਰ ਦੀ ਜਿੰਮੇਵਾਰੀ ਲੈਕਚਰਾਰ ਨਰਿੰਦਰ ਪਾਲ ਸਿੰਘ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਬਲਵਿੰਦਰ ਸਿੰਘ, ਪਰਮਜੀਤ ਸਿੰਘ, ਸੰਜੀਵ ਨਾਸਤਿਕ, ਮਾਸਟਰ ਧਰਮਦਾਸ, ਕਮਲੇਸ਼ ਕੁਮਾਰੀ, ਅਨੂ ਬਾਲਾ, ਸੁਮਨ ਗੋਇਲ, ਅਵਤਾਰ ਰੱਖੜਾ,ਅਮੀਰ ਸਿੰਘ, ਹਰਵਿੰਦਰ ਸਿੰਘ ਸਰਪੰਚ ਦੌਉਂਣ ਖੁਰਦ ਗੁਰਵਿੰਦਰ ਸਿੰਘ ਹਾਜ਼ਰ ਰਹੇ।

## ਗਊ ਮਾਤਾ ਸੇਵਾ ਸੰਮਤੀ ਵੱਲੋਂ ਗਊਸ਼ਾਲਾ ਨੂੰ ਟੋਕਾ ਮਸ਼ੀਨ ਭੇਟ



ਸਮਾਣਾ, 16 ਫਰਵਰੀ (ਵਿਜੇ ਕੁਮਾਰ) : ਗਊ ਮਾਤਾ ਸੇਵਾ ਸਮਿਤੀ ਦੇ ਪ੍ਰਧਾਨ ਬਿੱਟੂ ਧੀਮਾਨ, ਸਰਪ੍ਰਸਤ ਨੀਰਜ ਜਿੰਦਲ,ਸੈਲਰ ਐਸੋਸੀਏਸ਼ਨ ਦੇ ਪ੍ਰਧਾਨ ਸੁਰੇਸ਼ ਸਿੰਗਲਾ (ਭੋਲਾ) ਅਤੇ ਸਮਿਤੀ ਦੇ ਮੈਂਬਰਾਂ ਵੱਲੋਂ ਇਕ ਟੋਕਾ ਮਸ਼ੀਨ ਪਿੰਡ ਬਰਾਸ ਗਊਸ਼ਾਲਾ ਵਿੱਚ ਭੇਟ ਕੀਤੀ ਗਈ। ਗਊ ਮਾਤਾ ਸੇਵਾ ਸਮਿਤੀ ਦੇ ਮੈਂਬਰਾਂ ਨੇ ਦੱਸਿਆ ਕਿ ਇਸ ਗਊਸ਼ਾਲਾ 'ਚ ਇਕ ਹੀ ਟੋਕਾ ਮਸ਼ੀਨ ਹੈ ਅਤੇ ਉਹ ਵੀ ਖਰਾਬ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਸਮਿਤੀ ਵੱਲੋਂ ਹਰ ਸਾਲ ਗਊ ਕਥਾ ਕਰਵਾਈ ਜਾਂਦੀ ਹੈ। ਇਸ ਸਾਲ ਵੀ 11 ਅਤੇ 12 ਅਪ੍ਰੈਲ ਨੂੰ ਗਊ ਕਥਾ ਸਤੀ ਮਾਤਾ ਮੰਦਿਰ ਵਿਖੇ ਕਰਵਾਈ ਜਾ ਰਹੀ ਹੈ, ਜਿਸ ਵਿਚ ਪੰਜਾਬ ਦੇ ਗਊ ਸੇਵਾ ਪ੍ਰਮੁੱਖ ਚੰਦਰਕਾਂਤ ਜੀ ਕਥਾ ਕਰਨ ਲਈ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ। ਇਸ ਮੌਕੇ ਯਤਿੰਦਰ ਸ਼ਰਮਾ, ਲਾਇਨਜ਼ ਕਲੱਬ ਸਮਾਣਾ ਰਾਇਲ ਦੇ ਪ੍ਰਧਾਨ ਜੀਵਨ ਗਰਗ, ਕੌਂਸਲਰ ਦਰਸਨ ਮਿੱਤਲ, ਵਿਕਾਸ ਸ਼ਰਮਾ, ਸ਼ਿਵ ਭੋਲਾ, ਪ੍ਰੀਕਸਤ ਪਾਠਕ, ਅਜੇ ਗੋਇਲ, ਜਗਜੀਤ ਸਿੰਘ ਆਦਿ ਹਾਜ਼ਰ ਸਨ।

## ਅਕਾਲੀ ਦਲ ਹਮੇਸ਼ਾ ਹੀ ਪੰਜਾਬ ਦੀ ਮਾਣ-ਮਰਿਆਦਾ, ਪੰਥਕ ਸੋਚ ਅਤੇ ਕਿਸਾਨ-ਮਜ਼ਦੂਰਾਂ ਦੀ ਆਵਾਜ਼ ਬਣੀ : ਜਥੇਦਾਰ ਹਰਿਆਊ



ਸਮਾਣਾ, 16 ਫਰਵਰੀ (ਜਵੰਦਾ) : ਹਲਕਾ ਸਮਾਣਾ ਦੇ ਪਿੰਡ ਸ਼ੈਦੀਪੁਰ ਵਿਖੇ ਧਰਮਿੰਦਰ ਸਿੰਘ ਯੂਐਸਏ ਵੱਲੋਂ ਜਗਮੀਤ ਸਿੰਘ ਹਰਿਆਊ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਸਮਾਣਾ ਦੀ ਰਹਿਨੁਮਾਈ ਹੇਠ ਇਕ ਯੂਥ ਮੀਟਿੰਗ ਕਰਵਾਈ ਗਈ, ਜਿਸ ਨੇ ਨੌਜਵਾਨਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ ਅਤੇ ਇਹ ਮੀਟਿੰਗ ਰੈਲੀ ਦਾ ਰੂਪ ਧਾਰਨ ਕਰ ਗਈ। ਇਸ ਮੌਕੇ ਜਥੇਦਾਰ ਹਰਿਆਊ ਨੇ ਕਿਹਾ ਕਿ ਪੰਜਾਬ ਦੀ ਮਾਣ-ਮਰਿਆਦਾ, ਪੰਥਕ ਸੋਚ ਅਤੇ ਕਿਸਾਨ-ਮਜ਼ਦੂਰਾਂ ਦੀ ਆਵਾਜ਼ ਬਣੀ ਸ਼੍ਰੋਮਣੀ ਅਕਾਲੀ ਦਲ ਦੇ ਸਮਰਥਨ ਵਿੱਚ ਅੱਜ ਪੰਜਾਬ ਬਚਾਓ ਰੈਲੀਆਂ ਤੇ ਹੋ ਰਿਹਾ ਲੋਕਾਂ ਦਾ ਇਕੱਠ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਅੱਜ ਵੀ ਅਕਾਲੀ ਦਲ ਨਾਲ ਖੜ੍ਹਾ ਹੈ। ਉਨ੍ਹਾਂ 19 ਮਾਰਚ ਨੂੰ ਹਲਕਾ ਸਮਾਣਾ ਵਿਖੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਹੋਣ ਜਾ ਰਹੀ ਪੰਜਾਬ ਬਚਾਓ ਰੈਲੀ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਹਲਕਾ ਭਰ ਤੋਂ ਸ਼੍ਰੋਮਣੀ ਅਕਾਲੀ ਦਲ ਨੂੰ ਪਿਆਰ ਕਰਨ ਵਾਲਾ ਹਾਜ਼ਰੀ ਭਰਨਗੇ ਅਤੇ ਰਿਕਾਰਡ ਤੋੜ ਘੱਟ ਹੋਵੇਗਾ। ਇਸ ਮੌਕੇ ਅਮਰਜੀਤ ਸਿੰਘ ਸਾਬਕਾ ਚੇਅਰਮੈਨ, ਬਲਵਿੰਦਰ ਸਿੰਘ ਦਾਨੀਪੁਰ ਸਾਬਕਾ ਚੇਅਰਮੈਨ, ਬਲਜਿੰਦਰ ਸਿੰਘ ਬੱਲੀ ਸਰਪੰਚ, ਮਲਕੀਤ ਸਿੰਘ ਚੀਮਾ, ਸਰਬਜੀਤ ਸਿੰਘ ਕਕਰਾਲਾ, ਪਿਆਰਾ ਸਿੰਘ ਚੁੱਪਕੀ, ਕੁਲਦੀਪ ਸਿੰਘ ਨੱਸੂਪੁਰ, ਨਿਸ਼ਾਨ ਸਿੰਘ ਸੰਧੂ ਅਤੇ ਅਮਰਜੀਤ ਸਿੰਘ ਗੁਰਾਇਆ ਮੌਜੂਦ ਰਹੇ।

## ਭੁੱਕੀ ਤਸਕਰ ਨੂੰ ਦਸ ਸਾਲ ਦੀ ਸਜ਼ਾ

ਪਟਿਆਲਾ, 16 ਫਰਵਰੀ (ਵਿਨੋਦ ਸ਼ਰਮਾ) : ਭੁੱਕੀ ਦੇ ਮਾਮਲੇ ਵਿੱਚ ਵਧੀਕ ਸੈਸ਼ਨ ਜੱਜ ਹਰਜੀਤ ਸਿੰਘ ਦੀ ਅਦਾਲਤ ਨੇ ਦੋਸ਼ੀ ਜਤਿੰਦਰ ਸਿੰਘ ਵਾਸੀ ਪਟਿਆਲਾ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਦਸ ਸਾਲ ਦੀ ਸਜ਼ਾ ਸੁਣਾਈ ਹੈ ਅਤੇ ਇੱਕ ਲੱਖ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਜੁਰਮਾਨਾ ਨਾ ਭਰਨ ਦੀ ਸੂਰਤ ਵਿਚ ਇੱਕ ਸਾਲ ਦੀ ਵੱਖਰੀ ਸਜ਼ਾ ਭੁਗਤਣੀ ਪਏਗੀ। ਪੁਲਿਸ ਨੇ ਸਾਲ 2022 ਵਿਚ ਥਾਣਾ ਸਦਰ ਵਿਖੇ ਮਾਮਲਾ ਦਰਜ ਕੀਤਾ ਸੀ। ਪੁਲਿਸ ਨੇ ਇੱਕ ਕਾਰ ਵਿੱਚੋਂ ਭਾਰੀ ਮਾਤਰਾ ਵਿੱਚ ਭੁੱਕੀ ਬ੍ਰਾਮਦ ਕੀਤੀ ਸੀ।

## ਸਨੌਰ ਆਰੀਆ ਸਮਾਜ ਮੰਦਰ ਵਿੱਚ ਮਹਾਂਰਿਸ਼ੀ ਦਯਾਨੰਦ ਜੈਯੰਤੀ ਨੂੰ ਸਮਰਪਿਤ 11 ਹਵਨ ਕੁੰਡ ਯੱਗ ਕਰਵਾਇਆ

### ➢ਮੁੱਖ ਮਹਿਮਾਨ ਪਦਮਸ਼੍ਰੀ ਪ੍ਰਾਣ ਸੱਭਰਵਾਲ ਨੂੰ 'ਮਹਾਂਰਿਸ਼ੀ ਦਯਾਨੰਦ' ਆਸ਼ੀਰਵਾਦ ਐਵਾਰਡ ਪ੍ਰਦਾਨ



ਪਟਿਆਲਾ, 16 ਫਰਵਰੀ (ਚ.ਨ.ਸ.) : ਪਿਛਲੇ ਕਈ ਸਾਲਾਂ ਤੋਂ ਕਲਾ-ਸਮਾਜ ਸੇਵਾ ਅਤੇ ਧਰਮ ਪ੍ਰਚਾਰ ਵੱਲ ਸਰਗਰਮ ਸਨੌਰ ਆਰੀਆ ਸਮਾਜ ਪ੍ਰਧਾਨ ਸ਼੍ਰੀ ਰਾਜੀਵ ਵਰਮਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਆਯੋਜਿਤ 11 ਹਵਨ ਕੁੰਡ ਯੱਗਿਆ ਮਹਾਰਿਸ਼ੀ ਦਯਾਨੰਦ ਸਰਸਵਤੀ ਜੀ ਦੀ 202 ਵੀਂ ਜਯੰਤੀ ਨੂੰ ਸਮਰਪਿਤ ਕੀਤਾ ਗਿਆ। ਇਸ ਤਿੰਨ ਘੰਟੇ ਅਵਧੀ ਦੇ ਦਿਲਖਿਚਵੇਂ, ਅਧਿਆਤਮਿਕ ਪ੍ਰੋਗਰਾਮ ਦਾ ਉਦਘਾਟਨ ਕਰਦਿਆਂ ਮੁੱਖ ਮਹਿਮਾਨ ਪਦਮਸ਼੍ਰੀ ਪ੍ਰਾਨ ਸੱਭਰਵਾਲ ਨੇ ਕਿਹਾ ਕਿ ਮਹਾਰਿਸ਼ੀ ਸਵਾਮੀ ਦਯਾਨੰਦ ਜੀ ਵੇਦਾਂ, ਉੱਚ ਸਿਕਸ਼ਾ, ਨਾਰੀ ਸਿਕਸ਼ਾ ਦੇ ਪ੍ਰਚਾਰ ਅਤੇ ਸਮਾਜਿਕ ਸੁਧਾਰ ਵੱਲ ਸਦਾ ਤੱਤਪਰ ਰਹੇ। ਸਮਾਗਮ ਦੇ ਪ੍ਰਧਾਨ ਸ਼੍ਰੀ ਵਿਰੇਂਦਰ ਸਿੰਗਲਾ, ਪ੍ਰਧਾਨ ਪਟਿਆਲਾ ਆਰੀਆ ਸਮਾਜ ਨੇ ਸਨੌਰ ਆਰੀਆ ਸਮਾਜ ਦੇ ਪ੍ਰਧਾਨ ਸ਼੍ਰੀ ਰਾਜਿੰਦਰ ਵਰਮਾ ਅਤੇ ਸਮੂੰਹ ਟੀਮ ਦੇ ਸਫਲ ਉਦਮ ਦੀ ਪ੍ਰਸ਼ੰਸਾ ਕੀਤੀ। ਉਹਨਾਂ ਅਤੇ ਸੰਸਥਾ ਦੇ ਮੈਂਬਰਾ ਨੇ ਸ਼੍ਰੀ ਪ੍ਰਾਨ ਸੱਭਰਵਾਲ ਨੂੰ ਅਵਾਰਡ ਆਫ ਆਨਰ ਸਵਾਮੀ ਦਯਾਨੰਦ ਸਰਸਵਤੀ ਆਸ਼ੀਰਵਾਦ ਅਵਾਰਡ, ਮਿਮੈਂਟੋ, ਸ਼ਾਲ, ਬੁੱਕੇ ਅਤੇ ਪੁਸਤਕ ਸੱਤਿਆਰਥ ਪ੍ਰਕਾਸ਼ ਬਤੌਰ ਅਧਿਆਤਮਿਕ ਉਪਹਾਰ ਭੇਟ ਕਰਕੇ ਸਨਮਾਨਿਤ ਕੀਤਾ। ਸਮਾਗਮ ਵਿੱਚ ਉੱਤਰੀ ਭਾਰਤ ਦੇ ਪ੍ਰਸਿੱਧ ਵੇਦੋਪਦੇਸ਼ਕ ਸ਼੍ਰੀ ਬ੍ਰਿਜਿੰਦਰ ਸ਼ਾਸ਼ਸਤਰੀ ਜੀ ਦੇ ਪ੍ਰਵਚਨ ਅਤੇ ਭਜਨੋਪਦੇਸ਼ਿਕਾ ਸੁਮਨ ਅਤੇ ਵੇਦਿਕਾ ਵੱਲੋਂ ਸ਼ਲੋਕਾਂ ਦੇ ਸ਼ੁੱਧ ਉਚਾਰਨ ਅਤੇ ਮਧੁਰ ਆਵਾਜ਼ਾਂ ਵਿੱਚ ਭਜਨਾਂ ਦੀ ਪੇਸ਼ਕਾਰੀ ਨੇ ਆਨੰਦ ਬਰਸਾਇਆ। ਪ੍ਰਧਾਨ ਸ਼੍ਰੀ ਵਰਮਾ, ਸੈਕਟਰੀ ਸਤੀਸ਼ ਬਦਰੂ, ਮੈਂਬਰਾਂ ਨਰੇਸ਼ ਭਾਟੀਆ, ਪਿਆਰਾ ਲਾਲ, ਡਾ. ਸ਼ੰਕਰ, ਰਵਿੰਦਰ ਖੰਨਾਂ ਆਦਿ ਨੇ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ। ਅੰਤ ਵਿੱਚ ਪ੍ਰੀਤੀ ਭੋਜ ਵਰਤਾਇਆ ਗਿਆ ਅਤੇ ਮੰਦਿਰ ਵੱਲੋਂ ਪ੍ਰਧਾਨ ਰਾਜਿੰਦਰ ਵਰਮਾ ਨੇ ਧੰਨਵਾਦ ਕੀਤਾ।

## ਨਸ਼ਾ ਮੁਕਤ ਭਾਰਤ ਅਭਿਆਨ ਮੁਹਿੰਮ ਤਹਿਤ ਜਾਗਰੂਕਤਾ ਪ੍ਰੋਗਰਾਮ



ਪਟਿਆਲਾ, 16 ਫਰਵਰੀ (ਚ.ਨ.ਸ.) : ਸਰਕਾਰੀ ਆਈ.ਟੀ.ਆਈ. ਲੜਕਿਆਂ ਵਿਖੇ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ,ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਪ੍ਰਿੰਸੀਪਲ-ਕਮ-ਐਸਟਿਟ ਡਾਇਰੈਕਟਰ ਹਰਵਿੰਦਰ ਸਿੰਘ ਦੀ ਅਗਵਾਈ ਅਤੇ ਪੰਜ ਪੰਜਾਬ ਬਟਾਲੀਅਨ ਐਨ.ਸੀ.ਸੀ. ਦੇ ਬ੍ਰਿਗੇਡੀਅਰ ਐਚ ਐਸ ਸੰਧੂ, ਕਰਨਲ ਸੰਦੀਪ ਰੋਇਏ, ਐਡਮਿਨ ਅਫਸਰ ਕਰਨਲ ਸ੍ਰੀ ਨਿਵਾਸਨ, ਸੂਬੇਦਾਰ ਮੇਜਰ ਹਰਵਿੰਦਰ ਸਿੰਘ ਦੀ ਅਗਵਾਈ ਹੇਠ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਅਧਿਕਾਰਤਾ ਮੰਤਰਾਲਾ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤ ਭਾਰਤ ਅਭਿਆਨ ਮੁਹਿੰਮ ਤਹਿਤ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ , ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕਹਹਹਹਹਹੌਂਸਲਿੰਗ ਸੈਲ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਲੈਫਟੀਨੈਂਟ ਜਗਦੀਪ ਜੋਸ਼ੀ ਟ੍ਰੇਨਿੰਗ ਅਫਸਰ ਸਰਕਾਰੀ ਆਈ.ਟੀ.ਆਈ. ਲੜਕਿਆਂ ਨੇ ਕੀਤੀ। ਪ੍ਰੋਗਰਾਮ ਦਾ ਉਦਘਾਟਨ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤਾ। ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਲੈਫਟੀਨੈਂਟ ਜਗਦੀਪ ਜੋਸ਼ੀ ਨੇ ਕਿਹਾ ਕਿ ਐਨ ਸੀ ਸੀ ਕੈਡਿਟਸ ਵੱਲੋਂ ਭਾਰਤ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਚਲਨ ਦਾ ਪ੍ਰਣ ਲੈਣਾ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਰੁਦਰਪ੍ਰਤਾਪ ਸਿੰਘ ਬੀ.ਸੀ.ਏ. ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ, ਭਿੰਦਰ ਜਲਵੇੜਾ ਤੋਂ ਇਲਾਵਾ ਐਨ ਸੀ ਸੀ ਕੈਡਿਟਸ ਪਲਕ, ਸ਼ਗਨਪ੍ਰੀਤ ਕੌਰ, ਮਨੀਸ਼ਾ ਦੇਵੀ, ਪ੍ਰਦੀਪ ਕੌਰ, ਅੰਕਿਤ, ਜਸਪ੍ਰੀਤ ਸਿੰਘ, ਇੰਦਰਜੀਤ ਸਿੰਘ, ਲਵਪ੍ਰੀਤ ਸਿੰਘ ਨੇ ਭਰਪੂਰ ਸਹਿਯੋਗ ਦਿੱਤਾ।